ਸੋਮਵਾਰ, 3 ਫਰਵਰੀ, 2025
21 ਮਾਘ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 244

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 3 FEBRUARY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਟਰੰਪ ਨੇ ਕੈਨੇਡਾ, ਮੈਕਸੀਕੋ ਤੇ ਚੀਨ ਨਾਲ ਟੈਕਸ-ਪੇਚਾ ਪਾ ਲਿਆ

**ਪਾਮ ਬੀਚ (ਅਮਰੀਕਾ)/ਓਟਵਾ (ਕੈਨੇਡਾ) :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਮੈਕਸੀਕੋ, ਕੈਨੇਡਾ ਤੇ ਚੀਨ ਤੋਂ ਦਰਾਮਦ ਵਸਤਾਂ 'ਤੇ ਭਾਰੀ ਟੈਕਸ ਲਗਾਉਣ ਸੰਬੰਧੀ ਇਕ ਹੁਕਮ 'ਤੇ ਸ਼ਨਿੱਚਰਵਾਰ ਨੂੰ ਸਹੀ ਪਾਉਣ ਤੋਂ ਬਾਅਦ ਉਸ ਦੀ ਕੈਨੇਡਾ ਤੇ ਮੈਕਸੀਕੋ ਨਾਲ ਵਪਾਰਕ ਜੰਗ ਦਾ ਖਦਸ਼ਾ ਵਧ ਗਿਆ ਹੈ। ਉੱਤਰੀ ਅਮਰੀਕੀ ਗੁਆਂਢੀ ਮੁਲਕਾਂ (ਕੈਨੇਡਾ ਤੇ ਮੈਕਸੀਕੋ) ਨੇ ਵੀ ਵਾਰੀ ਦੇ ਵੱਟੇ ਤਹਿਤ ਅਮਰੀਕੀ ਵਸਤਾਂ 'ਤੇ ਟੈਕਸ ਲਗਾਉਣ ਦੀ ਗੱਲ ਕਹੀ ਹੈ। ਟਰੰਪ ਨੇ ਆਪਣੇ ਹੁਕਮ ਵਿੱਚ ਫਿਲਹਾਲ ਭਾਰਤ ਨੂੰ ਬਖਸ਼ ਦਿੱਤਾ ਹੈ, ਹਾਲਾਂਕਿ ਉਹ ਭਾਰਤ ਨੂੰ ਸਮੇਂ-ਸਮੇਂ ਸਿਰ ਭਾਰਤ ਪੁੱਜਦੀਆਂ ਅਮਰੀਕੀ ਚੀਜ਼ਾਂ 'ਤੇ ਟੈਕਸ ਘਟਾਉਣ ਲਈ ਕਹਿੰਦੇ ਰਹਿੰਦੇ ਹਨ। ਟਰੰਪ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ ਵਿੱਚ ਕੈਨੇਡਾ, ਮੈਕਸੀਕੋ ਤੇ ਚੀਨ 'ਤੇ ਲਾਏ ਟੈਕਸਾਂ ਨੂੰ 'ਅਮਰੀਕੀਆਂ ਦੀ ਸੁਰੱਖਿਆ ਲਈ' ਜ਼ਰੂਰੀ ਦੱਸਿਆ ਹੈ। ਟਰੰਪ ਨੇ ਤਿੰਨਾਂ ਮੁਲਕਾਂ 'ਤੇ 'ਫੇਂਟੇਨਾਈਲ' (ਦਰਦ ਤੋਂ ਆਰਾਮ ਦੇਣ ਵਾਲੀ ਦਵਾਈ) ਦੇ ਗੈਰਕਾਨੂੰਨੀ ਨਿਰਮਾਣ ਤੇ ਬਰਾਮਦ ਉੱਤੇ ਪਾਬੰਦੀ ਲਾਉਣ ਅਤੇ ਕੈਨੇਡਾ ਤੇ ਮੈਕਸੀਕੋ ਉੱਤੇ ਅਮਰੀਕਾ ਵਿਚ ਗੈਰਕਾਨੂੰਨੀ ਇਮੀਗ੍ਰੇਸ਼ਨ ਨੂੰ ਰੋਕਣ ਲਈ ਦਬਾਅ ਪਾਇਆ ਹੈ। ਟਰੰਪ ਨੇ ਆਪਣੀ ਚੋਣ ਮੁਹਿੰਮ ਦੌਰਾਨ ਇਨ੍ਹਾਂ ਮੁਲਕਾਂ 'ਤੇ ਟੈਕਸ ਲਾਉਣ ਦੀ ਗੱਲ ਕਹੀ ਸੀ ਤੇ ਇਸ ਦਿਸ਼ਾ ਵਿੱਚ ਪੇਸ਼ਕਦਮੀ ਕਰਕੇ ਉਨ੍ਹਾ ਇਸ ਨੂੰ ਅਮਲੀਜਾਮਾ ਪਹਿਨਾ ਦਿੱਤਾ ਹੈ। ਹਾਲਾਂਕਿ ਇਸ ਨਾਲ ਆਲਮੀ ਅਰਥਚਾਰੇ ਵਿਚ ਚੱਕ-ਥੱਲ ਹੋਣ ਦਾ ਖ਼ਦਸ਼ਾ ਹੈ। ਇਹ ਟੈਕਸ ਲਗਾਉਣ ਨਾਲ ਮਹਿੰਗਾਈ ਵਧਣ ਦਾ ਖ਼ਦਸ਼ਾ ਹੈ। ਟਰੰਪ ਨੇ ਚੀਨ ਤੋਂ ਹਰ ਤਰ੍ਹਾਂ ਦੇ ਸਾਮਾਨ ਦੀ ਦਰਾਮਦ 'ਤੇ 10 ਫੀਸਦ ਅਤੇ ਮੈਕਸੀਕੋ ਤੇ ਕੈਨੇਡਾ ਤੋਂ ਹੁੰਦੀ ਦਰਾਮਦ 'ਤੇ 25 ਫੀਸਦ ਟੈਕਸ ਲਗਾਉਣ ਲਈ ਆਰਥਿਕ ਐਮਰਜੈਂਸੀ ਦਾ ਐਲਾਨ ਕੀਤਾ ਹੈ। ਕੈਨੇਡਾ ਤੋਂ ਦਰਾਮਦ ਤੇਲ, ਕੁਦਰਤੀ ਗੈਸ ਤੇ ਬਿਜਲੀ ਸਣੇ ਊਰਜਾ 'ਤੇ 10 ਫੀਸਦ ਦੀ ਦਰ ਨਾਲ ਟੈਕਸ ਲਗਾਇਆ ਜਾਵੇਗਾ। ਇਸ ਕਾਰਵਾਈ ਨਾਲ ਅਮਰੀਕਾ ਅਤੇ ਉਸ ਦੇ ਦੋ ਸਭ ਤੋਂ ਵੱਡੇ ਵਪਾਰਕ ਭਾਈਵਾਲਾਂ ਦਰਮਿਆਨ ਆਰਥਿਕ ਜਮੂਦ ਪੈਦਾ ਹੋ ਗਿਆ ਹੈ।

### ਮੋਦੀ ਸਰਕਾਰ ਨਾਲ ਫਿਲਹਾਲ ਲਿਹਾਜ਼





ਜਸਟਿਨ ਟਰੂਡੋ



ਕਲੌਡੀਆ ਸ਼ੀਨਬਾਮ

ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕਿਹਾ ਕਿ ਉਨ੍ਹਾ ਦਾ ਦੇਸ਼ ਟਕਰਾਅ ਵਧਾਉਣਾ ਨਹੀਂ ਚਾਹੁੰਦਾ, ਪਰ ਕੈਨੇਡੀਅਨਾਂ ਦੀਆਂ ਨੌਕਰੀਆਂ ਬਚਾਉਣ ਲਈ 155 ਅਰਬ ਡਾਲਰ ਤੱਕ ਦੀ ਅਮਰੀਕੀ ਦਰਾਮਦ 'ਤੇ 25 ਫੀਸਦ ਟੈਕਸ ਲਗਾਉਣ ਲਈ ਮਜਬੂਰ ਹੋਵੇਗਾ। ਟਰੂਡੋ ਨੇ ਸ਼ਨਿੱਚਰਵਾਰ ਕਿਹਾ ਕਿ ਅਮਰੀਕੀ ਸ਼ਰਾਬ ਤੇ ਫ਼ਲਾਂ ਦੇ 30 ਅਰਬ ਡਾਲਰ ਦੇ ਵਪਾਰ 'ਤੇ ਕੈਨੇਡੀਆਈ ਟੈਕਸ ਮੰਗਲਵਾਰ ਨੂੰ ਉਸੇ ਵੇਲੇ ਲਾਗੂ ਹੋ ਜਾਵੇਗਾ, ਜਦੋਂ ਅਮਰੀਕੀ ਟੈਕਸ ਅਮਲ ਵਿੱਚ ਆਉਣਗੇ। ਉਨ੍ਹਾ ਕਿਹਾ—ਇਸ ਦਾ ਅਮਰੀਕੀ ਲੋਕਾਂ 'ਤੇ ਹਕੀਕੀ ਰੂਪ ਵਿਚ ਅਸਰ ਪਏਗਾ। ਇਸ ਦੇ ਨਤੀਜੇ ਵਜੋਂ ਅਮਰੀਕਾ 'ਚ ਕਰਿਆਨੇ ਦੇ ਸਾਮਾਨ ਤੇ ਹੋਰ ਵਸਤਾਂ ਦੀਆਂ ਕੀਮਤਾਂ ਵਧਣਗੀਆਂ। ਪੰਪਾਂ 'ਤੇ ਗੈਸ ਮਹਿੰਗੀ ਹੋ ਜਾਵੇਗੀ। ਅਮਰੀਕੀ ਆਟੋ ਅਸੰਬਲੀ ਪਲਾਂਟ ਤੇ ਹੋਰ ਮੈਨੂੰਫੈਕਚਰਿੰਗ ਪਲਾਂਟ ਬੰਦ ਹੋ ਜਾਣ ਦਾ ਖਤਰਾ ਪੈਦਾ ਹੋ ਜਾਵੇਗਾ। ਨੌਕਰੀਆਂ ਖਤਰੇ ਵਿੱਚ ਪੈ ਜਾਣਗੀਆਂ। ਟਰੰਪ ਦੀ ਕਾਰਵਾਈ ਨਾਲ ਕੈਨੇਡਾ ਦੇ ਲੋਕਾਂ ਨੂੰ ਤਾਂ ਮੁਸ਼ਕਲ ਆਵੇਗੀ, ਪਰ ਅਮਰੀਕੀ ਵੀ ਪ੍ਰਭਾਵਤ ਹੋਣਗੇ।

ਟਰੂਡੋ ਨੇ ਅਮਰੀਕੀਆਂ ਨੂੰ ਜਜ਼ਬਾਤੀ ਅਪੀਲ 'ਚ ਚੇਤੇ ਕਰਵਾਇਆ ਕਿ ਕੈਨੇਡੀਆਈ ਫੌਜੀਆਂ ਨੇ ਅਫ਼ਗਾਨਿਸਤਾਨ ਵਿੱਚ ਉਨ੍ਹਾਂ ਨਾਲ ਲੜਾਈ ਲੜੀ ਸੀ ਅਤੇ ਕੈਲੀਫੋਰਨੀਆ ਦੇ ਜੰਗਲਾਂ ਵਿਚ ਲੱਗੀ ਅੱਗ ਤੋਂ ਲੈ ਕੇ 'ਕੈਟਰੀਨਾ' ਤੂਫਾਨ ਤੱਕ ਹੋਰ ਕਈ ਸੰਕਟਾਂ ਨਾਲ ਨਜਿੱਠਣ ਵਿਚ ਮਦਦ ਕੀਤੀ ਸੀ। ਟਰੂਡੋ ਨੇ ਕਿਹਾ—ਅਮਰੀਕਾ ਦੀ ਅੱਜ ਦੀ ਕਾਰਵਾਈ ਨੇ ਸਾਨੂੰ ਇਕਜੁੱਟ ਕਰਨ ਦੀ ਥਾਂ ਵੱਖ ਕਰ ਦਿੱਤਾ ਹੈ। ਮੈਂ ਪਹਿਲਾਂ ਵੀ ਕਿਹਾ ਸੀ ਕਿ ਜੇ ਟਰੰਪ ਅਮਰੀਕਾ ਨੂੰ ਸੁਨਹਿਰੇ ਯੁਗ ਵਿੱਚ ਲਿਜਾਣਾ ਚਾਹੁੰਦੇ ਹਨ ਤਾਂ ਕੈਨੇਡਾ ਨਾਲ ਭਾਈਵਾਲੀ ਹੀ ਬਿਹਤਰ ਰਾਹ ਹੈ, ਨਾ ਕਿ ਕੈਨੇਡਾ ਨੂੰ ਸਜ਼ਾ ਦੇਣਾ। ਇਸੇ ਦੌਰਾਨ ਮੈਕਸੀਕੋ ਦੀ ਰਾਸ਼ਟਰਪਤੀ ਕਲੌਡੀਆ ਸ਼ੀਨਬਾਮ ਨੇ ਵੀ ਜਵਾਬੀ ਕਾਰਵਾਈ ਵਿੱਚ ਟੈਕਸ ਲਗਾਉਣ ਦੀ ਹਦਾਇਤ ਕੀਤੀ ਹੈ। ਉਨ੍ਹਾ ਕਿਹਾ ਕਿ ਅਰਥਚਾਰੇ ਬਾਰੇ ਸਕੱਤਰ ਨੂੰ ਜਵਾਬੀ ਕਾਰਵਾਈ ਲਈ ਆਖ ਦਿੱਤਾ ਹੈ, ਜਿਸ ਵਿਚ ਮੈਕਸੀਕੋ ਦੇ ਹਿੱਤਾਂ ਦੀ ਰਾਖੀ ਲਈ ਟੈਕਸ ਲਗਾਉਣਾ ਤੇ ਹੋਰ ਪੇਸ਼ਕਦਮੀ ਸ਼ਾਮਲ ਹੈ। ਰਿਸਰਚ ਐਂਡ ਇਨਫਰਮੇਸ਼ਨ ਸਿਸਟਮ (ਆਰ ਆਈ ਐੱਸ) ਮੁਤਾਬਕ ਚੀਨ ਅਮਰੀਕਾ ਨੂੰ ਸਭ ਤੋਂ ਵੱਧ 30.2 ਫੀਸਦੀ, ਮੈਕਸੀਕੋ 19 ਫੀਸਦੀ ਤੇ ਕੈਨੇਡਾ 14 ਫੀਸਦੀ ਵਪਾਰਕ ਘਾਟਾ ਪਾਉਂਦਾ ਹੈ। ਭਾਰਤ ਸਿਰਫ 3.2 ਫੀਸਦੀ ਘਾਟਾ ਪਾਉਂਦਾ ਹੈ ਤੇ ਇਸ ਦਾ ਨੰਬਰ ਨੌਵਾਂ ਹੈ। ਟਰੰਪ ਨੇ ਆਪਣੇ ਹੁਕਮ ਵਿੱਚ ਕਿਹਾ ਹੈ ਕਿ ਉਨ੍ਹਾ ਕੈਨੇਡਾ ਨਾਲ 200 ਅਰਬ ਡਾਲਰ ਦਾ ਵਪਾਰਕ ਘਾਟਾ ਤੇ ਮੈਕਸੀਕੋ ਨਾਲ 250 ਅਰਬ ਡਾਲਰ ਦਾ ਵਪਾਰਕ ਘਾਟਾ ਹੈ। ਇਹ ਦੇਸ਼ ਅਮਰੀਕਾ ਨੂੰ ਜ਼ਿਆਦਾ ਸਮਾਨ ਦੇ ਕੇ ਉਸ ਤੋਂ ਘੱਟ ਖਰੀਦਦੇ ਹਨ।

## ਚੀਨ ਜਵਾਬੀ ਉਪਾਅ ਕਰੇਗਾ



**ਬੀਜਿੰਗ :** ਚੀਨ ਨੇ ਕਿਹਾ ਹੈ ਕਿ ਅਮਰੀਕਾ ਦਾ ਇਕਪਾਸੜ ਟੈਰਿਫ ਵਾਧਾ ਵਿਸ਼ਵ ਵਪਾਰ ਸੰਗਠਨ (ਡਬਲਿਊ ਟੀ ਓ) ਦੇ ਨਿਯਮਾਂ ਦੀ ਗੰਭੀਰ ਉਲੰਘਣਾ ਹੈ। ਚੀਨੀ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਇਹ ਕਦਮ ਅਮਰੀਕਾ ਦੀਆਂ ਘਰੇਲੂ ਸਮੱਸਿਆਵਾਂ ਨੂੰ ਹੱਲ ਨਹੀਂ ਕਰ ਸਕਦਾ ਅਤੇ ਇਸ ਨਾਲ ਕਿਸੇ ਵੀ ਧਿਰ ਨੂੰ ਲਾਭ ਨਹੀਂ ਹੋਵੇਗਾ। ਚੀਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਅਮਰੀਕਾ ਨੇ ਫੈਂਟੇਨਾਈਲ ਮੁੱਦੇ ਦੇ ਬਹਾਨੇ ਚੀਨੀ ਦਰਾਮਦਾਂ 'ਤੇ 10 ਫੀਸਦ ਵਾਧੂ ਟੈਰਿਫ ਲਗਾਇਆ ਹੈ। ਚੀਨ ਇਸ ਕਦਮ ਦੀ ਸਖ਼ਤ ਨਿੰਦਾ ਅਤੇ ਵਿਰੋਧ ਕਰਦਾ ਹੈ ਅਤੇ ਆਪਣੇ ਜਾਇਜ਼ ਅਧਿਕਾਰਾਂ ਦੀ ਰਾਖੀ ਲਈ ਜ਼ਰੂਰੀ ਜਵਾਬੀ ਉਪਾਅ ਕਰੇਗਾ।

# ਦਲਿਤ ਮੁਟਿਆਰ ਦੇ ਘਿਨਾਉਣੇ ਕਤਲ 'ਤੇ ਸਾਂਸਦ ਰੋਏ



**ਅਯੁੱਧਿਆ :** ਯੂ ਪੀ ਦੇ ਅਯੁੱਧਿਆ ਦੇ ਪਿੰਡ ਸਹਨਵਾਂ ਨੇੜੇ 22 ਸਾਲਾ ਦਲਿਤ ਮੁਟਿਆਰ ਦੀ ਨਿਰਵਸਤਰ ਲਾਸ਼ ਮਿਲਣ ਦੀ ਘਟਨਾ ਦਾ ਜ਼ਿਕਰ ਕਰਦਿਆਂ ਅਯੁੱਧਿਆ (ਫ਼ੈਜ਼ਾਬਾਦ) ਦੇ ਸਮਾਜਵਾਦੀ ਪਾਰਟੀ ਦੇ ਸਾਂਸਦ ਅਵਧੇਸ਼ ਪ੍ਰਸਾਦ ਪੱਤਰਕਾਰਾਂ ਸਾਹਮਣੇ ਰੋ ਪਏ। ਉਨ੍ਹਾ ਕਿਹਾ—ਮੈਂ ਮੁਟਿਆਰ ਨੂੰ ਬਚਾਉਣ 'ਚ ਨਾਕਾਮ ਰਿਹਾ। ਮੈਂ ਲੋਕ ਸਭਾ ਦੀ ਕਾਰਵਾਈ ਵਿੱਚ ਸ਼ਾਮਲ ਹੋਣ ਲਈ ਦਿੱਲੀ ਜਾ ਕੇ ਪ੍ਰਧਾਨ ਮੰਤਰੀ ਮੋਦੀ ਕੋਲ ਮਾਮਲਾ ਉਠਾਵਾਂਗਾ। ਜੇ ਇਨਸਾਫ ਨਾ ਦਿਵਾ ਸਕਿਆ ਤਾਂ ਲੋਕ ਸਭਾ ਤੋਂ ਅਸਤੀਫਾ ਦੇ ਦੇਵਾਂਗਾ।

ਪ੍ਰਸਾਦ ਨੇ ਇਸ ਮੌਕੇ ਇਹ ਵੀ ਕਿਹਾ—ਰਾਮ ਜੀ ਕਿੱਥੇ ਹੋ? ਸੀਤਾ ਮਾਤਾ ਕਿੱਥੇ ਹੋ? ਮੁਟਿਆਰ ਦੀ ਨਿਰਵਸਤਰ ਲਾਸ਼ ਪਰਵਾਰ ਨੂੰ ਸ਼ਨੀਵਾਰ ਸਵੇਰੇ ਨਹਿਰ 'ਚੋਂ ਮਿਲੀ ਸੀ। ਪਰਵਾਰ ਮੁਤਾਬਕ ਉਸ ਦੀਆਂ ਅੱਖਾਂ ਬੁਰੀ ਤਰ੍ਹਾਂ ਕੱਢੀਆਂ ਹੋਈਆਂ ਸਨ ਤੇ ਹੱਡੀਆਂ ਤੋੜ ਦਿੱਤੀਆਂ ਗਈਆਂ ਸਨ। ਹੱਥ-ਪੈਰ ਬੰਨ੍ਹੇ ਹੋਏ ਸਨ। ਅਧਿਕਾਰੀਆਂ ਨੂੰ ਸ਼ੱਕ ਹੈ ਕਿ ਉਸ ਨਾਲ ਗੈਂਗਰੇਪ ਹੋਇਆ। ਪਰਵਾਰ ਮੁਤਾਬਕ ਮੁਟਿਆਰ ਵੀਰਵਾਰ ਦੀ ਸ਼ਾਮ ਨੇੜੇ ਹੀ ਇੱਕ ਧਾਰਮਕ ਸਮਾਗਮ ਵਿੱਚ ਗਈ ਸੀ, ਪਰ ਘਰ ਨਹੀਂ ਪਰਤੀ। ਉਨ੍ਹਾ ਸ਼ੁੱਕਰਵਾਰ ਅਯੁੱਧਿਆ ਥਾਣੇ ਵਿੱਚ ਗੁੰਮਸ਼ੁਦਗੀ ਦੀ ਰਿਪੋਰਟ ਲਿਖਾਈ, ਪਰ ਪੁਲਸ ਨੇ ਸਰਗਰਮੀ ਨਾਲ ਉਸ ਦੀ ਭਾਲ ਨਹੀਂ ਕੀਤੀ।

## ਭਾਜਪਾ ਰਾਜ 'ਚ ਦਲਿਤਾਂ 'ਤੇ ਅਪਰਾਧ ਵਧੇ : ਰਾਹੁਲ

**ਨਵੀਂ ਦਿੱਲੀ :** ਰਾਹੁਲ ਗਾਂਧੀ ਨੇ ਅਯੁੱਧਿਆ ਵਿੱਚ ਦਲਿਤ ਮੁਟਿਆਰ ਦੇ ਬੇਕਿਰਕ ਕਤਲ 'ਤੇ ਯੂ ਪੀ ਦੀ ਯੋਗੀ ਸਰਕਾਰ 'ਤੇ ਤਿੱਖਾ ਹਮਲਾ ਕੀਤਾ। ਰਾਹੁਲ ਨੇ ਕਿਹਾ ਕਿ ਤਿੰਨ ਦਿਨਾਂ ਤੋਂ ਲੱਭਦੇ ਫਿਰ ਰਹੇ ਪਰਵਾਰ ਦੀ ਪ੍ਰਸ਼ਾਸਨ ਨੇ ਮਦਦ ਕੀਤੀ ਹੁੰਦੀ ਤਾਂ ਸ਼ਾਇਦ ਉਸ ਨੂੰ ਬਚਾਅ ਲਿਆ ਜਾਂਦਾ। ਇੱਕ ਹੋਰ ਬੇਟੀ ਦੇ ਜੀਵਨ ਦਾ ਇਸ ਘਿਨਾਉਣੇ ਅਪਰਾਧ ਨਾਲ ਅੰਤ ਹੋ ਗਿਆ। ਆਖਰ ਕਦੋਂ ਤੱਕ ਤੇ ਕਿੰਨੇ ਪਰਵਾਰਾਂ ਨੂੰ ਇਸ ਤਰ੍ਹਾਂ ਰੋਣਾ-ਤੜਪਣਾ ਪਏਗਾ? ਬਹੁਜਨ ਵਿਰੋਧੀ ਭਾਜਪਾ ਰਾਜ, ਖਾਸਕਰ ਯੂ ਪੀ ਵਿੱਚ ਦਲਿਤਾਂ 'ਤੇ ਘ੍ਰਿਣਤ ਅੱਤਿਆਚਾਰ, ਅਨਿਆਏ ਤੇ ਹੱਤਿਆਵਾਂ ਬੇਲਗਾਮ ਵਧਦੀਆਂ ਜਾ ਰਹੀਆਂ ਹਨ।

## ਸਟੈਨੋਗ੍ਰਾਫਰ ਟਰੰਪ ਤੋਂ ਦੁਖੀ

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਦੇ ਸਟੈਨੋਗ੍ਰਾਫਰਾਂ ਦੀ ਪ੍ਰੇਸ਼ਾਨੀ ਵਧਾ ਦਿੱਤੀ ਹੈ। ਟਰੰਪ ਜਨਤਕ ਭਾਸ਼ਣਾਂ 'ਚ ਏਨਾ ਵੱਧ ਬੋਲ ਰਹੇ ਹਨ ਕਿ ਉਨ੍ਹਾ ਦੇ ਬਿਆਨ ਨੂੰ ਟਾਈਪ ਕਰਨ ਵਿੱਚ ਸਟੈਨੋਗ੍ਰਾਫਰਾਂ ਦੀ ਹਾਲਤ ਖਰਾਬ ਹੋ ਰਹੀ ਹੈ। ਵੈੱਬਸਾਈਟ 'ਫੈਕਟਬੇ ਐੱਸ ਈ' ਮੁਤਾਬਕ 2021 ਵਿੱਚ ਬਾਇਡਨ ਨੇ ਰਾਸ਼ਟਰਪਤੀ ਦੀ ਸਹੁੰ ਚੁੱਕਣ ਦੇ ਬਾਅਦ ਪਹਿਲੇ ਹਫਤੇ 'ਚ ਕੈਮਰੇ ਅੱਗੇ 24259 ਸ਼ਬਦ ਬੋਲੇ ਸਨ ਤੇ ਉਨ੍ਹਾ ਨੂੰ 2 ਘੰਟੇ 36 ਮਿੰਟ ਲੱਗੇ ਸਨ। ਟਰੰਪ ਇੱਕ ਹਫਤੇ 'ਚ 81235 ਸ਼ਬਦ ਬੋਲ ਚੁੱਕੇ ਹਨ ਤੇ ਏਨੇ ਸ਼ਬਦ ਬੋਲਣ ਵਿੱਚ ਉਨ੍ਹਾ ਨੂੰ 7 ਘੰਟੇ 44 ਮਿੰਟ ਲੱਗੇ। ਅੱਠ ਸਾਲ ਪਹਿਲਾਂ ਪਹਿਲੀ ਵਾਰ ਰਾਸ਼ਟਰਪਤੀ ਦਾ ਅਹੁਦਾ ਸੰਭਾਲਣ ਦੇ ਬਾਅਦ ਪਹਿਲੇ ਹਫਤੇ 'ਚ ਟਰੰਪ ਨੇ 33571 ਸ਼ਬਦ ਤਿੰਨ ਘੰਟੇ 41 ਮਿੰਟ 'ਚ ਬੋਲੇ ਸਨ। ਸੂਤਰਾਂ ਮੁਤਾਬਕ ਕੰਮ ਦਾ ਬੋਝ ਵਧਣ ਕਾਰਨ ਵ੍ਹਾਈਟ ਹਾਊਸ ਹੋਰ ਸਟੈਨੋਗ੍ਰਾਫਰ ਭਰਤੀ ਕਰਨ 'ਤੇ ਵਿਚਾਰ ਕਰ ਰਿਹਾ ਹੈ।

## ਖੀਰਾਂਵਾਲੀ ਪੈਟਰੋਲ ਪੰਪ 'ਤੇ ਕਰਿੰਦੇ ਦੀ ਹੱਤਿਆ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਦੇ ਮਸ਼ਹੂਰ ਕਸਬਾ ਖੀਰਾਂਵਾਲੀ, ਜੋ ਕਪੂਰਥਲਾ ਤੋਂ ਗੋਇੰਦਵਾਲ ਸਾਹਿਬ ਤੇ ਸੁਲਤਾਨਪੁਰ ਲੋਧੀ ਨੂੰ ਜਾਂਦੇ ਮੁੱਖ ਮਾਰਗ 'ਤੇ ਸਥਿਤ ਹੈ, 'ਤੇ ਮੌਜੂਦ ਪੈਟਰੋਲ ਪੰਪ 'ਤੇ ਦੋ ਮੋਟਰਸਾਈਕਲਾਂ 'ਤੇ ਸਵਾਰ ਛੇ ਲੁਟੇਰਿਆਂ ਨੇ ਕਰਿੰਦੇ ਕੋਲੋਂ 4000 ਰੁਪਏ ਦੀ ਨਗਦੀ ਖੋਹ ਲਈ। ਜਦੋਂ ਉਹ ਦੂਸਰੇ ਕਰਿੰਦੇ ਕੁਲਵੰਤ ਸਿੰਘ ਕੋਲੋਂ ਪੈਸੇ ਖੋਹਣ ਲੱਗੇ ਤਾਂ ਉਸ ਨੇ ਵਿਰੋਧ ਕੀਤਾ ਤਾਂ ਲੁਟੇਰਿਆਂ ਨੇ ਉਸ ਉੱਤੇ ਗੋਲੀ ਚਲਾ ਦਿੱਤੀ। ਗੋਲੀ ਉਸ ਦੇ ਪੱਟ ਵਿੱਚੋਂ ਦੀ ਆਰ-ਪਾਰ ਹੋ ਗਈ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਿਆ। ਲੁਟੇਰੇ ਮੌਕੇ ਤੋਂ ਫਰਾਰ ਹੋ ਗਏ। ਜ਼ਖਮੀ ਨੂੰ ਪਹਿਲਾਂ ਸਿਵਲ ਹਸਪਤਾਲ ਕਪੂਰਥਲਾ ਲਿਜਾਇਆ ਗਿਆ, ਜਿੱਥੇ ਡਿਊਟੀ ਡਾਕਟਰ ਆਸ਼ੀਸ਼ਪਾਲ ਸਿੰਘ ਨੇ ਉਸ ਨੂੰ ਜਲੰਧਰ ਰੈਫਰ ਕਰ ਦਿੱਤਾ। ਬਾਅਦ ਵਿੱਚ ਲੁਧਿਆਣਾ ਵਿਖੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

## ਦਿੱਲੀ-ਕਟੜਾ ਸਫਰ ਦੌਰਾਨ ਸਿਰਫ ਸ਼ਾਕਾਹਾਰੀ ਭੋਜਨ ਮਿਲੇਗਾ

**ਨਵੀਂ ਦਿੱਲੀ :** ਨਵੀਂ ਦਿੱਲੀ ਤੋਂ ਸ੍ਰੀ ਮਾਤਾ ਵੈਸ਼ਨੋ ਦੇਵੀ ਜਾਣ ਵਾਲੀ ਵੰਦੇ ਭਾਰਤ ਰੇਲ ਗੱਡੀ ਵਿੱਚ ਸਿਰਫ਼ ਸ਼ਾਕਾਹਾਰੀ ਭੋਜਨ ਹੀ ਮਿਲੇਗਾ। ਨਵੀਂ ਦਿੱਲੀ-ਕਟੜਾ ਵੰਦੇ ਭਾਰਤ ਐੱਕਸਪ੍ਰੈੱਸ ਵਿੱਚ 100 ਪ੍ਰਤੀਸ਼ਤ ਸ਼ਾਕਾਹਾਰੀ ਭੋਜਨ ਪਰੋਸਣ ਦਾ ਫੈਸਲਾ ਕੀਤਾ ਗਿਆ ਹੈ।

## ਭੁਚਾਲ ਦੇ ਤਕੜੇ ਝਟਕੇ

**ਜੈਪੁਰ :** ਬੀਕਾਨੇਰ ਵਿੱਚ ਭੁਚਾਲ ਦੇ ਤੇਜ਼ ਝਟਕਿਆਂ ਕਾਰਨ ਲੋਕ ਘਰਾਂ, ਦੁਕਾਨਾਂ ਅਤੇ ਦਫਤਰਾਂ ਤੋਂ ਬਾਹਰ ਆ ਗਏ। ਇਮਾਰਤਾਂ ਕੁਝ ਸਮੇਂ ਲਈ ਇਸ ਤਰ੍ਹਾਂ ਹਿੱਲੀਆਂ, ਜਿਵੇਂ ਰੇਲ ਗੱਡੀ ਦੇ ਡੱਬੇ ਪਟੜੀਆਂ ਬਦਲਣ 'ਤੇ ਹਿੱਲਦੇ ਹਨ। ਸ਼ਹਿਰ ਦੇ ਅੰਦਰੂਨੀ ਇਲਾਕਿਆਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ। ਲੋਕ ਘਰਾਂ ਤੋਂ ਬਾਹਰ ਆ ਕੇ ਚੌਕਾਂ 'ਤੇ ਇਕੱਠੇ ਹੋ ਗਏ। ਦੁਪਹਿਰ 12.58 ਵਜੇ ਮਹਿਸੂਸ ਕੀਤੇ ਗਏ 3.6 ਤੀਬਰਤਾ ਵਾਲੇ ਭੁਚਾਲ ਦਾ ਕੇਂਦਰ ਬੀਕਾਨੇਰ ਤੋਂ 72 ਕਿੱਲੋਮੀਟਰ ਦੂਰ ਜਸਰਾਸਰ ਦੇ ਮਹਰਾਮਸਰ ਵਿੱਚ ਜ਼ਮੀਨ ਤੋਂ 10 ਕਿੱਲੋਮੀਟਰ ਹੇਠਾਂ ਸੀ।

## ਡਿਊਟੀ 'ਤੇ ਪਰਤਦਾ ਫੌਜੀ ਲਾਪਤਾ

**ਸ੍ਰੀਨਗਰ :** ਛੁੱਟੀਆਂ ਕੱਟ ਕੇ ਡਿਊਟੀ 'ਤੇ ਪਰਤ ਰਿਹਾ ਇਕ ਫੌਜੀ ਲਾਪਤਾ ਹੋ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਰਾਈਫਲਮੈਨ ਆਬਿਦ ਭੱਟ ਸਨਿੱਚਰਵਾਰ ਨੂੰ ਰੰਗਰੇਥ ਵਿਖੇ ਡਿਊਟੀ 'ਤੇ ਜਾਣ ਲਈ ਅਨੰਤਨਾਗ ਜ਼ਿਲ੍ਹੇ ਦੇ ਚਿਤਰਗੁਲ ਸਥਿਤ ਆਪਣੇ ਘਰ ਤੋਂ ਨਿਕਲਿਆ ਸੀ। ਉਨ੍ਹਾਂ ਦੱਸਿਆ ਕਿ ਭੱਟ ਨੇ ਐਤਵਾਰ ਸਵੇਰ ਤੱਕ ਕੈਂਪ ਵਿਚ ਰਿਪੋਰਟ ਨਹੀਂ ਕੀਤੀ, ਜਿਸ ਮਗਰੋਂ ਪੁਲਸ ਕੋਲ ਉਸ ਦੀ ਗੁੰਮਸ਼ੁਦਗੀ ਸੰਬੰਧੀ ਸ਼ਿਕਾਇਤ ਦਰਜ ਕਰਾਈ ਗਈ ਹੈ।

## ਬੱਸ ਖੱਡ 'ਚ ਡਿੱਗੀ, 5 ਮੌਤਾਂ

**ਡਾਂਗ :** ਗੁਜਰਾਤ ਦੇ ਡਾਂਗ ਜ਼ਿਲ੍ਹੇ ਵਿੱਚ ਐਤਵਾਰ ਵੱਡੇ ਤੜਕੇ ਸਵਾ ਚਾਰ ਵਜੇ ਦੇ ਕਰੀਬ ਸਪੁਤਾਰਾ ਹਿੱਲ ਸਟੇਸ਼ਨ ਨੇੜੇ ਬੱਸ ਬੇਕਾਬੂ ਹੋ ਕੇ ਰੋਕਾਂ ਤੋੜਦੀ ਹੋਈ 35 ਫੁੱਟ ਡੂੰਘੀ ਖੱਡ ਵਿਚ ਡਿੱਗਣ ਕਾਰਨ ਡਰਾਈਵਰ ਤੇ ਦੋ ਮਹਿਲਾਵਾਂ ਸਣੇ 5 ਵਿਅਕਤੀਆਂ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ 35 ਜ਼ਖਮੀ ਹੋ ਗਏ। ਜ਼ਖ਼ਮੀਆਂ ਵਿੱਚੋਂ 17 ਜਣਿਆਂ ਦੇ ਗੰਭੀਰ ਸੱਟਾਂ ਲੱਗੀਆਂ ਹਨ। ਬੱਸ ਵਿੱਚ ਸਵਾਰ 48 ਮੁਸਾਫ਼ਰ ਮੱਧ ਪ੍ਰਦੇਸ਼ ਦੇ ਗੁਨਾ, ਸ਼ਿਵਪੁਰੀ ਤੇ ਅਸ਼ੋਕ ਨਗਰ ਜ਼ਿਲ੍ਹਿਆਂ ਨਾਲ ਸੰਬੰਧਤ ਹਨ।

# ਪ੍ਰਿੰਸੀਪਲਾਂ ਦਾ 7ਵਾਂ ਬੈਚ ਜਲਦ ਭੇਜਿਆ ਜਾਵੇਗਾ ਸਿੰਗਾਪੁਰ : ਬੈਂਸ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਵਿੱਚ ਸਕੂਲੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ 36 ਸਕੂਲ ਪ੍ਰਿੰਸੀਪਲਾਂ ਨੂੰ ਪੰਜ-ਰੋਜ਼ਾ ਸਿਖਲਾਈ ਲਈ ਸਿੰਗਾਪੁਰ ਭੇਜਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਲੀਡਰਸ਼ਿਪ ਡਿਵੈੱਲਪਮੈਂਟ ਪ੍ਰੋਗਰਾਮ ਤਹਿਤ ਹੁਣ ਤੱਕ ਪੰਜਾਬ ਦੇ 198 ਪ੍ਰਿੰਸੀਪਲ ਅਤੇ ਸਿੱਖਿਆ ਅਧਿਕਾਰੀ ਸਿੰਗਾਪੁਰ ਦੀ ਪ੍ਰਿੰਸੀਪਲਜ਼ ਅਕੈਡਮੀ ਤੋਂ ਸਿਖਲਾਈ ਲੈ ਚੁੱਕੇ ਹਨ। ਇਸ ਪ੍ਰੋਗਰਾਮ ਤਹਿਤ ਹੁਣ 36 ਸਕੂਲ ਪ੍ਰਿੰਸੀਪਲਾਂ ਦਾ 7ਵਾਂ ਬੈਚ ਇਸ ਸਾਲ ਮਾਰਚ ਵਿੱਚ ਸਿੰਗਾਪੁਰ ਭੇਜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਵੱਖ-ਵੱਖ ਪੱਧਰਾਂ 'ਤੇ ਕੰਮ ਕਰ ਰਹੇ ਅਧਿਆਪਕਾਂ, ਸਕੂਲ ਮੁਖੀਆਂ ਅਤੇ ਸਕੂਲ ਸਿੱਖਿਆ ਪ੍ਰਬੰਧਕਾਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਸਿਖਲਾਈ ਪ੍ਰਦਾਨ ਕਰਨ ਲਈ ਸਟੇਟ ਕੌਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ (ਐਸ ਸੀ ਈ ਆਰ ਟੀ) ਵਿਖੇ ਇੱਕ ਇੰਟਰਨੈਸ਼ਨਲ ਐਜੂਕੇਸ਼ਨ ਅਫੇਅਰਜ ਸੈੱਲ (ਆਈ.ਈ.ਏ.ਸੀ.) ਸਥਾਪਤ ਕੀਤਾ ਗਿਆ ਹੈ। ਇਸ ਟ੍ਰੇਨਿੰਗ ਲਈ ਯੋਗਤਾ ਮਾਪਦੰਡਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ ਉਮੀਦਵਾਰਾਂ ਦੀ ਉਮਰ 31 ਜਨਵਰੀ, 2025 ਤੱਕ 53 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ ਅਤੇ ਉਹਨਾਂ ਕੋਲ ਘੱਟੋ-ਘੱਟ ਸਤੰਬਰ 2025 ਤੱਕ ਵੈਧ ਭਾਰਤੀ ਪਾਸਪੋਰਟ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਉਮੀਦਵਾਰ ਦੇ ਖਿਲਾਫ ਕੋਈ ਚਾਰਜਸ਼ੀਟ, ਜਾਂਚ ਜਾਂ ਅਪਰਾਧਿਕ ਕੇਸ ਲੰਬਿਤ ਨਹੀਂ ਹੋਣਾ ਚਾਹੀਦਾ। ਇਹਨਾਂ ਮੁਢਲੀਆਂ ਸ਼ਰਤਾਂ ਨੂੰ ਪੂਰਾ ਕਰਨ ਵਾਲੇ ਸਾਰੇ ਉਮੀਦਵਾਰ ਦੂਜੇ ਗੇੜ ਵਿੱਚ ਸ਼ਾਮਲ ਹੋਣਗੇ, ਜਿੱਥੇ ਉਨ੍ਹਾਂ ਦੀ ਚੋਣ ਮੈਰਿਟ ਦੇ ਆਧਾਰ 'ਤੇ ਕੀਤੀ ਜਾਵੇਗੀ, ਜੋ ਵਿਦਿਅਕ ਯੋਗਤਾ, ਤਜਰਬੇ, ਏ.ਸੀ.ਆਰ. ਅਤੇ ਐਵਾਰਡਾਂ ਦੇ ਆਧਾਰ 'ਤੇ ਹੋਵੇਗੀ।

ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਿੰਗਾਪੁਰ ਵਿੱਚ ਆਪਣੇ ਦੌਰੇ ਦੌਰਾਨ, ਉਹ ਵੱਖ-ਵੱਖ ਵਰਕਸ਼ਾਪਾਂ, ਸੈਮੀਨਾਰਾਂ ਅਤੇ ਗਤੀਵਿਧੀਆਂ ਵਿੱਚ ਹਿੱਸਾ ਲੈਣਗੇ।

# ਦਿੱਲੀ 'ਚ ਪੰਜਾਬ ਦੇ ਪੱਤਰਕਾਰਾਂ ਨੂੰ ਹਿਰਾਸਤ 'ਚ ਲੈਣ 'ਤੇ ਮੁੱਖ ਚੋਣ ਕਮਿਸ਼ਨਰ ਕੋਲ ਸਖਤ ਪ੍ਰੋਟੈੱਸਟ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਵਿਧਾਨ ਸਭਾ ਦੀ ਪ੍ਰੈੱਸ ਗੈਲਰੀ ਕਮੇਟੀ ਨੇ ਬੀਤੇ ਕੱਲ੍ਹ ਨਵੀਂ ਦਿੱਲੀ ਵਿੱਚ ਵਾਪਰੀ ਸ਼ਰਮਨਾਕ ਘਟਨਾ ਦਾ ਸਖ਼ਤ ਨੋਟਿਸ ਲਿਆ ਹੈ, ਜਿੱਥੇ ਦਿੱਲੀ ਵਿਧਾਨ ਸਭਾ ਚੋਣਾਂ ਦੀ ਕਵਰੇਜ ਕਰ ਰਹੇ ਪੰਜਾਬ ਦੇ ਪੱਤਰਕਾਰਾਂ ਨੂੰ ਦਿੱਲੀ ਪੁਲਸ ਵੱਲੋਂ ਤੁਗਲਕ ਰੋਡ ਪੁਲਸ ਥਾਣੇ ਵਿੱਚ ਗੈਰ-ਕਾਨੂੰਨੀ ਤੌਰ 'ਤੇ 8 ਘੰਟੇ ਲਈ ਰੱਖਿਆ ਗਿਆ।ਇਸ ਮੰਦਭਾਗੀ ਘਟਨਾ ਨੂੰ ਜਮਹੂਰੀ ਨਿਯਮਾਂ ਦੇ ਨਾਂਅ 'ਤੇ ਧੱਬਾ ਦੱਸਦਿਆਂ ਅਤੇ ਚੋਣਾਂ ਦੀ ਕਵਰੇਜ ਕਰ ਰਹੇ ਪੱਤਰਕਾਰਾਂ ਲਈ ਪੁਖਤਾ ਸੁਰੱਖਿਆ ਦੀ ਮੰਗ ਕਰਦੇ ਹੋਏ ਪੰਜਾਬ ਵਿਧਾਨ ਸਭਾ ਦੀ ਪ੍ਰੈੱਸ ਗੈਲਰੀ ਕਮੇਟੀ ਦੇ ਚੇਅਰਮੈਨ ਅਸ਼ਵਨੀ ਚਾਵਲਾ ਨੇ ਕਿਹਾ ਕਿ ਕਮੇਟੀ ਨੇ ਮੁੱਖ ਚੋਣ ਕਮਿਸ਼ਨਰ, ਨਵੀਂ ਦਿੱਲੀ ਕੋਲ ਲਿਖਤੀ ਸ਼ਿਕਾਇਤ ਦਰਜ ਕਰਵਾਈ ਹੈ। ਚਾਵਲਾ ਨੇ ਅੱਗੇ ਕਿਹਾ ਕਿ ਪੰਜਾਬ ਦੇ ਪੱਤਰਕਾਰਾਂ ਨੂੰ ਦਿੱਲੀ ਵਿਧਾਨ ਸਭਾ ਚੋਣਾਂ ਦੀ ਕਵਰੇਜ ਕਰਨ ਸਮੇਂ ਪਤਾ ਲੱਗਾ ਕਿ ਇੱਕ ਰਾਜਨੀਤਿਕ ਸੰਗਠਨ ਦੇ ਮੈਂਬਰਾਂ ਵੱਲੋਂ ਵੋਟਰਾਂ ਨੂੰ ਪ੍ਰਭਾਵਿਤ ਕਰਨ ਲਈ ਸ਼ਰਾਬ ਅਤੇ ਹੋਰ ਸਮੱਗਰੀ ਵੰਡੀ ਜਾ ਰਹੀ ਸੀ, ਜੋ ਆਦਰਸ਼ ਚੋਣ ਜ਼ਾਬਤੇ ਦੀ ਪੂਰੀ ਤਰ੍ਹਾਂ ਉਲੰਘਣਾ ਹੈ।ਆਪਣੀ ਪੱਤਰਕਾਰੀ ਡਿਊਟੀ ਦੇ ਹਿੱਸੇ ਵਜੋਂ ਪੱਤਰਕਾਰਾਂ ਨੇ ਜਦੋਂ ਉਕਤ ਘਟਨਾ ਨੂੰ ਕਵਰ ਕਰਨਾ ਸ਼ੁਰੂ ਕੀਤਾ ਤਾਂ ਸ਼ਰਾਰਤੀ ਤੱਤਾਂ ਨੇ ਇਤਰਾਜ਼ ਜਤਾਇਆ, ਜੋ ਪੰਜਾਬ ਦੇ ਪੱਤਰਕਾਰਾਂ ਨਾਲ ਸਰਾਸਰ ਧੱਕਾ ਹੈ।ਦਿੱਲੀ ਪੁਲਸ ਨੂੰ ਸੂਚਿਤ ਕੀਤਾ ਗਿਆ, ਪਰ ਅਫਸੋਸ ਕਿ ਉਸ ਨੇ ਮੌਕੇ 'ਤੇ ਪਹੁੰਚਣ ਦੀ ਬਜਾਏ ਪੱਤਰਕਾਰਾਂ ਨਾਲ ਦੁਰਵਿਹਾਰ ਕੀਤਾ ਤੇ ਹਿਰਾਸਤ ਵਿੱਚ ਵੀ ਲੈ ਲਿਆ। ਹਿਰਾਸਤ ਵਿੱਚ ਲਏ ਗਏ ਪੱਤਰਕਾਰਾਂ ਵਿੱਚ ਪੰਜਾਬ ਵਿਧਾਨ ਸਭਾ ਪ੍ਰੈੱਸ ਗੈਲਰੀ ਕਮੇਟੀ ਦਾ ਇੱਕ ਮੈਂਬਰ ਵੀ ਸ਼ਾਮਲ ਸੀ।ਇਹ ਜਾਣਦਿਆਂ ਕਿ ਸਾਰੇ ਪੱਤਰਕਾਰ ਆਪਣੇ ਪਛਾਣ ਪੱਤਰ ਲੈ ਕੇ ਜਾ ਰਹੇ ਸਨ, ਅਜਿਹਾ ਗੈਰ-ਸੱਭਿਅਕ ਵਤੀਰਾ ਕੀਤਾ ਗਿਆ। ਇਸ ਲਈ, ਮੁੱਖ ਚੋਣ ਕਮਿਸ਼ਨਰ ਨੂੰ ਬੇਨਤੀ ਕੀਤੀ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਅਜਿਹੀਆਂ ਸ਼ਰਮਨਾਕ ਘਟਨਾਵਾਂ ਦੁਬਾਰਾ ਨਾ ਵਾਪਰਨ।ਅਸ਼ਵਨੀ ਚਾਵਲਾ ਨੇ ਕਿਹਾ ਕਿ ਇਸ ਘਟਨਾ ਲਈ ਜ਼ਿੰਮੇਵਾਰ ਪੁਲਸ ਮੁਲਾਜ਼ਮਾਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ।ਚੰਡੀਗੜ੍ਹ ਪ੍ਰੈੱਸ ਕਲੱਬ ਨੇ ਵੀ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।

# ਭਾਰਤ ਨੇ ਅੰਡਰ-19 ਮਹਿਲਾ ਟੀ-20 ਵਿਸ਼ਵ ਕੱਪ ਲਗਾਤਾਰ ਦੂਜੀ ਵਾਰ ਜਿੱਤਿਆ

**ਕੁਆਲਾਲੰਪੁਰ :** ਭਾਰਤ ਨੇ ਐਤਵਾਰ ਇਕਤਰਫ਼ਾ ਮੁਕਾਬਲੇ 'ਚ ਦੱਖਣੀ ਅਫਰੀਕਾ ਨੂੰ 9 ਵਿਕਟਾਂ ਨਾਲ ਹਰਾ ਕੇ ਲਗਾਤਾਰ ਦੂਜੀ ਵਾਰ ਅੰਡਰ-19 ਮਹਿਲਾ ਟੀ-20 ਵਿਸ਼ਵ ਕੱਪ ਜਿੱਤ ਲਿਆ। ਖਿਤਾਬੀ ਮੁਕਾਬਲੇ ਦੇ ਆਪਣੇ ਸਫ਼ਰ ਦੌਰਾਨ ਹਰੇਕ ਮੁਕਾਬਲੇ ਵਿੱਚ ਸੌਖੀ ਜਿੱਤ ਦਰਜ ਕਰਨ ਵਾਲੇ ਭਾਰਤ ਨੇ ਮੁੜ ਆਪਣਾ ਦਬਦਬਾ ਬਣਾਈ ਰੱਖਿਆ।



ਭਾਰਤ ਨੇ ਦੱਖਣੀ ਅਫਰੀਕਾ ਵੱਲੋਂ ਦਿੱਤੇ 83 ਦੌੜਾਂ ਦੇ ਟੀਚੇ ਨੂੰ 52 ਗੇਂਦਾਂ ਬਾਕੀ ਰਹਿੰਦਿਆਂ 11.2 ਓਵਰਾਂ ਵਿੱਚ ਇਕ ਵਿਕਟ 'ਤੇ 84 ਦੌੜਾਂ ਬਣਾ ਕੇ ਪੂਰਾ ਕੀਤਾ। ਭਾਰਤ ਬਿਨਾਂ ਕੋਈ ਮੈਚ ਗੁਆਇਆਂ ਟੂਰਨਾਮੈਂਟ ਜਿੱਤਣ ਵਾਲੀ ਪਹਿਲੀ ਟੀਮ ਵੀ ਬਣਿਆ। ਗੋਂਗਾਡੀ ਤ੍ਰਿਸ਼ਾ 33 ਗੇਂਦਾਂ ਉੱਤੇ ਨਾਬਾਦ 44 ਦੌੜਾਂ ਬਣਾ ਕੇ ਭਾਰਤ ਲਈ ਟੌਪ ਸਕੋਰਰ ਰਹੀ। ਸਾਨਿਕਾ ਚਾਲਕੇ ਨੇ ਵੀ 22 ਗੇਂਦਾਂ ਵਿਚ ਨਾਬਾਦ 26 ਦੌੜਾਂ ਬਣਾਈਆਂ। ਦੋਵਾਂ ਨੇ ਦੂਜੀ ਵਿਕਟ ਲਈ 48 ਦੌੜਾਂ ਦੀ ਨਾਬਾਦ ਭਾਈਵਾਲੀ ਕੀਤੀ। ਇਸ ਤੋਂ ਪਹਿਲਾਂ ਤ੍ਰਿਸ਼ਾ ਨੇ ਗੇਂਦਬਾਜ਼ੀ ਵਿੱਚ ਵੀ ਕਮਾਲ ਦਿਖਾਇਆ ਤੇ 15 ਦੌੜਾਂ ਬਦਲੇ ਤਿੰਨ ਵਿਕਟਾਂ ਲਈਆਂ। ਦੱਖਣੀ ਅਫਰੀਕਾ ਦੀ ਟੀਮ 20 ਓਵਰਾਂ ਵਿਚ 82 ਦੌੜਾਂ 'ਤੇ ਸਿਮਟ ਗਈ। ਹੋਰਨਾਂ ਗੇਂਦਬਾਜ਼ਾਂ ਵਿਚ ਪਾਰੂਨਿਕਾ ਸਿਸੋਦੀਆ ਨੇ 6 ਦੌੜਾਂ ਬਦਲੇ 2 ਵਿਕਟਾਂ, ਆਯੂਸ਼ੀ ਸ਼ੁਕਲਾ ਨੇ 9 ਦੌੜਾਂ 'ਤੇ 2 ਤੇ ਵੈਸ਼ਨਵੀ ਸ਼ਰਮਾ ਨੇ 23 ਦੌੜਾਂ ਬਦਲੇ ਦੋ ਵਿਕਟਾਂ ਲਈਆਂ।

ਦੱਖਣੀ ਅਫਰੀਕਾ ਦੀ ਕਪਤਾਨ ਕਾਇਲਾ ਰੇਨੇਕੇ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਦਾ ਫੈਸਲਾ ਕੀਤਾ ਸੀ। ਅਫਰੀਕੀ ਟੀਮ ਨੇ ਨਿਯਮਤ ਵਕਫੇ ਉੱਤੇ ਵਿਕਟਾਂ ਗੁਆਈਆਂ। ਟੀਮ ਲਈ ਮਾਇਕੀ ਵਾਨ ਵੂਸਟਰ ਨੇ ਸਭ ਤੋਂ ਵੱਧ 23 ਦੌੜਾਂ ਬਣਾਈਆਂ। ਟੀਮ ਦੇ ਸਿਰਫ ਚਾਰ ਬੱਲੇਬਾਜ਼ ਦੋਹਰੇ ਅੰਕੜੇ 'ਤੇ ਪਹੁੰਚੇ, ਜਦੋਂਕਿ ਚਾਰ ਬੱਲੇਬਾਜ਼ ਖਾਤਾ ਵੀ ਨਹੀਂ ਖੋਲ੍ਹ ਸਕੇ।

# ਅੰਤਰ-ਜ਼ਿਲ੍ਹਾ ਵਾਹਨ ਚੋਰ ਗਰੋਹ ਦਾ ਪਰਦਾ ਫਾਸ਼

**ਜਲੰਧਰ (ਸੁਰਿੰਦਰ ਕੁਮਾਰ/ਇਕਬਾਲ ਉੱਭੀ)**

ਜਲੰਧਰ ਦਿਹਾਤੀ ਪੁਲਸ ਦੇ ਸਿਟੀ ਨਕੋਦਰ ਪੁਲਸ ਸਟੇਸ਼ਨ ਨੇ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਲਗਭਗ 4 ਲੱਖ ਰੁਪਏ ਦੀ ਕੀਮਤ ਵਾਲੇ ਚਾਰ ਚੋਰੀ ਹੋਏ ਦੋ-ਪਹੀਆ ਵਾਹਨਾਂ ਸਮੇਤ ਇੱਕ ਅੰਤਰ-ਜ਼ਿਲ੍ਹਾ ਵਾਹਨ ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਗਰੋਹ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਦੋ-ਪਹੀਆ ਵਾਹਨਾਂ ਨੂੰ ਨਿਸ਼ਾਨਾ ਬਣਾ ਰਿਹਾ ਸੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਮਨਪ੍ਰੀਤ ਸਿੰਘ ਵਾਸੀ ਸ਼ਰਕਪੁਰ ਕਲੋਨੀ ਨਕੋਦਰ, ਜਸਵਿੰਦਰ ਸਿੰਘ, ਅਭਿਸ਼ੇਕ ਕੁਮਾਰ ਪਿੰਡ ਤਲਵਣ ਅਤੇ ਰਮਨ ਵਾਸੀ ਮੁਹੱਲਾ ਗੁੱਗਾ ਸਾਈਂ ਨਕੋਦਰ ਵਜੋਂ ਹੋਈ ਹੈ।ਐਸ.ਐਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਗਰੋਹ ਨੇ ਪੰਜਾਬ ਭਰ ਵਿੱਚ ਵਾਹਨ ਚੋਰੀ ਕਰਨ ਲਈ ਇੱਕ ਸੂਝਵਾਨ ਨੈੱਟਵਰਕ ਬਣਾਇਆ ਸੀ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੀ ਨਿਗਰਾਨੀ ਜਸਰੂਪ ਕੌਰ ਬਾਠ ਪੁਲਸ ਸੁਪਰਡੈਂਟ (ਜਾਂਚ) ਅਤੇ ਸੁਖਪਾਲ ਸਿੰਘ, ਡੀ ਐਸ ਪੀ ਨਕੋਦਰ ਦੁਆਰਾ ਕੀਤੀ ਗਈ ਸੀ।ਇੰਸਪੈਕਟਰ ਅਮਨ ਸੈਣੀ, ਐਸ ਐਚ ਓ ਸਿਟੀ ਨਕੋਦਰ ਅਤੇ ਏ ਐਸ ਆਈ ਰਜਿੰਦਰ ਕੁਮਾਰ ਦੀ ਅਗਵਾਈ ਵਾਲੀ ਵਿਸ਼ੇਸ਼ ਟੀਮ ਨੇ ਇਹ ਗ੍ਰਿਫ਼ਤਾਰੀਆਂ ਕੀਤੀਆਂ।ਬਰਾਮਦ ਕੀਤੇ ਗਏ ਵਾਹਨਾਂ ਵਿੱਚ ਸਪਲੈਂਡਰ ਪਲੱਸ ਮੋਟਰਸਾਈਕਲ, ਪੈਸ਼ਨ ਪਲੱਸ ਮੋਟਰਸਾਈਕਲ, 34 ਡੀਲਕਸ ਮੋਟਰਸਾਈਕਲ ਅਤੇ ਐਕਟਿਵਾ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਬਾਅਦ ਵਾਲੇ ਦੋ ਨੂੰ ਪਤਾ ਲੱਗਣ ਤੋਂ ਬਚਣ ਲਈ ਉਨ੍ਹਾਂ ਦੀਆਂ ਰਜਿਸਟ੍ਰੇਸ਼ਨ ਪਲੇਟਾਂ ਹਟਾ ਦਿੱਤੀਆਂ ਗਈਆਂ ਸਨ।ਜਾਂਚ ਤੋਂ ਪਤਾ ਲੱਗਿਆ ਹੈ ਕਿ ਚਾਰੇ ਦੋਸ਼ੀ ਆਦਤਨ ਅਪਰਾਧੀ ਹਨ ਜਿਨ੍ਹਾਂ ਵਿਰੁੱਧ ਵੱਖ-ਵੱਖ ਥਾਣਿਆਂ ਵਿੱਚ ਕਈ ਮਾਮਲੇ ਦਰਜ ਹਨ।

## ਅੱਜ-ਨਾਮਾ

ਚਰਚਾ ਚੱਲ ਰਹੀ ਬਹੁਤ ਅਕਾਲੀਆਂ ਦੀ,
ਲੱਭ ਰਿਹਾ ਕੋਈ ਨਾ ਜਾਪਦਾ ਹੱਲ ਬੇਲੀ।
ਕਦੀ ਟੁੱਟ ਜਾਂਦੀ, ਕਦੇ ਆ ਲਮਕ ਜਾਂਦੀ,
ਟੁੱਟਦੀ ਲਮਕਦੀ ਰਿੜ੍ਹੇ ਪਈ ਗੱਲ ਬੇਲੀ।
ਲੱਗਦਾ ਕਦੇ ਵਧਦਾ ਦਾਬਾ ਬਾਗੀਆਂ ਦਾ,
ਲੱਗਦੇ ਹਾਲਾਤ ਵੀ ਉਨ੍ਹਾਂ ਦੇ ਵੱਲ ਬੇਲੀ।
ਕਦੇ ਸੁਖਬੀਰ ਦੀ ਟੀਮ ਦਾ ਜ਼ੋਰ ਵਧਦਾ,
ਰੁਕਦੇ ਅਚਾਨਕ ਨੇ ਖੜਕਦੇ ਟੱਲ ਬੇਲੀ।
ਜਿਹੜੀ ਜਗ੍ਹਾ ਤੋਂ ਮੁੱਢ ਦੀ ਛਿੜੀ ਚਰਚਾ,
ਬਾਹਲੀ ਅੱਗੇ ਨੂੰ ਬਾਤ ਨਹੀਂ ਤੁਰੀ ਬੇਲੀ।
ਜੱਕੋਤੱਕੀ ਵਿੱਚ ਵਕਤ ਫਿਰ ਜਾਏ ਲੰਘੀ,
ਲੋਕ ਵਿਸ਼ਵਾਸ ਸਭ ਜਾਂਵਦਾ ਖੁਰੀ ਬੇਲੀ।

-ਤੀਸ ਮਾਰ ਖਾਂ

# ਦਿੱਲੀ 'ਚ ਸੁਰੀਲਾ ਹੋਇਆ ਚੋਣ ਮਾਹੌਲ

**ਦਿੱਲੀ (ਗੁਰਜੀਤ ਬਿੱਲਾ)**



ਚਾਂਦਨੀ ਚੌਕ ਵਿਧਾਨ ਸਭਾ ਹਲਕਾ ਦੇ ਮਜਨੂੰ ਕਾ ਟਿੱਲਾ ਇਲਾਕੇ 'ਚ ਆਮ ਆਦਮੀ ਪਾਰਟੀ ਦੀ ਵਿਸ਼ਾਲ ਜਨ ਸਭਾ ਦਾ ਆਯੋਜਨ ਕੀਤਾ ਗਿਆ, ਜਿੱਥੇ ਸਟੇਜ 'ਤੇ ਕੁਝ ਵੱਖਰਾ ਹੀ ਦੇਖਣ ਨੂੰ ਮਿਲਿਆ। ਮਸ਼ਹੂਰ ਗਾਇਕ ਮੀਕਾ ਸਿੰਘ ਅਤੇ ਸੰਸਦ ਮੈਂਬਰ ਰਾਘਵ ਚੱਢਾ ਨੇ 'ਟੇਲ ਮੀ ਸਮਥਿੰਗ ਸਮਥਿੰਗ' ਗਾਇਆ ਤਾਂ ਸਾਰਾ ਮਾਹੌਲ ਸੰਗੀਤਮਈ ਹੋ ਗਿਆ। ਮੀਟਿੰਗ ਵਿੱਚ ਮੌਜੂਦ ਲੋਕਾਂ ਨੇ ਮੀਕਾ ਸਿੰਘ ਦੇ ਸੁਪਰਹਿੱਟ ਗੀਤਾਂ 'ਤੇ ਜ਼ੋਰਦਾਰ ਤਾੜੀਆਂ ਮਾਰੀਆਂ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਇਸ ਸੰਗੀਤਕ ਮਾਹੌਲ ਵਿੱਚ ਪਿੱਛੇ ਨਹੀਂ ਰਹੇ ਅਤੇ ਉਨ੍ਹਾ ਮੀਕਾ ਸਿੰਘ ਨਾਲ ਇੱਕ ਗੀਤ ਵੀ ਗਾਇਆ।

ਸਾਂਸਦ ਰਾਘਵ ਚੱਢਾ ਨੇ ਲੋਕਾਂ ਨੂੰ ਸਮਝਾਇਆ ਕਿ ਜੇਕਰ ਉਹ ਝਾੜੂ ਨੂੰ ਵੋਟ ਦਿੰਦੇ ਹਨ ਤਾਂ ਉਹ ਹਰ ਮਹੀਨੇ 25,000 ਰੁਪਏ ਦੀ ਬਚਤ ਕਰਨਗੇ। ਉਨ੍ਹਾ ਸਟੇਜ ਤੋਂ ਦਿੱਲੀ ਸਰਕਾਰ ਦੀਆਂ ਸਕੀਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਸਾਰੀਆਂ ਸਹੂਲਤਾਂ ਸਿੱਧੇ ਤੌਰ 'ਤੇ ਆਮ ਲੋਕਾਂ ਦੀਆਂ ਜੇਬਾਂ ਵਿੱਚ ਪੈਸੇ ਦੀ ਬੱਚਤ ਕਰ ਰਹੀਆਂ ਹਨ।

ਚੱਢਾ ਨੇ ਚਾਂਦਨੀ ਚੌਕ ਵਿਧਾਨ ਸਭਾ ਤੋਂ ਉਮੀਦਵਾਰ ਪੁਨਰਦੀਪ ਸਿੰਘ ਸਾਹਨੀ (ਸਾਬੀ) ਦੇ ਸਮਰਥਨ ਵਿੱਚ ਮਜਨੂੰ ਕਾ ਟਿੱਲਾ ਖੇਤਰ ਵਿੱਚ ਇੱਕ ਵਿਸ਼ਾਲ ਜਨ ਸਭਾ ਨੂੰ ਸੰਬੋਧਨ ਕੀਤਾ। ਇਸ ਮੀਟਿੰਗ ਵਿੱਚ ਸੰਸਦ ਮੈਂਬਰ ਰਾਘਵ ਚੱਢਾ ਤੋਂ ਇਲਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾ ਦੀ ਪਤਨੀ ਡਾ. ਗੁਰਪ੍ਰੀਤ ਕੌਰ ਵੀ ਮੌਜੂਦ ਸਨ। ਚੱਢਾ ਨੇ ਲੋਕਾਂ ਨੂੰ ਕਿਹਾ ਕਿ ਸਾਬੀ ਤੁਹਾਡੇ ਪੁੱਤ ਅਤੇ ਭਰਾ ਵਾਂਗ ਤੁਹਾਡੀ ਸੇਵਾ ਕਰੇਗਾ ਅਤੇ ਦਿੱਲੀ ਦੇ ਹਰ ਮੁਹੱਲੇ, ਹਰ ਗਲੀ ਅਤੇ ਹਰ ਵਾਰਡ ਵਿੱਚ ਵਿਕਾਸ ਦੀ ਗਰੰਟੀ ਦੇਵੇਗਾ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਟੇਜ ਤੋਂ ਦਿੱਲੀ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ 50 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਹਨ ਅਤੇ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਪੂਰੀ ਤਰ੍ਹਾਂ ਮੁਆਫ਼ ਕਰ ਦਿੱਤੇ ਹਨ। ਉਨ੍ਹਾ ਦਿੱਲੀ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 'ਆਪ' ਉਮੀਦਵਾਰ ਸਾਬੀ ਨੂੰ ਜਿਤਾਉਣ। ਭਾਰਤੀ ਜਨਤਾ ਪਾਰਟੀ ਅਤੇ ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾ ਕਿਹਾ ਕਿ ਭਾਜਪਾ ਦਾ ਕੋਈ ਏਜੰਡਾ ਨਹੀਂ, ਕਾਂਗਰਸ ਦਾ ਕੋਈ ਝੰਡਾ ਨਹੀਂ ਅਤੇ ਕੇਜਰੀਵਾਲ ਵਰਗਾ ਕੋਈ ਬੰਦਾ ਨਹੀਂ। ਗਾਇਕ ਮੀਕਾ ਸਿੰਘ ਦੀ ਐਂਟਰੀ ਨੇ ਮਾਹੌਲ ਨੂੰ ਰੌਚਕ ਬਣਾ ਦਿੱਤਾ। ਜਦੋਂ ਮੀਕਾ ਸਿੰਘ ਨੇ ਸਟੇਜ 'ਤੇ ਗੀਤ ਗਾ ਕੇ ਲੋਕਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।

## ਮੋਦੀ ਨੇ ਦਿੱਲੀ 'ਚ ਟੈਕਸ ਛੋਟ ਦੇ ਨਾਂਅ 'ਤੇ ਵੋਟਾਂ ਮੰਗੀਆਂ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਕਿਹਾ ਕਿ ਦਿੱਲੀ ਵਿਚ ਅਗਲੀ ਸਰਕਾਰ ਭਾਜਪਾ ਦੀ ਬਣੇਗੀ। ਉਨ੍ਹਾ ਕਿਹਾ ਕਿ ਕੇਂਦਰੀ ਬਜਟ ਨੇ ਹਰੇਕ ਪਰਵਾਰ ਨੂੰ ਖੁਸ਼ੀਆਂ ਨਾਲ ਭਰ ਦਿੱਤਾ ਹੈ ਤੇ ਭਾਰਤ ਦੇ ਇਤਿਹਾਸ ਵਿਚ ਇਹ ਮੱਧ ਵਰਗ ਲਈ ਸਭ ਤੋਂ ਸਾਰਥਕ ਬਜਟ ਹੈ।

ਦਿੱਲੀ ਅਸੈਂਬਲੀ ਚੋਣਾਂ ਤੋਂ ਪਹਿਲਾਂ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਬਜਟ ਵਿਚ ਮੱਧ ਵਰਗ ਲਈ ਲਾਭਕਾਰੀ ਵਿਵਸਥਾਵਾਂ ਦੀ ਗੱਲ ਕੀਤੀ। ਉਨ੍ਹਾ ਕਿਹਾ ਕਿ ਭਾਰਤ ਦੀ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਹੈ, ਜਦੋਂ 12 ਲੱਖ ਦੀ ਸਾਲਾਨਾ ਆਮਦਨ ਵਾਲਿਆਂ ਨੂੰ ਅਜਿਹੀ ਰਾਹਤ ਦਿੱਤੀ ਗਈ ਹੈ। ਮੱਧ ਵਰਗ ਆਖ ਰਿਹਾ ਹੈ ਕਿ ਇਹ ਭਾਰਤ ਦੇ ਇਤਿਹਾਸ ਵਿਚ ਮੱਧ ਵਰਗ ਲਈ ਸਭ ਤੋਂ ਮੁਆਫ਼ਕ ਬਜਟ ਹੈ। ਦਿੱਲੀ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕਥਿਤ ਝੂਠੇ ਵਾਅਦਿਆਂ ਤੇ ਭ੍ਰਿਸ਼ਟਾਚਾਰ ਲਈ ਭੰਡਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ 'ਆਪ-ਦਾ' ਦੀਆਂ ਨੀਤੀਆਂ ਕਰਕੇ ਫੈਕਟਰੀਆਂ ਬੰਦ ਹੋ ਗਈਆਂ। ਲੋਕਾਂ ਦੀ ਲੁੱਟ ਕਰਨ ਵਾਲਿਆਂ ਦੀ ਜਵਾਬਦੇਹੀ ਨਿਰਧਾਰਤ ਕੀਤੀ ਜਾਵੇਗੀ। ਉਨ੍ਹਾ ਕਿਹਾ ਇਕ ਪਾਸੇ 'ਆਪ-ਦਾ' ਹੈ, ਜੋ ਝੂਠੇ ਵਾਅਦੇ ਕਰਦੀ ਹੈ ਅਤੇ ਦੂਜੇ ਪਾਸੇ 'ਮੋਦੀ ਦੀਆਂ ਗਾਰੰਟੀਆਂ' ਹਨ। ਮੋਦੀ ਨੇ ਲੋਕਾਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਤਿਓਹਾਰ ਮੌਸਮ ਬਦਲਣ ਦੀ ਤਰਜਮਾਨੀ ਕਰਦਾ ਹੈ। ਦਿੱਲੀ ਦੇ ਲੋਕ ਭਾਜਪਾ ਸਰਕਾਰ ਬਣਾਉਣ ਦਾ ਮਨ ਬਣਾ ਚੁੱਕੇ ਹਨ। 'ਆਪ-ਦਾ' ਨੇ ਕੌਮੀ ਰਾਜਧਾਨੀ ਦੇ 11 ਸਾਲ ਖਰਾਬ ਕਰ ਦਿੱਤੇ ਤੇ ਡਬਲ ਇੰਜਣ ਸਰਕਾਰ ਉਨ੍ਹਾਂ ਦੇ ਵਿਕਾਸ ਤੇ ਤਰੱਕੀ ਲਈ ਵਚਨਬੱਧ ਹੈ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਦਾਅਵਿਆਂ ਦੇ ਉਲਟ ਦਿੱਲੀ ਵਿਚ ਕਿਸੇ ਦੀ ਕੋਈ ਝੁੱਗੀ ਨਹੀਂ ਢਾਹੀ ਜਾਵੇਗੀ ਤੇ ਨਾ ਕੋਈ ਲੋਕ ਭਲਾਈ ਸਕੀਮ ਬੰਦ ਹੋਵੇਗੀ। ਭਾਜਪਾ ਦੀ ਜਿੱਤ ਬਾਰੇ ਵਿਸ਼ਵਾਸ ਜ਼ਾਹਰ ਕਰਦਿਆਂ ਮੋਦੀ ਨੇ ਕਿਹਾ—ਤੁਸੀਂ ਇਹ ਗੱਲ ਨੋਟ ਕਰ ਲਓ ਕਿ 8 ਫਰਵਰੀ ਨੂੰ ਦਿੱਲੀ ਵਿੱਚ ਭਾਜਪਾ ਦੀ ਸਰਕਾਰ ਬਣੇਗੀ ਤੇ 8 ਮਾਰਚ ਨੂੰ ਕੌਮਾਂਤਰੀ ਮਹਿਲਾ ਦਿਵਸ ਤੱਕ ਮਹਿਲਾਵਾਂ ਨੂੰ 2500 ਰੁਪਏ ਮਿਲਣੇ ਸ਼ੁਰੂ ਹੋ ਜਾਣਗੇ।

## ਗੁਰੂ ਨਾਨਕ ਨੈਸ਼ਨਲ ਕਾਲਜ ਦੇ ਕੈਡਿਟਾਂ ਨੇ ਪਰੇਡ ਦੀ ਅਗਵਾਈ ਕੀਤੀ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੇ ਐੱਨ.ਸੀ.ਸੀ. ਕੈਡਿਟਾਂ ਨੇ ਗਣਤੰਤਰ ਦਿਵਸ ਦੇ ਅਵਸਰ 'ਤੇ ਪਾਇਲ ਵਿਖੇ ਹੋਈ ਪਰੇਡ ਵਿੱਚ ਹਿੱਸਾ ਲਿਆ।ਪ੍ਰਿੰਸੀਪਲ ਡਾ. ਸਰਬਜੀਤ ਕੌਰ ਬਰਾੜ ਨੇ ਦੱਸਿਆ ਕਿ 19 ਪੰਜਾਬ ਬਟਾਲੀਅਨ ਐੱਨ. ਸੀ. ਸੀ. ਲੁਧਿਆਣਾ ਦੇ ਕਮਾਂਡਿੰਗ ਅਫ਼ਸਰ ਲੈਫਟੀਨੈਂਟ ਕਰਨਲ ਫੈਜ਼ਨ ਜਾਹੂਰ ਦੀ ਕਮਾਂਡ ਅਧੀਨ ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਦੇ ਐੱਨ.ਸੀ.ਸੀ. ਕੈਡਿਟਾਂ ਨੇ ਸਬ ਡਿਵੀਜ਼ਨ ਪਾਇਲ ਵਿਖੇ 26 ਜਨਵਰੀ ਦੇ ਮੌਕੇ 76ਵੇਂ ਗਣਤੰਤਰ ਦਿਵਸ ਦੀ ਪਰੇਡ ਦੀ ਅਗਵਾਈ ਕੀਤੀ।ਲੜਕੀਆਂ ਦੀ ਟੁਕੜੀ ਦੀ ਅਗਵਾਈ ਸੁਖਪ੍ਰੀਤ ਕੌਰ ਤੇ ਜਸਪ੍ਰੀਤ ਕੌਰ ਤੇ ਲੜਕਿਆਂ ਦੀ ਟੁਕੜੀ ਦੀ ਅਗਵਾਈ ਮਨਦੀਪ ਸਿੰਘ ਨੇ ਕੀਤੀ।ਇਸ ਮੌਕੇ ਪਾਇਲ ਦੇ ਐੱਸ.ਡੀ.ਐੱਮ. ਪ੍ਰਦੀਪ ਸਿੰਘ ਬੈਂਸ (ਪੀ.ਸੀ.ਐੱਸ.) ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ ਤੇ ਬਾਅਦ ਵਿੱਚ ਕੈਡਿਟਾਂ ਵੱਲੋਂ ਸ਼ਾਨਦਾਰ ਮਾਰਚਪਾਸਟ ਕਰਦੇ ਹੋਏ ਤਿਰੰਗੇ ਨੂੰ ਸਲਾਮੀ ਵੀ ਦਿੱਤੀ ਗਈ।ਏ.ਐੱਨ.ਓ ਲਫ਼ਟੀਨੈਂਟ ਸਨਦੀਪ ਸਿੰਘ ਹੁੰਦਲ, ਏ.ਐੱਨ.ਓ ਗੁਰਦੀਪ ਸਿੰਘ ਤੇ ਏ ਐੱਨ ਓ ਸਤਵੀਰ ਸਿੰਘ ਤੇ ਪ੍ਰੋ. ਕਰਮਜੀਤ ਸਿੰਘ ਦੀ ਨਿਗਰਾਨੀ ਹੇਠ ਤਿਆਰ ਕੀਤੀ ਗਈ, ਇਸ ਪਰੇਡ ਵਿੱਚ ਕਾਲਜ ਦੇ 45 ਕੈਡਿਟਾਂ ਨੇ ਭਾਗ ਲਿਆ।

## ਡਾ. ਅੰਬੇਡਕਰ ਪਾਰਕਾਂ ਦੀ ਸੁਰੱਖਿਆ ਵਧਾਉਣ ਸੰਬੰਧੀ ਸੌਂਪਿਆ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਥੇਬੰਦੀਆਂ ਵੱਲੋਂ ਡਾਕਟਰ ਅੰਬੇਡਕਰ ਪਾਰਕਾਂ ਦੀ ਸੁਰੱਖਿਆ ਵਧਾਉਣ ਦੀ ਮੰਗ ਨੂੰ ਲੈ ਕੇ ਵੱਖ-ਵੱਖ ਜਥੇਬੰਦੀਆਂ ਵੱਲੋਂ ਭੀਮ ਕ੍ਰਾਂਤੀ ਦੇ ਸੰਸਥਾਪਕ ਅਸ਼ੋਕ ਮਹਿੰਦਰਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੱਤਰ ਸੌਂਪਿਆ।ਜਥੇਬੰਦੀਆਂ ਵੱਲੋਂ ਪ੍ਰੈਸ ਨੋਟ ਜਾਰੀ ਕੀਤਾ ਗਿਆ।ਇਸ ਵਿੱਚ 26 ਜਨਵਰੀ ਨੂੰ ਗਣਤੰਤਰ ਦਿਵਸ ਵਾਲੇ ਦਿਨ ਸ੍ਰੀ ਅੰਮ੍ਰਿਤਸਰ ਵਿਖੇ ਹੋਈ ਘਟਨਾ ਦਾ ਹਵਾਲਾ ਦਿੰਦਿਆਂ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਬੰਧਕੀ ਕੰਪਲੈਕਸ ਦੇ ਅੰਦਰ ਅਤੇ ਬਾਹਰ ਬਣੇ ਡਾਕਟਰ ਬੀ ਆਰ ਅੰਬੇਡਕਰ ਪਾਰਕ ਦੀ ਸੁਰੱਖਿਆ ਵਧਾਏ ਜਾਣ ਦੀ ਮੰਗ ਕੀਤੀ ਗਈ, ਉਥੇ ਹੀ ਡਾਕਟਰ ਬੀਆਰ ਅੰਬੇਡਕਰ ਜੀ ਦੇ ਬੁੱਤਾਂ ਨੂੰ ਟਫ਼ਨ ਸ਼ੀਸ਼ੇ ਨਾਲ ਕਵਰ ਕੀਤੇ ਜਾਣ ਦੀ ਮੰਗ ਵੀ ਕੀਤੀ ਗਈ, ਜਦਕਿ ਇਨ੍ਹਾਂ ਪਾਰਕਾਂ ਵਿੱਚ ਸਫ਼ਾਈ ਦੇ ਉੱਚਿਤ ਪ੍ਰਬੰਧ ਕੀਤੇ ਜਾਣ ਦੀ ਮੰਗ ਨੂੰ ਲੈ ਕੇ ਪੱਕੇ ਤੌਰ 'ਤੇ ਸਫ਼ਾਈ ਸੇਵਕ ਅਤੇ ਇੱਕ ਮਾਲੀ ਰੱਖਣ ਦੀ ਮੰਗ ਵੀ ਕੀਤੀ ਗਈ।

## ਝਾੜ ਸਾਹਿਬ ਕਾਲਜ ਦਾ ਨਤੀਜਾ ਸ਼ਾਨਦਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਫਾਰ ਵਿਮਨ, ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਸੀ.ਏ. ਸਮੈਸਟਰ ਤੀਜੇ ਦਾ ਨਤੀਜਾ ਸ਼ਾਨਦਾਰ ਰਿਹਾ। ਬੀ.ਸੀ.ਏ. ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ 83.20 ਫ਼ੀਸਦੀ ਅੰਕ ਲੈ ਕੇ ਕਾਲਜ 'ਚੋਂ ਪਹਿਲਾ, ਸੰਦੀਪ ਕੌਰ ਨੇ 80.26 ਫ਼ੀਸਦੀ ਤੇ ਕੋਮਲਪ੍ਰੀਤ ਕੌਰ ਨੇ 78.13 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦਾ ਸਮੁੱਚਾ ਨਤੀਜਾ 100 ਫ਼ੀਸਦੀ ਰਿਹਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਮੁੱਚੇ ਕੰਪਿਊਟਰ ਵਿਭਾਗ, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ, ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿਚ ਉਹ ਆਪਣੀ ਵਿਲੱਖਣ ਹੋਂਦ ਸਥਾਪਿਤ ਕਰ ਸਕਣ। ਉਨ੍ਹਾਂ ਕਿਹਾ ਕਿ ਸਾਨੂੰ ਪੂਰਨ ਵਿਸ਼ਵਾਸ਼ ਹੈ ਕਿ ਸਾਡੀਆਂ ਵਿਦਿਆਰਥਣਾਂ ਭਵਿੱਖ ਵਿਚ ਵੀ ਇਸੇ ਤਰ੍ਹਾਂ ਦ੍ਰਿੜ ਇਰਾਦੇ, ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਕਾਲਜ, ਮਾਪਿਆਂ ਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕਰਨਗੀਆਂ।

## ਬਾਬਾ ਕਿਸ਼ੋਰ ਦਾਸ ਕਮੇਟੀ ਅਹਿਮਦਪੁਰ ਵੱਲੋਂ ਜੇਤੂ ਬੱਚਿਆਂ ਦਾ ਸਨਮਾਨ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਬਾਬਾ ਕਿਸ਼ੋਰ ਦਾਸ ਕਮੇਟੀ ਪਿੰਡ ਅਹਿਮਦਪੁਰ ਵੱਲੋਂ ਟੂਰਨਾਮੈਂਟ ਤੇ ਪੰਜਾਬ ਭਰ ਵਿੱਚੋਂ ਜੇਤੂ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਬੱਚਿਆਂ ਦਾ ਸਨਮਾਨ ਕੀਤਾ ਗਿਆ।ਸਕੂਲ ਮੁਖੀ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਇਸ ਵਾਰ ਸਰਕਾਰੀ ਪ੍ਰਾਇਮਰੀ ਸਕੂਲ ਅਹਿਮਦਪੁਰ ਦੇ ਬੱਚਿਆਂ ਦੀਆਂ ਪੰਜਾਬ ਪੱਧਰੀ ਪੁਜ਼ੀਸ਼ਨ ਆਈਆਂ ਹਨ।ਉਨ੍ਹਾਂ ਕਿਹਾ ਕਿ ਇਸ ਸਕੂਲ ਦਾ ਵਿਦਿਆਰਥੀ ਸਰਜਾ ਸਿੰਘ ਜਿੱਥੇ 100 ਮੀਟਰ ਰੇਸ ਵਿੱਚੋਂ ਜੇਤੂ ਰਿਹਾ, ਉੱਥੇ ਉਸ ਨੇ ਲੰਮੀ ਛਾਲ ਵਿੱਚ ਵੀ ਪੰਜਾਬ ਭਰ ਵਿੱਚੋਂ ਪੰਜਵਾਂ ਸਥਾਨ ਹਾਸਲ ਕੀਤਾ।ਉਨ੍ਹਾਂ ਕਿਹਾ ਕਿ ਇਸ ਸਕੂਲ ਦੀ ਵਿਦਿਆਰਥਣ ਜਸਮੀਤ ਕੌਰ ਨੇ ਵੀ 18 ਕਿਲੋ ਭਾਰ ਵਰਗ ਕਰਾਟੇ ਲੜਕੀਆਂ ਵਿੱਚ ਪੰਜਾਬ ਭਰ ਵਿੱਚੋਂ ਦੂਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਰਮਨਦੀਪ ਕੌਰ, ਦਿਲਪ੍ਰੀਤ ਸਿੰਘ, ਮਨਮੋਹਨ ਮੋਹਣਾ, ਸੁਖਰਾਜ ਸਿੰਘ, ਕਮਲਪ੍ਰੀਤ ਸਿੰਘ, ਹਰਨੂਰ ਕੌਰ, ਹਰਲੀਨ ਕੌਰ, ਮਨਜੀਤ ਕੌਰ, ਬਲਕਰਨ ਸਿੰਘ, ਜਸਦੀਪ ਸ਼ਰਮਾ, ਜਸਮੀਤ ਕੌਰ, ਨਿਮਰਤ ਕੌਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।

## ਪੈਟਰੋਲ ਪੰਪ ਲੁੱਟਣ ਵਾਲੇ ਲੁਟੇਰਿਆਂ ਦੀਆਂ ਪੁਲਸ ਵੱਲੋਂ ਤਸਵੀਰਾਂ ਜਾਰੀ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ 'ਚ 30 ਜਨਵਰੀ ਨੂੰ ਦੇਰ ਸ਼ਾਮ 30 ਮਿੰਟਾਂ ਵਿੱਚ 2 ਪੈਟਰੋਲ ਪੰਪ ਲੁੱਟਣ ਵਾਲੇ ਪਿਸਤੌਲ ਦੇ ਜ਼ੋਰ 'ਤੇ ਨਕਦੀ ਲੁੱਟਣ ਵਾਲੇ ਪੰਜ ਲੁਟੇਰਿਆਂ 'ਚੋਂ ਤਿੰਨ ਲੁਟੇਰਿਆਂ ਦੀਆਂ ਤਸਵੀਰਾਂ ਪੁਲਸ ਵੱਲੋਂ ਜਾਰੀ ਕੀਤੀਆਂ ਹਨ। ਡੀਐੱਸਪੀ ਤਰਲੋਚਨ ਸਿੰਘ ਨੇ ਦੱਸਿਆ ਕਿ ਇਨ੍ਹਾਂ ਲੁਟੇਰਿਆਂ ਕੋਲ ਕੀਆ ਕੰਪਨੀ ਦੀ ਚਿੱਟੇ ਰੰਗ ਵਾਲੀ ਕਾਰ ਪੀਬੀ 76 ਬੀ 8188 ਮੋਗਾ ਜ਼ਿਲ੍ਹੇ 'ਚੋਂ ਚੋਰੀ ਕੀਤੀ ਸੀ, ਜਿਸ ਰਾਹੀਂ ਇਨ੍ਹਾਂ ਨੇ ਮਾਛੀਵਾੜਾ ਇਲਾਕੇ ਵਿੱਚ ਪੈਟਰੋਲ ਪੰਪ ਲੁੱਟਣ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੱਤਾ। ਡੀਐੱਸਪੀ ਨੇ ਦੱਸਿਆ ਕਿ ਇਨ੍ਹਾਂ 5 ਲੁਟੇਰਿਆਂ ਨੂੰ ਕਾਬੂ ਕਰਨ ਲਈ ਪੁਲਸ ਨੇ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਤੇ ਜੋ ਸੀਸੀਟੀਵੀ ਫੁਟੇਜ ਦੇਖੀ ਗਈ ਹੈ, ਉਸ ਦੇ ਅਧਾਰ 'ਤੇ ਇਨ੍ਹਾਂ ਪੰਜ ਲੁਟੇਰਿਆਂ 'ਚੋਂ 3 ਦੀਆਂ ਤਸਵੀਰਾਂ ਜਾਰੀ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਨੂੰ ਕੋਈ ਵੀ ਵਿਅਕਤੀ ਪਛਾਣਦਾ ਹੈ ਤਾਂ ਉਹ ਤੁਰੰਤ ਮੇਰੇ ਨੰਬਰ 9872693808 ਜਾਂ ਥਾਣਾ ਮਾਛੀਵਾੜਾ ਦੇ ਮੁਖੀ 9592914033 'ਤੇ ਸੰਪਰਕ ਕਰੇ।

## ਬਸੰਤ ਪੰਚਮੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫ਼ਤਿਹਪੁਰ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ ਤੇ ਇਸ ਦੇ ਪ੍ਰਤੀ ਬੱਚਿਆਂ ਵਿੱਚ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ।ਸਾਰੇ ਬੱਚਿਆਂ ਨੇ ਬਸੰਤੀ ਰੰਗ ਦੇ ਕੱਪੜੇ ਪਹਿਨੇ ਹੋਏ ਸਨ ਤੇ ਨਾਲ ਹੀ ਸਾਰੇ ਬੱਚੇ ਪੀਲੇ ਰੰਗ ਦਾ ਭੋਜਨ ਵੀ ਲੈ ਕੇ ਆਏ।ਵਿਦਿਆਰਥੀਆਂ ਵੱਲੋਂ ਪਤੰਗ ਚੜ੍ਹਾਏ ਗਏ ਤੇ ਰੰਗਾ-ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਸਕੂਲ ਪ੍ਰਿੰਸੀਪਲ ਵੱਲੋਂ ਬੱਚਿਆਂ ਨੂੰ ਇਸ ਤਿਉਹਾਰ ਦੀ ਮਹੱਤਤਾ ਬਾਰੇ ਦੱਸਿਆ ਗਿਆ।ਇਸ ਮੌਕੇ ਸਕੂਲ ਪ੍ਰਧਾਨ ਪ੍ਰਦਮਨ ਸਿੰਘ ਵਿਰਕ, ਜਨਰਲ ਸਕੱਤਰ ਡਾ. ਹਰਭਜਨ ਸਿੰਘ, ਸੀਨੀਅਰ ਵਾਈਸ-ਪ੍ਰਧਾਨ ਗੁਲਜ਼ਾਰ ਸਿੰਘ, ਵਾਈਸ-ਪ੍ਰਧਾਨ ਜਸਵੰਤ ਸਿੰਘ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਗੁਰਦੇਵ ਸਿੰਘ, ਬਲਵਿੰਦਰ ਸਿੰਘ, ਬਾਬਾ ਸਾਹਿਬ ਸਿੰਘ, ਕੁਲਦੀਪ ਸਿੰਘ, ਸਕੂਲ ਪ੍ਰਿੰਸੀਪਲ ਸੁਨੀਤਾ ਰਾਣੀ, ਬਲਬੀਰ ਸਿੰਘ ਧਾਰੀਵਾਲ ਤੇ ਸਟਾਫ਼ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀਆਂ ਵਧਾਈਆਂ ਦਿੱਤੀਆਂ ਗਈਆਂ।

# ਪੰਜਾਬ ਭਵਨ ਕੈਨੇਡਾ ਵੱਲੋਂ ਦੋ ਰੋਜ਼ਾ ਰਾਸ਼ਟਰੀ ਬਾਲ ਲੇਖਕ ਕਾਨਫਰੰਸ




**ਸਮਰਾਲਾ (ਸੁਰਜੀਤ ਸਿੰਘ)**
ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸੁੱਖੀ ਬਾਠ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਦੇ ਅਧੀਨ ਰਾਜਸਥਾਨ ਦੀ ਧਰਤੀ ਸ਼੍ਰੀ ਗੰਗਾਨਗਰ ਵਿਖੇ ਪਹਿਲੀ ਵਾਰ ਦੋ ਰੋਜ਼ਾ ਰਾਸ਼ਟਰੀ ਬਾਲ ਲੇਖਕ ਕਾਨਫਰੰਸ ਤੇ ਸੱਭਿਆਚਾਰਕ ਮੇਲਾ ਅਮਿੱਟ ਪੈੜਾਂ ਛੱਡਦਿਆਂ ਸਫ਼ਲਤਾ ਪੂਰਵਕ ਸੰਪੰਨ ਹੋ ਨਿੱਬੜਿਆ।ਰਾਜਸਥਾਨ ਦੀ ਪ੍ਰਬੰਧਕੀ ਟੀਮ ਵਿੱਚ ਡਾ. ਨਵਦੀਪ ਕੌਰ ਦੀ ਅਗਵਾਈ ਹੇਠ 31 ਜਨਵਰੀ ਤੇ 1 ਫਰਵਰੀ ਨੂੰ ਹੋਈ ਕਾਨਫਰੰਸ ਸ਼੍ਰੀ ਗੁਰੂ ਨਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸ਼੍ਰੀ ਗੰਗਾਨਗਰ ਵਿੱਚ ਹੋਈ।ਪੰਜਾਬ ਭਵਨ ਸਰੀ ਕੈਨੇਡਾ ਤੇ ਸੰਸਥਾਪਕ ਸ੍ਰੀ ਸੁੱਖੀ ਬਾਠ ਇਸ ਕਾਨਫਰੰਸ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਕਾਨਫਰੰਸ ਦੇ ਦੂਜੇ ਦਿਨ ਰਾਜਸਥਾਨ 'ਚ ਪੰਜਾਬ ਦੀ ਸਥਿਤੀ ਤੇ ਸੰਭਾਵਨਾਵਾਂ ਉੱਤੇ ਹੋਈ ਚਰਚਾ ਵਿੱਚ ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰਨ ਵਾਲੇ ਵਿਦਵਾਨਾਂ ਤੇ ਸੂਝਵਾਨਾਂ ਨੇ ਹਿੱਸਾ ਲਿਆ।ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਸਾਰਿਆਂ ਨੇ ਆਪੋ ਆਪਣੇ ਵਿਚਾਰ ਰੱਖੇ। ਡਾ. ਨਵਦੀਪ ਨੇ ਪੰਜਾਬ ਭਵਨ ਦੇ ਰਹਿਨੁਮਾਈ ਹੇਠ ਪੰਜਾਬੀ ਵਿੱਚ ਮੈਗ਼ਜ਼ੀਨ ਕੱਢਣ ਦੀ ਤਜਵੀਜ਼ ਰੱਖੀ।ਉਨ੍ਹਾਂ ਕਿਹਾ ਕਿ ਰਾਜਸਥਾਨ ਦੇ ਸਕੂਲ ਪਾਠਕ੍ਰਮ ਵਿੱਚ ਪੰਜਾਬੀ ਛੇਵੀਂ ਜਮਾਤ ਤੋਂ ਸ਼ੁਰੂ ਹੁੰਦੀ ਹੈ, ਜਿਸ ਕਾਰਨ ਹੋਰ ਭਾਸ਼ਾਵਾਂ ਤੇ ਬੱਚਿਆਂ ਦੀ ਪਕੜ ਮਜ਼ਬੂਤ ਹੋ ਜਾਂਦੀ ਹੈ ਤੇ ਵਿਦਿਆਰਥੀ ਮਾਂ ਬੋਲੀ ਪੰਜਾਬੀ ਨੂੰ ਦੇਰ ਨਾਲ ਸਿੱਖ ਪਾਉਂਦੇ ਹਨ।ਡਾ. ਇਕਬਾਲ ਸਿੰਘ ਨੇ ਕਿਹਾ ਨਵੀਆਂ ਕਲਮਾਂ ਨਵੀਂ ਉਡਾਣ ਦੇ ਪ੍ਰੋਜੈਕਟ ਨੇ ਬੱਚਿਆਂ ਵਿੱਚ ਉਦਾਸੀਨਤਾ ਨੂੰ ਦੂਰ ਕਰਕੇ ਆਤਮਵਿਸ਼ਵਾਸ ਭਰਿਆ ਹੈ।ਪ੍ਰਿੰਸੀਪਲ ਗੁਰਦੀਪ ਸਿੰਘ ਖੋਸਾ ਨੇ ਕਿਹਾ ਕਿ ਰਾਜਸਥਾਨ ਵਿੱਚ ਸੰਸਕ੍ਰਿਤ ਤੋਂ ਬਾਅਦ ਪੰਜਾਬੀ ਭਾਸ਼ਾ ਸਭ ਤੋਂ ਵੱਧ ਪੜ੍ਹੇ ਜਾਣ ਵਾਲੀ ਮਕਬੂਲ ਭਾਸ਼ਾ ਹੈ।

ਮਕਬੂਲੀਅਤ ਨੂੰ ਬਣਾਏ ਰੱਖਣ ਲਈ ਬੀ.ਏ. ਪੱਧਰ ਤੱਕ ਪੰਜਾਬੀ ਵਿਸ਼ੇ ਨੂੰ ਲਵਾਉਣ ਵਿੱਚ ਉਨ੍ਹਾਂ ਨੇ ਕਾਮਯਾਬੀ ਹਾਸਲ ਕਰ ਲਈ ਹੈ।

ਸ੍ਰੀ ਗੁਰੂ ਨਾਨਕ ਖਾਲਸਾ ਸਕੂਲ ਦੇ ਪ੍ਰਿੰਸੀਪਲ ਬਲਦੇਵ ਸਿੰਘ ਬਰਾੜ ਨੇ ਕਿਹਾ ਕਿ ਰਾਜਸਥਾਨ ਦੇ ਨੁਮਾਇੰਦਿਆਂ ਦਾ ਸਰਕਾਰ ਨਾਲ ਜੁੜੇ ਰਹਿਣਾ ਜ਼ਰੂਰੀ ਹੈ।ਸਰਕਾਰ ਦੀ ਮੱਦਦ ਨਾਲ ਹੀ ਅਸੀਂ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਤ ਕਰਨ ਵਿੱਚ ਹੋਰ ਕਾਮਯਾਬ ਹੋ ਸਕਦੇ ਹਾਂ।ਡਾਕਟਰ ਪਰਮਜੀਤ ਸਿੰਘ ਨੇ ਕਿਹਾ ਕਿ ਰਾਜਸਥਾਨ ਦੀ ਧਰਤੀ ਪੰਜਾਬ ਦੀ ਧਰਤੀ ਤੋਂ ਵੱਖ ਨਹੀਂ ਹੈ।ਅਸੀਂ ਦੋ ਦਰਿਆਵਾਂ ਦਾ ਸਾਂਝਾ ਪਾਣੀ ਪੀਂਦੇ ਹਾਂ।ਇਸ ਲਈ ਮਾਂ ਬੋਲੀ ਪੰਜਾਬੀ ਵੀ ਸਾਡੀ ਸਾਂਝੀ ਮਾਂ ਬੋਲੀ ਹੈ।

ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸ੍ਰੀ ਸੁੱਖੀ ਬਾਠ ਨੇ ਕਿਹਾ ਕਿ ਨਵੀਂਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਜਿੱਥੇ ਪੰਜਾਬ ਵਿੱਚ ਆਪਣੀ ਪੂਰੀ ਪਛਾਣ ਬਣਾ ਚੁੱਕਾ ਹੈ ਉੱਥੇ ਅਸੀਂ ਚਾਹੁੰਨੇ ਹਾਂ ਕਿ ਰਾਜਸਥਾਨ ਵਿਚਲੇ ਪੰਜਾਬੀ ਦੇ ਬਾਲ ਲੇਖਕਾਂ ਨੂੰ ਹੋਰ ਮੌਕੇ ਦਿੱਤੇ ਜਾਣ ਤਾਂ ਜੁ ਉਹ ਮਾਂ ਬੋਲੀ ਪੰਜਾਬੀ ਨਾਲ ਰੂਹ ਤੋਂ ਜੁੜ ਸਕਨ ਸਕਣ।

## ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਨੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**
ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਹਰੀ ਨੌਂ ਵਿਖੇ ਬਸੰਚ ਪੰਚਮੀ ਦਾ ਤਿਉਹਾਰ ਮਨਾਇਆ ਗਿਆ, ਜਿਸ ਦੇ ਸਬੰਧ ਵਿੱਚ ਸਕੂਲ ਵਿੱਚ ਇੱਕ ਪ੍ਰੋਗਰਾਮ ਕੀਤਾ ਗਿਆ।ਐਲ.ਕੇ.ਜੀ. ਦੇ ਤਿੰਨ ਵਿਦਿਆਰਥੀਆਂ ਸਾਹਿਲ, ਅਵਨੀਤ ਤੇ ਜਗਮੀਤ ਸਿੰਘ ਵੱਲੋਂ ਬਸੰਤ ਪੰਚਮੀ ਦੇ ਤਿਉਹਾਰ ਤੇ ਕਵਿਤਾ ਦਾ ਉਚਾਰਨ ਕੀਤਾ ਗਿਆ।ਚੌਥੀ ਕਲਾਸ ਦੇ ਬੱਚਿਆਂ ਵੱਲੋਂ ਡਾਂਸ ਪੇਸ਼ ਕੀਤਾ ਗਿਆ।ਯੂ.ਕੇ.ਜੀ. ਦੇ ਵਿਦਿਆਰਥੀਆਂ ਅਗਮ ਸਿੱਧੂ, ਸਾਹਿਬਜੀਤ ਤੇ ਉਂਕਾਰ ਸਿੰਘ ਵੱਲੋਂ ਬਸੰਤ ਰੁੱਤ ਦੇ ਸਬੰਧ ਵਿੱਚ ਦੱਸਿਆ ਗਿਆ।ਇਸ ਤੋਂ ਬਾਅਦ ਵਿਦਿਆਰਥੀਆਂ 'ਚ ਅਖ਼ਬਾਰ ਨਾਲ ਪਤੰਗ ਬਣਾਉਣ ਦਾ ਮੁਕਾਬਲਾ ਵੀ ਕਰਾਇਆ ਗਿਆ, ਜਿਸ ਵਿੱਚ ਦੂਜੀ ਕਲਾਸ ਦੇ ਵਿਦਿਆਰਥੀ ਅੰਸ਼ਪ੍ਰੀਤ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ।ਸਕੂਲ ਦੇ ਵਿਦਿਆਰਥੀਆਂ ਵੱਲੋਂ ਸਕੂਲ ਵਿੱਚ ਪਤੰਗ ਉਡਾ ਕੇ ਬਸੰਚ ਪੰਚਮੀ ਦਾ ਤਿਉਹਾਰ ਮਨਾਇਆ ਗਿਆ।

ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਆਪਣੇ ਜੀਵਨ ਵਿੱਚ ਤਿਉਹਾਰ ਦੀ ਮਹੱਤਤਾ ਬਾਰੇ ਜਾਣੂ ਕਰਾਇਆ।ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਰੁਬੀਨਾ ਧੀਰ ਤੇ ਸਮੂਹ ਸਕੂਲ ਸਟਾਫ਼ ਹਾਜ਼ਰ ਸਨ।

# ਸੰਗਰੂਰ ਦੇ ਸੀਨੀਅਰ ਸਿਟੀਜ਼ਨਜ਼ ਦੀ ਇੱਕ ਭਰਵੀਂ ਬੈਠਕ



**ਸੰਗਰੂਰ (ਪ੍ਰਵੀਨ ਸਿੰਘ)**-ਸਿਟੀ ਪਾਰਕ, ਨਾਭਾ ਗੇਟ ਸੰਗਰੂਰ ਵਿਖੇ ਸੰਗਰੂਰ ਦੇ ਸੀਨੀਅਰ ਸਿਟੀਜਨਜ਼ ਦੀ ਇੱਕ ਭਰਵੀਂ ਬੈਠਕ ਪ੍ਰਿੰਸੀਪਲ ਸ਼ਿਆਮ ਲਾਲ ਸਿੰਗਲਾ ਪ੍ਰਧਾਨ ਅਤੇ ਈਸ਼ਮ ਸਿੰਘ ਬੇਦੀ ਜਨਰਲ ਸਕੱਤਰ ਦੀ ਪ੍ਰਧਾਨਗੀ ਵਿੱਚ ਹੋਈ।ਜਿਸ ਵਿੱਚ ਹਲਕਾ ਸੰਗਰੂਰ ਦੀ ਵਿਧਾਇਕਾ ਬੀਬੀ ਨਰਿੰਦਰ ਕੌਰ ਭਰਾਜ ਦੇ ਕਿਸੇ ਜ਼ਰੂਰੀ ਮੀਟਿੰਗ ਵਿੱਚ ਦਿੱਲੀ ਚਲੇ ਜਾਣ ਕਾਰਨ ਉਨ੍ਹਾਂ ਦੇ ਪਿਤਾ ਗੁਰਨਾਮ ਸਿੰਘ, ਵਾਰਡ ਨੰਬਰ 10 ਦੇ ਜੇਤੂ ਐੱਮ.ਸੀ. ਪਰਦੀਪ ਪੱਪੂ ਪੁਰੀ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਮਨੀ ਅਤੇ ਮੀਡੀਆ ਇੰਚਾਰਜ ਭਲਵਾਨ ਸ਼ਾਮਲ ਹੋਏ। ਪ੍ਰਿੰ. ਸ਼ਿਆਮ ਲਾਲ ਸਿੰਗਲਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਿਟੀ ਪਾਰਕ ਸੰਗਰੂਰ ਦੀ ਦਿੱਖ ਸੰਵਾਰਨ ਲਈ ਇੱਕ ਕਰੋੜ ਪੈਂਤੀ ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਇਸ ਲਈ ਸਿਟੀ ਪਾਰਕ ਵਿੱਚ ਕੰਮ ਤੁਰੰਤ ਸ਼ੁਰੂ ਕਰਨਾ ਚਾਹੀਦਾ ਹੈ। ਇਸ ਪਾਰਕ ਨਾਲ ਆਰੰਭ ਤੋਂ ਜੁੜੇ ਹੋਏ ਸਮਾਜ ਸੇਵਕ ਅਤੇ ਵਾਤਾਵਰਨ ਪ੍ਰੇਮੀ ਗੁਰਪਾਲ ਸਿੰਘ ਗਿੱਲ ਨੇ ਕਿਹਾ ਕਿ ਜਦੋਂ ਇਹ ਪਾਰਕ ਸ਼ਹਿਰ ਵਾਸੀਆਂ ਲਈ ਤਿਆਰ ਕੀਤਾ ਗਿਆ ਸੀ, ਉਦੋਂ ਪਾਰਕ ਦੀ ਸਾਂਭ ਸੰਭਾਲ ਕਰਨ ਲਈ ਸੰਗਰੂਰ ਦੇ ਕੁਝ ਪਤਵੰਤੇ ਸੱਜਣਾਂ ਦੀ ਇੱਕ ਕਮੇਟੀ ਬਣਾਈ ਗਈ ਸੀ, ਜਿਸ ਨੂੰ ਮੁੜ ਤੋਂ ਸੁਰਜੀਤ ਕਰਨ ਦੀ ਬਹੁਤ ਲੋੜ ਹੈ। ਡਾ. ਇਕਬਾਲ ਸਿੰਘ ਸਕਰੌਦੀ ਰਿਟਾਇਰਡ ਪ੍ਰਿੰਸੀਪਲ ਨੇ ਕਿਹਾ ਕਿ ਸਿਟੀ ਪਾਰਕ ਸੰਗਰੂਰ ਨਿਵਾਸੀਆਂ ਲਈ ਸਾਫ਼ ਸੁਥਰੇ ਵਾਤਾਵਰਣ ਵਿੱਚ ਸਾਹ ਲੈਣ ਲਈ ਆਕਸੀਜਨ ਦਾ ਕੰਮ ਕਰ ਰਿਹਾ ਹੈ। ਪਰੰਤੂ ਪਾਰਕ ਵਿੱਚ ਦੌੜਦੇ ਫ਼ਿਰਦੇ ਅਵਾਰਾ ਕੁੱਤੇ, ਸਹੀ ਢੰਗ ਨਾਲ ਸਾਫ਼ ਸਫ਼ਾਈ ਨਾ ਹੋਣ ਕਾਰਨ ਸੱਪ ਸਲੂਟੀ ਅਤੇ ਹੋਰ ਜ਼ਹਿਰੀਲੇ ਜੀਵਾਂ ਦਾ ਡਰ ਹਰ ਵੇਲੇ ਬਣਿਆਂ ਰਹਿੰਦਾ ਹੈ। ਉਨ੍ਹਾਂ ਸਿਟੀ ਪਾਰਕ ਗਰੁੱਪ ਦੇ ਸਿਰਕੱਢ ਮੈਂਬਰ ਹੇਮ ਰਾਜ, ਐੱਫ.ਸੀ.ਆਈ. ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਪਾਰਕ ਦੇ ਬੂਟਿਆਂ ਨੂੰ ਹਰਾ ਭਰਿਆ ਰੱਖਿਆ ਹੈ। ਇਸ ਪਾਰਕ ਵਿੱਚ ਲੋੜੀਂਦੇ ਕੰਮਾਂ ਕਾਰਾਂ ਦੀ ਸ਼ੁਰੂਆਤ ਬਹੁਤ ਜਲਦੀ ਕਰ ਦਿੱਤੀ ਜਾਵੇਗੀ। ਪਾਰਕ ਦੀ ਸਾਫ਼ ਸਫ਼ਾਈ ਦਾ ਕੰਮ, ਫਲੱਡ ਲਾਈਟਾਂ ਲਾਉਣ ਦਾ ਕੰਮ, ਪੀਣ ਵਾਲੇ ਸਾਫ਼ ਸੁਥਰੇ ਪਾਣੀ ਦਾ ਪ੍ਰਬੰਧ, ਚਾਰ ਪੁਲਸ ਮੁਲਾਜ਼ਮਾਂ ਦੀ ਪੱਕੇ ਤੌਰ 'ਤੇ ਡਿਊਟੀ ਲਗਾਉਣ ਦਾ ਕੰਮ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਗੁਰਨਾਮ ਸਿੰਘ ਨੇ ਚਾਰ ਸਾਥੀਆਂ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਗਰੁੱਪ ਦੇ ਸਤਿਕਾਰਯੋਗ ਮੈਂਬਰ ਗੁਰਬਖ਼ਸ਼ ਸਿੰਘ ਗਰੇਵਾਲ, ਜੈ ਸਿੰਘ ਜੱਸੀ, ਦਿਆਲ ਸਿੰਘ ਖੁਰਮੀ, ਮਦਨ ਗੋਪਾਲ ਸਿੰਗਲਾ ਜੀ ਦਾ ਜਨਮ ਦਿਨ ਮਨਾਇਆ ਗਿਆ ਅਤੇ ਸਾਥੀਆਂ ਵੱਲੋਂ ਉਨ੍ਹਾਂ ਨੂੰ ਸ਼ੁੱਭ ਇੱਛਾਵਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਐਡਵੋਕੇਟ ਰਤਨ ਸਿੰਘ ਮਹਿਲ, ਐਡਵੋਕੇਟ ਅਜੈਬ ਸਿੰਘ ਸਰਾਓ, ਲੈਕਚਰਾਰ ਨਿਰਭੈ ਸਿੰਘ ਹਰੀਕਾ, ਪ੍ਰਿੰਸੀਪਲ ਸੁਰਜੀਤ ਸਿੰਘ, ਸੁਰਜੀਤ ਸਿੰਘ ਜੇ.ਈ., ਪ੍ਰਹਿਲਾਦ ਸਿੰਘ, ਮੰਗਤ ਰਾਜ, ਆਸਾ ਸਿੰਘ, ਸੁਰਿੰਦਰ ਸਿੰਘ, ਰਾਕੇਸ਼ ਜੈਨ, ਪ੍ਰਿੰ ਹਰਵਿੰਦਰ ਸਿੰਘ, ਹਰਜੀਤ ਸਿੰਘ ਹਸਨਪੁਰੀ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਈਸ਼ਮ ਸਿੰਘ ਬੇਦੀ ਨੇ ਬਾਖ਼ੂਬੀ ਨਿਭਾਈ।

## ਭਾਸ਼ਾ ਵਿਭਾਗ ਵੱਲੋਂ ਨਵੀਂ ਦਿੱਲੀ ਦੇ ਪੰਜਾਬ ਭਵਨ 'ਚ 20 ਹੋਰ ਦਾਨਸ਼ਵਰਾਂ ਦੀਆਂ ਤਸਵੀਰਾਂ ਸਥਾਪਤ



**ਪਟਿਆਲਾ (ਅਵਤਾਰ ਸਿੰਘ ਜਟਾਣਾ)**-ਭਾਸ਼ਾ ਵਿਭਾਗ ਪੰਜਾਬ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਕੇਵਲ ਸਿਧਾਂਤਕ ਤੌਰ 'ਤੇ ਕਾਰਜ ਨਹੀਂ ਕਰਦਾ, ਸਗੋਂ ਇਸ ਦੀ ਵਿਹਾਰਕਤਾ ਇਸ ਤੋਂ ਵੀ ਕਿਤੇ ਜ਼ਿਆਦਾ ਹੈ।ਇਸ ਲੜੀ ਵਿੱਚ ਭਾਸ਼ਾ ਵਿਭਾਗ ਪੰਜਾਬ ਪੰਜਾਬੋਂ ਬਾਹਰ ਵੀ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਪ੍ਰਸਾਰਨ ਲਈ ਕਾਰਜ ਕਰ ਰਿਹਾ ਹੈ।ਬੀਤੇ ਕੱਲ੍ਹ ਨਵੀਂ ਦਿੱਲੀ ਦੇ ਪੰਜਾਬ ਭਵਨ ਵਿਖੇ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਦੇ ਪ੍ਰਬੁੱਧ ਲੇਖਕਾਂ ਦੀਆਂ ਤਸਵੀਰਾਂ ਲਗਾਈਆਂ ਗਈਆਂ, ਜਿਨ੍ਹਾਂ ਨਾਲ ਪੰਜਾਬੀ ਲੇਖਕਾਂ ਦੀ ਵਿਰਾਸਤ ਨੂੰ ਪੰਜਾਬੋਂ ਬਾਹਰ ਵਿਸਥਾਰਿਆ ਜਾਵੇਗਾ।ਇਸ ਮੌਕੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ੍ਰ. ਜਸਵੰਤ ਸਿੰਘ ਜ਼ਫ਼ਰ ਨੇ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਭਵਨ ਦਾ ਪੰਜਾਬੀ ਦੇ ਵੱਡੇ ਲੇਖਕਾਂ ਦੀਆਂ ਤਸਵੀਰਾਂ ਦੇ ਸ਼ਿੰਗਾਰ ਨਾਲ ਸਾਡਾ ਸਿਰ ਹੀ ਉੱਚਾ ਨਹੀਂ ਹੋਵੇਗਾ, ਸਗੋਂ ਪੰਜਾਬੀ ਦੀ ਸੀਮਾ ਵੀ ਵਧੇਗੀ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੀਆਂ ਹੋਰ ਤਸਵੀਰਾਂ ਪੰਜਾਬ ਭਵਨ ਵਿੱਚ ਲਗਾਈਆਂ ਜਾਣਗੀਆਂ।ਬੀਤੇ ਕੱਲ੍ਹ ਜਿਨ੍ਹਾਂ ਨਾਮਵਰ ਲੇਖਕਾਂ ਦੀਆਂ ਤਸਵੀਰਾਂ ਲਗਾਈਆਂ, ਉਨ੍ਹਾਂ ਵਿੱਚ ਪ੍ਰੋ. ਪੂਰਨ ਸਿੰਘ, ਨੰਦ ਲਾਲ ਨੂਰਪੁਰੀ, ਸੰਤ ਰਾਮ ਉਦਾਸੀ, ਬਲਵੰਤ ਗਾਰਗੀ, ਗੁਰਮੁਖ ਸਿੰਘ ਮੁਸਾਫ਼ਿਰ, ਸਹਾਦਤ ਹਸਨ ਮੰਟੋ, ਨੌਰਾ ਰਿਚਰਡਜ਼, ਗੁਰਬਖਸ਼ ਸਿੰਘ ਪ੍ਰੀਤਲੜੀ, ਬਾਬੂ ਰਜਬ ਅਲੀ, ਭਾਈ ਕਾਨ੍ਹ ਸਿੰਘ ਨਾਭਾ, ਦਵਿੰਦਰ ਸਤਿਆਰਥੀ, ਧਨੀ ਰਾਮ ਚਾਤ੍ਰਿਕ, ਡਾ. ਜਗਤਾਰ, ਗਿਆਨੀ ਹੀਰਾ ਸਿੰਘ ਦਰਦ, ਗੁਰਦਿਆਲ ਸਿੰਘ, ਗੁਰਸ਼ਰਨ ਸਿੰਘ, ਪੰਡਿਤ ਸ਼ਰਧਾ ਰਾਮ ਫਿਲੌਰੀ ਸ਼ਾਮਲ ਸਨ।ਇਸ ਮੌਕੇ ਉਨ੍ਹਾਂ ਪੰਜਾਬ ਭਵਨ ਦੀ ਡਿਪਟੀ ਰੈਜ਼ੀਡੈਂਟ ਕਮਿਸ਼ਨਰ ਸ੍ਰੀਮਤੀ ਆਸਿਤਾ ਸ਼ਰਮਾ ਨਾਲ ਵਾਅਦਾ ਕੀਤਾ ਕਿ ਸਾਲ ਦੇ ਅਖੀਰ ਤੱਕ 100 ਪੰਜਾਬੀ ਦਾਨਿਸ਼ਵਰਾਂ ਦੀਆਂ ਤਸਵੀਰਾਂ ਲਗਾਉਣ ਦਾ ਟੀਚਾ ਪੂਰਾ ਕਰ ਲਿਆ ਜਾਵੇ।ਇਸ ਮੌਕੇ ਆਲੋਕ ਚਾਵਲਾ ਸਹਾਇਕ ਡਾਇਰੈਕਟਰ ਭਾਸ਼ਾ ਵਿਭਾਗ, ਡਾ. ਅਜੀਤਪਾਲ ਸਿੰਘ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਗਾ, ਭੁਪਿੰਦਰਪਾਲ ਸਿੰਘ ਸੁਪਰਡੈਂਟ, ਡਾ. ਸੰਤੋਖ ਸਿੰਘ ਸੁੱਖੀ ਖੋਜ ਅਫ਼ਸਰ ਹਾਜ਼ਰ ਸਨ।

## ਵੱਡੇ ਘੱਲੂਘਾਰੇ ਦੇ ਮਹਾਨ ਸ਼ਹੀਦਾਂ ਦੀ ਯਾਦ 'ਚ ਕਬੱਡੀ ਕੱਪ 12 ਨੂੰ

**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**
1762 ਈਸਵੀ ਦੇ ਵੱਡੇ ਘੱਲੂਘਾਰੇ ਸਮੇਂ ਸ਼ਹਾਦਤ ਦਾ ਜਾਮ ਪੀ ਗਏ 35000 ਮਹਾਨ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਤ ਤੀਸਰਾ ਕਬੱਡੀ ਕੱਪ 12 ਫਰਵਰੀ ਨੂੰ ਸਮੂਹ ਐਨ ਆਰ ਆਈਜ਼, ਗ੍ਰਾਮ ਪੰਚਾਇਤ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਪਿੰਡ ਕੁਤਬਾ (ਬਰਨਾਲਾ) ਦੇ ਖੇਡ ਗਰਾਊਂਡ ਵਿੱਚ ਜੋਸ਼ ਖਰੋਸ਼ ਨਾਲ ਕਰਾਇਆ ਜਾ ਰਿਹਾ ਹੈ।ਸਰਪੰਚ ਪ੍ਰਦੀਪ ਸਿੰਘ ਰਾਏ, ਮਾ. ਹਰਮਨਜੀਤ ਸਿੰਘ ਰਾਏ ਅਨੁਸਾਰ ਇਸ ਮੌਕੇ ਕਬੱਡੀ 62 ਕਿਲੋ ਤੇ ਕਬੱਡੀ ਓਪਨ ਦੇ ਗਹਿਗੱਚ ਮੁਕਾਬਲੇ ਹੋਣਗੇ। ਪ੍ਰਬੰਧਕਾਂ ਵੱਲੋਂ ਕਬੱਡੀ ਓਪਨ ਦੀ ਜੇਤੂ ਟੀਮ ਨੂੰ ਇੱਕ ਲੱਖ ਰੁਪਏ ਦਾ ਇਨਾਮ ਤੇ ਦੂਜੇ ਨੰਬਰ ਤੇ ਰਹੀ ਟੀਮ ਨੂੰ 75000 ਰੁਪਏ ਦੇ ਕੇ ਸਨਮਾਨਤ ਕੀਤਾ ਜਾਵੇਗਾ।ਕਬੱਡੀ 62 ਕਿੱਲੋ ਦੀ ਜੇਤੂ ਟੀਮ ਨੂੰ 9100, ਦੂਜੇ ਸਥਾਨ ਲਈ 7100 ਰੁਪਏ ਨਕਦ ਇਨਾਮ ਦਿੱਤੇ ਜਾਣਗੇ।ਪ੍ਰਬੰਧਕਾਂ ਵੱਲੋਂ ਬੈਸਟ ਜਾਫੀ ਤੇ ਬੈਸਟ ਰੇਡਰ ਨੂੰ ਮੋਟਰਸਾਈਕਲ ਭੇਟ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ।

# ਗਲੋਬਲ ਡਿਸਕਵਰੀ ਸਕੂਲ ਦੇ ਵਿਦਿਆਰਥੀਆਂ ਨੂੰ ਭਾਵੁਕ ਵਿਦਾਈ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਨੇ ਸਕੂਲ ਦੇ ਵਿਹੜੇ ਵਿੱਚ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾਗਿਆ।ਪਾਰਟੀ ਦੀ ਅਗਵਾਈ ਸਕੂਲ ਦੇ ਚੇਅਰਮੈਨ ਇੰਜਨੀਅਰ ਸ੍ਰੀ ਕਮਲੇਸ਼ ਸਰਾਫ਼, ਵਾਇਸ ਚੇਅਰਮੈਨ ਸ੍ਰੀ ਅਮਿਤ ਸਰਾਫ਼, ਬੋਰਡ ਮੈਂਬਰ ਸ੍ਰੀਮਤੀ ਚੰਦਨ ਸਰਾਫ਼, ਸ੍ਰੀਮਤੀ ਬਿੰਦੀਆ ਸਰਾਫ਼, ਪ੍ਰਿੰਸੀਪਲ ਸ੍ਰੀਮਤੀ ਅੰਜੂ ਨਾਗਪਾਲ, ਵਾਈਸ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ, ਐਡਮਿਨ ਮਿਸ ਨੰਦਿਨੀ ਗਰਗ ਨੇ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ 11ਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਖੂਬਸੂਰਤ ਡਾਂਸ ਪੇਸ਼ ਕਰਕੇ ਕੀਤੀ ਗਈ।12ਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਗੀਤ ਪੇਸ਼ ਕੀਤੇ ਗਏ।ਵਿਦਿਆਰਥੀਆਂ ਨੇ ਸਕੂਲ ਵਿੱਚ ਬਿਤਾਏ ਸੁਨਹਿਰੀ ਪਲਾਂ ਨੂੰ ਯਾਦ ਕਰਦਿਆਂ ਸਭ ਨੂੰ ਭਾਵੁਕ ਕਰ ਦਿੱਤਾ।ਜੂਨੀਅਰ ਵਿਦਿਆਰਥੀਆਂ ਨੇ ਸੀਨੀਅਰ ਵਿਦਿਆਰਥੀਆਂ ਨੂੰ ਬਹੁਤ ਹੀ ਆਕਰਸ਼ਕ ਖਿਤਾਬ ਦੇ ਕੇ ਪਾਰਟੀ ਨੂੰ ਯਾਦਗਾਰੀ ਬਣਾ ਦਿੱਤਾ।ਵਿਦਾਇਗੀ ਪਾਰਟੀ ਦੌਰਾਨ ਮਨੋਰੰਜਨ ਲਈ ਬੱਚਿਆਂ ਵੱਲੋਂ ਭਾਸ਼ਣ ਤੇ ਡਾਂਸ ਵੀ ਪੇਸ਼ ਕੀਤਾ ਗਿਆ।ਬੱਚਿਆਂ ਨੇ ਵੀ ਟਿੱਪਣੀਆਂ ਦੇ ਕੇ ਆਪਣੇ ਅਧਿਆਪਕਾਂ ਪ੍ਰਤੀ ਆਪਣੇ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।12ਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਵੱਲੋਂ ਆਪਣੀ ਜਾਣ-ਪਛਾਣ ਕਰਾ ਕੇ ਰੈਂਪ ਵਾਕ ਕੀਤੀ ਗਈ, ਜਿਸ ਵਿੱਚ ਮਿਸਟਰ ਡਿਸਕਵਰੀਅਨ ਸਾਇਮਨਦੀਪ ਸਿੰਘ ਤੇ ਮਿਸ ਡਿਸਕਵਰੀਅਨ ਗੀਤਿਕਾ ਸ਼ਰਮਾ ਚੁਣੇ ਗਏ।ਸਕੂਲ ਦੇ ਚੇਅਰਮੈਨ ਇੰਜਨੀਅਰ ਸ੍ਰੀ ਕਮਲੇਸ਼ ਸਰਾਫ਼ ਤੇ ਵਾਈਸ-ਚੇਅਰਮੈਨ ਸ੍ਰੀ ਅਮਿਤ ਸਰਾਫ ਨੇ ਬੱਚਿਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਵਧਾਈ ਦਿੱਤੀ ਤੇ ਸਫਲਤਾ ਪ੍ਰਾਪਤ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਅੰਜੂ ਨਾਗਪਾਲ ਨੇ ਬੱਚਿਆਂ ਨੂੰ ਜੀਵਨ ਵਿੱਚ ਆਉਣ ਵਾਲੀਆਂ ਤਕਨੀਕੀ ਤਬਦੀਲੀਆਂ, ਚੁਣੌਤੀਆਂ ਤੇ ਮੁਸ਼ਕਲਾਂ ਤੋਂ ਜਾਣੂ ਕਰਾਇਆ ਅਤੇ ਬੱਚਿਆਂ ਨੂੰ ਉਨ੍ਹਾਂ ਦਾ ਸਾਹਮਣਾ ਕਰਨ ਲਈ ਆਪਣਾ ਨਜ਼ਰੀਆ ਬਦਲਣ ਅਤੇ ਅੱਗੇ ਵਧਣ ਦੀ ਸਿੱਖਿਆ ਦਿੱਤੀ।ਵਾਈਸ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਨੇ ਬੱਚਿਆਂ ਨੂੰ ਵਿਦਾਇਗੀ ਪਾਰਟੀ ਦੀ ਵਧਾਈ ਦਿੱਤੀ ਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

## ਬਸੰਤ ਪੰਚਮੀ ਸ਼ਰਧਾ ਭਾਵਨਾ ਨਾਲ ਮਨਾਈ



**ਜਗਰਾਉਂ (ਅਮਿਤ ਖੰਨਾ)**-ਸ਼ਿਵਾਲਿਕ ਮਾਡਲ ਸਕੂਲ ਵਿੱਚ ਬਸੰਤ ਪੰਚਮੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ।ਸ਼ਿਵਾਲਿਕ ਮਾਡਲ ਸਕੂਲ 'ਚ ਬਸੰਤ ਪੰਚਮੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਸੰਗੀਤ ਤੇ ਕਲਾ ਦੀ ਦੇਵੀ ਮਾਂ ਸਰਸਵਤੀ ਦੀ ਪੂਜਾ ਕਰਕੇ ਸਿੱਖਿਆ ਦਾ ਆਸ਼ੀਰਵਾਦ ਮੰਗਿਆ।ਬਾਲਵਾੜੀ ਦੇ ਨੰਨੇ-ਮੁੰਨੇ ਵਿਦਿਆਰਥੀ ਪੀਲੇ ਰੰਗ ਦੀਆਂ ਪੁਸ਼ਾਕਾਂ ਵਿੱਚ ਸਜੇ ਹੋਏ ਦਿਖਾਈ ਦਿੱਤੇ।ਵਿਦਿਆਰਥੀ ਘਰ ਤੋਂ ਹੀ ਪੀਲੇ ਰੰਗ ਦੇ ਪਕਵਾਨ ਲੈ ਕੇ ਆਏ ਸਨ।ਵਿਦਿਆਰਥੀ ਪੂਜਾ ਅਰਚਨਾ ਕਰਦੇ ਹੋਏ ਬਹੁਤ ਹੀ ਖ਼ੁਸ਼ ਦਿਖਾਈ ਦੇ ਰਹੇ ਸਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਨੀਲਮ ਸ਼ਰਮਾ ਨੇ ਬਸੰਤ ਪੰਚਮੀ ਦੀ ਵਧਾਈ ਦਿੰਦੇ ਹੋਏ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਬੱਜਟ 'ਚ ਸਿੱਖਿਆ ਲਈ ਰੱਖੀ ਰਾਸ਼ੀ ਸਿੱਖਿਆ ਕਮਿਸ਼ਨਾਂ ਦੀਆਂ ਸਿਫ਼ਾਰਸ਼ਾਂ ਦੇ ਨੇੜੇ-ਤੇੜੇ ਵੀ ਨਹੀਂ : ਡੀ ਟੀ ਐੱਫ

**ਮਾਨਸਾ (ਆਤਮਾ ਸਿੰਘ ਪਮਾਰ)**
ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦੁਆਰਾ ਪੇਸ਼ ਬੱਜਟ ਵਿੱਚ ਸਿੱਖਿਆ ਲਈ ਰੱਖਿਆ ਗਿਆ ਬੱਜਟ ਸਿੱਖਿਆ ਕਮਿਸ਼ਨਾਂ ਦੀਆਂ ਸਿਫ਼ਾਰਸ਼ਾਂ ਦੇ ਨੇੜੇ-ਤੇੜੇ ਵੀ ਨਹੀਂ।ਵੱਖ-ਵੱਖ ਸਿੱਖਿਆ ਕਮਿਸ਼ਨਾਂ ਦੁਆਰਾ ਬੱਜਟ ਵਿੱਚ ਸਿੱਖਿਆ ਲਈ ਕੁੱਲ ਘਰੇਲੂ ਉਤਪਾਦਨ ਦੇ 6 ਪ੍ਰਤੀਸ਼ਤ ਰਾਸ਼ੀ ਸਿੱਖਿਆ ਲਈ ਰੱਖਣ ਦੀਆਂ ਸਿਫ਼ਾਰਸ਼ਾਂ ਕੀਤੀਆਂ ਗਈਆਂ ਹਨ, ਪ੍ਰੰਤੂ ਇਸ ਬੱਜਟ ਵਿੱਚ ਕੁੱਲ 1.28 ਲੱਖ ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਹੈ, ਜੋ ਬੱਜਟ ਦੇ ਕੁੱਲ ਖਰਚੇ ( 50.65 ਲੱਖ ਕਰੋੜ ) ਦੀ ਰਾਸ਼ੀ ਦਾ ਵੀ ਸਿਰਫ਼ 2.5 ਪ੍ਰਤੀਸ਼ਤ ਹੀ ਬਣਦਾ ਹੈ, ਜੋ ਕੁੱਲ ਘਰੇਲੂ ਉਤਪਾਦਨ ਦਾ ਪੂਰਾ ਇੱਕ ਪ੍ਰਤੀਸ਼ਤ ਵੀ ਨਹੀਂ ਬਣਦਾ।ਇਸ ਤੋਂ ਪਤਾ ਲੱਗਦਾ ਹੈ ਕਿ ਕੇਂਦਰ ਸਰਕਾਰ ਸਿੱਖਿਆ ਪ੍ਰਤੀ ਕਿੰਨੀ ਕੁ ਸੁਹਿਰਦ ਹੈ।ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਬਲਬੀਰ ਲੌਂਗੋਵਾਲ ਦੀ ਅਗਵਾਈ ਵਿੱਚ ਡੀ.ਟੀ.ਐਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਕਿਹਾ ਕਿ ਸਰਮਾਏਦਾਰੀ ਢਾਂਚੇ ਦੀਆਂ ਚਾਕਰ ਸਰਕਾਰਾਂ ਕਦੇ ਵੀ ਨਹੀਂ ਚਾਹੁੰਦੀਆਂ ਕਿ ਦੇਸ਼ ਦੀ ਜਨਤਾ ਸਹੀ ਅਰਥਾਂ ਵਿੱਚ ਸਿੱਖਿਅਤ ਹੋਵੇ ਤੇ ਜਾਗਰੂਕ ਹੋ ਕੇ ਆਪਣੇ ਹੱਕ ਮੰਗਣ ਦੇ ਕਾਬਲ ਬਣੇ।ਆਗੂਆਂ ਨੇ ਕਿਹਾ ਕਿ ਸਰਕਾਰਾਂ ਦੇਸ਼ ਦੇ ਨੌਜਵਾਨਾਂ ਨੂੰ ਸਿੱਖਿਅਤ ਕਰਨ ਦੀ ਬਜਾਏ ਥੋੜ੍ਹਾ ਬਹੁਤ ਅੱਖਰ ਗਿਆਨ ਤੇ ਸਕਿੱਲ ਡਿਵੈਲਪਮੈਂਟ ਦੇ ਨਾਂਅ 'ਤੇ ਕੰਮ ਚਲਾਊ ਕਿੱਤਾਮੁਖੀ ਗਿਆਨ ਦੇਣਾ ਚਾਹੁੰਦੀਆਂ ਹਨ ਤਾਂ ਜੁ ਉਹ ਇਸ ਸਰਮਾਏਦਾਰਾ ਢਾਂਚੇ ਦੇ ਨੌਕਰ ਮਾਤਰ ਬਣਨ ਦੇ ਯੋਗ ਹੀ ਹੋ ਸਕਣ।ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਭਾਜਪਾ ਸਰਕਾਰ ਚਿੱਟੇ ਦਿਨ ਅਜਿਹੀਆਂ ਨੀਤੀਆਂ ਲਾਗੂ ਕਰਨ ਲੱਗੀ ਹੋਈ ਹੈ, ਜਿਸਦੇ ਤਹਿਤ ਹੀ ਇਸ ਨੇ ਕੌਮੀ ਸਿੱਖਿਆ ਨੀਤੀ 2020 ਗ਼ੈਰ ਸੰਵਿਧਾਨਕ ਢੰਗ ਨਾਲ ਸੰਸਦ ਵਿੱਚ ਪਾਸ ਕਰਕੇ ਪੂਰੇ ਦੇਸ਼ ਵਿੱਚ ਲਾਗੂ ਕਰਨ ਲਈ ਪੂਰਾ ਜ਼ੋਰ ਤਾਣ ਲਾ ਰੱਖਿਆ ਹੈ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜ੍ਹਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਕਿਹਾ ਕਿ ਇਸ ਨੀਤੀ ਨਾਲ ਇਹ ਸਰਕਾਰ ਸਿੱਖਿਆ ਦਾ ਕੇਂਦਰੀਕਰਨ ਕਰਨਾ ਚਾਹੁੰਦੀ ਹੈ, ਜਦਕਿ ਅਸਲ ਵਿੱਚ ਸਿੱਖਿਆ ਸਮਵਰਤੀ ਸੂਚੀ ਦਾ ਹਿੱਸਾ ਹੈ ਤੇ ਸਿੱਖਿਆ ਨੀਤੀ ਕਿਸੇ ਸੂਬੇ ਦੇ ਸੱਭਿਆਚਾਰ ਅਨੁਸਾਰ ਉੱਥੋਂ ਦੀ ਸੂਬਾ ਸਰਕਾਰ ਦੁਆਰਾ ਬਣਾਈ ਜਾਣੀ ਚਾਹੀਦੀ ਹੈ।ਆਗੂਆਂ ਨੇ ਕਿਹਾ ਕਿ ਇਸੇ ਨੀਤੀ ਤਹਿਤ ਕੇਂਦਰ ਸਰਕਾਰ ਪੀ.ਐੱਮ. ਸ਼੍ਰੀ ਸਕੂਲ ਸਕੀਮ ਚਲਾ ਕੇ ਸੂਬਿਆਂ ਦੇ ਅਧਿਕਾਰਾਂ ਵਿੱਚ ਘੁੱਸ ਦੇ ਕੇ ਹੌਲੀ-ਹੌਲੀ ਸਿੱਖਿਆ ਖੇਤਰ ਨੂੰ ਪੂਰੀ ਤਰ੍ਹਾਂ ਆਪਣੇ ਹੱਥ ਵਿੱਚ ਲੈਣਾ ਚਾਹੁੰਦੀ ਹੈ ਤਾਂ ਜੁ ਉਹ ਆਪਣੇ ਨਿੱਜੀਕਰਨ, ਕੇਂਦਰੀਕਰਨ, ਭਗਵਾਂਕਰਨ ਆਦਿ ਦੇ ਏਜੰਡੇ ਨੂੰ ਪੂਰੇ ਦੇਸ਼ ਵਿੱਚ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰ ਸਕੇ।ਆਗੂਆਂ ਨੇ ਦੇਸ਼ ਦੇ ਅਧਿਆਪਕਾਂ, ਵਿਦਿਆਰਥੀਆਂ ਤੇ ਸਿੱਖਿਆ ਹਿਤੈਸ਼ੀਆਂ ਨੂੰ ਅਪੀਲ ਕੀਤੀ ਕਿ ਉਹ ਕੇਂਦਰ ਸਰਕਾਰ ਦੀਆਂ ਇਹਨਾਂ ਚਾਲਾਂ ਤੋਂ ਸੁਚੇਤ ਹੋਣ ਅਤੇ ਜਨਤਕ ਸਿੱਖਿਆ ਨੂੰ ਬਚਾਉਣ ਲਈ ਡਟਣ।

# ਮੁੱਖ ਮੰਤਰੀ ਆਤਿਸ਼ੀ ਨੂੰ ਹਰਾ ਕੇ ਅਲਕਾ ਲਾਂਬਾ ਰਚੇਗੀ ਇਤਿਹਾਸ : ਰੰਧਾਵਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਦਿੱਲੀ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ ਤੇ ਆਲ ਇੰਡੀਆ ਮਹਿਲਾ ਕਾਂਗਰਸ ਦੀ ਪ੍ਰਧਾਨ ਅਲਕਾ ਲਾਂਬਾ ਦਿੱਲੀ ਦੀ ਮੁੱਖ ਮੰਤਰੀ ਆਤਿਸ਼ੀ ਨੂੰ ਹਰਾ ਕੇ ਇੱਕ ਨਵਾਂ ਇਤਿਹਾਸ ਰਚੇਗੀ।ਇਹ ਸ਼ਬਦ ਪੰਜਾਬ ਮਹਿਲਾ ਕਾਂਗਰਸ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਇੱਕ ਲਿਖਤੀ ਬਿਆਨ ਰਾਹੀਂ ਪ੍ਰੈਸ ਕੋਲ ਪ੍ਰਗਟ ਕੀਤੇ।

ਗੁਰਸ਼ਰਨ ਰੰਧਾਵਾ ਨੇ ਕਿਹਾ ਕਿ ਪੰਜਾਬ ਮਹਿਲਾ ਕਾਂਗਰਸ ਪਿਛਲੇ 25 ਦਿਨਾਂ ਤੋਂ ਦਿੱਲੀ ਵਿੱਚ ਅਲਕਾ ਲਾਂਬਾ ਦੀ ਚੋਣ ਕਮਾਨ ਸੰਭਾਲੀ ਬੈਠੀ ਹੈ ਅਤੇ ਗਲੀ ਗਲੀ ਵਿੱਚ ਹਰ ਛੋਟੇ ਵੱਡੇ ਆਗੂ ਤੱਕ ਪਹੁੰਚ ਕਰਕੇ ਅਲਕਾ ਲਾਂਬਾ ਦੀ ਨਿਡਰ ਤੇ ਬੇਦਾਗ ਕਾਰਗੁਜ਼ਾਰੀ ਬਾਰੇ ਚਾਨਣਾ ਪਾ ਰਹੀ ਹੈ। ਬੀਬੀ ਰੰਧਾਵਾ ਨੇ ਕਿਹਾ ਕਿ ਅਲਕਾ ਲਾਂਬਾ ਉਹ ਸ਼ਖ਼ਸ਼ੀਅਤ ਹੈ, ਜਿਸ ਨੇ ਵਿਧਾਇਕਾ ਹੁੰਦਿਆਂ ਦਿੱਲੀ ਦੇ ਮੁੱਖ ਮੰਤਰੀ ਕੇਜਰੀਵਾਲ ਵੱਲੋਂ ਬਣਾਈ ਗਈ ਸ਼ਰਾਬ ਨੀਤੀ 'ਤੇ ਅਸੰਤੁਸ਼ਟੀ ਪ੍ਰਗਟ ਕਰਦਿਆਂ ਆਪਣੀ ਵਿਧਾਇਕ ਦੀ ਪੋਸਟ ਤੱਕ ਗਵਾ ਲਈ ਸੀ।ਉਨ੍ਹਾਂ ਦਿੱਲੀ ਦੇ ਲੋਕਾਂ ਤੇ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਵੱਡੀ ਕੁਰਬਾਨੀ ਦਿੱਤੀ ਸੀ, ਉਹ ਬਿਲਕੁਲ ਡਰੇ ਨਹੀਂ, ਝੁਕੇ ਨਹੀਂ।ਉਨ੍ਹਾਂ ਕਿਹਾ ਕਿ ਇਹੀ ਸ਼ਰਾਬ ਨੀਤੀ ਅੱਗੇ ਜਾ ਕੇ ਕੇਜਰੀਵਾਲ ਨੂੰ ਜੇਲ ਦੀਆਂ ਸਲਾਖਾਂ ਪਿੱਛੇ ਧੱਕਣ ਲਈ ਸਹਾਈ ਸਿੱਧ ਹੋਈ ਸੀ।ਬੀਬੀ ਰੰਧਾਵਾ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਸ਼ੀਲਾ ਦੀਕਸ਼ਿਤ ਜੀ ਨੇ ਦਿੱਲੀ ਦੀਆਂ ਸੜਕਾਂ ਅਤੇ ਗਲੀ ਮੁਹੱਲਿਆਂ ਦਾ ਨਕਸ਼ਾ ਬਦਲਣ ਲਈ ਜੀ ਜਾਨ ਨਾਲ ਕੰਮ ਕੀਤਾ ਅਤੇ ਮਨਮੋਹਨ ਸਿੰਘ ਜੀ ਨੇ ਦਿੱਲੀ ਨੂੰ ਅਰਬਾਂ-ਖਰਬਾਂ ਦੇ ਫੰਡ ਦਿੱਤੇ, ਜਿਸ ਦੀ ਬਦੌਲਤ ਦਿੱਲੀ ਦਾ ਬੇਅਥਾਹ ਵਿਕਾਸ ਹੋਇਆ।ਅੱਜ ਦਿੱਲੀ ਦੇ ਲੋਕ ਕਾਂਗਰਸ ਵੱਲੋਂ ਕਰਾਏ ਗਏ ਵਿਕਾਸ ਨੂੰ ਯਾਦ ਕਰਦਿਆਂ ਕਾਂਗਰਸ ਪਾਰਟੀ ਨੂੰ ਸੱਤਾ ਵਿੱਚ ਲਿਆਉਣਾ ਚਾਹੁੰਦੇ ਹਨ, ਪਰ ਕਿਤੇ ਨਾ ਕਿਤੇ ਭਾਜਪਾ ਵੱਲੋਂ ਮਸ਼ੀਨਾਂ ਵਿੱਚ ਕੀਤੀ ਜਾਂਦੀ ਘਪਲੇਬਾਜ਼ੀ ਤੇ ਖਰੀਦੋ ਫਰੋਖਤ ਦੇ ਡਰੋਂ ਆਮ ਲੋਕ ਕਾਂਗਰਸ ਦੇ ਹੱਕ ਵਿੱਚ ਖੁੱਲ ਕੇ ਬੋਲਣ ਤੋਂ ਡਰ ਰਹੇ ਹਨ, ਪਰ ਲੋਕਾਂ ਦੀ ਇਹੀ ਚੁੱਪ ਵੋਟਾਂ ਵਾਲੇ ਦਿਨ ਭਾਜਪਾ ਤੇ ਆਪ ਸਰਕਾਰਾਂ ਖਿਲਾਫ ਗੁੱਸਾ ਬਣ ਕੇ ਕਾਂਗਰਸ ਦੇ ਪੱਖ ਵਿੱਚ ਭੁਗਤੇਗੀ।

ਸ਼ੀਲਾ ਦੀਕਸ਼ਿਤ ਵੱਲੋਂ ਕੀਤੇ ਕੰਮਾਂ ਨੂੰ ਯਾਦ ਕਰਨ ਲੱਗੀ ਦਿੱਲੀ



## ਮੁਫ਼ਤ ਮੈਡੀਕਲ ਚੈੱਕਅੱਪ ਕੈਂਪ 16 ਨੂੰ

**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**-ਗਲੋਬਲ ਹਾਰਟ ਐਂਡ ਸੁਪਰ ਸਪੈਸ਼ਲਿਟੀ ਹਸਪਤਾਲ ਲੁਧਿਆਣਾ ਵੱਲੋਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ, ਬਲਾਕ ਮਹਿਲ ਕਲਾਂ ਦੇ ਸਹਿਯੋਗ ਨਾਲ ਮੁਫ਼ਤ ਮੈਡੀਕਲ ਚੈੱਕਅਪ ਕੈਂਪ 16 ਫਰਵਰੀ ਨੂੰ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਿਸ਼ਾਹੀ ਵਿਖੇ ਸਵੇਰੇ 10 ਤੋਂ 2 ਵਜੇ ਤੱਕ ਲਾਇਆ ਜਾ ਰਿਹਾ ਹੈ।ਪ੍ਰਬੰਧਕ ਸੀਨੀਅਰ ਮੈਨੇਜਰ ਮਨਜੀਤ ਸਿੰਘ ਭਮਰਾ, ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਡਾ: ਅਮਰਜੀਤ ਸਿੰਘ ਕਾਲਸਾਂ, ਡਾ. ਦਲਬਾਰ ਸਿੰਘ ਮਹਿਲ ਕਲਾਂ, ਡਾ. ਨਿਰਭੈ ਸਿੰਘ ਨਿਹਾਲੂਵਾਲ ਅਨੁਸਾਰ ਇਸ ਮੌਕੇ ਮਾਹਿਰ ਡਾਕਟਰਾਂ ਦੀ ਟੀਮ ਵਲੋਂ ਦਿਲ ਦੇ ਰੋਗਾਂ ਦੀ ਜਾਂਚ, ਗੁਰਦੇ ਦੀ ਜਾਂਚ, ਹੱਡੀਆਂ ਦੀ ਜਾਂਚ, ਆਮ ਬਿਮਾਰੀਆਂ ਦੀ ਜਾਂਚ, ਈ ਸੀ ਜੀ, ਸ਼ੂਗਰ ਟੈਸਟ ਮੁਫ਼ਤ ਕੀਤੇ ਜਾਣ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ।

# ਕ੍ਰਾਂਤੀਕਾਰੀ ਜਥੇਬੰਦੀਆਂ ਦੀ ਨੇਚਰ ਪਾਰਕ ਵਿਖੇ ਹੋਈ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਤੇਜ ਸਿੰਘ ਨਾਹਲ ਖੋਟੇ ਨੇ ਸੂਬਾ ਕਮੇਟੀ ਮੈਂਬਰ ਲਖਵੀਰ ਸਿੰਘ ਲੱਖਾ ਤੇ ਸਰਵਣ ਸਿੰਘ ਬਰਾੜ ਦੀ ਪ੍ਰਧਾਨਗੀ ਵਿੱਚ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਤੇ ਕ੍ਰਾਂਤੀਕਾਰੀ ਈ-ਰਿਕਸ਼ਾ ਯੂਨੀਅਨ ਦੀ ਸਾਂਝੀ ਮੀਟਿੰਗ ਨੇਚਰ ਪਾਰਕ ਮੋਗਾ ਵਿਖੇ ਕੀਤੀ ਗਈ।ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜੀਰਾ ਅਤੇ ਲੋਕ ਸੰਗਰਾਮ ਮੋਰਚਾ ਦੇ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਵੀ ਵਿਸ਼ੇਸ਼ ਤੌਰ 'ਤੇ ਪੁੱਜੇ।ਬਲਦੇਵ ਸਿੰਘ ਜੀਰਾ ਨੇ ਜਾਣਕਾਰੀ ਦਿੱਤੀ ਕਿ 5 ਜਨਵਰੀ 2022 ਨੂੰ ਮੋਦੀ ਫ਼ਿਰੋਜ਼ਪੁਰ ਵਿਖੇ ਆ ਰਹੇ ਸਨ।ਬਠਿੰਡੇ ਤੋਂ ਉਨਾਂ ਨੇ ਹੈਲੀਕਾਪਟਰ ਰਾਹੀਂ ਆਉਣ ਦਾ ਪ੍ਰੋਗਰਾਮ ਕੈਂਸਲ ਕਰਕੇ ਸੜਕ ਰਾਹੀਂ ਚਾਲੇ ਪਾ ਦਿੱਤੇ।ਰਾਹ ਵਿੱਚ ਕਿਸਾਨ ਜਥੇਬੰਦੀਆਂ ਨੂੰ ਪਿਆਰੇਆਣੇ ਵਿਖੇ ਪੁਲਸ ਨੇ ਰੋਕਿਆ ਹੋਇਆ ਸੀ।ਪ੍ਰਧਾਨ ਮੰਤਰੀ ਮੋਦੀ ਡੇਢ ਕਿਲੋਮੀਟਰ ਪਿੱਛੇ ਪਿਆਰੇਆਣੇ ਪੁਲ 'ਤੇ ਆ ਕੇ ਰੁਕ ਗਏ।ਜਦੋਂ ਉਸ ਨੂੰ ਪਤਾ ਲੱਗਾ ਕਿ ਫ਼ਿਰੋਜ਼ਪੁਰ ਜ਼ਿਆਦਾ ਲੋਕ ਨਹੀਂ ਪਹੁੰਚੇ ਤਾਂ ਉਥੋਂ ਉਹਨਾਂ ਨੇ ਵਾਪਸੀ ਕਰ ਲਈ।ਪਹਿਲਾਂ ਇਹ ਪਰਚਾ ਸਿਰਫ ਸੜਕ ਰੋਕਣ ਦੀ ਧਾਰਾ ਲਾ ਕੇ ਹੀ ਦਰਜ ਕੀਤਾ ਸੀ ਅਤੇ ਆਗੂਆਂ ਨੇ ਥਾਣੇ ਵਿੱਚ ਜ਼ਮਾਨਤਾਂ ਕਰਾ ਲਈਆਂ ਸਨ, ਪਰ ਬਾਅਦ ਵਿੱਚ ਕੇਂਦਰ ਸਰਕਾਰ ਦੇ ਦਬਾਅ ਅਧੀਨ ਪੰਜਾਬ ਸਰਕਾਰ ਨੇ ਕੁੱਲਗੜ੍ਹੀ ਥਾਣੇ ਵਿੱਚ ਪੁਲਸ ਪ੍ਰਸ਼ਾਸਨ ਨੇ ਇਰਾਦਾ ਕਤਲ ਦੀ 307 ਧਾਰਾ ਹੋਰ ਜੋੜ ਦਿੱਤੀ ਹੈ, ਜੋ ਨਿੰਦਣਯੋਗ ਹੈ।ਇਸ ਧਾਰਾ ਨੂੰ ਖਾਰਜ ਕਰਾਉਣ ਲਈ 11 ਫਰਵਰੀ ਨੂੰ ਫ਼ਿਰੋਜ਼ਪੁਰ ਜ਼ਿਲ੍ਹਾ ਹੈੱਡਕੁਆਟਰ ਵਿਖੇ ਬਹੁਤ ਵੱਡਾ ਧਰਨਾ ਦਿੱਤਾ ਜਾ ਰਿਹਾ ਹੈ ।ਸਰਵਣ ਸਿੰਘ ਬਰਾੜ ਨੇ ਕਿਹਾ ਕਿ ਸੰਘਰਸ਼ ਕਰਦੇ ਲੋਕਾਂ ਨੂੰ ਦਬਾਉਣ ਲਈ ਅਜਿਹੇ ਝੂਠੇ ਕੇਸ ਪਾਏ ਜਾ ਰਹੇ ਹਨ।ਇਸ ਲਈ ਵੱਡੀ ਲਾਮਬੰਦੀ ਕਰਨ ਦੇ ਲਈ ਹੇਠਾਂ ਮੀਟਿੰਗਾਂ ਕਰਕੇ ਵੱਡੀ ਪੱਧਰ 'ਤੇ ਤਿਆਰੀ ਕੀਤੀ ਜਾਵੇਗੀ ਅਤੇ 11 ਫਰਵਰੀ ਵਾਲੇ ਮੁਜਾਹਰੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਇਆ ਜਾਵੇਗਾ।ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਲਖਵੀਰ ਸਿੰਘ ਲੱਖਾ ਨੇ ਦੱਸਿਆ ਕਿ ਮੀਟਿੰਗ ਵਿੱਚ ਅਲੱਗ-ਅਲੱਗ ਪਿੰਡਾਂ ਦੇ ਵਿੱਚ ਤਿਆਰੀ ਕਰਨ ਅਤੇ ਫੰਡ ਇਕੱਠਾ ਕਰਨ ਦੇ ਲਈ ਡਿਊਟੀਆਂ ਲਾਈਆਂ ਗਈਆਂ।

ਧਰਨੇ ਨੂੰ ਸਫਲ ਕਰਨ ਲਈ ਪੂਰਾ ਜ਼ੋਰ ਲਾਇਆ ਜਾਵੇਗਾ।ਲੋਕ ਸੰਗਰਾਮ ਮੋਰਚਾ ਦੇ ਸੂਬਾ ਪ੍ਰਧਾਨ ਤਾਰਾ ਸਿੰਘ ਮੋਗਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ 11 ਫਰਵਰੀ ਨੂੰ 11 ਵਜੇ ਫ਼ਿਰੋਜ਼ਪੁਰ ਜ਼ਿਲ੍ਹਾ ਹੈੱਡ ਕੁਆਰਟਰ ਅੱਗੇ ਦਿੱਤੇ ਜਾ ਰਹੇ ਧਰਨੇ ਨੂੰ ਸਫ਼ਲ ਕਰੋ ਤਾਂ ਜੁ ਆਗੂਆਂ 'ਤੇ ਪਾਇਆ ਝੂਠਾ ਪਰਚਾ ਰੱਦ ਕਰਾਇਆ ਜਾ ਸਕੇ।

## ਸ਼ੇਰ ਏ ਪੰਜਾਬ ਯੂਨੀਅਨ ਦੀ ਇਕਾਈ ਦਾ ਗਠਨ, ਇਕਬਾਲ ਸਿੰਘ ਬਣੇ ਪ੍ਰਧਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸ਼ੇਰ ਏ ਪੰਜਾਬ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਸਿੰਘ ਦੀ ਅਗਵਾਈ ਹੇਠ ਪਿੰਡ ਰਣਸੀਂਹ ਖੁਰਦ ਵਿਖੇ ਨਵੀਂ ਇਕਾਈ ਦਾ ਗਠਨ ਕੀਤਾ ਗਿਆ, ਜਿਸ ਵਿੱਚ ਸਰਪ੍ਰਸਤ ਬਲਵਿੰਦਰ ਸਿੰਘ ਪੱਪੂ, ਇਕਬਾਲ ਸਿੰਘ ਇਕਾਈ ਪ੍ਰਧਾਨ, ਮੀਤ ਪ੍ਰਧਾਨ ਸੁਖਦੀਪ ਸਿੰਘ, ਸਲਾਹਕਾਰ ਗੁਰਪੀਤ, ਸਹਾਇਕ ਸਕੱਤਰ ਬੇਅੰਤ ਸਿੰਘ, ਪ੍ਰੈਸ ਸਕੱਤਰ ਜਸਵੀਰ ਸਿੰਘ, ਜਨਰਲ ਸਕੱਤਰ ਲਵਪ੍ਰੀਤ ਸਿੰਘ, ਜਨਰਲ ਸਕੱਤਰ ਗੁਰਮੀਤ ਸਿੰਘ, ਮੈਂਬਰ ਬਲਜੀਤ ਸਿੰਘ, ਮੈਂਬਰ ਗੁਰਚਰਨ ਸਿੰਘ, ਭਗਵੰਤ ਸਿੰਘ, ਸਵਰਨ ਸਿੰਘ, ਸੁਖਜੀਵਨ ਸਿੰਘ, ਅਕਾਸ਼ਦੀਪ ਸਿੰਘ, ਹਰਦੀਪ ਸਿੰਘ ਬਿੱਟੂ, ਸੰਦੀਪ ਸਿੰਘ, ਸੁਮਨਪ੍ਰੀਤ ਸਿੰਘ, ਗੁਰਜੰਟ ਸਿੰਘ ਗਰੇਵਾਲ, ਬਲਕਾਰ ਸਿੰਘ, ਨਵਤੇਜ ਨਿੰਮੀ ਜਗਜੀਤ ਜੱਗਾ, ਬਲਦੇਵ ਸਿੰਘ, ਸੁਖਬੀਰ ਸਿੰਘ ਬਾਬਾ, ਲਵਦੀਪ ਸਿੰਘ, ਕੁਲਵਿੰਦਰ ਸਿੰਘ, ਗੁਰਸੇਵਕ ਸਿੰਘ, ਜਸ਼ਨ ਸਿੰਘ, ਜੁਗਿੰਦਰ ਸਿੰਘ, ਗੁਰਜੰਟ ਸਿੰਘ, ਲਖਵਿੰਦਰ ਸਿੰਘ, ਕਮਲਪ੍ਰੀਤ ਸਿੰਘ, ਪਰਗਟ ਸਿੰਘ, ਬਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਚਮਕੌਰ ਸਿੰਘ ਦੇਦੀ, ਬਲਵੀਰ ਸਿੰਘ ਵਿੱਕੀ, ਰਜਿੰਦਰ ਸਿੰਘ ਗੱਗੂ, ਤੇਜਿੰਦਰ ਸਿੰਘ ਰੇਸ਼ਮ ਸਿੰਘ ਸੁਖਦੀਪ ਸਿੰਘ ਸੀਪਾ ਜਸਵੀਰ ਸਿੰਘ ਸੀਰਾ ਬਲਦੇਵ ਸਿੰਘ, ਦੇਵ ਬਲਦੇਵ ਸਿੰਘ ਦੇਬੀ ਬਲਦੇਵ ਸਿੰਘ ਛੋਟਾ ਹਾਥੀ, ਗੁਰਜੀਤ ਸਿੰਘ ਬਿੱਟੂ, ਗੁਰਮੇਲ ਸਿੰਘ ਕਾਲਾ, ਦਰਸ਼ਨ ਸਿੰਘ, ਰਛਪਾਲ ਸਿੰਘ ਮਿੰਟੂ, ਜਗਸੀਰ ਸਿੰਘ, ਅਮਰਿੰਦਰ ਸਿੰਘ ਲਾਡੀ, ਜਸਕੀਰਤ ਸਿੰਘ, ਹਰਪਰੀਤ ਹੈਪੀ, ਵਿਕਰਮਜੀਤ ਜਨਰਲ ਸਕੱਤਰ ਜ਼ਿਲ੍ਹਾ ਮੋਗਾ, ਮੁੱਖ ਬੁਲਾਰਾ ਰੇਸ਼ਮ ਸਿੰਘ ਤੇ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

3-Feb-PAGE-3.qxd 2/2/2025 10:38 PM Page 1



# ਪੰਜਾਬ ਸਰਕਾਰ ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਪੱਖੋਂ ਕਮਜ਼ੋਰ ਵਰਗਾਂ ਦੀ ਭਲਾਈ ਲਈ ਵਚਨਬੱਧ : ਸੇਖਵਾਂ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਵਚਨਬੱਧ ਹੈ।ਇਸ ਦਾ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਲਈ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਰ੍ਹੇ ਦੌਰਾਨ 12.66 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਚੇਅਰਮੈਨ ਸੇਖਵਾਂ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਜ਼ਿਲ੍ਹਾ ਗੁਰਦਾਸਪੁਰ, ਬਰਨਾਲਾ, ਫਰੀਦਕੋਟ, ਫਿਰੋਜ਼ਪੁਰ, ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਹੁਸ਼ਿਆਰਪੁਰ, ਜਲੰਧਰ, ਮਾਨਸਾ, ਪਟਿਆਲਾ, ਰੂਪਨਗਰ, ਐੱਸ. ਏ. ਐੱਸ. ਨਗਰ, ਸੰਗਰੂਰ, ਮਾਲੇਰਕੋਟਲਾ ਅਤੇ ਤਰਨਤਾਰਨ ਦੇ ਸਾਲ 2023-24 ਅਤੇ ਸਾਲ 2024-25 ਦੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ ਲਾਭਪਾਤਰੀਆਂ ਦੀਆਂ ਪੈਂਡਿੰਗ ਦਰਖਾਸਤਾਂ ਜੋ ਕਿ ਸਾਲ 2024-25 ਦੌਰਾਨ ਅਸ਼ੀਰਵਾਦ ਪੋਰਟਲ ਤੇ ਪ੍ਰਾਪਤ ਹੋਈਆਂ ਸਨ, ਦੇ ਲਾਭਪਾਤਰੀਆਂ ਨੂੰ 12.66 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਰਾਸ਼ੀ ਦੇ ਰਿਲੀਜ਼ ਹੋਣ ਨਾਲ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ 2483 ਲਾਭਪਾਤਰੀਆਂ ਨੂੰ ਲਾਭ ਮਿਲੇਗਾ।ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਸ ਰਾਸ਼ੀ ਰਾਹੀਂ ਜ਼ਿਲ੍ਹਾ ਗੁਰਦਾਸਪੁਰ ਦੇ 656, ਬਰਨਾਲਾ ਦੇ 45, ਫਰੀਦਕੋਟ ਦੇ 19, ਫਿਰੋਜ਼ਪੁਰ ਦੇ 198, ਫਤਿਹਗੜ੍ਹ ਸਾਹਿਬ ਦੇ 82, ਫਾਜ਼ਿਲਕਾ ਦੇ 175, ਹੁਸ਼ਿਆਰਪੁਰ ਦੇ 277, ਜਲੰਧਰ ਦੇ 34, ਮਾਨਸਾ ਦੇ 102, ਪਟਿਆਲਾ ਦੇ 144, ਰੂਪਨਗਰ ਦੇ 5 , ਐੱਸ. ਏ. ਐੱਸ. ਨਗਰ 3, ਸੰਗਰੂਰ ਦੇ 38, ਮਲੇਰਕੋਟਲਾ ਦੇ 60 ਅਤੇ ਤਰਨਤਾਰਨ ਦੇ 645 ਲਾਭਪਾਤਰੀਆਂ ਨੂੰ ਲਾਭ ਮਿਲੇਗਾ। ਸ. ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾਂ ਤੋਂ ਸਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ, ਅਜਿਹੇ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ।ਸ. ਸੇਖਵਾਂ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ।ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।



## ਨਿਊ ਅਕਾਲ ਹਸਪਤਾਲ ਬਟਾਲਾ ਵਿਖੇ ਕੈਂਸਰ ਦੀ ਜਾਂਚ ਤੇ ਜਾਗਰੂਕਤਾ ਕੈਂਪ 5 ਨੂੰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਐੱਸਬੀਆਈ ਕਾਰਡ ਤੇ ਵਰਲਡ ਕੈਂਸਰ ਕੇਅਰ ਵੱਲੋਂ ਨਿਊ ਅਕਾਲ ਹਸਪਤਾਲ ਨੇੜੇ ਮਾਡਲ ਟਾਊਨ ਬਟਾਲਾ ਵਿਖੇ ਕੈਂਸਰ ਦੀ ਜਾਂਚ ਤੇ ਜਾਗਰੂਕਤਾ ਕੈਂਪ 5 ਫਰਵਰੀ ਦਿਨ ਬੁੱਧਵਾਰ ਨੂੰ ਲਗਾਇਆ ਜਾ ਰਿਹਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਗੁਰਬਾਜ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਕੈਂਸਰ ਦੀ ਜਾਂਚ ਅਤੇ ਜਾਣਕਾਰੀ ਲਈ ਫਰੀ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਵਿੱਚ ਕੈਂਸਰ ਅਵੇਅਰਨੈੱਸ, ਸ਼ੂਗਰ, ਬੀਪੀ ਚੈੱਕਅੱਪ, ਡਾਕਟਰੀ ਸਲਾਹ, ਔਰਤਾਂ ਦੀ ਛਾਤੀ ਲਈ ਮੈਮੋਗਰਾਫੀ ਟੈਸਟ, ਔਰਤਾਂ ਦੀ ਬੱਚੇਦਾਨੀ ਲਈ ਪੋਪ ਸਮੇਅਰ ਟੈਸਟ, ਬੱਚਿਆਂ ਦੀਆਂ ਗਦੂਦਾਂ ਦੀ ਜਾਂਚ ਲਈ ਪੀਐੱਸਏ ਟੈਸਟ, ਬਲੱਡ ਕੈਂਸਰ ਦੀ ਜਾਂਚ ਲਈ ਟੈਸਟ, ਮੂੰਹ ਅਤੇ ਗਲੇ ਦੀ ਜਾਂਚ, ਹੱਡੀਆਂ ਦੀ ਜਾਂਚ ਲਈ ਟੈਸਟ, ਜਨਰਲ ਦਵਾਈਆਂ ਤੇ ਕੈਂਸਰ ਦੇ ਮਰੀਜ਼ਾਂ ਨੂੰ ਸਹੀ ਸਲਾਹ ਫਰੀ ਦਿੱਤੀ ਜਾਵੇਗੀ।ਕੈਂਪ ਦਾ ਲਾਭ ਲੈਣ ਲਈ ਪੀੜਤ ਰੋਗਾਂ ਨਾਲ ਸਬੰਧਿਤ ਮਰੀਜ਼ 5 ਫਰਵਰੀ ਦਿਨ ਬੁੱਧਵਾਰ ਨੂੰ ਇਸ ਕੈਂਪ ਵਿੱਚ ਪਹੁੰਚ ਕੇ ਆਪਣੀ ਜਾਂਚ ਜ਼ਰੂਰ ਕਰਵਾਉਣ।

## ਦੋ ਨਕਾਬਪੋਸ਼ ਲੁਟੇਰਿਆਂ ਪੈਟਰੋਲ ਪੰਪ ਦੇ ਕਰਿੰਦੇ ਤੋਂ ਹਜ਼ਾਰਾਂ ਦੀ ਨਕਦੀ ਲੁੱਟੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਪੰਜਾਬ ਭਰ ਵਿੱਚ ਲੁੱਟਾਂ-ਖੋਹਾਂ ਅਤੇ ਗੈਂਗਵਰ ਅਤੇ ਕਤਲ ਵਰਗੀਆਂ ਘਟਨਾਵਾਂ ਆਮ ਹੀ ਹੋ ਚੁੱਕੀਆਂ ਹਨ ਅਤੇ ਅਜਿਹੀਆਂ ਘਟਨਾਵਾਂ ਜ਼ਿਲਾ ਗੁਰਦਾਸਪੁਰ ਨਾਲ ਸੰਬੰਧਿਤ ਪੁਲਸ ਜ਼ਿਲਾ ਬਟਾਲਾ ਅਧੀਨ ਵੱਖ-ਵੱਖ ਥਾਣਿਆਂ ਅਧੀਨ ਆਉਂਦੇ ਵੱਖ-ਵੱਖ ਥਾਵਾਂ ਤੇ ਆਮ ਹੀ ਦੇਖੀਆਂ ਜਾ ਰਹੀਆਂ ਹਨ।ਅਜਿਹੀ ਤਾਜ਼ਾ ਘਟਨਾ ਉਸ ਵੇਲੇ ਵਾਪਰੀ ਜਦੋਂ ਦੋ ਨਕਾਬਪੋਸ਼ ਲੁਟੇਰਿਆਂ ਦੇ ਵੱਲੋਂ ਸਥਾਨਕ ਪੁਲਸ ਥਾਣਾ ਘੁਮਾਣ ਅਧੀਨ ਆਉਂਦੇ ਫਰੈਂਡਸ ਫਿਊਲ ਸੈਂਟਰ ਪੈਟਰੋਲ ਪੰਪ ਤੋਂ ਤੇਜ਼ਧਾਰ ਹਥਿਆਰਾਂ ਦੀ ਨੋਕ ਤੇ ਪੈਟਰੋਲ ਪੰਪ ਤੇ ਕੰਮ ਕਰਨ ਵਾਲੇ ਕਰਮਚਾਰੀ ਦੇ ਕੋਲੋਂ ਤੇਲ ਪਾਉਣ ਦੇ ਬਹਾਨੇ ਉਸ ਕੋਲੋਂ 14,400 ਰੁਪਏ ਦੀ ਨਕਦੀ ਖੋਹ ਕੇ ਫਰਾਰ ਹੋ ਗਏ।ਸਾਰੀ ਘਟਨਾ ਪੈਟਰੋਲ ਪੰਪ ਤੇ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ ਹੈ ਜਿਸ ਸਬੰਧੀ ਪੈਟਰੋਲ ਪੰਪ ਦੇ ਮੈਨੇਜਰ ਵੱਲੋਂ ਸਾਰੀ ਘਟਨਾ ਸਬੰਧੀ ਸਥਾਨਕ ਪੁਲਸ ਨੂੰ ਸੂਚਿਤ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੈਟਰੋਲ ਪੰਪ ਦੇ ਮੈਨੇਜਰ ਗੁਰਮੀਤ ਸਿੰਘ ਨੇ ਦੱਸਿਆ ਕਿ ਉਸ ਦੇ ਪੈਟਰੋਲ ਪੰਪ ਤੇ ਬੀਤੀ ਦੇਰ ਸ਼ਾਮ ਨੂੰ ਦੋ ਲੁਟੇਰੇ ਆਏ ਜਿਨਾਂ ਨੇ ਪੈਟਰੋਲ ਪੰਪ ਤੇ ਕੰਮ ਕਰਨ ਵਾਲੇ ਵਿਅਕਤੀ ਕੋਲੋਂ ਤੇਲ ਪਵਾਉਂਣ ਦੇ ਬਹਾਨੇ ਉਸ ਕੋਲੋਂ ਤੇਜ਼ਧਾਰ ਹਥਿਆਰਾਂ ਦੀ ਨੋਕ ਤੇ 14 ਹਜ਼ਾਰ 400 ਰੁਪਏ ਖੋਹ ਕੇ ਫਰਾਰ ਹੋ ਗਏ।ਮੈਨੇਜਰ ਨੇ ਦੱਸਿਆ ਕਿ ਇਸ ਸਬੰਧੀ ਉਸ ਨੇ ਥਾਣਾ ਘੁਮਾਣ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ।ਉਧਰ ਦੂਜੇ ਪਾਸੇ ਥਾਣਾ ਘੁਮਾਣ ਦੀ ਪੁਲਸ ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲੈਣ ਉਪਰੰਤ ਜਾਇਜ਼ਾ ਲੈਣ ਆਏ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਸੀਸੀਟੀਵੀ ਫੁਟੇਜ ਨੂੰ ਖੰਗਾਲਿਆ ਜਾ ਰਿਹਾ। ਜਲਦ ਹੀ ਲੁਟੇਰਿਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। ਉਧਰ ਦੂਜੇ ਪਾਸੇ ਪੁਲਸ ਜ਼ਿਲ੍ਹਾ ਬਟਾਲਾ ਅਧੀਨ ਆਉਂਦੇ ਵੱਖ-ਵੱਖ ਥਾਣਿਆਂ ਅਧੀਨ ਵੱਖ-ਵੱਖ ਥਾਵਾਂ ਤੇ ਲਗਾਤਾਰ ਅਜਿਹੀਆਂ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਨੂੰ ਲੈ ਕੇ ਲੋਕਾਂ ਦੇ ਵਿੱਚ ਦਹਿਸ਼ਤ ਵਰਗਾ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ।



## ਬਜਟ ਨੇ ਨਿੱਜੀ ਆਮਦਨ ਟੈਕਸ ਸਲੈਬਾਂ ਨੂੰ ਤਰਕਸੰਗਤ ਬਣਾਇਆ : ਸਾਕਸ਼ੀ ਗੁਪਤਾ

**ਅੰਮ੍ਰਿਤਸਰ** : ਮੱਧ ਵਰਗ ਦੀ ਮੰਗ ਘਟਣ ਦੀਆਂ ਚਿੰਤਾਵਾਂ ਨੂੰ ਦੂਰ ਕਰਦੇ ਹੋਏ ਬਜਟ ਨੇ ਨਿੱਜੀ ਆਮਦਨ ਟੈਕਸ ਸਲੈਬਾਂ ਨੂੰ ਤਰਕਸੰਗਤ ਬਣਾਇਆ ਹੈ, ਨਾਲ ਹੀ ਸਰੋਤ 'ਤੇ ਟੈਕਸ ਕਟੌਤੀ ਦੀ ਸੀਮਾ ਨੂੰ ਸੋਧਿਆ ਹੈ।ਇਸ ਨਾਲ ਮੱਧ ਵਰਗ ਵੱਲੋਂ ਖਪਤਕਾਰਾਂ ਦੀ ਮੰਗ ਅਤੇ ਬੱਚਤ ਨੂੰ ਹੁਲਾਰਾ ਮਿਲਣ ਦੀ ਸੰਭਾਵਨਾ ਹੈ, ਜਿਸ ਨੂੰ ਉੱਚ ਮਹਿੰਗਾਈ ਅਤੇ ਘੱਟ ਆਮਦਨੀ ਵਾਧੇ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ।ਆਮ ਆਦਮੀ ਲਈ ਰਿਆਇਤਾਂ ਤੋਂ ਇਲਾਵਾ ਇਹ ਬਜਟ ਛੋਟੇ ਕਾਰੋਬਾਰ ਕਰਨ ਵਾਲਿਆਂ ਲਈ ਇਕ ਸੌਖਾਲਾ ਪਲੇਟਫਾਰਮ ਤਿਆਰ ਕਰਨ 'ਤੇ ਕੇਂਦ੍ਰਿਤ ਹੈ ਜਿਹੜਾ ਸੰਭਾਵਨਾਵਾਂ ਭਰਪੂਰ ਹਨ। ਅਗਲੇ ਪੰਜ ਸਾਲਾਂ ਲਈ ਤਿਆਰ ਵਿੱਤੀ ਰਣਨੀਤੀ ਖੇਤੀਬਾੜੀ, ਐੱਮਐੱਸਐੱਮਈ, ਨਿਰਯਾਤ ਨੂੰ ਹੁਲਾਰਾ ਦੇਣ ਅਤੇ ਭਾਰਤ ਦੀ ਸਮਰੱਥਾ ਨਿਰਮਾਣ ਵਿੱਚ ਨਿੱਜੀ ਖੇਤਰ ਦੀ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੀ ਗਈ ਹੈ।

## ਸੁਤੰਤਰਤਾ ਸੰਗਰਾਮ ਦੌਰਾਨ ਜਾਨਾਂ ਕੁਰਬਾਨ ਕਰਨ ਵਾਲੇ ਯੋਧਿਆਂ ਨੂੰ ਨਿੱਘੀ ਸ਼ਰਧਾਂਜਲੀ



**ਗੁਰਦਾਸਪੁਰ, (ਜਨਕ ਮਹਾਜਨ)**

ਦੇਸ਼ ਦੇ ਸੁਤੰਤਰਤਾ ਸੰਗਰਾਮ ਦੌਰਾਨ ਆਪਣੀਆਂ ਜਾਨਾਂ ਦੇਸ਼ ਕੌਮ ਲਈ ਵਾਰਨ ਵਾਲੇ ਸ਼ਹੀਦਾਂ ਦੀ ਯਾਦ ਵਿੱਚ ਜ਼ਿਲ੍ਹਾ ਸਦਰ ਮੁਕਾਮ ਗੁਰਦਾਸਪੁਰ ਵਿਖੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ, ਕਰਮਚਾਰੀਆਂ, ਪੁਲਿਸ ਜਵਾਨਾਂ ਅਤੇ ਆਮ ਜਨਤਾ ਨੇ 2 ਮਿੰਟ ਦਾ ਮੌਨ ਧਾਰਨ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਭ ਤੋਂ ਪਹਿਲਾਂ ਪੰਜਾਬ ਪੁਲਸ ਦੇ ਜਵਾਨਾਂ ਵਲੋਂ ਹਥਿਆਰ ਉਲਟੇ ਕਰਕੇ ਸ਼ਹੀਦਾਂ ਨੂੰ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਦੌਰਾਨ ਪੁਲਿਸ ਜਵਾਨਾਂ ਵਲੋਂ ਬਿਗਲ ਵਜਾਇਆ ਗਿਆ ਅਤੇ 2 ਮਿੰਟ ਲਈ ਮੌਨ ਧਾਰਿਆ ਗਿਆ। ਇਸ ਮੌਕੇ ਹਾਜ਼ਰ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਦਫ਼ਤਰਾਂ ਵਿੱਚ ਕੰਮ ਕਰਵਾਉਣ ਆਏ ਲੋਕਾਂ ਵਲੋਂ ਵੀ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਰਾਸ਼ਟਰ ਪਿਤਾ ਮਹਾਤਮਾਂ ਗਾਂਧੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਅਰਪਿਤ ਕਰਨ ਉਪਰੰਤ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਅਜ਼ਾਦੀ ਸੰਗਰਾਮ ਦੌਰਾਨ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਸਮੂਹ ਸ਼ਹੀਦਾਂ ਦੀ ਕੁਰਬਾਨੀ ਨੂੰ ਕਦੀ ਭੁਲਾਇਆ ਨਹੀਂ ਜਾ ਸਕਦਾ ਅਤੇ ਪੂਰੇ ਦੇਸ਼ ਨੂੰ ਆਪਣੇ ਮਹਾਨ ਸ਼ਹੀਦਾਂ ਉਪਰ ਮਾਣ ਹੈ। ਉਨ੍ਹਾਂ ਕਿਹਾ ਸਾਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਮੁਲਕ ਸਿਰਜਣ ਵਿੱਚ ਆਪਣਾ ਯੋਗਦਾਨ ਪਾਉਂਦਿਆਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਪ੍ਰੋ. ਸੁਸ਼ੀਲ ਮਹਾਜਨ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਜਿੰਦਰ ਸਿੰਘ ਬੇਦੀ, ਸਹਾਇਕ ਕਮਿਸ਼ਨਰ (ਜਨਰਲ) ਅਦਿੱਤਿਆ ਗੁਪਤਾ, ਐੱਸ. ਡੀ. ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸ. ਡੀ. ਐੱਮ. ਕਲਾਨੌਰ ਜਯੋਤਸਨਾ ਸਿੰਘ, ਪ੍ਰੋ. ਰਾਜ ਕੁਮਾਰ ਸ਼ਰਮਾ, ਕੰਵਰ ਵਿੱਕੀ, ਭਾਰਤ ਵਿਕਾਸ ਪ੍ਰੀਸ਼ਦ ਦੇ ਅਹੁਦੇਦਾਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਹਾਜ਼ਰ ਸਨ।

## ਸਮਾਜ ਸੇਵੀ ਸੰਸਥਾ ਬਲੈੱਸ ਭਾਰਤ ਫਾਊਂਡੇਸ਼ਨ ਵੱਲੋਂ ਐੱਸ ਡੀ ਐੱਮ ਮਜੀਠਾ ਸਨਮਾਨਿਤ

**ਮਜੀਠਾ (ਸੋਇਮ ਆਨੰਦ)**

ਸਬ ਡਵੀਜ਼ਨ ਮਜੀਠਾ ਵਿਖੇ ਬਤੌਰ ਐੱਸਡੀਐੱਮ ਮੈਡਮ ਸੋਨਮ ਆਈਏਐੱਸ ਤਾਇਨਾਤ ਹਨ।ਮਜੀਠਾ ਅਤੇ ਲਾਗਲੇ ਇਲਾਕੇ ਵਿਚ ਉਨ੍ਹਾਂ ਵੱਲੋਂ ਸ਼ਲਾਘਾਯੋਗ ਜਨਤਕ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਵੱਲੋਂ ਨਿਭਾਈਆਂ ਚੰਗੀਆਂ ਸੇਵਾਵਾਂ ਨੂੰ ਦੇਖਦੇ ਹੋਏ ਸਮਾਜ ਸੇਵੀ ਸੰਸਥਾ ਬਲੈੱਸ ਭਾਰਤ ਫਾਊਂਡੇਸ਼ਨ ਵੱਲੋਂ ਸਨਮਾਨਿਤ ਕੀਤਾ ਗਿਆ।ਗੱਲਬਾਤ ਕਰਦਿਆਂ ਸੰਸਥਾ ਦੇ ਇੰਚਾਰਜ ਸੁੱਖਾ ਮਸੀਹ ਨੇ ਦੱਸਿਆ ਕਿ ਐੱਸਡੀਐੱਮ ਮਜੀਠਾ ਨੇ ਅਹੁਦਾ ਸੰਭਾਲਦੇ ਹੀ ਇਲਾਕੇ ਦੀਆਂ ਵੱਖ-ਵੱਖ ਸੰਵਿਧਾਨਕ ਅਤੇ ਰਾਜਨੀਤਕ ਸੰਸਥਾਵਾਂ ਦੇ ਪਤਵੰਤਿਆਂ ਨਾਲ ਬੈਠਕਾਂ ਕੀਤੀਆਂ ਅਤੇ ਇਲਾਕੇ ਬਾਰੇ ਵਿਸਥਾਰ ਵਿਚ ਜਾਣਕਾਰੀ ਲਈ।ਉਨ੍ਹਾਂ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ ਕਿ ਐੱਸਡੀਐੱਮ ਨੇ ਇਲਾਕੇ ਦੇ ਸਮੂਹ ਨੰਬਰਦਾਰਾਂ ਦੀ ਇੱਕ ਵਿਸ਼ੇਸ਼ ਬੈਠਕ ਕੀਤੀ ਹੋਵੇ ਜਿਸ ਵਿਚ ਉਨ੍ਹਾਂ ਨੇ ਵੱਖ-ਵੱਖ ਪਿੰਡਾਂ ਵਿਚ ਹੋਣ ਵਾਲੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਲਈ ਅਤੇ ਇਹ ਕੰਮ ਪਹਿਲ ਦੇ ਆਧਾਰ ਤੇ ਕਰਵਾਉਣ ਲਈ ਵਿਸ਼ੇਸ਼ ਉੱਦਮ ਕਰਨ ਦੀਆਂ ਹਦਾਇਤਾਂ ਦਿੱਤੀਆਂ।ਇਲਾਕੇ ਵਿਚ ਨਸ਼ਿਆਂ 'ਤੇ ਠੱਲ੍ਹ ਪਾਉਣ ਲਈ ਨਸ਼ਾ ਤਸਕਰਾਂ ਖਿਲਾਫ ਕਾਰਵਾਈ ਕਰਨ ਦੇ ਪੁਲਸ ਵਿਭਾਗ ਨੂੰ ਨਿਰਦੇਸ਼ ਜਾਰੀ ਕੀਤੇ, ਦਵਾਈਆਂ ਦੀਆਂ ਦੁਕਾਨਾਂ 'ਤੇ ਛਾਪਾਮਾਰੀ ਕਰਵਾਈ ਗਈ।50 ਸਾਲ ਤੋਂ ਉਪਰ ਰਹਿ ਰਹੀਆਂ ਲੋੜਵੰਦ ਔਰਤਾਂ ਨੂੰ ਗਰਮ ਸੂਟ ਅਤੇ ਸਰਕਾਰੀ ਦਫਤਰਾਂ ਵਿਚ ਕੰਮ ਕਰਦੇ ਦਰਜਾ ਚਾਰ ਕਰਮਚਾਰੀਆਂ ਨੂੰ ਸੂਟ ਦੇ ਕੇ ਉਨ੍ਹਾਂ ਨੂੰ ਸਮਾਜ ਦਾ ਅਨਿੱਖੜਵਾਂ ਅੰਗ ਦੱਸਿਆ।ਅਜਿਹੇ ਸਮਾਜ ਉਸਾਰੂ ਕੰਮਾਂ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਨ ਵਾਸਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਤਹਿਸੀਲਦਾਰ ਜਸਬੀਰ ਸਿੰਘ, ਰੀਡਰ ਦੀਪਕ ਭੱਟੀ, ਵਰਿੰਦਰ ਭਾਟੀਆ ਅਤੇ ਅੰਮ੍ਰਿਤਪਾਲ ਸਿੰਘ ਵੀ ਹਾਜ਼ਰ ਸਨ।



## 23ਵੇਂ ਸਾਲਾਨਾ ਫੁੱਟਬਾਲ ਟੂਰਨਾਮੈਂਟ ਦੇ ਦੂਸਰੇ ਦਿਨ ਦਾ ਉਦਘਾਟਨ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**

ਸਥਾਨਕ ਸ਼ਹਿਰ ਅਜਨਾਲਾ ਦੇ ਕੀਰਤਨ ਦਰਬਾਰ ਸੁਸਾਇਟੀ ਦੀ ਗਰਾਊਂਡ ਵਿੱਚ ਸਵਰਾਜ ਸਪੋਰਟਸ ਕਲੱਬ ਰਜਿ. ਅਜਨਾਲਾ ਵੱਲੋਂ 23ਵਾਂ ਨਾਕ ਆਊਟ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਆਮ ਆਦਮੀ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਅਮਿਤ ਔਲ ਅਜਨਾਲਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਸਮਾਜਿਕ ਬੁਰਾਈਆਂ ਨੂੰ ਛੱਡ ਕੇ ਖੇਡਾਂ ਵੱਲ ਧਿਆਨ ਦੇਵੇ ਅਤੇ ਪੜ੍ਹ-ਲਿਖ ਕੇ ਆਪਣੇ ਮਾਤਾ ਪਿਤਾ ਅਤੇ ਦੇਸ਼ ਦਾ ਨਾਮ ਰੌਸ਼ਨ ਕਰੇ।ਅਮਿਤ ਔਲ ਵੱਲੋਂ ਸਵਰਾਜ ਸਪੋਰਟਸ ਕਲੱਬ ਅਜਨਾਲਾ ਨੂੰ ਕੁਝ ਰਾਸ਼ੀ ਵੀ ਭੇਟ ਕੀਤੀ ਗਈ। ਇਸ ਮੌਕੇ ਸਵਰਾਜ ਸਪੋਰਟਸ ਕਲੱਬ ਦੇ ਮੈਂਬਰਾਂ ਵਲੋਂ ਆਏ ਹੋਏ ਮੁੱਖ ਮਹਿਮਾਨ ਨੂੰ ਸਨਮਾਨਿਤ ਵੀ ਕੀਤਾ ਗਿਆ।ਉਨ੍ਹਾਂ ਦੇ ਨਾਲ ਸਵਰਾਜ ਸਪੋਰਟਸ ਕਲੱਬ ਦੇ ਪ੍ਰਧਾਨ ਮੰਗਲ ਸਿੰਘ ਨਿੱਝਰ, ਮਨਜੀਤ ਸਿੰਘ ਨਿੱਜਰ, ਐਡਵੋਕੇਟ ਰਿੰਕੂ, ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਡਾ. ਹਰਮੀਤ ਸਿੰਘ ਸੰਧੂ, ਕੌਂਸਲਰ ਗੁਰਦੇਵ ਸਿੰਘ ਗੁਲਾਬ, ਕੌਂਸਲਰ ਅਵਿਨਾਸ਼ ਮਸੀਹ, ਸ਼ਿਵਦੀਪ ਸਿੰਘ ਚਾਹਲ, ਅਜੇ ਸ਼ਰਮਾ, ਠੇਕੇਦਾਰ ਦਿਲਬਾਗ ਸਿੰਘ ਘੁੱਲੀ, ਸੁਖਦਿਆਲ ਸਿੰਘ, ਸੰਨੀ ਅਰੋੜਾ, ਠੇਕੇਦਾਰ ਸ਼ਮਸ਼ੇਰ ਸਿੰਘ ਸ਼ੇਰਾ, ਦੀਪਕ ਭੱਟੀ, ਹਰਪਾਲ ਸਿੰਘ ਅਤੇ ਕਾਦਰ ਮਸੀਹ ਆਦਿ ਹਾਜ਼ਰ ਸਨ।

## ਕੇਂਦਰ ਵੱਲੋਂ ਪੇਸ਼ ਬਜਟ ਪ੍ਰਗਤੀਸ਼ੀਲ ਤੇ ਮੱਧ ਵਰਗ ਲਈ ਲਾਹੇਵੰਦ : ਛੀਨਾ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਭਾਜਪਾ ਦੇ ਸੀਨੀਅਰ ਆਗੂ ਰਜਿੰਦਰ ਮੋਹਨ ਸਿੰਘ ਛੀਨਾ ਨੇ ਕੇਂਦਰੀ ਬਜਟ ਨੂੰ ਵਿਕਾਸ-ਮੁਖੀ, ਮੱਧ ਵਰਗ ਸਮੇਤ ਸਮੂਹ ਵਰਗਾਂ ਲਈ ਲਾਹੇਵੰਦ ਦੱਸਦਿਆਂ ਕਿਹਾ ਕਿ ਇਹ ਬਜਟ ਚਾਰੇ ਪਾਸੇ ਆਰਥਿਕ ਖੁਸ਼ਹਾਲੀ 'ਚ ਨਵੀਂ ਜਾਨ ਪਾਵੇਗਾ।ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਆਮਦਨ ਮਿਆਦ ਨੂੰ ਮੌਜੂਦਾ 7 ਲੱਖ ਰੁਪਏ ਤੋਂ ਵਧਾ ਕੇ 12 ਲੱਖ ਰੁਪਏ ਕਰਕੇ ਤਨਖਾਹਦਾਰ ਵਰਗ ਨੂੰ ਹੁਣ ਤੱਕ ਦੀ ਸਭ ਤੋਂ ਵੱਡੀ ਰਾਹਤ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਆਰਥਿਕ ਵਿਕਾਸ 'ਚ ਸਹਾਇਤਾ ਕਰੇਗਾ ਅਤੇ ਸਮਾਜ ਦੇ ਇਕ ਵੱਡੇ ਵਰਗ ਨੂੰ ਵਿੱਤੀ ਬੜ੍ਹਾਵਾ ਦੇਵੇਗਾ।ਸ: ਛੀਨਾ ਨੇ ਬਜਟ ਦੇ ਰੱਖਿਆ, ਬੁਨਿਆਦੀ ਢਾਂਚੇ, ਉਦਯੋਗ ਅਤੇ ਖੇਤੀਬਾੜੀ 'ਤੇ ਧਿਆਨ ਕੇਂਦਰਿਤ ਕਰਨ ਦੀ ਵੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮੈਡੀਕਲ ਸਿੱਖਿਆ ਜੋ ਕਿ ਸਮੇਂ ਦੀ ਲੋੜ ਹੈ, ਨੂੰ ਅਗਲੇ ਕੁਝ ਸਾਲਾਂ 'ਚ ਦੇਸ਼ ਦੇ ਮੈਡੀਕਲ ਕਾਲਜਾਂ 'ਚ 75000 ਤੋਂ ਵੱਧ ਸੀਟਾਂ ਜੋੜਨ ਦੇ ਵੱਡੇ ਟੀਚੇ ਵੀ ਅਲਾਟ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਕੇਂਦਰੀ ਬਜਟ 'ਚ ਕਿਸਾਨਾਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਗਿਆ ਹੈ ਅਤੇ ਕਿਸਾਨਾਂ ਲਈ ਕ੍ਰੈਡਿਟ ਕਾਰਡ ਮਿਆਦ ਨੂੰ ਵਧਾ ਕੇ 5 ਲੱਖ ਰੁਪਏ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਫਸਲਾਂ ਦੇ ਬੀਮੇ ਤੋਂ ਇਲਾਵਾ ਫਸਲਾਂ ਦੀ ਵਿਭਿੰਨਤਾ ਅਤੇ ਡਿਜੀਟਲ ਮੈਪਿੰਗ ਵੀ ਇੱਕ ਸਲਾਹੁਣਯੋਗ ਕਦਮ ਹੈ।ਸ: ਛੀਨਾ ਨੇ ਕਿਹਾ ਕਿ ਹੁਨਰ ਵਿਕਾਸ 'ਤੇ ਕੇਂਦ੍ਰਿਤ ਨਵੇਂ ਵਿੱਦਿਅਕ ਪ੍ਰੋਜੈਕਟ ਸ਼ਲਾਘਾਯੋਗ ਹਨ ਅਤੇ ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਇਕ ਦੂਰਦਰਸ਼ੀ ਨੇਤਾ ਦੱਸਦਿਆਂ ਕਿਹਾ ਕਿ ਭਾਰਤ ਨੂੰ ਵਿਕਾਸ ਦੇ ਨਵੇਂ ਰਾਹ 'ਤੇ ਲੈ ਜਾਣਗੇ ਅਤੇ ਬਜਟ ਵੰਡ ਪ੍ਰਧਾਨ ਮੰਤਰੀ ਦੇ ਵਿਕਾਸ ਭਾਰਤ ਦੇ ਸੁਪਨੇ ਦਾ ਸਪੱਸ਼ਟ ਸੂਚਕ ਹਨ।ਉਨ੍ਹਾਂ ਕਿਹਾ ਕਿ ਸਮਾਜ ਦੇ ਗਰੀਬ ਵਰਗ ਅਤੇ ਆਮ ਤੌਰ 'ਤੇ ਔਰਤਾਂ ਲਈ ਕਈ ਯੋਜਨਾਵਾਂ ਹਨ।ਉਨ੍ਹਾਂ ਕਿਹਾ ਕਿ ਆਈ. ਟੀ. ਸੇਵਾ ਖੇਤਰ, ਡਿਜੀਟਲ ਸੇਵਾਵਾਂ ਅਤੇ ਆਮ ਤੌਰ 'ਤੇ ਉਦਯੋਗਾਂ 'ਤੇ ਜ਼ੋਰ ਦੇਣ ਨਾਲ ਅਰਥਵਿਵਸਥਾ ਨੂੰ ਹੁਲਾਰਾ ਮਿਲੇਗਾ।

## ਏ ਜੀ ਆਈ ਗਲੋਬਲ ਸਕੂਲ 'ਚ ਕਲਾ ਪ੍ਰਦਰਸ਼ਨੀ



**ਜਲੰਧਰ ( ਰਾਜੇਸ਼ ਥਾਪਾ)**

ਬਸੰਤ ਪੰਚਮੀ ਦੇ ਪਵਿੱਤਰ ਮੌਕੇ ਏ ਜੀ ਆਈ ਗਲੋਬਲ ਸਕੂਲ ਨੇ ਕਲਕ੍ਰਿਤੀ ਨਾਂ ਨਾਲ ਇੱਕ ਕਲਾ ਪ੍ਰਦਰਸ਼ਨੀ ਦਾ ਆਯੋਜਨ ਕੀਤਾ।ਸਕੂਲ ਦੁਆਰਾ ਰਾਸ਼ਟਰੀ ਵਿਦਿਅਕ ਨੀਤੀ 2020 ਦੀ ਭਾਵਨਾ ਨਾਲ ਕਲਾਕ੍ਰਿਤੀ ਦਾ ਆਯੋਜਨ ਕੀਤਾ ਗਿਆ ਸੀ, ਜੋ ਬੱਚਿਆਂ ਦੇ ਸਿੱਖਿਆ ਪਾਠਕ੍ਰਮ ਵਿੱਚ ਕਲਾ ਨੂੰ ਉਤਸ਼ਾਹਿਤ ਲਈ ਜ਼ੋਰ ਦਿੰਦੀ ਹੈ।ਵੱਖ-ਵੱਖ ਜਮਾਤਾਂ ਦੇ ਵੱਖ-ਵੱਖ ਉਮਰ ਵਰਗ ਦੇ ਵਿਦਿਆਰਥੀਆਂ ਨੇ ਆਪਣੀਆਂ ਰਚਨਾਵਾਂ ਜਿਵੇਂ ਕਿ ਬਲਾਕ ਪ੍ਰਿੰਟਿੰਗ, ਟਾਈਲ ਪੇਂਟਿੰਗ, ਮੋਜ਼ੇਕ, ਮੰਡਲਾ, ਲਿਪੋਨ ਆਰਟ ਆਦਿ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਫੋਟੋਗ੍ਰਾਫੀ, ਲੋਕ ਨਾਚ, ਥੀਏਟਰ ਅਤੇ ਮਿੱਟੀ ਦੇ ਭਾਂਡੇ ਬਣਾਉਣ ਵਿੱਚ ਵੀ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ।ਉਨ੍ਹਾਂ ਨੇ ਸੰਗੀਤਕ ਅਰਦਾਸ ਦਾ ਪਾਠ ਕਰਕੇ ਮਾਂ ਸਰਸਵਤੀ ਦੀ ਪੂਜਾ ਕਰਕੇ ਬਸੰਤ ਦਾ ਤਿਉਹਾਰ ਮਨਾਇਆ।ਰੰਗੋਲੀ ਅਤੇ ਪਤੰਗ ਉਡਾਉਣ ਕਲਕ੍ਰਿਤੀ ਦਾ ਮੁੱਖ ਆਕਰਸ਼ਣ ਸਨ।ਕਲਾਕ੍ਰਿਤੀ ਕਲਾ ਪ੍ਰਦਰਸ਼ਨੀ ਦਾ ਉਦਘਾਟਨ ਕਰਦਿਆਂ ਏਜੀ ਆਈ ਗਲੋਬਲ ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਪ੍ਰਦਰਸ਼ਨੀ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਕਲਾ ਰਚਨਾਵਾਂ ਲਈ ਉਤਸ਼ਾਹਿਤ ਵੀ ਕੀਤਾ।ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਵੀ ਵਿਦਿਆਰਥੀਆਂ ਦੁਆਰਾ ਪ੍ਰਦਰਸ਼ਿਤ ਕਲਾ ਦੀ ਸ਼ਲਾਘਾ ਕੀਤੀ ਅਤੇ ਰਾਸ਼ਟਰੀ ਸਿੱਖਿਆ ਨੀਤੀ ਦੇ ਅਨੁਸਾਰ ਸਿੱਖਿਆ ਦੇ ਪਾਠਕ੍ਰਮ ਵਿੱਚ ਕਲਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਆਰਤੀ ਸ਼ਰਮਾ ਨੇ ਵੱਖ-ਵੱਖ ਵਿਸ਼ਿਆਂ ਨੂੰ ਦਰਸਾਉਂਦੇ ਵਿਦਿਆਰਥੀਆਂ ਦੇ ਕਲਾਤਮਕ ਕੰਮ ਦੀ ਵੀ ਸ਼ਲਾਘਾ ਕੀਤੀ।

## ਅਕਾਲ ਅਕੈਡਮੀ ਰਸੂਲਪੁਰ ਬੇਟ ਵਿਖੇ ਗੁਰਮਤਿ ਸਮਾਗਮ ਕਰਵਾਇਆ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬੜੂ ਸਾਹਿਬ ਟਰੱਸਟ ਅਧੀਨ ਚੱਲ ਰਹੀ ਅਕਾਲ ਅਕੈਡਮੀ ਰਸੂਲਪੁਰ ਬੇਟ ਵਿੱਚ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਬਹੁਤ ਸ਼ਰਧਾ ਨਾਲ ਕਰਾਵਾਇਆ ਗਿਆ। ਅਕੈਡਮੀ ਦੀ ਪ੍ਰਿੰ. ਅਮਨਦੀਪ ਕੌਰ ਨੇ ਦੱਸਿਆ ਕਿ ਪਿਛਲੇ ਦਿਨਾਂ ਤੋਂ ਵਿਦਿਆਰਥੀਆਂ ਵੱਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 1000 ਤੋਂ ਵੱਧ ਜਪੁਜੀ ਸਾਹਿਬ, ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕੀਤੇ ਗਏ। ਪ੍ਰਕਾਸ਼ ਸੰਬੰਧੀ ਅਕੈਡਮੀ ਵਿੱਚ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਸੰਪੂਰਨ ਭੋਗ ਪਾਏ ਗਏ। ਉਪਰੰਤ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ, ਕਵਿਤਾਵਾਂ, ਕਵੀਸ਼ਰੀਆਂ ਅਤੇ ਵਾਰਾਂ ਰਾਹੀਂ ਸਮਾਗਮ ਸਮਾਗਮ ਵਿੱਚ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿੱਚ ਸੇਵਾਦਾਰ ਹਰਜੀਤ ਸਿੰਘ, ਮੈਗਾ ਕਲੱਸਟ ਹੈੱਡ (ਐੱਮਸੀਐੱਚ) ਪ੍ਰਿੰ. ਗੁਰਵਿੰਦਰ ਕੌਰ ਅਕਾਲੀ ਅਕੈਡਮੀ ਤਿੱਬੜ ਸਮੇਤ ਇਲਾਕੇ ਦੀਆਂ ਹੋਰ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ ਸ਼ਮੂਲੀਅਤ ਕੀਤੀ। ਅਕੈਡਮੀ ਦੀ ਪ੍ਰਿੰ. ਅਮਨਦੀਪ ਕੌਰ ਨੇ ਸਮਾਗਮ ਵਿੱਚ ਸ਼ਾਮਲ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਸਮਾਗਮ ਦੇ ਸੁਚਾਰੂ ਪ੍ਰਬੰਧਾਂ ਲਈ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਅਤੇ ਗੁਰਮਤਿ ਨਾਲ ਸੰਬੰਧਿਤ ਪ੍ਰਦਰਸ਼ਨੀਆਂ ਵੀ ਲਗਾਈਆਂ। ਇਸ ਮੌਕੇ ਅਹਿਮ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੀ ਸਮਾਪਤੀ ਵਿਦਿਆਰਥੀਆਂ ਵੱਲੋਂ ਖਾਲਸਾਈ ਫੌਜ ਦੇ ਜਾਹੋ-ਜਲਾਲ ਨੂੰ ਦਰਸਾਉਂਦੇ ਗਤਕੇ ਦੇ ਪ੍ਰਦਰਸ਼ਨ ਨਾਲ ਹੋਈ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮਾਗਮ ਵਿੱਚ ਵਿਦਿਅਰਥੀਆਂ ਦੇ ਮਾਪਿਆਂ ਅਤੇ ਸੰਗਤਾਂ ਨੇ ਵੱਡੀ ਗਿਣਤੀ ਸ਼ਾਮਲ ਹੋਈਆਂ।



## ਦੁਕਾਨਦਾਰਾਂ ਨੂੰ ਨਾਜਾਇਜ਼ ਕਬਜ਼ੇ ਹਟਾਉਣ 'ਚ ਸਹਿਯੋਗ ਕਰਨ ਦੀ ਅਪੀਲ




**ਬਟਾਲਾ, (ਤਰਲੋਕ ਬੱਗਾ)**

ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ ਕਮਿਸ਼ਨਰ ਕਾਰਪੋਰੇਸ਼ਨ ਨੇ ਦੱਸਿਆ ਕਿ ਡੀਸੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਾਜ਼ਾਰਾਂ ਵਿੱਚ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਹਟਾਉਣ ਦੀ ਮੁਹਿੰਮ ਵਿੱਢੀ ਗਈ ਹੈ।ਉਨ੍ਹਾਂ ਦੱਸਿਆ ਕਿ ਪਲਵਿੰਦਰ ਸਿੰਘ ਇੰਸਪੈਕਟਰ ਨਗਰ ਨਿਗਮ ਬਟਾਲਾ ਦੀ ਅਗਵਾਈ ਹੇਠ ਇਨਕਰੋਚਮੈਂਟ ਟੀਮ ਰੋਜ਼ਾਨਾ ਕਬਜ਼ੇ ਹਟਾਉਣ ਲਈ ਜਾਂਦੀ ਹੈ।ਇਸ ਲਈ ਸਮੂਹ ਦੁਕਾਨਦਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਆਪ ਵੱਲੋਂ ਜੋ ਇਨਕਰੋਚਮੈਂਟ ਕੀਤੀ ਹੈ, ਉਸ ਨੂੰ ਹਟਾਉਣ 'ਚ ਸਹਿਯੋਗ ਕੀਤਾ ਜਾਵੇ।ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਦੁਕਾਨ ਦੇ ਬਾਹਰ ਇੱਕ ਡਸਟਬੀਨ ਰੱਖਣ ਅਤੇ ਕੋਈ ਵੀ ਇੱਕ ਪੌਦਾ ਲਗਾਇਆ ਜਾਵੇ।

## ਜਗਤ ਪੰਜਾਬੀ ਸਭਾ ਦਾ ਸੂਬਾ ਪੱਧਰੀ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਜਗਤ ਪੰਜਾਬੀ ਸਭਾ ਦੀ ਸੂਬਾ ਇਕਾਈ ਵੱਲੋਂ ਵਿਸ਼ਵ ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਕਰਵਾਏ ਗਏ ਸ਼ਰਧਾਂਜਲੀ ਸਮਾਗਮ ਵਿੱਚ ਸੂਬਾ ਪ੍ਰਧਾਨ ਮੁਕੇਸ਼ ਵਰਮਾ, ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਸੈਣੀ ਅਤੇ ਜਨਰਲ ਸਕੱਤਰ ਪਵਨ ਭਾਰਦਵਾਜ, ਮੀਤ ਪ੍ਰਧਾਨ ਜਸਬੀਰ ਸਿੰਘ ਸਮਰਾ, ਸਰਵਨ ਸਿੰਘ ਧੰਦਲ, ਡਾ. ਰਾਜ, ਬਾਲ ਮੁਕੰਦ ਸ਼ਰਮਾ, ਜ਼ਿਲ੍ਹਾ ਮੈਜਿਸਟ੍ਰੇਟ ਉਮਾਸ਼ੰਕਰ ਗੁਪਤਾ ਅਤੇ ਏਡੀਸੀ ਹਰਜਿੰਦਰ ਸਿੰਘ ਬੇਦੀ ਆਈਏਐੱਸ ਦਾ ਧੰਨਵਾਦ ਕੀਤਾ ਗਿਆ ਅਤੇ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਾਉਣ ਲਈ ਧੰਨਵਾਦ ਕੀਤਾ ਗਿਆ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਵੱਖ-ਵੱਖ ਟੀਮਾਂ ਅਤੇ ਸੇਂਟ ਵਾਰੀਅਰਜ਼ ਸਕੂਲ ਦੇ ਪ੍ਰਿੰਸੀਪਲ ਪਰਮਵੀਰ ਸਿੰਘ, ਡਾਇਰੈਕਟਰ ਸਰਵਣ ਸਿੰਘ ਅਤੇ ਚੇਅਰਮੈਨ ਸੱਜਣ ਸਿੰਘ ਧੰਧਲ ਦਾ ਵੀ ਇਸ ਨੂੰ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।ਇਸ ਮੌਕੇ ਸਮੂਹਿਕ ਤੌਰ ਤੇ ਬੋਲਦਿਆਂ ਜਗਤ ਪੰਜਾਬੀ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਸੈਣੀ ਸਟੇਟ ਐਵਾਰਡੀ ਅਤੇ ਜਨਰਲ ਸਕੱਤਰ ਪਵਨ ਭਾਰਦਵਾਜ ਨੇ ਕਿਹਾ ਕਿ ਮਾਂ ਬੋਲੀ ਦੀ ਖੁਸ਼ਹਾਲੀ ਲਈ ਭਵਿੱਖ ਵਿੱਚ ਵੀ ਯਤਨ ਜਾਰੀ ਰਹਿਣਗੇ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਸੈਣੀ ਨੇ ਕਿਹਾ ਕਿ ਇਸ ਸਮਾਗਮ ਵਿੱਚ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਵਿਸ਼ੇਸ਼ ਤੌਰ 'ਤੇ ਪੁੱਜੀਆਂ ਪੰਜਾਬੀ ਸ਼ਖ਼ਸੀਅਤਾਂ ਦਾ ਪੁੱਜਣਾ ਜ਼ਿਲ੍ਹਾ ਗੁਰਦਾਸਪੁਰ ਅਤੇ ਸੰਸਥਾ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ 'ਚ ਪਹਿਲੀ ਵਾਰ ਮਾਂ ਬੋਲੀ ਪੰਜਾਬੀ ਦੇ ਪ੍ਰੇਮੀਆਂ ਨੂੰ ਪ੍ਰਸ਼ਾਸਨਿਕ ਪ੍ਰਬੰਧਾਂ ਨਾਲ ਇੰਨੇ ਵੱਡੇ ਪੱਧਰ 'ਤੇ ਸਨਮਾਨਿਤ ਕੀਤਾ ਗਿਆ ਹੈ, ਜੋ ਮਾਂ ਬੋਲੀ ਦੀ ਖੁਸ਼ਹਾਲੀ ਲਈ ਕੰਮ ਕਰ ਰਹੀਆਂ ਹੋਰ ਸੰਸਥਾਵਾਂ ਲਈ ਵੀ ਮਿਸਾਲ ਬਣੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਜਗਤ ਪੰਜਾਬੀ ਸਭਾ ਦੀ ਪੰਜਾਬ ਇਕਾਈ ਭਵਿੱਖ ਵਿੱਚ ਵੀ ਇਸ ਨੇਕ ਕਾਰਜ ਲਈ ਯਤਨਸ਼ੀਲ ਰਹੇਗੀ।ਇਸ ਮੌਕੇ ਜਗਤ ਪੰਜਾਬੀ ਸਭਾ ਦੇ ਪ੍ਰਧਾਨ ਮੁਕੇਸ਼ ਵਰਮਾ ਨੇ ਕਿਹਾ ਕਿ ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰਨ ਵਾਲੇ ਦੇਸ਼ ਵਿਦੇਸ਼ ਤੋਂ ਵੀ ਇਸ ਨੂੰ ਪ੍ਰਫੁੱਲਤ ਕਰਨ ਲਈ ਯਤਨਸ਼ੀਲ ਹਨ, ਜਿਸ ਦੀ ਇੱਕ ਅਹਿਮ ਮਿਸਾਲ ਜਗਤ ਪੰਜਾਬੀ ਸਭਾ ਕੈਨੇਡਾ ਦੇ ਪ੍ਰਧਾਨ ਅਜੈਬ ਸਿੰਘ ਚੱਠਾ ਅਤੇ ਪ੍ਰਧਾਨ ਸਰਦੂਲ ਸਿੰਘ ਥਿਆੜਾ ਭੂਮਿਕਾ ਨਿਭਾ ਰਹੇ ਹਨ।ਉਹ ਜਦੋਂ ਵੀ ਭਾਰਤ ਆਉਂਦੇ ਹਨ ਤਾਂ ਸੈਮੀਨਾਰ ਅਤੇ ਵਰਕਸ਼ਾਪਾਂ ਰਾਹੀਂ ਲੋਕਾਂ ਨੂੰ ਮਾਂ ਬੋਲੀ ਪੰਜਾਬੀ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਦੀ ਕੋਸ਼ਿਸ਼ ਕਰਦੇ ਹਨ।ਇਸ ਮੌਕੇ ਜ਼ਿਲ੍ਹਾ ਕੁਲੈਕਟਰ ਉਮਾਸ਼ੰਕਰ ਗੁਪਤਾ ਆਈਏਐੱਸ ਅਤੇ ਏਡੀਸੀ ਡਾ. ਹਰਜਿੰਦਰ ਸਿੰਘ ਬੇਦੀ ਆਈਏਐੱਸ ਨੇ ਇਸ ਸਮਾਗਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਜਗਤ ਪੰਜਾਬੀ ਸਭਾ ਦੇ ਪ੍ਰਧਾਨ ਮੁਕੇਸ਼ ਵਰਮਾ, ਸੀਨੀਅਰ ਮੀਤ ਪ੍ਰਧਾਨ ਪਰਮਿਦਰ ਸਿੰਘ ਸੈਣੀ, ਸਰਵਣ ਸਿੰਘ ਅਤੇ ਜਨਰਲ ਸਕੱਤਰ ਪਵਨ ਭਾਰਦਵਾਜ ਦੇ ਯਤਨਾਂ ਦਾ ਨਤੀਜਾ ਹੈ। ਵਿਸ਼ਵ ਮਾਂ ਬੋਲੀ ਦਿਵਸ ਨੂੰ ਸਮਰਪਿਤ ਇਹ ਸਮਾਗਮ ਸਫਲ ਰਿਹਾ ਜਿਸ ਲਈ ਉਕਤ ਅਧਿਕਾਰੀ ਵਧਾਈ ਦੇ ਹੱਕਦਾਰ ਹਨ।



## ਏ ਡੀ ਜੀ ਪੀ ਅਮਨਦੀਪ ਸਿੰਘ ਰਾਏ ਵੱਲੋਂ ਵਰੁਣ ਅਨੰਦ ਦਾ ਸਨਮਾਨ



**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਪੁਲਸ ਵਿਭਾਗ ਵੱਲੋਂ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨੇ ਤਹਿਤ ਏਡੀਜੀਪੀ ਅਮਨਦੀਪ ਸਿੰਘ ਰਾਏ ਵੱਲੋਂ ਵਰੁਣ ਅਨੰਦ ਪ੍ਰਧਾਨ ਵੈੱਲਫੇਅਰ ਸੁਸਾਇਟੀ ਗੁਰਦਾਸਪੁਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਵਰੁਣ ਅਨੰਦ ਲੰਮੇ ਸਮੇਂ ਤੋਂ ਟਰੈਫ਼ਿਕ ਸੁਧਾਰਾਂ ਲਈ ਕੰਮ ਕਰ ਰਹੇ ਹਨ ਅਤੇ ਟਰੈਫਿਕ ਪੁਲਸ ਪੰਜਾਬ ਚੰਡੀਗੜ੍ਹ ਦੇ ਕਮੇਟੀ ਮੈਂਬਰ ਵੀ ਹਨ। ਵਰੁਣ ਅਨੰਦ ਵਲੋਂ ਇੱਕ ਰਿਕਵਰੀ ਵੈਨ ਗੁਰਦਾਸਪੁਰ ਪੁਲਿਸ ਨੂੰ ਦੇਣ ਦਾ ਵਾਅਦਾ ਕੀਤਾ ਗਿਆ ਹੈ ਤਾਂ ਜੋ ਟਰੈਫਿਕ ਪੁਲਸ ਦੇ ਕੰਮ-ਕਾਜ ਨੂੰ ਹੋਰ ਬਿਹਤਰ ਕੀਤਾ ਜਾ ਸਕੇ। ਵਰੁਣ ਅਨੰਦ ਨੇ ਏਡੀਜੀਪੀ ਅਮਨਦੀਪ ਸਿੰਘ ਰਾਏ ਵੱਲੋਂ ਕੀਤੇ ਸਨਮਾਨ ਲਈ ਪੁਲਸ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਸਨੂੰ ਟਰੈਫਿਕ ਸੁਧਾਰਾਂ ਲਈ ਕੀਤੇ ਜਾ ਰਹੇ ਕੰਮਾਂ ਨੂੰ ਕਰਨ ਲਈ ਹੋਰ ਵੀ ਉਤਸ਼ਾਹਿਤ ਕਰੇਗਾ। ਇਸ ਮੌਕੇ ਇੰਚਾਰਜ ਟਰੈਫਿਕ ਏਐੱਸਆਈ ਸਤਨਾਮ ਸਿੰਘ, ਏਐੱਸਆਈ. ਅਮਨਦੀਪ ਸਿੰਘ, ਗੌਰਵ ਮਹਾਜਨ, ਸੁਰਜੀਤ ਸਿੰਘ ਆਦਿ ਵੀ ਹਾਜ਼ਰ ਸਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਵੱਖ-ਵੱਖ ਵਿਸ਼ਿਆਂ 'ਤੇ ਤਿਆਰ ਮਾਡਲਾਂ ਦੀ ਪ੍ਰਦਰਸ਼ਨੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਜੀ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਵੱਖ-ਵੱਖ ਵਿਸ਼ਿਆਂ ਤੇ ਪ੍ਰਦਰਸ਼ਨੀ ਲਗਾਈ ਗਈ।ਇਸ ਮੌਕੇ ਸਾਇੰਸ ਅਧਿਆਪਕ ਮਿਸਟਰ ਦਵਿੰਦਰ ਸਿੰਘ ਅਤੇ ਮਿਸਟਰ ਰਾਹੁਲ ਦੀ ਦੇਖਰੇਖ ਵਿਦਿਆਰਥੀਆਂ ਵੱਲੋਂ ਵੱਖ ਵੱਖ ਵਿਸ਼ਿਆਂ ਤੇ ਮਾਡਲ ਤਿਆਰ ਕੀਤੇ ਗਏ।ਵਿਦਿਆਰਥੀਆਂ ਨੇ ਇਨ੍ਹਾਂ ਮਾਡਲਾਂ ਨੂੰ ਤਿਆਰ ਕਰਨ ਲਈ ਪੂਰੀ ਮਿਹਨਤ ਕੀਤੀ।ਵਿਦਿਆਰਥੀਆਂ ਵੱਲੋਂ ਆਪਣੇ ਮਾਡਲਾਂ ਦੁਆਰਾ ਵਿਸ਼ਿਆਂ ਦੇ ਕਨਸੈਪਟ ਨੂੰ ਬਹੁਤ ਹੀ ਵਧੀਆ ਤਰੀਕੇ ਨਾਲ ਪ੍ਰਦਰਸ਼ਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਦੇ ਮਾਤਾ ਪਿਤਾ ਵੀ ਸ਼ਾਮਿਲ ਹੋਏ ਉਹਨਾਂ ਵੱਲੋਂ ਵਿਦਿਆਰਥੀਆਂ ਦੀ ਮਿਹਨਤ ਦੇਖਦੇ ਹੋਏ ਪ੍ਰਦਰਸ਼ਨੀ ਦੀ ਬਹੁਤ ਸਰਾਹਨਾ ਕੀਤੀ ਗਈ।ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਆਏ ਹੋਏ ਮਾਤਾ ਪਿਤਾ ਦਾ ਧੰਨਵਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਉਹਨਾਂ ਦੇ ਵਧੀਆ ਪ੍ਰਦਰਸ਼ਨ ਲਈ ਸ਼ਾਬਾਸ਼ ਦਿੱਤੀ ਗਈ ਅਤੇ ਵਿਦਿਆ ਦੇ ਖੇਤਰ ਵਿੱਚ ਬੁਲੰਦੀਆਂ ਤੇ ਪਹੁੰਚਣ ਲਈ ਉਤਸ਼ਾਹਿਤ ਕੀਤਾ ਗਿਆ।ਉਨ੍ਹਾਂ ਨੇ ਕਿਹਾ ਕਿ ਪ੍ਰਦਰਸ਼ਨੀਆਂ ਲਈ ਵਿਦਿਆਰਥੀ ਆਪਣੇ ਹੱਥੀ ਮਾਡਲ ਤਿਆਰ ਕਰਦੇ ਹਨ ਤਾਂ ਉਹਨਾਂ ਵਿੱਚ ਵੱਖ-ਵੱਖ ਵਿਸ਼ਿਆਂ ਪ੍ਰਤੀ ਤਰਕਪੂਰਨ ਸੋਚ ਦਾ ਵਿਕਾਸ ਹੁੰਦਾ ਹੈ ਅਤੇ ਮਾਨਸਿਕ ਵਿਕਾਸ ਵਿੱਚ ਵਾਧਾ ਹੁੰਦਾ ਹੈ।ਇਸ ਤਰ੍ਹਾਂ ਇਹ ਪ੍ਰਦਰਸ਼ਨੀਆਂ ਬੱਚਿਆਂ ਦੇ ਬਹੁਪੱਖੀ ਵਿਕਾਸ ਨੂੰ ਸਥਾਈ ਬਣਾਉਂਦੀਆਂ ਹਨ।ਉਨ੍ਹਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਹਿਲਾਂ ਵੀ ਸਾਡੇ ਸਕੂਲ ਵਿਦਿਆਰਥੀਆਂ ਵੱਲੋਂ ਹਾਈਡਰੋ ਇਲੈਕਟਰਿਕ ਪਾਵਰ ਪ੍ਰੋਜੈਕਟ ਇੰਸਟੀਚਿਊਸ਼ਨ ਆਫ ਟੈਕਨਾਲੋਜੀ ਦਿੱਲੀ ਭੇਜਿਆ ਗਿਆ ਜਿਸ ਦੀ ਚੋਣ ਆਈਆਈਟੀ ਦਿੱਲੀ ਦੁਆਰਾ ਕੀਤੀ ਗਈ।ਉਨ੍ਹਾਂ ਨੇ ਦੱਸਿਆ ਕਿ ਸਾਡੇ ਸਕੂਲ ਦੇ ਵਿਦਿਆਰਥੀ ਹਰ ਖੇਤਰ ਵਿੱਚ ਸਖਤ ਮਿਹਨਤ ਕਰਦੇ ਹੋਏ ਸਫਲਤਾ ਹਾਸਲ ਕਰਦੇ ਹਨ, ਜੋ ਕਿ ਸਾਡੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।

## ਨਿਊ ਲਾਈਫ ਪਬਲਿਕ ਸਕੂਲ 'ਚ ਸੁਖਮਨੀ ਸਾਹਿਬ ਦੇ ਪਾਠ ਕਰਵਾਏ



**ਚੋਹਲਾ ਸਾਹਿਬ (ਰਮਨ ਚੱਢਾ)**-ਨਿਊ ਲਾਈਫ ਪਬਲਿਕ ਸਕੂਲ ਚੋਹਲਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਜਿਸ ਵਿੱਚ ਕਲਾਸ ਦਸਵੀਂ ਅਤੇ ਬਾਰ੍ਹਵੀਂ ਦੇ ਬੋਰਡ ਦੇ ਪੇਪਰਾਂ ਵਿੱਚੋਂ ਚੰਗੇ ਨੰਬਰ ਲੈ ਕੇ ਪਾਸ ਹੋਣ ਲਈ ਗੁਰੂ ਅੱਗੇ ਅਰਦਾਸ ਕੀਤੀ ਗਈ। ਇਸ ਸਮੇਂ ਸਕੂਲ ਪ੍ਰਿੰਸੀਪਲ ਸਰੋਜ ਬਾਲਾ ਨੇ ਬੱਚਿਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਬੱਚਿਆਂ ਨਾਲ ਬਿਤਾਏ ਸਮੇਂ ਦੀਆਂ ਯਾਦਾਂ ਤਾਜ਼ਾ ਕੀਤੀਆਂ। ਬੱਚਿਆਂ ਨੇ ਸਾਰੇ ਵਿਸ਼ਿਆਂ ਦੇ ਅਧਿਆਪਕ ਸਾਹਿਬਾਨ ਨੂੰ ਗਿਫਟ ਦਿੱਤੇ। ਇਸ ਸਮੇਂ ਐੱਮਡੀ ਤਰਨ ਸਰ ਨੇ ਬਿਤਾਏ ਸਮੇਂ ਨੂੰ ਯਾਦ ਕਰਕੇ ਭਵਿੱਖ ਲਈ ਆਸ਼ੀਰਵਾਦ ਦਿੱਤਾ। ਇਸ ਸਮੇਂ ਸਕੂਲ ਦਾ ਸਾਰਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਜ਼ਿਲ੍ਹਾ ਡਰੱਗ ਕੰਟਰੋਲਰ ਵੱਲੋਂ ਕੈਮਿਸਟ ਐਸੋਸੀਏਸ਼ਨ ਪੱਟੀ ਨਾਲ ਅਹਿਮ ਮੀਟਿੰਗ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**

ਸਿਵਲ ਹਸਪਤਾਲ ਪੱਟੀ ਵਿਖੇ ਜ਼ਿਲ੍ਹਾ ਡਰੱਗ ਕੰਟਰੋਲ ਅਫਸਰ ਹਰਪ੍ਰੀਤ ਸਿੰਘ ਵੱਲੋਂ ਪੱਟੀ ਦੇ ਸਮੂਹ ਕੈਮਿਸਟਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਦੌਰਾਨ ਪੱਟੀ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਗੁਰਵਿੰਦਰ ਸਿੰਘ ਰਾਹੀ (ਹੈਪੀ) ਦੀ ਅਗਵਾਈ ਹੇਠ ਪੱਟੀ ਸ਼ਹਿਰ ਦੇ ਵੱਡੀ ਗਿਣਤੀ ਵਿੱਚ ਕੈਮਿਸਟ ਸ਼ਾਮਲ ਹੋਏ।ਇਸ ਮੌਕੇ ਡਰੱਗ ਕੰਟਰੋਲ ਅਫਸਰ ਹਰਪ੍ਰੀਤ ਸਿੰਘ ਨੇ ਸਖਤ ਹਦਾਇਤਾਂ ਕੀਤੀਆਂ ਕਿ ਪ੍ਰੇਗਾਬਾਲਿਨ, ਗੈਬਾਪੇਂਟਿਨ, ਸਪਾਸ ਦੀ ਹਰੀ ਗੋਲੀ ਤੇ ਐਨਾਫੋਰਟਨ ਬੰਦ ਕਰਕੇ ਇੱਕ ਦਿਨ ਐਤਵਾਰ ਨੂੰ ਡਿਸਪੋਜ਼ ਔਫ ਕੀਤਾ ਜਾਵੇ ਨਹੀਂ ਤਾਂ ਸੋਮਵਾਰ ਤੋਂ ਸਖਤ ਕਾਰਵਾਈ ਸ਼ੁਰੂ ਹੋਵੇਗੀ ਅਤੇ ਜਿਸ ਕੈਮਿਸਟ ਕੋਲੋਂ ਇਹ ਕੁੱਝ ਦਵਾਈ ਮਿਲਦੀ ਹੈ ਤਾਂ ਉਸ ਖਿਲਾਫ਼ ਸਖਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਨੇ ਕਿਹਾ ਕਿ ਸਾਰੇ ਕੈਮਿਸਟਾਂ ਵਾਲੇ ਵਿਅਕਤੀ ਇਨਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰੋ।ਇਸ ਮੌਕੇ ਉਨ੍ਹਾਂ ਨੇ ਇਹ ਵੀ ਹਦਾਇਤ ਜਾਰੀ ਕੀਤੀ ਕਿ ਕੋਈ ਵੀ ਕੈਮਿਸਟ ਡਾਕਟਰ ਦੀ ਪਰਚੀ ਤੋਂ ਬਿਨਾਂ ਦਵਾਈ ਨਾ ਦੇਣ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਹੋਈਆਂ ਹਦਾਇਤਾਂ ਨੂੰ ਧਿਆਨ ਵਿੱਚ ਰੱਖਦੇ ਹੋਇਆਂ ਕਾਨੂੰਨ ਦੀ ਪਾਲਣਾ ਕੀਤੀ ਜਾਵੇ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਦਵਾਈਆਂ ਦੀ ਸੇਲ ਪਰਚੇਜ਼ ਦਾ ਰਿਕਾਰਡ ਵੀ ਮੁਕੰਮਲ ਕੀਤਾ ਜਾਵੇ ਤਾਂ ਜੋ ਕਿਸੇ ਵੀ ਕੈਮਿਸਟ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਉਨ੍ਹਾਂ ਨੇ ਦਵਾਈ ਵਿਕਰੇਤਾਵਾਂ ਨੂੰ ਚਿਤਾਵਨੀ ਵੀ ਦਿੱਤੀ ਕਿ ਜੇਕਰ ਕੋਈ ਪਾਬੰਦੀਸ਼ੁਦਾ ਦਵਾਈ ਵੇਚਦਾ ਜਾਂ ਗੈਰ ਕਾਨੂੰਨੀ ਕੰਮ ਕਰਦਾ ਕਾਬੂ ਆ ਗਿਆ ਤਾਂ ਉਸ ਖਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਮੀਟਿੰਗ ਦੌਰਾਨ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਗੁਰਵਿੰਦਰ ਸਿੰਘ ਰਾਹੀ (ਹੈਪੀ) ਅਤੇ ਜਰਨਲ ਸਕੱਤਰ ਦਿਨੇਸ਼ ਪਾਠਕ ਉਰਫ ਸੰਨੀ ਪਾਠਕ ਨੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਜੋ ਵੀ ਉਨ੍ਹਾਂ ਵੱਲੋਂ ਹਦਾਇਤਾਂ ਦਿੱਤੀਆਂ ਗਈਆਂ ਹਨ ਉਸਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ ਤੇ ਕੋਈ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਭਾ ਸਿੰਘ ਸਾਬਕਾ ਪ੍ਰਧਾਨ, ਕਸ਼ਮੀਰ ਸਿੰਘ ਗਾਂਧੀ, ਜਸਪਾਲ ਸਿੰਘ, ਪਰਮਿੰਦਰ ਸਿੰਘ, ਵਰਿੰਦਰ ਕੁਮਾਰ, ਬਲਜੀਤ ਸਿੰਘ, ਅਰਜਿੰਦਰ ਸਿੰਘ, ਪਰਮਜੀਤ ਸਿੰਘ, ਰਾਜਨ ਸਿੰਘ ਆਦਿ ਕੈਮਿਸਟ ਹਾਜ਼ਰ ਸਨ।



3-Feb-PAGE-4.qxd 2/2/2025 10:00 PM Page 1

ਨਵਾਂ ਜ਼ਮਾਨਾ
ਸੋਮਵਾਰ, 3 ਫ਼ਰਵਰੀ 2025

# ਬਜਟ 'ਚ ਸੋਸ਼ਲ ਸੈਕਟਰ ਨਜ਼ਰਅੰਦਾਜ਼

ਇਨਕਮ ਟੈਕਸ ਛੋਟ ਦੀ ਹੱਦ 12 ਲੱਖ ਦੀ ਸਾਲਾਨਾ ਆਮਦਨ ਤੱਕ ਵਧਾਉਣ ਦੇ ਐਲਾਨ ਨੂੰ ਸੱਤਾਧਾਰੀ ਇਨਕਲਾਬੀ ਫੈਸਲਾ ਦੱਸ ਕੇ ਧੁਮਾ ਰਹੇ ਹਨ, ਪਰ ਉਸ ਵੱਡੀ ਆਬਾਦੀ ਨੂੰ ਕੀ ਦਿੱਤਾ ਗਿਆ ਹੈ, ਜਿਹੜੀ ਸਮਾਜੀ ਖੇਤਰ (ਸੋਸ਼ਲ ਸੈਕਟਰ) 'ਤੇ ਨਿਰਭਰ ਹੈ। ਸੋਸ਼ਲ ਸੈਕਟਰ 'ਤੇ ਹੀ ਗਰੀਬ, ਹੇਠਲੇ ਅਤੇ ਹੇਠਲੇ-ਦਰਮਿਆਨੇ ਤਬਕੇ ਦਾ ਭਵਿੱਖ ਨਿਰਭਰ ਕਰਦਾ ਹੈ। ਸਰਕਾਰ ਵੀ ਇਸ ਸੋਸ਼ਲ ਸੈਕਟਰ ਰਾਹੀਂ ਸਿੱਖਿਆ, ਸਿਹਤ ਸੇਵਾ, ਰੁਜ਼ਗਾਰ, ਆਰਥਕ ਸਰਗਰਮੀਆਂ ਵਿੱਚ ਮਹਿਲਾਵਾਂ ਦੀ ਭਾਗੀਦਾਰੀ ਅਤੇ ਕਿਸਾਨਾਂ ਦੀ ਭਲਾਈ ਕਰ ਪਾਉਂਦੀ ਹੈ, ਪਰ ਇਸ ਬਜਟ ਵਿੱਚ ਕੀ ਮੋਦੀ ਸਰਕਾਰ ਨੇ ਸੋਸ਼ਲ ਸੈਕਟਰ ਦੀ ਮੱਦ ਵਿੱਚ ਵਾਧਾ ਕੀਤਾ ਹੈ? ਵਿੱਤੀ ਸਾਲ 2023-24 ਦੇ ਅੰਕੜਿਆਂ ਮੁਤਾਬਕ ਇਨਕਮ ਟੈਕਸ ਭਰਨ ਵਾਲਿਆਂ ਦੀ ਗਿਣਤੀ ਕਰੀਬ 7 ਕਰੋੜ ਸੀ। 140 ਕਰੋੜ ਦੀ ਆਬਾਦੀ ਵਿੱਚ ਸੋਸ਼ਲ ਸੈਕਟਰ 'ਤੇ ਨਿਰਭਰ ਲੋਕਾਂ ਦੀ ਗਿਣਤੀ ਬਾਰੇ ਅੰਦਾਜ਼ਾ ਲਾਉਣਾ ਜ਼ਿਆਦਾ ਮੁਸ਼ਕਲ ਨਹੀਂ ਹੋਣਾ ਚਾਹੀਦਾ।

ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਸ਼ਨੀਵਾਰ ਸੰਸਦ 'ਚ 2025-26 ਦਾ ਬਜਟ ਪੇਸ਼ ਕਰਦਿਆਂ ਆਪਣੇ ਭਾਸ਼ਣ 'ਚ 'ਵਿਕਸਤ ਭਾਰਤ' ਦੇ ਛੇ ਸਿਧਾਂਤ ਗਿਣਾਏ। ਇਨ੍ਹਾਂ ਵਿੱਚ ਗਰੀਬੀ ਪੂਰੀ ਤਰ੍ਹਾਂ ਖਤਮ ਕਰਨਾ, ਕੁਆਲਿਟੀ ਵਾਲੀ ਸਿੱਖਿਆ, ਵਿਆਪਕ ਸਿਹਤ ਸੇਵਾ, ਸਾਰਥਕ ਰੁਜ਼ਗਾਰ, ਆਰਥਕ ਸਰਗਰਮੀਆਂ ਵਿੱਚ ਮਹਿਲਾਵਾਂ ਨੂੰ ਸ਼ਾਮਲ ਕਰਨਾ ਤੇ ਕਿਸਾਨਾਂ ਦੀ ਭਲਾਈ ਸ਼ਾਮਲ ਹਨ, ਪਰ ਅਜਿਹਾ ਕਰਨ ਲਈ ਜਿਨ੍ਹਾਂ ਸੈਕਟਰਾਂ ਲਈ ਕਾਫੀ ਧਨ ਦੀ ਲੋੜ ਸੀ, ਕੀ ਉਨ੍ਹਾਂ ਲਈ ਰੱਖਿਆ ਗਿਆ? ਇਸ ਹਿੱਸੇ 'ਚ ਖੇਤੀਬਾੜੀ ਸਭ ਤੋਂ ਵੱਧ ਅਹਿਮ ਹੈ। ਖੇਤੀ ਨੂੰ ਵਿਕਾਸ ਦਾ ਇੰਜਣ ਮੰਨਿਆ ਜਾਂਦਾ ਹੈ। ਬਜਟ ਵਿੱਚ ਖੇਤੀ ਤੇ ਕਿਸਾਨ ਭਲਾਈ ਮੰਤਰਾਲੇ ਲਈ 1.27 ਲੱਖ ਕਰੋੜ ਦੀ ਵਿਵਸਥਾ ਕੀਤੀ ਗਈ ਹੈ। 2024-25 ਦੇ ਚਾਲੂ ਵਿੱਤੀ ਸਾਲ 'ਚ ਇਹ 1.22 ਲੱਖ ਕਰੋੜ ਸੀ ਤੇ ਸੋਧਿਆ ਅਨੁਮਾਨ 1.31 ਕਰੋੜ ਦਾ ਲਾਇਆ ਗਿਆ ਸੀ। ਸਾਫ ਹੈ ਕਿ ਖੇਤੀ ਤੇ ਕਿਸਾਨਾਂ ਲਈ ਨਵੇਂ ਬਜਟ ਵਿੱਚ ਪਿਛਲੇ ਸੋਧੇ ਅਨੁਮਾਨ ਨਾਲੋਂ ਘੱਟ ਪੈਸੇ ਰੱਖੇ ਗਏ ਹਨ। ਤੇਲ ਬੀਜਾਂ ਲਈ ਕੌਮੀ ਮਿਸ਼ਨ ਦਾ ਬਜਟ ਦੇ ਅੰਕੜਿਆਂ ਵਿੱਚ ਜ਼ਿਕਰ ਹੀ ਨਹੀਂ ਕੀਤਾ ਗਿਆ ਅਤੇ ਦਾਲਾਂ ਦੇ ਮਿਸ਼ਨ ਲਈ ਸਿਰਫ ਇੱਕ ਹਜ਼ਾਰ ਕਰੋੜ ਰੱਖੇ ਗਏ ਹਨ। ਖਾਦ ਸਬਸਿਡੀ ਪਿਛਲੇ ਸਾਲ ਦੇ 2 ਲੱਖ ਕਰੋੜ ਰੁਪਏ ਦੀ ਹੀ ਦਿੱਤੀ ਜਾਵੇਗੀ। ਮਨਰੇਗਾ ਦਾ ਬਜਟ ਵੀ ਨਹੀਂ ਵਧਾਇਆ ਗਿਆ, ਜਦਕਿ ਪੇਂਡੂ ਖੇਤਰ ਵਿੱਚ ਇਹ ਰੁਜ਼ਗਾਰ ਦੀ ਇੱਕ ਅਹਿਮ ਯੋਜਨਾ ਸਾਬਤ ਹੋਈ ਹੈ। ਇਸ ਯੋਜਨਾ ਤਹਿਤ ਮਜ਼ਦੂਰੀ 'ਚ ਵਾਧੇ ਦੀ ਮੰਗ ਦੇ ਬਾਵਜੂਦ ਇਸ ਨੂੰ 86 ਹਜ਼ਾਰ ਕਰੋੜ ਤੱਕ ਹੀ ਸਥਿਰ ਰੱਖਿਆ ਗਿਆ ਹੈ। ਆਂਗਨਵਾੜੀ ਤੇ ਪੋਸ਼ਣ ਲਈ 2024-25 ਵਿੱਚ 21200 ਕਰੋੜ ਰੱਖੇ ਗਏ ਸਨ ਤੇ 2025-26 ਵਿੱਚ ਵਧਾ ਕੇ ਸਿਰਫ 21960 ਕਰੋੜ ਰੁਪਏ ਕੀਤੇ ਗਏ ਹਨ। ਮਿਡ-ਡੇ ਮੀਲ ਦੀ ਲਾਗਤ ਵਿੱਚ ਕਾਫੀ ਵਾਧਾ ਹੋਇਆ ਹੈ, ਜਿਸ ਕਰਕੇ ਨਵੀਂ ਬਜਟ ਤਜਵੀਜ਼ ਕੋਈ ਰਾਹਤ ਦੇਣ ਵਾਲੀ ਨਹੀਂ। ਜੇ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੇ ਭੱਤਿਆਂ ਵਿੱਚ ਵਾਧਾ ਕੀਤਾ ਜਾਂਦਾ ਹੈ ਤਾਂ ਹੋਰ ਪੈਸੇ ਦੀ ਲੋੜ ਹੋਵੇਗੀ।

ਸੋਸ਼ਲ ਸੈਕਟਰ ਲਈ ਉਪਰੋਕਤ ਘੱਟ ਬਜਟ ਤਜਵੀਜ਼ਾਂ ਦੇ ਮੱਦੇਨਜ਼ਰ ਕੀ ਇਹ ਮੰਨਿਆ ਜਾ ਸਕਦਾ ਹੈ ਕਿ ਇਨਕਮ ਟੈਕਸ ਛੋਟ ਦੀ ਹੱਦ ਵਧਾਉਣ ਨਾਲ ਸਭ ਕੁਝ ਠੀਕ ਹੋ ਜਾਵੇਗਾ? ਅਰਥ ਵਿਵਸਥਾ ਮੰਗ ਤੇ ਖਪਤ ਨਾਲ ਚਲਦੀ ਹੈ। ਜੇ ਅਰਥ ਵਿਵਸਥਾ 'ਚ ਮੰਗ ਹੀ ਨਹੀਂ ਹੋਵੇਗੀ ਤਾਂ ਇਸ ਨਾਲ ਖਪਤ ਕਿਵੇਂ ਵਧੇਗੀ? 140 ਕਰੋੜ ਦੀ ਆਬਾਦੀ ਵਿੱਚ ਇਨਕਮ ਟੈਕਸ ਭਰਨ ਵਾਲੇ ਸਿਰਫ ਸੱਤ ਕਰੋੜ ਲੋਕਾਂ ਨੂੰ ਮਾਮੂਲੀ ਰਾਹਤ ਦੇਣ ਨਾਲ ਮੰਗ ਤੇ ਖਪਤ ਵਧ ਜਾਵੇਗੀ? ਵੱਡੇ ਹਿੱਸੇ ਦੇ ਹੱਥ 'ਚ ਜਦੋਂ ਪੈਸੇ ਨਹੀਂ ਆਉਣਗੇ ਤਾਂ ਮੰਗ ਤੇ ਖਪਤ ਦਾ ਚੱਕਾ ਕਿਵੇਂ ਘੁੰਮੇਗਾ? ਬਜਟ ਵਿੱਚ ਵੱਡੇ ਪੈਮਾਨੇ 'ਤੇ ਰੁਜ਼ਗਾਰ ਦੀ ਵਿਵਸਥਾ ਨਹੀਂ ਕੀਤੀ ਗਈ। ਆਮ ਲੋਕਾਂ ਦੀ ਆਮਦਨ ਵਧਾਉਣ ਦੇ ਉਪਾਅ ਨਹੀਂ ਕੀਤੇ ਗਏ। ਅਜਿਹੇ ਉਪਾਅ ਨਹੀਂ ਕੀਤੇ ਗਏ ਕਿ ਲੋਕ ਕੁਝ ਪੈਸੇ ਬਚਾਅ ਸਕਣ।

# ਕੌਤਕੀ ਟਰੰਪ : ਦੁਨੀਆ ਲਈ ਖ਼ਤਰਾ


ਗੁਰਮੀਤ ਸਿੰਘ ਪਲਾਹੀ

ਅਮਰੀਕਾ ਵਿੱਚ ਟਰੰਪ ਯੁੱਗ ਦੀ ਸ਼ੁਰੂਆਤ ਹੋ ਗਈ ਹੈ।ਅਮਰੀਕਾ ਵਿੱਚ ਰਾਸ਼ਟਰਪਤੀ ਬਣਨ ਦੇ ਨਾਲ ਹੀ ਟਰੰਪ ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ। ਮੀਡੀਆ ਰਿਪੋਰਟਾਂ ਅਨੁਸਾਰ ਇਹ ਦਾਅਵਾ ਕੀਤਾ ਗਿਆ ਹੈ ਕਿ ਟਰੰਪ ਨੇ ਪਹਿਲੇ ਹੀ ਦਿਨ ਵੀਹ ਝੂਠ ਬੋਲੇ ਹਨ ਜਾਂ ਵੀਹ ਝੂਠੇ ਵਾਅਦੇ ਕੀਤੇ ਹਨ।

ਇੱਥੇ ਇਹ ਦੱਸਣਾ ਬਣਦਾ ਹੈ ਕਿ ਆਪਣੇ ਪਹਿਲੇ ਕਾਰਜ ਕਾਲ ਦੌਰਾਨ ਡੋਨਾਲਡ ਟਰੰਪ ਨੇ 30573 ਝੂਠ ਬੋਲੇ ਸਨ, ਅਰਥਾਤ ਉਹਨਾਂ ਵੱਲੋਂ ਰੋਜ਼ਾਨਾ ਔਸਤਨ 21 ਝੂਠ ਬੋਲੇ ਗਏ ਸਨ। ਟਰੰਪ ਨੇ ਦੂਜੇ ਕਾਰਜਕਾਲ ਦੇ ਪਹਿਲੇ ਦਿਨ ਹੀ ਵਾਅਦਿਆਂ, ਦਾਅਵਿਆਂ ਦੀ ਝੜੀ ਲਗਾ ਦਿੱਤੀ। ਉਹਨਾਂ ਕਿਹਾ ਕਿ ਸਾਬਕਾ ਰਾਸ਼ਟਰਪਤੀ ਨੇ 33 ਹਤਿਆਰਿਆਂ ਦੀ ਸਜ਼ਾ ਮੁਆਫ਼ ਕੀਤੀ, ਸਾਲ 2020 ਦੀਆਂ ਚੋਣਾਂ 'ਚ ਧਾਂਦਲੀ ਹੋਈ, ਬਾਇਡਨ ਦੇ ਰਾਜ 'ਚ ਰਿਕਾਰਡ ਤੋੜ ਮਹਿੰਗਾਈ ਹੋਈ, ਚੀਨ ਨੇ ਬਾਇਡਨ ਰਾਜ ਵੇਲੇ ਪਨਾਮਾ ਨਹਿਰ 'ਤੇ ਕਬਜ਼ਾ ਕੀਤਾ, ਬਾਇਡਨ ਨੇ ਖ਼ਤਰਨਾਕ ਅਪਰਾਧੀਆਂ ਨੂੰ ਸ਼ਰਨ ਦਿੱਤੀ ਆਦਿ-ਆਦਿ, ਪਰ ਇਹ ਸਾਰੇ ਦਾਅਵੇ ਮੀਡੀਆ ਨੇ ਝੁਠਲਾ ਦਿੱਤੇ।

ਮੁਢਲੇ ਤੌਰ 'ਤੇ ਦੁਨੀਆ ਭਰ ਵਿੱਚ ਅਮਰੀਕਾ ਨੂੰ ਥਾਣੇਦਾਰ ਦਾ ਦਰਜਾ ਮਿਲਿਆ ਹੋਇਆ ਹੈ।ਟਰੰਪ ਦੇ ਮੁੜ ਸੱਤਾ 'ਚ ਆਉਣ ਨਾਲ਼ ਇੱਕ ਸਖ਼ਤ ਠਾਣੇਦਾਰ ਅਮਰੀਕਾ ਨੂੰ ਮਿਲਿਆ ਹੈ, ਜੋ ਡੰਡੇ ਦੇ ਜ਼ੋਰ ਨਾਲ ਸਾਰੀ ਦੁਨੀਆ ਨੂੰ ਡਰਾ ਕੇ ਰੱਖਣ ਦਾ ਹਾਮੀ ਹੈ।ਉਸ ਦੇ ਪਿੱਛੇ ਸੈਲੀਕੋਨ ਵੈਲੀ ਦੇ ਵੱਡੇ ਦਿੱਗਜ਼ਾਂ ਦੀ ਟੇਕ ਹੈ। ਅਮਰੀਕੀ ਅਰਬਪਤੀ, ਖਰਬਪਤੀ ਸੁੰਦਰ ਪਿਚਾਈ, ਜ਼ਕਰਬਰਗ, ਜੈਫ਼ ਬੇਜੋਸ ਅਤੇ ਵੱਡੇ ਅਮੀਰ ਕਾਰਪੋਰੇਟ ਘਰਾਣੇ ਉਸ ਦੀ ਪਿੱਠ 'ਤੇ ਖੜ੍ਹੇ ਹਨ।

ਗੱਦੀ ਸੰਭਾਲਦਿਆਂ ਹੀ ਉਸ ਨੇ ਬ੍ਰਿਕਸ ਦੇਸ਼ਾਂ ਨੂੰ ਧਮਕਾਇਆ। ਕਿਊਬਾ ਨੂੰ ਬਲੈਕ ਲਿਸਟ ਵਿੱਚ ਪਾ ਦਿੱਤਾ। ਵਿਸ਼ਵ ਸਿਹਤ ਸੰਗਠਨ ਤੇ ਪੈਰਿਸ ਜਲਵਾਯੂ ਸਮਝੌਤੇ 'ਚੋਂ ਵੀ ਨਿਕਲਣ ਦਾ ਉਸ ਨੇ ਐਲਾਨ ਕਰ ਦਿੱਤਾ। ਬ੍ਰਿਕਸ ਦੇਸ਼ ਜਿਸ ਵਿੱਚ ਭਾਰਤ ਸਮੇਤ 10 ਦੇਸ਼ਾਂ ਦੀ ਸ਼ਮੂਲੀਅਤ ਹੈ, ਨੂੰ ਉਹਨਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਉਹਨਾਂ ਨੇ ਅਮਰੀਕੀ ਡਾਲਰ ਨੂੰ ਬਦਲਣ ਲਈ ਕੋਈ ਚਾਰਾਜੋਈ ਕੀਤੀ ਤਾਂ ਉਹ ਉਹਨਾਂ 'ਤੇ 100 ਫ਼ੀਸਦੀ ਟੈਕਸ ਲਗਾਉਣਗੇ। ਸਹੁੰ ਚੁੱਕਣ ਦੇ ਛੇ ਘੰਟਿਆਂ ਅੰਦਰ ਹੀ ਬਾਇਡਨ ਸਰਕਾਰ ਦੇ 78 ਫ਼ੈਸਲਿਆਂ ਨੂੰ ਉਹਨਾਂ ਪਲਟ ਦਿੱਤਾ, ਜਿਸ ਵਿੱਚ ਗ਼ੈਰ-ਕਾਨੂੰਨੀ ਪਰਵਾਸੀਆਂ ਨੂੰ ਬਾਹਰ ਕੱਢਣ, ਬੱਚਿਆਂ ਦੀ ਨਾਗਰਿਕਤਾ ਖ਼ਤਮ ਕਰਨ ਜਿਹੇ ਅਤਿ ਮਹੱਤਵਪੂਰਨ ਫ਼ੈਸਲੇ ਸ਼ਾਮਲ ਹਨ। ਟਰੰਪ ਨੇ ਉਹਨਾਂ ਮਾਪਿਆਂ ਦੇ ਬੱਚਿਆਂ ਨੂੰ ਜਨਮ ਜਾਤ ਨਾਗਰਿਕਤਾ ਦੇਣ ਤੋਂ ਇਨਕਾਰ ਕਰਨ ਦਾ ਤਤਕਾਲੀ ਹੁਕਮ ਦਿੱਤਾ, ਜਿਹੜੇ ਗ਼ੈਰ-ਕਾਨੂੰਨੀ ਤੌਰ 'ਤੇ ਅਮਰੀਕਾ ਵਿੱਚ ਰਹਿ ਰਹੇ ਹਨ ਜਾਂ ਆਰਜ਼ੀ ਵੀਜ਼ੇ 'ਤੇ ਰਹਿ ਰਹੇ ਹਨ।

ਟਰੰਪ ਦੇਸ਼ ਅਮਰੀਕਾ ਵਿੱਚ ਪੁਰਾਤਨ ਯੁੱਗ ਲਿਆਉਣ ਦਾ ਹਾਮੀ ਹੈ। ਡੋਨਾਲਡ ਟਰੰਪ ਨੇ ਸਹੁੰ ਚੁੱਕ ਸਮਾਰੋਹ ਤੋਂ ਬਾਅਦ ਕਈ ਐਕਸ਼ਨ ਕੀਤੇ, ਪਰ ਸਭ ਤੋਂ ਵੱਧ ਚਰਚਾ ਅਮੀਰਜ਼ਾਦੇ ਐਲਨ ਮਸਕ ਦੇ ਸਲੂਟ ਦੀ ਹੋ ਰਹੀ ਹੈ।ਅਮਰੀਕੀ ਮੀਡੀਏ ਤੇ ਸੋਸ਼ਲ ਮੀਡੀਏ ਵੱਲੋਂ ਇਸ ਸਲੂਟ ਦੀ ਤੁਲਨਾ ਹਿਟਲਰ ਦੇ ਨਾਜ਼ੀ ਸਲੂਟ ਨਾਲ ਕੀਤੀ ਜਾ ਰਹੀ ਹੈ। ਹਿਟਲਰ ਨੇ ਇਸ ਸਲੂਟ ਦਾ ਇਸਤੇਮਾਲ 1933 ਤੋਂ 1945 ਤੱਕ ਤੀਜੇ ਰਾਈਖ (ਤੀਜਾ ਜਰਮਨ ਸਾਮਰਾਜ) ਦੌਰਾਨ ਕੀਤਾ ਸੀ। ਜਾਪਦਾ ਹੈ ਟਰੰਪ ਹਿਟਲਰੀ ਸੋਚ ਦਾ ਮੁਦੱਈ ਹੈ। ਉਸ ਅਨੁਸਾਰ ਅਮਰੀਕਾ ਵਿੱਚ ਸਿਰਫ਼ ਅਮਰੀਕੀਆਂ ਨੂੰ ਹੀ ਵਸਣ ਦਾ ਅਧਿਕਾਰ ਹੈ।ਉਹ ਪਰਵਾਸੀਆਂ ਖ਼ਾਸ ਕਰਕੇ ਨਜਾਇਜ਼ ਤੌਰ 'ਤੇ ਅਮਰੀਕਾ ਪੁੱਜੇ ਪਰਵਾਸੀਆਂ ਨੂੰ ਦੇਸ਼ ਵਿੱਚੋਂ ਬਾਹਰ ਕੱਢਣ ਲਈ ਤਤਪਰ ਦਿਸਦਾ ਹੈ। ਟਰੰਪ ਨੇ ਇੱਕ ਹੁਕਮ ਜਾਰੀ ਕਰਕੇ 30,000 ਗ਼ੈਰ-ਕਾਨੂੰਨੀ ਪ੍ਰਵਾਸੀਆਂ ਨੂੰ ਫੜ ਕੇ ਬਦਨਾਮ ਗਵਾਂਤਾਨਾਮੋ ਬੇ ਜੇਲ੍ਹ (ਕਿਊਬਾ) ਵਿੱਚ ਡੱਕਣ ਲਈ ਤਿਆਰੀਆਂ ਕਰਨ ਦਾ ਹੁਕਮ ਕੀਤਾ ਹੈ। ਇਸ ਜੇਲ੍ਹ ਵਿੱਚ 30,000 ਕੈਦੀਆਂ ਨੂੰ ਡੱਕਣ ਲਈ ਤੁਰੰਤ ਮੰਜੇ-ਬਿਸਤਰੇ ਤਿਆਰ ਕਰ ਦਿੱਤੇ ਗਏ ਹਨ। ਇਸ ਜੇਲ੍ਹ ਵਿੱਚ ਆਮ ਤੌਰ 'ਤੇ ਅਤਿ ਖ਼ਤਰਨਾਕ ਅੱਤਵਾਦੀਆਂ, ਅਪਰਾਧੀਆਂ ਨੂੰ ਅਤਿਅੰਤ ਸੁਰੱਖਿਆ ਪ੍ਰਬੰਧਾਂ ਹੇਠ ਰੱਖਿਆ ਜਾਂਦਾ ਹੈ। ਇੱਥੇ ਕੈਦੀਆਂ ਨੂੰ ਬਹੁਤ ਤਸੀਹੇ ਦਿੱਤੇ ਜਾਂਦੇ ਹਨ। ਕੈਦੀਆਂ ਨੂੰ ਬਿਨਾਂ ਮੁਕੱਦਮੇ ਅਣਮਿੱਥੇ ਸਮੇਂ ਲਈ ਰੱਖਿਆ ਜਾਂਦਾ ਹੈ। ਪਿਛਲੇ 20 ਸਾਲਾਂ 'ਚ ਇਥੇ ਘੱਟੋ-ਘੱਟ 9 ਕੈਦੀਆਂ ਦੀ ਮੌਤ ਹੋਈ ਅਤੇ 7 ਨੇ ਆਤਮ-ਹੱਤਿਆ ਕੀਤੀ। ਕੈਦੀਆਂ ਨੂੰ ਕਠਿਨ ਤਸੀਹੇ ਦੇਣ ਦੀ ਵਜ੍ਹਾ ਕਾਰਨ ਮਨੁੱਖੀ ਅਧਿਕਾਰ ਸੰਗਠਨਾਂ ਵੱਲੋਂ ਇਸ ਜੇਲ੍ਹ ਨੂੰ ਵਿਰੋਧ ਝੱਲਣਾ ਪਿਆ। ਇਸ ਸਮੇਂ ਇਸ ਜੇਲ੍ਹ 'ਚ ਸਿਰਫ਼ 15 ਕੈਦੀ ਹਨ। ਸਾਲ 2020 ਤੋਂ 2023 ਤੱਕ ਇੱਥੇ ਸਿਰਫ਼ 37 ਗ਼ੈਰ-ਕਾਨੂੰਨੀ ਪ੍ਰਵਾਸੀਆਂ ਨੂੰ ਰੱਖਿਆ ਗਿਆ। ਰਾਸ਼ਟਰਪਤੀ ਬਰਾਕ ਓਬਾਮਾ ਅਤੇ ਜੋਅ ਬਾਇਡਨ ਇਸ ਜੇਲ੍ਹ ਨੂੰ ਬੰਦ ਕਰਨ ਲਈ ਯਤਨ ਕਰ ਚੁੱਕੇ ਹਨ, ਪਰ ਅਮਰੀਕੀ ਕਾਂਗਰਸ ਦੇ ਵਿਰੋਧ ਕਾਰਨ ਬੰਦ ਨਹੀਂ ਕੀਤੀ ਜਾ ਸਕੀ।

ਅਮਰੀਕਾ 'ਚ ਇੱਕ ਸੂਚਨਾ ਅਨੁਸਾਰ ਦੁਨੀਆ ਭਰ ਦੇ 1 ਕਰੋੜ ਦੇ ਕਰੀਬ ਨਜਾਇਜ਼ ਤੌਰ 'ਤੇ ਅਮਰੀਕਾ ਵਸੇ ਪਰਵਾਸੀ (ਟਰੰਪ ਅਨੁਸਾਰ 2 ਕਰੋੜ) ਜਿਹਨਾਂ ਵਿੱਚ 6 ਲੱਖ ਪਰਵਾਸੀ ਭਾਰਤੀ ਵੀ ਸ਼ਾਮਲ ਹਨ, ਜੋ ਮੋਟੀਆਂ ਰਕਮਾਂ ਦੇ ਕੇ ਕੈਨੇਡਾ ਤੋਂ ਜਾਂ ਮੈਕਸੀਕੋ ਰਾਹੀਂ ਅਮਰੀਕਾ ਪੁੱਜੇ ਹਨ। ਜੋ ਟਰੰਪ ਦੇ ਡਰ ਤੋਂ ਸੁਰੱਖਿਅਤ ਟਿਕਾਣਿਆਂ 'ਤੇ ਕੈਲੀਫੋਰਨੀਆ ਬੋਸਟਨ ਆਦਿ ਰਾਜਾਂ 'ਚ ਜਾ ਦੁਬਕੇ ਹਨ, ਜਿੱਥੇ ਬਾਇਡਨ ਤੇ ਕਮਲਾ ਹੈਰਿਸ ਦੀ ਪਾਰਟੀ ਡੈਮੋਕਰੇਟਿਕ ਦਾ ਰਾਜ ਹੈ।ਟਰੰਪ ਨੇ ਮੈਕਸੀਕੋ ਬਾਰਡਰ ਬੰਦ ਕਰ ਦਿੱਤਾ ਹੈ ਅਤੇ ਨਜਾਇਜ਼ ਪਰਵਾਸੀਆਂ ਦੇ ਲਾਂਘੇ ਨੂੰ ਸਖ਼ਤੀ ਨਾਲ ਰੋਕ ਦਿੱਤਾ ਹੈ। ਅਮਰੀਕੀ ਬਾਰਡਰ ਇਮੀਗ੍ਰੇਸ਼ਨ ਅਨੁਸਾਰ ਕੈਨੇਡਾ ਬਾਰਡਰ ਤੋਂ 2.75 ਲੱਖ, ਮੈਕਸੀਕੋ ਬਾਰਡਰ ਤੋਂ 2.25 ਲੱਖ ਅਤੇ ਹੋਰ ਬਾਰਡਰਾਂ ਰਾਹੀਂ ਦੋ 2.25 ਲੱਖ ਭਾਰਤੀ ਅਮਰੀਕਾ ਪੁੱਜੇ ਹੋਏ ਹਨ। ਟਰੰਪ ਪ੍ਰਸ਼ਾਸਨ ਨੇ ਤੁਰੰਤ 18000 ਗ਼ੈਰ ਕਾਨੂੰਨੀ ਪਰਵਾਸੀਆਂ ਨੂੰ ਭਾਰਤ ਭੇਜਣ ਦਾ ਫ਼ੈਸਲਾ ਲੈ ਲਿਆ ਹੈ। ਰਾਸ਼ਟਰਪਤੀ ਟਰੰਪ ਨੇ ਲੇਕਨ ਰਿਲੇਅ ਐਕਟ ਉੱਪਰ ਦਸਤਖ਼ਤ ਕੀਤੇ ਹਨ, ਜਿਹੜਾ ਗ਼ੈਰ-ਕਾਨੂੰਨੀ ਪਰਵਾਸੀਆਂ ਵਿਰੁੱਧ ਕਾਰਵਾਈ ਲਈ ਇਮੀਗ੍ਰੇਸ਼ਨ ਅਫ਼ਸਰਾਂ ਨੂੰ ਬਹੁਤ ਜ਼ਿਆਦਾ ਅਧਿਕਾਰ ਦਿੰਦਾ ਹੈ। ਹੁਣ ਇਸ ਕਾਨੂੰਨ ਤਹਿਤ ਇਮੀਗ੍ਰੇਸ਼ਨ ਅਫ਼ਸਰ ਗ਼ੈਰ-ਕਾਨੂੰਨੀ ਪਰਵਾਸੀ ਨੂੰ ਉਸੇ ਵੇਲੇ ਆਪਣੀ ਹਿਰਾਸਤ ਵਿੱਚ ਲੈ ਸਕਣਗੇ, ਜਦੋਂ ਕਿਸੇ ਅਪਰਾਧ ਤਹਿਤ ਪੁਲਸ ਅਫ਼ਸਰਾਂ ਵੱਲੋਂ ਉਸ ਨੂੰ ਗ੍ਰਿਫ਼ਤਾਰ ਕੀਤਾ ਜਾਵੇਗਾ। ਉਸ ਵਿਰੁੱਧ ਮੁਕੱਦਮੇ ਦੀ ਬਜਾਏ ਉਸ ਨੂੰ ਸਿੱਧਾ ਦੇਸ਼-ਨਿਕਾਲਾ ਦੇ ਦਿੱਤਾ ਜਾਵੇਗਾ।

ਟਰੰਪ ਤਾਕਤ ਦੇ ਗ਼ਰੂਰ ਵਿੱਚ ਏਨਾ ਨਸ਼ਿਆ ਚੁੱਕਾ ਹੈ ਕਿ ਨਿੱਤ-ਦਿਹਾੜੇ ਉਸ ਵੱਲੋਂ ਗ਼ੈਰ-ਕਾਨੂੰਨੀ ਆਦੇਸ਼ ਜਾਰੀ ਹੋ ਰਹੇ ਹਨ, ਜਿਹਨਾਂ ਨੂੰ ਅਮਰੀਕੀ ਅਦਾਲਤਾਂ ਵਿੱਚ ਚੁਣੌਤੀ ਦਿੱਤੀ ਗਈ ਹੈ। ਸਿਆਟਲ (ਕੈਲੇਫੋਰਨੀਆ) ਦੀ ਅਮਰੀਕੀ ਸੰਘੀ ਅਦਾਲਤ ਵੱਲੋਂ ਜਨਮ ਦੇ ਆਧਾਰ 'ਤੇ ਨਾਗਰਿਕਤਾ ਖ਼ਤਮ ਕਰਨ ਦੇ ਟਰੰਪ ਦੇ ਹੁਕਮਾਂ 'ਤੇ ਰੋਕ ਲਗਾ ਦਿੱਤੀ ਗਈ ਹੈ।ਅਦਾਲਤ ਨੇ ਕਿਹਾ ਹੈ ਕਿ ਜਨਮ ਦੇ ਆਧਾਰ 'ਤੇ ਨਾਗਰਿਕਤਾ ਦੇਣ ਤੋਂ ਇਨਕਾਰ ਕਰਨਾ ਗ਼ੈਰ-ਕਾਨੂੰਨੀ ਤੇ ਜ਼ਾਲਮਾਨਾ ਹੈ ਤੇ ਅਮਰੀਕੀ ਕਦਰਾਂ-ਕੀਮਤਾਂ ਦੇ ਉਲਟ ਹੈ। ਇੱਥੇ ਇਹ ਵਰਣਨ ਕਰਨਾ ਜ਼ਰੂਰੀ ਹੈ ਕਿ ਅਮਰੀਕੀ ਸੰਵਿਧਾਨ ਦੀ ਚੌਦਵੀਂ ਸੋਧ ਜਨਮ ਨਾਗਰਿਕਤਾ ਗਰੰਟੀ ਨੂੰ 1868 'ਚ ਸਿਵਲ ਯੁੱਧ ਦੇ ਮੱਦੇਨਜ਼ਰ ਪ੍ਰਵਾਨਗੀ ਦਿੱਤੀ ਗਈ ਸੀ, ਤਾਂ ਜੋ ਗੁਲਾਮ ਕਾਲੇ ਲੋਕ ਵੀ ਨਾਗਰਿਕ ਬਣ ਸਕਣ। ਅਮਰੀਕੀ ਸੈਨਟ 'ਚ ਇੱਕ ਬਿੱਲ ਪੇਸ਼ ਕਰਦੇ ਹੋਏ ਅਮਰੀਕਾ 'ਚ ਜਨਮ ਤੋਂ ਹੀ ਨਾਗਰਿਕਤਾ ਦੇ ਅਧਿਕਾਰ ਨੂੰ ਖ਼ਤਮ ਕਰਨ ਦੀ ਮੰਗ ਕੀਤੀ ਗਈ ਹੈ। ਇਹ ਬਿੱਲ ਸੱਤਾਧਾਰੀ ਰਿਪਬਲਿਕਨ ਪਾਰਟੀ ਦੇ ਤਿੰਨ ਮੈਂਬਰਾਂ ਵੱਲੋਂ ਲਿਆਂਦਾ ਹੈ। ਇੱਥੇ ਇਹ ਵਰਨਣਯੋਗ ਹੈ ਕਿ ਸਾਲ 2023 'ਚ 2-2.5 ਲੱਖ ਬੱਚਿਆਂ ਨੂੰ ਜਨਮ ਅਧਿਕਾਰ ਨਾਗਰਿਕਤਾ ਮਿਲੀ ਸੀ। ਟਰੰਪ ਦਾ ਬਿਆਨ ਵੀ ਚਰਚਾ 'ਚ ਹੈ ਕਿ ਜਨਮ ਜਾਤ ਨਾਗਰਿਕਤਾ ਮੁੱਖ ਤੌਰ 'ਤੇ ਗੁਲਾਮਾਂ ਦੇ ਬੱਚਿਆਂ ਲਈ ਸੀ। ਇਹ ਪੂਰੀ ਦੁਨੀਆ ਦੇ ਲੋਕਾਂ ਦੇ ਅਮਰੀਕਾ ਆਉਣ 'ਤੇ ਭੀੜ ਲਗਾਉਣ ਲਈ ਨਹੀਂ ਹੈ।

ਡੋਨਾਲਡ ਟਰੰਪ ਅਤੇ ਉਸ ਦੇ ਪ੍ਰਸ਼ਾਸਨਿਕ ਅਧਿਕਾਰੀ ਆਪਣੇ ਵੱਲੋਂ ਕੀਤੇ ਸੱਚੇ ਝੂਠੇ ਵਾਅਦਿਆਂ ਦੀ ਪੂਰਤੀ ਲਈ ਇੰਨੇ ਕਾਹਲੇ ਹਨ ਕਿ ਉਹਨਾਂ ਵੱਲੋਂ ਇਮੀਗਰੇਸ਼ਨ ਕਸਟਮ ਫੋਰਸਮੈਂਟ ਅਤੇ ਸਰਹੱਦੀ ਸੁਰੱਖਿਆ ਲਾਗੂ ਕਰਨ ਲਈ ਬਾਇਡਨ ਪ੍ਰਸ਼ਾਸਨ ਵੱਲੋਂ ਦਿੱਤੇ ਦਿਸ਼ਾ-ਨਿਰਦੇਸ਼ਾਂ ਨੂੰ ਰੱਦ ਕਰ ਦਿੱਤਾ, ਜੋ ਅਖੌਤੀ ਸੰਵੇਦਨਸ਼ੀਲ ਖੇਤਰਾਂ ਜਾਂ ਉਹਨਾਂ ਨੇੜੇ ਕਾਨੂੰਨ ਲਾਗੂ ਕਰਨ ਸੰਬੰਧੀ ਕਾਰਵਾਈਆਂ ਨੂੰ ਰੋਕਦੀਆਂ ਹਨ।

ਇਹਨਾਂ ਸੰਵੇਦਨਸ਼ੀਲ ਖੇਤਰਾਂ 'ਚ ਗੁਰਦੁਆਰਾ ਅਤੇ ਚਰਚ ਵਰਗੇ ਪੂਜਾ ਸਥਾਨ ਵੀ ਸ਼ਾਮਲ ਹਨ। ਇਹਨਾਂ ਕਾਰਵਾਈਆਂ ਦੇ ਚਲਦਿਆਂ ਅਮਰੀਕੀ ਏਜੰਸੀਆਂ ਵੱਲੋਂ ਗੁਰਦੁਆਰਿਆਂ ਦੇ ਗੇੜੇ ਮਾਰਨੇ ਸ਼ੁਰੂ ਕਰ ਦਿੱਤੇ ਗਏ ਹਨ।

ਇੱਥੇ ਹੀ ਬਸ ਨਹੀਂ, ਤਾਕਤ ਦਾ ਗ਼ੁਬਾਰ ਟਰੰਪ ਦੇ ਸਿਰ ਵਿੱਚੋਂ ਇਥੋਂ ਤੱਕ ਚੜ੍ਹ ਕੇ ਬੋਲ ਰਿਹਾ ਹੈ ਕਿ ਟਰੰਪ ਦੇ ਇੱਕ ਫ਼ਰਮਾਨ ਨਾਲ਼ 180 ਦੇਸ਼ਾਂ ਨੂੰ 5 ਲੱਖ ਡਾਲਰ ਦੀ ਮਦਦ ਬੰਦ ਕਰ ਦਿੱਤੀ ਗਈ ਹੈ, ਜਿਸ ਵਿੱਚ ਭਾਰਤ ਦੀ 1300 ਕਰੋੜ ਦੀ ਮਦਦ ਥੰਮ੍ਹ ਗਈ ਹੈ। ਇਸ ਨਾਲ ਐੱਚ.ਆਈ.ਵੀ./ਏਡਜ਼ ਦੇ ਖਿਲਾਫ਼ ਜਾਰੀ ਲੜਾਈ ਲਈ ਅਫ਼ਰੀਕੀ ਦੇਸ਼ਾਂ ਨੂੰ ਮਦਦ ਵੀ ਪ੍ਰਭਾਵਿਤ ਹੋਵੇਗੀ। ਇਸ ਯੋਜਨਾ ਤਹਿਤ ਹੁਣ ਤੱਕ 2.6 ਕਰੋੜ ਲੋਕਾਂ ਦੀ ਜਾਨ ਬਚਾਈ ਗਈ।

ਟਰੰਪ ਵੱਲੋਂ ਨਿੱਤ-ਦਿਹਾੜੇ ਕੀਤੇ ਜਾ ਰਹੇ ਐਲਾਨ ਅਤੇ ਵਾਅਦੇ ਦੇਸ਼ ਨੂੰ ਅਰਾਜਕਤਾ ਵੱਲ ਧੱਕਣ ਦਾ ਕਾਰਨ ਬਣਨਗੇ। ਅਮਰੀਕਾ ਵੱਲੋਂ ਵੱਖੋ-ਵੱਖਰੇ ਦੇਸ਼ਾਂ ਨੂੰ ਉਹਨਾਂ ਵੱਲੋਂ ਦਿੱਤੇ ਆਦੇਸ਼ਾਂ ਨੂੰ ਨਾ ਮੰਨਣ ਤੇ ਦਿੱਤੀਆਂ ਵੱਡੀਆਂ ਧਮਕੀਆਂ, ਅਮਰੀਕਾ ਦੇ ਦੋਸਤ ਦੇਸ਼ਾਂ ਨਾਲ਼ ਸੰਬੰਧ ਵਿਗਾੜਨਗੀਆਂ ਅਤੇ ਇਹ ਦੇਸ਼ ਕਿਸੇ ਹੋਰ ਦੇਸ਼ ਨਾਲ਼ ਆਪਣੀ ਸਾਂਝ ਵਧਾਉਣ ਲਈ ਅੱਗੇ ਆਉਣਗੇ। ਭਾਰਤ ਤੇ ਅਮਰੀਕਾ ਦੇ ਸੰਬੰਧ ਸੁਖਾਵੇਂ ਹਨ, ਪਰ ਟਰੰਪ ਵੱਲੋਂ ਮੌਜੂਦਾ ਸਮੇਂ ਭਾਰਤ ਨਾਲ਼ ਭੈੜਾ ਵਿਵਹਾਰ ਦੋਹਾਂ ਦੇਸ਼ਾਂ ਦੇ ਆਪਸੀ ਵਪਾਰ ਅਤੇ ਸੰਬੰਧਾਂ 'ਤੇ ਅਸਰ ਪਾਏਗਾ। ਭਾਰਤ, ਚੀਨ ਅਤੇ ਬ੍ਰਾਜ਼ੀਲ 'ਤੇ 100 ਫ਼ੀਸਦੀ ਟੈਕਸ ਲਗਾਉਣ ਦੀਆਂ ਖ਼ਬਰਾਂ ਵੀ ਹਨ। ਟਰੰਪ ਦੇ ਨਿਸ਼ਾਨੇ 'ਤੇ ਚੀਨ ਅਤੇ ਰੂਸ ਤੋਂ ਵੀ ਪਹਿਲਾਂ ਗੁਆਂਢੀ ਮੁਲਕ ਕੈਨੇਡਾ ਅਤੇ ਮੈਕਸੀਕੋ ਹਨ। ਇਹਨਾਂ ਦੋਵਾਂ ਦੇਸ਼ਾਂ ਨਾਲ ਅਮਰੀਕਾ ਦਾ ਵਪਾਰ ਇੱਕ ਟ੍ਰਿਲੀਅਨ ਡਾਲਰ ਹੈ। ਟਰੰਪ ਦਾ ਕਹਿਣਾ ਹੈ ਕਿ ਇਹ ਦੋਵੇਂ ਮੁਲਕ ਉਸ ਦੀ ਉਦਾਰਤਾ ਦਾ ਲਾਭ ਲੈ ਰਹੇ ਹਨ। ਉਸ ਨੇ ਇਹਨਾਂ ਮੁਲਕਾਂ ਨੂੰ ਧਮਕੀ ਦਿੱਤੀ ਹੈ ਕਿ ਜੇਕਰ ਉਹ ਬਾਜ਼ ਨਾ ਆਏ ਤਾਂ ਅਮਰੀਕਾ ਟੈਕਸ ਟੈਰਿਫ ਵਧਾ ਦੇਵੇਗਾ।

ਡੋਨਾਲਡ ਟਰੰਪ ਸਹੁੰ ਚੁੱਕਣ ਤੋਂ ਬਾਅਦ ਸੈਨਾ ਦੇ ਕਮਾਂਡਰ-ਇਨ-ਚੀਫ਼ ਸਵਾਗਤ ਸਮਾਰੋਹ 'ਚ ਤਲਵਾਰ ਲੈ ਕੇ ਨੱਚਦੇ ਨਜ਼ਰ ਆਏ। ਉਹਨਾਂ ਤਲਵਾਰ ਨਾਲ ਕੇਕ ਕੱਟਿਆ।ਉਹਨਾਂ ਦਾ ਇਹ ਰੂਪ-ਸਰੂਪ ਨਾਜ਼ੀ ਸਰੂਪ ਦਾ ਪ੍ਰਤੀਕ ਜਾਪ ਰਿਹਾ ਹੈ। ਇਹ ਉਹਨਾਂ ਦਾ ਸਵਾਰਥੀ ਸਰੂਪ ਵੀ ਹੈ। ਟਰੰਪ ਅਮਰੀਕਾ ਨੂੰ ਗ੍ਰੇਟ ਬਣਾਉਣ ਦੇ ਚੱਕਰ 'ਚ ਆਪਣਾ ਅਕਸ ਵੱਡਾ ਕਰਨ ਦੀ ਤਾਕ 'ਚ ਹੈ।

ਜਿਵੇਂ ਭਾਰਤੀ ਲੋਕਤੰਤਰ 'ਚ ਨਰੇਂਦਰ ਮੋਦੀ ਭਾਜਪਾ ਆਰ. ਐੱਸ. ਐੱਸ.ਦੀ ਛਤਰ-ਛਾਇਆ 'ਚ ਦੇਸ਼ ਵਿੱਚ ਰਾਜਾਸ਼ਾਹੀ ਲਿਆਉਣ ਦੀ ਤਾਕ ਵਿੱਚ ਹੈ ਅਤੇ ਜਿਵੇਂ ਲੋਕਤੰਤਰ ਦੇ ਪਰਦੇ ਹੇਠ ਵਲਾਦੀਮੀਰ ਪੁਤਿਨ ਨੇ ਰੂਸ 'ਚ ਤਾਨਾਸ਼ਾਹੀ ਹਕੂਮਤ ਕਾਇਮ ਕਰ ਦਿੱਤੀ ਹੈ, ਉਵੇਂ ਹੀ ਰਾਸ਼ਟਰਪਤੀ ਡੋਨਾਲਡ ਟਰੰਪ ਜੋ ਰਾਸ਼ਟਰਵਾਦ ਦਾ ਅਮਰੀਕਾ ਵਿੱਚ ਨਵਾਂ ਅਧਿਆਏ ਲਿਖ ਰਿਹਾ ਹੈ, ਆਪਣੇ ਕੌਤਕੀ ਸੁਭਾਅ ਨਾਲ਼ ਆਪਣਾ ਸ਼ਖਸੀ ਉਭਾਰ ਕਰਕੇ ਦੁਨੀਆ 'ਚ ਇੱਕ ਡਿਕਟੇਟਰ ਵਜੋਂ ਆਪਣਾ ਨਾਂਅ ਪੈਦਾ ਕਰਨ ਦੇ ਯਤਨ 'ਚ ਹੈ। ਇਹ ਲੋਕਤੰਤਰ ਅਮਰੀਕਾ ਲਈ ਹੀ ਘਾਤਕ ਨਹੀਂ ਹੈ, ਸਗੋਂ ਸਮੁੱਚੀ ਦੁਨੀਆ ਲਈ ਖ਼ਤਰੇ ਦੀ ਘੰਟੀ ਹੈ।

# ਸੰਪਰਕ : 98158-02070

# ਹਰ ਕੋਈ ਆਪਣਾ ਫਰਜ਼ ਪਛਾਣੇ

ਗੁਰਬਿੰਦਰ ਸਿੰਘ ਮਾਣਕ

ਕਿਸੇ ਦੇਸ਼ ਦੇ ਨਰੋਏ ਸਮਾਜ ਦੀ ਪਛਾਣ ਇਹ ਹੁੰਦੀ ਹੈ ਕਿ ਉਹ ਆਪਣੇ ਆਲੇ-ਦੁਆਲੇ ਵਿਚ ਵਾਪਰ ਰਹੀਆਂ ਘਟਨਾਵਾਂ ਪ੍ਰਤੀ ਜਾਗਰਿਤ ਹੋਵੇ 'ਤੇ ਆਪਣੀ ਸਾਰਥਿਕ ਰਾਏ ਪ੍ਰਗਟ ਕਰਕੇ ਸਮਾਜ ਵਿਚ ਆਪਣੀ ਜ਼ਿੰਮੇਵਾਰ ਭੂਮਿਕਾ ਨਿਭਾਵੇ, ਪਰ ਸਮਾਜ ਦੇ ਸਮੁੱਚੇ ਵਰਤਾਰੇ ਵੱਲ ਗਹੁ ਨਾਲ ਨਜ਼ਰ ਮਾਰੀਏ ਤਾਂ ਇਹ ਗੱਲ ਅਕਸਰ ਹੀ ਮਹਿਸੂਸ ਹੁੰਦੀ ਹੈ ਕਿ ਸਮਾਜ ਵਿਚ ਜਿਹੜੀ ਵੀ ਘਟਨਾ ਵਾਪਰਦੀ ਹੈ, ਉਸ ਬਾਰੇ ਬਹੁਤ ਘੱਟ ਲੋਕ ਆਪਣਾ ਪ੍ਰਤੀਕਰਮ ਪ੍ਰਗਟ ਕਰਦੇ ਹਨ। ਜ਼ਿੰਦਗੀ ਜਿਊਣ ਦੀਆਂ ਦੁਸ਼ਵਾਰੀਆਂ ਵਿਚ ਉਲਝੇ ਬਹੁਤੇ ਲੋਕ ਤਾਂ ਕਿਸੇ ਵੀ ਵਾਪਰੀ ਘਟਨਾ ਤੋਂ ਇਕ ਤਰ੍ਹਾਂ ਨਿਰਲੇਪ ਹੀ ਰਹਿੰਦੇ ਹਨ। ਕਿਸੇ ਵੀ ਘਟਨਾ ਦੇ ਵਾਪਰਨ ਤੋਂ ਬਾਅਦ ਸਮਾਜ ਦੀ ਬਹੁ-ਗਿਣਤੀ ਦਾ ਵਤੀਰਾ ਤਾਂ 'ਸਾਨੂੰ ਕੀ', 'ਹੋਊ ਪਰੇ','ਜਿਹੜਾ ਕਰੇ ਉਹੀ ਭੁਗਤੇ' ਆਦਿ-ਆਦਿ ਜਿਹਾ ਹੁੰਦਾ ਹੈ। ਹਾਲਾਂਕਿ ਬਹੁਤ ਕੁਝ ਅਜਿਹਾ ਵਾਪਰ ਰਿਹਾ ਹੈ, ਜਿਹੜਾ ਸਮੁੱਚੇ ਸਮਾਜ ਲਈ ਬਹੁਤ ਮਾੜਾ ਹੈ ਤੇ ਇਸ ਵਿਰੁੱਧ ਸਭ ਨੂੰ ਇਕੱਠੇ ਹੋ ਕੇ ਆਵਾਜ਼ ਉਠਾਉਣੀ ਚਾਹੀਦੀ ਹੈ। ਲੋਕ ਇਹ ਨਹੀਂ ਸੋਚਦੇ ਕਿ ਜੇ ਅੱਜ ਕੋਈ ਘਟਨਾ ਕਿਸੇ ਹੋਰ ਨਾਲ ਵਾਪਰੀ ਹੈ ਤਾਂ ਕੱਲ੍ਹ ਮੇਰੇ ਨਾਲ ਵੀ ਵਾਪਰ ਸਕਦੀ ਹੈ। ਬਹੁਤ ਕੁਝ ਸਹਿ ਕੇ ਵੀ ਲੋਕ ਖਾਮੋਸ਼ ਰਹਿਣ ਨੂੰ ਤਰਜੀਹ ਦਿੰਦੇ ਹਨ।

ਸਾਡੇ ਦੇਸ਼ ਵਿਚ ਪੈਸੇ ਤੇ ਸ਼ਕਤੀ ਦੀ ਬਦੌਲਤ ਸੱਚ ਨੂੰ ਝੂਠ ਤੇ ਝੂਠ ਨੂੰ ਸੱਚ ਬਣਾਉਣਾ ਆਮ ਵਰਤਾਰਾ ਹੈ। ਹਕੀਕਤ ਇਹ ਹੈ ਕਿ ਬਹੁਤੇ ਮਾਮਲਿਆਂ ਵਿਚ ਪੈਸੇ ਤੇ ਰਸੂਖ ਦੀ ਬਦੌਲਤ ਸਭ ਕੁਝ ਘੱਟੇ-ਕੌਡੀਆਂ ਰਲ ਜਾਂਦਾ ਹੈ। ਅਦਾਲਤਾਂ ਵਿਚ ਗਵਾਹ ਮੁੱਕਰ ਜਾਂਦੇ ਹਨ। ਇਹ ਕੇਵਲ ਕਹਿਣ ਦੀ ਹੀ ਗੱਲ ਹੈ ਕਿ ਕਾਨੂੰਨ ਦੀ ਨਜ਼ਰ ਵਿਚ ਸਭ ਬਰਾਬਰ ਹਨ, ਵਿਹਾਰਕ ਰੂਪ ਵਿਚ ਕਾਨੂੰਨ ਵੀ ਬੰਦੇ ਦੀ ਹੈਸੀਅਤ ਦੇ ਮੁਤਾਬਿਕ ਹੀ ਚਲਦਾ ਹੈ।

ਅਕਸਰ ਦੇਖਣ ਵਿਚ ਆਇਆ ਹੈ ਕਿ ਕਈ ਵਾਰ ਘਟਨਾ ਸਥਾਨ 'ਤੇ ਹਾਜ਼ਰ ਹੋਣ ਦੇ ਬਾਵਜੂਦ ਸਾਡੀ ਖਾਮੋਸ਼ੀ ਘਟਨਾ ਨੂੰ ਹੋਰ ਦੁਖਦਾਈ ਬਣਾ ਦਿੰਦੀ ਹੈ। ਕਿਸੇ ਲੜਕੀ ਨੂੰ ਦਿਨ-ਦਿਹਾੜੇ ਅਗਵਾ ਕਰਕੇ ਲੈ ਜਾਣਾ ਤੇ ਲੋਕਾਂ ਦਾ ਚੁੱਪ-ਚਾਪ ਦੇਖਦੇ ਰਹਿਣਾ ਆਦਿ ਘਟਨਾਵਾਂ ਪ੍ਰਤੀ ਅਸੀਂ ਆਪਣੀ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੇ। ਕੱਲ੍ਹ ਨੂੰ ਸਾਡੀ ਆਪਣੀ ਧੀ-ਭੈਣ ਵੀ ਇਸ ਤਰ੍ਹਾਂ ਦੇ ਜਬਰ ਦਾ ਸ਼ਿਕਾਰ ਹੋ ਸਕਦੀ ਹੈ। ਇਸੇ ਖਾਮੋਸ਼ੀ ਦੀ ਬਦੌਲਤ ਹੀ ਨਿੱਤ ਦਿਨ ਗੁੰਡਾਗਰਦੀ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਨਿੱਤ ਦਿਨ ਕੁੜੀਆਂ ਨੂੰ ਅਗਵਾ ਕਰਕੇ ਜਬਰ-ਜ਼ਨਾਹ ਹੋ ਰਹੇ ਹਨ। ਤੇਜ਼ਾਬ ਪਾ ਕੇ ਕੁੜੀਆਂ ਦੇ ਚਿਹਰੇ ਕਰੂਪ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਦੇ ਮਨਾਂ ਨੂੰ ਸਦੀਵੀ ਜ਼ਖਮ ਦੇਣ ਦਾ ਕੋਝਾ ਵਰਤਾਰਾ ਭਾਰੂ ਹੈ। ਆਮ ਸਾਧਾਰਨ ਵਿਅਕਤੀ ਤਾਂ ਏਨਾ ਲਾਚਾਰ ਹੈ ਕਿ ਉਸ ਦੇ ਕਹਿਣ 'ਤੇ ਤਾਂ ਪੁਲਸ ਵਾਲੇ ਦੋਸ਼ੀਆਂ ਖਿਲਾਫ ਮੁੱਢਲੀ ਰਿਪੋਰਟ ਵੀ ਦਰਜ ਨਹੀਂ ਕਰਦੇ, ਸਗੋਂ ਉਸ ਨੂੰ ਜ਼ਲੀਲ ਕੀਤਾ ਜਾਂਦਾ ਹੈ।

ਰਿਸ਼ਵਤ 'ਤੇ ਭ੍ਰਿਸ਼ਟਾਚਾਰ ਨੇ ਪੂਰੇ ਸਮਾਜ ਨੂੰ ਜ਼ੰਜੀਰਾਂ ਦੀ ਤਰ੍ਹਾਂ ਜਕੜਿਆ ਪਿਆ ਹੈ। ਭ੍ਰਿਸ਼ਟਾਚਾਰੀਆਂ ਨੇ ਇਸ ਤਰ੍ਹਾਂ ਦਾ ਤਾਣਾ-ਬਾਣਾ ਬੁਣਿਆ ਹੋਇਆ ਹੈ ਕਿ ਕੋਈ ਥਾਂ ਵੀ ਇਸ ਤੋਂ ਮਹਿਫੂਜ਼ ਨਹੀਂ ਹੈ। ਕਈ ਵਾਰ ਤਾਂ ਇਸ ਤਰ੍ਹਾਂ ਲਗਦਾ ਹੈ ਕਿ ਪਿੰਡ ਦੀ ਪੰਚਾਇਤ ਤੋਂ ਲੈ ਕੇ ਸੰਸਦ ਭਵਨ ਤੱਕ ਸਭ ਕੁਝ ਭ੍ਰਿਸ਼ਟਾਚਾਰ ਦੀ ਦਲਦਲ ਵਿਚ ਖੁੱਭਿਆ ਪਿਆ ਹੈ। ਭ੍ਰਿਸ਼ਟਾਚਾਰ ਰੂਪੀ ਕੋਹੜ ਤੋਂ ਦੇਸ਼ ਦਾ ਹਰ ਵਿਅਕਤੀ ਪੀੜਤ ਹੈ, ਪਰ ਇਸ ਦਰਦ ਨੂੰ ਹਰ ਕੋਈ ਇਕੱਲਾ-ਇਕੱਲਾ ਸਹਿ ਕੇ ਜੀਵਨ-ਰੂਪੀ ਗੱਡੀ ਨੂੰ ਤੋਰੀ ਜਾ ਰਿਹਾ ਹੈ। ਸਿਆਸੀ ਭ੍ਰਿਸ਼ਟਾਚਾਰ ਨੇ ਤਾਂ ਸਭ ਹੱਦਾਂ-ਬੰਨੇ ਪਾਰ ਕਰ ਦਿੱਤੇ ਹਨ। ਲੋਕ ਆਪਣੇ ਕੰਮ ਕਰਾਉਣ ਲਈ ਦਫਤਰ ਵਿਚ ਗਈ ਫਾਇਲ ਨੂੰ ਨੋਟਾਂ ਦੇ ਪਹੀਏ ਲਾ ਕੇ ਅੱਗੇ ਤੋਰਦੇ ਹਨ ਤੇ ਕੰਮ ਹੋਣ 'ਤੇ ਖੁਸ਼ੀ ਮਨਾਉਂਦੇ ਹਨ, ਪਰ ਭ੍ਰਿਸ਼ਟ ਸਿਸਟਮ ਦੇ ਵਿਰੁੱਧ ਕੋਈ ਵੀ ਆਵਾਜ਼ ਉਠਾਉਣ ਲਈ ਤਿਆਰ ਨਹੀਂ। ਭ੍ਰਿਸ਼ਟਤੰਤਰ ਤੋਂ ਹਰ ਕੋਈ ਦੁਖੀ ਹੈ ਪਰ ਇਸ ਵਿਰੁੱਧ ਇਕੱਠੇ ਹੋ ਕੇ ਸੰਘਰਸ਼ ਲੜਨ ਲਈ ਕੋਈ ਤਿਆਰ ਨਹੀਂ।

ਜੇ ਸਰਕਾਰ ਕਿਸੇ ਭ੍ਰਿਸ਼ਟ, ਰਿਸ਼ਵਤਖੋਰ ਮੁਲਾਜ਼ਮ ਨੂੰ ਫੜਦੀ ਹੈ ਤਾਂ ਉਸ ਦੇ ਮਹਿਕਮੇ ਦੇ ਹਮਾਇਤੀ ਧਰਨੇ-ਮੁਜ਼ਾਹਰੇ ਲਾ ਕੇ, ਅਜਿਹੇ ਰਿਸ਼ਵਤਖੋਰ ਨੂੰ ਬਚਾਅ ਕੇ, ਭ੍ਰਿਸ਼ਟਾਚਾਰ ਨੂੰ ਜਾਇਜ਼ ਠਹਿਰਾਉਣ ਦੀ ਵਾਹ ਲਗਾਉਂਦੇ ਹਨ। ਅਸਲ ਵਿਚ ਭ੍ਰਿਸ਼ਟ ਢੰਗ-ਤਰੀਕੇ ਅਪਣਾ ਕੇ ਹੱਥ ਰੰਗਣ ਵਾਲੇ ਕਈ ਮੁਲਾਜ਼ਮ ਤਾਂ ਰਿਸ਼ਵਤ ਤੋਂ ਬਿਨਾਂ ਕੋਈ ਕੰਮ ਕਰਨ ਲਈ ਤਿਆਰ ਹੀ ਨਹੀਂ ਹਨ। ਇਹੋ ਜਿਹੇ ਭ੍ਰਿਸ਼ਟ ਲੋਕਾਂ ਪ੍ਰਤੀ ਜਦੋਂ ਤੱਕ ਸਾਂਝੀ ਆਵਾਜ਼ ਨਹੀਂ ਉਠਾਈ ਜਾਂਦੀ, ਉਦੋਂ ਤੱਕ ਇਹ ਸਮਾਜ ਦੇ ਦੁਸ਼ਮਣ ਦਨਦਨਾਉਂਦੇ ਰਹਿਣਗੇ। ਇਸ ਵਿਚ ਕੋਈ ਦੋ ਰਾਵਾਂ ਨਹੀਂ ਹਨ ਕਿ ਭ੍ਰਿਸ਼ਟਾਚਾਰ ਦਾ ਮਹੌਲ ਪੈਦਾ ਕਰਨ ਵਿਚ ਸਭ ਤੋਂ ਵੱਡੀ ਭੂਮਿਕਾ ਸਿਆਸੀ ਪਾਰਟੀਆਂ ਦੀ ਹੈ। ਜੇ ਰਾਜ ਕਰ ਰਹੀਆਂ ਸਿਆਸੀ ਪਾਰਟੀਆਂ ਦੀ ਮਜ਼ਬੂਤ ਇੱਛਾ-ਸ਼ਕਤੀ ਹੋਵੇ ਤਾਂ ਲੋਕਾਂ ਨੂੰ ਸਾਫ-ਸੁਥਰਾ ਪ੍ਰਸ਼ਾਸਨ ਦਿੱਤਾ ਜਾ ਸਕਦਾ ਹੈ, ਪਰ ਹਾਲਤ ਇਹ ਹੈ ਕਿ ਸਿਆਸੀ ਨੇਤਾਵਾਂ ਤੇ ਅਫਸਰਸ਼ਾਹੀ ਦਾ ਅਜਿਹਾ ਗੱਠਜੋੜ ਬਣ ਗਿਆ ਹੈ ਕਿ ਉੱਪਰ ਤੋਂ ਲੈ ਕੇ ਹੇਠਾਂ ਤੱਕ ਸਾਰਾ ਢਾਂਚਾ ਹੀ ਭ੍ਰਿਸ਼ਟਾਚਾਰ ਦੀ ਦਲਦਲ ਵਿਚ ਖੁੱਭਿਆ ਹੋਇਆ ਹੈ।

ਦਾਜ ਰੂਪੀ ਦੈਂਤ ਹਰ ਰੋਜ਼ ਹੀ ਧੀਆਂ ਦੀ ਬਲੀ ਲੈ ਰਿਹਾ ਹੈ। ਨਿੱਤ ਦਿਨ ਅਖਬਾਰਾਂ ਵਿਚ ਅਜਿਹੀਆਂ ਖਬਰਾਂ ਛਪਦੀਆਂ ਹਨ, ਜਿਨ੍ਹਾਂ ਵਿਚ ਦਾਜ ਦੀ ਅੰਨ੍ਹੀ ਲਾਲਸਾ ਕਾਰਨ ਸਹੁਰੇ ਘਰ ਵੱਲੋਂ ਨੂੰਹਾਂ ਨੂੰ ਸਰੀਰਕ ਤੇ ਮਾਨਸਿਕ ਰੂਪ ਵਿਚ ਏਨਾ ਪ੍ਰੇਸ਼ਾਨ ਕੀਤਾ ਜਾਂਦਾ ਹੈ ਕਿ ਉਹ ਉਸ ਰਾਹ ਤੁਰ ਜਾਂਦੀਆਂ ਹਨ, ਜਿੱਥੋਂ ਕਦੇ ਕੋਈ ਵਾਪਸ ਨਹੀਂ ਪਰਤਿਆ। ਆਪਣੇ-ਆਪਣੇ ਪੱਧਰ 'ਤੇ ਹਰ ਕੋਈ ਦੁਖੀ ਹੈ। ਧੀਆਂ ਦੇ ਮਾਪੇ ਪਹਿਲਾਂ ਪੜ੍ਹਾਈ 'ਤੇ ਲੱਖਾਂ ਰੁਪਏ ਖਰਚਦੇ ਹਨ, ਫਿਰ ਅਜੋਕੇ ਸਮੇਂ ਵਿਚ ਲੜਕੀ ਦਾ ਵਿਆਹ ਕਰਨਾ ਕੋਈ ਖਾਲਾ ਜੀ ਦਾ ਵਾੜਾ ਨਹੀਂ ਹੈ। ਲੱਖਾਂ ਰੁਪਏ ਖਰਚ ਕੇ ਵੀ ਕਈ ਮਾਪੇ ਧੀਆਂ ਵੱਲੋਂ ਮਾਨਸਿਕ ਰੂਪ ਵਿਚ ਦੁਖੀ ਹੀ ਨਜ਼ਰ ਆਉਂਦੇ ਹਨ।

ਬਾਲੜੀਆਂ, ਲੜਕੀਆਂ ਤੇ ਔਰਤਾਂ ਹਰ ਰੋਜ਼ ਛੇੜ-ਛਾੜ ਤੇ ਬਲਾਤਕਾਰ ਦੀਆਂ ਸ਼ਿਕਾਰ ਹੋ ਰਹੀਆਂ ਹਨ। ਕੌਣ ਲੋਕ ਨੇ ਇਹੋ ਜਿਹੇ ਘਿਨਾਉਣੇ ਕਾਰੇ ਕਰਨ ਵਾਲੇ? ਬਿਨਾਂ ਸ਼ੱਕ ਇਹ ਸਾਡੇ ਆਲੇ-ਦੁਆਲੇ ਵਿਚ ਹੀ ਵਿਚਰਦੇ ਹਨ। ਅਜਿਹੇ ਲੋਕਾਂ ਪ੍ਰਤੀ ਸਾਡੀ ਖਾਮੋਸ਼ੀ ਨੇ ਸਥਿਤੀ ਨੂੰ ਹੋਰ ਬਦਤਰ ਬਣਾਉਣ ਵਿਚ ਆਪਣਾ ਹਿੱਸਾ ਪਾਇਆ ਹੈ। ਇਹੋ ਜਿਹੀਆਂ ਘਟਨਾਵਾਂ ਵਿਚ ਸ਼ਾਮਲ ਲੋਕਾਂ ਦਾ ਸਮਾਜਿਕ ਬਾਈਕਾਟ ਕੀਤਾ ਜਾਣਾ ਚਾਹੀਦਾ ਹੈ।

ਪੰਜਾਬ ਦੀ ਜਵਾਨੀ ਸ਼ਰਾਬ ਤੇ ਹੋਰ ਨਸ਼ਿਆਂ ਵਿਚ ਗਲਤਾਨ ਹੋ ਰਹੀ ਹੈ। ਇਸ ਰੁਝਾਨ ਤੋਂ ਸਹੀ ਸੋਚ ਵਾਲਾ ਹਰ ਵਿਅਕਤੀ ਦੁਖੀ ਹੈ। ਹਰ ਚੋਣ ਸਮੇਂ ਸਿਆਸੀ ਪਾਰਟੀਆਂ ਹਰ ਪ੍ਰਕਾਰ ਦੇ ਨਸ਼ੇ ਵੰਡਦੀਆਂ ਹਨ। ਇਸ ਬਰਬਾਦੀ ਵਿਰੁੱਧ ਵੀ ਸਮਾਜ ਨੂੰ ਆਪਣੀ ਖਾਮੋਸ਼ੀ ਤੋੜਨ ਦੀ ਫੌਰੀ ਲੋੜ ਹੈ। ਉਨ੍ਹਾਂ ਸ਼ਕਤੀਆਂ ਦੀ ਨਿਸ਼ਾਨਦੇਹੀ ਕੀਤੀ ਜਾਣੀ ਚਾਹੀਦੀ ਹੈ, ਜਿਹੜੀਆਂ ਨਸ਼ਿਆਂ ਦੇ ਵਪਾਰ ਵਿੱਚੋਂ ਹੱਥ ਰੰਗ ਰਹੀਆਂ ਹਨ ਤੇ ਪੰਜਾਬ ਨੂੰ ਤਬਾਹ ਕਰਨ 'ਤੇ ਤੁਲੀਆਂ ਹੋਈਆਂ ਹਨ। ਘਰਾਂ ਦੇ ਘਰ ਬਰਬਾਦ ਹੋ ਰਹੇ ਹਨ, ਪਰ ਅਸੀਂ ਇਸ ਵਰਤਾਰੇ ਤੋਂ ਅੱਖਾਂ ਮੀਟੀਆਂ ਹੋਈਆਂ ਹਨ। ਜੇ ਅਸੀਂ ਨਾ ਜਾਗੇ ਤਾਂ ਇਹ ਅੱਗ ਇਕ ਦਿਨ ਸਾਡੇ ਘਰ ਨੂੰ ਵੀ ਆਪਣੀ ਲਪੇਟ ਵਿਚ ਲੈਣ ਤੋਂ ਗੁਰੇਜ਼ ਨਹੀਂ ਕਰੇਗੀ। ਸਿਆਸੀ ਪਾਰਟੀਆਂ ਅਜਿਹੇ ਮੁੱਦਿਆਂ ਪ੍ਰਤੀ ਗੰਭੀਰ ਨਹੀਂ ਤੇ ਹਰ ਮਸਲੇ 'ਤੇ ਸਿਆਸਤ ਕੀਤੀ ਜਾ ਰਹੀ ਹੈ।

ਸਰਕਾਰੀ ਵਿਦਿਅਕ ਸੰਸਥਾਵਾਂ, ਦਫਤਰਾਂ ਤੇ ਹਸਪਤਾਲਾਂ ਦੀ ਹਾਲਤ ਬਦ ਤੋਂ ਬਦਤਰ ਹੋਈ ਪਈ ਹੈ। ਸਕੂਲਾਂ ਵਿਚ ਅਧਿਆਪਕ ਨਹੀਂ ਹਨ, ਸਿਹਤ ਕੇਂਦਰਾਂ ਵਿਚ ਡਾਕਟਰ ਤੇ ਦਵਾਈਆਂ ਨਹੀਂ ਹਨ। ਕਿਸੇ ਦਫਤਰ ਵਿਚੋਂ ਕੰਮ ਕਰਾਉਣਾ ਕਿਸੇ ਚੋਟੀ ਨੂੰ ਸਰ ਕਰਨ ਦੇ ਬਰਾਬਰ ਹੈ। ਇਸ ਵਰਤਾਰੇ ਤੋਂ ਹਰ ਕੋਈ ਦੁਖੀ ਹੈ, ਪਰ ਖਾਮੋਸ਼ੀ ਨਾਲ ਸਭ ਕੁਝ ਸਹਿਣ ਕਰੀ ਜਾ ਰਿਹਾ ਹੈ। ਅਸੀਂ ਇਕੱਲੇ-ਇਕੱਲੇ ਮਾਰ ਖਾਈ ਜਾ ਰਹੇ ਹਾਂ, ਪਰ ਇਸ ਸਥਿਤੀ ਵਿਰੁੱਧ ਆਵਾਜ਼ ਉਠਾਉਣ ਲਈ ਤਿਆਰ ਨਹੀਂ ਹਾਂ।

# ਸੰਪਰਕ : 98153-56086

# ਮੂਰਤੀ ਤੋੜਨਾ ਲੋਕਤੰਤਰ ਲਈ ਚੰਗਾ ਸੰਕੇਤ ਨਹੀਂ

ਵਰਗਿਸ ਸਲਾਮਤ

ਹੁਣੇ-ਹੁਣੇ ਅਸੀਂ ਆਜ਼ਾਦ ਭਾਰਤ ਦਾ 76ਵਾਂ ਗਣਤੰਤਰ ਦਿਵਸ ਮਨਾਇਆ ਹੈ। ਉਸੇ ਦਿਨ ਅੰਮ੍ਰਿਤਸਰ ਵਿਖੇ ਇਕ ਸਿਰਫਿਰੇ ਵੱਲੋਂ ਸੰਵਿਧਾਨ ਦੇ ਨਿਰਮਾਤਾ, ਦਲਿਤ, ਦਰੜੇ ਅਤੇ ਗਰੀਬਾਂ ਦੇ ਮਸੀਹਾ ਬਾਬਾ ਸਾਹਿਬ ਅੰਬੇਡਕਰ ਦੀ ਮੂਰਤੀ ਨੂੰ ਹਥੌੜੇ ਨਾਲ ਤੋੜਨ ਦੀ ਕੋਸ਼ਿਸ਼ ਕੀਤੀ ਗਈ। ਮਹੀਨਾ ਕੁ ਪਹਿਲਾਂ ਹੀ ਚੱਲ ਰਹੇ ਸੰਸਦ ਦੇ ਸਰਦ ਰੁੱਤ ਸੈਸ਼ਨ ਦੌਰਾਨ ਬਹੁਤ ਹੀ ਜ਼ਿੰਮੇਵਾਰ ਅਤੇ ਸੰਵਿਧਾਨਕ ਅਹੁਦੇ ਦੀ ਚੋਟੀ 'ਤੇ ਵਿਰਾਜਮਾਨ ਸਾਡੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੰਸਦ ਵਿਚ ਜਿਸ ਤਰ੍ਹਾਂ ਬਾਬਾ ਸਾਹਿਬ ਬਾਰੇ ਅਪਮਾਨਿਤ ਟਿਪਣੀ ਨਾਲ ਉਹਨਾ ਦਾ ਸਨਮਾਨ ਘਟਾਉਣ ਦੀ ਕੋਸ਼ਿਸ਼ ਕੀਤੀ, ਇਸ ਤੋਂ ਪਹਿਲਾਂ ਵੀ ਬਹੁਤ ਵਾਰ ਮੁਹਬੱਤ, ਮਾਨਵਤਾ ਅਤੇ ਭਾਈਚਾਰਕ ਸਾਂਝ ਦੀ ਇਬਾਰਤ ਲਿਖਣ ਵਾਲੇ ਇਨਸਾਨਾਂ ਦਾ ਇਸ ਤਰਾਂ ਦੇ ਹਮਲੇ ਕਰਕੇ ਅਪਮਾਨ ਕੀਤਾ ਜਾਂਦਾ ਰਿਹਾ ਹੈ। ਇਹ ਸਭ ਵੇਖ ਸੁਣ ਕੇ ਬੜਾ ਅਫਸੋਸ ਹੁੰਦਾ ਹੈ ਕਿ ਰਾਜਨੀਤੀਵਾਨ ਵੋਟਾਂ ਲਈ ਉਹਨਾਂ ਦੇ ਨਾਂਅ ਨੂੰ ਵੋਟਿੰਗ ਟੂਲ ਵਜੋਂ ਤਾਂ ਵਰਤਦੇ ਹਨ, ਪਰ ਦਿਲੋਂ ਆਦਰ ਨਹੀ ਕਰਦੇ। ਅਜਿਹੀਆਂ ਸ਼ਕਤੀਆਂ ਆਪਣੀ ਸੌੜੀ, ਘਿਨਾਉਣੀ ਅਤੇ ਨਾਕਾਰਾਤਮਕ ਰਾਜਨੀਤੀ ਨਾਲ ਭਾਰਤੀ ਲੋਕਤੰਤਰ ਦੇ ਅਨੇਕਤਾ 'ਚ ਏਕਤਾ ਵਾਲੇ ਧਰਮ-ਨਿਰਪੱਖ, ਸਮਾਜਵਾਦੀ ਅਤੇ ਲੋਕਤੰਤਰੀ ਗਣਰਾਜ ਮਾਡਲ ਨੂੰ ਆਪਣੇ ਫਾਸ਼ੀਵਾਦੀ ਹਥੌੜੇ ਨਾਲ ਤੋੜਨਾ ਚਾਹੁੰਦੇ ਹਨ।

ਗੱਲ ਇਥੇ ਹੀ ਨਹੀ ਰੁਕਦੀ, ਆਏ ਦਿਨ ਭਾਰਤ ਦੀਆਂ ਲੋਕਤੰਤਰੀ ਕਦਰਾਂ-ਕੀਮਤਾਂ ਛਿੱਕੇ ਟੰਗ ਕੇ ਲੋਕਾਂ ਦੇ ਦਿਮਾਗਾਂ 'ਚ ਬਹੁਗਿਣਤੀ ਦੀ ਜੈ-ਜੈਕਾਰ ਭਰੀ ਜਾ ਰਹੀ ਹੈ। ਜਨਤਕ ਧਾਰਾ 'ਚ ਬਰਾਬਰਤਾ ਵਾਲੇ ਸਮਾਜਿਕ ਭਾਈਚਾਰੇ ਨਾਲ ਚੰਗੀਆਂ ਪੈੜਾਂ ਪਾ ਰਹੇ ਹਿੰਦੂਆਂ ਨੂੰ ਵੀ ਫਿਰ ਉਸ ਪੁੱਠੇ ਗੇੜੇ ਵਾਲੇ ਕਥਿਤ ਵਰਣ-ਵਰਗ, ਜਾਤ-ਪਾਤ, ਊਚ-ਨੀਚ ਅਤੇ ਰੰਗ-ਭੇਦ ਵਾਲੀ ਵਿਵਸਥਾ ਵੱਲ ਧੱਕਿਆ ਜਾ ਰਿਹਾ ਹੈ ਅਤੇ ਉਹ ਧੱਸ ਵੀ ਰਹੇ ਹਨ। ਸਿੱਧੇ-ਅਸਿੱਧੇ ਫਿਰਕੂ ਏਜੰਡੇ ਤਹਿਤ ਜਿੱਥੇ ਦਲਿਤਾਂ ਨੂੰ ਦਰੜਿਆ ਜਾ ਰਿਹਾ ਹੈ, ਉੱਥੇ ਘੱਟ-ਗਿਣਤੀਆਂ ਨੂੰ ਡਰਾਇਆ, ਧਮਕਾਇਆ ਅਤੇ ਸਤਾਇਆ ਜਾ ਰਿਹਾ ਹੈ। ਸਿੱਖ ਭਾਈਚਾਰੇ ਨੂੰ ਖਾਲਿਸਤਾਨੀ ਅਤੇ ਕੱਟੜਵਾਦੀ ਕਹਿ ਕੇ ਚਿੜਾਇਆ ਜਾਂਦਾ ਹੈ। ਗੱਲ ਇਹ ਹੈ ਕਿ ਅੱਤਵਾਦ ਦਾ ਕੋਈ ਧਰਮ ਨਹੀਂ ਹੁੰਦਾ। ਉਸ ਦੀ ਪਰਿਭਾਸ਼ਾ ਦੱਸਦੀ ਹੈ ਕਿ ਜਦੋਂ ਕਿਸੇ ਨੂੰ ਦਹਿਸ਼ਤ ਵਿਖਾ ਕੇ ਮਾਰਿਆ ਜਾਂ ਡਰਾਇਆ ਜਾਂਦਾ ਹੈ ਤਾਂ ਉਹ ਅੱਤਵਾਦ ਹੁੰਦਾ ਹੈ। ਉਸ ਦਾ ਧਰਮ ਕੋਈ ਵੀ ਹੋ ਸਕਦਾ ਹੈ। ਨਫਰਤੀ ਭਾਸ਼ਣ, ਪਬਲਿਕ ਲਿਚਿੰਗ, ਇਕ ਪਾਸੜ ਫੈਸਲੇ ਅਤੇ ਸਟੇਟ ਟੈਰਰ ਆਦਿ ਇਸ ਦੇ ਉਦਾਹਰਨ ਹੋ ਸਕਦੇ ਹਨ। ਦੂਜੀ ਗੱਲ ਕਦੇ ਕੋਈ ਕਿਸੇ ਦਾ ਧਰਮ ਨਹੀਂ ਬਦਲ ਸਕਦਾ। ਸਵੈ-ਇੱਛਾ ਨਾਲ ਵਿਸ਼ਵਾਸ ਬਦਲਦਾ ਹੈ। ਇਤਿਹਾਸ ਵਿਚ ਜਬਰੀ ਧਰਮ ਪਰਿਵਰਤਨ ਵੀ ਬਹੁਤ ਹੋਇਆ ਹੈ, ਪਰ ਉਸ ਵੇਲੇ ਵੀ ਸੱਤਾ 'ਤੇ ਕਾਬਜ਼ ਲੋਕਾਂ ਨੇ ਹੀ ਅਜਿਹੀਆਂ ਵਧੀਕੀਆਂ ਕੀਤੀ ਸਨ। ਅੱਜ ਦੀਆਂ ਪੀੜ੍ਹੀਆਂ ਤੋਂ ਉਸ ਵੇਲੇ ਦੀ ਸੱਤਾ ਦਾ ਬਦਲਾ ਲੈਣ ਦੇ ਮਨਸੂਬੇ ਸਰਾਸਰ ਗਲਤ ਅਤੇ ਅਨੈਤਿਕ ਹਨ।

ਅਸਹਿਣਸ਼ੀਲਤਾ ਦਾ ਆਲਮ ਇਸ ਕਦਰ ਵਧ ਰਿਹਾ ਹੈ ਕਿ ਅਸੀਂ ਅਜ਼ਾਦੀ ਸੰਗ੍ਰਾਮ ਦੇ ਹੀਰੋ, ਅੰਤਰਰਾਸ਼ਟਰੀ ਆਈਕੋਨ ਅਤੇ ਦੇਸ਼ ਨੂੰ ਮਾਰਗਦਰਸ਼ਨ ਕਰਨ ਵਾਲੀਆਂ ਹਸਤੀਆਂ ਦੇ ਕੱਦ ਨੂੰ ਆਪਣੇ ਹੀ ਸੰਕੀਰਨ ਗਿਆਨ ਕਰਕੇ ਬੌਣਾ ਵਿਖਾਉਣ ਦੀ ਕੋਸ਼ਿਸ਼ ਕਰ ਰਹੇ। ਹੱਦ ਉਸ ਵੇਲੇ ਹੋ ਜਾਂਦੀ ਹੈ ਕਿ ਸਾਰੇ ਭਾਰਤ ਦੇ ਕਹਿਣ 'ਤੇ ਭਾਵ ਵਿਰੋਧ ਕਰਨ 'ਤੇ ਵੀ ਅਮਿਤ ਸ਼ਾਹ ਬਾਬਾ ਸਾਹਿਬ ਦੇ ਨਿਰਾਦਰ ਲਈ ਮੁਆਫੀ ਨਹੀ ਮੰਗਦੇ ਤੇ ਨਾ ਹੀ ਉਹਨਾ ਦੀ ਪਾਰਟੀ ਅਤੇ ਪਾਰਟੀ ਭਾਈਵਾਲ ਉਹਨਾਂ ਨੂੰ ਮੁਆਫੀ ਮੰਗਣ ਲਈ ਕਹਿੰਦੇ, ਪਰ ਬਿਹਾਰ ਦੀ ਇਕ ਮਸ਼ਹੂਰ ਲੋਕ-ਗਾਇਕਾ ਨੂੰ ਆਪਣੇ ਇਕ ਵੱਡੇ ਸਮਾਗਮ ਵਿਚ ਰਾਸ਼ਟਰਪਿਤਾ ਮਹਾਤਮਾ ਗਾਂਧੀ ਦੀ ਆਰਤੀ ਗਾਉਣ 'ਤੇ ਇਸ ਲਈ ਮੁਆਫੀ ਮੰਗਣ ਲਈ ਮਜਬੂਰ ਕਰਦੇ ਹਨ ਕਿ ਉਸ ਵਿਚ ਅੱਲਾ ਅਤੇ ਈਸ਼ਵਰ ਦਾ ਨਾਂਅ ਕਿਉਂ ਲਿਆ ਹੈ। ਦੂਜੇ ਦੇ ਧਰਮ ਨੂੰ ਬੁਰਾ ਅਤੇ ਆਪਣੇ ਧਰਮ ਨੂੰ ਵਡਿਆਉਣ ਵਾਲੇ ਇਲਾਹਾਬਾਦ ਹਾਈ ਕੋਰਟ ਦੇ ਜੱਜ ਪਤਾ ਨਹੀ ਕਿਹੜਾ ਸੰਵਿਧਾਨ ਪੜ੍ਹ ਕੇ ਸੰਵਿਧਾਨਿਕ ਅਹੁਦੇ 'ਤੇ ਬੈਠੇ ਹੋਣਗੇ, ਜਿਨ੍ਹਾਂ ਨੂੰ ਇਹ ਵੀ ਨਹੀ ਪਤਾ ਕਿ ਭਾਰਤ ਦਾ ਸੰਵਿਧਾਨ ਲਗਭਗ 60 ਸੰਵਿਧਾਨਾਂ ਦੇ ਅਧਿਐਨਾਂ ਤੋਂ ਬਾਅਦ ਸੰਘਾਤਮਕ ਬਣਾ ਕੇ ਇਸ ਨੂੰ ਪੂਰਨ ਪ੍ਰਭੂਤਾ ਸੰਪਨ, ਸਮਾਜਵਾਦੀ, ਧਰਮ ਨਿਰਪੱਖ, ਲੋਕਤੰਤਰਿਕ ਗਣਰਾਜ ਘੋਸ਼ਿਤ ਕੀਤਾ ਅਤੇ ਉਸ ਦੇ ਸਾਰੇ ਨਾਗਰਿਕਾਂ ਨੂੰ ਸਮਾਜਿਕ, ਆਰਥਿਕ, ਰਾਜਨੀਤਿਕ ਨਿਆਂ, ਵਿਚਾਰ ਪ੍ਰਗਟਾਵਾ, ਵਿਸ਼ਵਾਸ ਧਰਮ ਅਤੇ ਉਪਾਸਨਾ ਦੀ ਆਜ਼ਾਦੀ ਅਤੇ ਰੋਜ਼ਗਾਰ ਦੇ ਮੌਕਿਆਂ 'ਚ ਸਮਾਨਤਾ ਲਈ ਮੌਲਿਕ ਅਧਿਕਾਰ ਅਤੇ ਕਰਤੱਵ ਸ਼ਾਮਲ ਕਰਕੇ ਸੰਵਿਧਾਨਿਕ ਗਰੰਟੀ ਦੇ ਦਿੱਤੀ ਹੋਈ ਹੈ। ਬਹੁ-ਗਿਣਤੀ ਅਤੇ ਘੱਟ-ਗਿਣਤੀ ਨੂੰ ਬਰਾਬਰਤਾ ਹੈ, ਕਿਸੇ ਨੂੰ ਨਕਾਰਿਆ ਜਾਂ ਵਡਿਆਇਆ ਨਹੀ ਗਿਆ। ਸਾਨੂੰ ਉਤਮ ਹੋਣ ਦਾ ਸਵੈ-ਭਰਮ ਛੱਡਣ ਦੀ ਲੋੜ ਹੈ। ਉਂਗਲੀ ਨੂੰ ਲਹੂ ਲਗਾ ਆਪਣੇ ਆਪ ਨੂੰ ਸੰਗ੍ਰਾਮੀ ਕਹਿਣ ਵਾਲੇ ਲੋਕਾਂ ਨੂੰ ਬੇਨਤੀ ਹੈ ਉਹ ਬਾਬਾ ਸਾਹਿਬ ਬਾਰੇ ਅਤੇ ਅਜ਼ਾਦੀ ਸੰਗ੍ਰਾਮ ਦੇ ਹੀਰੋਆਂ ਬਾਰੇ ਪੜ੍ਹਨ ਜ਼ਰੂਰ। ਸੰਸਦ ਦੇ ਅੰਦਰ ਅਤੇ ਸੰਸਦ ਦੇ ਬਾਹਰ ਜੋ ਵੀ ਹੋ ਰਿਹਾ ਹੈ, ਹਰ ਨਾਗਰਿਕ ਉਸ ਨੂੰ ਵੇਖ-ਸੁਣ ਕੇ ਦੁਬਿਦਾ ਹੀ ਨਹੀਂ ਬਹੁਵਿਦਾ ਵਿਚ ਫਸਦਾ ਜਾ ਰਿਹਾ ਹੈ।

ਅਛੂਤ ਪਰਵਾਰ ਵਿਚ ਜਨਮੇ ਬਾਲਕ ਭੀਮ ਰਾਓ ਮੁਢਲੀ ਸਿੱਖਿਆ ਤੋਂ ਲੈ ਕੇ ਉਚੇਰੀ ਸਿੱਖਿਆ ਤੱਕ ਜਿੱਥੇ ਉਹਨਾ ਨੂੰ ਆਰਥਿਕ ਕਠਿਨਾਈਆਂ ਦਾ ਸਾਹਮਣਾ ਕਰਨਾ ਪਿਆ, ਉੱਥੇ ਸਮਾਜਿਕ ਨਾ-ਬਰਾਬਰੀਆਂ ਅਤੇ ਅਛੂਤ ਦੇ ਬੁਰੇ ਵਿਹਾਰ ਦਾ ਕੌੜਾ ਘੁੱਟ ਹਰ-ਰੋਜ਼ ਪੀਣਾ ਪੈਂਦਾ ਰਿਹਾ। ਵਧੀਕੀਆਂ ਨੂੰ ਸਹਿੰਦਿਆਂ-ਲੜਦਿਆਂ ਕੁਝ ਰਹਿਮ-ਦਿਲ ਅਤੇ ਦਿਆਲੂ ਇਨਸਾਨਾਂ ਦੀ ਸਹਾਇਤਾ ਨਾਲ ਖਾਸ ਕਰਕੇ ਮਹਾਰਾਜਾ ਬੜੌਦਾ ਸਿਆਜੀ ਰਾਓ ਗਾਇਕਵਾੜ ਅਤੇ ਮਹਾਰਾਜਾ ਕੋਹਲਾਪੁਰ ਸ਼ਾਹੂਜੀ ਮਹਾਰਾਜ ਜੀ ਦਾ ਉਹਨਾ ਦੀ ਉੱਚ ਸਿੱਖਿਆ ਪ੍ਰਾਪਤ ਕਰਨ ਵਿਚ ਨਾ-ਭੁਲਣਵਾਲਾ ਯੋਗਦਾਨ ਰਿਹਾ। ਢੇਰ ਸਾਰੀਆਂ ਡਿਗਰੀਆਂ ਪ੍ਰਾਪਤ ਕਰਕੇ ਅਤੇ ਵਿਦੇਸ਼ਾਂ ਵਿਚ ਘੁੰਮ ਕੇ ਆਪਣੇ ਤੁਲਨਾਤਮਕ ਅਧਿਐਨ ਅਤੇ ਤੁਲਨਾਤਮਕ ਜੀਵਨ ਸ਼ੈਲੀ ਨਾਲ ਉਹਨਾ ਦੀ ਸੋਚ ਅਤੇ ਸਮਝ ਦਾ ਦਾਇਰਾ ਵਿਸ਼ਾਲ ਅਤੇ ਬ੍ਰਹਿਮੰਡੀ ਹੋ ਚੁੱਕਾ ਸੀ। ਉਹ ਚਾਹੁੰਦੇ ਤਾਂ ਇਸ ਤਰ੍ਹਾਂ ਦੀ ਉੱਚ ਸਿੱਖਿਆ ਨਾਲ ਕਿਸੇ ਵੀ ਵਿਕਸਤ ਦੇਸ਼ ਵਿਚ ਨਾਗਰਿਕਤਾ ਲੈ ਕੇ ਉੱਚ ਆਹੁਦੇ ਪ੍ਰਾਪਤ ਕਰ ਸੁਖੀ ਜੀਵਨ ਬਤੀਤ ਕਰ ਸਕਦੇ ਸਨ, ਪਰ ਉਨ੍ਹਾ ਆਪਣੇ ਨਿੱਜੀ ਹਿੱਤਾਂ ਤੋਂ ਉਪਰ ਉੱਠ ਕੇ ਆਪਣੇ ਵਿਦਿਅਕ ਗਿਆਨ ਅਤੇ ਅਖੌਤੀ ਵਰਣ-ਵਰਗ ਵੰਡ ਦੇ ਵਧੀਕੀਆਂ ਭਰੇ ਤਜਰਬਿਆਂ ਨੂੰ ਆਪਣੀ ਸ਼ਕਤੀ ਬਣਾਇਆ ਅਤੇ ਆਪਣਾ ਜੀਵਨ ਦੇਸ਼ ਦੇ ਸਮਾਜਿਕ ਅਤੇ ਸਿਆਸੀ ਖੇਤਰ ਵਿਚ ਜਨ-ਹਿਤ ਲੇਖੇ ਲਾਇਆ।

ਇਕ ਸਮਾਜ ਸ਼ਾਸਤਰੀ ਹੋਣ ਦੇ ਨਾਤੇ ਉਹਨਾ ਦੱਬੇ-ਕੁਚਲੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲੱਭਣ ਲਈ ਪ੍ਰਾਚੀਨ ਧਾਰਮਿਕ ਗ੍ਰੰਥਾਂ ਦਾ ਗੂੜ੍ਹ ਅਤੇ ਡੂੰਗਾ ਅਧਿਐਨ ਕੀਤਾ। ਉਹਨਾਂ ਆਪਣੇ ਖੋਜ ਕਾਰਜ ਰਾਹੀਂ ਅਜਿਹੇ ਵਿਤਕਰਿਆਂ ਨੂੰ ਬੜਾਵਾ ਦਿੰਦੀ ਬ੍ਰਾਹਮਣਵਾਦੀ ਜਾਂ ਮਨੂੰਵਾਦੀ ਵਿਚਾਰਧਾਰਾ ਨੂੰ ਬੌਧਿਕ ਅਤੇ ਇਤੀਹਾਸਿਕ ਪੱਧਰ 'ਤੇ ਵੰਗਾਰਿਆ। 1990 ਵਿਚ ਮਹਾਰਾਸ਼ਟਰਾਂ ਸਰਕਾਰ ਨੇ ਡਾ.ਬਾਬਾ ਸਾਹਿਬ ਅੰਬੇਡਕਰ ਦੀਆਂ ਲਿਖਤਾਂ ਤੇ ਤਕਰੀਰਾਂ' (ਡਾਕਟਰ ਬਾਬਾ ਸਾਹਿਬ ਅੰਬੇਡਕਰ ਰਾਈਟਿੰਗਸ ਐਂਡ ਸਪੀਚਸ) ਸਿਰਲੇਖ ਹੇਠ ਪੁਸਤਕ ਛਾਪਣ ਦਾ ਮਹਾਨ ਕੰਮ ਕੀਤਾ। ਉਹ ਪ੍ਰਾਚੀਨ ਗ੍ਰੰਥਾਂ ਨੂੰ ਇਤਿਹਾਸ ਦੀ ਕਸਵੱਟੀ 'ਤੇ ਪਰਖਦਿਆਂ ਨਤੀਜਾ ਕੱਢਦੇ ਹਨ ਕਿ ਭਾਰਤ ਵਿਚ ਛੂਤ-ਛਾਤ ਦਾ ਅਰੰਭ 600 ਈਸਵੀ ਵਿੱਚ ਹੋਇਆ ਅਤੇ ਕਿਵੇਂ ਛੂਤ-ਛਾਤ ਨੂੰ ਉਸ ਸਮੇਂ ਦੀ ਵਿਵਸਥਾ ਵਿਚ ਸ਼ਾਮਿਲ ਕਰਨ ਲਈ ਸਾਜ਼ਿਸ਼ ਤਹਿਤ ਪ੍ਰਾਚੀਨ ਗ੍ਰੰਥਾਂ ਤੱਕ ਵਿਚ ਤਬਦੀਲੀਆਂ ਕਰ ਦਿੱਤੀਆਂ ਗਈਆਂ। ਨਿਜ ਹਿੱਤਾਂ ਦੀ ਪੂਰਤੀ ਲਈ ਉਹਨਾਂ ਪੁਰਖਿਆਂ ਨੇ ਸੈਂਕੜੇ ਸਾਲਾਂ ਤੋਂ ਇਹਨਾਂ ਵਰਗਾਂ ਨੂੰ ਮਾਰਿਆ, ਕੁੱਟਿਆ, ਲੁੱਟਿਆ ਅਤੇ ਤਿਰਸਕਾਰ ਕੀਤਾ। ਇੱਥੋਂ ਤੱਕ ਕਿ ਉਹਨਾਂ ਨੂੰ ਰਸਤੇ ਵਿਚ ਪਏ ਗੰਦ ਵਾਂਗ ਸਮਝਿਆ।

ਬਹੁਤ ਹੀ ਗੂੜ੍ਹ ਅਧਿਐਨ ਬਾਅਦ ਆਜ਼ਾਦ ਭਾਰਤ ਦੇ ਸੰਵਿਧਾਨ ਨੂੰ ਤਿਆਰ ਕਰਨ ਲਈ ਦੋ ਸਾਲ ਗਿਆਰਾਂ ਮਹੀਨੇ ਅਠਾਰਾਂ ਦਿਨਾਂ ਦੀਆਂ ਗਰਮ ਬਹਿਸਾਂ ਅਤੇ ਪੁਖਤਾ ਦਲੀਲਾਂ ਦੀ ਭੱਠੀ ਵਿਚੋਂ ਤਰਾਸ਼ ਕੇ ਜਦੋਂ ਸੰਵਿਧਾਨ ਡਰਾਫਟਿੰਗ ਕਮੇਟੀ ਦੁਆਰਾ ਤਿਆਰ ਕਰਕੇ ਸੰਵਿਧਾਨ ਸਭਾ, ਜਿਸ ਨੇ ਉਸ ਸਮੇਂ ਅਜ਼ਾਦ ਭਾਰਤ ਦੀ ਅਸਥਾਈ ਸੰਸਦ ਵਜੋਂ ਕੰਮ ਕੀਤਾ ਸੀ ਉਸ ਵਿਚ ਪੇਸ਼ ਕੀਤਾ ਤਾਂ ਨੁਕਤਿਆਂ ਦੀ ਬਹਿਸ ਦੇ ਨਾਲ-ਨਾਲ ਸੰਸਦ ਵਿਚ ਇਸ ਵੱਡੇ ਅਤੇ ਮਹੱਤਵਪੂਰਨ ਕਾਰਜ ਲਈ ਬਾਬਾ ਸਾਹਿਬ ਦੀ ਬਹੁਤ ਪ੍ਰਸੰਸਾ ਕੀਤੀ ਜਾ ਰਹੀ ਸੀ। ਉਸ ਵੇਲੇ ਉਨ੍ਹਾ ਕਿਹਾ ਸੀ, 'ਸੰਵਿਧਾਨ ਭਾਵੇਂ ਕਿੰਨਾਂ ਵੀ ਚੰਗਾ ਹੋਵੇ ਅਗਰ ਉਸ ਦੀ ਵਰਤੋਂ ਬੁਰੀ ਹੋਵੇਗੀ ਤਾਂ ਉਹ ਬੁਰਾ ਸਾਬਿਤ ਹੋਵੇਗਾ ਅਤੇ ਕੋਈ ਸੰਵਿਧਾਨ ਭਾਵੇਂ ਕਿੰਨਾਂ ਵੀ ਬੁਰਾ ਹੋਵੇ ਤੇ ਉਸ ਨੂੰ ਵਰਤੋਂ ਕਰਨ ਵਾਲੇ ਲੋਕ ਚੰਗੇ ਹਨ ਤਾਂ ਸੰਵਿਧਾਨ ਓਨਾ ਹੀ ਚੰਗਾ ਸਾਬਿਤ ਹੋਵੇਗਾ।' ਅਜੋਕੇ ਸਮੇਂ ਵਿਚ ਬਾਬਾ ਸਾਹਿਬ ਦੇ ਇਹ ਸ਼ਬਦ ਅੱਜ ਦੇ ਸਿਆਸਤਦਾਨਾਂ ਅਤੇ ਸਾਜ਼ਿਸ਼ਕਾਰਾਂ ਲਈ ਇਕ ਮੀਟਰ ਹੈ, ਜਿਸ ਵਿਚ ਖੁਦ ਦੀ ਸੋਚ ਦੇ ਕੱਦ ਨੂੰ ਮਾਪਿਆ ਜਾ ਸਕਦਾ ਹੈ। ਉਹਨਾ ਦੇ ਸ਼ਬਦਾਂ ਦੇ ਸ਼ੀਸ਼ੇ ਸਾਵੇ ਖੁਦ ਨੂੰ ਜਾਂਚਣ ਦੀ ਲੋੜ ਹੈ।

# ਸੰਪਰਕ : 98782-61522

3-FEB-PAGE-5.qxd 2/2/2025 9:58 PM Page 1



# ਕੇਂਦਰੀ ਬਜਟ ਬਿਨਾਂ ਸਰਵੇਖਣ ਤੋਂ ਪੇਸ਼, ਅਮੀਰ ਤੇ ਕਾਰਪੋਰੇਟ ਭਰਨਗੇ ਜੇਬਾਂ : ਚੌਹਾਨ

## ਅਵਤਾਰ ਸਿੰਘ ਸਕੱਤਰ, ਪਵਨ ਕੁਮਾਰ ਤੇ ਜਗਤਾਰ ਸਿੰਘ ਪਿੰਡ ਇਕਾਈ ਦੇ ਬਣੇ ਮੀਤ ਸਕੱਤਰ



**ਮਾਨਸਾ (ਆਤਮਾ ਸਿੰਘ ਪਮਾਰ)**
ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤੇ ਬੱਜਟ ਬਿਨਾਂ ਸਰਵੇਖਣ ਕੀਤਿਆਂ ਹੀ ਪਾਸ ਕਰਕੇ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ, ਔਰਤਾਂ ਤੇ ਮੱਧ ਵਰਗ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ। ਬੱਜਟ ਵਿੱਚ ਰੁਜ਼ਗਾਰ, ਸਿੱਖਿਆ ਸਿਹਤ, ਜ਼ਮੀਨ ਪਾਣੀ ਤੇ ਖੇਤੀ ਨੂੰ ਕਿਸੇ ਸੰਵੇਦਨਸ਼ੀਲ ਤਰੀਕੇ ਨਾਲ ਵੇਖਿਆ ਗਿਆ ਹੈ। ਇਹ ਕੇਵਲ ਅਮੀਰਾਂ ਤੇ ਕਾਰਪੋਰੇਟ ਘਰਾਣਿਆਂ ਨੂੰ ਖ਼ੁਸ਼ ਕਰਨ ਤੇ ਉਨ੍ਹਾਂ ਦੀ ਜੇਬਾਂ ਭਰਨ ਵਾਲਾ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਨੇੜਲੇ ਪਿੰਡ ਮਾਨਸਾ ਖੁਰਦ ਵਿਖੇ ਪਾਰਟੀ ਵਰਕਰਾਂ ਦੀ ਮੀਟਿੰਗ ਮੌਕੇ ਸੰਬੋਧਨ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਪਾਰਟੀ ਦੀ 25ਵੀਂ ਪਾਰਟੀ ਕਾਂਗਰਸ ਚੰਡੀਗੜ੍ਹ ਪੰਜਾਬ ਸਬੰਧੀ ਸੀ.ਪੀ.ਆਈ ਵੱਲੋਂ ਪੂਰੇ ਦੇਸ ਵਿਚ ਉਤਸ਼ਾਹ ਨਾਲ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਮਾਨਸਾ ਜ਼ਿਲ੍ਹੇ ਦੀ ਸਮੁੱਚੀ ਟੀਮ ਵੱਲੋਂ ਵੀ ਪੂਰੇ ਉਤਸ਼ਾਹ ਨਾਲ ਸ਼ਾਮਲ ਹੋਣ ਦੀ ਅਪੀਲ ਕੀਤੀ ਜਾ ਰਹੀ ਹੈ।

ਮੀਟਿੰਗ ਕਾਮਰੇਡ ਹਰਨੇਕ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ ਤੇ ਕਿਸਾਨ ਆਗੂ ਦਲਜੀਤ ਮਾਨਸਾਹੀਆ ਤੇ ਖੇਤ ਮਜ਼ਦੂਰ ਆਗੂ ਸੁਖਦੇਵ ਪੰਧੇਰ ਨੇ ਬਠਿੰਡਾ ਦੇ ਪਿੰਡ ਦਾਨ ਸਿੰਘ ਵਾਲਾ ਕੋਠੇ ਦੇ ਦਲਿਤ ਭਾਈਚਾਰੇ ਤੇ ਧਨਾਢਾਂ ਵੱਲੋਂ ਕੀਤੇ ਅੱਤਿਆਚਾਰ ਦੀ ਨਿੰਦਾ ਕਰਦਿਆਂ ਪੀੜਤਾਂ ਨੂੰ ਨਿਆਂ ਦੇਣ ਦੀ ਮੰਗ ਕੀਤੀ।

ਆਗੂਆਂ ਨੇ ਮਨਰੇਗਾ ਕਾਨੂੰਨ ਵਿੱਚ ਕੀਤੀ ਜਾ ਰਹੀ ਗੜਬੜੀ ਤੇ ਫੈਲੇ ਭ੍ਰਿਸ਼ਟਾਚਾਰ ਵਿਰੁੱਧ 21 ਫਰਵਰੀ ਨੂੰ ਮਾਨਸਾ ਬੀ ਡੀ ਪੀ ਓ ਦਫ਼ਤਰ ਵਿਖੇ ਧਰਨੇ ਸਬੰਧੀ ਵਿਚਾਰ ਚਰਚਾ ਕੀਤੀ ਗਈ।

ਮੀਟਿੰਗ ਦੌਰਾਨ ਸੀ ਪੀ ਆਈ ਪਿੰਡ ਇਕਾਈ ਦੀ ਚੋਣ ਮੌਕੇ ਅਵਤਾਰ ਸਿੰਘ ਪੰਧੇਰ ਸਕੱਤਰ, ਪਵਨ ਕੁਮਾਰ ਤੇ ਜਗਤਾਰ ਸਿੰਘ ਮੀਤ ਸਕੱਤਰ ਅਤੇ ਹਰਨੇਕ ਸਿੰਘ ਢਿੱਲੋਂ ਸਰਬਸੰਮਤੀ ਨਾਲ ਖ਼ਜ਼ਾਨਚੀ ਚੁਣੇ ਗਏ।

# ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਆ ਰਹੀ ਸਮੱਸਿਆ ਬਾਰੇ ਵਿਚਾਰ-ਵਟਾਂਦਰਾ ਕੀਤਾ

**ਜ਼ੀਰਾ (ਨਰਿੰਦਰ ਅਨੇਜਾ)**
ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਯੋਗ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੀ ਇਕਾਈ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਆਤਮਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।

ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਪ੍ਰਧਾਨ ਆਤਮਾ ਸਿੰਘ, ਚੇਅਰਮੈਨ ਗੁਰਦਿੱਤ ਸਿੰਘ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸੁੱਖੇਵਾਲਾ, ਸੀਨੀਅਰ ਮੀਤ ਪ੍ਰਧਾਨ ਅਜ਼ਮੇਰ ਸਿੰਘ ਢੇਰੂ ਤੇ ਜਨਰਲ ਸਕੱਤਰ ਸੁਰਜੀਤ ਸਿੰਘ ਆਦਿ ਨੇ ਬੋਲਦਿਆਂ ਕਿਹਾ ਕਿ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਦੇ ਸਲੱਮ ਏਰੀਆ ਵਿੱਚ ਸਾਫ਼ ਸੁਥਰਾ ਕੰਮ ਕਰਦੇ ਪ੍ਰੈਕਟੀਸ਼ਨਰ ਸਾਫ਼ ਸੁਥਰਾ ਕੰਮ ਕਰਨ ਦੇ ਨਾਲ-ਨਾਲ ਸਮਾਜ ਭਲਾਈ ਦੇ ਕੰਮਾਂ ਵੱਲ ਵੀ ਧਿਆਨ ਦਿੰਦੇ ਹੋਏ ਵਿਚਰਨ ਅਤੇ ਪੰਜਾਬ ਵਿੱਚ ਜੋ ਨਸ਼ਿਆਂ ਦਾ ਛੇਵਾਂ ਦਰਿਆ ਵੱਗ ਰਿਹਾ ਹੈ।ਉਸ ਨੂੰ ਠੱਲ੍ਹ ਪਾਉਣ ਲਈ ਨਸ਼ਿਆਂ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਜਾਗਰੂਕ ਕਰਦੇ ਹੋਏ ਸਰਕਾਰ ਦੁਆਰਾ ਚਲਾਏ ਜਾ ਰਹੇ ਸੈਂਟਰਾਂ ਵਿੱਚ ਭੇਜ ਕੇ ਇਸ ਜੰਜਾਲ ਵਿੱਚੋਂ ਨਿਕਲਣ ਵਿੱਚ ਮੱਦਦ ਕਰੋ।

ਇਸ ਇਕੱਤਰਤਾ ਵਿੱਚ ਸੁਖਮਨੀ ਹਸਪਤਾਲ ਜ਼ੀਰਾ ਦੇ ਓਨਰ ਸੰਜੀਵ ਨਾਰੰਗ, ਡਾਕਟਰ ਜਤਿੰਦਰ ਕੁਮਾਰ ਸੋਨੂੰ ਤੇ ਉਨ੍ਹਾਂ ਦੀ ਟੀਮ ਨੇ ਵੀ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਆਪਣੇ ਹਸਪਤਾਲ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ। ਅਖੀਰ 'ਤੇ ਪ੍ਰਧਾਨ ਆਤਮਾ ਸਿੰਘ ਵੱਲੋਂ ਸਾਰੇ ਮੈਂਬਰਾਂ ਅਤੇ ਸੁਖਮਨੀ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ।ਪ੍ਰਧਾਨ ਆਤਮਾ ਸਿੰਘ ਤੇ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾ ਇਸ ਵਿਸ਼ੇਸ਼ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਪ੍ਰੈਕਟੀਸ਼ਨਰ ਸ਼ਾਮਲ ਹੋਏ।



# ਭਾਜਪਾ ਦੀ ਮੈਂਬਰਸ਼ਿਪ ਮੁਹਿੰਮ 'ਚ ਇਤਿਹਾਸ ਕਾਇਮ ਕਰਨਾ ਚਾਹੀਦਾ : ਡਾ. ਸੀਮਾਂਤ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**
ਜ਼ਿਲ੍ਹੇ 'ਚ ਭਾਜਪਾ ਦਾ ਜੋ ਮੈਂਬਰਸ਼ਿਪ ਅਭਿਆਨ ਚੱਲ ਰਿਹਾ ਹੈ, ਉਸਦੇ ਮੱਦੇਨਜ਼ਰ ਭਾਜਪਾ ਦੇ ਅਹੁਦੇਦਾਰਾਂ ਨੂੰ ਵੱਧ ਤੋਂ ਵੱਧ ਮੈਂਬਰ ਬਣਾ ਕੇ ਮੋਗਾ ਵਿਚ ਇਕ ਇਤਿਹਾਸ ਕਾਇਮ ਕਰਨਾ ਚਾਹੀਦਾ, ਤਾਂ ਜੁ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੀ ਪੰਜਾਬ ਵਿਚ ਸਰਕਾਰ ਬਣਾਈ ਜਾ ਸਕੇ।ਇਹ ਵਿਚਾਰ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਦਿਹਾਤੀ ਮੰਡਲ ਪ੍ਰਧਾਨ ਤੇਜਵੀਰ ਸਿੰਘ ਦੀ ਅਗਵਾਈ ਹੇਠ ਪਿੰਡ ਸਿੰਘਾਂਵਾਲਾ ਵਿਚ ਆਯੋਜਤ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।

ਇਸ ਮੌਕੇ ਮੰਡਲ ਪ੍ਰਧਾਨ ਤੇਜਵੀਰ ਸਿੰਘ, ਮੈਂਬਰ ਇਕਬਾਲ ਸਿੰਘ, ਹਰਵਿੰਦਰ ਸਿੰਘ, ਗੁਰਮੇਲ ਸਿੰਘ, ਬਿੰਦਰ ਸਿੰਘ, ਸੁੱਖਾ ਸਿੰਘ, ਜਤਿੰਦਰ ਸਿੰਘ, ਰੇਸ਼ਮ ਸਿੰਘ, ਜਤਿੰਦਰ ਚੱਢਾ, ਹੇਮੰਤ ਸੂਦ ਆਦਿ ਮੈਂਬਰ ਮੌਜੂਦ ਸਨ।ਇਸ ਮੌਕੇ ਡਾ. ਸੀਮਾਂਤ ਗਰਗ ਨੇ ਕਿਹਾ ਕਿ ਭਾਜਪਾ ਦੇ ਔਹੇਦਾਰਾਂ ਨੂੰ ਵੱਧ ਤੋਂ ਵੱਧ ਐਕਟਿਵ ਮੈਂਬਰ ਬਣਾਉਣੇ ਚਾਹੀਦੇ, ਤਾਂ ਜੁ ਆਉਣ ਵਾਲੇ ਸਮੇਂ ਵਿਚ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਾਉਣ ਦਾ ਰਸਤਾ ਸਾਫ਼ ਹੋ ਸਕੇ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੀਤੇ ਦਿਨੀਂ ਦੇਸ਼ ਦੇ ਪੇਸ਼ ਕੀਤੇ ਗਏ ਵਿੱਤ ਮੰਤਰੀ ਵੱਲੋਂ ਬਜਟ ਵਿਚ ਮਾਧਿਅਮ ਵਰਗ ਨੂੰ ਜੋ ਸਹੂਲਤਾਂ ਤੇ ਰਾਹਤ ਦਿੱਤੀ ਗਈ ਹੈ, ਉਸ ਨਾਲ ਦੇਸ਼ ਦਾ ਮਧਿਅਮ ਵਪਰਗ ਆਰਥਿਕ ਤੌਰ 'ਤੇ ਮਜ਼ਬੂਤ ਹੋਵੇਗਾ ਅਤੇ ਦੇਸ਼ ਦੀ ਤਰੱਕੀ ਅਤੇ ਵਿਕਾਸ ਵਿੱਚ ਵੀ ਯੋਗਦਾਨ ਪਾ ਸਕੇਗਾ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਕੇਂਦਰੀ ਸਕੀਮਾਂ ਤਹਿਤ ਸਿਹਤ ਸਹੂਲਤਾਂ ਲਈ ਪੰਜ ਲੱਖ ਲੋੜਵੰਦਾਂ ਦੇ ਇਲਾਜ ਲਈ ਆਯੂਸ਼ਮਾਨ ਕਾਰਡ, ਪ੍ਰਧਾਨ ਮੰਤਰੀ ਕਿਸਾਨ ਨਿਧੀ ਯੋਜਨਾ ਤਹਿਤ ਕਿਸਾਨਾਂ ਦੀ ਸਹਾਇਤਾ ਲਈ ਕਾਰਡ, ਬੁਢਾਪਾ ਪੈਨਸ਼ਨ, ਵਿਧਵਾ ਪੈਨਸ਼ਨ, ਉੱਜਵਲਾ ਸਕੀਮ, ਪ੍ਰਧਾਨ ਮੰਤਰੀ ਆਵਾਸ ਯੋਜਨਾ ਸਕੀਮ ਅਤੇ ਡਾ. ਹੋਰ ਸਕੀਮਾਂ ਦਾ ਲਾਭ ਲੈਣ ਲਈ ਭਾਜਪਾ ਦਫ਼ਤਰਾਂ ਵਿੱਚ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਜਾਣਗੀਆਂ, ਕਿਉਂਕਿ ਪੰਜਾਬ ਦੇ ਸੁਵਿਧਾ ਕੇਂਦਰਾਂ ਵਿੱਚ ਇਨ੍ਹਾਂ ਸਕੀਮਾਂ ਦਾ ਲਾਭ ਨਾ ਮਿਲਣ ਕਾਰਨ ਲੋਕ ਕੇਂਦਰ ਦੀਆਂ ਸਕੀਮਾਂ ਤੋਂ ਵਾਂਝੇ ਹਨ।ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿਚ ਕੇਂਦਰ ਦੀਆਂ ਸਕੀਮਾਂ ਬਾਰੇ ਹਰ ਪਿੰਡ ਵਿਚ ਕੈਂਪ ਲਾ ਕੇ ਲੋਕਾਂ ਨੂੰ ਜਾਗਰੂਕ ਕਰੇਗੀ ਤੇ ਜਾਗਰੂਕਤਾ ਕੈਂਪਾਂ ਵਿਚ ਲੋਕ ਸਕੀਮਾਂ ਦੇ ਫਾਰਮ ਭਰਨਗੇ ਅਤੇ ਉਨ੍ਹਾਂ ਫਾਰਮਾਂ ਦਾ ਡਾਟਾ ਤਿਆਰ ਕਰਕੇ ਸਾਂਝਾ ਸੇਵਾ ਕੇਂਦਰਾਂ ਵਿਚ ਭੇਜਿਆ ਜਾਵੇਗਾ। ਉਨ੍ਹਾਂ ਦੇ ਜ਼ਿਲ੍ਹਾ ਦਫ਼ਤਰਾਂ ਵਿੱਚ ਖੋਲ੍ਹੇ ਜਾਣਗੇ, ਉਨ੍ਹਾਂ ਨੂੰ ਕਾਰਡ ਬਣਾ ਕੇ ਦੇਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ 2022 ਵਿੱਚ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਇਸ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ।

## ਕਾਤਰਾਂ

### ਅਵਾਰਾ ਕੁੱਤਿਆਂ ਨੂੰ ਹਲਕਾਅ ਦੇ ਬਚਾਅ ਲਈ ਟੀਕਾਕਰਨ ਮੁਹਿੰਮ ਸ਼ੁਰੂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਕਮਿਸ਼ਨਰ ਨਗਰ ਨਿਗਮ-ਕਮ-ਡਿਪਟੀ ਕਮਿਸ਼ਨਰ ਫਾਜ਼ਿਲਕਾ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਹੇਠ ਨਗਰ ਨਿਗਮ ਅਤੇ ਪਸ਼ੂ ਪਾਲਣ ਵਿਭਾਗ ਵਲੋਂ ਅਬੋਹਰ ਸ਼ਹਿਰ ਵਿਚ ਅਵਾਰਾ ਕੁੱਤਿਆਂ ਨੂੰ ਹਲਕਾਅ ਦੇ ਬਚਾਅ ਲਈ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਗਈ। ਐੱਸ.ਡੀ.ਐੱਮ. ਅਬੋਹਰ ਕ੍ਰਿਸ਼ਨਾ ਪਾਲ ਰਾਜਪੂਤ ਨੇ ਦੱਸਿਆ ਕਿ ਅਬੋਹਰ ਹਲਕੇ ਦੇ ਵੱਖ-ਵੱਖ ਏਰੀਏ ਅਤੇ ਸੜਕਾਂ 'ਤੇ ਘੁੰਮ ਰਹੇ ਕੁੱਤਿਆਂ ਨੂੰ ਫੜ ਕੇ ਹਲਕਾਅ ਰੋਕੂ ਟੀਕਾਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਕੁੱਤਿਆਂ ਨੂੰ ਹਲਕਾਅ ਤੋਂ ਬਚਾਅ ਕੇ ਮਨੁੱਖਾਂ ਨੂੰ ਸੁਰੱਖਿਅਤ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਟੀਕਾਕਰਨ ਤੋਂ ਬਾਅਦ ਕੁੱਤਿਆਂ ਦੀ ਮਾਰਕਿੰਗ ਵੀ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਅੱਜ ਦੀ ਇਸ ਮੁਹਿੰਮ ਦੌਰਾਨ ਈਦਗਾਹ ਬਸਤੀ ਪੁਰਾਣਾ ਫਾਜ਼ਿਲਕਾ ਰੋਡ ਆਦਿ ਏਰੀਆ ਵਿਚ ਅਵਾਰਾ ਕੁੱਤਿਆਂ ਨੂੰ ਕਾਬੂ ਕਰ ਕੇ ਟੀਕਾਕਰਨ ਕੀਤਾ ਗਿਆ।

### ਅਵਾਰਾ ਪਸ਼ੂ ਨਾਲ ਟਕਰਾ ਕੇ ਮੋਟਰਸਾਈਕਲ ਚਾਲਕ ਦੀ ਮੌਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੰਘਣੀ ਧੁੰਦ ਦੌਰਾਨ ਸ਼ਹਿਰ ਦੇ ਜਾਖਲ ਰੋਡ 'ਤੇ ਮੋਟਰਸਾਈਕਲ ਸਵਾਰ ਇੱਕ ਨੌਜਵਾਨ ਦੀ ਸੜਕ 'ਤੇ ਖੜੇ ਅਵਾਰਾ ਪਸ਼ੂ ਨਾਲ ਟਕਰਾ ਜਾਣ ਕਾਰਨ ਮੌਤ ਹੋ ਗਈ।ਸ਼ਹਿਰ ਦੇ ਨਵਾਣਾ ਰੋਡ ਪੁਰਾਣੇ ਬੱਸ ਸਟੈਂਡ ਦੇ ਨਜ਼ਦੀਕ ਸਾਗਰ ਸਨੈਕ ਬਾਰ ਨਾਂਅ ਦੀ ਦੁਕਾਨ ਚਲਾ ਰਹੇ ਸ਼ੰਕਰ ਗਰਗ ਦਾ ਨੌਜਵਾਨ ਬੇਟਾ ਤੁਸ਼ਾਰ ਗਰਗ ਆਪਣਾ ਕੰਮ ਨਿਪਟਾ ਕੇ ਰਾਤ ਕਰੀਬ 11 ਵਜੇ ਜਦੋਂ ਘਰ ਨੂੰ ਪਰਤ ਰਿਹਾ ਸੀ ਤਾਂ ਜਖਲ ਰੋਡ ਉੱਤੇ ਸ਼ਹੀਦ ਭਗਤ ਸਿੰਘ ਚੌਕ ਦੇ ਨਜ਼ਦੀਕ ਅਚਾਨਕ ਉਸ ਦਾ ਮੋਟਰਸਾਈਕਲ ਸੜਕ ਉੱਤੇ ਖੜੇ ਅਵਾਰਾ ਪਸ਼ੂ ਨਾਲ ਟਕਰਾ ਗਿਆ, ਜਿਸ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੌਜਵਾਨ ਨੂੰ ਤੁਰੰਤ ਹਸਪਤਾਲ ਪੁਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਪਟਿਆਲਾ ਰੈਫਰ ਕਰ ਦਿੱਤਾ, ਜਿਸ 'ਤੇ ਇਲਾਜ ਦੌਰਾਨ ਨੌਜਵਾਨ ਦੀ ਮੌਤ ਹੋ ਗਈ।

### ਕਨਵੋਕੇਸ਼ਨ ਸਮਾਗਮ 'ਚ ਰਾਜਪਾਲ ਆਉਣਗੇ ਅੱਜ

**ਫ਼ਰੀਦਕੋਟ (ਅਲੈਗਜੈਂਡਰ ਡਿਸੂਜ਼ਾ)**-ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ 3 ਫਰਵਰੀ ਨੂੰ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਐਮਬੀਬੀਐਸ ਵਿਦਿਆਰਥੀਆਂ ਦੇ ਕਨਵੋਕੇਸ਼ਨ ਸਮਾਰੋਹ ਲਈ ਪਹੁੰਚ ਰਹੇ ਹਨ।ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਦੇ ਵਾਈਸ ਚਾਂਸਲਰ, ਪ੍ਰੋ. ਡਾ. ਰਾਜੀਵ ਸੂਦ ਨੇ ਕਿਹਾ ਕਿ ਸਾਲ 2021 ਵਿੱਚ ਪੰਜਾਬ ਦੇ ਰਾਜਪਾਲ ਨੇ ਯੂਨੀਵਰਸਿਟੀ ਵਿਖੇ ਸ਼ਿਰਕਤ ਕਰ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਸਨ।ਹੁਣ ਅੱਜ ਇੱਕ ਵਾਰ ਫਿਰ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਨੂੰ ਮੌਕਾ ਮਿਲਿਆ ਹੈ ਕਿ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਮੈਡੀਕਲ ਗ੍ਰੈਜੂਏਸ਼ਨ, ਪੋਸਟ-ਗ੍ਰੈਜੂਏਸ਼ਨ ਤੇ ਪੀਐਚਡੀ ਕੋਰਸ ਪੂਰੇ ਕਰਨ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨਗੇ।ਇਹ ਸਮਾਂ ਯੂਨੀਵਰਸਿਟੀ 'ਚ ਕਈ ਸਾਲਾਂ ਬਾਅਦ ਆਇਆ ਤੇ ਖ਼ੁਸ਼ੀ ਦਾ ਹੈ।

### ਸਰਪੰਚੀ ਨੂੰ ਲੈ ਕੇ ਚੱਕ ਸੁਖੇਰਾ 'ਚ ਲੜਾਈ ਸੰਬੰਧੀ 9 ਨਾਮਜ਼ਦ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਬੀਤੇ ਦਿਨੀਂ ਪਿੰਡ ਚੱਕ ਸੁਖੇਰਾ (ਛੋਟਾ ਸਿੱਧੂ ਵਾਲਾ) ਵਿਖੇ ਸਰਪੰਚੀ ਨੂੰ ਲੈ ਕੇ ਹੋਈ ਲੜਾਈ ਦੇ ਸਬੰਧ ਵਿੱਚ 9 ਲੋਕਾਂ ਦੇ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਤਨਾਮ ਦਾਸ ਨੇ ਦੱਸਿਆ ਕਿ ਮੁੱਦਈ ਹਰਬੰਸ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਚੱਕ ਸੁਖੇਰਾ (ਛੋਟਾ ਸਿੱਧੂਵਾਲਾ) ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਮਿਤੀ 27-01-2025 ਨੂੰ ਲਛਮਣ ਸਿੰਘ ਵਗੈਰਾ ਨਾਲ ਉਸਦਾ ਸਰਪੰਚੀ ਨੂੰ ਲੈ ਕੇ ਬੋਲ ਬੁਲਾਰਾ ਹੋਇਆ ਸੀ ਤਾਂ ਦੇਰ ਸ਼ਾਮ ਕਰੀਬ 8 ਵਜੇ ਲਛਮਣ ਸਿੰਘ ਵਗੈਰਾ ਨੇ ਉਸਦੀ ਕੁੱਟਮਾਰ ਕਰਕੇ ਸੱਟਾਂ ਮਾਰੀਆ ਤੇ ਉਸਦੇ ਘਰ ਦਾ ਕਾਫੀ ਨੁਕਸਾਨ ਕੀਤਾ ਗਿਆ। ਥਾਣਾ ਸਦਰ ਜਲਾਲਾਬਾਦ ਵਿਖੇ ਮੁੱਦਈ ਹਰਬੰਸ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਲਛਮਣ ਸਿੰਘ ਪੁੱਤਰ ਗੁਲਜ਼ਾਰ ਸਿੰਘ, ਸੁਨੀਲ ਸਿੰਘ ਪੁੱਤਰ ਪਿਆਰਾ ਸਿੰਘ, ਗੁਰਪ੍ਰੀਤ ਸਿੰਘ ਪੁੱਤਰ ਧਰਮਾ ਸਿੰਘ, ਮਨਜੀਤ ਸਿੰਘ ਪੁੱਤਰ ਪਿਆਰਾ ਸਿੰਘ, ਪ੍ਰਕਾਸ਼ ਸਿੰਘ ਪੁੱਤਰ ਦਰਸ਼ਨ ਸਿੰਘ, ਅੰਗਰੇਜ ਸਿੰਘ ਪੁੱਤਰ ਮੁਖਤਿਆਰ ਸਿੰਘ, ਹਰਮੇਸ਼ ਸਿੰਘ ਪੁੱਤਰ ਮਾਹਨਾ ਸਿੰਘ, ਧਰਮਾ ਸਿੰਘ ਪੁੱਤਰ ਧਾਰਾ ਸਿੰਘ ਵਾਸੀਆਨ ਛੋਟਾ ਸਿੱਧੂ ਵਾਲਾ, ਸੁਰਜੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਸੰਤੋਖ ਸਿੰਘ ਵਾਲਾ ਦੇ ਖਿਲਾਫ ਮੁਕੱਦਮਾ ਨੰਬਰ 8, ਮਿਤੀ 01-02-2025 ਨੂੰ ਧਾਰਾ 115 (2),324(4),191(3), 190 ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਚਾਈਨਾ ਡੋਰ ਦੇ ਗੱਟੂਆਂ ਸਮੇਤ ਦੋ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਸਰਹਿੰਦ ਦੇ ਐਸ.ਐਚ.ਓ. ਇੰਸਪੈਕਟਰ ਸੰਦੀਪ ਸਿੰਘ ਦੀ ਅਗਵਾਈ ਵਿੱਚ ਚਾਈਨਾ ਡੋਰ ਵੇਚਣ ਤੇ ਇਸ ਦੀ ਵਰਤੋਂ ਕਰਨ ਵਾਲਿਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸਰਹਿੰਦ ਪੁਲਿਸ ਵੱਲੋਂ ਦੋ ਵਿਅਕਤੀਆਂ ਨੂੰ ਚਾਈਨਾ ਡੋਰ ਦੇ ਗੱਟੂਆਂ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਸਰਹਿੰਦ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਵਿਕਾਸ ਗਿਰੀ ਵਾਸੀ ਸ਼ੇਖੂਪੁਰਾ ਸਰਹਿੰਦ ਪਾਬੰਦੀਸ਼ੁਦਾ ਚਾਈਨਾ ਡੋਰ ਵੇਚਣ ਦਾ ਧੰਦਾ ਕਰਦਾ ਹੈ।ਸੂਚਨਾ 'ਤੇ ਕਾਰਵਾਈ ਕਰਦਿਆਂ ਸਹਾਇਕ ਥਾਣੇਦਾਰ ਜਸਮੇਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਵਿਕਾਸ ਗਿਰੀ ਨੂੰ ਕਾਬੂ ਕੀਤਾ ਗਿਆ, ਜਿਸ ਦੇ ਕਬਜ਼ੇ 'ਚੋਂ ਚਾਈਨਾ ਡੋਰ ਦੇ 12 ਗੱਟੂ ਬਰਾਮਦ ਹੋਣ 'ਤੇ ਥਾਣਾ ਸਰਹਿੰਦ ਵਿਖੇ ਇਸ ਸਬੰਧੀ ਅ/ਧ 125 ਬੀ.ਐਨ.ਐਸ. ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਵਿਕਾਸ ਗਿਰੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਥਾਣਾ ਸਰਹਿੰਦ ਦੀ ਪੁਲਸ ਪਾਰਟੀ ਵੱਲੋਂ ਮਿਲੀ ਸੂਚਨਾ ਦੇ ਆਧਾਰ 'ਤੇ ਰਾਹੁਲ ਵਾਸੀ ਸਰਹਿੰਦ ਨੂੰ ਕਾਬੂ ਕੀਤਾ ਗਿਆ ਜਿਸ ਦੇ ਕਬਜ਼ੇ 'ਚੋਂ ਚਾਈਨਾ ਡੋਰ ਦੇ 11 ਗੱਟੂ ਬਰਾਮਦ ਹੋਣ 'ਤੇ ਉਸਨੂੰ ਅ/ਧ 125 ਬੀ.ਐਨ.ਐਸ. ਤਹਿਤ ਗ੍ਰਿਫ਼ਤਾਰ ਕਰ ਲਿਆ ਗਿਆ।

# ਪੰਜਾਬ ਪੈਨਸ਼ਨਰਜ਼ ਸਾਂਝਾ ਫਰੰਟ ਨੇ ਭੁੱਖ ਹੜਤਾਲ 'ਤੇ ਬੈਠਣ ਦਾ ਫੈਸਲਾ ਲਿਆ



**ਜਲਾਲਾਬਾਦ (ਜੰਗੀਰ ਕੌਰ ਫਲੀਆਂਵਾਲਾ/ਜੀਤ ਕੁਮਾਰ)**
ਪੰਜਾਬ ਪੈਨਸ਼ਨਰਜ ਸਾਂਝਾ ਫਰੰਟ ਦੇ ਕਨਵੀਨਰਜ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਦਫ਼ਤਰ ਵਿਖੇ ਹੋਈ, ਜਿਸ 'ਚ ਪੈਨਸ਼ਨਰਜ ਸਾਂਝਾ ਫਰੰਟ ਕਨਵੀਨਰਜ ਕਮੇਟੀ ਵੱਲੋਂ ਗੌਰਮਿੰਟ ਪੈਨਸ਼ਨਰਜ ਯੂਨੀਅਨ ਪੰਜਾਬ ਜ਼ਿਲ੍ਹਾ ਫਾਜਿਲਕਾ ਦੇ ਪ੍ਰਧਾਨ ਹਰਭਜਨ ਸਿੰਘ ਖੁੰਗਰ, ਪੰਜਾਬ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਬੂਟਾ ਸਿੰਘ ਚਿਮਨੇ ਵਾਲਾ ਤੇ ਦੇਸ ਰਾਜ ਗਾਂਧੀ, ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨੌਪਾ ਰਾਮ, ਪਾਵਰ ਕਾਮ ਪੈਨਸ਼ਨਰਜ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਵਸਾਵਾ ਰਾਮ ਕੰਬੋਜ, ਪੁਲਸ ਪੈਨਸ਼ਨਰਜ ਵੈਲਫ਼ੇਅਰ ਐਸੋਸੀਏਸ਼ਨ ਫ਼ਾਜ਼ਿਲਕਾ ਦੇ ਪ੍ਰਧਾਨ ਵਜ਼ੀਰ ਚੰਦ, ਪੰਜਾਬ ਮਿਉਂਸਪਲ ਪੈਨਸ਼ਨਰਜ ਦੇ ਜਨਰਲ ਸਕੱਤਰ ਕੁਲਵੰਤ ਰਾਏ ਗਾਬਾ ਸ਼ਾਮਲ ਹੋਏ।

ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਸੂਬਾਈ ਫ਼ੈਸਲੇ ਦੀ ਰੌਸ਼ਨੀ ਵਿੱਚ 07-2-2025 ਨੂੰ ਸਾਂਝਾ ਫਰੰਟ ਵੱਲੋਂ ਫ਼ਾਜ਼ਿਲਕਾ ਦੇ ਡੀ.ਸੀ ਦਫ਼ਤਰ ਦੇ ਬਾਹਰ ਵਿਸ਼ਾਲ ਰੈਲੀ ਕਰਨ ਉਪਰੰਤ 11 ਪੈਨਸ਼ਨਰਜ਼ ਸਾਥੀ ਇੱਕ ਦਿਨ ਦੀ ਭੁੱਖ ਹੜਤਾਲ 'ਤੇ ਬੈਠਣਗੇ। 10-11 ਫਰਵਰੀ 2025 ਨੂੰ ਮੁਲਾਜ਼ਮ ਪੈਨਸ਼ਨਰਜ ਦੀਆ ਮੰਗਾਂ ਦਾ 'ਮੰਗ ਪੱਤਰ' ਜ਼ਿਲ੍ਹਾ ਫ਼ਾਜ਼ਿਲਕਾ 'ਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਵੱਡੇ ਵਫਦਾਂ ਰਾਹੀਂ ਉਨ੍ਹਾਂ ਦੇ ਘਰ ਜਾ ਕੇ ਸੌਂਪੇ ਜਾਣਗੇ।

ਫਰੰਟ ਦੇ ਜ਼ਿਲ੍ਹਾ ਕਨਵੀਨਰ ਸਾਥੀ ਹਰਭਜਨ ਸਿੰਘ ਖੁੰਗਰ ਨੇ ਕਿਹਾ ਕਿ 10 ਫਰਵਰੀ ਨੂੰ ਸਾਝਾਂ ਫਰੰਟ ਦਾ ਵਫ਼ਦ ਫ਼ਾਜ਼ਿਲਕਾ ਤੇ ਬੱਲੂਆਣਾ ਹਲਕਾ ਦੇ ਐਮ.ਐਲ.ਏ ਨੂੰ ਮਿਲ ਕੇ ਮੰਗ ਪੱਤਰ ਦਿੱਤਾ ਜਾਵੇਗਾ। 11 ਫਰਵਰੀ ਨੂੰ ਹਲਕਾ ਜਲਾਲਾਬਾਦ ਦੇ ਐਮ.ਐਲ.ਏ ਨੂੰ ਵਫ਼ਦ ਮਿਲ ਕੇ ਮੰਗ ਪੱਤਰ ਦੇਵੇਗਾ। ਪੈਨਸ਼ਨਰਜ ਸਾਂਝਾ ਫਰੰਟ ਜ਼ਿਲ੍ਹਾ ਫ਼ਾਜ਼ਿਲਕਾ ਦੇ ਆਗੂਆਂ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲਾ ਪੰਜਾਬ ਸਰਕਾਰ ਪੈਨਸ਼ਨਰਜ ਤੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਪੈਨਸ਼ਨ ਸੋਧ ਲਈ 2.59 ਗੁਣਾਂਕ ਲਾਗੂ ਕਰੇ। ਤਨਖਾਹ ਕਮਿਸ਼ਨ ਦੀ ਪੇ ਰਵੀਜਨ ਦਾ ਏਰੀਅਰ ਤੇ ਡੀ ਏ ਦਾ ਬਕਾਇਆ ਇਕਮੁਸ਼ਤ ਦਿੱਤਾ ਜਾਵੇ। ਕੇਂਦਰੀ ਪੈਟਰਨ ਤੇ ਬਕਾਇਆ 11% ਡੀਏ ਦੀਆਂ ਤਿੰਨ ਕਿਸ਼ਤਾਂ ਰਿਲੀਜ਼ ਕੀਤੀਆਂ ਜਾਣ। ਕੈਸ਼ਲੈਸ ਹੈਲਥ ਕਾਰਡ ਸਕੀਮ ਲਾਗੂ ਕੀਤੀ ਜਾਵੇ। ਸਾਂਝਾ ਫਰੰਟ ਨੇ ਕਿਹਾ ਕਿ ਜੇਕਰ ਇਨ੍ਹਾਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਆਉਣ ਵਾਲੇ ਬਜਟ ਸੈਸ਼ਨ 'ਚ ਪੰਜਾਬ ਦੇ ਹਜ਼ਾਰਾਂ ਮੁਲਾਜ਼ਮ ਤੇ ਪੈਨਸ਼ਨਰਜ ਵਿਧਾਨ ਸਭਾ ਚੰਡੀਗੜ੍ਹ ਵੱਲ ਕੂਚ ਕਰਨਗੇ।

ਪੈਨਸ਼ਨਰਜ ਸਾਂਝਾ ਫਰੰਟ ਦੇ ਕਨਵੀਨਰ ਵੱਲੋਂ ਜ਼ਿਲ੍ਹੇ ਭਰ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਜ਼ ਤੇ ਸਮੂਹ ਜਨਤਕ ਜਥੇਬੰਦੀਆਂ, ਫੈਡਰੇਸ਼ਨਾਂ, ਐਸੋਸੀਏਸ਼ਨ, ਅਧਿਆਪਕ ਜਥੇਬੰਦੀਆਂ ਤੇ ਮਨਿਸਟ੍ਰੀਅਲ ਸਰਵਿਸਿਜ਼ ਯੂਨੀਅਨ ਦੇ ਕਾਮਿਆ ਤੇ ਸਮੂਹ ਲੀਡਰਸ਼ਿਪ ਨੂੰ ਅਪੀਲ ਕੀਤੀ ਕਿ 7 ਫਰਵਰੀ ਨੂੰ ਸਵੇਰੇ 11-00 ਵਜੇ ਜ਼ਿਲ੍ਹਾ ਕੇਂਦਰ 'ਤੇ ਹੋਣ ਜਾ ਰਹੀ ਜ਼ਿਲ੍ਹਾ ਪੱਧਰੀ ਰੈਲੀ 'ਚ ਵਧ-ਚੜ੍ਹ ਕੇ ਸ਼ਾਮਲ ਹੋਣ। ਪੰਜਾਬ ਪੈਨਸ਼ਨਰਜ ਸਾਂਝਾ ਫਰੰਟ ਦੇ ਆਗੂਆਂ ਨੇ ਭਗਵੰਤ ਮਾਨ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ 1-1-04 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। ਸਾਂਝਾ ਫਰੰਟ ਦੇ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਨੂੰ ਇਹ ਵੀ ਅਪੀਲ ਕੀਤੀ ਕਿ ਫ਼ਾਜ਼ਿਲਕਾ ਜ਼ਿਲ੍ਹਾ ਬਣੇ ਨੂੰ 13 ਸਾਲ ਬੀਤ ਗਏ ਹਨ, ਪਰ ਖ਼ਜ਼ਾਨਾ ਦਫਤਰ ਨੂੰ ਅਜੇ ਤੱਕ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਦਾ ਰੁਤਬਾ ਨਹੀਂ ਮਿਲਿਆ, ਜਿਸ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਜ ਤੇ ਹੋਰ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਆਪਣੇ ਕੰਮਾਂ ਲਈ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਫ਼ਿਰੋਜ਼ਪੁਰ ਜਾਣਾ ਪੈਂਦਾ ਹੈ, ਜੋ ਫ਼ਾਜ਼ਿਲਕਾ ਜ਼ਿਲ੍ਹੇ ਦੇ ਲੋਕਾਂ ਨੂੰ 60 ਤੋ 150 ਕਿਲੋਮੀਟਰ ਦਾ ਸਫ਼ਰ ਕਰਨਾ ਪੈਂਦਾ ਹੈ, ਕਿਉਂਕਿ ਜ਼ਿਲ੍ਹੇ ਦੀ ਸਰਹੱਦ ਰਾਜਸਥਾਨ ਦੇ ਗੰਗਾਨਗਰ ਜ਼ਿਲ੍ਹੇ ਨਾਲ ਲੱਗਦੀ ਹੈ, ਜੋ ਬਹੁਤ ਦੂਰ ਹੈ।

## ਮੋਦੀ ਸਰਕਾਰ ਦਾ ਬਜਟ ਸ਼ਲਾਘਾਯੋਗ : ਸੰਜੀਵ ਲੀਹਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਾਜਪਾ ਦੇ ਜ਼ਿਲ੍ਹਾ ਉਪ ਪ੍ਰਧਾਨ ਸੰਜੀਵ ਲੀਹਲ ਨੇ ਕਿਹਾ ਕਿ ਸੰਸਦ ਵਿੱਚ ਬੱਜਟ ਸੈਸ਼ਨ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਜੋ ਬੱਜਟ ਪੇਸ਼ ਕੀਤਾ ਹੈ, ਉਸ ਤੋਂ ਹਰੇਕ ਵਰਗ ਖ਼ੁਸ਼ ਦਿਖਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਜੋ ਬੱਜਟ ਪੇਸ਼ ਕੀਤਾ ਗਿਆ ਹੈ, ਉਹ ਮਹਿੰਗਾਈ ਨੂੰ ਘਟਾਉਣ ਵਾਲਾ ਹੈ, ਕਿਉਂਕਿ ਸਰਕਾਰ ਨੇ ਜ਼ਰੂਰੀ ਵਸਤਾਂ ਵਾਲੇ ਸਮਾਨ ਜਿਸ ਵਿੱਚ ਐੱਲਈਡੀ, ਮੋਬਾਇਲ, ਦਵਾਈਆਂ ਤੇ ਕੱਪੜਾ ਜੋ ਹਰੇਕ ਗਰੀਬ ਵਿਅਕਤੀ ਦੀ ਜ਼ਰੂਰਤ ਹੈ ਉਸ ਦੇ ਭਾਅ ਵੀ ਘਟਾ ਦਿੱਤੇ ਹਨ।

ਭਾਜਪਾ ਆਗੂ ਸੰਜੀਵ ਲੀਹਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਦੇਸ਼ ਦੀ ਤਰੱਕੀ ਤੇ ਲੋਕਾਂ ਦੀ ਖ਼ੁਸ਼ਹਾਲੀ ਬਾਰੇ ਸੋਚਦੇ ਹਨ ਅਤੇ ਇਹ ਬੱਜਟ ਬਹੁਤ ਹੀ ਸ਼ਲਾਘਾਯੋਗ ਹੈ।

ਉਨ੍ਹਾਂ ਦੱਸਿਆ ਕਿ ਇਹ ਬੱਜਟ ਵਪਾਰੀਆਂ ਦੇ ਨਾਲ ਨਾਲ ਕਿਸਾਨਾਂ ਲਈ ਵੀ ਲਾਹੇਵੰਦ ਹੈ, ਕਿਉਂਕਿ ਪੀ.ਐੱਮ. ਧੰਨ ਧੰਨ ਯੋਜਨਾ ਤਹਿਤ 1.07 ਕਰੋੜ ਕਿਸਾਨਾਂ ਨੂੰ ਲਾਭ ਮਿਲੇਗਾ। ਇਸ ਤੋਂ ਇਲਾਵਾ ਹੋਰ 82 ਵੱਖ-ਵੱਖ ਤਰ੍ਹਾਂ ਦੇ ਸਮਾਨ ਜਿਨ੍ਹਾਂ ਤੋਂ ਟੈਕਸ ਵੀ ਘਟਾ ਦਿੱਤਾ ਗਿਆ ਹੈ।

# ਸੰਧਵਾਂ ਦੇ ਪੀ ਆਰ ਓ ਦੇ ਪਿਤਾ ਦੇ ਅੰਤਮ ਸੰਸਕਾਰ ਮੌਕੇ ਪੁੱਜੀਆਂ ਨਾਮਵਰ ਸ਼ਖ਼ਸੀਅਤਾਂ



**ਕੋਟਕਪੂਰਾ (ਰਛਪਾਲ ਭੁੱਲਰ)**-ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪੀ.ਆਰ.ਓ. ਮਨਪ੍ਰੀਤ ਸਿੰਘ ਮਨੀ ਧਾਲੀਵਾਲ ਦੇ ਪਿਤਾ ਜਥੇਦਾਰ ਲਾਭ ਸਿੰਘ ਧਾਲੀਵਾਲ ਦੇ ਅੰਤਿਮ ਸਸਕਾਰ ਮੌਕੇ ਉਨ੍ਹਾਂ ਦੇ ਗ੍ਰਹਿ ਵਿਖੇ ਵੱਡੀ ਗਿਣਤੀ ਵਿੱਚ ਰਾਜਨੀਤਕ, ਗੈਰ ਸਿਆਸੀ, ਸਮਾਜਿਕ, ਵਪਾਰਕ, ਵਿੱਦਿਅਕ ਸੰਸਥਾਵਾਂ ਤੇ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ।ਪਰਵਾਰਕ ਮੈਂਬਰਾਂ ਅਨੁਸਾਰ ਘਰ ਵਿੱਚ ਸਹਿਜ ਪਾਠ ਆਰੰਭ ਕਰਾਇਆ ਗਿਆ ਹੈ, ਜਿਸ ਦਾ ਭੋਗ ਤੇ ਅੰਤਮ ਅਰਦਾਸ 9 ਫਰਵਰੀ ਨੂੰ ਹੋਵੇਗੀ।ਉਨ੍ਹਾਂ ਦੇ ਗ੍ਰਹਿ ਵਿਖੇ ਭਾਈ ਬੇਅੰਤ ਸਿੰਘ ਪਾਰਸ ਦੇ ਰਾਗੀ ਜੱਥੇ ਨੇ ਗੁਰਬਾਣੀ ਕੀਰਤਨ ਕੀਤਾ। ਜਥੇਦਾਰ ਬਾਬਾ ਕੁਲਵੰਤ ਸਿੰਘ ਚਾਨਕੀਆ ਨੇ ਅਰਦਾਸ ਬੇਨਤੀ ਕਰਨ ਉਪਰੰਤ ਪਵਿੱਤਰ ਹੁਕਮਨਾਮਾ ਲਿਆ।ਮਨੀ ਧਾਲੀਵਾਲ, ਉਸ ਦੇ ਛੋਟੇ ਭਰਾ ਪ੍ਰੋ. ਮਨਜੀਤ ਸਿੰਘ ਧਾਲੀਵਾਲ ਤੇ ਚਾਚਾ ਸਤਪਾਲ ਸਿੰਘ ਧਾਲੀਵਾਲ ਨੇ ਦੱਸਿਆ ਕਿ ਜਥੇਦਾਰ ਲਾਭ ਸਿੰਘ ਦਾ ਅੰਗੀਠਾ 2 ਫਰਵਰੀ ਨੂੰ ਸਵੇਰੇ 11:00 ਵਜੇ ਉਨ੍ਹਾਂ ਦੇ ਗ੍ਰਹਿ ਵਿਖੇ ਖੇਤਾਂ ਵਿੱਚ ਸਾਂਭ ਕੇ ਉਪਰ ਬੂਟਾ ਲਾਇਆ ਜਾਵੇਗਾ ਤਾਂ ਜੁ ਜਥੇਦਾਰ ਲਾਭ ਸਿੰਘ ਦੀ ਯਾਦ ਵੀ ਬਣੀ ਰਹੇ ਅਤੇ ਬੂਟਾ ਵੀ ਆਕਸੀਜਨ ਵੰਡਦਾ ਰਹੇ। ਜਥੇਦਾਰ ਲਾਭ ਸਿੰਘ ਦੀ ਮ੍ਰਿਤਕ ਦੇਹ 'ਤੇ ਪੰਜਾਬ ਕਿਸਾਨ ਯੂਨੀਅਨ ਫ਼ਤਹਿ ਦੇ ਪ੍ਰਧਾਨ ਅਮਨਦੀਪ ਸਿੰਘ ਢਿੱਲੋਂ ਤੇ ਗੁਰਮੇਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਜਥੇਬੰਦੀ ਦਾ ਝੰਡਾ ਪਾਇਆ ਗਿਆ, ਜਦਕਿ ਉਨ੍ਹਾਂ ਦੇ ਸੰਘਰਸ਼ ਦੇ ਸਾਥੀਆਂ ਬਘੇਲ ਸਿੰਘ ਫਾਬ, ਜਸਵੀਰ ਸਿੰਘ ਬਹਿਬਲ, ਇਕਬਾਲ ਸਿੰਘ ਫਿੰਡੇ ਆਦਿ ਨੇ ਸਿਰੋਪਾਉ ਪਾ ਕੇ ਸ਼ਰਧਾਂਜਲੀ ਭੇਟ ਕੀਤੀ।ਪੱਤਰਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਸਮੁੱਚੇ ਧਾਲੀਵਾਲ ਪਰਵਾਰ ਵਲੋਂ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਸਪੀਕਰ ਸੰਧਵਾਂ ਦੇ ਸਮੁੱਚੇ ਪਰਵਾਰ ਸਮੇਤ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ, ਆਗੂ ਸਹਿਬਾਨ ਤੇ ਸਪੀਕਰ ਸੰਧਵਾਂ ਦੀ ਟੀਮ ਦੇ ਮੈਂਬਰ ਵੀ ਭਾਰੀ ਗਿਣਤੀ ਵਿੱਚ ਹਾਜ਼ਰ ਸਨ।ਉਪਰੋਕਤ ਤੋਂ ਇਲਾਵਾ ਸਪੀਕਰ ਸੰਧਵਾਂ ਦੇ ਓ.ਐੱਸ.ਡੀ. ਮਨਿੰਦਰ ਸਿੰਘ ਬਠਿੰਡਾ ਸਮੇਤ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ, ਸ਼੍ਰੀਮਤੀ ਗੁਰਪ੍ਰੀਤ ਕੌਰ ਸੰਧਵਾਂ, ਪਰਮਜੀਤ ਕੌਰ ਸੰਧਵਾਂ, ਅਜੈਪਾਲ ਸਿੰਘ ਸੰਧੂ, ਸੰਦੀਪ ਸਿੰਘ ਸੰਨੀ ਬਰਾੜ, ਚੇਅਰਮੈਨ ਇੰਜੀ. ਸੁਖਜੀਤ ਸਿੰਘ ਢਿੱਲਵਾਂ, ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ, ਸੁਖਵੰਤ ਸਿੰਘ ਸਰਾਂ, ਬੱਬੂ ਸਿੰਘ ਪੱਕਾ, ਰਾਜਪਾਲ ਸਿੰਘ ਢੁੱਡੀ ਆਦਿ ਵੀ ਹਾਜ਼ਰ ਸਨ।

# ਬਜ਼ੁਰਗ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਦੀ ਅਣਦੇਖੀ ਕਰਨ ਦੀ ਨਿਖੇਧੀ



**ਦੋਰਾਹਾ (ਹਰਮਿੰਦਰ ਸੇਠ)**
ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ ਮਹੀਨਾਵਾਰ ਮੀਟਿੰਗ ਵਿੱਚ ਪਿਛਲੇ ਲੰਬੇ ਸਮੇਂ ਤੋਂ ਬਜ਼ੁਰਗ ਪੈਨਸ਼ਨਰਾਂ ਦੀਆਂ ਹੱਕੀ ਤੇ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਪ੍ਰਤੀ ਸਰਕਾਰ ਵਲੋਂ ਕੀਤੀ ਜਾ ਰਹੀ ਅਣਦੇਖੀ ਅਪਣਾਈ ਗਈ ਨਾਂਹ-ਪੱਖੀ ਪਹੁੰਚ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਪ੍ਰਮੁੱਖ ਮੰਗਾਂ ਵਿੱਚ ਸ਼ਾਮਲ ਛੇਵੇਂ ਤਨਖਾਹ ਕਮਿਸ਼ਨ ਵੱਲੋਂ ਸਿਫ਼ਾਰਸ਼ ਕੀਤੇ 2.59 ਗੁਣਾਂਕ ਨਾਲ ਪੈਨਸ਼ਨ ਦੁਹਰਾਈ ਕਰਨਾ, ਪੈਨਸ਼ਨ ਦੁਹਰਾਈ ਉਪਰੰਤ 1.1.2016 ਤੋਂ 30.6.2021 ਤੱਕ 5.5 ਸਾਲ ਦੇ ਬਣਦੇ ਬਕਾਏ ਦੀ ਤੁਰੰਤ ਅਦਇਗੀ, 11% ਲੰਬਿਤ ਮਹਿੰਗਾਈ ਭੱਤੇ ਦੀ ਅਦਇਗੀ ਕਰਨ ਅਤੇ ਹੋਰ ਮੰਗਾਂ ਸ਼ਾਮਲ ਹਨ, ਜਦੋਂਕਿ ਪੰਜਾਬ ਦੀ ਸਮੂਹ ਨੌਕਰਸ਼ਾਹੀ ਤੇ ਐਮ.ਐਲ.ਏ ਇਹ ਸਭ ਕੁੱਝ ਲੈ ਚੁੱਕੇ ਹਨ।ਸਰਕਾਰ ਵਲੋਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਕਰਨ ਅਤੇ ਇਸਦੀ ਥਾਂ ਪੈਨਸ਼ਨਰ ਮਾਰੂ ਯੂਨੀਫਾਈਡ ਪੈਨਸ਼ਨ ਸਕੀਮ ਲਾਗੂ ਕਰਨ ਦੀ ਵੀ ਸਖਤ ਨਿਖੇਧੀ ਕੀਤੀ ਗਈ, ਜੇ ਸਰਕਾਰ ਇਸ ਸਕੀਮ ਨੂੰ ਬੇਹਤਰ ਸਮਝਦੀ ਹੈ ਤਾਂ ਐਮ ਐਲ ਏਜ਼ ਅਤੇ ਐਮ ਪੀ'ਜ਼ ਉਪਰ ਲਾਗੂ ਕਿਉਂ ਨਹੀ ਕਰਦੀ? ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦਿਆਲ ਦਲਾਲ ਨੇ ਪੰਜਾਬ ਅੰਦਰ ਬਿਗੜਦੀ ਅਮਨ ਕਾਨੂੰਨ ਦੀ ਸਥਿਤੀ ਦਾ ਵਰਨਣ ਕਰਦਿਆਂ ਸਰਕਾਰ ਤੋਂ ਸੀਨੀਅਰ ਸਿਟੀਜ਼ਨ ਤੇ ਪੈਨਸ਼ਨਰਜ਼ ਦੀ ਸੁਰੱਖਿਆ ਦੀ ਮੰਗ ਕੀਤੀ। ਕਰਮ ਸਿੰਘ ਨੇ ਸਰਕਾਰੀਤੰਤਰ ਵਿੱਚ ਫੈਲੇ ਭ੍ਰਿਸ਼ਟਾਚਾਰ ਦਾ ਵਰਨਣ ਕੀਤਾ, ਰਣਜੀਤ ਸਿੰਘ ਟਿਵਾਣਾ ਨੇ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੇ ਅਦਾਲਤ ਵਿੱਚ ਚਲਦੇ ਕੇਸਾਂ ਬਾਰੇ ਜਾਣਕਾਰੀ ਦਿੱਤੀ।ਦਰਸ਼ਨ ਸਿੰਘ, ਕਮਲਜੀਤ ਸਿੰਘ, ਪਿਆਰਾ ਸਿੰਘ ਤੇ ਰੁਪਿੰਦਰ ਸਿੰਘ ਨੇ ਵੀ ਆਪਣੇ ਵਿਚਾਰ ਰਖੇ।ਪੈਨਸ਼ਨਰਜ਼ ਵੱਲੋਂ 7 ਫਰਵਰੀ ਨੂੰ ਕੀਤੀ ਜਾ ਰਹੀ ਭੁੱਖ ਹੜਤਾਲ ਅਤੇ ਇਸੇ ਮਹੀਨੇ ਮੁਹਾਲੀ ਵਿਖੇ ਕੀਤੀ ਜਾਣ ਵਾਲੀ ਰੈਲੀ ਦਾ ਸਮਰਥਨ ਤੇ ਰੈਲੀ 'ਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ ਗਿਆ।

# ਮੇਲਾ ਗਰਾਊਂਡ 'ਚ ਸਟਾਲਾਂ 'ਤੇ ਵਿਕ ਰਹੀਆਂ ਘਟੀਆ ਕੁਆਲਟੀ ਦੀਆਂ ਵਸਤੂਆਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੌਸਮ ਦੇ ਅਚਾਨਕ ਬਦਲੇ ਮਿਜਾਜ਼ ਤੋਂ ਬਾਅਦ ਜਿਥੇ ਕਈ ਤਰ੍ਹਾਂ ਬਿਮਾਰੀਆਂ ਜਿਵੇਂ ਖੰਘ, ਜ਼ੁਕਾਮ, ਗਲੇ ਦੀ ਇੰਨਫੈਕਸ਼ਨ, ਪੇਟ ਦੀਆਂ ਬਿਮਾਰੀਆਂ ਆਦਿ ਦਸਤਕ ਦਿੰਦੀਆਂ, ਜਿਸ ਤੋਂ ਬਚਣ ਲਈ ਭਾਵੇਂ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਬੰਧਤ ਸਿਹਤ ਵਿਭਾਗ ਵਲੋਂ ਲਗਾਤਾਰ ਲੋਕਾਂ ਨੂੰ ਕਈ ਤਰ੍ਹਾਂ ਦੇ ਕੈਂਪ ਲਾ ਕੇ ਜਾਗਰੂਕ ਕੀਤਾ ਜਾਂਦਾ ਹੈ।ਮੁਕਤਸਰ ਦੀ ਧਰਤੀ 'ਤੇ ਲੱਗਣ ਵਾਲੇ ਮਨੋਰੰਜਨ ਮੇਲੇ ਦੌਰਾਨ ਸ਼ਹਿਰ ਦੇ ਮਲੋਟ ਰੋਡ 'ਤੇ ਬੱਸ ਸਟੈਂਡ ਤੋਂ ਲੈ ਕੇ ਕੋਟਕਪੂਰਾ ਰੋਡ ਭਾਈ ਮਹਾਂ ਸਿੰਘ ਚੌਕ ਤੱਕ ਜਿੰਕ ਫੂਡ ਦੀਆਂ ਸਟਾਲਾਂ, ਰੇਹੜੀਆਂ ਲੱਗੀਆਂ ਹੋਈਆਂ, ਇਸ ਦੇ ਨਾਲ ਮਨੋਰੰਜਨ ਮੇਲਾ ਮਾਘੀ ਗਰਾਊਂਡ 'ਚ ਵੀ ਫਾਸਟ ਫੂਡ ਦੀਆਂ ਸਟਾਲਾਂ ਲੱਗੀਆਂ ਹੋਈਆਂ, ਜਿੱਥੇ ਸਿਹਤ ਵਿਭਾਗ ਦੀ ਕਥਿਤ ਨਲਾਇਕੀ ਦੇ ਚੱਲਦਿਆਂ ਗਲੇ-ਸੜੇ ਫਰੂਟਾਂ ਦੀ ਚਾਟ, ਘਟੀਆ ਕੁਆਲਟੀ ਦੇ ਰਿਫਾਇੰਡ ਤੇ ਘਿਓ ਆਦਿ ਵਰਤੋਂ ਕਰਕੇ ਬਣਾਏ ਵੱਖ-ਵੱਖ ਤਰ੍ਹਾਂ ਦੇ ਪਕਵਾਨ ਲੋਕਾਂ ਨੂੰ ਪਰੋਸੇ ਜਾ ਰਹੇ ਹਨ, ਜਿਸ ਤੋਂ ਬਾਅਦ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆ। ਸਿਹਤ ਵਿਭਾਗ ਵੱਲੋਂ ਪਿਛਲੇ ਕਰੀਬ 15 ਦਿਨਾਂ ਤੋਂ ਇਹ ਸਭ ਕੁੱਝ ਦੇਖਦੇ ਹੋਏ ਵੀ ਅਣਦੇਖਿਆ ਕੀਤਾ ਜਾ ਰਿਹਾ ਤੇ ਵਿਭਾਗੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਨਿਗਰਾਨੀ ਹੇਠ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ, ਜਿਸ ਦਾ ਖਾਮਿਆਜ਼ਾ ਲੋਕਾਂ ਦੇ ਬੱਚਿਆਂ ਨੂੰ ਭੁਗਤਣਾ ਪੈ ਸਕਦਾ ਹੈ।ਸ਼ਹਿਰ 'ਚ ਅਜਿਹੇ ਵੀ ਚਰਚੇ ਜ਼ੋਰਾਂ 'ਤੇ ਹਨ ਕਿ ਸਿਹਤ ਵਿਭਾਗ ਵੱਲੋਂ ਫਾਸਟ ਫੂਡ ਜਾਂ ਕਿਸੇ ਵੀ ਤਰ੍ਹਾਂ ਦੀਆਂ ਸਟਾਲਾਂ ਲਾਉਣ ਲਈ ਵਿਸ਼ੇਸ਼ ਤਰ੍ਹਾਂ ਦਾ ਇੱਕ ਕੁਆਲਟੀ ਸਰਟੀਫਿਕੇਟ ਦਿੱਤਾ ਜਾਂਦਾ ਹੈ, ਪਰ ਸ਼ਾਇਦ ਅਜਿਹਾ ਸਰਟੀਫਿਕੇਟ ਤੁਹਾਨੂੰ ਕਿਸੇ ਵੀ ਰੇਹੜੀ ਜਾਂ ਫਾਸਟ ਫੂਡ ਦੀਆਂ ਸਟਾਲਾਂ 'ਤੇ ਦੇਖਣ ਨੂੰ ਨਹੀਂ ਮਿਲੇਗਾ, ਜਿਸ ਦੀ ਆੜ ਵਿੱਚ ਕੁਝ ਵਿਅਕਤੀ ਥੋੜੀ ਜਿਹੀ ਕਮਾਈ ਦਾ ਲਾਲਚ ਕਰਕੇ ਲੋਕਾਂ ਨੂੰ ਗੰਦਗੀ ਨਾਲ ਭਰੀਆਂ ਵਸਤੂਆਂ ਖਾਣ ਲਈ ਮਜਬੂਰ ਕਰ ਰਹੇ ਹਨ।

# ਡੀ ਏ ਵੀ ਸਕੂਲ 'ਚ ਬਸੰਤ ਪੰਚਮੀ ਮਨਾਈ



**ਮਲੋਟ (ਗੁਰਮੀਤ ਸਿੰਘ ਮੱਕੜ)**
ਡੀ.ਏ.ਵੀ ਪਬਲਿਕ ਸਕੂਲ ਨੇ ਸਕੂਲ ਦੇ ਵਿਹੜੇ ਵਿਚ ਲਾਲਾ ਲਾਜਪਤ ਰਾਏ ਜੈਅੰਤੀ ਤੇ ਬਸੰਤ ਪੰਚਮੀ ਦਾ ਤਿਉਹਾਰ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ। ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਕੀਤੀ। ਸਭ ਤੋਂ ਪਹਿਲਾਂ ਰਾਮ ਚੰਦਰ ਸ਼ਾਸਤਰੀ ਵੱਲੋਂ ਹਵਨ ਯੱਗ ਕੀਤਾ ਗਿਆ। ਹਵਨ ਯੱਗ ਦੀ ਮੁੱਖ ਮੇਜ਼ਬਾਨ ਪ੍ਰਿੰਸੀਪਲ ਸੰਧਿਆ ਬਠਲਾ ਸੀ। ਹਵਨ ਯੱਗ ਤੋਂ ਬਾਅਦ ਦੇਵੀ ਸਰਸਵਤੀ ਨੂੰ ਸਾਰਿਆਂ ਦੀ ਖ਼ੁਸ਼ੀ, ਸਿਹਤ, ਲੰਬੀ ਉਮਰ, ਖ਼ੁਸ਼ਹਾਲੀ, ਅਤੇ ਪਿਆਰ ਅਤੇ ਭਾਈਚਾਰੇ ਨਾਲ ਇਕੱਠੇ ਰਹਿਣ ਲਈ ਪ੍ਰਾਰਥਨਾ ਕੀਤੀ ਗਈ।

ਇਸ ਮੌਕੇ 'ਤੇ ਵਿਦਿਆਰਥੀਆਂ ਦੀਆਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸ਼ੇਰ-ਏ-ਪੰਜਾਬ ਲਾਲਾ ਲਾਜਪਤ ਰਾਏ ਉਨ੍ਹਾਂ ਮਹਾਂਪੁਰਖਾਂ ਵਿੱਚੋਂ ਇੱਕ ਸਨ, ਜਿਨ੍ਹਾਂ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਵਿਚ ਸਰਗਰਮ ਹਿੱਸਾ ਲਿਆ। ਲਾਲਾ ਲਾਜਪਤ ਰਾਏ ਨੇ ਪਹਿਲਾ ਸਵਦੇਸ਼ੀ ਪੰਜਾਬ ਨੈਸ਼ਨਲ ਬੈਂਕ ਖੋਲ੍ਹਿਆ ਤੇ ਦੂਜੇ ਪਾਸੇ ਉਨ੍ਹਾਂ ਨੇ ਪੰਜਾਬ ਵਿਚ ਆਰੀਆ ਸਮਾਜ ਅਤੇ ਡੀ.ਏ.ਵੀ ਦੀ ਸਥਾਪਨਾ ਅਤੇ ਪ੍ਰਚਾਰ ਵਿਚ ਵੀ ਮਹੱਤਵਪੂਰਨ ਭੂਮਿਕਾ ਨਿਭਾਈ। ਉਨ੍ਹਾਂ ਦੱਸਿਆ ਕਿ ਲਾਲਾ ਜੀ ਉਰਦੂ ਵਿੱਚ ਵੰਦੇ ਭਾਰਤ ਅਖ਼ਬਾਰਾਂ ਤੇ ਅੰਗਰੇਜ਼ੀ ਵਿਚ ਆਰੀਆ ਗਜ਼ਟ ਅਖ਼ਬਾਰਾਂ ਦੇ ਸੰਸਥਾਪਕ ਸੰਪਾਦਕ ਵੀ ਸਨ। ਉਨ੍ਹਾਂ ਬਸੰਤ ਪੰਚਮੀ ਦੇ ਤਿਉਹਾਰ ਬਾਰੇ ਬੋਲਦਿਆਂ ਕਿਹਾ ਕਿ ਇਹ ਤਿਉਹਾਰ ਖ਼ੁਸ਼ੀ ਦਾ ਤਿਉਹਾਰ ਹੈ। ਇਸ ਮੌਸਮ ਵਿੱਚ, ਚਾਰੇ ਪਾਸੇ ਹਰਿਆਲੀ ਦਿਖਾਈ ਦਿੰਦੀ ਹੈ, ਜੋ ਸਾਨੂੰ ਹਮੇਸ਼ਾਂ ਚੰਗੇ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ। ਉਨ੍ਹਾਂ ਦੱਸਿਆ ਕਿ ਬਸੰਤ ਪੰਚਮੀ ਵਾਲੇ ਦਿਨ ਹੀ ਬਹਾਦਰ ਹਕੀਕਤ ਰਾਏ ਨੇ ਧਰਮ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ, ਇਸ ਲਈ ਅਸੀਂ ਉਨ੍ਹਾਂ ਬਹਾਦਰ ਸ਼ਹੀਦਾਂ ਨੂੰ ਦਿਲੋਂ ਸ਼ਰਧਾਂਜਲੀ ਭੇਟ ਕਰਦੇ ਹਾਂ, ਜਿਨ੍ਹਾਂ ਨੇ ਸਾਡੀ ਭਾਰਤੀ ਸੱਭਿਅਤਾ ਤੇ ਸੱਭਿਆਚਾਰ ਨੂੰ ਬਰਕਰਾਰ ਰੱਖਿਆ। ਇਸ ਮੌਕੇ ਸੰਗੀਤ ਵਿਭਾਗ ਵੱਲੋਂ ਭਜਨ ਤੇ ਸਰਸਵਤੀ ਵੰਦਨਾ ਪੇਸ਼ ਕੀਤੀ ਗਈ। ਇਸ ਮੌਕੇ ਸਕੂਲ ਦੇ ਸਾਰੇ ਅਧਿਆਪਕ ਹਾਜ਼ਰ ਸਨ।

# ਕੇਂਦਰੀ ਬਜਟ ਲੋਕ ਸਰੋਕਾਰਾਂ ਤੋਂ ਸੱਖਣਾ : ਇਨਕਲਾਬੀ ਕੇਂਦਰ ਪੰਜਾਬ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**
ਭਾਜਪਾ ਦੀ ਅਗਵਾਈ ਵਾਲੀ ਮੋਦੀ ਸਰਕਾਰ ਦੀ ਵਿੱਤ ਮੰਤਰੀ ਸੀਤਾ ਰਮਨ ਨੇ 3-0 ਪਾਰੀ ਦਾ 8ਵਾਂ 2025-26 ਦਾ ਕੇਂਦਰੀ ਬੱਜਟ ਪੇਸ਼ ਕਰ ਦਿੱਤਾ ਹੈ। ਬੱਜਟ ਉੱਪਰ ਇਨਕਲਾਬੀ ਕੇਂਦਰ ਪੰਜਾਬ ਨੇ ਆਪਣਾ ਪ੍ਰਤੀਕਰਮ ਦਿੰਦਿਆਂ ਇਸ ਨੂੰ ਲੋਕ ਸਰੋਕਾਰਾਂ ਤੋਂ ਸੱਖਣਾ ਕਰਾਰ ਦਿੱਤਾ ਹੈ। ਜਥੇਬੰਦੀ ਦੇ ਪ੍ਰਧਾਨ ਨਰਾਇਣ ਦੱਤ, ਸੂਬਾ ਆਗੂ ਮੁਖਤਿਆਰ ਪੂਹਲਾ ਨੇ ਕਿ ਕਿਹਾ ਕਿ ਇਹ ਬੱਜਟ ਪੇਸ਼ ਕਰਦਿਆਂ ਸੀਤਾ ਰਮਨ ਦਾ ਸਾਰਾ ਧਿਆਨ 31% (43.2 ਕਰੋੜ) ਵਸੋਂ ਮੱਧ ਵਰਗ ਦੀ ਇਨਕਮ ਟੈਕਸ ਵਿੱਚ ਵਾਧੇ ਦੀ ਦਰ ਉੱਪਰ ਕੇਂਦਰਤ ਹੋਇਆ ਹੈ। ਮੁਲਕ ਵਿੱਚ ਬਾਕੀ 100 ਕਰੋੜ ਮਿਹਨਤਕਸ਼ ਗਰੀਬ ਤੇ ਗਰੀਬੀ ਰੇਖਾ ਤੋਂ ਹੇਠਾਂ ਰਹਿੰਦੀ ਵਸੋਂ ਲਈ ਵਿੱਤ ਮੰਤਰੀ ਵੱਲੋਂ ਪੇਸ਼ ਕੀਤੇ ਬੱਜਟ ਨੇ ਚੁੱਪੀ ਧਾਰ ਲਈ ਹੈ। ਮੁਲਕ ਦੀ ਅੱਧੀ ਤੋਂ ਵੱਧ ਵਸੋਂ ਪੇਂਡੂ ਖੇਤਰ ਵਿੱਚ ਰਹਿੰਦੀ ਹੈ। 65% ਵਸੋਂ ਹਾਲੇ ਵੀ ਖੇਤੀ ਉੱਪਰ ਨਿਰਭਰ ਹੈ।

ਪੈਦਾਵਾਰ ਵਿੱਚ ਖੇਤੀ ਖੇਤਰ ਦੀ 16% ਵਾਧੇ ਦੀ ਦਰ ਹੈ। ਅਜਿਹਾ ਅਚਾਨਕ ਨਹੀਂ ਹੋਇਆ, ਸਗੋਂ ਇਸ ਦੇ ਢਾਂਚਾਗਤ ਕਾਰਨ ਹਨ। ਖੇਤੀ ਖੇਤਰ ਲਈ 2024-25 ਦੇ ਬੱਜਟ ਵਿੱਚ 1.52 ਲੱਖ ਕਰੋੜ ਰੁਪਏ ਰੱਖੇ ਗਏ ਸਨ। ਇਸ ਵਾਰ ਭਾਰਤ ਦੇ 800 ਜ਼ਿਲ੍ਹਿਆਂ 'ਚੋਂ ਸਿਰਫ਼ 100 ਘੱਟ ਪੈਦਾਵਾਰ ਵਾਲੇ ਜ਼ਿਲ੍ਹਿਆਂ ਨੂੰ ਪ੍ਰਧਾਨ ਮੰਤਰੀ ਧਨਦਾਨਿਆ ਯੋਜਨਾ ਅਧੀਨ ਲਿਆਉਣ ਦਾ ਐਲਾਨ ਕੀਤਾ ਗਿਆ ਹੈ। ਦਾਲਾਂ ਤੇ ਤੇਲ ਬੀਜਾਂ ਲਈ ਭਾਰਤ ਦੇ ਆਤਮ ਨਿਰਭਤ ਹੋਣ ਦੀ 2024-25 ਦੇ ਬੱਜਟ ਦੀ ਮੁਹਾਰਨੀ ਪੜ੍ਹ ਦਿੱਤੀ ਗਈ ਹੈ।

ਪਹਿਲਾਂ ਹੀ ਕਰਜ਼ੇ ਦੀ ਮਾਰ ਝੱਲ ਰਹੇ ਖੁਦਕਸ਼ੀਆਂ ਕਰਨ ਲਈ ਧੱਕ ਦਿੱਤੇ ਗਏ ਕਿਸਾਨਾਂ ਨੂੰ 3 ਲੱਖ ਤੋਂ 5 ਲੱਖ ਰੁਪਏ ਦੇ ਕਰੈਡਿਟ ਕਾਰਡ ਕਰਜ਼ਾ ਦੇਣ ਦਾ ਲਾਲੀਪਾਪ ਦੇ ਦਿੱਤਾ ਗਿਆ ਹੈ। ਬੱਜਟ ਵਿੱਚ ਮੁਲਕ ਦੀ ਰੀੜ ਦੀ ਹੱਡੀ ਕਿਸਾਨਾਂ ਤੇ ਮਜ਼ਦੂਰਾਂ ਨੂੰ ਬਿਲਕੁਲ ਵਿਸਾਰ ਦਿੱਤਾ ਗਿਆ ਹੈ। ਇਸ ਬੱਜਟ ਵਿੱਚ 2014 ਵਿੱਚ ਸੱਤਾ ਹਾਸਲ ਕਰਨ ਮੌਕੇ ਕਿਸਾਨਾਂ ਨਾਲ ਡਾ. ਸਵਾਮੀਨਾਥਨ ਕਮਿਸ਼ਨ ਤੇ ਰਾਮ ਚੰਦ ਕਮੇਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਸੀ-2+50% ਮੁਨਾਫ਼ਾ ਜੋੜ ਕੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਵਾਅਦੇ ਰਫੂ ਚੱਕਰ ਹੋ ਗਏ ਹਨ। ਇਸੇ ਤਰ੍ਹਾਂ ਕਿਸਾਨਾਂ-ਮਜ਼ਦੂਰਾਂ ਦੇ ਕਰਜ ਮੁਆਫ਼ੀ ਦੂਰ ਦੀ ਕੌਡੀ ਹੋ ਗਈ ਹੈ। ਮੁਲਕ ਦੇ ਕਿਸਾਨ ਸੰਘਰਸ਼ ਦੇ ਰਾਹ ਪਏ ਹੋਏ ਹਨ।

ਮਜ਼ਦੂਰਾਂ ਲਈ ਰੁਜ਼ਗਾਰ ਗਰੰਟੀ ਮਨਰੇਗਾ ਯੋਜਨਾ ਲਈ 2024-25 ਦੇ 86000 ਕਰੋੜ (.26%) ਦੇ ਮੁਕਾਬਲੇ 1.7% ਤੱਕ ਵਧਾਉਣ ਦੀ ਥਾਂ ਚੁੱਪ ਵੱਟ ਲਈ ਗਈ ਹੈ। ਮੁਲਕ ਅੰਦਰ ਇੱਕ ਪਾਸੇ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਸਾਮਰਾਜੀ ਦਿਸ਼ਾ ਨਿਰਦੇਸ਼ਤ ਨੀਤੀਆਂ ਕਾਰਨ ਸਾਡੇ ਮੁਲਕ ਦਾ ਭੁੱਖਮਰੀ ਵਿੱਚ 125 ਮੁਲਕਾਂ ਵਿੱਚੋਂ 105ਵਾਂ ਨੰਬਰ ਹੈ। ਭਾਰਤ ਅੰਦਰ 235 ਮਿਲੀਅਨ ਲੋਕ ਹਾਲੇ ਵੀ ਗਰੀਬੀ ਰੇਖਾ ਤੋਂ ਹੇਠਾਂ ਰਹਿੰਦੇ ਗ਼ਰੀਬੀ ਦੂਰ ਕਰਨ ਦੇ ਵਾਅਦਿਆਂ ਦਾ ਮੂੰਹ ਚਿੜਾ ਰਹੇ ਹਨ। ਦੂਜੇ ਪਾਸੇ ਅਰਬਪਤੀਆਂ ਦੀ ਗਿਣਤੀ 21% ਵਧਕੇ 185 ਦੇ ਅੰਕੜੇ ਨੂੰ ਛੂਹ ਗਈ ਹੈ। ਇਨ੍ਹਾਂ ਦੀ ਜਾਇਦਾਦ ਵਿੱਚ 263% ਦਾ ਵਾਧਾ ਹੋਇਆ ਹੈ। ਭਾਰਤ ਦੇ 1% ਉੱਪਰਲੇ ਅਮੀਰ ਮੁਲਕ ਦੀ 73% ਜਾਇਦਾਦ ਉੱਪਰ ਕਬਜ਼ਾ ਜਮਾਈ ਬੈਠੇ ਹਨ। 2024-25 ਦੇ ਸਿੱਖਿਆ ਦੇ ਬੱਜਟ ਲਈ 1.48 ਲੱਖ ਕਰੋੜ ਦਾ ਬੱਜਟ ਰੱਖਿਆ ਗਿਆ ਸੀ। ਸਿਹਤ ਲਈ 2024-25 ਦੇ ਬੱਜਟ ਵਿੱਚ 90959 ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਸੀ। ਇਸ ਵਾਰ ਦੇ ਬੱਜਟ ਵਿੱਚ 10 ਹਜ਼ਾਰ ਮੈਡੀਕਲ ਸੀਟਾਂ ਵਧਾਉਣ ਦੀ ਗੱਲ ਕਹੀ ਗਈ ਹੈ। ਸਰਕਾਰੀ ਖੇਤਰ ਜਾਂ ਪ੍ਰਾਈਵੇਟ ਖੇਤਰ ਵਿੱਚ, ਇਸ ਬਾਰੇ ਚੁੱਪ ਵੱਟੀ ਗਈ ਹੈ, ਜਿਸ ਤੋਂ ਸਾਫ਼ ਹੈ ਕਿ 2024-24 ਦੇ ਬੱਜਟ ਵਿੱਚ ਇਸ ਬਾਰੇ ਕੋਈ ਵੀ ਠੋਸ ਯੋਜਨਾ ਨਹੀਂ ਹੈ। ਬੇਰੁਜ਼ਗਾਰਾਂ ਨੂੰ 2 ਕਰੋੜ ਨੌਕਰੀਆਂ ਦੇਣ ਦੇ ਵਾਅਦੇ ਤੋਂ 180 ਦਰਜੇ ਉਲਟ ਯੂ ਟਰਨ ਕੱਟਦਿਆਂ 2024-25 ਦੇ ਬੱਜਟ ਵਿੱਚ 1 ਕਰੋੜ ਪੜ੍ਹੇ ਲਿਖੇ ਬੇਰੁਜ਼ਗਾਰਾਂ ਨੂੰ ਇੱਕ ਸਾਲ ਲਈ ਅਪ੍ਰੈਂਟਿਸ਼ਿਪ ਦੇਣ ਤੱਕ ਸੀਮਤ ਕਰ ਦਿੱਤਾ ਸੀ। ਸੂਬਾਈ ਆਗੂਆਂ ਜਗਜੀਤ ਸਿੰਘ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ਼ ਨੇ ਕਿਹਾ ਕਿ ਕੇਂਦਰੀ ਵਿੱਤ ਮੰਤਰੀ ਨੇ ਇਸ ਬੱਜਟ ਵਿੱਚ 140 ਕਰੋੜ ਭਾਰਤੀ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਵਿਸਾਰ ਦਿੱਤਾ ਹੈ।

## ਬਸੰਤ ਪੰਚਮੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**
ਸੰਤ ਕਬੀਰ ਕਾਨਵੈਂਟ ਸਕੂਲ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਸਟਾਫ਼ ਤੇ ਬੱਚਿਆਂ ਨੇ ਗਿਆਨ, ਸੰਗੀਤ ਤੇ ਕਲਾ ਦੀ ਮਾਂ ਸਰਸਵਤੀ ਦੀ ਪੀਲੇ ਫੁੱਲਾਂ ਨਾਲ ਪੂਜਾ ਕੀਤੀ। ਬੱਚਿਆਂ ਦੁਆਰਾ ਮਾਂ ਸਰਸਵਤੀ ਦੀ ਬੰਦਨਾ ਕਰਦਿਆਂ ਭਾਸ਼ਨ, ਕਵਿਤਾਵਾਂ ਤੇ ਡਾਂਸ ਪੇਸ਼ ਕੀਤਾ ਗਿਆ।

ਬੱਚਿਆਂ ਵੱਲੋਂ ਪਹਿਨੀਆਂ ਪੀਲੇ ਰੰਗ ਦੀਆਂ ਪੁਸ਼ਾਕਾਂ ਨੇ ਮਾਹੌਲ ਨੂੰ ਬਸੰਤਮਈ ਬਣਾ ਦਿੱਤਾ। ਵਿਦਿਆਰਥੀਆਂ ਨੇ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦਾ ਪ੍ਰਣ ਵੀ ਲਿਆ। ਸਕੂਲ ਦੇ ਐਮ.ਡੀ. ਪ੍ਰੋਫੈਸਰ ਐਮ.ਐਲ. ਅਰੋੜਾ ਤੇ ਪ੍ਰਿੰਸੀਪਲ ਮੈਡਮ ਕੰਚਨ ਸਮੇਤ ਸਮੂਹ ਸਟਾਫ਼ ਨੇ ਸਮੂਹ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੰਦਿਆਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਮਾਤਾ ਸਰਸਵਤੀ ਉਨ੍ਹਾਂ ਨੂੰ ਗਿਆਨ ਤੇ ਬੁੱਧੀ ਬਖਸ਼ੇ। ਉਨ੍ਹਾਂ ਕਿਹਾ ਕਿ ਪਤੰਗ ਉਡਾਉਂਦੇ ਸਮੇਂ ਸਾਵਧਾਨ ਰਿਹਾ ਜਾਵੇ ਤਾਂ ਜੁ ਹਾਦਸਿਆਂ ਤੋਂ ਬਚਿਆ ਜਾ ਸਕੇ।

2 February - Page - 6.qxd 2/2/2025 10:41 PM Page 1



# 'ਨਸ਼ਿਆਂ ਦੇ ਸੇਵਨ ਕਾਰਨ ਵਾਪਰਦੇ ਹਨ ਜ਼ਿਆਦਾਤਰ ਸੜਕੀ ਹਾਦਸੇ'



**ਪਟਿਆਲਾ ( ਰਾਜਿੰਦਰ ਸਿੰਘ ਥਿੰਦ)**- ਸਾਂਝ ਕੇਂਦਰ ਸਿਟੀ 1 ਪਟਿਆਲਾ ਵਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਐਸ ਐਸ ਪੀ ਪਟਿਆਲਾ ਡਾ. ਨਾਨਕ ਸਿੰਘ, ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਮਿਊਨਿਟੀ ਅਫੇਅਰ ਅਫ਼ਸਰ ਓਲੰਪੀਅਨ ਹਰਵੰਤ ਕੌਰ, ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੱਖ ਵੱਖ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਉਣ ਸਬੰਧੀ ਪ੍ਰੋਗਰਾਮ ਦਾ ਆਯੋਜਨ ਸਿਵਲ ਲਾਈਨ ਚੌਕ ਵਿਖੇ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਐਸ ਆਈ ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1 ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਜ਼ਿਲ੍ਹਾ ਸਾਂਝ ਕੇਂਦਰ ਨੇ ਕੀਤੀ। ਵਿਸ਼ੇਸ਼ ਤੌਰ 'ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰਿਟਾਇਰ ਐਸ ਡੀ ਓ ਵਿਨੇ ਸ਼ਰਮਾ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਐਸ ਆਈ ਪ੍ਰਦੀਪ ਕੁਮਾਰ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਧੁੰਦ ਦੇ ਮੌਸਮ ਨੂੰ ਵੇਖਦਿਆਂ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਹੋਈ ਹੈ, ਕਿਉਂਕਿ ਗੱਡੀਆਂ ਉਪਰ ਰਿਫ਼ਲੈਕਟਰ ਲੱਗੇ ਹੋਣ ਕਾਰਨ ਐਕਸੀਡੈਂਟਾਂ ਤੋਂ ਬਚਾਅ ਹੋ ਸਕਦਾ ਹੈ। ਉਹਨਾਂ ਕਿਹਾ ਕਿ ਜ਼ਿਆਦਾਤਰ ਸੜਕ ਹਾਦਸੇ ਸਾਡੀ ਅਣਗਹਿਲੀ ਅਤੇ ਨਸ਼ਿਆਂ ਦੇ ਸੇਵਨ ਨਾਲ ਵਾਪਰਦੇ ਹਨ। ਇਸ ਲਈ ਵਾਹਨ ਚਾਲਕ ਆਪਣੇ ਦੋ ਪਹੀਆ ਅਤੇ ਚਾਰ ਪਹੀਆ ਵਾਹਨ ਪੂਰੀ ਸੂਝਬੂਝ ਨਾਲ ਚਲਾਉਣ, ਓਵਰਟੇਕ ਨਾ ਕਰਨ, ਸਪੀਡ ਹੌਲੀ ਰੱਖਣ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਵਹੀਕਲਜ਼ ਨੂੰ ਚਲਾਉਣ ਅਤੇ ਨਸ਼ਿਆਂ ਦਾ ਸੇਵਨ ਨਾ ਕਰਨ ਲਈ ਵੀ ਅਪੀਲ ਕੀਤੀ। ਇਸ ਮੌਕੇ ਟਰੱਕ, ਟਰੈਕਟਰ ਟਰਾਲੀਆਂ, ਕਾਰਾਂ, ਆਟੋ ਰਿਕਸ਼ਾ, ਮੋਟਰਸਾਈਕਲ ਅਤੇ ਹੋਰ ਵਾਹਨਾਂ ਉਪਰ ਰਿਫ਼ਲੈਕਟਰ ਲਗਾਏ ਗਏ।

# ਐਨ ਪੀ ਐਸ ਤੇ ਯੂ ਪੀ ਐਸ ਨੋਟੀਫਿਕੇਸ਼ਨ ਦੀਆਂ ਭਲਕੇ ਸਾੜਾਂਗੇ ਕਾਪੀਆਂ : ਆਗੂ

**ਮਾਨਸਾ (ਆਤਮਾ ਸਿੰਘ ਪਮਾਰ)**-ਕੇਂਦਰ ਸਰਕਾਰ ਵਲੋਂ ਏਕੀਕ੍ਰਿਤ ਪੈਨਸ਼ਨ ਯੋਜਨਾ (ਯੂ ਪੀ ਐਸ) ਦਾ ਨੋਟੀਫਿਕੇਸ਼ਨ ਬੀਤੀ 25 ਜਨਵਰੀ ਨੂੰ ਜਾਰੀ ਹੋਣ 'ਤੇ ਕਰਮਚਾਰੀਆਂ ਨੇ ਕੇਂਦਰ ਸਰਕਾਰ ਦਾ ਇਸ ਨੂੰ ਇੱਕ ਹੋਰ ਵੱਡਾ ਧੋਖਾ ਕਰਾਰ ਦਿੱਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ, ਲਖਵਿੰਦਰ ਸਿੰਘ ਮਾਨ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੀਤੇ ਦਿਨੀਂ ਕੇਂਦਰ ਸਰਕਾਰ ਨੇ ਯੂਨੀਫਾਈਡ ਪੈਨਸ਼ਨ ਸਕੀਮ ਦੀ ਜੋ ਐਸ.ਓ.ਪੀ ਜਾਰੀ ਕੀਤੀ ਹੈ, ਉਹ ਬਹੁਤ ਹੀ ਘਾਤਕ ਹੈ ਕਿਉਂਕਿ ਉਪਰੋਕਤ ਸਕੀਮ ਅਨੁਸਾਰ ਸਰਕਾਰ ਮੁਲਾਜ਼ਮਾਂ ਦਾ ਪੈਸਾ ਹੜੱਪ ਕੇ ਮੁਲਾਜ਼ਮਾਂ ਨੂੰ ਪੈਨਸ਼ਨ ਦੇਣਾ ਚਾਹੁੰਦੀ ਹੈ। ਇਸ ਮੌਕੇ ਸਟੇਟ ਕੋ ਕਨਵੀਨਰ ਕਰਮਜੀਤ ਸਿੰਘ ਤਾਮਕੋਟ ਨੇ ਕਿਹਾ ਕਿ ਇਸ ਸਕੀਮ ਨਾਲ ਮੁਲਾਜ਼ਮ ਨੂੰ ਰਿਟਾਇਰਮੈਂਟ ਤੋਂ ਬਾਅਦ ਖਾਲੀ ਹੱਥ ਘਰ ਨੂੰ ਤੋਰਨ ਦਾ ਰਾਹ ਪੱਧਰਾ ਕਰ ਦਿੱਤਾ ਹੈ। ਇਸ ਸਕੀਮ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਪੈਨਸ਼ਨ ਦੇ ਨਾਂ 'ਤੇ ਕਰਮਚਾਰੀਆਂ ਦੀ ਖ਼ੂਨ ਪਸੀਨੇ ਦੀ ਕਮਾਈ ਖੋਹਣ ਵਾਲੀ ਯੋਜਨਾ ਦਾ ਆਉਣ ਵਾਲੀ 4 ਫਰਵਰੀ ਨੂੰ ਇਸ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕ ਕੇ ਵਿਰੋਧ ਦਰਜ ਕਰਵਾਇਆ ਜਾਵੇਗਾ ਜਿਸ ਵਿੱਚ ਪੰਜਾਬ ਦੇ ਸਮੂਹ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਮੁਲਾਜ਼ਮ ਭਾਗ ਲੈਣਗੇ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਅਧੂਰੇ ਨੋਟੀਫਿਕੇਸ਼ਨ ਨੂੰ ਪੂਰਾ ਕਰਕੇ 1972 ਦੇ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰੇ । ਉਹਨਾਂ ਕਿਹਾ ਕਿ ਆਪ ਦੇ ਸੀਨੀਅਰ ਨੇਤਾ ਸੰਜੇ ਸਿੰਘ ਇਸ ਸਕੀਮ ਨੂੰ ਪਹਿਲਾਂ ਹੀ ਮੁਲਾਜ਼ਮਾਂ ਨਾਲ ਧੋਖਾ ਕਰਾਰ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਿਮਾਚਲ ਦੇ ਮੁੱਖ ਮੰਤਰੀ ਅਨੁਸਾਰ ਉਨ੍ਹਾਂ ਨੇ ਜੋ ਓ.ਪੀ.ਐਸ ਆਪਣੇ ਰਾਜ ਵਿੱਚ ਲਾਗੂ ਕੀਤੀ ਹੈ, ਉਸ ਨਾਲ ਰਾਜ ਉੱਪਰ ਕੋਈ ਵਿੱਤੀ ਬੋਝ ਨਹੀਂ ਪਿਆ। ਇਸ ਕਰਕੇ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਵਿੱਚ ਓ.ਪੀ.ਐਸ ਲਾਗੂ ਕਰੇ ਅਤੇ ਤੁਰੰਤ ਜੀ.ਪੀ.ਐਫ ਖਾਤੇ ਖੋਲ੍ਹੇ।

# ਇਸ਼ਾਨ ਤਾਇਲ ਨੇ ਤੇਜ਼ ਗਤੀ ਪਹਾੜਾ ਬੋਲ ਕੇ ਨਵਾਂ ਰਿਕਾਰਡ ਬਣਾਇਆ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਰਾਮਪੁਰਾ ਫੂਲ ਦੇ 13 ਸਾਲਾ ਸਕੂਲੀ ਵਿਦਿਆਰਥੀ ਇਸ਼ਾਨ ਤਾਇਲ ਵੱਲੋਂ ਕੁਝ ਹੀ ਸਕਿੰਟਾਂ ਵਿੱਚ ਤੇਜ਼ ਗਤੀ ਨਾਲ ਪਹਾੜਾ ਬੋਲ ਕੇ ਇੱਕ ਨਵਾਂ ਰਿਕਾਰਡ ਬਣਾਇਆ ਗਿਆ ਹੈ। ਇਸ ਤੋਂ ਪਹਿਲਾਂ ਵੀ ਪਿਛਲੇ 3 ਸਾਲਾਂ ਦੌਰਾਨ ਇਲਾਕੇ ਦੇ 30 ਦੇ ਕਰੀਬ ਵਿਦਿਆਰਥੀ ਵੱਖ ਵੱਖ ਵਿੱਦਿਅਕ ਰਿਕਾਰਡ ਬਣਾ ਕੇ ਦੇਸ਼ ਵਿਦੇਸ਼ ਵਿੱਚ ਧਾਕ ਜਮਾ ਚੁੱਕੇ ਹਨ । ਸ਼ਾਰਪ ਬ੍ਰੇਨਸ ਐਜੂਕੇਸ਼ਨ ਦੇ ਡਾਇਰੈਕਟਰ ਰੰਜੀਵ ਗੋਇਲ ਨੇ ਦੱਸਿਆ ਕਿ ਸਥਾਨਕ ਸੇਂਟ ਜੇਵੀਅਰ ਸਕੂਲ ਦੀ ਅੱਠਵੀਂ ਕਲਾਸ ਦੇ ਵਿਦਿਆਰਥੀ ਇਸ਼ਾਨ ਤਾਇਲ ਸਪੁੱਤਰ ਸੰਦੀਪ ਤਾਇਲ ਨੇ ਅੱਖਾਂ 'ਤੇ ਪੱਟੀ ਬੰਨ੍ਹ ਕੇ 98 ਦਾ ਪਹਾੜਾ 100 ਲਾਈਨਾਂ ਤੱਕ ਸਿਰਫ 76 ਸੈਕੰਡ ਵਿੱਚ ਮੂੰਹ ਜ਼ੁਬਾਨੀ ਸੁਣਾ ਕੇ ਇਹ ਪ੍ਰਾਪਤੀ ਹਾਸਲ ਕੀਤੀ ਹੈ।ਇੰਡੀਆ ਬੁੱਕ ਆਫ ਰਿਕਾਰਡ ਨੇ ਇਸ ਨਵੇਂ ਰਿਕਾਰਡ ਦੀ ਪੁਸ਼ਟੀ ਕਰਦਿਆਂ ਇਸ਼ਾਨ ਤਾਇਲ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਹੈ।ਬਠਿੰਡਾ ਦੇ ਏ ਡੀ ਸੀ (ਜ) ਪੂਨਮ ਸਿੰਘ ਨੇ ਆਪਣੇ ਦਫਤਰ ਵਿੱਚ ਉਚੇਚੇ ਤੌਰ 'ਤੇ ਇਸ਼ਾਨ ਤਾਇਲ ਨੂੰ ਸਨਮਾਨਤ ਕੀਤਾ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਜਿੱਥੇ ਜ਼ਿਆਦਾਤਰ ਵਿਦਿਆਰਥੀ ਹਿਸਾਬ ਵਿਸ਼ੇ ਤੋਂ ਡਰਦੇ ਹਨ, ਉੱਥੇ ਇਲਾਕੇ ਦੇ ਵਿਦਿਆਰਥੀਆਂ ਵੱਲੋਂ ਸ਼ਾਰਪ ਬ੍ਰੇਨਸ ਐਜੂਕੇਸ਼ਨ ਦੇ ਰੰਜੀਵ ਗੋਇਲ ਦੇ ਮਾਰਗਦਰਸ਼ਨ ਵਿੱਚ ਇਸ ਤਰ੍ਹਾਂ ਦੇ ਰਿਕਾਰਡ ਬਣਾਉਣਾ ਬਹੁਤ ਹੀ ਸ਼ਲਾਘਾਯੋਗ ਹੈ।ਸੇਂਟ ਜੇਵੀਅਰ ਸਕੂਲ ਦੇ ਪ੍ਰਿੰਸੀਪਲ ਫਾਦਰ ਯੂਲੇਲੀਓ ਫਰਨਾਂਡਿਜ, ਪੰਜਾਬੀ ਯੂਨੀਵਰਸਿਟੀ ਟੀ ਪੀ ਡੀ ਮਾਲਵਾ ਕਾਲਜ ਦੇ ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ, ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਮੰਡੀ ਦੇ ਪ੍ਰਿੰਸੀਪਲ ਸੁਨੀਲ ਗੁਪਤਾ, ਆਰੀਆ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਕੁਲਜੀਤ ਸਿੰਘ, ਨਗਰ ਕੌਂਸਲਰ ਸੁਨੀਲ ਬਿੱਟਾ, ਬਿੰਦੂ ਬਿੱਟਾ, ਹੈਪੀ ਬਾਂਸਲ, ਪ੍ਰਿੰਸ ਨੰਦਾ, ਡਾ. ਸੁਰਿੰਦਰ ਅਗਰਵਾਲ, ਡਾ. ਮਾਲਤੀ ਸਿੰਗਲਾ, ਡਾ: ਬਲਜਿੰਦਰ ਸਿੰਘ ਜੋੜਾ, ਡਾ: ਅਨੀਤਾ ਗਰੋਵਰ, ਡਾ. ਜਤਿੰਦਰ ਬਾਂਸਲ, ਡਾ. ਸੁਖਜੀਤ ਸਿੰਘ ਜਟਾਣਾ, ਆਮ ਆਦਮੀ ਪਾਰਟੀ ਯੂਥ ਵਿੰਗ ਦੇ ਹਲਕਾ ਪ੍ਰਧਾਨ ਸ਼ੇਰ ਬਹਾਦਰ ਸਿੰਘ ਧਾਲੀਵਾਲ ਆਦਿ ਨੇ ਇਸ਼ਾਨ ਤਾਇਲ ਅਤੇ ਪਰਵਾਰ ਨੂੰ ਇਸ ਪ੍ਰਾਪਤੀ 'ਤੇ ਹਾਰਦਿਕ ਵਧਾਈ ਦਿੱਤੀ ਹੈ ।

# ਬਜਟ ਦੇਸ਼ ਦੇ ਵਿਕਾਸ ਨੂੰ ਨਵੀਂ ਗਤੀ ਦੇਵੇਗਾ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੇਂਦਰੀ ਬਜਟ 2025-26 ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਦਾ ਧੰਨਵਾਦ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਕਿ ਇਹ ਬਜਟ ਦੇਸ਼ ਦੇ ਵਿਕਾਸ ਨੂੰ ਨਵੀਂ ਗਤੀ ਦੇਵੇਗਾ ਅਤੇ ਹਰਿਆਣਾ ਨੂੰ ਵੀ ਆਤਮਨਿਰਭਰ ਬਣਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬਜਟ ਸਾਰੇ ਵਰਗਾਂ ਦਾ ਧਿਆਨ ਰੱਖਦੇ ਹੋਏ ਤਿਆਰ ਕੀਤਾ ਗਿਆ ਹੈ, ਜਿਸ ਨਾਲ ਹਰਿਆਣਾ ਨੂੰ ਵੀ ਫਾਇਦਾ ਹੋਵੇਗਾ।ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਖਜ਼ਾਨਾ ਮੰਤਰੀ ਵੱਲੋਂ ਪੇਸ਼ ਬਜਟ ਵਿਚ ਕਿਸਾਨਾਂ ਲਈ ਕਈ ਮਹੱਤਵਪੂਰਨ ਐਲਾਨ ਕੀਤੇ ਗਏ ਹਨ। ਕਿਸਾਨ ਕ੍ਰੈਡਿਟ ਕਾਰਡ 'ਤੇ ਕਰਜ਼ਾ ਸੀਮਾ 3 ਲੱਖ ਰੁਪਏ ਤੋਂ ਵਧਾ ਕੇ 5 ਲੱਖ ਰੁਪਏ ਕੀਤੀ ਗਈ ਹੈ। ਨਾਲ ਹੀ ਧਨ ਧਾਨਯ ਖੇਤੀਬਾੜੀ ਯੋਜਨਾ ਦੇ ਤਹਿਤ 100 ਘੱਟ ਉਤਪਾਦਕਤਾ ਵਾਲੇ ਜ਼ਿਲ੍ਹਿਆਂ 'ਤੇ ਧਿਆਨ ਦਿੱਤਾ ਜਾਵੇਗਾ। ਇਸ ਬਜਟ ਨਾਲ ਹਰਿਆਣਾ ਨੂੰ ਫਾਇਦਾ ਹੋਵੇਗਾ, ਕਿਉਂਕਿ ਹਰਿਆਣਾ ਇਕ ਖੇਤੀਬਾੜੀ ਵਾਲਾ ਸੂਬਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਐਮ.ਐਸ.ਐਮ.ਈ. ਸੈਕਟਰ ਲਈ ਕਰਜ਼ਾ ਗਰੰਟੀ ਕਵਰ 5 ਕਰੋੜ ਰੁਪਏ ਤੋਂ ਵਧਾ ਕੇ 10 ਕਰੋੜ ਰੁਪਏ ਕੀਤਾ ਗਿਆ ਹੈ, ਜਿਸ ਨਾਲ ਛੋਟੇ ਉਦਯੋਗਾਂ ਨੂੰ ਹੋਰ ਵੱਧ ਪ੍ਰੋਤਸਾਹਨ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ 12 ਲੱਖ ਰੁਪਏ ਤੱਕ ਦੀ ਆਮਦਨ ਨੂੰ ਟੈਕਸ ਮੁਕਤ ਕਰਨ ਨਾਲ ਦੇਸ਼ ਦੇ ਕਰੋੜਾਂ ਲੋਕਾਂ ਨੂੰ ਸਿੱਧਾ ਫਾਇਦਾ ਮਿਲੇਗਾ। ਬਿਹਾਰ ਵਿਚ ਮਖਾਨਾ ਬੋਰਡ ਬਣੇਗਾ, ਜਿਸ ਨਾਲ ਛੋਟੇ ਕਿਸਾਨਾਂ ਅਤੇ ਵਪਾਰੀਆਂ ਨੂੰ ਫਾਇਦਾ ਮਿਲੇਗਾ। ਖਿਡੌਣਾ ਉਦਯੋਗ ਲਈ ਵੀ ਮੇਕ ਇੰਨ ਇੰਡੀਆ ਤਹਿਤ ਵਿਸ਼ੇਸ਼ ਯੋਜਨਾ ਸ਼ੁਰੂ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਖਜ਼ਾਨਾ ਮੰਤਰੀ ਨੇ ਬਜਟ 2025 ਵਿਚ ਐਸ ਸੀ-ਐਸ ਟੀ ਵਰਗ ਦੀ 5 ਲੱਖ ਮਹਿਲਾਵਾਂ ਲਈ ਨਵੀਂ ਯੋਜਨਾ ਦਾ ਐਲਾਨ ਕੀਤਾ, ਜਿਸ ਵਿਚ ਉਨ੍ਹਾਂ ਨੂੰ 2 ਕਰੋੜ ਰੁਪਏ ਦਾ ਟਰਮ ਲੋਨ ਮਿਲੇਗਾ। ਕਰਜ਼ਾ ਸੀਮਾ 10 ਕਰੋੜ ਰੁਪਏ ਤੋਂ ਵਧਾ ਕੇ 20 ਕਰੋੜ ਰੁਪਏ ਕਰ ਦਿੱਤੀ ਗਈ ਹੈ। ਇਹ ਕਦਮ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਅਤੇ ਨਵੇਂ ਸਟਾਰਟਅਪ ਨੂੰ ਮਜ਼ਬੂਤੀ ਦੇਣ ਲਈ ਇਕ ਸ਼ਾਨਦਾਰ ਪਹਿਲ ਹੈ। ਅਗਲੇ 5 ਸਾਲਾਂ ਵਿਚ ਮੈਡੀਕਲ ਸਿੱਖਿਆ ਵਿਚ 75,000 ਨਵੀਆਂ ਸੀਟਾਂ ਜੋੜੀਆ ਜਾਣਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਇਹ ਬਜਟ ਇਕ ਨਵੇਂ ਸਮੇਂ ਦੀ ਸ਼ੁਰੂਆਤ ਕਰੇਗਾ, ਜਿਸ ਨਾਲ ਨੌਜੁਆਨਾਂ ਨੂੰ ਵਧੀਆ ਮੌਕੇ ਮਿਲਣਗੇ।

# ਲੋਕਾਂ ਦੀਆਂ ਜਾਇਦਾਦਾਂ ਦੀ ਮਲਕੀਅਤ ਦੇ ਵੇਰਵੇ ਵੈੱਬਸਾਈਟ 'ਤੇ ਦਰਜ ਕਰੇ ਗਮਾਡਾ : ਜਥੇਬੰਦੀ

**ਐਸ ਏ ਐਸ ਨਗਰ, (ਗੁਰਜੀਤ ਬਿੱਲਾ)**- ਕਮੇਟੀ ਆਫ ਰੈਜੀਡੈਂਟਸ ਵੈਲਫੇਅਰ ਐਸੋਸੀਏਸ਼ਨਜ਼ ਅਤੇ ਸੋਸਾਇਟੀਜ਼ (ਮੈਗਾ ਮੁਹਾਲੀ) ਨੇ ਮੰਗ ਕੀਤੀ ਹੈ ਕਿ ਗਮਾਡਾ ਵਲੋਂ ਪ੍ਰਾਈਵੇਟ ਮੈਗਾ ਹਾਊਸਿੰਗ ਪ੍ਰੋਜੈਕਟਾਂ ਵਿੱਚ ਲੋਕਾਂ ਦੀਆਂ ਜਾਇਦਾਦਾਂ ਦੀ ਮਲਕੀਅਤ ਦੇ ਵੇਰਵੇ ਆਪਣੀ ਵੈਬਸਾਈਟ 'ਤੇ ਦਰਜ ਕੀਤੇ ਜਾਣ। ਸੰਸਥਾ ਦੇ ਪ੍ਰਧਾਨ ਰਾਜਵਿੰਦਰ ਸਿੰਘ ਸਰਾਓ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਇਹਨਾਂ ਪ੍ਰੋਜੈਕਟਾਂ ਦੇ ਵਸਨੀਕਾਂ ਨੂੰ ਆ ਰਹੀਆਂ ਵੱਖ-ਵੱਖ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਕਿਹਾ ਗਿਆ ਕਿ ਇਹਨਾਂ ਪ੍ਰੋਜੈਕਟਾਂ ਵਿੱਚ ਖਰੀਦੋ-ਫਰੋਖਤ ਕਰਨ ਵਾਲੇ ਲੋਕਾਂ ਦੀਆਂ ਜਾਇਦਾਦਾਂ ਦੇ ਇੰਤਕਾਲ ਨਾ ਹੋਣ ਕਾਰਨ ਲੋਕ ਇਨ੍ਹਾਂ ਬਿਲਡਰਾਂ ਅਤੇ ਡੀਲਰਾਂ ਦੀ ਠੱਗੀ ਅਤੇ ਲੁੱਟ ਦਾ ਸ਼ਿਕਾਰ ਹੋ ਰਹੇ ਹਨ ਅਤੇ ਅਜਿਹਾ ਹੋਣ ਕਾਰਨ ਇਮਾਨਦਾਰ ਬਿਲਡਰਾਂ ਅਤੇ ਡੀਲਰਾਂ ਦਾ ਅਕਸ਼ ਵੀ ਖਰਾਬ ਹੋ ਰਿਹਾ ਹੈ। ਬੁਲਾਰਿਆਂ ਨੇ ਕਿਹਾ ਕਿ ਆਮ ਵੇਖਣ ਵਿੱਚ ਆਇਆ ਹੈ ਕਿ ਕੁਝ ਮਾਮਲਿਆਂ ਵਿੱਚ ਬਿਲਡਰਾਂ ਵਲੋਂ ਇੱਕੋ ਪ੍ਰਾਪਰਟੀ ਨੂੰ ਵੱਖ-ਵੱਖ ਲੋਕਾਂ ਨੂੰ ਵੇਚ ਦਿੱਤਾ ਜਾਂਦਾ ਹੈ।ਬੁਲਾਰਿਆਂ ਨੇ ਕਿਹਾ ਕਿ ਅਜਿਹੀਆਂ ਠੱਗੀਆਂ ਹੋਣ ਦਾ ਮੁੱਖ ਕਾਰਨ ਇਹ ਹੈ ਕਿ ਆਮ ਲੋਕਾਂ ਕੋਲ ਕੋਈ ਵੀ ਅਜਿਹੀ ਸਰਕਾਰੀ ਸੁਵਿਧਾ ਨਹੀਂ ਹੈ ਜਿਸ ਨਾਲ ਲੋਕ ਇਸ ਗੱਲ ਦੀ ਜਾਂਚ ਕਰ ਸਕਣ ਕਿ ਇਸ ਪ੍ਰਾਪਰਟੀ ਦਾ ਅਸਲ ਮਾਲਕ ਕੌਣ ਹੈ, ਜਦੋਂਕਿ ਗਮਾਡਾ ਅਤੇ ਪੁੱਡਾ ਦੇ ਸੈਕਟਰਾਂ ਦੀਆਂ ਜਾਇਦਾਦਾਂ ਦੀ ਮਲਕੀਅਤ ਤੇ ਵੇਰਵੇ ਗਮਾਡਾਂ ਦੀ ਵੈੱਬਸਾਈਟ ਤੇ ਉਪਲਬਧ ਹਨ, ਜਿਨਾਂ ਨੂੰ ਆਮ ਲੋਕ ਵੀ ਵੇਖ ਸਕਦੇ ਹਨ।ਆਗੂਆਂ ਨੇ ਕਿਹਾ ਕਿ ਇਹਨਾਂ ਪ੍ਰਾਈਵੇਟ ਮੈਗਾ ਹਾਊਸਿੰਗ ਪ੍ਰੋਜੈਕਟਾਂ ਦੀਆਂ ਜਾਇਦਾਦਾਂ ਦੀ ਮਲਕੀਅਤ ਦੇ ਵੇਰਵੇ ਵੀ ਗਮਾਡਾ ਦੀ ਵੈੱਬਸਾਈਟ 'ਤੇ ਅਪਲੋਡ ਹੋਣੇ ਚਾਹੀਦੇ ਹਨ ਤਾਂ ਕਿ ਲੋਕਾਂ ਨੂੰ ਇਹਨਾਂ ਬਿਲਡਰਾਂ ਦੀ ਠੱਗੀ ਤੋਂ ਬਚਾਇਆ ਜਾ ਸਕੇ। ਆਗੂਆਂ ਨੇ ਇਹ ਵੀ ਕਿਹਾ ਇਹਨਾਂ ਪ੍ਰੋਜੈਕਟਾਂ ਦੀਆਂ ਜਾਇਦਾਦਾਂ ਦੀ ਮਲਕੀਅਤ ਨੂੰ ਟਰਾਂਸਫਰ ਕਰਨ ਦਾ ਕੰਮ ਗਮਾਡਾ (ਪੁੱਡਾ) ਖੁਦ ਆਪ ਕਰੇ ਤਾਂ ਕਿ ਬਿਲਡਰਾਂ ਵੱਲੋਂ ਟਰਾਂਸਫਰ ਕਰਨ ਲਈ ਮਨਮਰਜ਼ੀ ਦੀਆਂ ਵਸੂਲੀਆਂ ਜਾਂਦੀਆਂ ਮੋਟੀਆਂ ਰਕਮਾਂ ਤੋਂ ਨਿਜਾਤ ਮਿਲ ਸਕੇ। ਅਜਿਹਾ ਕਰਨ ਨਾਲ ਪੰਜਾਬ ਸਰਕਾਰ ਦੇ ਮਾਲੀਏ ਵਿੱਚ ਵੀ ਵਾਧਾ ਹੋਣਾ ਲਾਜ਼ਮੀ ਹੈ।ਉਹਨਾਂ ਕਿਹਾ ਕਿ ਕੁੱਝ ਬਿਲਡਰਾਂ ਵੱਲੋਂ ਲੋਕਾਂ ਦੀਆਂ ਜਾਇਦਾਦਾਂ ਤੇ ਲੋਨ ਵੀ ਲਏ ਜਾ ਰਹੇ ਹਨ। ਕਿਉਂਕਿ ਇਹਨਾਂ ਜਾਇਦਾਦਾਂ ਦੀ ਮਲਕੀਅਤ ਦੇ ਵੇਰਵੇ ਸਿਰਫ ਤੇ ਸਿਰਫ ਬਿਲਡਰਾਂ ਦੇ ਆਪਣੇ ਰਿਕਾਰਡ ਵਿੱਚ ਹੀ ਦਰਜ ਹੁੰਦੇ ਹਨ ਜਿਸ ਕਾਰਨ ਇਹ ਬਿਲਡਰ ਆਪਣੀ ਲੋੜ ਅਨੁਸਾਰ ਆਪਣੇ ਰਿਕਾਰਡ ਵਿੱਚ ਛੇੜ ਛਾੜ ਕਰਕੇ ਲੋਨ ਲੈਣ ਵਿੱਚ ਕਾਮਯਾਬ ਹੋ ਜਾਂਦੇ ਹਨ। ਜੇਕਰ ਇਹਨਾਂ ਪ੍ਰਾਈਵੇਟ ਮੈਗਾ ਪ੍ਰੋਜੈਕਟਾਂ ਦੀਆਂ ਜਾਇਦਾਦਾਂ ਦੀ ਵੇਰਵੇ ਗਮਾਡਾ ਦੀ ਵੈੱਬਸਾਈਟ ਤੇ ਦਰਜ ਹੋਣਗੇ ਤਾਂ ਲੋਕਾਂ ਦੇ ਨਾਲ ਨਾਲ ਬੈਂਕਾਂ ਨੂੰ ਠੱਗੀ ਤੋਂ ਬਚਾਇਆ ਜਾ ਸਕਦਾ ਹੈ। ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਪੰਜਾਬ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਤੋਂ ਮੰਗ ਕੀਤੀ ਹੈ ਕਿ ਇਹਨਾਂ ਮੰਗਾਂ ਨੂੰ ਸੰਜੀਦਗੀ ਨਾਲ ਵਿਚਾਰਦੇ ਹੋਏ ਗਮਾਡਾ ਅਤੇ ਪੁੱਡਾ ਦੇ ਉੱਚ ਅਧਿਕਾਰੀਆਂ ਨੂੰ ਇਹਨਾਂ ਪ੍ਰੋਜੈਕਟਾਂ ਦੀਆਂ ਜਾਇਦਾਦਾਂ ਦੇ ਵੇਰਵੇ ਇਸ ਦਫਤਰ ਦੀ ਵੈਬਸਾਈਟ 'ਤੇ ਦਰਜ ਕਰਨ ਲਈ ਨਿਰਦੇਸ਼ ਦਿੱਤੇ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਸਿੰਘ, ਐਡਵੋਕੇਟ ਗੌਰਵ ਗੋਇਲ, ਸੰਤ ਸਿੰਘ, ਜਸਵੀਰ ਸਿੰਘ ਗੜਾਂਗ, ਅਮਰਜੀਤ ਸਿੰਘ ਭੰਮਰਾ, ਮਨੋਜ ਸ਼ਰਮਾ, ਕਮਲ ਬੱਗਾ ਅਤੇ ਸੁਮਿਕਸ਼ਾ ਸੂਦ ਵੀ ਹਾਜ਼ਰ ਸਨ।



# ਗਿੱਲੇ ਕੂੜੇ ਤੋਂ ਰੋਜ਼ਾਨਾ ਬਣਾਈ ਜਾ ਰਹੀ 1000 ਯੂਨਿਟ ਬਿਜਲੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵੱਲੋਂ ਸ਼ਹਿਰੀ ਖੇਤਰ ਵਿੱਚੋਂ ਇਕੱਤਰ ਕੀਤੇ ਗਿੱਲੇ ਤੇ ਸੁੱਕੇ ਕੂੜੇ ਨੂੰ ਜਿੱਥੇ ਸ਼ਹਿਰ ਵਾਸੀਆਂ ਨੂੰ ਵੱਖੋ ਵੱਖ ਕਰਕੇ ਕੂੜਾ ਇਕੱਤਰ ਕਰਨ ਆਏ ਸਫ਼ਾਈ ਸੇਵਕਾਂ ਨੂੰ ਮੁਹੱਈਆ ਕਰਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ, ਉਥੇ ਇੱਕ ਨਿਵੇਕਲੀ ਪਹਿਲਕਦਮੀ ਕਰਦਿਆਂ ਇੱਕ ਵਿਸ਼ੇਸ਼ ਪਲਾਂਟ ਗੋਬਿੰਦਗੜ੍ਹ ਵਿਖੇ ਸਥਾਪਤ ਕੀਤਾ ਗਿਆ ਹੈ।ਇਸ ਪਲਾਂਟ ਵਿੱਚ ਆਉਣ ਵਾਲੇ ਗਿੱਲੇ ਕੂੜੇ ਨਾਲ ਰੋਜ਼ਾਨਾ 1000 ਯੂਨਿਟ ਬਿਜਲੀ ਤਿਆਰ ਹੋ ਰਹੀ ਹੈ।ਗਿੱਲੇ ਕੂੜੇ ਤੋਂ ਬਿਜਲੀ ਕਰਨ ਵਾਲਾ ਇਹ ਪਲਾਂਟ ਸੂਬੇ ਦਾ ਪਹਿਲਾ ਪਲਾਂਟ ਹੈ, ਜਿੱਥੇ ਸ਼ਹਿਰ ਵਿੱਚੋਂ ਇਕੱਤਰ ਕੀਤੇ ਗਿੱਲੇ ਕੂੜੇ ਤੋਂ ਬਿਜਲੀ ਤਿਆਰ ਹੋ ਰਹੀ ਹੈ। ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਕੂੜੇ ਦੀ ਸਮੱਸਿਆ ਇੱਕ ਗੰਭੀਰ ਚੁਣੌਤੀ ਬਣ ਚੁੱਕੀ ਹੈ ਕਿਉਂਕਿ ਆਮ ਤੌਰ ਤੇ ਲੋਕ ਆਪਣੇ ਘਰਾਂ ਦਾ ਗਿੱਲਾ ਤੇ ਸੁੱਕਾ ਕੂੜਾ ਪਲਾਸਟਿਕ ਦੇ ਲਿਫਾਫਿਆਂ ਵਿੱਚ ਪਾ ਕੇ ਸੜਕਾਂ ਕਿਨਾਰੇ ਸੁੱਟ ਦਿੰਦੇ ਹਨ ਜਿਸ ਕਾਰਨ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵੱਲੋਂ 02 ਕਰੋੜ 98 ਲੱਖ ਰੁਪਏ ਦੀ ਲਾਗਤ ਨਾਲ ਇਸ ਪਲਾਂਟ ਦੀ ਸਥਾਪਨਾ ਕੀਤੀ ਹੈ।ਇਸ ਪਲਾਂਟ ਵਿੱਚ ਪ੍ਰਤੀ ਦਿਨ 15 ਟਨ ਗਿੱਲੇ ਕੂੜੇ ਦੀ ਵਰਤੋਂ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਪਲਾਂਟ ਦੇ ਪ੍ਰੋਸੈਸ ਅਧੀਨ ਸ਼ਹਿਰ ਵਿੱਚੋਂ ਇੱਕਠੇ ਕੀਤੇ ਵੈਟ ਵੇਸਟ (ਗਿੱਲੇ ਕੂੜੇ) ਨੂੰ ਡਾਈਜੈਸਟਰ ਟੈਂਕ ਵਿੱਚ ਸਲਰੀ ਦੇ ਰੂਪ ਵਿੱਚ ਪਾਇਆ ਜਾਂਦਾ ਹੈ, ਜਿੱਥੇ ਬੈਕਟੀਰੀਅਲ ਐਕਸ਼ਨ ਨਾਲ ਗਿੱਲੇ ਕੂੜੇ ਤੋਂ ਬਾਇਓ ਗੈਸ ਤਿਆਰ ਕੀਤੀ ਜਾਂਦੀ ਹੈ।ਇਸ ਉਪਰੰਤ ਇਸ ਗੈਸ ਤੋਂ 125 ਕੇ.ਵੀ.ਏ. ਦੇ ਜਨਰੇਟਰ ਰਾਹੀਂ ਬਿਜਲੀ ਤਿਆਰ ਕੀਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਪਲਾਂਟ ਵਿੱਚ ਤਿਆਰ ਕੀਤੀ ਬਿਜਲੀ ਨਾਲ ਹੀ ਇਹ ਪਲਾਂਟ ਚੱਲ ਰਿਹਾ ਹੈ ਤੇ ਵਾਧੂ ਬਿਜਲੀ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਨੂੰ 5 ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਦੇਣ ਲਈ ਸਮਝੌਤਾ ਕੀਤਾ ਗਿਆ ਹੈ। ਡਾ. ਸੋਨਾ ਥਿੰਦ ਨੇ ਕਿਹਾ ਕਿ ਇਸ ਪਲਾਂਟ ਦੇ ਸਫਲਤਾ ਪੂਰਵਕ ਚੱਲਣ ਉਪਰੰਤ ਅਜਿਹੇ ਹੋਰ ਪਲਾਂਟ ਵੀ ਜ਼ਿਲ੍ਹੇ ਵਿੱਚ ਲਾਉਣ ਦੀ ਯੋਜਨਾ ਤਿਆਰ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਜਿਥੇ ਕੂੜੇ ਦੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ ਉਥੇ ਹੀ ਕੂੜੇ ਨਾਲ ਬਿਜਲੀ ਵੀ ਤਿਆਰ ਕੀਤੀ ਜਾਵੇਗੀ, ਜਿਸ ਨਾਲ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਨੂੰ ਵਾਧੂ ਆਮਦਨ ਹੋਵੇਗੀ, ਜਿਸ ਨਾਲ ਸ਼ਹਿਰ ਦਾ ਸਰਵਪੱਖੀ ਵਿਕਾਸ ਹੋਵੇਗਾ।



# ਕਾਂਗਰਸ ਦੀ ਮਜ਼ਬੂਤੀ ਲਈ ਪਿੰਡ-ਪਿੰਡ ਨਵੀਆਂ ਇਕਾਈਆਂ ਦਾ ਗਠਨ ਕਰਾਂਗੇ : ਠੁੱਲੀਵਾਲ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਕਾਂਗਰਸ ਪਾਰਟੀ ਨੂੰ ਹੇਠਲੇ ਪੱਧਰ ਤੱਕ ਹੋਰ ਮਜ਼ਬੂਤ ਬਣਾਉਣ ਲਈ ਜ਼ਿਲ੍ਹਾ ਭਰ ਦੇ ਪਿੰਡ ਪਿੰਡ ਨਵੀਆਂ ਇਕਾਈਆਂ ਦਾ ਗਠਨ ਕਰਕੇ ਹਰ ਵਰਗ ਦੇ ਲੋਕਾਂ ਨੂੰ ਕਾਂਗਰਸ ਦੇ ਮੁੱਖ ਧੁਰੇ ਨਾਲ ਜੋੜਿਆ ਜਾਵੇਗਾ। ਇਹ ਜਾਣਕਾਰੀ ਕਾਂਗਰਸ ਪਾਰਟੀ ਦੇ ਨਵਨਿਯੁਕਤ ਬਲਾਕ ਪ੍ਰਧਾਨ ਪ੍ਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਗੱਲਬਾਤ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਕਾਂਗਰਸ ਪਾਰਟੀ ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਗਤੀਸ਼ੀਲ ਅਗਵਾਈ ਹੇਠ ਜ਼ਿਲ੍ਹਾ ਬਰਨਾਲਾ ਨਾਲ ਸੰਬੰਧਤ ਤਿੰਨੇ ਵਿਧਾਨ ਸਭਾ ਹਲਕਿਆਂ ਦੇ ਹਰ ਪਿੰਡ ਵਿੱਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਮੁਹਿੰਮ ਚਲਾਈ ਜਾ ਰਹੀ ਹੈ। ਜਿਸ ਵਿਚ ਸਾਫ ਸੁਥਰੇ ਅਕਸ ਵਾਲੇ ਬੇਦਾਗ ਲੋਕਾਂ ਨੂੰ ਅੱਗੇ ਲਿਆ ਕੇ ਢੁੱਕਵਾਂ ਮਾਣ ਸਤਿਕਾਰ ਦਿੱਤਾ ਜਾਵੇਗਾ। ਇਕ ਸਵਾਲ ਦੇ ਜੁਆਬ ਵਿਚ ਪ੍ਰਧਾਨ ਸ਼ੰਮੀ ਠੁੱਲੀਵਾਲ ਨੇ ਦੱਸਿਆ ਕਿ ਅਗਲੇ ਦਿਨਾਂ ਵਿੱਚ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਅਤੇ ਸਮੂਹ ਆਗੂਆਂ, ਵਰਕਰਾਂ ਦੀ ਰਾਇ ਸਲਾਹ ਨਾਲ ਬਲਾਕ ਮਹਿਲ ਕਲਾਂ ਦੇ ਜਥੇਬੰਦਕ ਢਾਂਚੇ ਦਾ ਐਲਾਨ ਛੇਤੀ ਕੀਤਾ ਜਾਵੇਗਾ। ਇਸ ਵਿੱਚ ਪਾਰਟੀ ਲਈ ਦਿਨ ਰਾਤ ਇਕ ਕਰਕੇ ਕੰਮ ਕਰਨ ਵਾਲੇ ਵਰਕਰਾਂ ਨੂੰ ਮਾਣ ਸਤਿਕਾਰ ਦਿਤਾ ਜਾਵੇਗਾ। ਇਸ ਮੌਕੇ ਸੀਨੀਅਰ ਆਗੂਆਂ ਸਰਬਜੀਤ ਸਿੰਘ ਸਰਬੀ ਆੜ੍ਹਤੀਆ, ਐਡਵੋਕੇਟ ਜਸਵੀਰ ਸਿੰਘ ਖੇੜੀ, ਡਾ: ਬਲਵੰਤ ਰਾਏ ਹਮੀਦੀ, ਮਨਜੀਤ ਸਿੰਘ ਮਹਿਲ ਖੁਰਦ, ਜਰਨੈਲ ਸਿੰਘ ਭੋਲਾ, ਗਗਨਦੀਪ ਸਰਾਂ ਨੇ ਬਲਾਕ ਪ੍ਰਧਾਨ ਪ੍ਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨਾਲ ਮਿਲ ਕੇ ਕਾਂਗਰਸ ਨੂੰ ਮਜ਼ਬੂਤ ਬਣਾਉਣ ਲਈ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦਿਵਾਇਆ।



# 307 ਦੇ ਪਰਚਿਆਂ ਵਿਰੁੱਧ 11 ਨੂੰ ਫ਼ਿਰੋਜ਼ਪੁਰ 'ਚ ਵਿਸ਼ਾਲ ਰੋਸ ਰੈਲੀ



**ਮੋਗਾ (ਇਕਬਾਲ ਸਿੰਘ ਖਹਿਰਾ)** ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਤੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਦੇ ਆਗੂਆਂ ਨੇ ਆਖਿਆ ਕਿ 5 ਜਨਵਰੀ 2022 ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫ਼ਿਰੋਜ਼ਪੁਰ ਰੈਲੀ ਸਮੇ ਕਿਸਾਨ ਜਥੇਬੰਦੀਆਂ ਵੱਲੋਂ ਡੀ ਸੀ ਹੈਡਕੁਆਰਟਰਾਂ ਤੇ ਵਿਰੋਧ ਪ੍ਰਦਰਸ਼ਨ ਕਰਨ ਦੀ ਕਾਲ ਦਿੱਤੀ ਗਈ ਸੀ, ਜਿਸ ਕਰਕੇ ਮੋਗਾ ਫ਼ਿਰੋਜ਼ਪੁਰ ਰੋਡ 'ਤੇ ਡੀ.ਸੀ ਦਫਤਰ ਵੱਲ ਜਾ ਰਹੇ ਜਥੇ ਨੂੰ ਪਿਆਰੇਆਣੇ ਕੋਲ ਪੁਲਿਸ ਵੱਲੋ ਰੋਕਿਆ ਗਿਆ, ਜਿਸ ਕਾਰਨ ਹੋਰ ਵੀ ਟ੍ਰੈਫਿਕ ਜਾਮ ਹੋ ਗਿਆ ਤੇ ਕਿਸਾਨ ਰੋਸ ਵਜੋਂ ਉਥੇ ਹੀ ਧਰਨੇ 'ਤੇ ਬੈਠ ਗਏ।

ਧਰਨਾ ਕਰੀਬ ਸ਼ਾਮ ਚਾਰ ਵਜੇ ਤੱਕ ਚੱਲਦਾ ਰਿਹਾ।ਧਰਨੇ ਦੀ ਸਮਾਪਤੀ ਤੋਂ ਬਾਅਦ ਕਿਸਾਨਾਂ ਨੂੰ ਪਤਾ ਲੱਗਾ ਕਿ ਦੇਸ ਦਾ ਪ੍ਰਧਾਨ ਮੰਤਰੀ ਉਨ੍ਹਾਂ ਤੋ ਤਕਰੀਬਨ ਡੇਢ ਕਿਲੋਮੀਟਰ ਪਿਛੇ ਜਾਮ ਵਿੱਚ ਰੁਕ ਕੇ ਵਾਪਸ ਚਲਾ ਗਿਆ।ਜਾਣ ਸਮੇ ਏਅਰਪੋਰਟ 'ਤੇ ਅਧਿਕਾਰੀਆਂ ਨੂੰ ਆਖ ਗਏ ਕਿ ਆਪਣੇ ਮੁੱਖ ਮੰਤਰੀ ਨੂੰ ਆਖ ਦਿਓ ਮੈਂ ਜਾਨ ਬਚਾ ਕੇ ਵਾਪਸ ਆ ਗਿਆ। ਉਸ ਸਮੇਂ ਦੇ ਮੁੱਖ ਮੰਤਰੀ ਨੇ ਸਾਫ਼ ਆਖਿਆ ਸੀ ਕਿ ਪ੍ਰਧਾਨ ਮੰਤਰੀ ਨੂੰ ਕਿਸੇ ਨੇ ਕੁਝ ਨਹੀਂ ਆਖਿਆ।ਕੋਈ ਵੀ ਉਨ੍ਹਾਂ ਦੇ ਕੋਲ ਨਹੀਂ ਗਿਆ।ਉਸ ਸਮੇਂ ਪੁਲਸ ਪ੍ਰਸਾਸ਼ਨ ਵੱਲੋਂ ਧਾਰਾ 283 ਤਹਿਤ ਕਿਸਾਨਾਂ ਨੂੰ ਜ਼ਮਾਨਤਾਂ ਦੇ ਦਿੱਤੀਆਂ ਗਈਆਂ, ਪਰ ਹੁਣ ਜਦੋਂ ਸ਼ੰਭੂ-ਖਨੌਰੀ ਕਿਸਾਨਾਂ ਦਾ ਅੰਦੋਲਨ ਚੱਲ ਰਿਹਾ ਹੈ ਤਾਂ ਜੁਰਮ ਵਿੱਚ ਵਾਧਾ ਕਰਕੇ ਕਈ ਹੋਰ ਧਾਰਾਵਾਂ ਸਮੇਤ ਕਿਸਾਨਾਂ ਤੇ 307 ਇਰਾਦਾ ਕਤਲ ਦੀ ਧਾਰਾ ਲਾ ਦਿੱਤੀ ਗਈ ਹੈ।ਆਗੂਆਂ ਨੇ ਆਖਿਆ ਕਿ ਜੁਰਮ ਵਿੱਚ ਵਾਧਾ 20-12-2022 ਨੂੰ ਹੀ ਕਰ ਦਿੱਤਾ ਗਿਆ ਸੀ, ਪਰ ਪਰਚਾ ਨੱਪ ਕੇ ਰੱਖ ਛੱਡਿਆ।ਕੋਈ ਵੀ ਜਾਂਚ ਪੜਤਾਲ ਕੀਤੇ ਬਿਨਾਂ ਹੀ ਕਿਸਾਨਾਂ ਨੂੰ ਫਸਾਇਆ ਜਾ ਰਿਹਾ ਹੈ।ਜਥੇਬੰਦੀਆਂ ਵੱਲੋਂ 11 ਫਰਵਰੀ ਨੂੰ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ।

# ਪੇਂਡੂ ਖੇਤਰ 'ਚ ਸਿਹਤ ਸਹੂਲਤਾਂ ਤੇ ਵਿੱਦਿਆ ਜ਼ਰੂਰੀ : ਸ੍ਰੀ ਸੱਤਿਆ ਪ੍ਰਕਾਸ਼ਾ ਨੰਦ ਸਰਸਵਤੀ ਮਹਾਰਾਜ



**ਤਲਵੰਡੀ ਚੌਧਰੀਆਂ (ਪਰਸਨ ਲਾਲ ਭੋਲਾ)**-ਸ੍ਰੀ ਰਾਧਾ ਕ੍ਰਿਸ਼ਨਾ ਨੂੰ ਕੁੰਜ ਸੁਆਮੀ ਸਦਾ ਨੰਦ ਆਸ਼ਰਮ ਤਲਵੰਡੀ ਚੌਧਰੀਆਂ ਵਿਖੇ ਮਾਘ ਮਹੀਨੇ ਦੀ ਮੱਸਿਆ ਦਾ ਦਿਹਾੜਾ ਸ਼੍ਰੀਮਦ ਪੂਜਯ, 1008 ਸੁਆਮੀ ਸ੍ਰੀ ਸਤਿਆ ਪ੍ਰਕਾਸ਼ਾ ਨੰਦ ਸਵਰਸਵਤੀ ਮਹਾਰਾਜ ਦੀ ਰਹਿਨੁਮਾਈ ਹੇਠ ਅਤੁਲਸਰਵ ਨੰਦ ਸਰਸਵਤੀ ਸ੍ਰੀ ਓਮ ਪ੍ਰਕਾਸ਼ ਮਹਾਰਾਜ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਵਿਸ਼ੇਸ਼ ਸੱਦੇ 'ਤੇ ਗ੍ਰਾਮ ਪੰਚਾਇਤ ਅਤੇ ਪਤਵੰਤੇ ਸੱਜਣਾਂ ਨੇ ਸਮਾਗਮ ਵਿੱਚ ਭਾਗ ਲਿਆ। ਸ਼ਿਵ ਜੀ ਮਹਾਰਾਜ ਦੇ ਸ਼ਬਦ ਗਾਇਨ ਉਪਰੰਤ ਭੰਡਾਰੇ ਵਰਤਾਏ ਗਏ। ਇਸ ਮੌਕੇ ਸ੍ਰੀ ਸੱਤਿਆ ਪ੍ਰਕਾਸ਼ ਨੰਦ ਸਵਰਸਵਤੀ ਮਹਾਰਾਜ ਨੇ ਕੁਟੀਆ ਦੇ ਸੇਵਾਦਾਰਾਂ ਵੱਲੋਂ ਆਸ਼ਰਮ ਦੀ ਸਾਂਭ ਸੰਭਾਲ ਅਤੇ ਅਨੁਸ਼ਾਸਨ ਦੀ ਸ਼ਲਾਘਾ ਕੀਤੀ।ਉਨ੍ਹਾ ਸਮੁੱਚੀ ਪੰਚਾਇਤ ਅਤੇ ਆਏ ਪਤਵੰਤੇ ਸੱਜਣਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਸਨਮਾਨ ਰਸਮ ਉਪਰੰਤ ਸਰਪੰਚ ਬਲਵਿੰਦਰ ਸਿੰਘ ਲੱਡੂ ਪ੍ਰਧਾਨ ਨੇ ਸ੍ਰੀ ਸੱਤਿਆ ਪ੍ਰਕਾਸ਼ਾ ਨੰਦ ਸਰਸਵਤੀ ਮਹਾਰਾਜ ਅਤੇ ਕੁਟੀਆ ਦੇ ਸੇਵਾਦਾਰਾਂ ਦਾ ਧੰਨਵਾਦ ਕੀਤਾ। ਸ੍ਰੀ ਸੱਤਿਆ ਪਰਕਾਸ਼ਾ ਨੰਦ ਸਰਸਵਤੀ ਮਹਾਰਾਜ ਨੇ ਸਮੁੱਚੀ ਪੰਚਾਇਤ ਅਤੇ ਆਏ ਨਗਰ ਨਿਵਾਸੀਆਂ ਨਾਲ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਪਿੰਡ ਦੇ ਲੋਕਾਂ ਲਈ ਸਿਹਤ ਅਤੇ ਵਿੱਦਿਆ ਬਹੁਤ ਜ਼ਰੂਰੀ ਹੈ।ਇਸ ਮੌਕੇ ਸਰਪੰਚ ਬਲਵਿੰਦਰ ਸਿੰਘ ਲੱਡੂ, ਸੁਖਦੇਵ ਲਾਲ ਸ਼ਾਹ ਸਾਬਕਾ ਮੈਂਬਰ ਪੰਚਾਇਤ, ਧੀਰਜ ਕੁਮਾਰ ਸ਼ਰਮਾ, ਕਮਲਜੀਤ ਸਿੰਘ, ਲਖਵਿੰਦਰ ਸਿੰਘ, ਰਜਿੰਦਰ ਸਿੰਘ ਭਾਰਜ, ਦਵਿੰਦਰ ਸਿੰਘ ਓਟੀ, ਸਤਨਾਮ ਸਿੰਘ ਸਾਬੀ, ਰਣਜੀਤ ਸਿੰਘ ਰਾਜਾ, ਸੁਖਦੇਵ ਸਿੰਘ ਸਹੋਤਾ, ਸਰਬਜੀਤ ਸਿੰਘ ਸ਼ੱਬਾ, ਵੀਰਪਾਲ ਸਾਰੇ ਮੈਂਬਰ ਪੰਚਾਇਤ ਤੋਂ ਇਲਾਵਾ ਐਡਵੋਕੇਟ ਤਾਰਾ ਚੰਦ ਉੱਪਲ, ਸੁਸ਼ੀਲ ਕੁਮਾਰ ਉਪਲ, ਓਮ ਦੱਤ ਸ਼ਰਮਾ, ਭੂਸ਼ਣ ਮੜੀਆ, ਵਿਕੀ ਮੜੀਆ ਤੇ ਹਰਦੇਵ ਸਿੰਘ ਆਦਿ ਹਾਜ਼ਰ ਸਨ।

# ਗੁਰੂ ਨਾਨਕ ਕਾਲਜ ਬੁਢਲਾਡਾ 'ਚ ਓਰੀਐਂਟੇਸ਼ਨ ਪ੍ਰੋਗਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਉੱਤਰੀ ਭਾਰਤ ਦੀ ਸਿਰਮੌਰ ਖ਼ੁਦਮੁਖਤਿਆਰ (ਆਟੋਨੋਮਸ) ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਭਾਰਤ ਸਰਕਾਰ ਦੇ ਮਨਿਸਟਰੀ ਆਫ ਐਜੂਕੇਸ਼ਨ ਦੇ ਸਕੂਲ ਸਿੱਖਿਆ ਵਿਭਾਗ ਦੀਆਂ ਗਾਈਡਲਾਈਨਜ਼ ਅਨੁਸਾਰ ਨਵੀਂ ਸਿੱਖਿਆ ਨੀਤੀ-2020 ਸਬੰਧੀ 'ਓਰੀਐਂਟੇਸ਼ਨ ਪ੍ਰੋਗਰਾਮ' ਕੀਤਾ ਗਿਆ। ਇਸ 'ਓਰੀਐਂਟੇਸ਼ਨ ਪ੍ਰੋਗਰਾਮ' ਵਿਚ ਵਿਦਿਆਰਥੀਆਂ ਨੂੰ ਨਵੀਂ ਸਿੱਖਿਆ ਨੀਤੀ ਦੇ ਮੁੱਖ ਪਹਿਲੂਆਂ, ਪ੍ਰਭਾਵਾਂ ਅਤੇ ਚੁਣੌਤੀਆਂ ਸਬੰਧੀ ਜਾਣੂ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਦੱਸਿਆ ਕਿ ਨਵੀਂ ਸਿੱਖਿਆ ਨੀਤੀ ਵਿੱਚ ਸਕਿੱਲ ਐਜੂਕੇਸ਼ਨ ਨੂੰ ਤਰਜੀਹ ਦਿੱਤੀ ਗਈ ਹੈ। ਸੰਸਥਾ ਨੇ ਇਸ ਇਲਾਕੇ, ਤਕਨਾਲੋਜੀ ਅਤੇ ਉਦਯੋਗਾਂ ਨੂੰ ਕੇਂਦਰ ਵਿੱਚ ਰੱਖਦਿਆਂ ਨਵੇਂ ਕੋਰਸ ਪ੍ਰਸਤਾਵਿਤ ਕੀਤੇ ਹਨ। ਜਿਨ੍ਹਾਂ ਵਿੱਚ ਬੀ.ਵਾਕ ਡਾਟਾ ਸਾਇੰਸ, ਬੀ.ਐਸ ਸੀ ਫੋਰੈਂਸਿਕ ਸਾਇੰਸ, ਬੀ. ਏ. ਆਨਰਜ਼ (ਅੰਗਰੇਜ਼ੀ, ਪੰਜਾਬੀ, ਅਰਥ ਸ਼ਾਸਤਰ, ਹੋਮ ਸਾਇੰਸ, ਸੰਗੀਤ ਅਤੇ ਸਾਊਂਡ ਪ੍ਰੋਡਕਸ਼ਨ), ਬੀ.ਏ. ਮਾਸ ਕਾਮਨੀਕੇਸ਼ਨ, ਬੀ. ਵਾੱਕ ਪ੍ਰਫੌਰਮਿੰਗ ਆਰਟ, ਬੀ. ਵਾੱਕ ਟੂਰਿਜ਼ਮ ਅਤੇ ਟਰੈਵਲ ਦੇ ਡਿਗਰੀ ਕੋਰਸ ਹਨ। ਟੈਕਸਟਾਈਲ ਡਾਇੰਗ ਐਂਡ ਪ੍ਰਿੰਟਿੰਗ, ਹੋਮ ਸਾਇੰਸ ਐਂਡ ਨਿਊਟ੍ਰੇਸ਼ਨ, ਬੈਂਕਿੰਗ ਐਂਡ ਇੰਸੋਰੈਂਸ਼, ਵੀਡੀਓ ਅਡੀਟਿੰਗ ਐਂਡ ਮਿਕਸਿੰਗ, ਜੀ.ਐਸ.ਟੀ. ਐਂਡ ਇਨਕਮ ਟੈਕਸ, ਇੰਟਰਨੈੱਟ ਐਂਡ ਫਰੰਟ ਆਫਸ ਮੈਨੇਜਮੈਂਟ, ਮਸ਼ਰੂਮ ਕਲਟੀਵੇਸ਼ਨ, ਈ-ਅਕਾਊਂਟਿੰਗ, ਸਟੌਕ ਮਾਰਕੀਟਿੰਗ, ਇਨਵਾਇਰਮੈਂਟਲ ਔਡਿਟਿੰਗ ਸਰਟੀਫਿਕੇਟ ਕੋਰਸ ਹਨ। ਇਸ ਪ੍ਰੋਗਰਾਮ ਵਿਚ ਪੰਜਾਬ ਅਤੇ ਹਰਿਆਣਾ ਦੇ ਲੱਗਭੱਗ ਸੱਤਰ ਸਰਕਾਰੀ, ਅਰਧ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਲੱਗਭੱਗ 4800 ਵਿਦਿਆਰਥੀਆਂ ਨੇ ਹਿੱਸਾ ਲਿਆ।

# ਘਰਾਂ ਦੀਆਂ ਛੱਤਾਂ 'ਤੇ ਚੜ੍ਹੀ ਪੁਲਸ ਟੀਮ



**ਮੋਗਾ, (ਇਕਬਾਲ ਸਿੰਘ ਖਹਿਰਾ)** ਬਸੰਤ ਪੰਚਮੀ ਮੌਕੇ ਲੋਕ ਪਤੰਗ ਉਡਾ ਰਹੇ ਹਨ ਤੇ ਮੋਗਾ ਪੁਲਸ ਨੇ ਛੱਤਾਂ 'ਤੇ ਪਤੰਗ ਉਡਾ ਰਹੇ ਲੋਕਾਂ ਦੀ ਜਾਂਚ ਕੀਤੀ।ਡੀਐਸਪੀ ਰਵਿੰਦਰ ਸਿੰਘ ਨੇ ਆਪਣੀ ਟੀਮ ਨਾਲ ਚੀਨ ਦੇ ਧਾਗੇ ਦੀ ਵਰਤੋਂ ਨਾ ਕਰਨ ਦੀ ਸਲਾਹ ਨੂੰ ਬਹੁਤ ਗੰਭੀਰਤਾ ਨਾਲ ਲਿਆ।ਲੋਕਾਂ ਦੇ ਘਰਾਂ ਦੀਆਂ ਛੱਤਾਂ ਅਤੇ ਮਹਿਲਾਂ 'ਤੇ ਇਸਦੀ ਵਰਤੋਂ ਨਾ ਕਰੋ। ਡੀਐਸਪੀ ਨੇ ਕਿਹਾ ਕਿ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਘਰਾਂ ਦੀਆਂ ਛੱਤਾਂ 'ਤੇ ਪਤੰਗ ਉਡਾਉਣ ਵਾਲੇ ਲੋਕਾਂ ਦੀਆਂ ਤਾਰਾਂ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਕੀ ਉਨ੍ਹਾਂ ਨੇ ਚੀਨੀ ਤਾਰਾਂ ਦੀ ਵਰਤੋਂ ਕੀਤੀ ਹੈ, ਜਿਹੜੇ ਬੱਚੇ ਸਨ ਪਤੰਗ ਉਡਾਉਣ ਨਾਲ ਚਾਈਨਾ ਡੋਰ ਤੋਂ ਦੂਰ ਰਹਿਣ ਦਾ ਸੁਨੇਹਾ ਵੀ ਮਿਲਦਾ ਹੈ।ਉਨ੍ਹਾਂ ਕਿਹਾ ਕਿ ਚਾਈਨਾ ਡੋਰ ਪੰਛੀਆਂ ਤੇ ਲੋਕਾਂ ਨੂੰ ਬਹੁਤ ਨੁਕਸਾਨ ਪੁਚਾਉਂਦਾ ਹੈ ਕਿਉਂਕਿ ਅਕਸਰ ਦੇਖਿਆ ਜਾਂਦਾ ਹੈ ਕਿ ਬਾਈਕ 'ਤੇ ਜਾਣ ਵਾਲੇ ਲੋਕ ਚਾਈਨਾ ਡੋਰ ਨਾਲ ਗਲੇ ਵਿੱਚ ਫਸ ਜਾਂਦੇ ਹਨ।ਜੇਕਰ ਇਹ ਫਸ ਜਾਂਦਾ ਹੈ ਤਾਂ ਫਿਰ ਇਸ ਨਾਲ ਹਾਦਸੇ ਵਾਪਰ ਸਕਦੇ ਹਨ।ਉਸ ਨੇ ਦੂਜੇ ਬੱਚਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਚੀਨੀ ਡੋਰ ਨਾਲ ਪਤੰਗ ਨਾ ਉਡਾਉਣ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਕੁਲਵਿੰਦਰ ਸਿੰਘ ਥਿੰਦ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ, ਜ਼ਿਲ੍ਹਾ ਜਲੰਧਰ।

ਮਿਸਲ ਨੰ: 11/ਐਨ.ਟੀ/2024 ਦਾਇਰ ਮਿਤੀ : 31-07-2024

1. ਸ੍ਰੀਮਤੀ ਬਲਵੀਰ ਕੌਰ ਵਿਧਵਾ ਸੂਬਾ ਸਿੰਘ ਪੁੱਤਰ ਦੌਲਤ ਰਾਮ, ਪਵਨ ਵਿੱਲੋਂ ਦੀ ਮੁਖਤਾਰ ਆਮ ਬਲਵੀਰ ਕੌਰ ਵਿਧਵਾ ਸੂਬਾ ਸਿੰਘ ਪਿੰਡ ਕਾਕੜ ਕਲਾਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ।

ਬਨਾਮ

1. ਕਿਰਨਦੀਪ ਕੌਰ ਪੁੱਤਰੀ ਹਰਨੇਕ ਸਿੰਘ ਪੁੱਤਰ ਕੇਵਲ ਸਿੰਘ 4. ਸੁਰਜੀਤ ਸਿੰਘ ਪੁੱਤਰ ਦੌਲਤ ਰਾਮ 5. ਗੋਪਾਲ ਸਿੰਘ ਪੁੱਤਰ ਨਿਹਾਲ ਸਿੰਘ 6. ਦਾਰਾ ਸਿੰਘ ਪੁੱਤਰ ਨਿਹਾਲ ਸਿੰਘ ਪੁੱਤਰ ਦੋਲਾ ਸਿੰਘ 7. ਹਰਨਾਮ ਸਿੰਘ ਪੁੱਤਰ ਨਿਹਾਲ ਸਿੰਘ 8. ਭਾਨ ਸਿੰਘ ਪੁੱਤਰ ਨਿਹਾਲ ਸਿੰਘ 9. ਦੱਲ ਸਿੰਘ ਪੁੱਤਰ ਨਿਹਾਲ ਸਿੰਘ 10. ਰਲੀ ਪੁੱਤਰੀ ਮੀਹਾਂ ਸਿੰਘ ਪੁੱਤਰ ਮਤਾਬ ਸਿੰਘ 11. ਆਮਤਾ ਸਿੰਘ ਪੁੱਤਰ ਨਰੰਜਣ ਸਿੰਘ ਪੁੱਤਰ ਸੰਤਾ ਸਿੰਘ 12. ਲਖਵਿੰਦਰ ਸਿੰਘ ਪੁੱਤਰ ਸਾਧੂ ਸਿੰਘ 13. ਭੁਪਿੰਦਰ ਸਿੰਘ ਪੁੱਤਰ ਸਾਧੂ ਸਿੰਘ 14. ਬਲਦੇਵ ਸਿੰਘ ਪੁੱਤਰ ਈਸਰ ਸਿੰਘ 15. ਪਿਆਰਾ ਸਿੰਘ ਪੁੱਤਰ ਈਸਰ ਸਿੰਘ 16. ਕੁਲਦੀਪ ਸਿੰਘ ਪੁੱਤਰ ਸੋਹਣ ਸਿੰਘ 17. ਜੋਗਾ ਸਿੰਘ ਪੁੱਤਰ ਗਿਆਨ ਸਿੰਘ 18. ਦਲਬੀਰ ਸਿੰਘ ਪੁੱਤਰ ਗਿਆਨ ਸਿੰਘ 19. ਕਿਰਨਦੀਪ ਕੌਰ ਪੁੱਤਰੀ ਹਰਜੀਤ ਸਿੰਘ ਪੁੱਤਰ ਗੁਰਦੀਪ ਸਿੰਘ 20. ਸਿਮਰਨਜੀਤ ਕੌਰ ਪਤਨੀ ਚਰਨਜੀਤ ਸਿੰਘ ਪੁੱਤਰ ਗੁਰਦੀਪ ਸਿੰਘ 21. ਸਿਮਰਪਾਲ ਸਿੰਘ ਪੁੱਤਰ ਕਮਲਜੀਤ ਕੌਰ ਪੁੱਤਰੀ ਕੇਵਲ ਸਿੰਘ 22. ਨਿਰਮਲ ਸਿੰਘ ਪੁੱਤਰ ਗੁਰਦੀਪ ਸਿੰਘ 23. ਅਮਨਦੀਪ ਸਿੰਘ ਪੁੱਤਰ ਜਸਵਿੰਦਰ ਸਿੰਘ 24. ਸੀਤਲ ਸਿੰਘ ਪੁੱਤਰ ਗਿਆਨ ਸਿੰਘ 25. ਸੁਰਜੀਤ ਕੌਰ ਪਤਨੀ ਸਰਬਜੀਤ ਸਿੰਘ ਪੁੱਤਰ ਗੁਰਦੀਪ ਸਿੰਘ 26. ਸੁਖਵਿੰਦਰ ਸਿੰਘ ਪੁੱਤਰ ਹਰਬੰਸ ਸਿੰਘ 27. ਮੱਖਣ ਸਿੰਘ ਪੁੱਤਰ ਗੁਰਦਿਆਲ ਸਿੰਘ 28. ਹਰਭਜਨ ਸਿੰਘ ਪੁੱਤਰ ਨਿਹਾਲ ਸਿੰਘ ਪੁੱਤਰ ਦੋਲਾ ਸਿੰਘ 29. ਬਲਦੇਵ ਸਿੰਘ ਪੁੱਤਰ ਈਸਰ ਸਿੰਘ 30. ਪਿਆਰਾ ਸਿੰਘ ਪੁੱਤਰ ਈਸ਼ਰ ਸਿੰਘ 31. ਗੁਰਦੀਪ ਸਿੰਘ ਪੁੱਤਰ ਈਸ਼ਰ ਸਿੰਘ 32. ਗਿਆਨ ਸਿੰਘ ਪੁੱਤਰ ਈਸ਼ਰ ਸਿੰਘ 33. ਕਿਰਪਾ ਸਿੰਘ ਪੁੱਤਰ ਸਤਨਾਮ ਸਿੰਘ 34. ਸਤਨਾਮ ਸਿੰਘ ਪੁੱਤਰ ਰਾਧਾ ਸਿੰਘ 35. ਸਾਧੂ ਸਿੰਘ ਪੁੱਤਰ ਸੋਭਾ ਸਿੰਘ 36. ਰਾਮਦਾਸ ਪੁੱਤਰ ਭੋਲਾ ਸਿੰਘ 37. ਤਾਰਾ ਸਿੰਘ ਪੁੱਤਰ ਖੁਸ਼ਹਾਲ ਸਿੰਘ 38. ਸੁਰਿੰਦਰ ਸਿੰਘ ਪੁੱਤਰ ਸ਼ਿਵ ਸਿੰਘ ਪੁੱਤਰ ਨੰਦ ਸਿੰਘ 39. ਸਪੂਰਨ ਕੌਰ ਪੁੱਤਰੀ ਇੰਦਰ ਸਿੰਘ ਪੁੱਤਰ ਅਮਰ ਸਿੰਘ 41. ਗਿਆਨ ਸਿੰਘ ਪੁੱਤਰ ਈਸ਼ਰ ਸਿੰਘ ਪੁੱਤਰ ਅਤਰ ਸਿੰਘ 42. ਸੁਰਜੀਤ ਕੌਰ ਪਤਨੀ ਸਰਬਜੀਤ ਸਿੰਘ 43. ਗੁਰਬਖ਼ਸ਼ ਕੌਰ ਪੁੱਤਰੀ ਦੌਲਤ ਰਾਮ ਪੁੱਤਰ ਲਾਲ ਸਿੰਘ 44. ਰੇਸ਼ਮ ਕੌਰ ਪੁੱਤਰੀ ਦੌਲਤ ਰਾਮ ਪੁੱਤਰ ਲਾਲ ਚੰਦ 45. ਜੋਗਿੰਦਰ ਕੌਰ ਸੋਹਲ ਪੁੱਤਰੀ ਦੌਲਤ ਰਾਮ 46. ਫਕੀਰ ਸਿੰਘ ਪੁੱਤਰ ਅਮਰਨਾਥ ਸਿੰਘ 47. ਹਰਵਿੰਦਰ ਸਿੰਘ ਪੁੱਤਰ ਅਮਰਨਾਥ ਸਿੰਘ 48. ਕੁਲਦੀਪ ਸਿੰਘ ਪੁੱਤਰ ਸੋਹਣ ਸਿੰਘ 49. ਹਜਾਰਾ ਸਿੰਘ ਪੁੱਤਰ ਬੁੱਧ ਸਿੰਘ 50. ਤੇਜਿੰਦਰ ਸਿੰਘ ਪੁੱਤਰ ਕਰਨੈਲ ਸਿੰਘ 51. ਜਸਮੇਲ ਸਿੰਘ ਪੁੱਤਰ ਕਰਨੈਲ ਸਿੰਘ 52. ਸਰਵਜੀਤ ਸਿੰਘ ਪੁੱਤਰ ਕਿਰਪਾ ਸਿੰਘ ਪੁੱਤਰ ਮੁਸਤਾਨ ਸਿੰਘ 53. ਗੁਰਦੇਵ ਸਿੰਘ ਪੁੱਤਰ ਕਿਰਪਾ ਸਿੰਘ 54. ਲਖਵਿੰਦਰ ਸਿੰਘ ਪੁੱਤਰ ਜਗੀਰ ਸਿੰਘ 55. ਅਨੋਖ ਸਿੰਘ ਪੁੱਤਰ ਜਗੀਰ ਸਿੰਘ 56. ਕੁਲਵੰਤ ਕੌਰ ਪੁੱਤਰੀ ਜਗੀਰ ਸਿੰਘ 57. ਸਿਮਰ ਕੌਰ ਵਿਧਵਾ ਜਗੀਰ ਸਿੰਘ 58. ਦਰਬਾਰਾ ਸਿੰਘ ਪੁੱਤਰ ਸੋਹਣ ਸਿੰਘ 59. ਮੇਜਰ ਸਿੰਘ ਪੁੱਤਰ ਸੋਹਣ ਸਿੰਘ 60. ਹਾਕਮ ਸਿੰਘ ਪੁੱਤਰ ਜੀਵਨ ਸਿੰਘ 61. ਅਮਰ ਸਿੰਘ ਪੁੱਤਰ ਜੀਵਨ ਸਿੰਘ 62. ਸੰਤਾ ਸਿੰਘ ਪੁੱਤਰ ਜੀਵਨ ਸਿੰਘ 63. ਕਾਹਨ ਸਿੰਘ ਪੁੱਤਰ ਬੁੜ ਸਿੰਘ 64. ਹਜਾਰਾ ਸਿੰਘ ਪੁੱਤਰ ਬੁੱਧ ਸਿੰਘ 65. ਕਾਲਾ ਸਿੰਘ ਪੁੱਤਰ ਬੁੜ ਸਿੰਘ 66. ਸ਼ਾਮ ਸਿੰਘ ਜਿਊਣ ਸਿੰਘ 67. ਕਿਸ਼ਨ ਸਿੰਘ ਪੁੱਤਰ ਜਿਊਣ ਸਿੰਘ 68. ਬਿਸ਼ਨ ਸਿੰਘ ਪੁੱਤਰ ਜਿਊਣ ਸਿੰਘ 69. ਹਰਜਿੰਦਰ ਸਿੰਘ ਪੁੱਤਰ ਪਿਆਰਾ ਸਿੰਘ 70. ਤੇਜਬੀਰ ਸਿੰਘ ਪੁੱਤਰ ਬਲਵਿੰਦਰ ਸਿੰਘ 71. ਅਮਰਬੀਰ ਸਿੰਘ ਪੁੱਤਰ ਬਲਵਿੰਦਰ ਸਿੰਘ 72. ਜਸਵੀਰ ਕੌਰ ਵਿਧਵਾ ਬਲਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ 73. ਪਵਨ ਕੁਮਾਰ ਪੁੱਤਰ ਸਾਧੂ ਸਿੰਘ ਪੁੱਤਰ ਦੌਲਤ ਰਾਮ 74. ਨਵਨੀਤ ਕੌਰ ਪਤਨੀ ਅਮਰੀਕ ਸਿੰਘ 75. ਜਸਵੰਤ ਸਿੰਘ ਪੁੱਤਰ ਵੀਰ ਸਿੰਘ ਪੁੱਤਰ ਤਾਨੀ 76. ਕੁਲਦੀਪ ਕੌਰ ਵਿਧਵਾ ਕੁਲਵੰਤ ਸਿੰਘ 77. ਗੁਰਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ 78. ਪਰਮਜੀਤ ਸਿੰਘ ਪੁੱਤਰ ਕੁਲਵੰਤ ਸਿੰਘ 79. ਅਵਤਾਰ ਸਿੰਘ ਪੁੱਤਰ ਕੇਵਲ ਸਿੰਘ 80. ਜਸਵੀਰ ਸਿੰਘ ਪੁੱਤਰ ਕੇਵਲ ਸਿੰਘ 81. ਝਲਮਨ ਸਿੰਘ ਉਰਫ ਲਛਮਣ ਸਿੰਘ ਪੁੱਤਰ ਤੇਜਾ ਸਿੰਘ 82. ਅਮਰੀਕ ਸਿੰਘ ਪੁੱਤਰ ਉਜਾਗਰ ਸਿੰਘ ਪੁੱਤਰ ਜੀਵਾ ਸਿੰਘ 83. ਜਸਵਿੰਦਰ ਕੌਰ ਪੁੱਤਰੀ ਉਜਾਗਰ ਸਿੰਘ 84. ਫਕੀਰ ਸਿੰਘ ਪੁੱਤਰ ਅਮਰਨਾਥ ਪੁੱਤਰ ਲਾਲ ਚੰਦ 85. ਜੋਗਿੰਦਰ ਕੌਰ ਪੁੱਤਰੀ ਦੌਲਤ ਰਾਮ ਪੁੱਤਰ ਲਾਲ ਚੰਦ ਵਾਸੀ ਕਾਕੜ ਕਲਾਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।

ਉਪਰੋਕਤ ਵਿਸ਼ੇ ਸਬੰਧੀ ਪਹਿਲੀ ਧਿਰ ਵੱਲੋਂ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਚੱਲ ਰਿਹਾ ਹੈ।ਇਸ ਕੇਸ ਦੀ ਅਗਲੀ ਤਾਰੀਖ ਪੇਸ਼ੀ ਮਿਤੀ 20.02.2025 ਪਾਈ ਗਈ ਹੈ।ਇਸ ਕੇਸ ਸਬੰਧੀ ਕਿਸੇ ਵਿਅਕਤੀ ਨੂੰ ਕੋਈ ਉਜ਼ਰ ਜਾਂ ਇਤਰਾਜ਼ ਹੋਵੇ ਤਾਂ ਉਹ ਉਕਤ ਅਦਾਲਤ ਵਿੱਚ 10 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਕੇਸ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਸਾਂਝਾ ਖਾਤਾ ਹੋਣ ਕਰਕੇ ਪਹਿਲੀ ਧਿਰ ਦੀ ਤਕਸੀਮ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈ ਯੋਗ ਨਹੀਂ ਹਵੇਗੀ।

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ (ਜਲੰਧਰ)

## COURT NOTICE

(U/o 5 Rule 20 CPC)
In the Court of
**Ms. Mamta Kakkar**
Additional Civil Judge
(Senior Division), Phul
CNR No. PBBTB0-000013-2025
Next Date :- 05-03-2025
Rimpi Rani
Vs.
General Public
Publication Issued to :
General Public
:- N.A.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 05.03.2025 at 10:00 A.M.

For details logon to https://highcourtchd.gov.in/?mod=district_notice&district=Bathinda

Additional Civil Judge
(Senior Division), Phul
Dated this day of 29.01.2025

## COURT NOTICE

(U/o 5 Rule 20 CPC)
In the Court of
**Ms. Rinky Agnihotri**
Civil Judge (Junior Division),
Ludhiana
Case No. CS/3668/2023
CNR No. PBLD02-006149-2023
Next Date :- 01-03-2025
Punjab National Bank
Vs.
M/s Goyal Trading Company
Publication Issued to :
1. M/s Goyal Trading Company Through Prop Smt. Rekha Goyal W/o Deepak Goyal.
Address 15, G.F. Kalia Complex, Dr. Gujjar Mal Road, Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01.03.2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division),
Ludhiana
Dated this day of 30.01.2025

# ਕਲਾਸੀਫਾਈਡ ਇਸ਼ਤਿਹਾਰ

## Change of Name

I, Satpal Virdi s/o Gurmail Ram R/o VPO Madhopur Tehsil Adampur Distt Jalandhar declare that my true and correct name is Satpal Virdi instead of Sat Pal Birdee. Please note.

I, Neeru Bala W/o Rajiv Dhami, R/O H.NO: 58, New Suraj Ganj, Jalandhar-144002 (Punjab), have changed my name from Neeru Bala to Neeru Dhami after marriage. All concerned please note.

I Rapinder Kaur W/O Raj Kumar R/O Vill Atta, Po. Goraya, distt Jalandhar, Punjab have changed my name From Rapinder kaur to Rupinder kaur. All note.

I, Sarbjit Singh s/o Surjan Singh r/o Vill.Gill, Po.Urmar, Teh.Dasuya, Distt.Hoshiarpur, Punjab have changed my name to Singh Sarbjit. All please note.

I, Amandeep Singh s/o Karam Singh r/o VPO.Johal, Teh.Dasuya, Distt.Hoshiarpur, Punjab have changed my name to Singh Amandeep. All please note.

I, Harpreet Singh s/o Balwinder Singh r/o VPO. Rupowal, Teh. Dasuya, Distt. Hoshiarpur have changed my name to Singh Harpreet. All please note.

I, Surinder Kumar S/o Raj Kumar R/o VPO. Musapur, Distt. SBS Nagar, Punjab have changed my name to Given name as Surinder and Surname as Kumar. All please note.

I, Rajwinder Kaur W/o Harpreet Singh R/o Vill. Sunranwala, Po. Sandhu Chatha, Kapurthala have changed my name to Given name as Rajwinder and Surname as Kaur. All please note.

I, Abhay Dhawan S/o Raman Kumar, 21, Gali No. 1 , Shri Guru Harkishan Nagar, Dr. Surtha Singh Road, P.O Khalsa College, Amritsar, Punjab - 143002 have changed my name from Abhay Dhawan to Dhawan is my surname and Abhay is my given name.

## ਆਮ ਸੂਚਨਾ

ਮੈਂ ਲਲਿਤ ਕੁਮਾਰ ਉਮਰ 60 ਸਾਲ ( ਅਧਾਰ ਕਾਰਡ ਨੰਬਰ 635138529027 ) ਪੁੱਤਰ ਸ਼੍ਰੀ ਅਮਰਨਾਥ ਵਾਸੀ 3596/1, ਗਲੀ ਜਲਫਾਂ ਦੇਵੀ, ਕਟੜਾ ਬਘੀਆਂ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਜਨਮ ਸ਼੍ਰੀ ਧਰਮਪਾਲ ਅਤੇ ਸ਼੍ਰੀਮਤੀ ਸ਼ੀਲਾ ਦੇਵੀ ਦੇ ਘਰ ਮਿਤੀ 25.09.1965 ਨੂੰ ਹੋਇਆ ਸੀ । ਉਪਰੰਤ ਸ਼੍ਰੀ ਅਮਰਨਾਥ ਪੁੱਤਰ ਵਧਾਵਾ ਮੱਲ ਅਤੇ ਸ਼੍ਰੀਮਤੀ ਰਾਜਕਰਨੀ ਉਰਫ ਬਿਮਲਾ ਨੇ ਸੰਨ 1988 ਵਿੱਚ ਮੈਨੂੰ ਗੋਦ ਲੈ ਕੇ ਆਪਣਾ ਮੁਤਬੰਨਾ ਪੁੱਤਰ ਬਣਾ ਲਿਆ ਸੀ । ਲਿਹਾਜ਼ਾ ਹੁਣ ਮੇਰੀ ਵਲਦੀਅਤ ਲਲਿਤ ਕੁਮਾਰ ਪੁੱਤਰ ਸ਼੍ਰੀ ਅਮਰਨਾਥ ਹੈ। ਸਬੰਧਤ ਨੋਟ ਕਰਨ ।

ਗੁਰਚਰਨ ਸਿੰਘ ਪੁੱਤਰ ਗੁਰਜੰਟ ਸਿੰਘ ਪੁੱਤਰ ਰਤਨ ਸਿੰਘ ਅਤੇ ਸ਼ਰਨਜੀਤ ਕੌਰ ਪਤਨੀ ਗੁਰਚਰਨ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀਆਨ ਪਿੰਡ ਨਵਾਂ ਪਿੰਡ ਤਹਿਸੀਲ ਅਜਨਾਲਾ ਜਿਲਾ ਅੰਮ੍ਰਿਤਸਰ ਨੇ ਹਲਫੀਆ ਬਿਆਨ ਕੀਤਾ ਹੈ ਕਿ ਉਨ੍ਹਾਂ ਮਿਤੀ; 26-11-2014 ਨੂੰ ਕਿਰਪਾਲ ਸਿੰਘ ਪੁੱਤਰ ਗੁਰਜੰਟ ਸਿੰਘ ਪੁੱਤਰ ਰਤਨ ਸਿੰਘ ਅਤੇ ਸੁਰਿੰਦਰ ਕੌਰ ਪਤਨੀ ਕਿਰਪਾਲ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀਆਨ ਪਿੰਡ ਨਵਾ ਪਿੰਡ ਤਹਿਸੀਲ ਅਜਨਾਲਾ ਜਿਲਾ ਅੰਮ੍ਰਿਤਸਰ ਪਾਸੋ ਉਨ੍ਹਾਂ ਦੀ ਲੜਕੀ ਸ਼ਮਨਪ੍ਰੀਤ ਕੌਰ ਜਿਸਦੀ ਜਨਮ ਮਿਤੀ; 04-09-2007 ਨੂੰ ਗੋਦ ਲਿਆ ਸੀ ਪਰ ਹੁਣ ਹਾਲਾਤ ਬਦਲ ਚੁੱਕੇ ਹਨ ਅਤੇ ਕਿਰਪਾਲ ਸਿੰਘ ਅਤੇ ਸੁਰਿੰਦਰ ਕੌਰ ਆਪਣੀ ਲੜਕੀ ਸ਼ਮਨਪ੍ਰੀਤ ਕੌਰ ਨੂੰ ਸਾਲ 2021 ਵਿੱਚ ਸਾਡੇ ਪਾਸੋ ਵਾਪਸ ਲੈ ਚੁੱਕੇ ਹਨ। ਇਹ ਕਿ ਹੁਣ ਸਾਡਾ ਸ਼ਮਨਪ੍ਰੀਤ ਕੌਰ ਦੇ ਨਾਲ ਲੜਕੀ ਵਾਲਾ ਕੋਈ ਰਿਸ਼ਤਾ ਨਹੀ ਰਿਹਾ ਅਤੇ ਨਾਂ ਹੀ ਸ਼ਮਨਪ੍ਰੀਤ ਕੌਰ ਸਾਡੇ ਨਾਲ ਰਹਿੰਦੀ ਹੈ ਅਤੇ ਸ਼ਮਨਪ੍ਰੀਤ ਕੌਰ ਆਪਣੇ ਅਸਲੀ ਪਿਤਾ ਕਿਰਪਾਲ ਸਿੰਘ ਅਤੇ ਮਾਤਾ ਸੁਰਿੰਦਰ ਕੌਰ ਪਾਸ ਰਹਿੰਦੀ ਹੈ ਤੇ ਓਹੀ ਸ਼ਮਨਪ੍ਰੀਤ ਕੌਰ ਦਾ ਪਾਲਣ ਪੋਸ਼ਣ ਅਤੇ ਪਰਵਿਸ਼ ਕਰਦੇ ਹਨ।ਇਸ ਤੇ ਸ਼ਮਨਪ੍ਰੀਤ ਕੌਰ ਦਾ ਸਾਡੀ ਗੁਰਚਰਨ ਸਿੰਘ, ਸ਼ਰਨਜੀਤ ਕੌਰ ਦੀ ਚੱਲ-ਅਚੱਲ ਜਾਇਦਾਦ ਦੇ ਨਾਲ ਕੋਈ ਤਲਕ ਵਾਸਤਾ ਨਹੀ ਰਿਹਾ ਅਤੇ ਨਾਂ ਹੀ ਅਗਾਹ ਹੋਵੇਗਾ। ਸਬੰਧਤ ਨੋਟ ਕਰਨ।

## Public Notice

I, Paramjit S/o Raj Kumar R/o H.No. WX-203, Near Guru Ravidas Mandir, Basti Guzan, Jalandhar, Punjab declare that my son Vishal and his wife Nazia is out of my control. I disinherit them from my moveable and immovable properties. I and my family shall not be held responsible for any of their acts, deeds and things. All please note

## ਬੇਦਖਲੀ ਨੋਟਿਸ

ਮੈਂ ਇੰਦੂ ਬਾਲਾ ਪਤਨੀ ਲੇਟ ਸ਼ਾਂਤੀ ਸਰੂਪ ,ਵਾਸੀ ਮਕਾਨ ਨੰਬਰ 181 ,ਸ਼ਕਤੀ ਨਗਰ ,ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਦੀਪਕ ਖੰਨਾ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈਂ ਉਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਉਸ ਨਾਲ ਕੋਈ ਸਬੰਧ ਨਹੀਂ ਹੈ। ਉਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਗੁਰਨਾਮ ਸਿੰਘ ਪੁੱਤਰ ਜਗਤ ਸਿੰਘ ਨਿਵਾਸੀ ਪਿੰਡ ਮੱਲ੍ਹੀਆਂ ਕਲਾਂ,ਡਾਕਖਾਨਾ ਤਲਵੰਡੀ ਸਲੇਮ, ਤਹਿਸੀਲ ਨਕੋਦਰ, ਜਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਕਿ ਨਵਜੋਤ ਸਿੰਘ ਸੰਸੋਆ ਅਤੇ ਮੇਰੀ ਨੂੰਹ ਸੰਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਇਸ ਲਈ ਮੈਂ ਆਪਣੇ ਬੇਟੇ ਨਵਜੋਤ ਸਿੰਘ ਸੰਸੋਆ ਅਤੇ ਉਸਦੀ ਪਤਨੀ ਸੰਦੀਪ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ ਇਹਨਾਂ ਦੋਨਾਂ ਨਾਲ ਕਿਸੇ ਵੀ ਤਰ੍ਹਾਂ ਸੰਬੰਧ ਰੱਖਣ ਵਾਲਾ ਅਤੇ ਲੈਣ ਦੇਣ ਕਰਨ ਵਾਲਾ ਵਾਲਾ ਖੁਦ ਜਿੰਮੇਵਾਰ ਹੋਵੇਗਾ ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ ਸੰਬੰਧਤ ਨੋਟ ਕਰਨੇ।

ਮੈਂ ਸਤਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਪਿੰਡ ਹਰੀਕੇ ਤਹਿਸੀਲ ਪੱਟੀ ਜਿਲ੍ਹਾ ਤਰਨ ਤਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਗਗਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਮਨਜੀਤ ਸਿੰਘ ਪੁੱਤਰ ਸ. ਮਲਕੀਤ ਸਿੰਘ ਵਾਸੀ ਨਿਵਾ ਪਾਸਾ, ਪਿੰਡ ਫੋਲੜੀਵਾਲ, ਗੜ੍ਹਾ, ਤਹਿਸੀਲ ਵਾ ਜਿਲਾ ਜਲੰਧਰ ਬਿਆਨ ਕਰਦਾ ਹਾਂ ਕਿ ਮੈ ਆਪਣੀ ਪੁੱਤਰੀ ਤਾਨੀਆ ਨੂੰ ਮੇਰੇ ਕਹਿਣੇ @ਚੋਂ ਬਾਹਰ ਹੋਣ ਕਰਕੇ ਆਪਣੇ ਸਾਰੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ । ਜੋ ਕੋਈ ਵੀ ਇਸ ਦੇ ਨਾਲ ਕੋਈ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਤ ਨੋਟ ਕਰਨ ।

ਮੈਂ, ਪਰਮੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਤਲਵਾਰਾ ਸ੍ਰੀ ਹਰਗੋਬਿੰਦਪੁਰ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਅਰਸ਼ਦੀਪ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਭਲਕੇ ਫੂਕਣਗੇ ਪੰਜਾਬ ਦੇ ਐਨ ਪੀ ਐਸ ਕਰਮਚਾਰੀ ਯੂ ਪੀ ਐਸ ਨੋਟੀਫਿਕੇਸ਼ਨ ਦੀਆਂ ਕਾਪੀਆਂ



**ਜਲੰਧਰ (ਰਾਜੇਸ਼ ਥਾਪਾ)**- ਕੇਂਦਰ ਸਰਕਾਰ ਵਲੋਂ ਏਕੀਕ੍ਰਿਤ ਪੈਨਸਨ ਯੋਜਨਾ (ਯੂ ਪੀ ਐਸ) ਦਾ ਨੋਟੀਫਿਕੇਸ਼ਨ ਬੀਤੇ 25 ਜਨਵਰੀ ਨੂੰ ਜਾਰੀ ਹੋਣ ਤੇ ਕਰਮਚਾਰੀਆਂ ਨੇ ਕੇਂਦਰ ਸਰਕਾਰ ਦਾ ਇਸ ਨੂੰ ਇਕ ਹੋਰ ਧੋਖਾ ਕਰਾਰ ਦਿੱਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾਂ ਕਰਦੇ ਹੋਏ ਪੁਰਾਣੀ ਪੈਨਸਨ ਬਹਾਲੀ ਸੰਘਰਸ ਕਮੇਟੀ ਦੇ ਜਿਲ੍ਹਾ ਜਲੰਧਰ ਦੇ ਕਨਵੀਨਰ ਕੁਲਦੀਪ ਵਾਲੀਆ ਅਤੇ ਕੋ ਕਨਵੀਨਰ ਦਿਲਬਾਗ ਸਿੰਘ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੀਤੇ ਦਿਨੀ ਕੇਂਦਰ ਸਰਕਾਰ ਨੇ ਯੂਨੀਫਾਈਡ ਪੈਨਸਨ ਸਕੀਮ ਦੀ ਜੋ ਐਸ.ਓ.ਪੀ ਜਾਰੀ ਕੀਤੀ ਹੈ, ਉਹ ਬਹੁਤ ਹੀ ਘਾਤਕ ਹੈ ਕਿਉਂਕਿ ਉਪਰੋਕਤ ਸਕੀਮ ਦੇ ਅਨੁਸਾਰ ਸਰਕਾਰ ਮੁਲਾਜ਼ਮਾਂ ਦਾ ਪੈਸਾ ਹੜੱਪ ਕੇ ਮੁਲਾਜ਼ਮਾਂ ਨੂੰ ਪੈਨਸ਼ਨ ਦੇਣਾ ਚਾਹੁੰਦੀ ਹੈ ਉਹਨਾਂ ਕਿਹਾ ਇਸ ਸਕੀਮ ਨਾਲ ਮੁਲਾਜ਼ਮ ਨੂੰ ਰਿਟਾਇਰਮੈਂਟ ਤੋਂ ਬਾਅਦ ਖਾਲੀ ਹੱਥ ਘਰ ਨੂੰ ਤੋਰਨ ਦੀ ਸਕੀਮ ਹੈ, ਇਸ ਸਕੀਮ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਪੈਨਸਨ ਦੇ ਨਾਂ 'ਤੇ ਕਰਮਚਾਰੀਆਂ ਦੀ ਖੂਨ ਪਸੀਨੇ ਦੀ ਕਮਾਈ ਖੋਹਣ ਵਾਲੀ ਯੋਜਨਾ ਦਾ ਆਉਣ ਵਾਲੀ 4 ਫਰਵਰੀ ਨੂੰ ਇਸ ਨੋਟੀਫਿਕੇਸ਼ਨ ਦੀਆਂ ਕਾਪੀਆਂ ਫੂਕ ਕੇ ਵਿਰੋਧ ਦਰਜ ਕਰਵਾਇਆ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਅਧੂਰੇ ਨੋਟੀਫਿਕੇਸ਼ਨ ਨੂੰ ਪੂਰਾ ਕਰਕੇ 1972 ਦੇ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰੇ। ਉਹਨਾਂ ਕਿਹਾ ਕਿ ਆਪ ਦੇ ਸੀਨੀਅਰ ਨੇਤਾ ਸੰਜੇ ਸਿੰਘ ਇਸ ਸਕੀਮ ਨੂੰ ਪਹਿਲਾਂ ਹੀ ਮੁਲਾਜ਼ਮਾਂ ਨਾਲ ਧੋਖਾ ਕਰਾਰ ਦੇ ਚੁੱਕੇ ਹਨ ਉਹਨਾਂ ਕਿਹਾ ਕਿ ਗੁਆਂਢੀ ਸੂਬੇ ਹਿਮਾਚਲ ਦੇ ਮੁੱਖ ਮੰਤਰੀ ਅਨੁਸਾਰ ਉਹਨਾਂ ਨੇ ਜੋ ਓ.ਪੀ.ਐਸ ਆਪਣੇ ਰਾਜ ਵਿੱਚ ਲਾਗੂ ਕੀਤੀ ਹੈ ਉਸ ਨਾਲ ਰਾਜ ਉੱਪਰ ਕੋਈ ਵਿੱਤੀ ਬੋਝ ਨਹੀਂ ਪਿਆ। ਇਸ ਕਰਕੇ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਵਿੱਚ ਓ.ਪੀ.ਐਸ ਲਾਗੂ ਕਰੇ ਅਤੇ ਤੁਰੰਤ ਜੀ.ਪੀ.ਐਫ ਖਾਤੇ ਖੋਲ੍ਹੇ । ਇਸ ਮੌਕੇ ਵੇਦ ਰਾਜ ਜਲੰਧਰ, ਕਰਨੈਲ ਫਿਲੌਰ, ਜਸਬੀਰ ਸਿੰਘ, ਪਵਨ ਕੁਮਾਰ, ਪਰੇਮ ਖਾਲਵਾੜਾ, ਸੰਦੀਪ ਰਾਜੋਵਾਲ, ਅਮਰਜੀਤ ਭਗਤ, ਮੋਹਨ ਲਾਲ, ਕੁਲਵੀਰ ਕੁਮਾਰ, ਮੁਕੇਸ਼ ਕੁਮਾਰ, ਸੰਦੀਪ ਕੁਮਾਰ, ਰਾਕੇਸ਼ ਠਾਕੁਰ, ਰਾਜੇਸ਼ ਭੱਟੀ,ਰਵਿੰਦਰ ਕੁਮਾਰ, ਪ੍ਰਦੀਪ ਕੁਮਾਰ, ਦਲਬੀਰ ਰਾਮ, ਕਾਲੜਾ ਅਤੇ ਹੋਰ ਸਾਥੀ ਹਾਜ਼ਰ ਸਨ।

## 331 ਗ੍ਰਾਮ ਹੈਰੋਇਨ, ਡਰੱਗ ਮਨੀ ਤੇ ਕਾਰ ਸਣੇ ਦੋ ਨਸ਼ਾ ਤਸਕਰ ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਪੁਲਸ ਵੱਲੋਂ ਐੱਸ.ਐੱਸ.ਪੀ. ਅਜੇ ਗਾਂਧੀ ਦੇ ਨਿਰਦੇਸ਼ਾਂ ਤਹਿਤ ਕਾਰਵਾਈ ਕਰਦੇ ਹੋਏ ਗੁਪਤ ਸੂਚਨਾ ਦੇ ਆਧਾਰ 'ਤੇ ਦੋ ਨਸ਼ਾ ਤਸਕਰਾਂ ਨੂੰ 331 ਗ੍ਰਾਮ ਹੈਰੋਇਨ 65980 ਰੁਪਏ ਡਰੱਗ ਮਨੀ ਅਤੇ ਇੱਕ ਸਵਿਫਟ ਕਾਰ ਸਮੇਤ ਗਿਰਫ਼ਤਾਰ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਡੀ ਐੱਸ ਪੀ ਸਿਟੀ ਰਵਿੰਦਰ ਸਿੰਘ ਨੇ ਕਿਹਾ ਕਿ ਡੀ.ਜੀ.ਪੀ. ਪੰਜਾਬ ਤੇ ਐੱਸ.ਐੱਸ.ਪੀ. ਮੋਗਾ ਦੇ ਨਿਰਦੇਸ਼ਾਂ ਦੇ ਤਹਿਤ ਨਸ਼ਾ ਤਸਕਰਾਂ ਦੇ ਉੱਪਰ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਦੇ ਚਲਦੇ ਦੋ ਨਸ਼ਾ ਤਸਕਰਾਂ ਨੂੰ 331 ਗ੍ਰਾਮ ਹੈਰੋਇਨ 65980 ਰੁਪਏ ਡਰੱਗ ਮਨੀ ਤੇ ਇੱਕ ਸਵਿਫਟ ਕਾਰ ਨਾਲ ਗ੍ਰਿਫਤਾਰ ਕੀਤਾ ਹੈ, ਜਿਸ ਵਿੱਚ ਸਿੰਦਰਪਾਲ ਸਿੰਘ ਉਰਫ ਜੈਨ ਲਹੌਰੀਆਂ ਵਾਲਾ ਮੁਹੱਲਾ ਮੋਗਾ, ਜਿਸ ਨੂੰ 81 ਗ੍ਰਾਮ ਹੈਰੋਇਨ 65980 ਰੁਪਏ ਡਰੱਗ ਮਨੀ ਤੇ ਬੋਹੜ ਸਿੰਘ ਜ਼ਿਲ੍ਹਾ ਫਿਰੋਜ਼ਪੁਰ, ਜਿਸ ਨੂੰ 255 ਗਰਾਮ ਹੈਰੋਇਨ ਤੇ ਸਵਿਫਟ ਕਾਰ ਨਾਲ ਗ੍ਰਿਫਤਾਰ ਕੀਤਾ ਹੈ।ਸ਼ਿੰਦਰਪਾਲ ਸਿੰਘ ਉੱਪਰ ਪਹਿਲਾਂ ਚਾਰ ਮਾਮਲੇ ਦਰਜ ਹਨ ਅਤੇ ਬੋਹੜ ਸਿੰਘ ਉੱਪਰ ਦੋ ਮਾਮਲੇ ਦਰਜ ਹਨ, ਅੱਗੇ ਰਿਮਾਂਡ 'ਤੇ ਲੈ ਕੇ ਪੁੱਛਗਿੱਛ ਕੀਤੀ ਜਾਵੇਗੀ।

## ਕਿਸਾਨ ਆਗੂ ਪਾਲ ਸਿੰਘ ਨੂੰ ਅੰਤਮ ਵਿਦਾਇਗੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪਿੰਡ ਇਕਾਈ ਕਲਾਲਵਾਲਾ ਦੇ ਆਗੂ ਪਾਲ ਸਿੰਘ ਸਦੀਵੀ ਵਿਛੋੜਾ ਦੇ ਗਏ ਹਨ।ਉਹ ਪਿਛਲੇ ਦਿਨੀਂ ਕੈਂਸਰ ਦੀ ਬਿਮਾਰੀ ਤੋਂ ਪੀੜਤ ਸਨ ਤੇ ਕਰੀਬ 65 ਸਾਲ ਦੀ ਉਮਰ ਭੋਗਦੇ ਹੋਏ ਆਖ਼ਰੀ ਸਾਹ ਲਏ।ਅੱਜ ਉਨ੍ਹਾਂ ਦਾ ਅੰਤਮ ਸੰਸਕਾਰ ਕੀਤਾ ਗਿਆ।ਟਰਾਈਡੈਂਟ ਘੋਲ ਤੇ ਦਿੱਲੀ ਕਿਸਾਨ ਅੰਦੋਲਨ ਦੌਰਾਨ ਉਨ੍ਹਾਂ ਵੱਲੋਂ ਪਾਏ ਯੋਗਦਾਨ ਲਈ ਪਿੰਡ ਕਲਾਲਵਾਲਾ ਤੇ ਬਲਾਕ ਤਲਵੰਡੀ ਸਾਬੋ ਸਦਾ ਉਨ੍ਹਾਂ ਦਾ ਰਿਣੀ ਰਹੇਗਾ।ਜਥੇਬੰਦੀ ਵੱਲੋਂ ਕਿਸਾਨ ਲਹਿਰ ਵਿੱਚ ਪਾਏ ਪਾਲ ਸਿੰਘ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਦੁੱਖ ਦੀ ਘੜੀ ਵਿੱਚ ਜਥੇਬੰਦੀ ਪਰਵਾਰ ਦੇ ਦੁੱਖ ਵਿੱਚ ਸ਼ਰੀਕ ਹੁੰਦੀ ਹੈ ਤੇ ਕਿਸਾਨ ਆਗੂ ਨੂੰ ਸੂਹੀ ਸਲਾਮ ਭੇਟ ਕਰਦੀ ਹੈ।ਬਲਾਕ ਪ੍ਰਧਾਨ ਬਹੱਤਰ ਸਿੰਘ ਨੰਗਲਾ ਤੇ ਕਲੱਤਰ ਸਿੰਘ ਕਲਾਲਵਾਲਾ ਤੇ ਜਥੇਬੰਦੀ ਦੇ ਆਗੂਆਂ ਵੱਲੋਂ ਵਿਛੜੇ ਸਾਥੀ ਪਾਲ ਸਿੰਘ ਦੀ ਮ੍ਰਿਤਕ ਦੇਹ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦਾ ਝੰਡਾ ਪਾ ਕੇ ਅੰਤਿਮ ਵਿਦਾਈ ਦਿੱਤੀ ਗਈ।

## ਬਸੰਤ ਪੰਚਮੀ ਦਾ ਤਿਉਹਾਰ ਮਨਾਇਆ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐਸ.ਈ. ਦਿੱਲੀ ਤੋਂ ਐਫ਼ਿਲੀਏਟਿਡ ਮਾਊਂਟ ਲਿਟਰਾ ਜ਼ੀ ਸਕੂਲ ਵਿੱਚ ਬਸੰਤ ਪੰਚਮੀ ਦੇ ਤਿਉਹਾਰ ਮੌਕੇ ਸਪੈਸ਼ਲ ਅਸੰਬਲੀ ਕਰਾਈ ਗਈ ਤਾਂ ਜੁ ਵਿਦਿਆਰਥੀਆਂ ਨੂੰ ਇਸ ਤਿਉਹਾਰ ਬਾਰੇ ਪੂਰੀ ਜਾਣਕਾਰੀ ਮਿਲ ਸਕੇ।ਜਮਾਤ ਛੇਵੀਂ ਵੱਲੋਂ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ।ਸਭਾ ਦੀ ਸ਼ੁਰੂਆਤ ਸਰਸਵਤੀ ਵੰਦਨਾ ਨਾਲ ਕੀਤੀ ਗਈ।ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸਵੇਰ ਦੀ ਪ੍ਰਾਰਥਨਾ, ਪ੍ਰਾਰਥਨਾ ਗੀਤ, ਜ਼ੀ ਗੀਤ, ਕਵਿਤਾ ਦਾ ਪਾਠ ਵੀ ਕੀਤਾ, ਜਿਸ ਵਿੱਚ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਵਿੱਚ ਨੌਜਵਾਨਾਂ ਵਿੱਚ ਚਾਈਨਾ ਡੋਰ ਦਾ ਰੁਝਾਨ ਕਾਫੀ ਵੱਧ ਗਿਆ ਹੈ, ਪਰ ਚਾਈਨਾ ਡੋਰ ਕਾਰਨ ਬੱਚਿਆਂ ਦਾ ਗਲਾ ਕੱਟਣ ਤੇ ਉਂਗਲਾਂ ਕੱਟਣ ਦੀਆਂ ਘਟਨਾਵਾਂ ਨਿੱਤ ਵਾਪਰ ਰਹੀਆਂ ਹਨ।ਅਜਿਹੇ ਵਿੱਚ ਵਿਦਿਆਰਥੀਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਜਾਗਰੂਕ ਕੀਤਾ ਗਿਆ, ਉਥੇ ਮੌਜੂਦ ਸਾਰੇ ਵਿਦਿਆਰਥੀਆਂ ਨੇ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਦੀ ਸਹੁੰ ਚੁੱਕੀ ਗਈ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਅਤੇ ਸਕੂਲ ਪ੍ਰਿੰਸੀਪਲ ਗੀਤਾ ਪਿੱਲੇ ਨੇ ਬੱਚਿਆਂ ਦੀ ਸ਼ਲਾਘਾ ਕਰਦਿਆਂ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਬੱਚਿਆਂ ਵਿਚ ਆਤਮ ਵਿਸ਼ਵਾਸ ਪੈਦਾ ਹੁੰਦਾ ਹੈ।

## ਪੰਜਾਬੀ 'ਵਰਸਿਟੀ ਦੇ ਹਿੰਦੀ ਵਿਭਾਗ ਦੇ ਪੰਜ ਵਿਦਿਆਰਥੀ ਹੋਏ ਪ੍ਰੋਫੈਸਰ ਸਿਲੈਕਟ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਵਿਚ ਸਕੂਲਾਂ ਤੇ ਕਾਲਜਾਂ ਵਿੱਚ ਸਿੱਖਿਆ ਨੂੰ ਹੁਲਾਰਾ ਦੇਣ ਲਈ ਵੱਡੇ ਪੱਧਰ ਨਿਯੁਕਤੀਆਂ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਸਿੱਖਿਆ ਸੰਸਥਾਵਾਂ ਵਿਚ ਸਾਲਾਂਬੱਧੀ ਖਾਲੀ ਪਈਆਂ ਟੀਚਰਾਂ ਦੀਆਂ ਅਸਾਮੀਆਂ ਨੂੰ ਪੂਰ ਕੀਤਾ ਜਾ ਰਿਹਾ ਹੈ, ਤਾਂ ਜੁ ਨੌਜਵਾਨਾਂ ਨੂੰ ਬੇਰੋਜ਼ਗਾਰੀ ਤੋਂ ਨਿਜ਼ਾਤ ਮਿਲ ਸਕੇ ਤੇ ਸਕੂਲਾਂ-ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਚੰਗੇਰੀ ਸਿੱਖਿਆ ਮਿਲ ਸਕੇ।ਇਸੇ ਮੁਹਿੰਮ ਦੇ ਤਹਿਤ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਹਿੰਦੀ ਵਿਭਾਗ ਲਈ ਇਹ ਗੌਰਵ ਦਾ ਵਿਸ਼ਾ ਬਣਿਆ, ਜਦੋਂ ਵਿਭਾਗ ਤੋਂ ਪਾਸ ਆਊਟ ਹੋਏ ਪੰਜ ਵਿਦਿਆਰਥੀ ਪੰਜਾਬ ਸਰਕਾਰ ਦੇ ਵੱਖ-ਵੱਖ ਸਰਕਾਰੀ ਕਾਲਜਾਂ ਵਿੱਚ ਸਹਾਇਕ ਪ੍ਰੋਫੈਸਰ ਵਜੋਂ ਚੁਣੇ ਗਏ।ਹਿੰਦੀ ਵਿਭਾਗ ਦੀ ਮੁਖੀ ਡਾ. ਨੀਤੂ ਕੌਸ਼ਲ ਨੇ ਦੱਸਿਆ ਕਿ ਉਨ੍ਹਾਂ ਦੇ ਵਿਭਾਗ ਦੇ ਪੰਜੇ ਵਿਦਿਆਰਥੀ ਨਿਯਮਤ ਤੇ ਪੂਰੇ ਤਨਖਾਹ ਸਕੇਲ ਲਈ ਪ੍ਰੋਫੈਸਰ ਚੁਣੇ ਗਏ ਹਨ।ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਨੂੰ ਲਗਭਗ 25 ਸਾਲ ਬਾਅਦ ਇਹ ਮੌਕਾ ਮਿਲਿਆ ਹੈ, ਜੋ ਵਿਭਾਗ ਲਈ ਬਹੁਤ ਹੀ ਫ਼ਖ਼ਰ ਦੀ ਗੱਲ ਹੈ।ਉਨ੍ਹਾਂ ਨੇ ਆਪਣੇ ਵਿਦਿਆਰਥੀਆਂ ਨੂੰ ਇਸ ਸਫਲਤਾ ਲਈ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ।ਡਾ. ਨੀਤੂ ਕੌਸ਼ਲ ਨੇ ਕਿਹਾ ਕਿ ਇਸ ਉਪਲਬਧੀ ਦਾ ਸਿਹਰਾ ਵਿਭਾਗ ਦੇ ਉਨ੍ਹਾਂ ਅਧਿਆਪਕਾਂ ਨੂੰ ਜਾਂਦਾ ਹੈ, ਜਿਨ੍ਹਾਂ ਦੀ ਸਖਤ ਮਿਹਨਤ ਸਦਕਾ ਇਹ ਵਿਦਿਆਰਥੀ ਇਸ ਕਾਬਲ ਬਣੇ।

## ਹਰਪ੍ਰੀਤ ਸਿੰਘ ਲੇਖਾਕਾਰ ਨੂੰ ਸਨਮਾਨ ਮਿਲਣ 'ਤੇ ਵਧਾਈਆਂ



**ਦੋਰਾਹਾ (ਹਰਮਿੰਦਰ ਸੇਠ)**-ਐਸਡੀਐਮ ਪਾਇਲ ਪ੍ਰਦੀਪ ਸਿੰਘ ਬੈਂਸ ਵੱਲੋਂ ਹਰਪ੍ਰੀਤ ਸਿੰਘ ਲੇਖਾਕਾਰ ਨੂੰ ਗਣਤੰਤਰਤਾ ਦਿਵਸ ਮੌਕੇ ਕਰਾਏ ਪ੍ਰੋਗਰਾਮ 'ਚ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਵਧੀਆ ਸੇਵਾਵਾਂ ਕਰਕੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਹਰਪ੍ਰੀਤ ਸਿੰਘ ਲੇਖਾਕਾਰ ਨੂੰ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਬੂਟਾ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦੋਰਾਹਾ, ਹਰਵਿੰਦਰ ਸਿੰਘ ਹੈਪੀ, ਗੁਰਜੀਤ ਸਿੰਘ ਸਕੱਤਰ, ਲਾਭ ਚੰਦ ਮੰਡੀ ਸੁਪਰਵਾਈਜ਼ਰ, ਗਗਨਜੋਤ,ਅਨੂਪਇੰਦਰ, ਜੁਗਰਾਜ, ਗੁਰਚਰਨ ਸਿੰਘ, ਪ੍ਰਕਾਸ਼ ਕੌਰ, ਮੋਹਨਜੀਤ, ਦਵਿੰਦਰ ਡਰਾਈਵਰ, ਦਵਿੰਦਰ ਖੰਨਾ, ਪ੍ਰਦੀਪ ਆਦਿ ਹਾਜ਼ਰ ਸਨ।

## ਲੋਕ ਏਕਤਾ ਕਮੇਟੀ ਇੰਦਰਾ ਕਾਲੋਨੀ ਇਸਤਰੀ ਵਿੰਗ ਦੀ ਮੀਟਿੰਗ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਲੋਕ ਏਕਤਾ ਕਮੇਟੀ ਇੰਦਰਾ ਕਾਲੋਨੀ ਦੇ ਇਸਤਰੀ ਵਿੰਗ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਕਾਲੋਨੀ ਵਾਸੀਆਂ ਦੀਆਂ ਮੰਗਾਂ ਤੇ ਸਮੱਸਿਆਵਾਂ ਨੂੰ ਹੱਲ ਕਰਨ ਲਈ ਸਰਕਾਰ ਤੋਂ ਮੰਗ ਕੀਤੀ ਗਈ। ਕਮੇਟੀ ਦੇ ਮੁੱਖ ਸੇਵਾਦਾਰ ਪ੍ਰੇਮ ਅਮਨ ਨੇ ਦੱਸਿਆ ਕਿ ਇੰਦਰਾ ਕਾਲੋਨੀ ਵਿਚ ਸਫ਼ਾਈ ਪ੍ਰਬੰਧਾਂ ਦਾ ਸੁਧਾਰ ਕੀਤਾ ਜਾਵੇ ਤੇ ਇੱਥੇ ਘੁੰਮਦੇ ਅਵਾਰਾ ਪਸ਼ੂਆਂ ਨੂੰ ਵੀ ਕਾਬੂ ਕੀਤਾ ਜਾਵੇ। ਇਸ ਤੋਂ ਇਲਾਵਾ ਇੰਦਰਾ ਕਾਲੋਨੀ ਦੇ ਸਰਕਾਰੀ ਸਕੂਲ ਦਾ ਸਿੱਖਿਆ ਪੱਧਰ ਵੀ ਉੱਚਾ ਚੁੱਕਿਆ ਜਾਵੇ, ਕਿਉਂਕਿ ਇੱਥੇ ਗਰੀਬਾਂ ਦੇ ਬੱਚੇ ਪੜ੍ਹਦੇ ਹਨ। ਉਨ੍ਹਾਂ ਮੰਗ ਕੀਤੀ ਕਿ ਇੰਦਰਾ ਕਾਲੋਨੀ ਗਰੀਬ ਪਰਿਵਾਰਾਂ ਦੀ ਵਸੋਂ ਵਾਲੀ ਹੈ, ਇਸ ਲਈ ਇੱਥੇ ਸਸਤੇ ਰਾਸ਼ਨ ਦਾ ਡੀਪੂ ਵੀ ਖੋਲ੍ਹਿਆ ਜਾਵੇ। ਇੰਦਰਾ ਕਾਲੋਨੀ ਵਿੱਚ ਜੋ ਕਮਿਊਨਿਟੀ ਸੈਂਟਰ ਅਧੂਰਾ ਪਿਆ ਹੈ, ਉਸ ਨੂੰ ਵੀ ਜਲਦ ਪੂਰਾ ਕੀਤਾ ਜਾਵੇ ਤਾਂ ਜੁ ਗ਼ਰੀਬ ਪਰਵਾਰ ਆਪਣੀਆਂ ਲੜਕੀਆਂ ਦੇ ਵਿਆਹ ਮਹਿੰਗ ਪੈਲੇਸਾਂ ਦੀ ਬਜਾਏ ਇੱਥੇ ਕਰ ਸਕਣ। ਕਾਲੋਨੀ ਸਾਹਮਣੇ ਬਣੇ ਰਾਧਾ ਕ੍ਰਿਸ਼ਨ ਪਾਰਕ ਦਾ ਬਹੁਤ ਬੁਰਾ ਹਾਲ ਹੈ, ਜਿਸਦਾ ਸੁਧਾਰ ਕੀਤਾ ਜਾਵੇ। ਕਲੋਨੀ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਜਲਦ ਹੱਲ ਕੀਤਾ ਜਾਵੇ।

# ਨਸ਼ਾ ਵੇਚਣ ਦੇ ਦੋਸ਼ 'ਚ ਰੋਹਟੀ ਛੰਨਾ ਦੀ ਮੌਜੂਦਾ ਸਰਪੰਚ ਸਮੇਤ 7 ਔਰਤਾਂ 'ਤੇ ਮਾਮਲਾ ਦਰਜ, ਚਾਰ ਗ੍ਰਿਫ਼ਤਾਰ

**ਨਾਭਾ (ਵਰਿੰਦਰ ਵਰਮਾ)**

ਐਸ.ਐਸ.ਪੀ ਨਾਨਕ ਸਿੰਘ ਆਈ.ਪੀ.ਐਸ ਦੇ ਦਿਸ਼ਾ-ਨਿਰਦੇਸ਼ ਤਹਿਤ ਅਤੇ ਸ੍ਰੀ ਯੋਗੇਸ਼ ਕੁਮਾਰ ਸ਼ਰਮਾ ਕਪਤਾਨ ਪੁਲਿਸ ਇੰਨਵੈਸਟੀਏਸ਼ਨ ਪਟਿਆਲਾ, ਸ੍ਰੀਮਤੀ ਮਨਦੀਪ ਕੌਰ ਡੀ.ਐਸ.ਪੀ ਤੇ ਇੰਸਪੈਕਟਰ ਜਸਵਿੰਦਰ ਸਿੰਘ ਮੁੱਖ ਅਫਸਰ ਥਾਣਾ ਕੋਤਵਾਲੀ ਦੀ ਯੋਗ ਅਗਵਾਈ ਹੇਠ ਸ:ਥ: ਬਲਵਿੰਦਰ ਸਿੰਘ ਥਾਣਾ ਕੋਤਵਾਲੀ ਨਾਭਾ ਵੱਲੋਂ ਭੈੜੇ ਅਨਸਰਾ ਖਿਲਾਫ ਕਾਰਵਾਈ ਕਰਦੇ ਹੋਏ ਕੁਸਲ ਕੁਮਾਰ ਪੁੱਤਰ ਦੇਵੀ ਦਾਸ ਵਾਸੀ ਮਕਾਨ ਨੰ: 163/1 ਸੈਕਟਰ 41 ਚੰਡੀਗੜ੍ਹ ਨੇ ਸ:ਥ: ਬਲਵਿੰਦਰ ਸਿੰਘ ਪਾਸ ਬਿਆਨ ਦਰਜ ਕਰਾਇਆ ਕਿ ਉਸ ਦਾ ਲੜਕਾ ਸਾਹਿਲ ਸ਼ਰਮਾ ਕਰੀਬ 06 ਸਾਲ ਤੋਂ ਨਸ਼ੇ ਕਰਨ ਦਾ ਆਦੀ ਸੀ ਅਤੇ ਨਾਭਾ ਵਿਖੇ ਸੁੱਖੀ ਨਾਂਅ ਦਾ ਇਸਦਾ ਦੋਸਤ ਸੀ, ਜੋ ਉਸ ਦੇ ਲੜਕੇ ਨੂੰ ਕਰੀਬ 02 ਮਹੀਨੇ ਪਹਿਲਾ ਨਸ਼ਾ ਛਡਾਊ ਕੇਂਦਰ ਨਾਭਾ ਵਿੱਚ ਲੈ ਗਿਆ ਸੀ।

ਪਤਾ ਲੱਗਾ ਹੈ ਕਿ ਉਸਦਾ ਲੜਕਾ ਸਾਹਿਲ ਨਾਭਾ ਵਿਖੇ ਹੀ ਘੁੰਮਦਾ ਰਹਿੰਦਾ ਸੀ। ਰੋਹਣੀ ਛੰਨਾ ਪਿੰਡ ਵਿੱਚ ਬਹੁਤ ਸਾਰੇ ਸੈਂਸੀਆਂ ਦੇ ਘਰ ਹਨ, ਜਿਹਨਾਂ ਦੀਆਂ ਔਰਤਾਂ ਅਤੇ ਮਰਦ ਨਸ਼ਾ ਵੇਚਣ ਦੇ ਆਦੀ ਹਨ।ਮੁਦਈ ਨੂੰ ਕੱਲ ਪਤਾ ਲੱਗਾ ਕਿ ਉਸਦਾ ਲੜਕੇ ਸਾਹਿਲ ਸ਼ਰਮਾ ਦੀ ਨਸ਼ੇ ਦੀ



ਓਵਰਡੋਜ਼ ਨਾਲ ਮੌਤ ਹੋ ਚੁੱਕੀ ਹੈ।ਜੇਕਰ ਉਸਦੇ ਲੜਕੇ ਸਾਹਿਲ ਸ਼ਰਮਾ ਦੇ ਦੋਸਤ ਮੌਕੇ 'ਤੇ ਮੇਰੇ ਲੜਕੇ ਨੂੰ ਸਾਂਭ ਕੇ ਉਸਦਾ ਇਲਾਜ ਕਰਾ ਦਿੰਦੇ ਤਾਂ ਉਸਦੀ ਮੌਤ ਨਹੀਂ ਹੋਣੀ ਸੀ।

ਉਸਦਾ ਲੜਕਾ ਅਤੇ ਉਸਦੇ ਦੋਸਤ ਪਿੰਡ ਰੋਹਣੀ ਛੰਨਾ ਤੋਂ ਜਸਵੀਰ ਉਰਫ ਕਾਲੀ ਪਤਨੀ ਕੰਗਣ, ਚਰਨੋ ਪਤਨੀ ਮਲਕੀਤ ਮਨਜੀਤ ਪਤਨੀ ਫੌਜਾਂ, ਅਮਨਪ੍ਰੀਤ ਸਿੰਘ ਪੁੱਤਰ ਪਿਆਰਾ ਸਿੰਘ, ਗੁਰਕੀਰਤ ਸਿੰਘ ਪੁੱਤਰ ਲਾਲਾ ਸਿੰਘ, ਵਿਕਰਮਜੀਤ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀਆਨ ਪਿੰਡ ਰੋਹਟੀ ਛੰਨਾ ਤੋਂ ਚਿੱਟਾ ਖਰੀਦ ਕੇ ਲਿਆਉਂਦੇ ਸਨ।ਇਨ੍ਹਾਂ ਔਰਤਾਂ 'ਤੇ ਪਹਿਲਾਂ ਵੀ ਵੱਖ ਵੱਖ ਥਾਣਿਆਂ ਵਿੱਚ ਚਿੱਟਾ ਅਤੇ ਹੋਰ ਨਸ਼ੇ ਵੇਚਣ ਦੇ ਮੁਕੱਦਮੇ ਦਰਜ ਹਨ, ਪ੍ਰੰਤੂ ਇਹ ਔਰਤਾਂ ਜਲਦ ਹੀ ਜ਼ਮਾਨਤ ਲੈ ਕੇ ਬਾਹਰ ਆ ਜਾਂਦੀਆਂ ਹਨ।ਥਾਣਾ ਕੋਤਵਾਲੀ 'ਚ ਜਸਵੀਰ ਉਰਫ ਕਾਲੀ, ਚਰਨੋ, ਮਨਜੀਤ, ਸਰਪੰਚਨੀ ਗੁਰਪ੍ਰੀਤ ਕੌਰ, ਅਮਨਪ੍ਰੀਤ ਸਿੰਘ, ਗੁਰਕੀਰਤ ਸਿੰਘ, ਵਿਕਰਮਜੀਤ ਸਿੰਘ ਦੇ ਖਿਲਾਫ ਦਰਜ ਰਜਿਸਟਰ ਕੀਤਾ ਗਿਆ।ਦੌਰਾਨੇ ਤਫ਼ਤੀਸ਼ ਸ:ਥ: ਬਲਵਿੰਦਰ ਸਿੰਘ ਨੇ ਦੋਸ਼ੀਆਨ ਜਸਵੀਰ ਉਰਵ ਕਾਲੀ, ਚਰਨੋ, ਮਨਜੀਤ, ਸਰਪੰਚਨੀ ਗੁਰਪ੍ਰੀਤ ਕੌਰ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਮੁਕੱਦਮਾ ਦੀ ਤਫਤੀਸ ਜਾਰੀ ਹੈ ਜੀ। ਡੀਐਸਪੀ ਮਨਦੀਪ ਕੌਰ ਨੇ ਕਿਹਾ ਕਿ ਨਸ਼ਾ ਕਰਨ ਤੇ ਵੇਚਣ ਵਾਲੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

# ਪੁਲਸ ਨੇ ਘੋਨੀਵਾਲਾ 'ਚ 5 ਲੱਖ ਤੇ ਸੋਨਾ ਚੋਰੀ ਦਾ ਮਾਮਲਾ 6 ਘੰਟਿਆਂ 'ਚ ਸੁਲਝਾਇਆ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਜਸਮੀਤ ਸਿੰਘ ਸਾਹੀਵਾਲ ਐਸ.ਪੀ. (ਇਨਵੈਸਟੀਗੇਸ਼ਨ) ਤੇ ਤਰਲੋਚਨ ਸਿੰਘ ਡੀ.ਐਸ.ਪੀ. (ਸ ਡ) ਫਰੀਦਕੋਟ ਦੀ ਰਹਿਨੁਮਾਈ ਹੇਠ ਪਿੰਡ ਘੋਨੀਵਾਲਾ ਵਿਖੇ ਹੋਈ ਇੱਕ ਚੋਰੀ ਦੇ ਇੱਕ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ ਸਿਰਫ਼ ਕੁਝ ਘੰਟਿਆਂ ਦੇ ਅੰਦਰ ਦੋਸ਼ੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਜਾਣਕਾਰੀ ਮੁਤਾਬਕ 1 ਫਰਬਰੀ ਨੂੰ ਸ ਥ ਜਸਪਾਲ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਚੈਕਿੰਗ ਦੇ ਸਬੰਧ ਵਿੱਚ ਗਸ਼ਤ ਕਰ ਰਹੇ ਸਨ ਤਾਂ ਰਵਦੀਪ ਸਿੰਘ ਪੁੱਤਰ ਸੁਖਵਿੰਦਰ ਸਿੰਘ ਵਾਸੀ ਪਿੰਡ ਘੋਨੀਵਾਲਾ ਨੇ ਪੁਲਸ ਪਾਰਟੀ ਨੂੰ ਸੂਚਨਾ ਦਿੱਤੀ ਕਿ 31 ਜਨਵਰੀ ਦੀ ਸ਼ਾਮ ਜਦੋਂ ਉਹ ਤੇ ਉਸ ਦਾ ਪਰਵਾਰ ਆਪਣੇ ਸਟੋਰ ਤੋਂ ਘਰ ਵਾਪਸ ਆਏ ਤਾਂ ਉਨ੍ਹਾਂ ਵੇਖਿਆ ਕਿ ਘਰ ਦੀ ਲੋਬੀ ਵਾਲੀ ਬਾਰੀ ਦਾ ਸ਼ੀਸ਼ਾ ਟੁੱਟਿਆ ਹੋਇਆ ਸੀ, ਦਰਵਾਜ਼ੇ ਖੁੱਲ੍ਹੇ ਪਏ ਸਨ ਅਤੇ ਸਮਾਨ ਖਿਲਰਿਆ ਪਿਆ ਸੀ। ਉਸ ਦੇ ਘਰ ਦੀ ਅਲਮਾਰੀ ਵਿੱਚ ਲੱਗੇ ਸੇਫ ਵਿੱਚ 5 ਲੱਖ ਰੁਪਏ ਨਗਦ ਅਤੇ ਕਰੀਬ ਸਾਢੇ ਤਿੰਨ ਤੋਲੇ ਸੋਨਾ ਪਿਆ ਸੀ, ਉਹ ਘਰ ਅੰਦਰ ਮੌਜੂਦ ਨਹੀਂ ਸੀ।ਜਿਸ 'ਤੇ ਮੁਕੱਦਮਾ ਥਾਣਾ ਸਦਰ ਫਰਦਕੋਟ ਦਰਜ ਰਜਿਸਟਰ ਕੀਤਾ ਗਿਆ।ਜਿਸ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਫਰੀਦਕੋਟ ਪੁਲਸ ਦੀਆਂ ਵੱਖ-ਵੱਖ ਟੀਮਾਂ ਜਿਨ੍ਹਾ ਵਿੱਚ ਸਰਚ ਟੀਮਾਂ ਅਧਾਰ ਜਸਮੀਤ ਸਿੰਘ ਸਾਹੀਵਾਲ ਐਸ.ਪੀ (ਇਨਵੈਸਟੀਗੇਸ਼ਨ) ਅਤੇ ਤਰਲੋਚਨ ਸਿੰਘ ਡੀ.ਐਸ.ਪੀ (ਸ ਡ) ਫਰੀਦਕੋਟ ਦੀ ਨਿਗਰਾਨੀ ਹੇਠ ਇੰਸਪੈਕਟਰ ਗੁਰਦਿੱਤਾ ਸਿੰਘ (ਮੁੱਖ ਅਫਸਰ ਥਾਣਾ ਸਦਰ ਫਰੀਦਕੋਟ) ਤੇ ਇੰਸਪੈਕਟਰ ਅਮਰਿੰਦਰ ਸਿੰਘ (ਇੰਚਾਰਜ ਸੀ.ਆਈ.ਏ ਫਰੀਦਕੋਟ) ਦੀਆਂ ਪੁਲਸ ਟੀਮਾਂ ਵੱਲੋਂ ਕਰੀਬ 5 ਕਿਲੋਮੀਟਰ ਪੈਦਲ ਚੱਲ ਕੇ ਕੇਸ ਨੂੰ ਮਹਿਜ਼ 6 ਘੰਟਿਆਂ ਵਿੱਚ ਹੀ ਸੁਲਝਾ ਲਿਆ ਗਿਆ ਤੇ ਮੁਕੱਦਮੇ ਦੇ ਦੋਸ਼ੀ ਗੁਰਪਿਆਰ ਸਿੰਘ ਪੁੱਤਰ ਰੁਪਿੰਦਰ ਸਿੰਘ ਵਾਸੀ ਪੱਖੀ ਖੁਰਦ, ਜ਼ਿਲ੍ਹਾ ਫਰੀਦਕੋਟ ਨੂੰ ਚੋਰੀ ਕੀਤੇ 5 ਲੱਖ ਰੁਪਏ ਅਤੇ ਸੋਨੇ ਸਮੇਤ ਗ੍ਰਿਫਤਾਰ ਕੀਤਾ ਗਿਆ।



# ਕਾਰਪੋਰੇਟ ਪੱਖੀ ਤੇ ਕਿਸਾਨ, ਮਜ਼ਦੂਰ ਤੇ ਲੋਕ ਵਿਰੋਧੀ ਚੁਣਾਵੀ ਬਜਟ

**ਦੋਰਾਹਾ (ਹਰਮਿੰਦਰ ਸੇਠ)**

ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਇਟਡ), ਐਮ ਸੀ ਪੀ ਆਈ (ਯੂ) ਦੇ ਕੌਮੀ ਜਨਰਲ ਸਕੱਤਰ ਕਾਮਰੇਡ ਕੁਲਦੀਪ ਸਿੰਘ ਅਤੇ ਸੂਬਾ ਸਕੱਤਰ ਪਵਨ ਕੁਮਾਰ ਕੌਸ਼ਲ ਨੇ ਇੱਕ ਬਿਆਨ ਵਿੱਚ ਕੇਂਦਰੀ ਬਜਟ ਨੂੰ ਇੱਕ ਚੁਣਾਵੀ, ਕਾਰਪੋਰੇਟ ਘਰਾਣਿਆਂ ਪਖੀ ਅਤੇ ਲੋਕ ਵਿਰੋਧੀ ਬਜਟ ਕਰਾਰ ਦਿੰਦਿਆਂ ਕਿਹਾ ਕਿ ਬਜਟ ਦਿੱਲੀ ਵਿਧਾਨ ਸਭਾ ਦੀਆਂ 5 ਫਰਵਰੀ ਨੂੰ ਹੋਣ ਜਾ ਰਹੀਆਂ ਚੋਣਾਂ ਅਤੇ ਬਿਹਾਰ ਵਿਧਾਨ ਸਭਾ ਦੀਆਂ ਆਉਣ ਵਾਲੀਆਂ ਚੋਣਾਂ ਨੂੰ ਮੁੱਖ ਰੱਖ ਕੇ ਤਿਆਰ ਕੀਤਾ ਗਿਆ ਹੈ ਬਾਕੀ ਦੇਸ਼ ਨੂੰ ਅਣ ਦੇਖਾ ਕਰ ਦਿੱਤਾ ਗਿਆ ਹੈ। ਇਸ ਅੱਤ ਦੀ ਮਹਿੰਗਾਈ ਅੰਦਰ ਮਧ ਵਰਗ ਨੂੰ ਆਮਦਨ ਕਰ ਵਿੱਚ ਦਿੱਤੀ ਤੁੱਛ ਰਿਆਤ ਕੋਈ ਮਾਇਨੇ ਨਹੀਂ ਰੱਖਦੀ। ਨਿੱਤ ਵਰਤੋਂ ਦੀਆਂ ਅਤੇ ਲੋੜੀਂਦੀਆਂ ਵਸਤਾਂ ਉਪਰ ਜੀ ਐੱਸ ਟੀ ਅਤੇ ਹੋਰ ਟੈਕਸਾਂ ਦੀ ਮਾਰ ਉਸ ਤਰ੍ਹਾਂ ਬਰਕਰਾਰ ਹੈ। ਇੱਕ ਅਜਿਹਾ ਬਜਟ ਹੈ ਜਿਸ ਵਿੱਚ ਬੇਰੁਜ਼ਗਾਰੀ, ਮਹਿੰਗਾਈ ਅਤੇ ਗਰੀਬੀ ਦਾ ਕੋਈ ਹੱਲ ਨਹੀਂ ਹੈ। ਇਹ ਇੱਕ ਅਜਿਹਾ ਬਜਟ ਹੈ ਜਿਸ ਵਿੱਚ ਖੇਤੀਬਾੜੀ ਫਸਲ ਬੀਮੇ ਲਈ, ਘੱਟੋ-ਘੱਟ ਸਮਰਥਨ ਮੁੱਲ ਦਾ ਐਲਾਨ ਅਤੇ ਖਾਦ ਸਬਸਿਡੀ ਬਾਰੇ, ਕਰਜਾ ਮੁਆਫੀ, ਰੁਜ਼ਗਾਰ ਗਰੰਟੀ ਯੋਜਨਾ ਵਿੱਚ ਵਾਧਾ ਅਤੇ ਹੋਰ ਕੁਝ ਵੀ ਸ਼ਾਮਲ ਨਹੀਂ ਹੈ।



ਬਜਟ ਵਿੱਚ ਮਜਦੂਰਾਂ ਦੀਆਂ ਲੋੜੀਂਦੀਆਂ ਮੰਗਾ ਨੂੰ ਅਣ ਦੇਖਾ ਕਰ ਦਿੱਤਾ ਗਿਆ ਹੈ। ਬਜਟ ਵਿੱਚ ਕਾਮਿਆਂ ਦੀਆਂ ਆਰਥਕ ਅਤੇ ਉਨ੍ਹਾਂਦੇ ਜੀਵਨ ਸੁਧਾਰ ਕਰਨ ਹਿੱਤ ਕੁੱਝ ਨਹੀਂ ਅਸਮਾਨ ਨੂੰ ਛੂਹ ਰਹੀ ਮਹਿੰਗਾਈ ਅਤੇ ਵਧ ਰਹੀ ਬੇਰੁਜਗਾਰੀ ਅਤੇ ਗਰੀਬੀ ਨੂੰ ਘਟਾਉਣ ਲਈ ਕੁੱਝ ਨਹੀਂ ਕੀਤਾ ਗਿਆ।ਕਾਰਪੋਰੇਟ ਘਰਾਣਿਆਂ ਦੇ ਮੁਨਾਫਿਆਂ ਅਤੇ ਉਨ੍ਹਾਂ ਦੇ ਕਰਜਾ ਮੁਆਫੀ ਤੇ ਰੋਕ ਲਗਾਉਣ ਲਈ ਬਜਟ ਚੁੱਪ ਹੈ। ਬਜਟ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਅਤੇ ਲੋਕਾਂ ਦੀ ਸਿਹਤ ਸੁਧਾਰ ਲਈ ਕੋਈ ਖਾਸ ਕਦਮ ਨਹੀਂ ਚੁੱਕੇ ਗਏ।

## ਮਹਾਪ੍ਰਗਯ ਸਕੂਲ 'ਚ ਕੈਰੀਅਰ ਕਾਊਂਸਲਿੰਗ ਸੰਬੰਧੀ ਸੈਮੀਨਾਰ



**ਜਗਰਾਉਂ (ਅਮਿਤ ਖੰਨਾ)**-ਮਹਾਪ੍ਰਗਯ ਸਕੂਲ ਜਗਰਾਉਂ ਵਿਖੇ ਡਾਇਰੈਕਟਰ ਵਿਸ਼ਾਲ ਜੈਨ ਦੀ ਅਗਵਾਈ ਹੇਠ ਕੈਰੀਅਰ ਕਾਊਂਸਲਿੰਗ ਸਬੰਧੀ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਕਾਊਂਸਲਰ ਪ੍ਰਤੀਕ ਜਾਮਵਾਲ ਨੇ ਬੱਚਿਆਂ ਨੂੰ ਪੜ੍ਹਾਈ ਕਰਨ ਲਈ ਰੁਚੀ ਅਨੁਸਾਰ ਸਹੀ ਵਿਸ਼ਾ ਚੁਣਨ ਸਬੰਧੀ ਜਾਣਕਾਰੀ ਦਿੱਤੀ। ਉਪਰੰਤ ਵੱਖ-ਵੱਖ ਕਿਸਮ ਦੇ ਕੋਰਸਾਂ ਸਬੰਧੀ ਦੱਸਿਆ।ਇਸ ਤੋਂ ਇਲਾਵਾ ਸਾਈਬਰ ਕਰਾਈਮ ਵਾਰੇ ਸਮਝਾਇਆ ਗਿਆ ਤਾਂ ਕਿ ਵਿਦਿਆਰਥੀ ਆਪਣੇ ਆਪ ਨੂੰ ਭਵਿੱਖ ਵਿੱਚ ਸੁਰੱਖਿਅਤ ਰੱਖ ਸਕਣ।ਇਸ ਮੌਕੇ ਸਕੂਲ ਪ੍ਰਿੰਸੀਪਲ ਪ੍ਰਭਜੀਤ ਕੌਰ ਬਰਮਾ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਆਪਣੀ ਪੜ੍ਹਾਈ ਰੁਚੀ ਨਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਵਰਕਸ਼ਾਪ ਵਿੱਚ ਸਕੂਲ ਦੇ ਪ੍ਰਿੰਸੀਪਲ ਪ੍ਰਭਜੀਤ ਕੌਰ ਬਰਮਾ, ਕੋਆਰਡੀਨੇਟਰ ਸੁਰਿੰਦਰ ਕੌਰ, ਮੈਨੇਜਰ ਮਨਜੀਤ ਇੰਦਰ ਕੁਮਾਰ ਅਤੇ ਸਮੂਹ ਅਧਿਆਪਕਾਂ ਸਮੇਤ ਸੈਕੰਡਰੀ ਸ਼੍ਰੇਣੀਆਂ ਦੇ ਵਿਦਿਆਰਥੀ ਸ਼ਾਮਲ ਸਨ।

# ਪੀ ਆਰ ਟੀ ਸੀ ਦੀ ਬੱਸ ਨੇ ਲੜਕੀ ਨੂੰ ਦਰੜਿਆ



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਵਿਖੇ ਇੱਕ ਲੜਕੀ ਨੂੰ ਪੀ ਆਰ ਟੀ ਸੀ ਬੱਸ ਨੇ ਦਰੜਿਆ।ਸਿਮਰਪ੍ਰੀਤ ਕੌਰ 20 ਸਾਲਾ ਨਰਸਿੰਗ ਦਾ ਕੋਰਸ ਕਰਦੀ ਸੀ, ਜਦੋਂ ਪਟਿਆਲਾ ਤੋਂ ਨਾਭਾ ਵਿਖੇ ਪੀ ਆਰ ਟੀ ਸੀ ਦੀ ਬੱਸ ਵਿੱਚ ਵਾਪਸ ਆਈ, ਜੋ ਕਿ ਦੁਲੱਦੀ ਗੇਟ ਚੁੰਗੀ 'ਤੇ ਡਰਾਈਵਰ ਦੀ ਅਣਗਹਿਲੀ ਕਾਰਨ ਦੋਵੇਂ ਲੱਤਾਂ ਬੱਸ ਦੇ ਟਾਇਰਾਂ ਥੱਲੇ ਆ ਗਈਆਂ, ਜਿਸ ਥਾਂ ਸਿਮਰਪ੍ਰੀਤ ਦੀਆਂ ਦੋਵੇਂ ਲੱਤਾਂ ਬਸ ਥੱਲੇ ਆਈਆਂ, ਉਸ ਦੇ ਨਜ਼ਦੀਕ ਹੀ ਉਸ ਦੀ ਮਾਤਾ ਤੇ ਉਸ ਦੀ ਭੈਣ ਸਬਜ਼ੀ ਖਰੀਦ ਰਹੀਆਂ ਸਨ। ਰੌਲਾ ਪੈਣ ਉਪਰੰਤ ਜਦੋਂ ਉਨ੍ਹਾਂ ਵੱਲੋਂ ਜਾ ਕੇ ਦੇਖਿਆ ਗਿਆ ਤਾਂ ਉਹ ਉਨ੍ਹਾਂ ਦੀ ਧੀ ਸਿਮਰਪ੍ਰੀਤ ਸੀ, ਉਨ੍ਹਾਂ ਵੱਲੋਂ ਜਲਦ ਉਸ ਨੂੰ ਨਾਭਾ ਦੇ ਸਿਵਲ ਹਸਪਤਾਲ ਵਿੱਚ ਪਹੁੰਚਾਇਆ ਗਿਆ। ਡਰਾਈਵਰ ਤੇ ਕਨੈਕਟਰ ਬੱਸ ਤੇ ਸਵਾਰੀਆਂ ਨੂੰ ਛੱਡ ਮੌਕੇ ਤੋਂ ਫਰਾਰ ਹੋ ਗਏ। ਇਸ ਮੌਕੇ ਸਿਮਰਪ੍ਰੀਤ ਦੇ ਪਿਤਾ ਪਰਮਿੰਦਰ ਸਿੰਘ ਬੇਦੀ ਨੇ ਕਿਹਾ ਕਿ ਡਰਾਈਵਰ ਨੇ ਸਿਮਰਪ੍ਰੀਤ ਦੇ ਬੱਸ ਵਿੱਚੋਂ ਉਤਰਨ ਉਪਰੰਤ ਬਸ ਭਜਾ ਲਈ, ਜਦੋਂਕਿ ਹਾਲੇ ਉਹ ਸਹੀ ਢੰਗ ਨਾਲ ਨਹੀਂ ਸੀ ਉੱਤਰੀ ਡਰਾਈਵਰ ਦੇ ਅਜਿਹਾ ਕਰਨ ਕਾਰਨ ਸਿਮਰਪ੍ਰੀਤ ਬੱਸ ਦੇ ਟਾਇਰਾਂ ਥੱਲੇ ਆ ਗਈ ਅਤੇ ਲੱਤਾਂ ਉਪਰੋਂ ਬਸ ਲੰਘ ਗਈ। ਪਿਤਾ ਵੱਲੋਂ ਡਰਾਈਵਰ ਤੇ ਕਨੈਕਟਰ 'ਤੇ ਸਖਤ ਕਾਰਵਾਈ ਦੀ ਮੰਗ ਕੀਤੀ ਗਈ ਹੈ।

ਸਿਮਰਪ੍ਰੀਤ ਦੇ ਗੰਭੀਰ ਜ਼ਖਮੀ ਹੋਣ ਕਾਰਨ ਨਾਭਾ ਦੇ ਸਰਕਾਰੀ ਹਸਪਤਾਲ ਵਿੱਚੋਂ ਉਸ ਨੂੰ ਮੁਢਲੀ ਸਹਾਇਤਾ ਦੇਣ ਉਪਰੰਤ ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿੱਚ ਰੈਫਰ ਕੀਤਾ ਗਿਆ।ਥਾਣਾ ਕੋਤਵਾਲੀ ਮੁਖੀ ਜਸਵਿੰਦਰ ਸਿੰਘ ਖੋਖਰ ਮੁਤਾਬਕ ਪੜਤਾਲ ਕਰਨ ਉਪਰੰਤ ਡਰਾਈਵਰ ਉੱਪਰ ਸਖਤ ਕਾਰਵਾਈ ਕੀਤੀ ਜਾਵੇਗੀ।

# ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ, ਸੁਖਦੇਵ ਧੂਰੀ)**-ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ (ਰਜਿ:) ਰਾਮ ਬਾਗ ਧੂਰੀ ਦੀ ਮਹੀਨਾਵਾਰ ਮੀਟਿੰਗ ਪ੍ਰਿੰਸੀਪਲ ਸੁਖਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਜਥੇਬੰਦੀ ਦੇ ਮੈਂਬਰਾਂ ਪ੍ਰੀਤਮ ਸਿੰਘ ਇੰਸਪੈਕਟਰ, ਜਗਜੀਤ ਸਿੰਘ, ਅਜਮੇਰ ਸਿੰਘ ਭੰਗੂ, ਬਲਵੀਰ ਸਿੰਘ ਨੇਵੀ, ਗਿਆਨ ਸਿੰਘ ਏ.ਐੱਸ.ਆਈ, ਮਹਿੰਦਰ ਸਿੰਘ ਕਾਤਰੋਂ, ਵਿਜੈ ਕੁਮਾਰ ਐੱਸ.ਡੀ.ਓ., ਮਾ. ਸੁਰਜੀਤ ਸਿੰਘ, ਜਸਦੇਵ ਸਿੰਘ ਪ੍ਰਧਾਨ, ਗੁਰਚਰਨ ਸਿੰਘ ਏ.ਐੱਸ.ਆਈ. ਅਤੇ ਦਵਿੰਦਰ ਸਿੰਘ ਕੈਨੇਡਾ ਦੇ ਮਹੀਨਾ ਜਨਵਰੀ ਵਿੱਚ ਜਨਮ ਦਿਨ ਮੌਕੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕਰਦਿਆਂ ਮੈਂਬਰਾਂ ਦੀ ਲੰਬੀ ਉਮਰ ਲਈ ਕਾਮਨਾ ਕੀਤੀ ਗਈ।ਚਰਨਜੀਤ ਕੈਂਥ ਨੇ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦਾ ਜ਼ਿਕਰ ਕੀਤਾ, ਜਦਕਿ ਮਨਜੀਤ ਸਿੰਘ ਬਖ਼ਸ਼ੀ ਨੇ ਆਪਣੇ ਵਿਚਾਰ ਪੇਸ਼ ਕੀਤੇ।ਦਵਿੰਦਰ ਸਿੰਘ ਕੈਨੇਡਾ ਵੱਲੋਂ ਚੰਗੀ ਸਿਹਤ ਦੇ ਨੁਕਤੇ ਸਾਂਝੇ ਕਰਦਿਆਂ ਖਾਣ-ਪੀਣ ਵਿੱਚ ਤਬਦੀਲੀ ਲਿਆਉਣ, ਸਵੇਰੇ ਸ਼ਾਮ ਦੀ ਸੈਰ, ਯੋਗਾ ਕਰਨ ਤੇ ਸਰਦੀ ਦੇ ਮੌਸਮ ਵਿੱਚ ਬਚਾਅ ਦੇ ਨੁਕਤੇ ਦੱਸੇ।ਜਸਪਾਲ ਸਿੰਘ ਭੁੱਲਰ ਨੇ ਸਟੇਜ ਦੀ ਕਾਰਵਾਈ ਬਾਖੂਬੀ ਨਿਭਾਈ।ਇਸ ਤੋਂ ਇਲਾਵਾ ਪ੍ਰੀਤਮ ਸਿੰਘ ਮੀਤ ਪ੍ਰਧਾਨ ਨੇ ਆਏ ਮੈਂਬਰਾਂ ਦਾ ਧੰਨਵਾਦ ਕੀਤਾ। ਬਲਵਿੰਦਰ ਸਿੰਘ ਹੈੱਡਮਾਸਟਰ, ਜੀਤ ਸਿੰਘ, ਜੁਗਰਾਜ ਸਿੰਘ, ਰਾਜਿੰਦਰ ਸਿੰਘ ਭੋਲਾ, ਨਛੱਤਰ ਸਿੰਘ ਫੌਜੀ, ਅਵਤਾਰ ਸਿੰਘ ਔਲਖ, ਮਦਨ ਲਾਲ ਵਰਮਾ, ਰਵਿੰਦਰ ਸ਼ਰਮਾ, ਸੁਖਦੇਵ ਸਿੰਘ, ਹਰਨੇਕ ਸਿੰਘ, ਹਰਭਜਨ ਸਿੰਘ, ਸਤੀਸ਼ ਕੁਮਾਰ, ਰਾਜਿੰਦਰ ਸਿੰਘ ਬੀ.ਐੱਸ.ਐੱਨ.ਐੱਲ. ਸ਼ੇਰ ਸਿੰਘ ਬੀਡੀਪੀਓ, ਬਲਜੀਤ ਬਾਂਸਲ, ਮੇਜਰ ਸਿੰਘ, ਹਰਮਿੰਦਰ ਸਿੰਘ, ਸ਼ੰਕਰ ਜਿੰਦਲ, ਰਣਜੀਤ ਸਿੰਘ, ਸੰਤੋਸ਼ ਕੁਮਾਰ ਬੀਡੀਪੀਓ, ਸੋਮ ਨਾਥ ਅੱਤਰੀ, ਰਤਨ ਭੰਡਾਰੀ, ਗੁਰਦਾਸ ਬਾਂਸਲ, ਗੁਰਚਰਨ ਸਿੰਘ ਧਾਂਦਰਾ ਤੇ ਰਾਮਦਾਸ ਸਿੰਘ ਮਾਰਕਫੈੱਡ ਆਦਿ ਹਾਜ਼ਰ ਸਨ।

# ਜੇ ਐੱਨ ਇੰਟਰਨੈਸ਼ਨਲ ਸਕੂਲ 'ਚ ਮਾਪੇ-ਅਧਿਆਪਕ ਮਿਲਣੀ ਤੇ ਮਾਡਲਜ਼ ਪ੍ਰਦਰਸ਼ਨੀ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**

ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿਖੇ ਬੱਚਿਆਂ ਵਿੱਚ ਵਿਗਿਆਨਕ ਰੁਚੀਆਂ ਵਿਕਸਤ ਕਰਨ ਲਈ ਸਕੂਲ ਪੱਧਰ 'ਤੇ ਮਾਡਲਜ਼ ਪ੍ਰਦਰਸ਼ਨੀ ਲਗਾਈ ਗਈ। ਇਹ ਪ੍ਰਦਰਸ਼ਨੀ ਲਗਾਉਣ ਦਾ ਮਨੋਰਥ ਇਹ ਹੈ ਕਿ ਵਿਦਿਆਰਥੀ ਜੀਵਨ ਤੋਂ ਹੀ ਬੱਚੇ ਨਵੀਂ ਟੈਕਨੋਲੋਜੀ ਨਵੀਂ ਨਰੋਈ ਅਗਾਂਹਵਧੂ ਸੋਚ ਤੇ ਸੰਸਾਰ ਪੱਧਰ ਉੱਪਰ ਪ੍ਰੈਕਟੀਕਲੀ ਤਕਨੀਕੀ ਸਿੱਖਿਆ ਹਾਸਲ ਕਰ ਸਕਣ। ਸਕੂਲ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕਰਨ ਦੇ ਨਾਲ-ਨਾਲ ਆਪਣੇ ਸੁਨਹਿਰੀ ਭਵਿੱਖ ਦਾ ਸੁਪਨਾ ਸਾਕਾਰ ਕਰ ਸਕਣ। ਇਸ ਪ੍ਰਦਰਸ਼ਨੀ ਵਿੱਚ ਬੱਚਿਆਂ ਦੀ ਹੌਸਲੇ ਅਫਜ਼ਾਈ ਲਈ ਸਕੂਲ ਦੇ ਚੇਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਸ੍ਰੀਮਤੀ ਏਕਤਾ ਮੁੰਜਾਲ, ਮੈਨੇਜਮੈਂਟ ਮੈਂਬਰ ਸ੍ਰੀਮਤੀ ਅੰਜਲੀ ਚਾਨਣਾ ਤੇ ਸਕੂਲ ਦੇ ਪ੍ਰਿੰਸੀਪਲ ਡਾ. ਰਵਿੰਦਰ ਕੁਮਾਰ ਉਚੇਚੇ ਤੌਰ 'ਤੇ ਹਾਜ਼ਰ ਰਹੇ।

**ਪੰਜਾਬੀ ਸੱਭਿਆਚਾਰ ਰਿਹਾ ਮਾਪਿਆਂ ਤੇ ਵਿਦਿਆਰਥੀਆਂ ਲਈ ਖਿੱਚ ਦਾ ਕੇਂਦਰ**



ਇਸ ਪ੍ਰਦਰਸ਼ਨੀ ਵਿੱਚ ਬੱਚਿਆਂ ਵੱਲੋਂ ਵੱਖ-ਵੱਖ ਵਿਸ਼ਿਆਂ ਉਪਰ ਮਾਡਲ ਬਣਾਏ ਗਏ।ਪੰਜਾਬੀ ਮਾਂ ਬੋਲੀ ਤੇ ਸੱਭਿਆਚਾਰ ਵਿੱਚ ਸਰ੍ਹੋਂ ਦਾ ਸਾਗ, ਮੱਕੀ ਦੀ ਰੋਟੀ ਤੇ ਪੁਰਾਣੇ ਰੀਤੀ ਰਿਵਾਜਾਂ ਨੂੰ ਦਰਸਾਇਆ ਗਿਆ, ਜੋ ਕਿ ਮਾਪਿਆਂ ਤੇ ਵਿਦਿਆਰਥੀਆਂ ਲਈ ਖਿੱਚ ਦਾ ਕੇਂਦਰ ਬਣਿਆ ਰਿਹਾ।

ਸਕੂਲ ਦੇ ਪ੍ਰਿੰਸੀਪਲ ਡਾ. ਰਵਿੰਦਰ ਕੁਮਾਰ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਜਿਹੇ ਵਿਗਿਆਨ ਮੇਲੇ ਬੱਚਿਆਂ ਵਿੱਚੋਂ ਅੰਧ-ਵਿਸ਼ਵਾਸ ਤੇ ਅਗਿਆਨਤਾ ਨੂੰ ਦੂਰ ਕਰਕੇ ਗਿਆਨ ਦੇ ਰਸਤੇ ਵੱਲ ਲੈ ਕੇ ਜਾਂਦੇ ਹਨ। ਉਨ੍ਹਾਂ ਸਕੂਲ ਦੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਦੀ ਮਿਹਨਤ ਦੀ ਖ਼ੂਬ ਪ੍ਰਸੰਸਾ ਕੀਤੀ ਅਤੇ ਚੰਗੇਰੇ ਭਵਿੱਖ ਲਈ ਸਭ ਨੂੰ ਮੁਬਾਰਕਾਂ ਵੀ ਦਿੱਤੀਆਂ।

# ਵਪਾਰੀਆਂ ਦੀਆਂ ਸਮੱਸਿਆਵਾਂ ਸੰਬੰਧੀ ਪੱਤਰ ਲਿਖ ਕੇ ਕੇਂਦਰੀ ਮੰਤਰੀ ਦਾ ਦਿਵਾਇਆ ਧਿਆਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਪੰਜਾਬ ਪ੍ਰਦੇਸ਼ ਵਪਾਰ ਮੰਡਲ (ਰਜਿਸਟਰਡ) ਦੇ ਸੂਬਾ ਕਾਰਜਕਾਰਨੀ ਮੈਂਬਰ ਕਾਮਰੇਡ ਸ਼ਾਮ ਸੁੰਦਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪ੍ਰਚੂਨ ਕਰਿਆਨਾ ਸੰਘ ਫ਼ਰੀਦਕੋਟ ਦੇ ਸਹਿਯੋਗ ਨਾਲ, ਵਪਾਰੀ ਵਰਗ ਦੀਆਂ ਸਮੱਸਿਆਵਾਂ ਵੱਲ ਧਿਆਨ ਖਿੱਚਣ ਲਈ, ਪੰਜਾਬ ਦੇ ਵਪਾਰੀਆਂ ਦੀਆਂ ਮੁਸ਼ਕਲਾਂ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਆਸਾਨ ਤਰੀਕੇ ਨਾਲ ਵਪਾਰ ਤੇ ਕਾਰੋਬਾਰ ਨੂੰ ਸੌਖਾ ਬਣਾਉਣ ਦੇ ਉਦੇਸ਼ ਨਾਲ ਸ਼੍ਰੀ ਜੇ.ਪੀ. ਨੱਡਾ ਸਿਹਤ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ ਨੂੰ ਪੱਤਰ ਲਿਖ ਕੇ ਧਿਆਨ ਖਿੱਚਣ ਦੀ ਇੱਕ ਜ਼ੋਰਦਾਰ ਕੋਸ਼ਿਸ਼ ਕੀਤੀ ਗਈ ਹੈ, ਜਿਸ ਵਿੱਚ ਪੰਜਾਬ ਦੇ ਵਪਾਰੀ ਵਰਗ ਦੇ ਮੁੱਖ ਮੁੱਦੇ ਹੇਠ ਲਿਖੇ ਅਨੁਸਾਰ ਹਨ।

ਇਸ ਮੌਕੇ ਪੰਜਾਬ ਪ੍ਰਦੇਸ਼ ਵਪਾਰ ਮੰਡਲ (ਰਜਿਸਟਰਡ) ਦੇ ਸੂਬਾ ਕਾਰਜਕਾਰਨੀ ਮੈਂਬਰ ਸ਼ਾਮ ਸੁੰਦਰ ਨੇ ਕਿਹਾ ਕਿ ਰਿਟੇਲ ਕਰਿਆਨੇ ਐਸੋਸੀਏਸ਼ਨ ਦੀ ਮਦਦ ਨਾਲ ਉਨ੍ਹਾਂ ਆਪਣੀਆਂ ਸਮੱਸਿਆਵਾਂ ਬਾਰੇ ਵਿਸਥਾਰ ਵਿੱਚ ਲਿਖਿਆ ਹੈ ਤਾਂ ਜੁ ਮਾਨਯੋਗ ਸ਼੍ਰੀ ਜੇ.ਪੀ. ਨੱਡਾ, ਸਿਹਤ ਮੰਤਰੀ ਭਾਰਤ ਸਰਕਾਰ, ਨਵੀਂ ਦਿੱਲੀ ਦਾ ਧਿਆਨ ਖਿੱਚਣ ਦੀ ਇੱਕ ਕੋਸ਼ਿਸ਼ ਕੀਤੀ ਗਈ ਹੈ।ਜਿਸ ਵਿੱਚ ਪੰਜਾਬ ਦੇ ਵਪਾਰੀਆਂ ਦਾ ਫੂਡ ਸੇਫਟੀ ਲਾਇਸੈਂਸ ਸਿਰਫ਼ ਇੱਕ ਵਾਰ ਹੀ ਬਣਾਇਆ ਜਾਵੇ।ਫੂਡ ਸੇਫਟੀ ਲਾਇਸੈਂਸ ਅਧੀਨ ਖਰੀਦੇ ਗਏ ਸਾਮਾਨ ਦਾ ਸੈਂਪਲ ਸਿਰਫ਼ ਇੱਕ ਵਾਰ ਹੀ ਭਰਿਆ ਜਾਣਾ ਚਾਹੀਦਾ ਹੈ, ਜਿਸਦੀ ਜ਼ਿੰਮੇਵਾਰੀ ਕੰਪਨੀ ਦੀ ਹੋਣੀ ਚਾਹੀਦੀ ਹੈ, ਕਿਉਂਕਿ ਕੰਪਨੀ ਦੀ ਸ਼ੁਰੂਆਤ ਤੋਂ ਹੀ ਇਸ ਦੀ ਮਾਲਕੀ ਹੈ ਅਤੇ ਅੰਤ ਤੱਕ ਸਾਰੀ ਜ਼ਿੰਮੇਵਾਰੀ ਕੰਪਨੀ ਦੀ ਹੋਣੀ ਚਾਹੀਦੀ ਹੈ।ਹਰੇਕ ਦੁਕਾਨਦਾਰ ਨੂੰ ਬੁਢਾਪਾ ਪੈਨਸ਼ਨ ਮਿਲਣੀ ਚਾਹੀਦੀ ਹੈ, ਭਾਵੇਂ ਉਹ ਕੋਈ ਵੀ ਕਾਰੋਬਾਰ ਕਰਦਾ ਹੋਵੇ।ਹਰ 18 ਸਾਲ ਦੇ ਬੱਚੇ ਲਈ ਕੰਮ ਜਾਂ ਬੇਰੁਜ਼ਗਾਰੀ ਭੱਤਾ ਦੇਣਾ ਲਾਜ਼ਮੀ ਹੋਣਾ ਚਾਹੀਦਾ ਹੈ, ਤਾਂ ਜੋ ਕੋਈ ਵੀ ਬੱਚਾ ਵਿਦੇਸ਼ ਜਾਣ ਬਾਰੇ ਸੋਚ ਵੀ ਨਾ ਸਕੇ।ਹਰੇਕ ਵਿਅਕਤੀ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲਣਾ ਚਾਹੀਦਾ ਹੈ।1 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਕੀਤਾ ਜਾਣਾ ਚਾਹੀਦਾ ਹੈ।ਸਾਰੀਆਂ ਸ਼੍ਰੇਣੀਆਂ ਲਈ ਕਾਰਡ ਬਣਾਏ ਜਾਣੇ ਚਾਹੀਦੇ ਹਨ।ਪਲਾਸਟਿਕ ਦੇ ਲਿਫਾਫਿਆਂ ਅਤੇ ਬਾਜ਼ਾਰ ਵਿੱਚ ਆਉਣ ਵਾਲੀ ਕਿਸੇ ਵੀ ਹੋਰ ਚੀਜ਼ ਤੋਂ ਵਪਾਰੀਆਂ (ਦੁਕਾਨਦਾਰਾਂ, ਫੇਰੀ ਵਾਲਿਆਂ ਤੇ ਰੇਹੜੀਆਂ ਵਾਲਿਆਂ) ਨੂੰ ਪ੍ਰੇਸ਼ਾਨ ਨਹੀਂ ਕੀਤਾ ਜਾਣਾ ਚਾਹੀਦਾ, ਜੋ ਪੂਰਨ ਤੌਰ 'ਤੇ ਉਹ ਫੈਕਟਰੀ ਤੋਂ ਹੀ ਬੰਦ ਹੋਣਾ ਚਾਹੀਦਾ ਹੈ ਤਾਂ ਜੁ ਵਪਾਰੀਆਂ ਨੂੰ ਮੁਸੀਬਤ ਤੋਂ ਬਚਾਇਆ ਜਾ ਸਕੇ।



ਛੋਟੇ ਕਾਰੋਬਾਰੀ ਨੂੰ 5 ਲੱਖ ਰੁਪਏ ਦਾ ਕਰਜ਼ਾ ਬਿਨਾਂ ਵਿਆਜ ਦੇ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੁ ਉਹ ਆਪਣੇ ਪੈਰਾਂ 'ਤੇ ਖੜਾ ਹੋ ਸਕੇ।ਜੇਕਰ ਦੁਕਾਨ ਦਾ ਅੱਗ ਲੱਗਣ ਜਾਂ ਕਿਸੇ ਹੋਰ ਕਾਰਨ ਕਰਕੇ ਕੁਦਰਤੀ ਨੁਕਸਾਨ ਹੋਇਆ ਹੈ ਤਾਂ ਉਸਨੂੰ ਸਰਕਾਰੀ ਫੰਡਾਂ ਰਾਹੀਂ ਮੁਆਵਜ਼ਾ ਜਾਂ ਸਹਾਇਤਾ ਦਿੱਤੀ ਜਾਣੀ ਚਾਹੀਦੀ ਹੈ ਤਾਂ ਜੋ ਉਹ ਦੁਬਾਰਾ ਆਪਣੇ ਪੈਰਾਂ 'ਤੇ ਖੜੇ ਹੋ ਸਕਣ ਤੇ ਪਰਿਵਾਰ ਬੇਰੁਜ਼ਗਾਰ ਨਾ ਰਹੇ।ਬੁਢਾਪਾ ਪੈਨਸ਼ਨ ਬਿਨਾਂ ਸ਼ਰਤ ਦਿੱਤੀ ਜਾਣੀ ਚਾਹੀਦੀ ਹੈ।ਜਦੋਂ ਵੀ ਕੋਈ ਸੀਨੀਅਰ ਸਿਟੀਜ਼ਨ ਬਣਦਾ ਹੈ, ਤਾਂ ਉਸ 'ਤੇ ਕੋਈ ਵੀ ਸ਼ਰਤ ਲਾਗੂ ਨਹੀਂ ਹੋਣੀ ਚਾਹੀਦੀ।

# ਐੱਮ ਐੱਸ ਪੀ ਗਾਰੰਟੀ ਕਾਨੂੰਨ 'ਤੇ ਕੇਂਦਰੀ ਬਜਟ 'ਚ ਕੋਈ ਕਦਮ ਨਾ ਚੁੱਕਣਾ ਨਿਰਾਸ਼ਾਜਨਕ : ਡੱਲੇਵਾਲ

**ਸਮਰਾਲਾ (ਸੁਰਜੀਤ ਸਿੰਘ)**

ਖਨੌਰੀ ਬਾਰਡਰ 'ਤੇ ਕਿਸਾਨ ਮੋਰਚੇ ਦੌਰਾਨ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 68ਵੇਂ ਦਿਨ ਵੀ ਜਾਰੀ ਰਿਹਾ।ਜਗਜੀਤ ਸਿੰਘ ਡੱਲੇਵਾਲ ਦੇ ਕੰਨ ਵਿੱਚ ਕਾਫੀ ਦਰਦ ਹੋ ਰਿਹਾ ਹੈ, ਜਿਸ ਦੀ ਮਾਹਰ ਡਾਕਟਰਾਂ ਦੀ ਟੀਮ ਦੇਖਭਾਲ ਕਰ ਰਹੀ ਹੈ।ਕਿਸਾਨ ਆਗੂਆਂ ਨੇ ਕਿਹਾ ਬਜਟ ਸੁਣ ਕੇ ਕਿਸਾਨਾਂ ਨੂੰ ਨਿਰਾਸ਼ਾ ਮਿਲੀ ਹੈ ਤੇ ਕਿਸਾਨਾਂ ਦੀਆਂ ਉਮੀਦਾਂ 'ਤੇ ਕੇਂਦਰ ਸਰਕਾਰ ਖਰੀ ਨਹੀਂ ਉਤਰੀ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ 50% ਤੋਂ ਵੱਧ ਅਬਾਦੀ ਕਿਸਾਨਾਂ ਦੀ ਹੈ, ਪਰ ਪੂਰੇ ਬਜਟ (?50,65,345 ਕਰੋੜ) ਵਿੱਚੋਂ ਸਿਰਫ (1,71,437 ਕਰੋੜ) ਖੇਤੀਬਾੜੀ ਖੇਤਰ ਲਈ ਰੱਖਿਆ ਗਿਆ, ਜੋ ਕੇਵਲ 3.38% ਬਣਦਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਦੇਸ਼ ਦੇ ਕਿਸਾਨਾਂ ਦੀ ਮੁੱਖ ਮੰਗ ਐਮਐਸਪੀ ਗਾਰੰਟੀ ਕਾਨੂੰਨ ਹੈ।ਸੰਯੁਕਤ ਕਿਸਾਨ ਮੋਰਚਾ (ਗ਼ੈਰ-ਰਾਜਨੀਤਕ) ਤੇ ਕਿਸਾਨ-ਮਜ਼ਦੂਰ ਮੋਰਚਾ ਦੀ ਅਗਵਾਈ ਵਿੱਚ ਲਗਭਗ 1 ਸਾਲ ਤੋਂ ਸੰਘਰਸ਼ ਜਾਰੀ ਹੈ। ਇਸ ਸੰਘਰਸ਼ ਦੇ ਹਾਲੀਆ ਪੜਾਅ 'ਚ ਜਗਜੀਤ ਸਿੰਘ ਡੱਲੇਵਾਲ ਦਾ ਇਤਿਹਾਸਕ ਸਤਿਆਗ੍ਰਹਿ ਪਿਛਲੇ 68 ਦਿਨਾਂ ਤੋਂ ਚੱਲ ਰਿਹਾ ਹੈ, ਜਿਸ ਨੂੰ ਪੂਰੇ ਦੇਸ਼ 'ਚ ਸਮਰਥਨ ਮਿਲ ਰਿਹਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਐਮਐਸਪੀ ਗਾਰੰਟੀ ਕਾਨੂੰਨ ਦੀ ਮੰਗ ਦੇ ਬਾਵਜੂਦ, ਹੁਣ ਵਾਲੇ ਬਜਟ ਵਿੱਚ ਇਸ ਸੰਬੰਧੀ ਕੋਈ ਵੀ ਐਲਾਨ ਨਾ ਕਰਨਾ ਬਹੁਤ ਹੀ ਨਿਰਾਸ਼ਾਜਨਕ ਹੈ।ਕਿਸਾਨ ਆਗੂਆਂ ਨੇ ਦੱਸਿਆ ਕਿ ਪਿਛਲੇ ਸਾਲ ਕੇਂਦਰ ਸਰਕਾਰ ਨੇ ?1,41,000 ਕਰੋੜ ਤੋਂ ਵੱਧ ਖਾਦ ਯੋਗ ਤੇਲ ਤੇ ?31,170 ਕਰੋੜ ਤੋਂ ਵੱਧ ਦਾਲਾਂ ਦੀ ਆਯਾਤ ਕੀਤੀ।ਜੇਕਰ ਇਹ ?1,72,170 ਕਰੋੜ ਦੇਸ਼ ਦੇ ਕਿਸਾਨਾਂ 'ਤੇ ਖਰਚ ਕੀਤੇ ਜਾਣ, ਤਾਂ ਐਮਐਸਪੀ ਗਾਰੰਟੀ ਕਾਨੂੰਨ ਵੀ ਬਣ ਜਾਵੇ, ਦੇਸ਼ ਆਤਮਨਿਰਭਰ ਵੀ ਹੋ ਜਾਵੇ ਅਤੇ ਫ਼ਸਲਾਂ ਦਾ ਵਿਵਿਧੀਕਰਨ ਵੀ ਹੋ ਜਾਵੇ।



# ਬੇ-ਚਿਰਾਗ ਪਿੰਡ ਦੀ ਜ਼ਮੀਨ 'ਚ ਦੀਵਾ ਲਾਉਣ ਦੀ ਤਿਆਰੀ ਸੰਬੰਧੀ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਮੀਟਿੰਗ

**ਸੰਗਰੂਰ (ਪ੍ਰਵੀਨ ਸਿੰਘ)**

ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਪ੍ਰਧਾਨ ਮੁਕੇਸ਼ ਮਲੌਦ ਅਤੇ ਧਰਮਵੀਰ ਹਰੀਗੜ੍ਹ ਨੇ ਦੱਸਿਆ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਜ਼ੋਨਲ ਕਮੇਟੀ ਦੀ ਵਿਸਥਾਰੀ ਮੀਟਿੰਗ ਗਦਰ ਮੈਮੋਰੀਅਲ ਭਵਨ ਸੰਗਰੂਰ ਵਿਖੇ ਕੀਤੀ ਗਈ, ਜਿਸ ਵਿਚ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਕਰਵਾਉਣ ਅਤੇ ਇਸ ਤੋਂ ਉਪਰਲੀ ਜ਼ਮੀਨ ਬੇ-ਜ਼ਮੀਨੇ ਲੋਕਾਂ ਅਤੇ ਛੋਟੇ ਕਿਸਾਨਾਂ ਵਿਚ ਵੰਡਾਉਣ ਲਈ 28 ਫ਼ਰਵਰੀ ਨੂੰ ਸੰਗਰੂਰ ਨੇੜੇ ਜੀਂਦ ਰਿਆਸਤ ਦੇ ਰਾਜੇ ਦੀ ਬੇ-ਚਿਰਾਗ ਪਿੰਡ ਦੀ 927 ਏਕੜ ਜ਼ਮੀਨ ਵਿਚ ਦੀਵਾ ਲਾਉਣ ਦੀ ਤਿਆਰੀ ਸੰਬੰਧੀ ਮੀਟਿੰਗ ਕੀਤੀ ਗਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੇ ਕਿਹਾ ਕਿ ਭਾਵੇਂ ਦੇਸ਼ ਅੰਦਰ ਦੋ ਵਾਰ ਭੂਮੀ ਸੁਧਾਰ ਹੋ ਚੁੱਕੇ ਹਨ, ਪ੍ਰੰਤੂ ਅੱਜ ਵੀ ਇਸ ਕਾਨੂੰਨ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੰਗਰੂਰ ਦੇ ਨੇੜੇ ਬੇ-ਚਿਰਾਗ ਪਿੰਡ ਵਿਚ ਜੀਂਦ ਰਿਆਸਤ ਦੇ ਰਾਜੇ ਦੀ 927 ਏਕੜ ਜ਼ਮੀਨ ਹੈ ਅਤੇ ਇਸ ਤੋਂ ਬਿਨਾਂ 153 ਹੋਰ ਬੇ-ਚਿਰਾਗ ਪਿੰਡ ਮੌਜੂਦ ਹਨ, ਜਿਨ੍ਹਾਂ ਵਿਚ ਸੈਂਕੜੇ ਏਕੜ ਜ਼ਮੀਨ ਵੱਡੇ ਭੂਮੀਪਤੀਆਂ ਦੇ ਕਬਜ਼ਿਆਂ ਹੇਠ ਹੈ। ਉਨ੍ਹਾਂ ਦੱਸਿਆ ਕਿ ਇਕ ਪਾਸੇ ਦਲਿਤਾਂ ਕੋਲ ਸਿਰ ਢਕਣ ਲਈ ਛੱਤ ਵੀ ਨਹੀਂ ਹੈ ਅਤੇ ਦੂਜੇ ਪਾਸੇ ਸੈਂਕੜੇ ਏਕੜ ਬੇਨਾਮੀਆਂ ਜ਼ਮੀਨਾਂ ਉਪਰ ਵੱਡੇ ਭੂਮੀਪਤੀਆਂ ਦਾ ਕਬਜ਼ਾ ਹੈ। ਉਨ੍ਹਾਂ ਲੋਕਾਂ ਨੂੰ ਜ਼ਮੀਨ ਦੀ ਕਾਣੀਵੰਡ ਖਿਲਾਫ਼ ਵਿਸ਼ਾਲ ਲਾਮਬੰਦੀ ਅਤੇ ਵੱਡੇ ਸੰਘਰਸ਼ ਦੀ ਤਿਆਰੀ ਲਈ ਵਿਸ਼ਾਲ ਲਹਿਰ ਖੜ੍ਹੀ ਕਰਨ ਦਾ ਸੱਦਾ ਦਿੰਦਿਆਂ 28 ਫ਼ਰਵਰੀ ਨੂੰ ਬੇ-ਚਿਰਾਗ ਪਿੰਡ ਦੀ ਜ਼ਮੀਨ ਵਿਚ ਲਾਏ ਜਾਣ ਵਾਲੇ ਦੀਵੇ ਦੀ ਤਿਆਰੀ ਸਬੰਧੀ ਪਿੰਡ ਪੱਧਰੀ ਮੀਟਿੰਗਾਂ ਰੈਲੀਆਂ ਕਰਕੇ ਨਵੀਆਂ ਕਮੇਟੀਆਂ ਦੀ ਚੋਣ ਕਰਨ ਅਤੇ ਵੱਡੀ ਗਿਣਤੀ ਲੋਕਾਂ ਨੂੰ ਇਸ ਦਾ ਹਿਸਾ ਬਣਾਉਣ ਲਈ ਤਿਆਰੀਆਂ ਸ਼ੁਰੂ ਕਰਨ ਦੀ ਵਿਉਂਤਬੰਦੀ ਕੀਤੀ ਗਈ। ਇਸ ਮੌਕੇ ਜ਼ੋਨਲ ਵਿੱਤ ਸਕੱਤਰ ਬਿਕਰਮ ਸਿੰਘ ਹਥੌਆ, ਗੁਰਚਰਨ ਸਿੰਘ, ਗੁਰਵਿੰਦਰ ਬੌੜਾ, ਗੁਰਵਿੰਦਰ ਸਾਦੀਹਰੀ ਅਤੇ ਜਸਬੀਰ ਕੌਰ ਹੇੜੀਕੇ ਆਦਿ ਵੀ ਸ਼ਾਮਲ ਸਨ।



# ਮਾਤਾ ਗੁਜਰੀ ਕਾਲਜ 'ਚ ਕਾਰਪੋਰੇਟ ਟ੍ਰੇਨਿੰਗ ਪ੍ਰੋਗਰਾਮ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮਾਤਾ ਗੁਜਰੀ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਦੀ ਸੁਯੋਗ ਅਗਵਾਈ ਹੇਠ ਕਾਲਜ ਦੇ ਟਰੇਨਿੰਗ ਅਤੇ ਪਲੇਸਮੈਂਟ ਸੈੱਲ ਨੇ ਕਾਲਜ ਦੇ ਕਾਮਰਸ, ਕੰਪਿਊਟਰ ਅਤੇ ਆਰਟਸ ਵਿਭਾਗਾਂ ਦੇ ਵਿਦਿਆਰਥੀਆਂ ਲਈ ਇੱਕ ਹਫ਼ਤੇ ਦਾ ਸਿਖਲਾਈ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ ਹੋ ਗਿਆ।ਮਹਿੰਦਰਾ ਪ੍ਰਾਈਡ ਕਲਾਸਾਂ (ਨੰਦੀ ਫਾਊਂਡੇਸ਼ਨ) ਦੇ ਸਹਿਯੋਗ ਨਾਲ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ 83 ਵਿਦਿਆਰਥੀਆਂ ਨੇ ਭਾਗ ਲਿਆ। ਇਹ ਪਹਿਲ ਨੰਦੀ ਫਾਊਂਡੇਸ਼ਨ ਦੇ ਸਹਿਯੋਗ ਨਾਲ ਮਹਿਲਾ ਸਸ਼ਕਤੀਕਰਨ ਪ੍ਰੋਗਰਾਮ ਦਾ ਇੱਕ ਅਹਿਮ ਹਿੱਸਾ ਹੈ ਜਿਸ ਵਿੱਚ ਤਜਰਬੇਕਾਰ ਕਾਰਪੋਰੇਟ ਟ੍ਰੇਨਰਾਂ ਸੁਦੀਪ ਘੋਸ਼ ਤੇ ਰੁਬੀਨਾ ਡੇਨੀਅਲ ਵੱਲੋਂ ਵਿਦਿਆਰਥੀਆਂ ਨੂੰ ਇਕ ਹਫ਼ਤੇ ਵਿੱਚ 36 ਘੰਟਿਆਂ ਦੇ ਪ੍ਰੋਗਰਾਮ ਦੌਰਾਨ ਸ਼ਖ਼ਸੀਅਤ ਉਸਾਰੀ, ਪੇਸ਼ੇਵਰ ਸੰਚਾਰ, ਕਾਰਪੋਰੇਟ ਸੱਭਿਆਚਾਰ, ਰੁਜ਼ਗਾਰਯੋਗਤਾ ਅਤੇ ਕਾਰਪੋਰੇਟ ਤਿਆਰੀ ਨੂੰ ਵਧਾਉਣ ਆਦਿ ਵਿਸ਼ਿਆਂ 'ਤੇ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ ਗਈ।

ਕਾਲਜ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਕਾਰਪੋਰੇਟ ਸੈਕਟਰਾਂ ਵੱਲੋਂ ਇਸ ਤਰ੍ਹਾਂ ਦੀ ਪ੍ਰੈਕਟੀਕਲ ਟਰੇਨਿੰਗ ਵਿਦਿਆਰਥੀਆਂ ਦੇ ਵਿਹਾਰਕ ਅਤੇ ਵਿਵਹਾਰਕ ਗਿਆਨ ਨੂੰ ਨਿਖਾਰਨ ਵਿੱਚ ਸਹਾਇਕ ਸਿੱਧ ਹੁੰਦੀ ਹੈ। ਮਹਿੰਦਰਾ ਪ੍ਰਾਈਡ ਕਲਾਸਾਂ ਦੇ ਸਿਖਲਾਈ ਪ੍ਰੋਗਰਾਮ ਦੇ ਮੁਖੀ ਤਰੁਣ ਨੇ ਵਿਦਾਇਗੀ ਸੈਸ਼ਨ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਿਨ੍ਹਾਂ ਵੱਲੋਂ ਸਭ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਪ੍ਰਦਾਨ ਕੀਤੇ ਗਏ ਅਤੇ ਪ੍ਰੋਗਰਾਮ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਕਾਲਜ ਦੇ ਡੀਨ ਪਲੇਸਮੈਂਟ ਡਾ. ਜਗਦੀਸ਼ ਸਿੰਘ ਨੇ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਵਿਭਾਗਾਂ ਦੇ ਮੁਖੀ ਸਾਹਿਬਾਨ ਦਾ ਸਹਿਯੋਗ ਦੇਣ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਕਾਲਜ ਦੇ ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਕਿਹਾ ਕਿ ਮਹਿੰਦਰਾ ਪ੍ਰਾਈਡ ਕਲਾਸਾਂ ਵਰਗੀ ਨਾਮਵਰ ਕੰਪਨੀ ਦੁਆਰਾ ਵਿਦਿਆਰਥੀਆਂ ਨੂੰ ਵਧੀਆ ਸਿਖਲਾਈ ਪ੍ਰਾਪਤ ਕਰਨ ਦਾ ਸੁਨਹਿਰੀ ਅਵਸਰ ਮਿਲਿਆ ਹੈ।

# ਬਜਟ ਕਿਸਾਨਾਂ, ਮਜ਼ਦੂਰਾਂ ਤੇ ਗਰੀਬਾਂ ਦੀ ਰੋਜ਼ੀ-ਰੋਟੀ 'ਤੇ ਹਮਲਾ : ਆਗੂ

**ਨੰਗਲ (ਸੁਰਜੀਤ ਢੇਰ)**

ਇੱਥੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਸੀਨੀਅਰ ਮੀਤ ਪ੍ਰਧਾਨ ਮਹਿੰਦਰ ਸਿੰਘ ਸੰਗਤਪੁਰ ਅਤੇ ਮਜ਼ਦੂਰ ਆਗੂ ਬਜਿੰਦਰ ਪੰਡਤ ਨੇ ਕਿਹਾ ਕਿ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਵੱਲੋਂ ਪੇਸ਼ ਕੀਤਾ ਗਿਆ ਕੇਂਦਰੀ ਬਜਟ ਗਰੀਬ ਵਿਰੋਧੀ ਅਤੇ ਕਾਰਪੋਰੇਟ ਧਨਾਢਾਂ ਅਤੇ ਅਮੀਰਾਂ ਲਈ ਤਿਆਰ ਕੀਤਾ ਗਿਆ ਹੈ। ਜੀ ਡੀ ਪੀ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਦਾ ਯੋਗਦਾਨ ਵਧ ਕੇ 16 ਪ੍ਰਤੀਸ਼ਤ ਹੋ ਜਾਣ ਦੇ ਬਾਵਜੂਦ ਖੇਤੀਬਾੜੀ ਅਤੇ ਸਹਾਇਕ ਗਤੀਵਿਧੀਆਂ ਲਈ ਬਜਟ ਅਲਾਟਮੈਂਟ 2024-25 ਦੇ ਸੰਸ਼ੋਧਿਤ ਅਨੁਮਾਨਾਂ ਨਾਲੋਂ ਘੱਟ ਹੈ। ਜਦੋਂ ਕਿ 2024-25 ਦੇ ਸੰਸ਼ੋਧਿਤ ਅਨੁਮਾਨ ਰੁਪਏ ਸੀ। 376720.41 ਕਰੋੜ 2025-26 ਦੀ ਵੰਡ ਸਿਰਫ਼ ਰੁ. 371687.35 ਕਰੋੜ ਜਦੋਂ ਮਹਿੰਗਾਈ ਦਾ ਹਿਸਾਬ ਲਗਾਇਆ ਜਾਂਦਾ ਹੈ, ਤਾਂ ਇਹ ਵੰਡ ਵਿੱਚ ਇੱਕ ਵੱਡੀ ਕਟੌਤੀ ਹੈ। 2020-21 ਤੋਂ ਖੇਤੀਬਾੜੀ ਅਤੇ ਸਹਾਇਕ ਗਤੀਵਿਧੀਆਂ ਲਈ ਅਸਲ ਖਰਚੇ ਲਗਾਤਾਰ ਘਟੇ ਹਨ; ਸਪੱਸ਼ਟ ਤੌਰ ਤੇ ਭਾਜਪਾ ਦੀ ਅਗਵਾਈ ਵਾਲੀ ਐਨ ਡੀ ਏ ਸਰਕਾਰ ਦੀ ਤਰਜੀਹ ਕਿਸਾਨ ਨਹੀਂ ਹਨ। ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ, ਖਰੀਦ ਵਧਾਉਣ ਜਾਂ ਕਿਸਾਨਾਂ ਨੂੰ ਕਰਜ਼ੇ ਤੋਂ ਮੁਕਤ ਕਰਨ ਲਈ ਬਜਟ ਵਿੱਚ ਕੁਝ ਨਹੀਂ ਹੈ। ਇੱਥੋਂ ਤੱਕ ਕਿ ਲਾਹੇਵੰਦ ਕੀਮਤਾਂ ਨੂੰ ਯਕੀਨੀ ਬਣਾਉਣ ਲਈ ਸੰਸਦੀ ਸਥਾਈ ਕਮੇਟੀ ਦੀਆਂ ਸਿਫ਼ਾਰਸ਼ਾਂ ਵੀ ਹਵਾ ਵਿੱਚ ਸੁੱਟ ਦਿੱਤੀਆਂ ਗਈਆਂ ਹਨ। ਬਹੁਤ ਹੀ ਅਸੰਵੇਦਨਸ਼ੀਲ ਤਰੀਕੇ ਨਾਲ ਮਨਰੇਗਾ ਲਈ ਬਜਟ ਦੀ ਵੰਡ ਮਹਿਜ਼ 86,000 ਕਰੋੜ ਰੁਪਏ ਰੱਖੀ ਗਈ ਹੈ। ਪੇਂਡੂ ਖੇਤਰਾਂ ਵਿੱਚ ਰੁਜ਼ਗਾਰ ਪੈਦਾ ਕਰਨ ਲਈ ਕੋਈ ਜ਼ੋਰ ਨਹੀਂ ਹੈ। ਸਰਕਾਰ ਨੈਸ਼ਨਲ ਇੰਸਟੀਚਿਊਟ ਫਾਰ ਰੂਰਲ ਡਿਵੈਲਪਮੈਂਟ ਦੇ ਸਾਰੇ ਫੰਡਾਂ ਨੂੰ ਰੋਕ ਰਹੀ ਹੈ ਅਤੇ ਇਸ ਲਈ ਬਜਟ ਵਿੱਚ ਜ਼ੀਰੋ ਐਲੋਕੇਸ਼ਨ ਹੈ। ਭਲਾਈ ਸਕੀਮਾਂ ਲਈ ਰਾਜ/ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਦਾਲਾਂ ਦੀ ਵੰਡ ਲਈ ਅਲਾਟਮੈਂਟ ਜ਼ੀਰੋ ਹੈ, ਜਦੋਂ ਕਿ ਪਿਛਲੇ ਬਜਟ ਵਿੱਚ 300 ਕਰੋੜ ਰੁਪਏ ਅਲਾਟ ਕੀਤੇ ਗਏ ਸਨ। 12 ਲੱਖ ਰੁਪਏ ਤੱਕ ਦੀ ਆਮਦਨ ਕਰ ਦੀ ਬਹੁਤ ਮਸ਼ਹੂਰ ਛੋਟ ਦਾ ਉਦੇਸ਼ ਤੁਰੰਤ ਚੋਣ ਲਾਭ ਪ੍ਰਾਪਤ ਕਰਨਾ ਹੈ; ਵਧਦੀਆਂ ਕੀਮਤਾਂ, ਅਸਿੱਧੇ ਟੈਕਸਾਂ ਦੇ ਉੱਚ ਪੱਧਰ, ਭੋਜਨ, ਸਿਹਤ, ਸਿੱਖਿਆ, ਯਾਤਰਾ ਦੇ ਖਰਚੇ ਵਧਣ ਨਾਲ ਇਹ ਸਭ ਕੁਝ ਵਿਅਰਥ ਹੋ ਜਾਵੇਗਾ ਜੇਕਰ ਇਸ ਛੋਟ ਰਾਹੀਂ ਕੋਈ ਵੀ ਲਾਭ ਪ੍ਰਾਪਤ ਹੁੰਦਾ ਹੈ।ਫਸਲ ਬੀਮੇ ਲਈ ਸਰਕਾਰ ਦੇ ਫਲੈਗਸ਼ਿਪ ਪ੍ਰੋਗਰਾਮ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਲਈ ਅਲਾਟਮੈਂਟ ਵਿੱਚ 15,864 ਕਰੋੜ ਰੁਪਏ ਤੋਂ 12,242.27 ਕਰੋੜ ਰੁਪਏ ਦੀ ਭਾਰੀ ਕਟੌਤੀ ਕੀਤੀ ਗਈ ਹੈ। ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਲਈ ਅਲਾਟਮੈਂਟ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਖਾਦ ਸਬਸਿਡੀ 171298.50 ਕਰੋੜ ਰੁਪਏ ਤੋਂ ਘਟਾ ਕੇ 167887.20 ਕਰੋੜ ਰੁਪਏ ਕਰ ਦਿੱਤੀ ਗਈ ਹੈ, 3411.30 ਕਰੋੜ ਰੁਪਏ ਦੀ ਕਟੌਤੀ ਕੀਤੀ ਗਈ ਹੈ। ਦਾਲਾਂ ਲਈ ਆਤਮ ਨਿਰਭਰ ਮਿਸ਼ਨ ਦੇ ਛੇ ਸਾਲਾਂ ਦੀ ਪਹਿਲਕਦਮੀ ਦੇ ਖੋਖਲੇ ਦਾਅਵੇ ਦਾ ਪਰਦਾਫਾਸ਼ ਹੋ ਜਾਂਦਾ ਹੈ ਜਦੋਂ ਮਿਸ਼ਨ ਲਈ ਕੁੱਲ ਵੰਡ ਮਹਿਜ਼ 1000 ਕਰੋੜ ਰੁਪਏ ਹੈ। 2024 ਵਿੱਚ ਦਾਲਾਂ ਦੀ ਦਰਾਮਦ ਲਗਭਗ ਦੁੱਗਣੀ ਹੋ ਕੇ 60 ਲੱਖ ਟਨ (ਜਨਵਰੀ ਅਤੇ ਨਵੰਬਰ ਦੇ ਵਿਚਕਾਰ) ਹੋ ਗਈ।ਆਲ ਇੰਡੀਆ ਕਿਸਾਨ ਸਭਾ ਨੇ 5 ਫ਼ਰਵਰੀ ਨੂੰ ਦੇਸ਼ ਭਰ ਵਿੱਚ ਬਜਟ ਦੀਆਂ ਕਾਪੀਆਂ ਸਾੜਨ ਦਾ ਇਕਾਈਆਂ ਨੂੰ ਸੱਦਾ ਦਿੰਤਾ ਹੈ।



# ਡਿਪਟੀ ਚੀਫ਼ ਇੰਜੀਨੀਅਰ ਤੇ ਲਾਈਨਮੈਨ 50,000 ਰੁਪਏ ਰਿਸ਼ਵਤ ਲੈਂਦੇ ਰੰਗੇ-ਹੱਥੀਂ ਕਾਬੂ



**ਜਲੰਧਰ (ਸੁਰਿੰਦਰ ਕੁਮਾਰ)**- ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਹੁਸ਼ਿਆਰਪੁਰ ਦੇ ਡਵੀਜ਼ਨ ਰੇਂਜ ਦਫ਼ਤਰ ਵਿਖੇ ਤਾਇਨਾਤ ਡਿਪਟੀ ਚੀਫ਼ ਇੰਜੀਨੀਅਰ ਹਰਮਿੰਦਰ ਸਿੰਘ ਅਤੇ ਲਾਈਨਮੈਨ ਕੇਵਲ ਸ਼ਰਮਾ ਨੂੰ 50,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਪੀ.ਐਸ.ਪੀ.ਸੀ.ਐਲ. ਡਵੀਜ਼ਨ ਦਫ਼ਤਰ, ਮੁਕੇਰੀਆਂ ਵਿਖੇ ਤਾਇਨਾਤ ਸੀਨੀਅਰ ਕਾਰਜਕਾਰੀ ਇੰਜੀਨੀਅਰ ਲਖਵੀਰ ਸਿੰਘ ਵਾਸੀ ਜਗਤ ਐਵੇਨਿਊ, ਪਿੰਡ ਹਰਦੋਥਲਾ, ਹੁਸ਼ਿਆਰਪੁਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਮੁਲਜ਼ਮ ਡਿਪਟੀ ਚੀਫ ਇੰਜੀਨੀਅਰ ਨੇ ਉਸ ਨੂੰ ਆਪਣੇ ਦਫ਼ਤਰ ਬੁਲਾਇਆ ਅਤੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਇਹ ਰਕਮ ਮੁਲਜ਼ਮ ਲਾਈਨਮੈਨ ਕੇਵਲ ਸ਼ਰਮਾ ਨੂੰ ਸੌਂਪਣ ਲਈ ਕਿਹਾ।ਬੁਲਾਰੇ ਨੇ ਅੱਗੇ ਦੱਸਿਆ ਕਿ ਉਸ ਦੀ ਸ਼ਿਕਾਇਤ ਦੀ ਮੁਢਲੀ ਜਾਂਚ ਉਪਰੰਤ ਹੁਸ਼ਿਆਰਪੁਰ ਯੂਨਿਟ ਦੀ ਵਿਜੀਲੈਂਸ ਬਿਊਰੋ ਟੀਮ ਨੇ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਪੰਚਾਇਤੀ ਜ਼ਮੀਨ ਵੇਚਣ 'ਤੇ ਪਰਚਾ ਦਰਜ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਏਐੱਸਆਈ ਸੁਭਾਸ਼ ਚੰਦ ਨੇ ਦੱਸਿਆ ਕਿ ਕੁਲਦੀਪ ਸਿੰਘ ਦੇ ਬਿਆਨ 'ਤੇ ਪੰਕਜ ਕੁਮਾਰ ਦੇ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਕੁਲਦੀਪ ਸਿੰਘ ਨੇ ਦੱਸਿਆ ਕਿ ਨਗਰ ਪੰਚਾਇਤ ਦੀ ਜਮੀਨ ਨੂੰ ਆਪਣੀ ਮਾਲਕੀ ਦੱਸ ਕੇ ਕਬਜਾ ਦੇਣ ਅਤੇ ਗਲਤ ਰਜਿਸਟਰੀ ਕਰਵਾਉਣ ਸਬੰਧੀ ਬਾਅਦ ਇੰਨਕੁਆਰੀ ਐੱਸ ਪੀ ਜਾਂਚ ਵੱਲੋਂ ਕਥਿਤ ਮੁਲਜ਼ਮ ਖਿਲਾਫ ਅਧੀਨ ਧਾਰਾ 318 (4) ਬੀਐਨਐੱਸ ਤਹਿਤ ਮੁੱਕਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਕਥਿਤ ਮੁਲਜ਼ਮ ਦੀ ਗ੍ਰਿਫ਼ਤਾਰੀ ਹਾਲੇ ਬਾਕੀ ਹੈ।

## ਰੋਟਰੀ ਕਲੱਬ ਵੱਲੋਂ ਜੈਵਿਕ ਖੇਤੀ ਤੇ ਬਾਗਬਾਨੀ ਬਾਰੇ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਰੋਟਰੀ ਕਲੱਬ ਆਫ ਹੁਸ਼ਿਆਰਪੁਰ ਦੇ ਮੈਂਬਰਾਂ ਨੂੰ ਸਿਟਰਸ ਈ-ਸਟੇਟ ਭੂੰਗਾ ਵਿਖੇ ਆਉਣ ਦਾ ਸੱਦਾ ਦਿੱਤਾ ਗਿਆ। ਜਸਪਾਲ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ ਨੇ ਆਪਣੇ ਸਟਾਫ ਸਮੇਤ ਸਾਰੇ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਸਵਾਗਤ ਕੀਤਾ। ਜੈਵਿਕ ਖੇਤੀ ਅਤੇ ਰਸੋਈ ਬਾਗਬਾਨੀ ਬਾਰੇ ਇੱਕ ਸੈਮੀਨਾਰ ਆਯੋਜਿਤ ਕੀਤਾ ਗਿਆ।ਇਸ ਮੌਕੇ ਸੀਨੀਅਰ ਪੱਤਰਕਾਰ ਅਜੀਤ, ਮੈਡਮ ਹਰਪ੍ਰੀਤ ਕੌਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇੰਦਰ ਖੁਰਾਣਾ ਅਤੇ ਉਹਨਾ ਦੀ ਧਰਮਪਤਨੀ ਅਤੇ ਫਗਵਾੜਾ ਦੇ ਉਦਯੋਗਪਤੀ ਵਿਸ਼ੇਸ਼ ਮਹਿਮਾਨ ਵਜੋਂ ਮੈਂਬਰਾਂ ਵਿੱਚ ਸ਼ਾਮਲ ਹੋਏ।ਰੋਟਰੀ ਕਲੱਬ ਵੱਲੋਂ ਮਹਿਲਾ ਉਦਯੋਗਪਤੀ ਸਨੇਹ ਜੈਨ, ਉਦਯੋਗਪਤੀ ਸੁਰਿੰਦਰ ਵਿਜ, ਉਦਯੋਗਪਤੀ ਜੀ.ਐਸ. ਬਾਵਾ, ਰਵੀ ਜੈਨ, ਅਸ਼ੋਕ ਜੈਨ ਅਤੇ ਸਕੂਲ ਪ੍ਰਿੰ: ਟਿਮਾਟਨੀ ਆਹਲੂਵਾਲੀਆ, ਲੈਪੀ ਆਹਲੂਵਾਲੀਆ, ਸੁਮਨ ਨੈਯਰ, ਓਮ ਕਾਂਤਾ, ਯੋਗੇਸ਼ ਚੰਦਰ, ਸੁਰਿੰਦਰ ਕੁਮਾਰ, ਚੰਦਨ ਸਰੀਨ ਆਦਿ ਮੌਜੂਦ ਸਨ।ਨੌਜਵਾਨ ਕਿਸਾਨ ਆਗੂ ਅੰਮ੍ਰਿਤਪਾਲ ਸਿੰਘ ਰੰਧਾਵਾ ਅਤੇ ਉਨਾਂ ਦੀ ਪਤਨੀ ਨੇ ਹਲਦੀ ਦੀ ਕਾਸ਼ਤ ਵਿੱਚ ਆਪਣੇ ਕਾਮਯਾਬੀ ਦੇ ਸਫ਼ਰ ਨੂੰ ਸਾਂਝਾ ਕੀਤਾ।



# ਸੀ ਪੀ ਆਈ ਐੱਮ ਆਗੂ ਕਾਮਰੇਡ ਬਲਵਿੰਦਰ ਪਾਲ ਬੰਗਾ ਦਾ ਪਾਰਟੀ ਸਨਮਾਨਾਂ ਨਾਲ ਸਸਕਾਰ

**ਬੰਗਾ (ਅਵਤਾਰ ਕਲੇਰ)**

ਸੀ ਪੀ ਆਈ ਐਮ ਦੇ ਤਹਿਸੀਲ ਕਮੇਟੀ ਮੈਂਬਰ ਕਾਮਰੇਡ ਬਲਵਿੰਦਰ ਪਾਲ ਬੰਗਾ ਦਾ ਅੱਜ ਪਾਰਟੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਰਾਮ ਸਿੰਘ ਨੂਰਪੁਰੀ, ਸੂਬਾ ਕਮੇਟੀ ਮੈਂਬਰ ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ, ਮਿੰਦਰ ਕੁਮਾਰ ਬਡੋਆਣ, ਜ਼ਿਲ੍ਹਾ ਸਕੱਤਰ ਚਰਨਜੀਤ ਸਿੰਘ ਦੌਲਤਪੁਰ, ਤਹਿਸੀਲ ਸਕੱਤਰ ਜੋਗਿੰਦਰ ਲੜੋਆ, ਕੁਲਦੀਪ ਝਿੰਗੜ ਸ਼ਾਮਲ ਹੋਏ ਅਤੇ ਉਨ੍ਹਾਂ ਪਾਰਟੀ ਦਾ ਲਾਲ ਝੰਡਾ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਪਾਇਆ । ਇਸ ਮੌਕੇ ਵਿਛੜੇ ਆਗੂ ਦੀ ਮ੍ਰਿਤਕ ਦੇਹ ਨੂੰ ਲਾਲ ਝੰਡਿਆਂ ਵਾਲੀ ਗੱਡੀ 'ਚ ਐਮ ਸੀ ਕਲੋਨੀ ਤੋਂ ਸ਼ਮਸ਼ਾਨਘਾਟ ਤੱਕ ਲਿਜਾਇਆ ਗਿਆ।ਜਿੱਥੇ ਉਨ੍ਹਾਂ ਦੇ ਸਪੁੱਤਰ ਪ੍ਰਿੰਸ ਪਾਲ ਨੇ ਉਨ੍ਹਾਂ ਨੂੰ ਅਗਨੀ ਭੇਟ ਕੀਤੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਅਤੇ ਸ਼ਰਧਾਂਜਲੀ ਸਮਾਰੋਹ 4 ਫਰਵਰੀ ਨੂੰ ਸੋਤਰਾਂ ਗੁਰਦੁਆਰਾ ਸਾਹਿਬ ਵਿਖੇ ਹੋਵੇਗਾ। ਇਸ ਮੌਕੇ ਸੀਟੂ ਦੇ ਪੰਜਾਬ ਦੇ ਪ੍ਰਧਾਨ ਸਾਥੀ ਮਹਾਂ ਸਿੰਘ ਰੋੜੀ, ਮੁਲਾਜ਼ਮ ਆਗੂ ਸਾਥੀ ਪ੍ਰੇਮ ਰੱਕੜ, ਨੌਜਵਾਨ ਆਗੂ ਪਰਮਜੀਤ ਰੋੜੀ, ਇਸਤਰੀ ਆਗੂ ਸੁਨੀਤਾ ਤਲਵੰਡੀ, ਪੱਤਰਕਾਰ, ਸਾਹਿਤਕਾਰ ਤੇ ਕਾਲਮ ਨਵੀਸ ਸਾਥੀ ਰਾਜ ਹੀਓਂ, ਗਗਨਦੀਪ ਗਰਚਾ, ਸਰਾਧੂ ਰਾਮ, ਬਲਵਿੰਦਰ ਕੁਮਾਰ ਪੰਚ ਹੀਓਂ ਤੋਂ ਇਲਾਵਾ ਸਮਾਜਿਕ ਅਤੇ ਰਾਜਨੀਤਿਕ ਆਗੂਆਂ ਵਿੱਚੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਕੌਂਸਲਰ ਨਰਿੰਦਰਜੀਤ ਰੱਤੂ, ਬਿਸ਼ਨ ਸਿੰਘ ਝਿੰਗੜ, ਭਾਜਪਾ ਦੇ ਬਾਬਾ ਦਵਿੰਦਰ ਕੌੜਾ, ਡਾ. ਬਲਵੀਰ ਸ਼ਰਮਾ, ਕੌਂਸਲਰ ਹਿੰਮਤ ਤੇਜਪਾਲ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਹਰਪਾਲ ਸਿੰਘ ਜਗਤਪੁਰ ਤੇ ਡਾ. ਹਰਬਿਲਾਸ ਹੀਓਂ, ਬਹਾਦਰ ਲਾਲ ਭਟੋਆ, ਰਿਟਾਇਰ ਪੁਲਸ ਅਧਿਕਾਰੀ ਜਗਤਾਰ ਸਿੰਘ ਕੈਂਥ, ਰਿਟਾਇਰ ਐਸ ਐਮ ਓ ਡਾ. ਨਿਰੰਜਨ ਪਾਲ, ਮਾਸਟਰ ਅਸ਼ੋਕ ਹੀਓਂ ਸਾਬਕਾ ਸਰਪੰਚ ਤਰਸੇਮ ਝੱਲੀ ਆਦਿ ਹਾਜ਼ਰ ਸਨ।



# ਡੀ ਟੀ ਐੱਫ ਵੱਲੋਂ ਸਰਕਾਰੀ ਸਕੂਲਾਂ 'ਚ ਪ੍ਰਿੰਸੀਪਲਾਂ ਦੀਆਂ ਖਾਲੀ ਪੋਸਟਾਂ ਦੀ ਰਿਪੋਰਟ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਿੰਸੀਪਲਾਂ ਦੀਆਂ ਅਸਾਮੀਆਂ ਦੀ ਸਥਿਤੀ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ ਟੀ ਐੱਫ) ਵੱਲੋਂ ਜਾਰੀ ਰਿਪੋਰਟ ਅਨੁਸਾਰ 1927 ਵਿੱਚੋਂ 855 (44 ਫੀਸਦੀ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪ੍ਰਿੰਸੀਪਲ ਦੀ ਅਸਾਮੀ ਖਾਲੀ ਹੋਣ, 10 ਜ਼ਿਲ੍ਹਿਆਂ ਅਤੇ 77 ਸਿੱਖਿਆ ਬਲਾਕਾਂ ਦੇ 50 ਫੀਸਦੀ ਤੋਂ ਜਿਆਦਾ ਸਕੂਲਾਂ ਵਿੱਚ ਕੋਈ ਵੀ ਪ੍ਰਿੰਸੀਪਲ ਨਾ ਹੋਣ ਦੇ ਖੁਲਾਸੇ ਹੋਏ ਹਨ। ਡੀ ਟੀ ਐੱਫ ਨੇ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਲਿਆਉਣ ਦੇ ਦਾਅਵੇ 'ਤੇ ਸਵਾਲ ਚੁੱਕਦੇ ਹੋਏ ਇਨ੍ਹਾਂ ਸਕੂਲਾਂ 'ਚ ਸਿੱਧੀ ਭਰਤੀ ਅਤੇ ਹੈਡ ਮਾਸਟਰ ਤੇ ਲੈਕਚਰਾਰ ਕਾਡਰਾਂ ਤੋਂ ਵਿਭਾਗੀ ਤਰੱਕੀਆਂ ਕਰਦਿਆਂ ਪ੍ਰਿੰਸੀਪਲਾਂ ਦੀਆਂ ਸਾਰੀਆਂ ਅਸਾਮੀਆਂ ਫੌਰੀ ਭਰਨ ਦੀ ਮੰਗ ਕੀਤੀ ਹੈ।ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਦੱਸਿਆ ਕਿ ਜਥੇਬੰਦਕ ਢਾਂਚੇ ਰਾਹੀਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਮਾਨਸਾ ਜ਼ਿਲ੍ਹੇ ਦੇ 73 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚੋਂ 60 ਅਤੇ ਬਰਨਾਲੇ ਦੇ 47 ਵਿੱਚੋਂ 36 ਸਕੂਲਾਂ ਵਿੱਚ ਪ੍ਰਿੰਸੀਪਲ ਦੀ ਅਸਾਮੀ ਖਾਲੀ ਹੈ ਅਤੇ ਇੱਥੇ ਪ੍ਰਿੰਸੀਪਲਾਂ ਦੀ ਮੌਜੂਦਗੀ ਪੱਖੋਂ ਹਾਲ ਸਭ ਤੋਂ ਮੰਦੜੇ ਹਨ।ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਚੀਮਾ ਅਤੇ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਦੇ ਜੱਦੀ ਜਿਲ੍ਹੇ ਸੰਗਰੂਰ ਵਿੱਚ 95 ਵਿੱਚੋਂ 57 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪ੍ਰਿੰਸੀਪਲ ਦੀ ਅਸਾਮੀ ਖਾਲੀ ਪਈ ਹੈ। ਇਸੇ ਤਰ੍ਹਾਂ ਪਟਿਆਲਾ ਜਿਲ੍ਹੇ ਦੇ 109 ਵਿੱਚੋਂ 17, ਫਤਿਹਗੜ੍ਹ ਸਾਹਿਬ ਦੇ 44 ਵਿੱਚੋਂ 11, ਬਠਿੰਡਾ ਦੇ 129 ਵਿੱਚੋਂ 82, ਫਿਰੋਜ਼ਪੁਰ ਦੇ 63 ਵਿੱਚੋਂ 33, ਫਾਜ਼ਿਲਕਾ ਦੇ 79 ਵਿੱਚੋਂ 18, ਮੁਕਤਸਰ ਦੇ 88 ਵਿੱਚੋਂ 32, ਮੋਗਾ ਦੇ 84 ਵਿੱਚੋਂ 56, ਫਰੀਦਕੋਟ ਦੇ 42 ਵਿੱਚੋਂ 18, ਮਾਲੇਰਕੋਟਲਾ ਦੇ 27 ਵਿੱਚੋਂ 14, ਲੁਧਿਆਣਾ ਦੇ 182 ਵਿੱਚੋਂ 69, ਅੰਮ੍ਰਿਤਸਰ ਦੇ 119 ਵਿੱਚੋਂ 36, ਤਰਨਤਾਰਨ ਦੇ 77 ਵਿੱਚੋਂ 51, ਗੁਰਦਾਸਪੁਰ ਦੇ 117 ਵਿੱਚੋਂ 47, ਪਠਾਨਕੋਟ ਦੇ 47 ਵਿੱਚੋਂ 13, ਜਲੰਧਰ ਦੇ 159 ਵਿੱਚੋਂ 69, ਨਵਾਂ ਸ਼ਹਿਰ ਦੇ 52 ਵਿੱਚੋਂ 30, ਹੁਸ਼ਿਆਰਪੁਰ ਦੇ 130 ਵਿੱਚੋਂ 56 ਅਤੇ ਕਪੂਰਥਲਾ ਦੇ 62 ਵਿੱਚੋਂ 37 ਸਕੂਲਾਂ ਵਿੱਚ ਪ੍ਰਿੰਸੀਪਲ ਦੀ ਅਸਾਮੀ ਖਾਲੀ ਹੈ।ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਜੱਦੀ ਜਿਲ੍ਹੇ ਰੂਪਨਗਰ ਵਿੱਚ ਵੀ 55 ਵਿੱਚੋਂ 13 ਸਰਕਾਰੀ ਸਕੂਲਾਂ ਵਿੱਚ ਪ੍ਰਿੰਸੀਪਲ ਦੀ ਅਸਾਮੀ ਖਾਲੀ ਹੈ। ਇਸ ਦੌਰਾਨ ਇਹ ਵੀ ਤੱਥ ਸਾਹਮਣੇ ਆਇਆ ਕਿ 9 ਸਿੱਖਿਆ ਬਲਾਕਾਂ ਵਿੱਚ ਇੱਕ ਵੀ ਪ੍ਰਿੰਸੀਪਲ ਹੀ ਨਹੀਂ ਹੈ। ਜਿਹਨਾਂ ਵਿੱਚ ਸੰਗਰੂਰ ਜਿਲ੍ਹੇ ਦਾ ਮੂਨਕ, ਹੁਸ਼ਿਆਰਪੁਰ ਦਾ ਗੜ੍ਹਸ਼ੰਕਰ-2, ਕਪੂਰਥਲੇ ਦੇ ਸੁਲਤਾਨਪੁਰ ਤੇ ਭੁਲੱਥ, ਨਵਾਂ ਸ਼ਹਿਰ ਦਾ ਸੜੋਆ, ਤਰਨਤਾਰਨ ਦਾ ਵਲਟੋਹਾ, ਜਲੰਧਰ ਦੇ ਸ਼ਾਹਕੋਟ ਤੇ ਨੂਰਮਹਿਲ ਅਤੇ ਅੰਮ੍ਰਿਤਸਰ ਦਾ ਅਜਨਾਲਾ-2 ਬਲਾਕ ਸ਼ਾਮਿਲ ਹਨ। ਇਸ ਤੋਂ ਇਲਾਵਾ 13 ਸਿੱਖਿਆ ਬਲਾਕਾਂ ਵਿੱਚ ਕੇਵਲ ਇੱਕ-ਇੱਕ ਪ੍ਰਿੰਸੀਪਲ ਹੀ ਮੌਜੂਦ ਹੈ।

## ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਵਲੋਂ 30 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ।ਪੁਲਸ ਥਾਣਾ ਔੜ ਦੇ ਏਐੱਸਆਈ ਨਿਰਮਲ ਸਿੰਘ ਨੇ ਦੱਸਿਆ ਕਿ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਪਿੰਡ ਗੜ੍ਹੀ ਅਜੀਤ ਸਿੰਘ ਮੌਜੂਦ ਸੀ ਤਾਂ ਇਕ ਮੋਟਰ ਸਾਇਕਲ ਸਵਾਰ ਕਸਬਾ ਔੜ ਵੱਲੋਂ ਆਇਆ। ਜਿਸ ਨੇ ਸਾਹਮਣੇ ਪੁਲਸ ਪਾਰਟੀ ਖੜੀ ਦੇਖ ਕੇ ਘਬਰਾ ਕਿ ਮੋਟਰਸਾਇਕਲ ਦੇ ਹੈਂਡਲ ਨਾਲ ਲਟਕਦਾ ਕਾਲੇ ਰੰਗ ਦਾ ਲਿਫਾਫਾ ਕਾਹਲੀ ਨਾਲ ਲਾਹ ਕੇ ਗੇਟ ਦੇ ਥਮੜੇ ਕੋਲ ਸੁੱਟ ਦਿੱਤਾ।ਜਿਸ ਨੂੰ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਨਾਂਅ ਪਤਾ ਪੁੱਛਿਆ। ਜਿਸ ਨੇ ਆਪਣਾ ਨਾਂਅ ਅਜੀਤ ਪਾਲ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਪਿੰਡ ਮੱਲਾ ਬੇਦੀਆਂ ਦੱਸਿਆ। ਜੋ ਕਾਲੇ ਰੰਗ ਦੇ ਲਿਫਾਫੇ ਦੀ ਤਲਾਸ਼ੀ ਕਰਨ ਤੇ ਤਿੰਨ ਪੱਤੇ 10-10 ਗੋਲੀਆਂ ਦੇ ਕੁੱਲ 30 ਨਸ਼ੀਲੀਆਂ ਗੋਲੀਆਂ ਅਲਪਰਾਜੋਲਮ ਬਰਾਮਦ ਹੋਈਆਂ। ਪੁਲਸ ਨੇ ਪਰਚਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਵਿਸ਼ਵ ਕੋਹੜ ਰੋਗ ਦਿਵਸ 'ਤੇ ਜਾਗਰੂਕਤਾ ਮੁਹਿੰਮ ਚਲਾਈ



**ਮਹਿਤਪੁਰ (ਰਾਜਾ)**-ਵਿਸ਼ਵ ਕੋਹੜ ਰੋਗ ਦਿਵਸ ਦੇ ਮੌਕੇ 'ਤੇ ਪ੍ਰਾਇਮਰੀ ਹੈਲਥ ਸੈਂਟਰ ਮਿਹਤਪੁਰ ਦੇ ਹਰ ਪਿੰਡ ਵਿੱਚ ਵਿਸ਼ੇਸ਼ ਜਾਗਰੂਕਤਾ ਸਮਾਗਮ ਆਯੋਜਿਤ ਕੀਤਾ ਗਿਆ।ਇਹ ਪ੍ਰੋਗਰਾਮ ਨਿਰਦੇਸ਼ ਅਨੁਸਾਰ ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਅਗਵਾਈ ਵਿੱਚ ਕੀਤਾ ਗਿਆ।ਇਸ ਸਮਾਗਮ ਦਾ ਆਯੋਜਨ ਸੀਨੀਅਰ ਮੈਡੀਕਲ ਅਫ਼ਸਰ ਡਾ. ਮਹੇਸ਼ ਪ੍ਰਭਾਕਰ ਦੁਆਰਾ ਕੀਤਾ ਗਿਆ ਅਤੇ ਬਲਾਕ ਐਜੂਕੇਟਰ ਹਿਮਾਲਿਆ ਪ੍ਰਕਾਸ਼ ਨੇ ਇਸ ਦੀ ਕਮਾਨ ਸੰਭਾਲੀ। ਪ੍ਰੋਗਰਾਮ ਵਿੱਚ ਮੈਡੀਕਲ ਸਟਾਫ਼ ਵਜੋਂ ਡਾ. ਸ਼ਿਵਾਲੀ, ਡਾ. ਕੁਲਪ੍ਰੀਤ, ਐਸ.ਆਈ. ਦਵਿੰਦਰ ਅਤੇ ਹੋਰ ਕਰਮਚਾਰੀਆਂ ਨੇ ਭਾਗ ਲਿਆ।ਇਸ ਦੌਰਾਨ, ਕੋੜ੍ਹ ਰੋਗ (ਲੇਪਰੋਸੀ) ਬਾਰੇ ਜਾਗਰੂਕਤਾ ਫੈਲਾਉਣ ਅਤੇ ਇਸਦੇ ਇਲਾਜ ਦੀ ਜਾਣਕਾਰੀ ਦੇਣ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਮਹਿਤਪੁਰ ਬਲਾਕ ਦੇ ਲੋਕਾਂ ਨੂੰ ਕੋਹੜ ਰੋਗ ਦੇ ਸ਼ੁਰੂਆਤੀ ਲੱਛਣ, ਪਛਾਣ, ਇਲਾਜ ਅਤੇ ਸਰਕਾਰੀ ਸਕੀਮਾਂ ਦੀ ਜਾਣਕਾਰੀ ਵੀ ਦਿੱਤੀ ਗਈ।

## ਕੈਂਸਰ ਜਾਂਚ ਤੇ ਜਾਗਰੂਕਤਾ ਕੈਂਪ 6 ਨੂੰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਲੋਂ ਸਵ. ਮੱਖਣ ਸਿੰਘ ਜੌਹਲ ਦੀ ਨਿੱਘੀ ਯਾਦ ਵਿਚ ਵਰਲਡ ਕੈਂਸਰ ਕੇਅਰ ਯੂ.ਕੇ. ਦੇ ਸਹਿਯੋਗ ਨਾਲ ਕੈਂਸਰ ਜਾਂਚ ਅਤੇ ਜਾਗਰੂਕਤਾ ਕੈਂਪ 6 ਫਰਵਰੀ ਦਿਨ ਵੀਰਵਾਰ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਲਗਾਇਆ ਜਾ ਰਿਹਾ ਹੈ।ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਕੈਂਪ ਦੌਰਾਨ ਔਰਤਾਂ ਦੀ ਛਾਤੀ ਲਈ ਮੈਮੋਗਰਾਫੀ ਟੈਸਟ, ਬੱਚੇਦਾਨੀ ਲਈ ਪੈਪ ਸਮੇਅਰ ਟੈਸਟ, ਮਰਦਾਂ ਦੀਆਂ ਗਦੂਦਾਂ ਦੀ ਜਾਂਚ ਲਈ ਪੀ.ਐਸ.ਏ. ਟੈਸਟ, ਬਲੱਡ ਕੈਂਸਰ ਦਾ ਟੈਸਟ, ਮੂੰਹ ਤੇ ਗਲੇ ਦੇ ਕੈਂਸਰ ਦਾ ਟੈਸਟ, ਹੱਡੀਆਂ ਦੇ ਟੈਸਟ ਬਿਲਕੁਲ ਫ੍ਰੀ ਕੀਤੇ ਜਾਣਗੇ। ਲੋੜਵੰਦਾਂ ਨੂੰ ਸਹੀ ਸਲਾਹ ਦੇ ਨਾਲ ਸ਼ੂਗਰ ਤੇ ਬੀ.ਪੀ. ਦੇ ਟੈਸਟ ਵੀ ਕੀਤੇ ਜਾਣਗੇ। ਇਸ ਤੋਂ ਇਲਾਵਾ ਕੈਂਸਰ ਅਵੇਅਰਨੈਸ ਦੀ ਲਿਫਲੈੱਟ ਵੀ ਵੰਡੇ ਜਾਣਗੇ।

## ਜੇ ਡੀ ਸੈਂਟਰਲ ਸਕੂਲ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ



**ਮਹਿਤਪੁਰ (ਰਾਜਾ)**- ਜੇ ਡੀ ਸੈਂਟਰਲ ਸਕੂਲ ਆਦਰਾਮਾਨ ਵਿਖੇ ਹਰੇਕ ਤਿਉਹਾਰ ਦੀ ਤਰ੍ਹਾਂ ਬਸੰਤ ਪੰਚਮੀ ਦਾ ਤਿਉਹਾਰ ਵੀ ਸਰਦਾਰ ਸਿਮਰਜੀਤ ਸਿੰਘ ਮੋਮੀ ਮੌਜੂਦਾ ਚੇਅਰਮੈਨ ਅਤੇ ਪ੍ਰਿੰਸੀਪਲ ਮੈਡਮ ਰੰਜਨਾ ਰਾਏ ਦੀ ਅਗਵਾਈ ਹੇਠ ਬਹੁਤ ਹੀ ਸੁਚੱਜੇ ਢੰਗ ਦੇ ਨਾਲ ਮਨਾਇਆ ਗਿਆ।ਸਮੂਹ ਸਟਾਫ ਦਾ ਅਤੇ ਪ੍ਰਿੰਸੀਪਲ ਮੈਡਮ ਰੰਜਨਾ ਰਾਏ ਦਾ ਮੁੱਖ ਮੰਤਵ ਸਵਰਗੀ ਸਰਦਾਰ ਰਵੀਪਾਲ ਸਿੰਘ ਦੇ ਵੇਖੇ ਸੁਪਨੇ ਨੂੰ ਸਾਕਾਰ ਕਰਨ ਦਾ ਹੈ। ਇਹ ਸੁਪਨਾ ਹੁਣ ਸਕਾਰ ਹੁੰਦਾ ਨਜ਼ਰ ਆ ਰਿਹਾ ਹੈ।ਪ੍ਰਿੰਸੀਪਲ ਮੈਡਮ ਰੰਜਨਾ ਰਾਏ ਨੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਤਿਉਹਾਰ ਦੇ ਇਤਿਹਾਸ ਤੋਂ ਜਾਣੂ ਕਰਵਾਇਆ ।ਵਿਦਿਆਰਥੀ ਬਸੰਤੀ ਰੰਗ ਦੇ ਪਹਿਰਾਵੇ ਵਿੱਚ ਬਹੁਤ ਹੀ ਸੋਹਣੇ ਲੱਗ ਰਹੇ ਸਨ। ਪ੍ਰਿੰਸੀਪਲ ਮੈਡਮ ਰੰਜਨਾ ਰਾਏ ਨੇ ਵਿਦਿਆਰਥੀਆਂ ਨੂੰ ਵੀ ਇਹ ਸਿੱਖਿਆ ਦਿੱਤੀ ਕਿ ਉਹ ਚਾਈਨਾ ਡੋਰ ਦੀ ਬਜਾਏ ਜੋ ਹੱਥਾਂ ਦੇ ਨਾਲ ਪ੍ਰਾਚੀਨ ਤਰੀਕੇ ਦੇ ਨਾਲ ਡੋਰ ਤਿਆਰ ਕੀਤੀ ਜਾਂਦੀ ਸੀ ਇਸੇ ਹੀ ਤਰ੍ਹਾਂ ਦੀ ਡੋਰ ਵਰਤਣ ਤੇ ਪਤੰਗ ਉਡਾਉਂਦੇ ਸਮੇਂ ਸਾਵਧਾਨੀਆਂ ਵਰਤਣ ।ਸਕੂਲ ਦੇ ਛੋਟੇ ਛੋਟੇ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਬਸੰਤ ਪੰਚਮੀ ਦੇ ਮੌਕੇ 'ਤੇ ਗਤੀਵਿਧੀਆਂ ਕੀਤੀਆਂ, ਜਿਸ ਦੀ ਸਮੂਹ ਇਲਾਕੇ ਵਿੱਚ ਖੂਬ ਸ਼ਲਾਘਾ ਕੀਤੀ।

## ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ 11 ਨੂੰ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**- ਸਥਾਨਕ ਗੁਰਦੁਆਰਾ ਸੌਂਹ ਸਾਹਿਬ ਮੁਹੱਲਾ ਦੀਵਾਨਿਆ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਸਬੰਧੀ ਧਾਰਮਿਕ ਪ੍ਰੋਗਰਾਮ 10 ਤੋਂ 12 ਫਰਵਰੀ ਤੱਕ ਮਨਾਏ ਜਾ ਰਹੇ ਹਨ। ਇਸ ਸਬੰਧੀ ਹੋਈ ਮੀਟਿੰਗ ਵਿੱਚ ਇਕੱਤਰ ਹੋਏ ਪੰਬੰਧਕਾਂ ਨੇ ਦੱਸਿਆ ਕਿ 10 ਫਰਵਰੀ ਤੱਕ ਪ੍ਰਭਾਤ ਫੇਰੀਆਂ ਹੋਣਗੀਆਂ, 11 ਫਰਵਰੀ ਨੂੰ ਮਹਾਨ ਨਗਰ ਕੀਰਤਨ ਸਜਾਏ ਜਾਣਗੇ । 12 ਫਰਵਰੀ ਨੂੰ ਗੁਰਦੁਆਰਾ ਸੌਂਹ ਸਾਹਿਬ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਕੀਰਤਨ ਤੇ ਕਥਾ ਵਾਚਕ ਬਾਬਾ ਰਜਿੰਦਰ ਸਿੰਘ ਬੂਹੇ ਵਾਲੇ (ਰਾਜਪੁਰਾ), ਰਾਤ ਦੇ ਦੀਵਾਨ ਵਿੱਚ ਬਾਬਾ ਬਲਰਾਮ ਸਿੰਘ ਭਵਾਨੀਪੁਰ (ਖੁਰਾਲਗੜ੍ਹ) ਵਾਲੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਹਾਜ਼ਰ ਪ੍ਰਬੰਧਕਾਂ ਵਿੱਚ ਸ਼ਿੰਗਾਰਾ ਰਾਮ ਪ੍ਰਧਾਨ, ਹਲਕਾ ਵਿਧਾਇਕ ਨਛੱਤਰਪਾਲ, ਬਿਮਲ ਕੁਮਾਰ, ਕੌਂਸਲਰ ਜਨਰਲ ਸਕੱਤਰ, ਸੰਤ ਰਾਮ ਚੇਅਰਮੈਨ, ਜਸਵੰਤ ਰਾਏ ਕੈਸ਼ੀਅਰ, ਕੇਵਲ ਰਾਮ, ਬਲਵਿੰਦਰ ਬਿੱਲਾ, ਰਾਕੇਸ਼ ਕੁਮਾਰ, ਮਲਕੀਤ ਰਾਮ, ਮੋਹਣ ਸਿੰਘ, ਕਸ਼ਮੀਰ ਸਿੰਘ, ਬਾਬਾ ਰਜਿੰਦਰ ਸਿੰਘ, ਬਲਵੀਰ ਭੋਲਾ, ਮਨਜੀਤ ਕੌਰ ਕੌਂਸਲਰ, ਛੋਟੂ ਰਾਮ, ਸੁਖਵਿੰਦਰ ਸਿੰਘ ਪ੍ਰੀਤ, ਸੁਰਿੰਦਰ ਕੁਮਾਰ ਇਟਲੀ, ਕਸ਼ਮੀਰੀ ਲਾਲ, ਸੱਤਪਾਲ ਸਰੋਆ, ਜਨਕ ਰਾਜ ਆਦਿ ਹਾਜ਼ਰ ਸਨ।

# ਲੋੜਵੰਦਾਂ ਨੂੰ ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਨੇ ਕੰਬਲ ਵੰਡੇ



**ਲੋਹੀਆਂ ਖਾਸ, (ਯੋਗੇਸ਼ਵਰ)**

ਪ੍ਰਵਾਸੀ ਭਾਰਤੀ ਵੀਰਾਂ ਅਤੇ ਸਥਾਨਕ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਨਦਰਿ ਕਰਮਿ ਸੇਵਾ ਦਲ ਲੋਹੀਆਂ ਖਾਸ, ਗੁ: ਸਿੱਖ ਸੈਂਟਰ ਆਫ਼ ਸਿਆਟਲ ਅਮਰੀਕਾ, ਸੋਚ ਸੈਂਟਰ ਸਿਆਟਲ ਅਮਰੀਕਾ ਵਲੋਂ ਲੋੜਵੰਦ ਪਰਵਾਰਾਂ ਦੀ ਮਦਦ ਲਈ ਕੀਤੇ ਜਾ ਰਹੇ ਉਪਰਾਲਿਆਂ 'ਚ ਗਰਮੀਆਂ ਅਤੇ ਖਾਸ ਤੌਰ 'ਤੇ ਸਿਆਲਾਂ ਵਾਲੇ ਕੱਪੜਿਆਂ ਦੇ ਨਾਲ ਨਾਲ ਲੋੜਵੰਦਾਂ ਨੂੰ ਕੰਬਲ ਵੰਡਣ ਦੀ ਸੇਵਾ ਇਨ੍ਹਾਂ ਸਿਆਲਾਂ ਵਿੱਚ ਵੀ ਜਾਰੀ ਰੱਖੀ ਜਾ ਰਹੀ ਹੈ। ਲੋਹੀਆਂ ਸ਼ਹਿਰ ਦੇ ਰੈਡੀਮੇਡ ਦੇ ਕਾਰੋਬਾਰ ਨਾਲ ਸਬੰਧਤ ਦੁਕਾਨਦਾਰ ਅਹੂਜਾ ਰੈਡੀਮੇਡ ਐਂਡ ਜਨਰਲ ਸਟੋਰ, ਰਾਜੀਵ ਗਾਰਮੈਂਟਸ, ਜੱਸੀ ਰੈਡੀਮੇਡ ਗਾਰਮੈਂਟਸ, ਅਭੀ ਕੁਲੈਕਸ਼ਨ, ਈਜ਼ੀ ਸ਼ਾਪਿੰਗ ਸੈਂਟਰ, ਬਿੱਕਰ ਸਿੰਘ ਸ਼ਤਾਬਗੜ੍ਹ ਪ੍ਰੈੱਸ, ਬਲਵੰਤ ਸਿੰਘ ਜੀੜ ਅਤੇ ਜਗਤਾਰ ਸਿੰਘ ਮਨੀਲਾ ਡਾ. ਤਰਸੇਮ ਸਿੰਘ ਰਤਨਪਾਲ, ਬਲਵਿੰਦਰ ਸਿੰਘ ਬਿੰਦੂ ਤੇ ਹੋਰ ਬਹੁਤ ਸਾਰੇ ਦਾਨੀਆਂ ਵਲੋਂ ਤਲਾਈਆਂ, ਰਜਾਈਆਂ ਉਨੀ ਕੱਪੜੇ ਸਕਾਰਫ਼, ਮਫਲਰ, ਕੋਟੀਆਂ, ਟੋਪੀਆਂ, ਸਵੈਟਰ, ਜੁਰਾਬਾਂ ਵਗੈਰਾ ਭੇਜੇ ਗਏ ਜੋ ਲੋੜਵੰਦਾਂ ਵਿੱਚ ਵੰਡ ਦਿੱਤੇ ਗਏ। ਇਸ ਤੋਂ ਇਲਾਵਾ ਨਵੰਬਰ ਤੋਂ ਫਰਵਰੀ ਦਰਮਿਆਨ ਭਰ ਸਿਆਲਾਂ ਵਿੱਚ ਉਚੇਚੇ ਤੌਰ 'ਤੇ ਅਸ਼ੋਕ ਕੁਮਾਰ ਬਿੱਟੂ (ਸਵਿਟਜ਼ਰਲੈਂਡ) ਸੰਤੋਖ ਸਿੰਘ ਗਿੱਲ (ਅਮਰੀਕਾ) ਅਤੇ ਹੋਰ ਦਾਨੀ ਸੱਜਣਾਂ ਦੇ ਉਪਰਾਲੇ ਸਦਕਾ ਇਸ ਸਾਲ 150 ਨਵੇਂ ਕੰਬਲ ਖ਼ਰੀਦੇ ਗਏ, ਜਿਨ੍ਹਾਂ 'ਚੋਂ 95 ਕੰਬਲ ਨਵੰਬਰ ਵਿੱਚ ਸਲਾਨਾ ਰਾਸ਼ਨ ਵੰਡ ਸਮਾਗਮ ਮੌਕੇ ਲੋੜਵੰਦ ਪਰਿਵਾਰਾਂ ਨੂੰ ਦੇਣ ਤੋਂ ਉਪਰੰਤ ਬਾਕੀ ਕੰਬਲ ਸਾਰਾ ਸਿਆਲ ਟਰੱਸਟ ਦੇ ਦਫ਼ਤਰ ਵਿੱਚੋਂ ਲੋੜਵੰਦ ਪਰਵਾਰ ਕੱਪੜੇ ਅਤੇ ਕੰਬਲ ਲਿਜਾਂਦੇ ਰਹੇ ਜਦਕਿ ਟਰੱਸਟ ਦੀ ਟੀਮ ਵਲੋਂ ਉਚੇਚੇ ਤੌਰ ਤੇ ਝੁੱਗੀਆਂ ਝੌਂਪੜੀਆਂ ਵਿੱਚ ਪਹੁੰਚ ਕੇ ਲੋੜਵੰਦਾਂ ਨੂੰ ਕੰਬਲ ਅਤੇ ਨਿੱਘੇ ਕੱਪੜੇ ਵੰਡਣ ਦੀ ਸੇਵਾ ਜਾਰੀ ਰੱਖੀ ਗਈ।

## ਬਜਟ ਇਕਪਾਸੜ : ਪੀਰ ਮੁਹੰਮਦ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ):** ਕੇਂਦਰ ਸਰਕਾਰ ਦੀ ਵਿੱਤ ਮੰਤਰੀ ਵੱਲੋਂ ਪੇਸ਼ ਹੋਇਆਂ ਕੇਂਦਰੀ ਬਜਟ ਪੰਜਾਬ ਸਮੇਤ ਦੇਸ਼ ਦੇ ਵੱਡੇ ਹਿੱਸੇ ਨੂੰ ਨਜ਼ਰਅੰਦਾਜ਼ ਕਰਕੇ ਹੀ ਬਣਾਇਆ ਗਿਆ ਹੈ।ਇਹ ਵਿਚਾਰ ਪ੍ਰਗਟ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਇਹ ਬਜਟ ਕੇਵਲ ਚੋਣਾਂ ਵਾਲੇ ਸੂਬਿਆਂ 'ਤੇ ਕੇਂਦ੍ਰਿਤ ਹੈ ਅਤੇ ਜੋ ਵਿਕਾਸ ਤੋਂ ਵੀ ਬਿਲਕੁੱਲ ਵਾਂਝਾ ਹੈ।ਇਸ ਵਿੱਚ ਘੱਟੋ-ਘੱਟ ਸਮਰਥਨ ਮੁੱਲ ਦੀ ਕੋਈ ਕਾਨੂੰਨੀ ਗਰੰਟੀ ਨਹੀਂ ਦਿੱਤੀ ਗਈ ਅਤੇ ਨਾ ਹੀ ਕਿਸਾਨੀ ਕਰਜ਼ੇ ਮੁਆਫ਼ ਕਰਕੇ ਖੇਤੀਬਾੜੀ ਅਰਥਵਿਵਸਥਾ ਨੂੰ ਸੁਧਾਰਨ ਦੀ ਕੋਈ ਚਰਚਾ ਹੈ।ਪੰਜਾਬ ਦੇ ਕਿਸਾਨ ਝੋਨੇ ਦੀ ਕਾਸ਼ਤ ਨੂੰ ਛੱਡ ਕੇ ਖੇਤੀ ਵਿਭਿੰਨਤਾ ਨੂੰ ਹਕੀਕਤ 'ਚ ਅਪਣਾਉਣ ਲਈ ਵੀ ਕੇਂਦਰ ਤੋਂ ਫੰਡਾਂ ਦੀ ਉਮੀਦ ਕਰ ਰਹੇ ਸਨ, ਪਰ ਅਜਿਹਾ ਕੁਝ ਵੀ ਨਹੀਂ ਹੋਇਆ । ਪੰਜਾਬ ਨੂੰ ਆਪਣੀ ਨਹਿਰੀ ਸਿੰਚਾਈ ਪ੍ਰਣਾਲੀ ਨੂੰ ਸੁਧਾਰਨ ਲਈ ਵੀ ਫੰਡਾਂ ਦੀ ਲੋੜ ਹੈ, ਪਰ ਕੇਂਦਰ ਵੱਲੋਂ ਇਸ ਤੋਂ ਸਾਫ਼ ਇਨਕਾਰ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਨੌਜਵਾਨੀ, ਵਪਾਰ ਅਤੇ ਉਦਯੋਗ ਨੂੰ ਵੀ ਅਣਗੌਲਿਆ ਕਰ ਦਿੱਤਾ ਗਿਆ ਹੈ, ਉੱਥੇ ਹੀ ਰੁਜ਼ਗਾਰ ਪੈਦਾ ਕਰਨ ਜਾਂ ਜੀ.ਐਸ.ਟੀ ਸੰਬੰਧੀ ਸੁਧਾਰ 'ਚ ਵੀ ਕੋਈ ਖਾਸ ਉਪਰਾਲਾ ਦੇਖਣ ਨੂੰ ਨਹੀਂ ਮਿਲਿਆ ।

# 21 ਦੀ 'ਨੇਚਰ ਫੈਸਟ' ਦੀਆਂ ਤਿਆਰੀਆਂ ਆਰੰਭ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਓ ਪੀ ਰਾਣਾ)**

ਜ਼ਿਲ੍ਹਾ ਪ੍ਰਸ਼ਾਸਨ ਵਲੋਂ 21 ਫਰਵਰੀ ਤੋਂ 25 ਫਰਵਰੀ ਤੱਕ ਸਥਾਨਕ ਲਾਜਵੰਤੀ ਖੇਡ ਸਟੇਡੀਅਮ ਵਿਖੇ ਕਰਵਾਏ ਜਾ ਰਹੇ 'ਨੇਚਰ ਫੈਸਟ' ਦੀਆਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ ਜਿਸ ਤਹਿਤ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਇੰਤਜਾਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਨੇ ਕਿਹਾ ਕਿ 5 ਰੋਜ਼ਾ ਫੈਸਟੀਵਲ ਦੌਰਾਨ ਹੁਸ਼ਿਆਰਪੁਰ ਜ਼ਿਲ੍ਹੇ ਦੀ ਅਮੀਰ ਕੁਦਰਤੀ ਵਿਰਾਸਤ ਬਾਰੇ ਲੋਕਾਂ ਨੂੰ ਜਾਣੂ ਕਰਵਾਉਂਦਿਆਂ ਵਿਸ਼ੇਸ਼ ਥਾਵਾਂ ਦਾ ਦੌਰਾ ਕਰਵਾਇਆ ਜਾਵੇਗਾ।ਇਸ ਪਲੇਟਫਾਰਮ ਰਾਹੀਂ ਨਾ ਸਿਰਫ਼ ਕੁਦਰਤੀ ਸੋਮਿਆਂ ਸਗੋਂ ਹਸਤਕਲਾ, ਸੈਲਫ ਹੈਲਪ ਗਰੁੱਪਾਂ, ਵਾਤਾਵਰਣ ਪੱਖੀ ਸਰਗਰਮੀਆਂ ਤੋਂ ਇਲਾਵਾ ਜ਼ਿਲ੍ਹੇ ਨਾਲ ਸਬੰਧਤ ਅਗਾਂਹਵਧੂ ਸ਼ਖ਼ਸੀਅਤਾਂ ਵਲੋਂ ਤਿਆਰ ਕੀਤੀਆਂ ਜਾ ਰਹੀਆਂ ਵਸਤਾਂ ਦੀ ਪੇਸ਼ਕਾਰੀ ਨੂੰ ਹੋਰ ਉਭਾਰਿਆ ਜਾਵੇਗਾ। ਪੰਜਾਬੀ ਵਿਰਸੇ ਅਤੇ ਸਭਿਆਚਾਰ ਨਾਲ ਜੁੜੇ ਪ੍ਰੋਗਰਾਮਾਂ ਤੋਂ ਇਲਾਵਾ ਪੰਜਾਬ ਦੇ ਲੋਕ ਨਾਚ ਅਤੇ ਵਿਦਿਆਰਥੀਆਂ ਵਲੋਂ ਆਪਣੀਆਂ ਪੇਸ਼ਕਾਰੀਆਂ ਦਿੱਤੀਆਂ ਜਾਣਗੀਆਂ। ਸਭਿਆਚਾਰਕ ਪ੍ਰੋਗਰਾਮ, ਸੈਲਫ ਹੈਲਪ ਗਰੁੱਪਾਂ ਦੀ ਪ੍ਰਦਰਸ਼ਨੀ, ਫੂਡ ਬਾਜ਼ਾਰ, ਕਿਸਾਨ ਮਾਰਕੀਟ, ਸੰਗੀਤਕ ਸ਼ਾਮ, ਕਾਈਟ ਫਲਾਇੰਗ, ਹਾਟ ਏਅਰ ਬੈਲੂਨਿੰਗ ਆਦਿ ਖਿੱਚ ਦਾ ਕੇਂਦਰ ਰਹਿਣਗੇ। ਨਾਰਾ ਡੈਮ ਵਿਚ ਕੈਂਪਿੰਗ, ਟਰੈਕਿੰਗ, ਨਾਈਟ ਲਾਈਵ ਬੈਂਡ, ਕੁਕਾਨੇਟ ਤੋਂ ਦੇਹਰੀਆਂ ਤੱਕ ਆਫ਼ ਰੋਡਿੰਗ, ਥਾਣਾ ਡੈਮ ਵਿਚ ਈਕੋ ਹੱਟਸ, ਹਾਈ ਸਪੀਡ ਬੋਟਿੰਗਸ, ਜੰਗਲ ਸਫ਼ਾਰੀ, ਚੌਹਾਲ ਡੈਮ 'ਤੇ ਸਫਾਰੀ, ਸਪੀਡ ਬੋਟਿੰਗ, ਕੈਫੇ ਜੋਨ, ਨੇਚਰ ਵਾਕ ਦਾ ਵੀ ਲੋਕ ਆਨੰਦ ਮਾਣ ਸਕਣਗੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਜ਼ਿਲ੍ਹੇ ਅੰਦਰ ਹਥਿਆਰਾਂ ਦੇ ਜਨਤਕ ਤੇ ਸੋਸ਼ਲ ਮੀਡੀਆ 'ਤੇ ਪ੍ਰਦਰਸ਼ਨ 'ਤੇ ਪਾਬੰਦੀ

**ਨਵਾਂਸ਼ਹਿਰ, (ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)**—ਜ਼ਿਲ੍ਹਾ ਮੈਜਿਸਟ੍ਰੇਟ, ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ 'ਚ ਕਿਸੇ ਵੀ ਤਰ੍ਹਾਂ ਦੇ ਮੈਰਿਜ ਪੈਲੇਸ/ਰਿਜ਼ੋਰਟ, ਮੇਲੇ, ਧਾਰਮਿਕ ਸਥਾਨਾਂ, ਜਲੂਸ, ਬਰਾਤ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ/ਜਨਤਕ ਇਕੱਠਾਂ ਅਤੇ ਵਿੱਦਿਅਕ ਅਦਾਰਿਆਂ 'ਚ ਅਸਲਾ/ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਇਸ ਤੋਂ ਇਲਾਵਾ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ, ਸੋਸ਼ਲ ਮੀਡੀਆ 'ਤੇ ਪ੍ਰਦਰਸ਼ਨ 'ਤੇ ਵੀ ਉਕਤ ਪਾਬੰਦੀ ਲਾਗੂ ਰਹੇਗੀ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤ ਵੀ ਇਸ ਪਾਬੰਦੀ/ਮਨਾਹੀ ਦੇ ਘੇਰੇ 'ਚ ਸ਼ਾਮਿਲ ਹਨ। ਇਸ ਤੋਂ ਇਲਾਵਾ ਸੀਨੀਅਰ ਪੁਲਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਵੱਖ-ਵੱਖ ਇਲਾਕਿਆਂ ਵਿਚ ਅਚਨਚੇਤ ਚੈਕਿੰਗ ਕੀਤੀ ਜਾਵੇਗੀ। ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਦੇਣ ਵਾਲੇ ਵਿਰੁੱਧ ਐਫ.ਆਈ.ਆਰ. ਦਰਜ ਕੀਤੀ ਜਾਵੇਗੀ ਅਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸੇ ਤਰ੍ਹਾਂ ਪੈਟਰੋਲ ਪੰਪਾਂ ਅਤੇ ਬੈਂਕਾਂ ਵਿਚ ਡਕੈਤੀਆਂ ਤੇ ਲੁੱਟ-ਖੋਹ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਇਕ ਵੱਖਰੇ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹੇ ਵਿਚ ਹਰੇਕ ਬੈਂਕ ਅਤੇ ਪੈਟਰੋਲ ਪੰਪ ਵਾਸਤੇ ਸੀ. ਸੀ. ਟੀ. ਵੀ ਕੈਮਰੇ ਜ਼ਰੂਰੀ ਕਰਾਰ ਦਿੱਤੇ ਹਨ।ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਇਹ ਸੀ. ਸੀ. ਟੀ. ਵੀ ਕੈਮਰੇ ਘੱਟੋ-ਘੱਟ 7 ਦਿਨ ਦੀ ਰਿਕਾਰਡਿੰਗ ਸਮਰੱਥਾ ਰੱਖਣ ਵਾਲੇ ਹੋਣੇ ਚਾਹੀਦੇ ਹਨ।ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਸੀਨੀਅਰ ਪੁਲਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ਼ਹੀਦ ਭਗਤ ਸਿੰਘ ਨਗਰ ਅਤੇ ਲੀਡ ਬੈਂਕ ਮੈਨੇਜਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਜ਼ਿੰਮੇਵਾਰ ਹੋਣਗੇ। ਉਪਰੋਕਤ ਦੋਵੇਂ ਹੁਕਮ 31 ਮਾਰਚ, 2025 ਤੱਕ ਲਾਗੂ ਰਹਿਣਗੇ।

# 'ਆਪ' ਦੇ ਰਾਮਪਾਲ ਉੱਪਲ ਬਣੇ ਫਗਵਾੜਾ ਦੇ ਨਵੇਂ ਮੇਅਰ



**ਫਗਵਾੜਾ** : ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਪਟਿਆਲਾ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਨੇ ਫਗਵਾੜਾ ਨਗਰ ਨਿਗਮ ਵਿੱਚ ਵੀ ਆਪਣਾ ਮੇਅਰ ਬਣਾ ਲਿਆ ਹੈ। ਆਪ ਦੇ ਰਾਮਪਾਲ ਉੱਪਲ ਨੂੰ ਫਗਵਾੜਾ ਦਾ ਨਵਾਂ ਮੇਅਰ ਚੁਣਿਆ ਗਿਆ ਹੈ। ਤੇਜਪਾਲ ਬਸਰਾ ਸੀਨੀਅਰ ਡਿਪਟੀ ਮੇਅਰ ਅਤੇ ਵਿਪਨ ਕ੍ਰਿਸ਼ਨ ਡਿਪਟੀ ਮੇਅਰ ਬਣੇ ਹਨ।ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਸਾਰੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇੱਥੋਂ ਦੇ ਕੌਂਸਲਰਾਂ ਨੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਫਗਵਾੜਾ ਦੇ ਵਿਕਾਸ ਨੂੰ ਪਹਿਲ ਦਿੱਤੀ ਅਤੇ ਆਮ ਆਦਮੀ ਪਾਰਟੀ ਦਾ ਮੇਅਰ ਬਣਾਇਆ। 'ਆਪ' ਦਾ ਮੇਅਰ ਚੁਣੇ ਜਾਣ ਤੋਂ ਬਾਅਦ ਅਮਨ ਅਰੋੜਾ ਨੇ ਪਾਰਟੀ ਦੇ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਅਤੇ ਆਪ ਆਗੂ ਡਾ. ਸੰਨੀ ਆਹਲੂਵਾਲੀਆ ਅਤੇ ਹੋਰ ਆਗੂਆਂ ਨਾਲ ਫਗਵਾੜਾ 'ਚ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। ਉਨ੍ਹਾਂ ਪਾਰਟੀ ਦੀ ਉਚ ਲੀਡਰਸ਼ਿਪ ਅਤੇ ਸਥਾਨਕ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪਾਰਟੀ ਵਰਕਰਾਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ ਕਿ ਅੱਜ ਇੱਥੇ ਸਾਨੂੰ ਇਤਿਹਾਸਕ ਜਿੱਤ ਮਿਲੀ ਹੈ।ਅਰੋੜਾ ਨੇ ਕਿਹਾ ਕਿ ਹਾਲ ਹੀ 'ਚ ਹੋਈਆਂ 46 ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ 'ਚ 41 ਥਾਵਾਂ 'ਤੇ ਆਮ ਆਦਮੀ ਪਾਰਟੀ ਨੂੰ ਸਪੱਸ਼ਟ ਬਹੁਮਤ ਮਿਲਿਆ ਹੈ ਅਤੇ ਬਾਕੀ ਰਹਿੰਦੇ ਮੇਅਰ ਚੋਣਾਂ 'ਚ ਵੀ ਕੌਂਸਲਰਾਂ ਨੇ ਆਪਣੇ ਸ਼ਹਿਰ ਦੇ ਵਿਕਾਸ ਲਈ ਆਮ ਆਦਮੀ ਪਾਰਟੀ ਦਾ ਮੇਅਰ ਬਣਾਇਆ ਹੈ। ਅਰੋੜਾ ਨੇ ਫਗਵਾੜਾ ਵਾਸੀਆਂ ਨੂੰ ਕਿਹਾ, ਮੈਂ ਫਗਵਾੜਾ ਵਾਸੀਆਂ ਨੂੰ ਭਰੋਸਾ ਦਿਵਾਉਣਾ ਚਾਹੁੰਦਾ ਹਾਂ ਕਿ ਹੁਣ ਪਾਰਟੀਬਾਜ਼ੀ ਤੋਂ ਉੱਪਰ ਉਠ ਕੇ ਫਗਵਾੜਾ ਦਾ ਵਿਕਾਸ ਕਰਨਾ ਸਾਡੀ ਜ਼ਿੰਮੇਵਾਰੀ ਹੈ। ਮੈਂ ਵਿਰੋਧੀ ਪਾਰਟੀਆਂ ਦੇ ਕੌਂਸਲਰਾਂ ਨੂੰ ਵੀ ਅਪੀਲ ਕਰਦਾ ਹਾਂ ਕਿ ਉਹ ਇਹ ਸੋਚ ਕੇ ਨਿਰਾਸ਼ ਨਾ ਹੋਣ ਕਿ ਸਾਡੀ ਪਾਰਟੀ ਦਾ ਮੇਅਰ ਨਹੀਂ ਹੈ ਤਾਂ ਸਾਡੇ ਕੰਮ ਕਿਵੇਂ ਹੋਣਗੇ। ਅਸੀਂ ਸਾਰਿਆਂ ਲਈ ਵਿਕਾਸ ਵਿੱਚ ਵਿਸ਼ਵਾਸ ਰੱਖਦੇ ਹਾਂ। ਅਸੀਂ ਫਗਵਾੜਾ ਦੇ ਵਿਕਾਸ ਲਈ ਵਚਨਬੱਧ ਹਾਂ।

# ਸੰਤ ਬਾਬਾ ਉਦੈ ਸਿੰਘ ਦੀ 72ਵੀਂ ਬਰਸੀ 12 ਨੂੰ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਮੁੱਖਲਿਆਣਾ ਵਿਖੇ ਗੁਰਦੁਆਰਾ ਅੰਗੀਠਾ ਸਾਹਿਬ, ਬ੍ਰਹਮ ਗਿਆਨੀ 108 ਸੰਤ ਬਾਬਾ ਉਦੈ ਸਿੰਘ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬ੍ਰਹਮ ਗਿਆਨੀ 108 ਸੰਤ ਬਾਬਾ ਉਦੈ ਸਿੰਘ ਦੀ ਸਾਲਾਨਾ 72ਵੀਂ ਬਰਸੀ 12 ਫਰਵਰੀ ਨੂੰ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ।ਇਸ ਮੌਕੇ ਪ੍ਰਧਾਨ ਜਸਵੰਤ ਸਿੰਘ ਮੁੱਖਲਿਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 2 ਫਰਵਰੀ ਤੋਂ ਅੰਮ੍ਰਿਤ ਵੇਲੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਪ੍ਰਭਾਤ ਫੇਰੀਆਂ ਆਰੰਭ ਹੋਣਗੀਆਂ ਜੋ ਕਿ 9 ਫਰਵਰੀ ਨੂੰ ਸਮਾਪਤ ਹੋਣਗੀਆਂ।ਉਨ੍ਹਾਂ ਦੱਸਿਆ ਕਿ 10 ਫਰਵਰੀ ਨੂੰ ਸਵੇਰੇ 08 ਵਜੇ ਸ੍ਰੀ ਅਖੰਡ ਪਾਠ ਸਾਹਿਬ ਰੱਖੇ ਆਰੰਭ ਕੀਤੇ ਜਾਣਗੇ ਅਤੇ 11 ਫਰਵਰੀ ਨੂੰ ਸਵੇਰੇ 10 ਵਜੇ ਨਿਸ਼ਾਨ ਸਾਹਿਬ ਜੀ ਦੇ ਚੋਲਾ ਬਦਲਣ ਦੀ ਸੇਵਾ ਕੀਤੀ ਜਾਵੇਗੀ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 12 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।ਇਸ ਮੌਕੇ ਪੋਸਟਰ ਰਿਲੀਜ ਕਰਨ ਸਮੇਂ ਪ੍ਰਧਾਨ ਜਸਵੰਤ ਸਿੰਘ, ਪ੍ਰਿਥੀਪਾਲ ਸਿੰਘ ਮੀਤ ਪ੍ਰਧਾਨ, ਮਹਿੰਦਰ ਸਿੰਘ ਫੌਜੀ, ਬਲਵਿੰਦਰ ਸਿੰਘ, ਦੀਦਾਰ ਸਿੰਘ ਪੰਡੋਰੀ ਕੱਦ, ਲੰਬਰਦਾਰ ਸੁਖਵਿੰਦਰ ਸਿੰਘ ਪੰਡੋਰੀ ਕੱਦ, ਅਵਤਾਰ ਸਿੰਘ, ਅਮਰਜੀਤ ਸਿੰਘ ਠੇਕੇਦਾਰ, ਕੁਲਦੀਪ ਸਿੰਘ, ਜਸਲੀਨ ਸਿੰਘ, ਕਰਨਵੀਰ ਸਿੰਘ, ਅਵਤਾਰ ਕੌਰ, ਪਰਮਿੰਦਰ ਕੌਰ ਆਦਿ ਹਾਜ਼ਰ ਸਨ।

# ਬਸੰਤ ਗਿਆਨ, ਕਲਾ, ਪਿਆਰ ਤੇ ਕੁਦਰਤ ਦੀ ਸੁੰਦਰਤਾ ਦਾ ਉਤਸਵ : ਪ੍ਰਿੰ. ਸ਼ਰਮਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਵੀਰ ਹਕੀਕਤ ਰਾਏ ਦੀ ਕੁਰਬਾਨੀ ਸਾਨੂੰ ਧਰਮ ਅਤੇ ਸੱਚ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦੀ ਹੈ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਅੱਜ ਐਸ.ਡੀ. ਸਰਵਹਿਤਕਾਰੀ ਵਿੱਦਿਆ ਮੰਦਰ ਤਲਵਾੜਾ ਵਿਖੇ ਸਕੂਲ ਕੋਆਰਡੀਨੇਟਰ ਅੰਜੂ ਸ਼ਰਮਾ ਨੇ ਕੀਤਾ। ਬਸੰਤ ਪੰਚਮੀ ਦੇ ਮੌਕੇ ਆਯੋਜਿਤ ਪ੍ਰੋਗਰਾਮ ਦੌਰਾਨ ਅੰਜੂ ਨੇ ਕਿਹਾ ਕਿ ਵੀਰ ਹਕੀਕਤ ਰਾਏ ਦਾ ਜੀਵਨ ਸਾਨੂੰ ਧਾਰਮਿਕ ਆਸਥਾ ਦਾ ਹੀ ਨਹੀਂ ਬਲਕਿ ਆਤਮ-ਸਨਮਾਨ, ਸਚਾਈ ਅਤੇ ਦਲੇਰੀ ਵੀ ਸਿਖਾਉਂਦਾ ਹੈ। ਇਸ ਮੌਕੇ ਵਿਦਿਆਰਥੀਆਂ ਨੇ ਨਾਟਕ ਰਾਹੀਂ ਵੀਰ ਹਕੀਕਤ ਰਾਏ ਦੀ ਕੁਰਬਾਨੀ ਨੂੰ ਪੇਸ਼ ਕਰਦਿਆਂ ਧਰਮ ਅਤੇ ਕਦਰਾਂ-ਕੀਮਤਾਂ ਪ੍ਰਤੀ ਅਟੁੱਟ ਵਫ਼ਾਦਾਰੀ, ਹਿੰਮਤ ਅਤੇ ਸਵੈਮਾਨ, ਸੱਚ ਅਤੇ ਇਨਸਾਫ਼ ਦੀ ਰਾਖੀ ਦਾ ਸੁਨੇਹਾ ਦਿੱਤਾ। 10ਵੀਂ ਜਮਾਤ ਦੀ ਵਿਦਿਆਰਥਣ ਅਸ਼ਿਤਾ ਨੇ ਆਪਣੇ ਭਜਨ ਨਾਲ ਮਾਂ ਸਰਸਵਤੀ ਦਾ ਗੁਣਗਾਨ ਕੀਤਾ। ਇਸ ਮੌਕੇ ਪਤੰਗ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਲੋਅਰ ਪ੍ਰਾਇਮਰੀ ਵਿਭਾਗ ਦੇ 270 ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਹੇਜ਼ਲ ਅਤੇ ਗੁਰਮਨ ਪਹਿਲੇ, ਲਾਵਣਿਆ, ਦੇਵਾਂਸ਼ ਅਤੇ ਸਰਾਂਸ਼ ਦੂਜੇ ਅਤੇ ਵਿਵਾਨ, ਓਮਾਂਸ਼ ਅਤੇ ਰਿਯਾਂਸ਼ ਗੌਤਮ ਤੀਜੇ ਸਥਾਨ 'ਤੇ ਰਹੇ। ਸ਼ਿਸ਼ੂ ਵਾਟਿਕਾ ਤੋਂ ਅਨਿਆਸ, ਆਰੀਅਨਸ਼ ਅਤੇ ਰਾਧਿਕਾ ਅਤੇ ਵਿਵਾਨ ਕ੍ਰਮਵਾਰ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹੇ। ਅੱਪਰ ਪ੍ਰਾਇਮਰੀ ਵਿਭਾਗ ਦੇ 169 ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਅਨੰਨਿਆ ਸ਼ਰਮਾ ਅਤੇ ਮੰਨਤ ਪਹਿਲੇ ਸਥਾਨ 'ਤੇ ਰਹੇ ਅਤੇ ਅਰਨਵ ਸ਼ਰਮਾ, ਅਥਰਵ ਅਤੇ ਅਵਿਆ ਮਹਿਰਾ ਦੂਜੇ, ਵੇਰੋਨਿਕਾ ਠਾਕੁਰ, ਰਵਨੀਤ ਅਤੇ ਭਾਵਿਕਾ ਤੀਜੇ ਸਥਾਨ 'ਤੇ ਰਹੇ। ਡਾਇਰੈਕਟਰ ਦੇਸਰਾਜ ਸ਼ਰਮਾ ਨੇ ਸਮੂਹ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਬਸੰਤ ਪੰਚਮੀ ਸਿਰਫ਼ ਇੱਕ ਤਿਉਹਾਰ ਹੀ ਨਹੀਂ ਸਗੋਂ ਗਿਆਨ, ਕਲਾ, ਪਿਆਰ ਅਤੇ ਕੁਦਰਤ ਦੀ ਸੁੰਦਰਤਾ ਦਾ ਤਿਉਹਾਰ ਹੈ।ਪ੍ਰੋਗਰਾਮ ਦੌਰਾਨ ਸੈਕੰਡਰੀ, ਹਾਇਰ ਸੈਕੰਡਰੀ ਅਤੇ ਸੈਕੰਡਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਪਤੰਗ ਉਡਾਉਣ ਦੇ ਮੁਕਾਬਲੇ ਵੀ ਕਰਵਾਏ ਗਏ । ਪ੍ਰੋਗਰਾਮ ਦੌਰਾਨ ਸਕੂਲ ਪ੍ਰਬੰਧਕ ਕਮੇਟੀ ਦੇ ਅਸ਼ੋਕ ਕਾਲੀਆ ਵੀ ਹਾਜ਼ਰ ਸਨ।

# ਟਾਂਗਰੀ ਨਦੀ ਬੰਨ੍ਹ ਨੂੰ ਪੱਕਾ ਕਰਨ ਦੀ ਸ਼ੁਰੂਆਤ : ਵਿਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਊਰਜਾ, ਟਰਾਂਸਪੋਰਟ ਤੇ ਕਿਰਤ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਟਾਂਗਰੀ ਨਦੀ ਦਾ ਪਾਣੀ ਸ਼ਹਿਰ ਵਿਚ ਨਾ ਆਵੇ, ਇਸ ਲਈ ਟਾਂਗਰੀ ਨਦੀ ਬੰਨ੍ਹ (ਅੰਬਾਲਾ) ਨੂੰ ਰਾਮਪੁਰ-ਸਰਸੇਹੜੀ ਵੱਲੋਂ ਪੱਕਾ ਕਰਨ ਦੀ ਸ਼ੁਰੂਆਤ ਕੀਤੀ ਗਈ ਹੈ।ਅਨਿਲ ਵਿਜ ਅੱਜ ਅੰਬਾਲਾ ਦੇ ਰਾਮਪੁਰ-ਸਰਸੇਹੜੀ ਤੋਂ ਜਗਾਧਾਰੀ ਰੋਡ ਤਕ 2.67 ਕਰੋੜ ਰੁਪਏ ਦੀ ਲਾਗਤ ਨਾਲ ਟਾਂਗਰੀ ਨਦੀ ਬੰਨ੍ਹ ਨੂੰ ਉੱਚਾ ਤੇ ਪੱਕਾ ਕਰਨ ਦਾ ਕੰਮ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਹਾਜ਼ਰ ਲੋਕਾਂ ਨੂੰ ਸੰਬੋਧਤ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਪਹਿਲੇ ਨਦੀ ਦੇ ਪਾਣੀ ਕਾਰਨ ਰਾਮਪੁਰ-ਸਰਸੇਹੜੀ ਤੇ ਹੋਰ ਖੇਤਰਾਂ ਵੱਲੋਂ ਕਾਫੀ ਨੁਕਸਾਨ ਹੋਇਆ ਸੀ। ਇਸ ਤੋਂ ਬਾਅਦ ਕੱਚਾ ਬੰਨ੍ਹ ਬਣਾਇਆ ਗਿਆ ਸੀ, ਹੁਣ ਇਸ ਕੱਚੇ ਬੰਨ੍ਹ ਨੂੰ ਸਟੋਨ ਪੀਚਿੰਗ ਤੇ ਮਿੱਟੀ ਪਾ ਕੇ ਪੱਕਾ ਕੀਤਾ ਜਾ ਰਿਹਾ ਹੈ। ਜਗਾਧਾਰੀ ਰੋਡ ਤੋਂ ਚੰਦਪੁਰਾ ਤਕ ਵੀ ਪੱਕਾ ਬੰਨ੍ਹ ਬਣਾਇਆ ਜਾਵੇਗਾ।ਮੰਤਰੀ ਨੇ ਕਿਹਾ ਕਿ ਭਵਿੱਖ ਵਿਚ ਟਾਂਗਰੀ ਨਦੀ ਦੇ ਡੂੰਘਾਈ ਨੂੰ ਹੋਰ ਡੂੰਘਾ ਕਰਨ ਦੀ ਯੋਜਨਾ ਬਣਾਈ ਹੈ ਤਾਂ ਜੋ ਪਾਣੀ ਕਰਧਾਨ, ਨੱਗਲ, ਪ੍ਰਭੂ ਪ੍ਰੇਮ ਪੁਰਮ ਤੇ ਹੋਰ ਕਾਲੋਨੀਆਂ ਵਿਚ ਨਾ ਜਾ ਸਕੇ। ਜਗਾਧਰੀ ਰੋਡ ਤੋਂ ਲੈ ਕੇ ਰੇਲ ਲਾਈਨ ਤੱਕ ਵੀ ਬੰਨ੍ਹ ਬਣਾਇਆ ਜਾਵੇਗਾ ਤਾਂ ਜੋ ਟਾਂਗਰੀ ਨਦੀ ਦਾ ਪਾਣੀ ਸ਼ਹਿਰ ਵੱਲ ਨਾ ਆਵੇ। ਮਾਇਨਿੰਗ ਵਿਭਾਗ ਤੋਂ ਇਜਾਜ਼ਤ ਮਿਲਦੇ ਹੀ ਰੇਤ ਨੂੰ ਨਦੀ ਵਿਚੋਂ ਕੱਢਿਆ ਜਾਵੇਗਾ ਅਤੇ ਨਦੀ ਨੂੰ 15-20 ਫੁੱਟਾ ਡੂੰਘਾ ਕਰਵਾਇਆ ਜਾਵੇਗਾ।

# ਸੁੱਚਾ ਸਿੰਘ ਜੌਹਲ ਨੂੰ ਭਰਪੂਰ ਸ਼ਰਧਾਂਜਲੀਆਂ

**ਗੁਰਾਇਆ/ਜਲੰਧਰ, (ਬਿੰਦਰ ਸੁਮਨ, ਇਕਬਾਲ ਸਿੰਘ ਉਭੀ)**

ਅਕਾਲੀ ਪੱਤ੍ਰਕਾ ਅਖ਼ਬਾਰ ਦੇ ਐਮ.ਡੀ. ਅਤੇ ਅਕਾਲੀ ਦਲ ਦੇ ਸੀਨੀਅਰ ਆਗੂ ਸਵਰਗੀ ਸੁੱਚਾ ਸਿੰਘ ਜੌਹਲ ਦੀ ਦੂਜੀ ਬਰਸੀ 'ਤੇ ਸਮਾਜਿਕ, ਧਾਰਮਿਕ ਤੇ ਰਾਜਨੀਤਿਕ ਆਗੂਆਂ ਵੱਲੋਂ ਉਨ੍ਹਾਂ ਨੂੰ ਯਾਦ ਕਰਦਿਆਂ ਨਿੱਘੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸ਼ਨੀਵਾਰ ਉਨ੍ਹਾਂ ਦੇ ਜੱਦੀ ਪਿੰਡ ਗੁਰਦੁਆਰਾ ਸ਼ਹੀਦ ਸਿੰਘਾਂ ਪਿੰਡ ਜੌਹਲ ਵਿਖੇ ਪਾਠ ਦਾ ਭੋਗ ਪਾਇਆ ਗਿਆ ਉਪਰੰਤ ਰਾਗੀ ਸਿੰਘਾਂ ਵੱਲੋਂ ਕੀਰਤਨ ਗਿਆ। ਇਸ ਉਪਰੰਤ ਸ. ਜੌਹਲ ਦੀ ਜ਼ਿੰਦਗੀ ਉੱਪਰ ਵਿਚਾਰ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਆਪਣੇ ਜਿਉਂਦੇ ਜੀਅ ਗ਼ਰੀਬਾਂ ਦੀ ਹਰ ਦੁੱਖ ਸੁੱਖ ਵਿੱਚ ਮਦਦ ਕਰਨ, ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਆਪਣੀ ਜ਼ਿੰਦਗੀ ਦਾ ਅਧਾਰ ਮੰਨ ਕੇ ਜੀਵਨ ਬਤੀਤ ਕਰਨ ਵਾਲੇ ਗੁਣਾਂ ਦੇ ਧਾਰਨੀ ਸਨ। ਇਸ ਮੌਕੇ ਹਲਕਾ ਫਿਲੌਰ ਤੋਂ ਸਾਬਕਾ ਵਿਧਾਇਕ ਬਲਦੇਵ ਸਿੰਘ ਖੈਹਿਰਾ ਨੇ ਭਾਰੀ ਇਕੱਠ ਨੂੰ ਜੀ ਆਇਆਂ ਆਖਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਦੁਸਾਂਝ ਕਲਾਂ ਵਿਖੇ ਹਸਪਤਾਲ ਅਤੇ ਗੁਰੂ ਨਾਨਕ ਕਾਲਜ ਸੰਗ ਢੇਸੀਆਂ ਵਿਖੇ ਲੋਕਾਂ ਦੀ ਸੇਵਾ ਲਈ ਅਹਿਮ ਕੰਮ ਕੀਤੇ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਮੰਤਰੀ ਨੇ ਕਿਹਾ ਕਿ ਸੁੱਚਾ ਸਿੰਘ ਜੌਹਲ ਮਰਿਆਦਾ, ਪ੍ਰੰਪਰਾਵਾਂ ਅਤੇ ਸਿਧਾਂਤਾਂ ਦੇ ਧਾਰਨੀ ਸਨ ਜਿਨ੍ਹਾਂ ਆਪਣਾ ਜੀਵਨ ਬੇਦਾਗ਼ ਬਤੀਤ ਕੀਤਾ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਲੰਮਾ ਸਮਾਂ ਰਾਜ ਕਰਨ ਵਿੱਚ ਜੌਹਲ ਦਾ ਅਹਿਮ ਰੋਲ ਰਿਹਾ। ਉਹ ਅਕਾਲੀ ਦਲ ਦੇ ਵਫ਼ਾਦਾਰ ਆਗੂ ਸਨ। ਇਸ ਮੌਕੇ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ ਨੇ ਕਿਹਾ ਕਿ ਮੇਰੀ ਉਨ੍ਹਾਂ ਨਾਲ ਵਿਚਾਰਾਂ ਦੀ ਸਾਂਝ ਸੀ ਤੇ ਸੁਭਾਅ ਮਿਲਦਾ ਸੀ। ਉਹ ਪੰਥਕ ਵਿਚਾਰਾਂ ਦੇ ਧਾਰਨੀ ਸਨ। ਇਸ ਮੌਕੇ ਸਾਬਕਾ ਮੰਤਰੀ ਸਰਬਣ ਸਿੰਘ ਫਿਲੌਰ ਨੇ ਕਿਹਾ ਕਿ ਸੁੱਚਾ ਸਿੰਘ ਜੌਹਲ ਪੱਕੇ ਦ੍ਰਿੜ੍ਹ ਇਰਾਦੇ ਵਾਲੇ ਸਨ, ਉਹ ਜੋ ਵੀ ਬੋਲਦੇ ਹਨ ਪੂਰਾ ਕਰਦੇ ਸਨ। ਉਹ ਅਕਾਲੀ ਪੱਤ੍ਰਕਾ ਦੇ ਐਮ.ਡੀ. ਅਮਰ ਸਿੰਘ ਦੁਸਾਂਝ ਦੇ ਬਹੁਤ ਨਜ਼ਦੀਕੀ ਸਨ, ਜੋ ਬਹੁਤ ਨਿੱਘੇ ਆਗੂ ਸਨ।ਇਸ ਮੌਕੇ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਿਹਾ ਕਿ ਜੌਹਲ ਆਪਣੀ ਕਹਿਣੀ ਤੇ ਕਰਨੀ ਦੇ ਪੱਕੇ ਸਨ। ਇਸ ਮੌਕੇ ਵਡਾਲਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੰਤੋਖ ਸਿੰਘ ਗਰੇਵਾਲ ਨੇ ਜੌਹਲ ਕੀਤੇ ਚੰਗੇ ਕੰਮਾਂ ਨੂੰ ਯਾਦ ਕੀਤਾ। ਇਸ ਮੌਕੇ ਅਕਾਲੀ ਪੱਤ੍ਰਕਾ ਅਖ਼ਬਾਰ ਦੇ ਮੁੱਖ ਸੰਪਾਦਕ ਬੀਰਪਾਲ ਸਿੰਘ, ਅਕਾਲੀ ਪੱਤ੍ਰਕਾ ਦੇ ਜਨਰਲ ਮੈਨੇਜਰ ਅਮਰੀਕ ਸਿੰਘ ਨੇ ਜੌਹਲ ਨੂੰ ਯਾਦ ਕਰਦਿਆਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਸ਼ਰਧਾਂਜਲੀ ਸਮਾਗਮ ਵਿੱਚ ਕਈ ਰਾਜਨੀਤਿਕ, ਸਮਾਜਿਕ ਤੇ ਧਾਰਮਿਕ ਆਗੂ ਸਰੂਪ ਸਿੰਘ ਢੇਸੀ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੱਖਣ ਸਿੰਘ ਜੌਹਲ ਡਾਇਰੈਕਟਰ ਪੀ.ਏ.ਡੀ.ਬੀ ਗੁਰਾਇਆ, ਅਮਰਜੀਤ ਸਿੰਘ ਢੇਸੀ, ਅਮਰਜੀਤ ਸਿੰਘ ਸੰਧੂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਗੁਰਾਇਆ, ਰਘਬੀਰ ਸਿੰਘ ਸਾਬਕਾ ਸੰਪਾਦਕ, ਇੰਦਰਜੀਤ ਸਿੰਘ ਸਾਬਕਾ ਉਪ ਸੰਪਾਦਕ, ਛਾਉਣੀ ਹਰੀਆਵੇਲਾਂ ਤੋਂ ਨਿਹੰਗ ਸਿੰਘ, ਗੁਰੂ ਨਾਨਕ ਕਾਲਜ ਸੰਗ ਢੇਸੀਆਂ ਤੇ ਕਮੇਟੀ ਮੈਂਬਰ ਅਤੇ ਸਟਾਫ ਮੌਜੂਦ ਸੀ।ਬੁਲਾਰਿਆਂ ਨੇ ਜੌਹਲ ਦੇ ਸਪੁੱਤਰਾਂ ਸੁਖਜੀਤ ਸਿੰਘ ਜੌਹਲ ਅਤੇ ਬਲਕਾਰ ਸਿੰਘ ਜੌਹਲ ਦੇ ਉਨ੍ਹਾਂ ਦੇ ਨਕਸ਼ੇ ਕਦਮਾਂ 'ਤੇ ਚੱਲਣ 'ਤੇ ਉਨ੍ਹਾਂ ਦੀ ਤਾਰੀਫ ਕੀਤੀ। ਸਟੇਜ ਸਕੱਤਰ ਦੀ ਸੇਵਾ ਪ੍ਰਿੰਸੀਪਲ ਰਾਮ ਤੀਰਥ ਸਿੰਘ ਕੋਟ ਗਰੇਵਾਲ ਨੇ ਨਿਭਾਈ।



# ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦੇ ਆਗੂਆਂ ਦਾ ਵਫਦ ਪੁਲਸ ਅਧਿਕਾਰੀਆਂ ਨੂੰ ਮਿਲਿਆ

**ਜਲੰਧਰ (ਰਾਜੇਸ਼ ਥਾਪਾ)**

ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਜਲੰਧਰ ਦਾ ਵਫਦ ਨਸ਼ੇ ਦੀ ਵਧ ਰਹੀ ਭਰਮਾਰ ਤੇ ਹੋ ਰਹੇ ਲੁੱਟਾਂ ਖੋਹਾਂ ਵਿੱਚ ਵਾਧੇ ਵਿਰੁੱਧ ਤੇ ਵੱਖ ਵੱਖ ਮਾਮਲਿਆਂ ਵਿੱਚ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਵਿਰੁੱਧ ਵੱਖ ਵੱਖ ਪੁਲਸ ਅਧਿਕਾਰੀਆਂ ਨੂੰ ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਆਗੂਆਂ ਨਿਰਮਲ ਮਲਸੀਹਾਂ, ਪਰਮਜੀਤ ਰੰਧਾਵਾ, ਬਲਦੇਵ ਨੂਰਪੁਰੀ, ਜਰਨੈਲ ਫਿਲੌਰ ਆਦਿ ਦੀ ਅਗਵਾਈ ਵਿੱਚ ਮਿਲਿਆ ਤੇ ਇੱਕ ਮੰਗ ਪੱਤਰ ਮੁਖਤਿਆਰ ਰਾਏ ਐੱਸ ਪੀ ਹੈਡਕੁਆਰਟਰ ਦਿਹਾਤੀ ਜਲੰਧਰ, ਚੰਦ ਸਿੰਘ ਏ ਡੀ ਸੀ ਪੀ ਡੀ ਜਲੰਧਰ, ਸੁਖਵਿੰਦਰ ਸਿੰਘ ਏ ਡੀ ਸੀ ਪੀ ਹੈਡਕੁਆਰਟਰ ਜਲੰਧਰ ਨੂੰ ਦਿੱਤਾ ਗਿਆ। ਇਸ ਮੌਕੇ ਖਾਸ ਤੌਰ 'ਤੇ ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਸੂਬਾਈ ਪ੍ਰਧਾਨ ਦਰਸ਼ਨ ਨਾਹਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਲੁੱਟਾਂ ਖੋਹਾਂ ਵਿੱਚ ਵਾਧਾ ਹੋ ਰਿਹਾ ਹੈ ਤੇ ਲੁਟੇਰੇ ਸ਼ਰੇਆਮ ਦਿਨ ਦਿਹਾੜੇ ਬੇਖ਼ੌਫ ਹੋ ਕੇ ਲੁੱਟਾਂ ਖੋਹਾਂ ਨੂੰ ਅੰਜਾਮ ਦੇ ਰਹੇ ਹਨ। ਉਨ੍ਹਾਂ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਬਹੁਤ ਸਾਰੇ ਮਸਲੇ ਵੱਖ ਵੱਖ ਥਾਣਾ ਮੁਖੀਆਂ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਹੋ ਰਹੀ। ਇਸ ਮੌਕੇ ਮਸਲਿਆਂ ਬਾਰੇ ਗੱਲ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਬੀਤੇ ਦਿਨੀਂ ਇਕ ਜਨਵਰੀ ਨੂੰ ਪਿੰਡ ਢੰਡੋਵਾਲ ਦੇ ਗੁਰਪ੍ਰੀਤ ਸਿੰਘ ਪੁੱਤਰ ਸੁੱਚਾ ਸਿੰਘ ਤੋਂ ਦਿਨ ਦਿਹਾੜੇ ਨਕਦੀ ਅਤੇ ਗਹਿਣੇ ਲੁੱਟੇ ਗਏ ਪਰ ਹਾਲੇ ਤੱਕ ਕੋਈ ਕਾਰਵਾਈ ਨਹੀਂ ਹੋਈ , ਇਸ ਤਰ੍ਹਾਂ ਹੀ ਪਿੰਡ ਕੋਟਲੀ



ਗਾਜਰਾਂ ਦੇ ਪਿਆਰਾ ਸਿੰਘ ਦੇ ਪੋਤਰੇ ਰਜਤ ਪੁੱਤਰ ਜਿੰਦਰ ਸਿੰਘ ਤੋਂ ਤਿੰਨ ਮੋਟਰਸਾਈਕਲ ਸਵਾਰ ਲੁਟੇਰੇ ਦਾਤਰ ਦੀ ਨੋਕ 'ਤੇ ਲੁੱਟ ਖੋਹ ਕਰਕੇ ਲੈ ਗਏ। ਏਸੇ ਤਰ੍ਹਾਂ ਤਰਲੋਕ ਸਿੰਘ ਸਰਪੰਚ ਗੋਬਿੰਦ ਨਗਰ ਦੇ ਪਿਤਾ ਰਣਜੀਤ ਸਿੰਘ ਜਿਹੜਾ ਆਟੋ ਰਿਕਸ਼ਾ ਰਾਹੀਂ ਆ ਰਿਹਾ ਸੀ, ਨੂੰ ਹੋਰ ਬਾਕੀ ਸਵਾਰੀਆਂ ਸਮੇਤ ਲੁੱਟਿਆ ਗਿਆ। ਨਕਦੀ ਅਤੇ ਮੋਬਾਈਲ ਖੋਹ ਕੇ ਲੁਟੇਰੇ ਸ਼ਰੇਆਮ ਮੋਟਰਸਾਈਕਲ 'ਤੇ ਫਰਾਰ ਹੋ ਗਏ। ਉਨ੍ਹਾਂ ਹੋਰ ਦੱਸਿਆ ਕਿ ਮਲਸੀਹਾਂ ਦੇ ਲਕਸੀਆਂ ਪਿੰਡ ਦੇ ਵਸਨੀਕ ਮਜ਼ਦੂਰ ਮਹਿੰਦਰ ਸਿੰਘ ਨੂੰ ਬਜ਼ਾਰ ਵਿਚੋਂ ਕਰਿਆਨੇ ਦਾ ਸਾਮਾਨ ਲੈ ਕੇ ਆ ਰਹੇ ਨੂੰ ਦਿਨ ਦਿਹਾੜੇ ਲੁੱਟ ਲਿਆ ਗਿਆ। ਏਸੇ ਤਰ੍ਹਾਂ ਥਾਣਾ ਬਿਲਗਾ ਵਿਖੇ ਅਵਤਾਰ ਕੌਰ ਪਤਨੀ ਮੁਲਖ ਰਾਜ ਵਾਸੀ ਬੇਗਮਪੁਰ ਵਲੋਂ ਦਿੱਤੀ ਦਰਖਾਸਤ 'ਤੇ ਕੋਈ ਕਾਰਵਾਈ ਨਹੀਂ ਹੋ ਰਹੀ। 7 ਦਸੰਬਰ ਨੂੰ ਪਿੰਡ ਜਮਸ਼ੇਰ ਖਾਸ ਥਾਣਾ ਸਦਰ ਜਲੰਧਰ ਵਿਖੇ ਵੰਸ਼ ਪੁੱਤਰ ਕੇਵਲ ਵਾਸੀ ਮੁਹੱਲਾ ਟਿੱਬੇ ਵਾਲਾ 'ਤੇ ਹਮਲਾ ਹੋਇਆ ਪਰ ਦੋਸ਼ੀਆਂ 'ਤੇ ਕੋਈ ਕਾਰਵਾਈ ਨਹੀਂ ਹੋ ਰਹੀ, ਇਸ ਤਰ੍ਹਾਂ 19 ਦਸੰਬਰ 2024 ਨੂੰ ਪਿੰਡ ਧੀਣਾ ਵਿਖੇ ਰਵੀ ਕੁਮਾਰ ਪੁੱਤਰ ਜੇਮਜ਼ ਮਸੀਹ 'ਤੇ ਕਈ ਲੋਕਾਂ ਵਲੋਂ ਹਮਲਾ ਕੀਤਾ ਗਿਆ ਪਰ ਹਾਲੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਏਸੇ ਤਰ੍ਹਾਂ ਦਰਖਾਸਤ ਨੰਬਰ 4566 ਮਿਤੀ 22 ਅਕਤੂਬਰ 2024 ਨੂੰ ਪਰਮਜੀਤ ਪੁੱਤਰ ਬਿੱਕਰ ਵਾਸੀ ਜਮਸ਼ੇਰ ਖਾਸ ਨਾਲ ਧੋਖਾਧੜੀ ਕਰਨ ਵਾਲੇ ਰਾਜੂ ਅਤੇ ਉਸ ਦੇ ਪਿਤਾ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਆਗੂਆਂ ਨੇ ਕਿਹਾ ਕਿ ਅਗਰ ਹੁਣ ਕਾਰਵਾਈ ਵਿੱਚ ਢਿੱਲ ਰਹੀ ਤਾਂ ਸੰਘਰਸ਼ ਕੀਤਾ ਜਾਵੇਗਾ।ਇਸ ਮੌਕੇ ਮਾਸਟਰ ਹੰਸ ਰਾਜ ਫਿਲੌਰ, ਭਜਨ ਜਮਸ਼ੇਰ, ਨੱਛਤਰ ਮਾਹੂੰਵਾਲ, ਸਰਬਜੀਤ ਢੇਰੀਆਂ, ਸਰਵਣ ਬਿੱਲਾ, ਹਨੀ ਫਿਲੌਰ, ਡਾਕਟਰ ਸੰਦੀਪ ਫਿਲੌਰ, ਗੁਰਬਚਨ ਰਾਮ ਫਿਲੌਰ ਆਦਿ ਹਾਜ਼ਰ ਸਨ।

# 12 ਲੱਖ ਰੁਪਏ ਤੱਕ ਦੀ ਆਮਦਨ ਨੂੰ ਟੈਕਸ ਮੁਕਤ ਕਰਨਾ ਸ਼ਲਾਘਾਯੋਗ : ਅਰਵਿੰਦ ਖੰਨਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਕੇਂਦਰੀ ਵਿੱਤ ਮੰਤਰੀ ਨਿਰਮਲ ਸੀਤਾ ਰਮਨ ਵੱਲੋਂ ਲਗਾਤਾਰ ਅੱਠਵੀਂ ਵਾਰ ਪੇਸ਼ ਕੀਤਾ ਬਜ਼ਟ ਹਰ ਵਰਗ ਨੂੰ ਵੱਡੀ ਸਹੂਲਤ ਦੇਣ ਵਾਲਾ ਹੈ।ਇੱਥੇ ਜਾਰੀ ਇੱਕ ਬਿਆਨ ਵਿੱਚ ਖੰਨਾ ਨੇ ਕਿਹਾ ਕਿ 12 ਲੱਖ ਰੁਪਏ ਤੱਕ ਦੀ ਆਮਦਨ ਨੂੰ ਟੈਕਸ ਮੁਕਤ ਕਰਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਦਾ ਵੱਡਾ ਅਤੇ ਸ਼ਲਾਘਾਯੋਗ ਫੈਸਲਾ ਹੈ।ਉਨ੍ਹਾਂ ਕਿਹਾ ਕਿ ਟੀ.ਡੀ.ਐਸ. ਦੀ ਸੀਮਾ 6 ਲੱਖ ਕਰਨ ਨਾਲ ਵਪਾਰੀ ਵਰਗ ਨੂੰ ਵੱਡਾ ਲਾਭ ਮਿਲੇਗਾ।ਸ੍ਰੀ ਖੰਨਾ ਨੇ ਕਿਹਾ ਕਿ 10 ਹਜ਼ਾਰ ਨਵੀਆਂ ਮੈਡੀਕਲ ਸੀਟਾਂ ਪੈਦਾ ਹੋਣ ਨਾਲ ਵਿਦਿਆਰਥੀਆਂ ਨੂੰ ਵੱਡਾ ਲਾਭ ਮਿਲੇਗਾ। ਇਸ ਤਰ੍ਹਾਂ ਹੀ ਔਰਤਾਂ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ 5 ਲੱਖ ਦੀ ਸਕੀਮ ਸ਼ੁਰੂ ਕਰਨਾ ਵੀ ਇੱਕ ਕ੍ਰਾਂਤੀਕਾਰੀ ਫੈਸਲਾ ਹੈ।ਉਨ੍ਹਾਂ ਕਿਹਾ ਕਿ ਸ਼ਕਸ਼ਮ ਆਂਗਣਬਾੜੀ ਅਤੇ ਪੋਸ਼ਣ ਸਬੰਧੀ ਲਏ ਫੈਸਲੇ ਸਮੇਤ ਮੈਨੂਫੈਕਚਰਿੰਗ ਮਿਸ਼ਨ, ਧਨ ਧੰਨਿਆ ਕਿਸ਼ੀ ਵਿਕਾਸ ਯੋਜਨਾ ਅਤੇ ਮੇਕ ਇਨ ਇੰਡੀਆ ਵਰਗੇ ਫੈਸਲੇ ਸਿਰਫ਼ ਮੋਦੀ ਸਰਕਾਰ ਹੀ ਲੈ ਸਕਦੀ ਹੈ।ਖੰਨਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਏ ਜਾਂਦੇ ਫੈਸਲੇ ਲੋਕ ਹਿੱਤ ਵਿੱਚ ਹੁੰਦੇ ਹਨ, ਜਿਸ ਤੋਂ ਸਪੱਸ਼ਟ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਹੀ ਦੇਸ਼ ਸੁਰੱਖਿਅਤ ਅਤੇ ਖੁਸ਼ਹਾਲ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਸਦਾ ਹੀ ਇਮਾਨਦਾਰੀ ਭਰਿਆ ਸ਼ਾਸ਼ਨ ਦਿੱਤਾ ਹੈ ਜਦਕਿ ਕਾਂਗਰਸ ਸਰਕਾਰ ਵੇਲੇ ਹਰ ਪਾਸੇ ਭ੍ਰਿਸ਼ਟਾਚਾਰ ਭਾਰੂ ਸੀ।

# ਭਲਕੇ ਫੂਕੀਆਂ ਜਾਣਗੀਆਂ ਯੂ ਪੀ ਐੱਸ ਨੋਟੀਫਿਕੇਸ਼ਨ ਦੀਆਂ ਕਾਪੀਆਂ

**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)**

ਕੇਂਦਰ ਸਰਕਾਰ ਵਲੋਂ ਏਕੀਕ੍ਰਿਤ ਪੈਨਸ਼ਨ ਯੋਜਨਾ (ਯੂਪੀਐੱਸ) ਦਾ ਨੋਟੀਫਿਕੇਸ਼ਨ ਬੀਤੇ 25 ਜਨਵਰੀ ਨੂੰ ਜਾਰੀ ਹੋਣ ਤੇ ਕਰਮਚਾਰੀਆਂ ਨੇ ਕੇਂਦਰ ਸਰਕਾਰ ਦਾ ਇਸ ਨੂੰ ਇਕ ਹੋਰ ਧੋਖਾ ਕਰਾਰ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਨੇ ਕਿਹਾ ਕਿ ਬੀਤੇ ਦਿਨੀ ਕੇਂਦਰ ਸਰਕਾਰ ਨੇ ਯੂਨੀਫਾਈਡ ਪੈਨਸ਼ਨ ਸਕੀਮ ਦੀ ਜੋ ਐੱਸ ਓ ਪੀ ਜਾਰੀ ਕੀਤੀ ਹੈ, ਉਹ ਬਹੁਤ ਹੀ ਸਕੀਮ ਅਨੁਸਾਰ ਸਰਕਾਰ ਮੁਲਾਜ਼ਮਾਂ ਦਾ ਪੈਸਾ ਹੜੱਪ ਕੇ ਮੁਲਾਜ਼ਮਾਂ ਨੂੰ ਪੈਨਸ਼ਨ ਦੇਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਨਾਲ ਮੁਲਾਜ਼ਮ ਨੂੰ ਰਿਟਾਇਰਮੈਂਟ ਤੋਂ ਬਾਅਦ ਖਾਲੀ ਹੱਥ ਘਰ ਨੂੰ ਤੋਰਨ ਦੀ ਸਕੀਮ ਹੈ। ਇਸ ਸਕੀਮ ਨੂੰ ਕਿਸੇ ਵੀ ਸੂਰਤ 'ਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਪੈਨਸ਼ਨ ਦੇ ਨਾਂਅ 'ਤੇ ਕਰਮਚਾਰੀਆਂ ਦੀ ਖੂਨ ਪਸੀਨੇ ਦੀ ਕਮਾਈ ਖੋਹਣ ਵਾਲੀ ਯੋਜਨਾ ਦਾ ਆਉਣ ਵਾਲੀ 4 ਫਰਵਰੀ ਨੂੰ ਇਸ ਨੋਟੀਫਿਕੇਸ਼ਨ ਦੀਆ ਕਾਪੀਆਂ ਫੂਕ ਕੇ ਵਿਰੋਧ ਦਰਜ ਕਰਵਾਇਆ ਜਾਵੇਗਾ, ਜਿਸ 'ਚ ਪੰਜਾਬ ਦੇ ਸਮੂਹ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਮੁਲਾਜ਼ਮ ਹਿੱਸਾ ਲੈਣਗੇ। ਇਸ ਮੌਕੇ ਜ਼ਿਲ੍ਹਾ ਕੋ -ਕਨਵੀਨਰ ਪ੍ਰਿਤਪਾਲ ਸਿੰਘ ਚੌਟਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਅਧੂਰੇ ਨੋਟੀਫਿਕੇਸ਼ਨ ਨੂੰ ਪੂਰਾ ਕਰ ਕੇ 1972 ਦੇ ਨਿਯਮਾ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰੇ। ਉਨ੍ਹਾਂ ਕਿਹਾ ਕਿ 'ਆਪ' ਦੇ ਸੀਨੀ



ਨੇਤਾ ਸੰਜੇ ਸਿੰਘ ਇਸ ਸਕੀਮ ਨੂੰ ਪਹਿਲਾਂ ਹੀ ਮੁਲਾਜ਼ਮਾਂ ਨਾਲ ਧੋਖਾ ਕਰਾਰ ਦੇ ਚੁੱਕੇ ਹਨ। ਜ਼ਿਲ੍ਹਾ ਕੋ ਕਨਵੀਨਰ ਪ੍ਰਿੰਸ ਗੜ੍ਹਦੀਵਾਲਾ ਨੇ ਕਿਹਾ ਕਿ ਗੁਆਂਢੀ ਸੂਬੇ ਹਿਮਾਚਲ ਦੇ ਮੁੱਖ ਮੰਤਰੀ ਅਨੁਸਾਰ ਉਨ੍ਹਾਂ ਨੇ ਜੋ ਓਪੀਐੱਸ ਆਪਣੇ ਰਾਜ 'ਚ ਲਾਗੂ ਕੀਤੀ ਹੈ, ਉਸ ਨਾਲ ਰਾਜ ਉੱਪਰ ਕੋਈ ਵਿੱਤੀ ਬੋਝ ਨਹੀਂ ਪਿਆ ਹੈ। ਇਸ ਕਰ ਕੇ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ 'ਚ ਓਪੀਐੱਸ ਲਾਗੂ ਕਰੇ ਤੇ ਤੁਰੰਤ ਜੀਪੀਐੱਫ ਖਾਤੇ ਖੋਲ੍ਹੇ। ਇਸ ਮੌਕੇ ਨਵਜੋਤ ਸਿੰਘ ਪਰਮਜੀਤ ਸਿੰਘ ਸਚਿਨ ਕੁਮਾਰ ਅਤੇ ਹੋਰ ਅਧਿਆਪਕ ਹਾਜ਼ਰ ਸਨ।

# ਗੁਰਦੁਆਰਾ ਬੇਰ ਸਾਹਿਬ ਦੇ ਸੇਵਾ ਮੁਕਤ ਹੋਏ ਮੈਨੇਜਰ ਗੁਰਬਖਸ਼ ਸਿੰਘ ਦਾ ਕੀਤਾ ਸਨਮਾਨ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਸਥਾਨ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਈਮਾਨਦਾਰੀ ਨਾਲ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀ ਬੇਦਾਗ ਮੈਨੇਜਰ ਭਾਈ ਗੁਰਬਖਸ਼ ਸਿੰਘ ਬੱਚੀਵਿੰਡ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਸਬੰਧੀ ਇਕ ਵਿਸ਼ਾਲ ਧਾਰਮਿਕ ਸਮਾਗਮ ਗੁਰਦੁਆਰਾ ਬੇਰ ਸਾਹਿਬ ਵਿਖੇ ਮੀਤ ਮੈਨੇਜਰ ਚੈਂਚਲ ਸਿੰਘ ਆਹਲੀ, ਮੀਤ ਮੈਨੇਜਰ ਗੁਰਪ੍ਰੀਤ ਸਿੰਘ ਤੇ ਮੀਤ ਮੈਨੇਜਰ ਗੁਰਜੀਤ ਸਿੰਘ ਦੀ ਦੇਖ ਰੇਖ ਹੇਠਾਂ ਆਯੋਜਿਤ ਕੀਤਾ ਗਿਆ।ਜਿਸ ਵਿਚ ਉਚੇਚੇ ਤੌਰ 'ਤੇ ਪੁੱਜੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਜੂਨੀਅਰ ਮੀਤ ਪ੍ਰਧਾਨ ਜਥੇ ਬਲਦੇਵ ਸਿੰਘ ਕਲਿਆਣ ਤੇ ਹੋਰ ਵੱਖ-ਵੱਖ ਧਾਰਮਿਕ ਹਸਤੀਆਂ ਨੇ ਮੈਨੇਜਰ ਗੁਰਬਖਸ਼ ਸਿੰਘ ਦਾ ਸਨਮਾਨ ਕੀਤਾ ਤੇ ਕਿਹਾ ਕਿ ਮੈਨੇਜਰ ਗੁਰਬਖਸ਼ ਸਿੰਘ 38 ਸਾਲ ਪੂਰੀ ਈਮਾਨਦਾਰੀ, ਲਗਨ ਤੇ ਤਨਦੇਹੀ ਨਾਲ ਸੇਵਾਵਾਂ ਨਿਭਾਅ ਕੇ ਨਵੀ ਪੀੜ੍ਹੀ ਲਈ ਪ੍ਰੇਰਨਾ ਸਰੋਤ ਬਣ ਗਏ ਹਨ ।ਸ਼੍ਰੋਮਣੀ ਕਮੇਟੀ ਮੈਂਬਰ ਜਥੇ ਜਰਨੈਲ ਸਿੰਘ ਡੋਗਰਾਂਵਾਲ ਨੇ ਵੀ ਮੈਨੇਜਰ ਗੁਰਬਖਸ਼ ਸਿੰਘ ਦਾ ਸਨਮਾਨ ਕੀਤਾ ਤੇ ਵਧਾਈ ਦਿੱਤੀ ।ਹੋਰਨਾਂ ਹਾਜ਼ਰ ਸੰਤਾਂ-ਮਹਾਂਪੁਰਸ਼ਾਂ ਤੇ ਮਹਾਨ ਸ਼ਖਸ਼ੀਅਤਾਂ ਨੇ ਵੀ ਉਨ੍ਹਾਂ ਦਾ ਸਨਮਾਨ ਕੀਤਾ। ਭਾਈ ਚਾਨਣ ਸਿੰਘ ਦੀਪੇਵਾਲ ਨੇ ਕਿਹਾ ਕਿ ਗੁਰਦੁਆਰਾ ਬੇਰ ਸਾਹਿਬ ਵਿਖੇ ਅਕਸਰ ਹੀ ਅੰਮ੍ਰਿਤ ਵੇਲੇ 4 ਵਜੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਦਰਬਾਰ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦਾ ਪ੍ਰਕਾਸ਼ ਕਰਨ ਦੀ ਸੇਵਾ ਸ਼ਰਧਾਲੂਆਂ ਨਾਲ ਮਿਲ ਕੇ ਕਰਵਾਉਂਦੇ ਰਹੇ ਮੈਨੇਜਰ ਗੁਰਬਖਸ਼ ਸਿੰਘ ਨਾਮ ਸਿਮਰਨ ਤੇ ਸੇਵਾ ਵੱਡੀ ਲਗਨ ਨਾਲ ਕਰਦੇ ਰਹੇ ਹਨ ।ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਮੁੱਖ ਸਟਾਫ ਵੱਲੋਂ ਸੋਨੇ ਦੀ ਸ਼ਾਪ ਤੇ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ ਤੇ ਸੇਵਾ ਮੁਕਤ ਹੋਣ 'ਤੇ ਵਧਾਈ ਦਿੱਤੀ ਗਈ।ਸੰਗਤਾਂ ਲਈ ਗੁਰੂ ਕੇ ਅਟੁੱਟ ਲੰਗਰ ਲਗਾਏ ਗਏ।

# ਗੁਰੂ ਹਰਿ ਰਾਇ ਦੇ 395ਵੇਂ ਪ੍ਰਕਾਸ਼ ਪੁਰਬ ਮੌਕੇ ਕੀਰਤਨ ਦਰਬਾਰ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਇਤਿਹਾਸਕ ਪਿੰਡ ਭੁੰਗਰਨੀ ਵਿਖੇ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ 395ਵੇਂ ਪ੍ਰਕਾਸ਼ ਪੁਰਬ ਮੌਕੇ ਸਾਲਾਨਾ 37ਵਾਂ ਮਹਾਨ ਕੀਰਤਨ ਦਰਬਾਰ ਕਰਵਾਇਆ ਗਿਆ।ਇਸ ਮੌਕੇ ਪ੍ਰਧਾਨ ਸੁਰਜੀਤ ਸਿੰਘ ਮਸੂਤਾ ਨੇ ਦੱਸਿਆ ਕਿ ਸੰਪਟ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਕੀਰਤਨ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਸੰਤ ਬਾਬਾ ਅਮਰਜੀਤ ਸਿੰਘ ਕਰਨਾਲ ਵਾਲੇ, ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲੇ, ਜਥੇਦਾਰ ਗਿਆਨੀ ਜਸਵੰਤ ਸਿੰਘ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਕਥਾ ਵਾਚਕ, ਭਾਈ ਸਿਮਰਨਦੀਪ ਸਿੰਘ ਕੇਸਗੜ੍ਹ ਸਾਹਿਬ, ਭਾਈ ਗੁਰ ਪ੍ਰਤਾਪ ਸਿੰਘ ਪਦਮ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਸਰੂਪ ਸਿੰਘ ਕੜਿਆਣਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ, ਭਾਈ ਸਤਨਾਮ ਸਿੰਘ ਸੰਧੂ ਹੁਸ਼ਿਆਰਪੁਰ, ਭਾਈ ਸਤਨਾਮ ਸਿੰਘ ਅਰਸ਼ੀ ਫਗਵਾੜਾ, ਭਾਈ ਸੁਖਚੈਨ ਸਿੰਘ ਹੈਡ ਗ੍ਰੰਥੀ ਭੁੰਗਰਨੀ, ਬੀਬੀ ਕੁਲਦੀਪ ਕੌਰ ਖਾਲਸਾ, ਭਾਈ ਅਵਤਾਰ ਸਿੰਘ ਭੁੰਗਰਨੀ, ਭਾਈ ਰਾਜਵੀਰ ਸਿੰਘ ਆਦਿ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਜਥੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਤੋਂ ਇਲਾਵਾ ਹੋਰ ਇਲਾਕੇ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸਮਾਗਮ ਦੌਰਾਨ ਬਲਵੀਰ ਸਿੰਘ ਸੈਣੀ ਹੁਸ਼ਿਆਰਪੁਰ, ਗੁਰਵਿੰਦਰ ਸਿੰਘ ਪਲਾਹਾ ਹੁਸ਼ਿਆਰਪੁਰ ਰਾਜਵੀਰ ਸਿੰਘ, ਬਲਵੀਰ ਸਿੰਘ ਤੰਬੜ, ਬੀਬੀ ਗੁਰਜੀਤ ਕੌਰ, ਗੁਰਪ੍ਰੀਤ ਸਿੰਘ, ਬਲਬੀਰ ਸਿੰਘ ਫੁਗਲਾਣਾ, ਜਸਵੰਤ ਸਿੰਘ ਇਟਲੀ, ਬਲਵਿੰਦਰ ਸਿੰਘ, ਗੁਰਮੀਤ ਸਿੰਘ, ਹਰਿੰਦਰ ਸਿੰਘ, ਮਨਜੀਤ ਸਿੰਘ ਬਨਵੈਤ ਪ੍ਰਧਾਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਨੌਜਵਾਨ ਸਭਾ ਭੁੰਗਰਨੀ, ਧਰਮ ਸਿੰਘ ਕੋਠੀਵਾਲੇ, ਅੰਗਰੇਜ਼ ਸਿੰਘ ਅਮਰੀਕਾ, ਸਰਬਜੀਤ ਸਿੰਘ ਅਮਰੀਕਾ, ਮੱਖਣ ਸਿੰਘ ਅਮਰੀਕਾ, ਬਲਵੀਰ ਸਿੰਘ ਅਮਰੀਕਾ, ਸਰਬਜੀਤ ਸਿੰਘ ਸ਼ਮੀ ਅਮਰੀਕਾ, ਰੋਸ਼ਨ ਸਿੰਘ ਆਸਟਰੇਲੀਆ, ਸਤਵੰਤ ਸਿੰਘ ਸਾਬਕਾ ਪੰਚ, ਲੰਬਰਦਾਰ ਰਾਜ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਟੁੱਟ ਵਰਤਾਏ ਗਏ।



# ਪਚਰੰਡੇ ਵਿਖੇ 5 ਨੂੰ ਕਰਵਾਇਆ ਜਾ ਰਿਹੈ ਆਰਮੀ ਸੰਮੇਲਨ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੇ 16 ਸਿੱਖ ਰੈਜੀਮੈਂਟ ਦੇ ਸਾਬਕਾ ਹੌਲਦਾਰ ਜਸਪਾਲ ਸਿੰਘ ਬੇਲਾ ਨੇ ਦੱਸਿਆ ਕਿ ਭਾਰਤੀ ਫੌਜ ਦੇ ਸਿੱਖ ਰੈਜੀਮੈਂਟ ਦੇ ਗਰੁੱਪ ਕਮਾਂਡਰ ਲੈਫਟੀਨੈਂਟ ਜਰਨਲ ਏ ਕੇ ਸਿੰਘ ਉਚੇਚੇ ਤੌਰ 'ਤੇ ਸਾਡੇ ਇਲਾਕੇ ਵਿੱਚ ਪਹੁੰਚ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਰੋਪੜ ਜ਼ਿਲ੍ਹੇ ਦੇ ਪਿੰਡ ਪਚਰੰਡੇ ਨਜ਼ਦੀਕ ਨੂਰਪੁਰ ਬੇਦੀ ਇੱਕ ਵੱਡਾ ਆਰਮੀ ਸੰਮੇਲਨ ਕਰਵਾਇਆ ਜਾ ਰਿਹਾ ਹੈ ਜੋ ਅਮਰ ਸ਼ਹੀਦ ਗੱਜਣ ਸਿੰਘ ਸਟੇਡੀਅਮ ਵਿਖੇ 5 ਫਰਵਰੀ ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਤੋਂ ਸ਼ੁਰੂ ਹੋਵੇਗਾ। ਇਸ ਮੌਕੇ ਗਰੁੱਪ ਕਮਾਂਡਰ ਲੈਫਟੀਨੈਂਟ ਜਰਨਲ ਏਕੇ ਸਿੰਘ ਜਿੱਥੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਭਾਰਤੀ ਫੌਜ ਵਿੱਚ ਭਰਤੀ ਹੋਣ ਲਈ ਪ੍ਰੇਰਿਤ ਕਰਨਗੇ, ਉੱਥੇ ਹੀ ਸਾਬਕਾ ਫੌਜੀਆਂ ਦੀਆਂ ਮੁਸ਼ਕਿਲਾਂ ਨੂੰ ਸੁਣ ਕੇ ਉਹਨਾਂ ਦੇ ਹੱਲ ਕਰਨਗੇ।ਉਹਨਾਂ ਨੇ ਕਿਹਾ ਕਿ ਭਾਰਤੀ ਫੌਜ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨ ਆਪਣੇ ਸਾਰੇ ਸਰਟੀਫਿਕੇਟ ਨਾਲ ਲੈ ਕੇ ਆਉਣ।ਇਸ ਸੰਮੇਲਨ ਜਿੱਥੇ ਭਾਰਤੀ ਫੌਜ ਦੇ ਉੱਚ ਅਧਿਕਾਰੀ ਸ਼ਾਮਿਲ ਹੋਣਗੇ,ਉੱਥੇ ਹੀ ਹਲਕਾ ਵਿਧਾਇਕ, ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਜ਼ਿਲ੍ਹਾ ਪੁਲਿਸ ਮੁਖੀ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਹਾਜ਼ਰ ਰਹਿਣਗੇ।

# ਸੰਤ ਸੇਵਾ ਸਿੰਘ ਦੀ ਸਾਲਾਨਾ ਬਰਸੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਸੇਵਾ ਸਿੰਘ ਜੀ ਦੇ ਪੁੱਤਰ ਸਤਨਾਮ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਾਗਰਾ ਪਰਵਾਰ ਅਤੇ ਸਾਧ ਸੰਗਤ ਵੱਲੋਂ ਸੰਤ ਸੇਵਾ ਸਿੰਘ ਜੀ ਦੀ ਸਲਾਨਾ ਬਰਸੀ ਕਰਤਾਰਪੁਰ ਦੇ ਰਾਧਾ ਸੁਆਮੀ ਸਤਸੰਗ ਘਰ ਦੇ ਨਜ਼ਦੀਕ ਨਾਗਰਾ ਪਰਵਾਰ ਦੇ ਡੇਰੇ 'ਤੇ ਬਹੁਤ ਹੀ ਸ਼ਰਧਾ ਭਾਵਨਾ ਨਾਲ 16 ਫਰਵਰੀ ਨੂੰ ਮਨਾਈ ਜਾਵੇਗੀ ਜਿਸ ਵਿੱਚ 14 ਤੋਂ 16 ਫਰਵਰੀ ਨੂੰ ਅਖੰਡ ਪਾਠ ਦੇ ਭੋਗ ਸਮੇਤ ਜਪੁਜੀ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ 16 ਫਰਵਰੀ ਨੂੰ ਬਰਸੀ 'ਤੇ ਅਖੰਡ ਪਾਠ ਦਾ ਭੋਗ ਪਾਇਆ ਜਾਵੇਗਾ ਜਿਸ ਵਿੱਚ ਰਾਗੀ ਅਤੇ ਢਾਡੀ ਜਥੇ ਸੰਗਤਾਂ ਨੂੰ ਗੁਰਬਾਣੀ ਸ਼ਬਦ ਗਾ ਗੁਰੂ ਚਰਨਾਂ ਨਾਲ ਜੋੜਨਗੇ। ਉਪਰੰਤ ਅਟੁੱਟ ਲੰਗਰ ਛਕਾਇਆ ਜਾਵੇਗਾ।

# ਇਨੋਸੈਂਟ ਹਾਰਟਸ ਗਰੁੱਪ ਨੇ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ

**ਜਲੰਧਰ (ਸ਼ੈਲੀ ਐਲਬਰਟ)**

ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਟਿਊਸ਼ਨ (ਆਈ ਐਚ ਜੀ ਆਈ ) ਲੋਹਾਰਾ ਨੇ ਬਸੰਤ ਪੰਚਮੀ ਦਾ ਤਿਉਹਾਰ ਸੰਸਕ੍ਰਿਤੀ ਵਿਰਾਸਤ, ਬੌਧਿਕ ਵਿਕਾਸ ਅਤੇ ਵਾਤਾਵਰਣ ਚੇਤਨਾ ਦਾ ਸ਼ਾਨਦਾਰ ਸੰਗਮ ਕਰਦੇ ਹੋਏ ਮਨਾਇਆ। ਇਸ ਸਮਾਰੋਹ ਦਾ ਆਯੋਜਨ ਸੰਸਕ੍ਰਿਤਕ ਕਮੇਟੀ ਦੁਆਰਾ ਦਿਸ਼ਾ- ਐਨ-ਇਨੀਸ਼ੀਏਟਿਵ ਦੇ ਸਹਿਯੋਗ ਨਾਲ ਕੀਤਾ ਗਿਆ। ਇਸ ਦਾ ਥੀਮ ਸੀ ਗਿਆਨ, ਬਸੰਤ ਅਤੇ ਨਵੀਂ ਸ਼ੁਰੂਆਤ ਦਾ ਤਿਉਹਾਰ ਜੋ ਸਿੱਖਣ ਕਲਾਤਮਕ ਅਭਿ ਵਿਅਕਤੀ ਅਤੇ ਸਥਿਰਤਾ ਦੇ ਮੁੱਲਿਆਂ ਨੂੰ ਮਜ਼ਬੂਤ ਕਰਦਾ ਹੈ।ਸਮਾਰੋਹ ਦਾ ਆਕਰਸ਼ਨ ਚੀਨੀ ਧਾਗਿਆਂ ਨੂੰ ਨਾਂਹ ਕਹਿਣਾ-ਐਸਟੀਜੀ -13 ਦੀ ਦਿਸ਼ਾ ਵਿੱਚ ਇੱਕ ਕਦਮ ਜੋ ਕਿ ਵਿਦਿਆਰਥੀਆਂ ਨੂੰ ਸਿੰਥੈਟਿਕ ਮਾਂਜੇ ਦੇ ਹਾਨੀਕਾਰਕ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਅਤੇ ਵਾਤਾਵਰਣ ਨੂੰ ਅਨੁਕੂਲ ਵਿਕਲਪਾਂ ਲਈ ਜਾਗਰੂਕ ਕਰਨਾ ਸੀ। ਉਤਸਵ ਦੀ ਸ਼ੁਰੂਆਤ ਵਿਦਿਆ ਅਤੇ ਗਿਆਨ ਦੀ ਦੇਵੀ ਮਾਂ ਸਰਸਵਤੀ ਦੀ ਵੰਦਨਾ ਨਾਲ ਕੀਤੀ ਗਈ।ਮਹਿਕ ਜੈਨ ਦੇ ਡਾਂਸ ਨੇ ਦਰਸ਼ਕਾਂ ਨੂੰ ਮੰਤਰ ਮੁਕਤ ਕਰ ਦਿੱਤਾ ਇਸ ਤੋਂ ਬਾਅਦ ਬਸੰਤ ਪੰਚਮੀ ਦੇ ਮਹੱਤਵ ਅਤੇ ਪਤੰਗ ਉਡਾਣ ਦੇ ਸਥਾਈ ਪ੍ਰਥਾ ਬਾਰੇ ਗੱਲ ਕੀਤੀ ਗਈ। ਰਚਨਾਤਮਕ ਅਤੇ ਵਾਤਾਵਰਨ ਦੀ ਜਿੰਮੇਵਾਰੀ ਨੂੰ ਵਧਾਉਣ ਲਈ ਪ੍ਰਤਿਯੋਗਿਤਾਵਾਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੂੰ ਲੇਖਣ ਕਲਾ, ਸਥਿਰਤਾ,ਵਿੱਚ ਆਪਣੇ ਕੌਸ਼ਲ ਨੂੰ ਪ੍ਰਦਰਸ਼ਨ ਕਰਦਿਆਂ ਹੋਇਆਂ ਇੱਕ ਮੰਚ ਪ੍ਰਦਾਨ ਕੀਤਾ ਗਿਆ।ਪ੍ਰਤਿਯੋਗਿਤਾ ਦੇ ਵਿਜੇਤਾ :ਨਿਬੰਧ ਲੇਖਨ ,ਪ੍ਰਥਮ ਸਥਾਨ :ਸੁਖਬੀਰ ਕੌਰ (ਬੀ ਕੌਮ ਦੂਜਾ ਸਮੈਸਟਰ) ਦੂਜਾ ਸਥਾਨ: ਨਵਜੋਤ ਕੌਰ (ਬੀ ਕੌਮ ਦੂਸਰਾ ਸਮੈਸਟਰ)ਤੀਜਾ ਸਥਾਨ :ਕਿਰਪਾ (ਐਮ ਐਲਐਸ ਦੂਸਰਾ ਸਮੈਸਟਰ ) ਕੋਨਸੋਲੇਸ਼ਨ ਪ੍ਰਾਈਜ਼: ਕਸ਼ਿਸ਼ (ਬੀਐਸਸੀ ਐਨਡੀ ਦੂਸਰਾ ਸਮੈਸਟਰ), ਬੈਸਟ ਆਊਟ ਆਫ ਵੇਸਟ-ਪ੍ਰਥਮ ਸਥਾਨ :ਸਿਲਕੀ (ਬੀਸੀਏ ਚੌਥਾ ਸਮੈਸਟਰ), ਦੂਸਰਾ ਸਥਾਨ: ਪਰਮਿੰਦਰ (ਐਚਐਮ ਦੂਜਾ ਸਮੈਸਟਰ) ,ਤੀਸਰਾ ਸਥਾਨ :ਏਕਤਾ (ਬੀ ਕੌਮ ਦੂਜਾ ਸਮੈਸਟਰ ) ,ਕੌਂਸਲੇਸ਼ਨ ਪੁਰਸਕਾਰ: ਜਸਮੀਤ (ਬੀਬੀਏ ਚੌਥਾ ਸਮੈਸਟਰ) ,ਵਾਤਾਵਰਨ ਅਨੁਕੂਲ ਪਤੰਗ ਬਨਾਨਾ ਅਤੇ ਸਜਾਵਟ-ਪਹਿਲਾ ਸਥਾਨ :ਪ੍ਰੀਆ (ਬੀਐਚ ਐਮਸੀਟੀ ਦੂਜਾ ਸਮੈਸਟਰ ) ਦੂਜਾ ਸਥਾਨ: ਕਿਰਨ (ਬੀਐਸ ਸੀ ਚੌਥਾ ਸਮੈਸਟਰ) ਤੀਸਰਾ ਸਥਾਨ: ਮੁਸਕਾਨ (ਬੀ ਕੌਮ ਚੌਥਾ ਸਮੈਸਟਰ) ਕੋਨਸੋਲੇਸ਼ਨ ਪ੍ਰਾਈਜ਼: ਜਸਦੀਪ (ਬੀਐਸਸੀ ਮਾਈਕਰੋ ਬਾਓਲੋਜੀ ਦੂਜਾ ਸਮੈਸਟਰ ) ਤਿਉਹਾਰ ਦੇ ਉਤਸ਼ਾਹ ਨੂੰ ਦੇਖਦੇ ਹੋਏ ਪ੍ਰੋਗਰਾਮ ਵਿੱਚ ਪਲਕ ਅਤੇ ਕਸ਼ਿਸ਼ ਦੁਆਰਾ ਭਾਵਪੂਰਨ ਏਕਲ ਪ੍ਰਦਰਸ਼ਨ, ਅਸ਼ਨੀਤ ਅਤੇ ਟੀਮ ਦੁਆਰਾ ਇੱਕ ਊਰਜਾਵਾਨ ਸਮੂਹ ਡਾਂਸ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਹੱਥ ਨਾਲ ਬਣਾਈਆਂ ਟਿਕਾਊ ਚੀਜ਼ਾਂ ਦਾ ਪ੍ਰਦਰਸ਼ਨ ਕੀਤਾ।



# ਮੈਂਬਰਸ਼ਿਪ ਭਰਤੀ ਲਈ ਅਕਾਲੀ ਵਰਕਰਾਂ 'ਚ ਭਾਰੀ ਉਤਸ਼ਾਹ : ਪ੍ਰਧਾਨ ਲੱਖੀ



**ਟਾਂਡਾ ਉੜਮੁੜ, (ਉਂਕਾਰ ਸਿੰਘ)**

ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਸਰਦਾਰ ਬਲਵਿੰਦਰ ਸਿੰਘ ਭੂੰਦੜ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿਪ ਭਰਤੀ ਲਈ ਅਕਾਲੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਇਹ ਭਰਤੀ ਸ਼੍ਰੋਮਣੀ ਅਕਾਲੀ ਦਲ ਤੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਤੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਵੱਧ ਚੜ੍ਹ ਕੇ ਕੀਤੀ ਜਾਵੇਗੀ।ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਲਖੀ ਨੇ ਕੀਤਾ।ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਹਲਕਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਪੂਰੇ ਉਤਸ਼ਾਹ ਤੇ ਜ਼ੋਰਾਂ ਸ਼ੋਰਾਂ ਨਾਲ ਕੀਤੀ ਜਾ ਰਹੀ ਹੈ ਅਤੇ ਭਰਤੀ ਸਬੰਧੀ ਅਕਾਲੀ ਵਰਕਰਾਂ ਵਿੱਚ ਵੀ ਵੱਡਾ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਹੋਰ ਕਿਹਾ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਪੰਜਾਬ ਦਾ ਹਰੇਕ ਵਰਗ ਦੁਖੀ ਹੈ ਅਤੇ ਇਸ ਸਰਕਾਰ ਨੂੰ ਚੱਲਦਾ ਕਰਨ ਲਈ ਪੰਜਾਬ ਦੇ ਲੋਕ ਵਿਧਾਨ ਸਭਾ ਚੋਣਾਂ ਦੀ ਉਡੀਕ ਬੇਸਬਰੀ ਨਾਲ ਕਰ ਰਹੇ ਹਨ। ਇਸ ਮੌਕੇ ਉਹਨਾਂ ਨਾਲ ਸ਼੍ਰੋਮਣੀ ਅਕਾਲੀ ਦਲ ਦਲਿਤ ਵਿੰਗ ਦੇ ਸੀਨੀਅਰ ਆਗੂ ਸਰਬਜੀਤ ਸਿੰਘ ਮੋਮੀ , ਅਕਾਲੀ ਆਗੂ ਪ੍ਰੇਮ ਸਿੰਘ ਪਿੱਪਲਾਂ ਵਾਲਾ, ਸਰਕਲ ਪ੍ਰਧਾਨ ਜਗਤਾਰ ਸਿੰਘ , ਯੂਥ ਅਕਾਲੀ ਆਗੂ ਗੁਰਪ੍ਰੀਤ ਸਿੰਘ ਗੋਪੀ ਤੋਂ ਇਲਾਵਾ ਹੋਰ ਅਕਾਲੀ ਵਰਕਰ ਵੀ ਹਾਜ਼ਰ ਸੀ।

# ਡੀ ਐਸ ਪੀ ਲਖਬੀਰ ਸਿੰਘ ਨੂੰ ਸੇਵਾ-ਮੁਕਤੀ 'ਤੇ ਵਿਦਾਇਗੀ ਪਾਰਟੀ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਡਿਊਟੀ ਪ੍ਰਤੀ ਗੰਭੀਰਤਾ ਤੇ ਸਮੇਂ ਦੀ ਪਾਬੰਦੀ ਡੀ ਐਸ ਪੀ ਲਖਬੀਰ ਸਿੰਘ ਨੂੰ ਸਨਮਾਨਯੋਗ ਬਣਾਉਂਦੀ ਹੈ। ਜ਼ਿਲ੍ਹੇ ਦੇ ਪੁਲਿਸ ਅਧਿਕਾਰੀ ਇਹਨਾਂ ਅਸੂਲਾਂ ਨੂੰ ਜ਼ਰੂਰ ਅਪਨਾਉਣ। ਇਹ ਸ਼ਬਦ ਡਾ.ਮਹਿਤਾਬ ਸਿੰਘ ਐਸ ਐਸ ਪੀ ਵਲੋਂ ਸ.ਲਖਬੀਰ ਸਿੰਘ ਨੂੰ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਵੱਲੋਂ ਰਿਟਾਇਰਮੈਂਟ ਮੌਕੇ ਵਿਦਾਇਗੀ ਪਾਰਟੀ ਮੌਕੇ ਆਪਣੇ ਸੰਬੋਧਨ ਵਿੱਚ ਆਖੇ। ਉਹਨਾਂ ਦੇ ਨਾਲ਼ ਐਸ ਪੀ ਇੱਕਬਾਲ ਸਿੰਘ, ਡੀ ਐਸ ਪੀ ਸੁਰਿੰਦਰ ਚਾਂਦ, ਐਸ ਪੀ ਸੋਹਨ ਲਾਲ ਸੋਨੀ, ਡੀ ਐਸ ਪੀ ਸ਼ਹਿਬਾਜ਼ ਸਿੰਘ, ਡੀ ਐਸ ਪੀ ਪ੍ਰੇਮ ਕੁਮਾਰ, ਐਸ ਐਚ ਓ ਨਰੇਸ਼ ਕੁਮਾਰੀ ਅਤੇ ਹੋਰ ਅਧਿਕਾਰੀ ਹਾਜ਼ਰ ਸਨ ਇਸ ਮੌਕੇ ਸੰਬੋਧਨ ਕਰਨ ਵਾਲਿਆਂ ਵਿੱਚ ਡੀ.ਐਸ.ਪੀ ਰਾਜ ਕੁਮਾਰ, ਡੀ.ਐਸ.ਪੀ ਦਲਜੀਤ ਸਿੰਘ ਖੱਖ ਅਤੇ ਉਪਕਾਰ ਸੋਸਾਇਟੀ ਦੇ ਪ੍ਰਧਾਨ ਜਸਪਾਲ ਸਿੰਘ ਗਿੱਦਾ ਸ਼ਾਮਲ ਸਨ। ਜਿਲ੍ਹਾ ਪੁਲਿਸ ਪ੍ਰਸ਼ਾਸਨ ਵਲੋਂ ਵਿਦਾਇਗੀ ਪਾਰਟੀ ਦਾ ਪ੍ਰਬੰਧ ਕੀਤਾ ਗਿਆ ਸੀ। ਜਿਸ ਵਿੱਚ ਸ.ਲਖਬੀਰ ਸਿੰਘ ਸੋਇਤਾ ਨੂੰ ਕਰੀਬ 35 ਸਾਲ ਦੀਆਂ ਸ਼ਾਨਦਾਰ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ.ਲਖਬੀਰ ਸਿੰਘ ਤੇ ਉਹਨਾਂ ਦੀ ਧਰਮਪਤਨੀ ਸ਼੍ਰੀਮਤੀ ਜਸਵਿੰਦਰ ਕੌਰ, ਪੁੱਤਰ ਪ੍ਰਭਜੋਤ ਸਿੰਘ, ਨੂੰਹ ਮਨਮੀਤ ਕੌਰ, ਪਰਿਵਾਰਕ ਮੈਂਬਰ ਹਾਜ਼ਰ ਸਨ। ਸਮੂਹ ਹਾਜ਼ਰੀਨ ਵਲੋਂ ਡੀ ਐਸ ਪੀ ਲਖਬੀਰ ਸਿੰਘ ਤੇ ਉਹਨਾਂ ਦੀ ਧਰਮਪਤਨੀ ਜਸਵਿੰਦਰ ਕੌਰ ਨੂੰ ਫੁੱਲ-ਮਲਾਵਾਂ ਪਹਿਨਾ ਕੇ ਸਨਮਾਨਿਤ ਕੀਤਾ ਗਿਆ।

# ਪਲਾਸਟਿਕ ਦੀ ਵਰਤੋਂ ਘਟਾਉਣ ਲਈ ਜੂਟ ਦੇ ਬੈਗ ਵੰਡੇ



**ਬਲਾਚੌਰ (ਜਸਵਿੰਦਰ ਬੈਂਸ)**-ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚੂਐਂਟ ਕਾਲਜ, ਬਲਾਚੌਰ (ਬੀਬੀਪੀਯੂਸੀਸੀ) ਨੇ ਕੈਂਪਸ ਵਿੱਚ ਪਲਾਸਟਿਕ ਦੇ ਕੂੜੇ ਨੂੰ ਘਟਾਉਣ ਦੇ ਉਦੇਸ਼ ਨਾਲ ਇੱਕ ਵਾਤਾਵਰਣ-ਪੱਖੀ ਪਹਿਲਕਦਮੀ ਸ਼ੁਰੂ ਕੀਤੀ ਹੈ। ਵਾਤਾਵਰਨ ਸਿੱਖਿਆ ਪ੍ਰੋਗਰਾਮ ਦੇ ਬੈਨਰ ਹੇਠ ਸਟਾਫ਼ ਮੈਂਬਰਾਂ ਨੂੰ ਇਕੱਲੇ ਵਰਤੋਂ ਵਾਲੇ ਪਲਾਸਟਿਕ ਤੋਂ ਦੂਰ ਰਹਿਣ ਲਈ ਉਤਸ਼ਾਹਿਤ ਕਰਨ ਦੀ ਮੁਹਿੰਮ ਦੇ ਹਿੱਸੇ ਵਜੋਂ ਵਾਤਾਵਰਣ-ਅਨੁਕੂਲ ਜੂਟ ਬੈਗ ਪ੍ਰਦਾਨ ਕੀਤੇ ਗਏ।ਇਹ ਵੰਡ ਸਮਾਗਮ ਪ੍ਰਿੰਸੀਪਲ ਡਾ: ਸਤੀਸ਼ ਕੁਮਾਰ ਧੀਮਾਨ ਦੀ ਅਗਵਾਈ ਅਤੇ ਈਕੋ-ਕਲੱਬ ਦੇ ਇੰਚਾਰਜ ਪ੍ਰੋ: ਰਮਨਦੀਪ ਸਿੰਘ ਨਾਹਰ, ਫੈਕਲਟੀ ਮੈਂਬਰਾਂ ਸ਼੍ਰੀਮਤੀ ਤਮੰਨਾ ਕੇਵਲ, ਸ਼੍ਰੀਮਤੀ ਦਕਸ਼ੀ ਜੈਨ, ਸ਼੍ਰੀਮਤੀ ਸੁਖਜੀਤ ਨਾਹਰ, ਸ਼੍ਰੀਮਤੀ ਰੂਬੀ, ਸ਼੍ਰੀ ਰਾਘਵ ਜੈਨ, ਅਤੇ ਡਾ. ਅੰਜਲੀ ਪਾਠਕ ਦੇ ਸਹਿਯੋਗ ਨਾਲ ਸਿਰੇ ਚੜ੍ਹਾਇਆ ਗਿਆ।

# ਸੰਤ ਪ੍ਰੇਮ ਦਾਸ ਦੇ ਬਰਸੀ ਸਮਾਗਮ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਸ਼ਰਧਾ ਪੂਰਵਕ ਮਨਾਏ

**ਹੁਸ਼ਿਆਰਪੁਰ ( ਓ ਪੀ ਰਾਣਾ)**

ਬ੍ਰਹਮਲੀਨ ਸੰਤ ਪ੍ਰੇਮ ਦਾਸ ਜੀ ਦੀ 51ਵੀਂ ਬਰਸੀ 'ਤੇ ਵਿਸ਼ਾਲ ਧਾਰਮਿਕ ਸਮਾਗਮ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਮੌਜੂਦਾ ਗੱਦੀ ਨਸ਼ੀਨ ਸੰਤ ਸਰਵਣ ਦਾਸ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਆਖੰਡ ਸਾਹਿਬ ਦੇ ਪਾਠ ਦੇ ਭੋਗ ਤੋਂ ਉਪਰੰਤ ਖੁੱਲ੍ਹੇ ਦੀਵਾਨਾਂ ਵਿੱਚ ਕੀਰਤਨ ਦੀਵਾਨ ਸਜਾਏ ਗਏ, ਜਿਸ ਵਿੱਚ ਰਾਗੀ , ਢਾਡੀ, ਕਥਾ ਵਾਚਕ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਏ ਸੁਸਾਇਟੀ ਦੇ ਸੰਤ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੇ ਜਨਰਲ ਸਕੱਤਰ,ਸੰਤ ਪਰਮਜੀਤ ਦਾਸ ਨਗਰ , ਸੰਤ ਸਰਵਣ ਦਾਸ ਸਲੇਮਟਾਵਰੀ , ਸੰਤ ਬਲਵੰਤ ਸਿੰਘ ਡਿੰਗਰੀਆਂ, ਸੰਤ ਜਗੀਰ ਸਿੰਘ ਸਰਬੱਤ ਦਾ ਭਲਾ ਆਸ਼ਰਮ ਨੰਦਾਚੌਰ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਸੰਤੋਖ ਦਾਸ ਭਾਰਟਾ , ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਕੁਲਦੀਪ ਦਾਸ ਬਸੀ ਮਰੂਫ,ਸੰਤ ਗੁਰਮੇਲ ਦਾਸ ਰਹੀਮਪੁਰ , ਸੰਤ ਰਜੇਸ਼ ਦਾਸ ਬਜਵਾੜਾ, ਡੇਰੇ ਦੇ ਸੇਵਾਦਾਰ ਲਵਪ੍ਰੀਤ , ਗਿਆਨੀ ਦਲਜੀਤ ਸਿੰਘ , ਭਾਈ ਸੁਰਜੀਤ ਸਿੰਘ ਮਜਬੂਰ, ਭਾਈ ਗੁਰਮੇਲ ਸਿੰਘ ਰਾਜਪੁਰ ਭਾਈਆਂ, ਗਿਆਨੀ ਰਵਿੰਦਰ ਸਿੰਘ ਕਵੀਸ਼ਰੀ ਜਥੇ ਅਤੇ ਸੰਤ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ। ਸਟੇਜ ਸਕੱਤਰ ਦੀ ਸੇਵਾ ਓਮ ਪ੍ਰਕਾਸ਼ ਰਾਣਾ ਨੇ ਨਿਭਾਈ।ਇਸ ਮੌਕੇ ਰਜਿੰਦਰ ਕੁਮਾਰ ਭਾਟੀਆ , ਹਰਭਜਨ ਸਿੰਘ ਸਿੰਘਾਪੁਰ, ਗਿਆਨੀ ਰਵਿੰਦਰ ਸਿੰਘ ਹਰਮੋਏ, ਅਸ਼ੋਕ ਕੁਮਾਰ, ਭਿੰਦਾ ਬੋਹਣ, ਹੈਰੀ ਬੋਹਣ, ਹਰਿਸ਼ ਬੋਹਣ, ਜਨਕ ਰਾਜ, ਕਰਨੈਲ ਚੰਦ ,ਬਾਸੂ ਦੇਵ ਸੋਨੂੰ,ਹਰਭਜਨ ਦਾਸ ਕਰਾੜੀ, ਰਾਮ ਭੱਜ ਕਰਾੜੀ ਹਾਜ਼ਰ ਸਨ। ਸੰਗਤਾਂ ਲਈ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ।



# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਨਗਰ ਕੀਰਤਨ 11 ਨੂੰ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**-ਸ੍ਰੀ ਗੁਰੂ ਰਵਿਦਾਸ ਜੀ ਦੇ ਗੁਰਪੁਰਬ ਮਿਤੀ 10,11,12 ਫਰਵਰੀ ਨੂੰ ਗੁਰਦੁਆਰਾ ਸੋਹੰ ਸਾਹਿਬ ਮਹੱਲਾ ਦਿਵਾਨਿਆ ਰਾਹੋਂ ਵਿਖੇ ਮਨਾਇਆ ਜਾ ਰਿਹਾ ਹੈ। ਇਸ ਸਬੰਧ 'ਚ 10 ਫਰਵਰੀ ਤੱਕ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ਼ਿੰਗਾਰਾ ਰਾਮ ਅਤੇ ਬਿਮਲ ਕੁਮਾਰ ਜਨਰਲ ਸਕੱਤਰ ਨੇ ਦੱਸਿਆ ਕਿ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਗੁਰਦੁਆਰਾ ਸੋਹੰ ਸਾਹਿਬ ਤੋਂ ਆਰੰਭ ਹੋ ਕੇ ਸ਼ਾਮ ਨੂੰ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵੇਗਾ। ਐਮ.ਐਲ.ਏ. ਡਾ. ਨਛੱਤਰ ਪਾਲ ਮੁੱਖ ਮਹਿਮਾਨ ਹੋਣਗੇ। ਨਗਰ ਕੀਰਤਨ ਦੌਰਾਨ ਭਾਈ ਸਾਹਿਬ ਭਾਈ ਜਸਦੀਪ ਸਿੰਘ ਨਾਗਰਾ ਢਾਡੀ ਜੱਥਾ ਵਾਰਾਂ ਸੁਣਾਉਣਗੇ। 12 ਫਰਵਰੀ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ, ਉਪਰੰਤ ਭਾਈ ਰਜਿੰਦਰ ਸਿੰਘ ਰਾਜਪੁਰੇ ਵਾਲੇ ਤੇ ਰਾਤ ਦੇ ਦਿਵਾਨ ਵਿੱਚ ਬਾਬਾ ਬਲਰਾਮ ਸਿੰਘ ਭਵਾਨੀਪੁਰ ਖੁਰਾਲਗੜ੍ਹ ਵਾਲੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਪ੍ਰਬੰਧਕ ਕਮੇਟੀ ਮੈਂਬਰ ਪ੍ਰਧਾਨ ਸ਼ਿੰਗਾਰਾ ਰਾਮ, ਜਨਰਲ ਸਕੱਤਰ ਕੌਂਸਲਰ ਬਿਮਲ ਕੁਮਾਰ, ਚੈਅਰਮੈਨ ਸੰਤ ਰਾਮ, ਕੈਸ਼ੀਅਰ ਜਸਵੰਤ ਰਾਏ, ਕੇਵਲ ਰਾਮ, ਬਲਵਿੰਦਰ ਬਿੱਲਾ, ਰਾਕੇਸ਼ ਕੁਮਾਰ,ਮਲਕੀਤ ਕੁਮਾਰ, ਅਸ਼ਵਨੀ, ਕਸ਼ਮੀਰ ਸਿੰਘ, ਬਾਬਾ ਰਜਿੰਦਰ ਸਿੰਘ,ਕੌਂਸਲਰ ਮਨਜੀਤ ਕੌਰ, ਮੁੱਖਤਿਆਰ ਸਿੰਘ, ਜਨਕ ਰਾਜ, ਸਤਪਾਲ ਸਰੋਆ ਆਦਿ ਹਾਜਰ ਸਨ।

# ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੋਭਾ ਯਾਤਰਾ 12 ਨੂੰ

**ਅਲਾਵਲਪੁਰ, (ਮਦਨ ਬੰਗੜ)**

ਸ਼੍ਰੀ ਗੁਰੂ ਰਵਿਦਾਸ ਜੀ ਦੇ648ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਸਬਾ ਅਲਾਵਲਪੁਰ ਵਿਖੇ 12 ਫਰਵਰੀ ਨੂੰ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਮੁਹੱਲਾ ਜੁਲਾਹਾ ਦੀ ਅਗਵਾਈ ਹੇਠ ਅਲਾਵਲਪੁਰ ਵਿਖੇ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਇਸ ਸ਼ੋਭਾ ਯਾਤਰਾ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਅਲਾਵਲਪੁਰ ਦੇ ਸਮੂਹ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾਵਾਂ ਦੇ ਮੈਂਬਰਾਂ ਦੀ ਮੀਟਿੰਗ ਸ਼੍ਰੀ ਗੁਰੂ ਰਵਿਦਾਸ ਮੰਦਰ ਮੁਹੱਲਾ ਜੁਲਾਹਿਆਂ ਵਿਖੇ ਹੋਈ।ਮੀਟਿੰਗ ਵਿੱਚ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਮੁਹੱਲਾ ਪਹਾੜੀਆਂ, ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਮੁਹੱਲਾ ਸੁੰਦਰ ਨਗਰ, ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਮੁਹੱਲਾ ਨਬੀਪੁਰ, ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਪੁਰਾਣਾ ਕਮੇਟੀ ਘਰ ਅਤੇ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਮੁਹੱਲਾ ਜੁਲਾਹਾ ਦੇ ਪ੍ਰਬੰਧਕਾਂ ਨੇ ਸ਼ਮੂਲੀਅਤ ਕੀਤੀ। ਸ਼ੋਭਾ ਯਾਤਰਾ 12 ਫਰਵਰੀ ਨੂੰ ਦੁਪਹਿਰ 2 ਵਜੇ ਮੁਹੱਲਾ ਜੁਲਾਹਾ ਸਥਿਤ ਸ਼੍ਰੀ ਗੁਰੂ ਰਵਿਦਾਸ ਮੰਦਿਰ ਤੋਂ ਸ਼ੁਰੂ ਹੋ ਕੇ ਮੁਹੱਲਾ ਸ਼ਾਹ ਪ੍ਰਵਾਨਾ, ਰਿਸ਼ੀ ਨਗਰ, ਮੁਹੱਲਾ ਰਾਮਗੜ੍ਹੀਆ, ਮੁਹੱਲਾ ਤਬੇਲਾ, ਗੀਤਾ ਭਵਨ, ਮੇਨ ਬਜ਼ਾਰ, ਕਮੇਟੀ ਘਰ, ਪ੍ਰੇਮ ਨਗਰ, ਸ਼੍ਰੀ ਝੰਡਾ ਸਾਹਿਬ, ਮੁਹੱਲਾ ਤੋਂ ਹੁੰਦੇ ਹੋਏ ਸ਼੍ਰੀ ਗੁਰੂ ਰਵਿਦਾਸ ਮੰਦਰ ਮੁਹੱਲਾ ਜੁਲਾਹਿਆਂ ਵਿਖੇ ਪਹੁੰਚੇਗੀ। ਮੀਟਿੰਗ ਵਿੱਚ ਪ੍ਰਧਾਨ ਬਲਵਿੰਦਰ ਕੁਮਾਰ ਹੀਰਾ, ਸੀਤਲ ਦਾਸ, ਸੋਮ ਪ੍ਰਕਾਸ਼, ਅਸ਼ੋਕ ਬੰਗੜ, ਸਤਪਾਲ ਝੱਮਟ, ਰਾਮ ਗੋਪਾਲ, ਲੇਖਰਾਜ, ਬਲਵੰਤ ਰਾਏ, ਵਿਪਨ ਕੁਮਾਰ, ਰਾਜ ਕੁਮਾਰ, ਸੁਰਜੀਤ ਕੁਮਾਰ, ਦੀਪਕ ਪਾਲ, ਸੋਨੂੰ ਬੈਂਸ, ਓਮਕਾਰ ਬਿਰਦੀ, ਅਨਿਲ ਮਹਿਮੀ ਆਦਿ ਹਾਜ਼ਰ ਸਨ।



# ਸ੍ਰੀ ਸੁਖਮਨੀ ਡੈਂਟਲ ਕਾਲਜ ਤੇ ਹਸਪਤਾਲ ਵਿਖੇ ਹੋਈ ਫਰੈਸ਼ਰ ਪਾਰਟੀ 2025



**ਡੇਰਾਬਸੀ (ਵਿਨੈ ਕੁਮਾਰ ਜੈਨ)**

ਸ੍ਰੀ ਸੁਖਮਨੀ ਡੈਂਟਲ ਕਾਲਜ ਅਤੇ ਹਸਪਤਾਲ ਵਿਚ 2025 ਦੀ ਫਰੈਸ਼ਰ ਪਾਰਟੀ ਬਹੁਤ ਹੀ ਧੂਮਧਾਮ ਅਤੇ ਖੁਸ਼ੀ ਦੇ ਮਾਹੌਲ ਵਿੱਚ ਕੀਤੀ ਗਈ। ਇਸ ਪ੍ਰੋਗਰਾਮ ਦਾ ਆਯੋਜਨ ਨਵੇਂ ਆਏ ਵਿਦਿਆਰਥੀਆਂ ਨੂੰ ਕਾਲਜ ਦੀ ਪ੍ਰੰਪਰਾ ਅਤੇ ਵਾਤਾਵਰਣ ਤੋਂ ਜਾਣੂ ਕਰਵਾਉਣ ਲਈ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾਂ ਜਲਾ ਕੇ ਕੀਤੀ ਗਈ।ਪ੍ਰਿੰਸੀਪਲ ਡਾ. ਰਮਨਦੀਪ ਕੌਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਕਾਲਜ ਦੀਆਂ ਪ੍ਰੰਪਰਾਵਾਂ ਬਾਰੇ ਜਾਣੂ ਕਰਵਾਇਆ। ਫਰੈਸ਼ਰ ਪਾਰਟੀ ਦੀ ਸ਼ੁਰੂਆਤ ਸੱਭਿਆਚਾਰਕ ਗਤੀਵਿਧੀਆਂ ਨਾਲ ਹੋਈ। ਕਾਲਜ ਦੇ ਸੀਨੀਅਰ ਵਿਦਿਆਰਥੀਆਂ ਨੇ ਆਪਣੇ ਪ੍ਰਦਰਸ਼ਨੀ ਕਲਾ ਨਾਲ ਮੰਚ ਨੂੰ ਚਮਕਾਇਆ। ਗੀਤ-ਸੰਗੀਤ, ਡਾਂਸ, ਅਤੇ ਨਾਟਕਾਂ ਨਾਲ ਸੱਜੇ ਹੋਏ ਇਸ ਪ੍ਰੋਗਰਾਮ ਨੇ ਹਰ ਇੱਕ ਨੂੰ ਰੋਮਾਂਚਿਤ ਕਰ ਦਿੱਤਾ।ਗਿੱਧਾ ਅਤੇ ਭੰਗੜੇ ਦੇ ਜ਼ੋਰਦਾਰ ਪ੍ਰਦਰਸ਼ਨ ਨੇ ਪੂਰੇ ਮਾਹੌਲ ਨੂੰ ਰੰਗੀਨ ਬਣਾ ਦਿੱਤਾ।ਨਵੇਂ ਵਿਦਿਆਰਥੀਆਂ ਲਈ ਵੀ ਵਿਸ਼ੇਸ਼ ਮੁਕਾਬਲੇ ਆਯੋਜਿਤ ਕੀਤੇ ਗਏ। 'ਮਿਸ ਅਤੇ ਮਿਸਟਰ ਫਰੈਸ਼ਰ' ਦੀ ਮੁਕਾਬਲਾ ਇਸ ਦਿਨ ਦਾ ਮੁੱਖ ਆਕਰਸ਼ਣ ਰਿਹਾ।ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਜੱਜਾਂ ਨੇ ਇੰਟਰਵਿਊ ਅਤੇ ਟੈਲੈਂਟ ਰਾਊਂਡ ਦੁਆਰਾ ਮਿਸ ਅਤੇ ਮਿਸਟਰ ਫਰੈਸ਼ਰ ਦੀ ਚੋਣ ਕੀਤੀ।ਇਸ ਸਮਾਗਮ ਵਿੱਚ ਵਿਦਿਆਰਥੀਆਂ ਲਈ ਖਾਸ ਰੂਪ ਵਿੱਚ ਖਾਣਪੀਣ ਦੀ ਵਿਵਸਥਾ ਕੀਤੀ ਗਈ। ਪੂਰੇ ਸਮਾਗਮ ਨੂੰ ਕਾਲਜ ਦੀ ਸੱਭਿਆਚਾਰਕ ਕਮੇਟੀ ਨੇ ਬਹੁਤ ਹੀ ਸਫਲ ਤਰੀਕੇ ਨਾਲ ਸੰਚਾਲਿਤ ਕੀਤਾ। ਨਵੇਂ ਵਿਦਿਆਰਥੀਆਂ ਨੇ ਇਸ ਸਮਾਗਮ ਦੇ ਆਯੋਜਨ ਦੀ ਖੂਬ ਸਰਾਹਨਾ ਕੀਤੀ।

# ਸੀ ਐੱਚ ਸੀ ਸਟਾਫ ਨੇ ਟੀ ਬੀ ਮੁਕਤ ਭਾਰਤ ਲਈ ਸਹੁੰ ਚੁੱਕੀ

**ਨਵਾਂਸ਼ਹਿਰ (ਮਨੋਜ ਲਾਡੀ)**

ਟੀਬੀ ਮੁਕਤ ਭਾਰਤ ਪ੍ਰਾਪਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ ਅਤੇ ਸੀ ਐਚ ਸੀ ਮੁਕੰਦਪੁਰ ਦੇ ਸਮਰਪਿਤ ਸਟਾਫ ਮੈਂਬਰਾਂ ਨੇ ਟੀਬੀ ਮੁਕਤ ਭਾਰਤ ਪਹਿਲ ਕਦਮੀ ਦੇ ਸਮਰਥਨ ਵਿੱਚ ਸਹੁੰ ਚੁੱਕੀ।ਭਾਰਤ ਸਰਕਾਰ ਦੀ ਅਗਵਾਈ ਹੇਠ ਇਹ ਪਹਿਲ ਕਦਮੀ 2025 ਤੱਕ ਦੇਸ਼ ਵਿੱਚੋਂ ਟੀਬੀ ਨੂੰ ਖਤਮ ਕਰਨ ਦਾ ਟੀਚਾ ਰੱਖਦੀ ਹੈ।ਸੀ ਐਚ ਸੀ ਮੁਕੰਦਪੁਰ ਵਿਖੇ ਆਯੋਜਿਤ ਸਹੁੰ ਚੁੱਕ ਸਮਾਰੋਹ ਨੇ ਜਾਗਰੂਕਤਾ, ਜਲਦੀ ਪਤਾ ਲਗਾਉਣ ਅਤੇ ਪ੍ਰਭਾਵਸ਼ਾਲੀ ਇਲਾਜ ਰਾਹੀਂ ਟੀਬੀ ਦਾ ਮੁਕਾਬਲਾ ਕਰਨ ਲਈ ਸਿਹਤ ਸੰਭਾਲ ਟੀਮ ਦੀ ਅਟੁੱਟ ਵਚਨਬੱਧਤਾ ਨੂੰ ਉਜਾਗਰ ਕੀਤਾ।ਸੀ ਐਚ ਸੀ ਮੁਕੰਦਪੁਰ ਦੇ ਸਟਾਫ ਮੈਂਬਰਾਂ ਨੇ ਟੀਬੀ ਦੇ ਮਰੀਜ਼ਾਂ ਨੂੰ ਗੁਣਵੱਤਾ ਵਾਲੀ ਦੇਖਭਾਲ ਪ੍ਰਦਾਨ ਕਰਨ, ਸਮੇਂ ਸਿਰ ਨਿਦਾਨ ਨੂੰ ਯਕੀਨੀ ਬਣਾਉਣ ਅਤੇ ਰੋਕਥਾਮ ਉਪਾਵਾਂ ਨੂੰ ਉਤਸ਼ਾਹਿਤ ਕਰਨ ਲਈ ਆਪਣੇ ਸਮਰਪਣ ਦੀ ਪੁਸ਼ਟੀ ਕੀਤੀ। ਇਸ ਮੌਕੇ ਹਰਪ੍ਰੀਤ ਸਿੰਘ ਬਲਾਕ ਐਕਸਟੈਨਸ਼ਨ ਐਜੂਕੇਟਰ, ਪਰਮਜੀਤ ਕੌਰ ਅਤੇ ਰਾਜਕੁਮਾਰ ਐਮ ਐਲ ਟੀ, ਡਾ. ਅਮਨਦੀਪ ਕੌਰ, ਬਲਵੰਤ ਰਾਮ, ਚਰਨਜੀਤ ਕੌਰ, ਕੁਲਵਿੰਦਰ ਕੌਰ, ਅਮਰਜੀਤ, ਆਸ਼ੀਸ਼, ਸਰਬਜੀਤ ਅਤੇ ਸੁਰੇਸ਼ ਮੌਜੂਦ ਸਨ।



# ਬਘਾਣਾ ਦੀ ਪੰਚਾਇਤ ਨੇ 22 ਬੱਚੀਆਂ ਦੇ ਸੁਕੰਨਿਆ ਸਮਰਿਧੀ ਯੋਜਨਾ ਅਧੀਨ ਖੁੱਲ੍ਹਵਾਏ ਖਾਤੇ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਪਿੰਡ ਬਘਾਣਾ ਵਿਖੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਵਲੋਂ 22 ਨਵਜੰਮੀਆਂ ਬੱਚੀਆਂ ਦੇ ਡਾਕਖਾਨੇ ਦੀ ਸੁਕੰਨਿਆ ਸਮਰਿੱਧੀ ਯੋਜਨਾ ਅਧੀਨ ਬਚਤ ਖਾਤੇ ਖੋਲ੍ਹੇ ਗਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਆਯੁਰਵੈਦਿਕ ਅਤੇ ਯੁਨਾਨੀ ਅਫਸਰ ਕਪੂਰਥਲਾ ਡਾ. ਕੁਸਮ ਗੁਪਤਾ ਸ਼ਾਮਲ ਹੋਏ। ਉਹਨਾਂ ਪੰਚਾਇਤ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਬੱਚੀਆਂ ਦੇ ਮਾਪਿਆਂ ਨੂੰ ਇਸ ਸਕੀਮ ਤਹਿਤ ਖਾਤੇ ਖੁੱਲ੍ਹਵਾਉਣ ਲਈ ਪ੍ਰੇਰਿਤ ਕੀਤਾ ਤਾਂ ਜੋ ਬੱਚੀਆਂ ਦਾ ਭਵਿੱਖ ਸੁਰੱਖਿਅਤ ਹੋ ਸਕੇ। ਸਬ ਪੋਸਟ ਮਾਸਟਰ ਧਰਮਪਾਲ ਨਰੂੜ ਨੇ ਦੱਸਿਆ ਕਿ ਭਾਰਤ ਸਰਕਾਰ ਦੀ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿਮ ਤਹਿਤ 0 ਤੋਂ 10 ਸਾਲ ਤੱਕ ਦੀ ਉਮਰ ਵਾਲੀਆਂ ਬੱਚੀਆਂ ਦੇ ਇਸ ਸਕੀਮ ਤਹਿਤ ਡਾਕਖਾਨੇ ਵਿਚ ਖਾਤੇ ਖੋਲ੍ਹੇ ਜਾ ਸਕਦੇ ਹਨ। ਹਰੇਕ ਵਿੱਤੀ ਸਾਲ ਵਿਚ ਘੱਟ ਤੋਂ ਘੱਟ ਸਿਰਫ 250 ਰੁਪਏ ਜਮ੍ਹਾਂ ਕਰਵਾਉਣੇ ਲਾਜਮੀ ਹਨ। ਖਾਤਾ ਖੋਲ੍ਹਣ ਤੋਂ ਪੰਦਰਾਂ ਸਾਲ ਤੱਕ ਆਪਣੀ ਸਮਰੱਥਾ ਅਨੁਸਾਰ ਸਾਲ ਭਰ ਵਿਚ ਰਕਮ ਜਮ੍ਹਾਂ ਕੀਤੀ ਜਾ ਸਕਦੀ ਹੈ। ਇਸ ਸਕੀਮ ਅਧੀਨ ਜਮ੍ਹਾਂ ਕੀਤੀ ਰਕਮ ਆਮਦਨ ਟੈਕਸ ਤੋਂ ਮੁਕਤ ਹੈ। ਬੱਚੀ ਦੀ ਉਮਰ 18 ਸਾਲ ਪੂਰੀ ਹੋਣ ਤੋਂ ਬਾਅਦ ਉੱਚ ਸਿੱਖਿਆ ਪ੍ਰਾਪਤੀ ਜਾਂ ਵਿਆਹ ਲਈ ਕੁੱਲ ਰਕਮ ਦਾ ਪੰਜਾਹ ਫੀਸਦੀ ਲਿਆ ਜਾ ਸਕਦਾ ਹੈ ਅਤੇ ਬਾਕੀ ਰਕਮ ਖਾਤਾ ਖੋਲ੍ਹਣ ਦੀ ਤਰੀਕ ਤੋਂ 21 ਸਾਲ ਬਾਅਦ ਸਮੇਤ ਵਿਆਜ ਅਦਾ ਕੀਤੀ ਜਾਂਦੀ ਹੈ।ਖਾਤਾ ਕਿਸੇ ਵੀ ਡਾਕਘਰ ਵਿਚ ਖੋਲ੍ਹਿਆ ਜਾ ਸਕਦਾ ਹੈ। ਜਿਹਨਾਂ ਲੜਕੀਆਂ ਦੇ ਖਾਤੇ ਖੋਲ੍ਹੇ ਗਏ ਹਨ, ਉਹਨਾਂ ਨੂੰ ਪੰਚਾਇਤ ਵਲੋਂ ਕਪੜੇ ਅਤੇ ਸ਼ਗਨ ਵੀ ਭੇਂਟ ਕੀਤਾ ਗਿਆ। ਸਰਪੰਚ ਨੇ ਦੱਸਿਆ ਕਿ ਜਿਹਨਾਂ ਲੜਕੀਆਂ ਦੇ ਖਾਤੇ ਖੋਲ੍ਹੇ ਗਏ ਹਨ, ਉਹਨਾਂ ਦੇ ਸ਼ੁਰੂਆਤੀ 250 ਰੁਪਏ ਦਾ ਭੁਗਤਾਨ ਪੰਚਾਇਤ ਵਲੋਂ ਕੀਤਾ ਗਿਆ ਹੈ।ਇਸ ਮੌਕੇ ਦੇਸਰਾਜ ਮਹਿਤਾ ਸਾਬਕਾ ਸਰਪੰਚ, ਮੈਂਬਰ ਪੰਚਾਇਤ ਰਾਮ ਲੁਭਾਇਆ, ਸਚਿਨ ਕੁਮਾਰ, ਨਿਸ਼ਾ ਸਹੋਤਾ, ਜਸਵਿੰਦਰ ਕੌਰ, ਸੁਰਜੀਤ ਕੌਰ, ਬਲਜਿੰਦਰ ਸਿੰਘ, ਗੁਰਸ਼ਰਨਜੀਤ ਸਿੰਘ ਤੋਂ ਇਲਾਵਾ ਡਾ. ਪ੍ਰੇਮਪਾਲ, ਡਾ. ਸੁਨੀਤਾ ਕੁਮਾਰੀ, ਨਰਿੰਦਰ ਕੌਰ, ਡਾ. ਕੰਵਰਦੀਪ ਸਿੰਘ, ਡਾ. ਹਰਵਿੰਦਰ ਭਗਤ, ਡਾ. ਰਵੀ ਕੁਮਾਰ, ਨਛੱਤਰ ਕੌਰ ਆਂਗਨਬਾੜੀ ਵਰਕਰ, ਬਲਵਿੰਦਰ ਕੌਰ ਆਸ਼ਾ ਵਰਕਰ, ਰਣਜੀਤ ਕੌਰ, ਪਰਮਜੀਤ ਕੌਰ, ਨੇਹਾ, ਬਖਸ਼ੀ ਰਾਮ, ਨਰਾਇਣ ਸਿੰਘ, ਪਰਵੀਨ ਕੁਮਾਰ, ਹਰੀਸ਼ ਕੁਮਾਰ, ਬਲਵੀਰ ਸਿੰਘ, ਜਸਵੀਰ ਕੁਮਾਰ, ਅਸ਼ੋਕ ਕੁਮਾਰ, ਨਰਿੰਦਰ ਕੁਮਾਰ, ਸੁਰਿੰਦਰ ਕੁਮਾਰ, ਲਖਵਿੰਦਰ ਕੁਮਾਰ, ਗੋਗੀ, ਕਮਲਜੀਤ ਕੁਮਾਰ, ਵਰੁਣ ਕੁਮਾਰ, ਖੁਸ਼ਮਨ, ਸਾਹਿਲ, ਰਾਜਿੰਦਰ ਕੁਮਾਰ ਆਦਿ ਹਾਜ਼ਰ ਸਨ।



3-FEB-PAGE-10.qxd 2/2/2025 9:57 PM Page 1



## ਭਾਈ ਘਨੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਵੱਲੋਂ ਜਾਗਰੂਕਤਾ ਸੈਮੀਨਾਰ



**ਕੋਟਕਪੂਰਾ (ਰਛਪਾਲ ਭੁੱਲਰ)**-ਭਾਈ ਘਨੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਚੰਦਬਾਜਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੋਟਕਪੂਰਾ ਗਰੁੱਪ ਆਫ ਫੈਮਿਲੀਜ਼ ਬਰੈਂਪਟਨ (ਕੈਨੇਡਾ) ਦੇ ਸਹਿਯੋਗ ਨਾਲ ਪਿੰਡ ਸੰਧਵਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਜਿੱਥੇ ਵਾਤਾਵਰਣ ਨਾਲ ਸਬੰਧਤ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਉੱਥੇ ਵਾਤਾਵਰਣ ਦੀ ਸੰਭਾਲ ਕਰਨ ਸਬੰਧੀ ਜਾਗਰੂਕਤਾ ਵਾਲੀਆਂ ਕਾਪੀਆਂ ਵੀ ਵੰਡੀਆਂ ਗਈਆਂ। ਸੁਸਾਇਟੀ ਦੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ ਸੁਸਾਇਟੀ ਵਲੋਂ ਜ਼ਿਲ੍ਹੇ ਭਰ ਦੇ ਵੱਖ ਵੱਖ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ ਅਜਿਹੀਆਂ ਲੱਖਾਂ ਕਾਪੀਆਂ ਵੰਡੀਆਂ ਜਾ ਚੁੱਕੀਆਂ ਹਨ।ਉਨ੍ਹਾਂ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਦੌਰਾਨ ਬੱਚਿਆਂ ਨੂੰ ਪਾਣੀ ਦੀ ਬੱਚਤ, ਵਾਤਾਵਰਣ ਦੀ ਸੰਭਾਲ ਅਤੇ ਅਨੁਸ਼ਾਸਨ ਦੀ ਪਾਲਣਾ ਬਾਰੇ ਵੱਖ ਵੱਖ ਨੁਕਤਿਆਂ ਤੋਂ ਜਾਣੂ ਕਰਵਾਇਆ ਜਾਂਦਾ ਹੈ ਤਾਂ ਜੋ ਤੰਦਰੁਸਤ ਸਮਾਜ ਅਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਹੋ ਸਕੇ।ਇਸ ਮੌਕੇ ਡਾ. ਅੰਮ੍ਰਿਤਪਾਲ ਕੌਰ, ਮਾ. ਅਸ਼ੋਕ ਕੌਸ਼ਲ, ਕੁਲਵੰਤ ਸਿੰਘ ਚਾਨੀ, ਸੋਮਇੰਦਰ ਸੁਨਾਮੀ, ਮੁਖਤਿਆਰ ਸਿੰਘ ਮੱਤਾ ਅਤੇ ਹਰਨੇਕ ਸਿੰਘ ਸਾਹੋਕੇ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਅੰਤ ਵਿੱਚ ਸਕੂਲ ਮੁਖੀ ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਭਾਈ ਘਨੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਦੇ ਉਕਤ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ।

## ਸੋਸ਼ਲ ਵੈੱਲਫੇਅਰ ਯੂਨਿਟ ਵੱਲੋਂ ਸਰਗਰਮੀਆਂ ਤੇਜ਼ ਕਰਨ ਦਾ ਫੈਸਲਾ



**ਧੂਰੀ (ਸੁਖਦੇਵ ਧੂਰੀ)**-ਸੋਸ਼ਲ ਵੈੱਲਫੇਅਰ ਯੂਨਿਟ ਵੱਲੋਂ ਇੱਕ ਡਿੰਨਰ ਮੀਟਿੰਗ ਨਿੱਜੀ ਹੋਟਲ ਵਿੱਚ ਰੱਖੀ ਗਈ, ਜਿਸ ਦੀ ਪ੍ਰਧਾਨਗੀ ਯੂਨਿਟ ਦੇ ਪ੍ਰਧਾਨ ਸਾਬਕਾ ਕਾਰਜ ਸਾਧਕ ਅਫਸਰ ਸਤੀਸ਼ ਕੁਮਾਰ ਗਰਗ ਨੇ ਕੀਤੀ। ਮੀਟਿੰਗ ਵਿੱਚ ਹਾਜ਼ਰ ਸਮੂਹ ਮੈਂਬਰਾਂ ਨੇ ਇਹ ਗੱਲ ਜ਼ੋਰ ਦੇ ਕੇ ਕਹੀ ਕੇ ਸੋਸ਼ਲ ਵੈੱਲਫੇਅਰ ਯੂਨਿਟ ਨੂੰ ਪੂਰੀ ਤਰ੍ਹਾਂ ਸਰਗਰਮ ਕੀਤਾ ਜਾਵੇ।ਅਗਲੇ ਸਾਲ ਲਈ ਵੱਧ ਤੋਂ ਵੱਧ ਸਮਾਜ ਭਲਾਈ ਦੇ ਕੰਮ ਵੀ ਯੋਜਨਾਬੰਦ ਤਰੀਕੇ ਨਾਲ ਉਲੀਕੇ ਜਾਣ।ਇਸ ਮੌਕੇ ਜਨਰਲ ਸਕੱਤਰ ਮਨਜੀਤ ਸਿੰਘ ਬਖਸ਼ੀ ਸੇਵਾ ਮੁਕਤ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਨੇ ਸੰਖੇਪ ਵਿੱਚ ਪਿਛਲੇ ਸਾਲ ਦੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਇਆ।ਇਸ ਮੌਕੇ ਮਲਕੀਤ ਸਿੰਘ ਚਾਂਗਲੀ, ਕਰਮ ਸਿੰਘ ਸੋਢੀ, ਡਾਕਟਰ ਰਕੇਸ਼ ਸਿੰਗਲਾ, ਵਿਸ਼ਾਲ ਜੈਨ, ਨਰਿੰਦਰ ਪਾਲ ਸਿੰਗਲਾ, ਰਵਿੰਦਰ ਕੋਹਲੀ, ਸੰਦੀਪ ਸੇਠ, ਰਜਿੰਦਰ ਪਾਲ ਬਿੱਲਾ ਤੇ ਕ੍ਰਿਸ਼ਨ ਕੁਮਾਰ ਨੇ ਵਡਮੁੱਲੇ ਸੁਝਾਅ ਪੇਸ਼ ਕੀਤੇ।ਮਹਾਂਵੀਰ ਗਰਗ ਨੇ ਬੀਤੇ ਦਿਨੀਂ ਕੁੰਭ ਦੇ ਮੇਲੇ 'ਤੇ ਭਗਦੜ ਵਿੱਚ ਜਾਨਾਂ ਗਵਾਉਣ ਵਾਲਿਆਂ ਲਈ ਦੁੱਖ ਪ੍ਰਗਟ ਕੀਤਾ।ਇਸ ਮੌਕੇ ਯੂਨਿਟ ਵੱਲੋਂ ਸ਼ਰਧਾਂਜਲੀ ਭੇਟ ਕਰਦਿਆਂ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।

## ਸ਼੍ਰੋਮਣੀ ਕਮੇਟੀ ਦੀਆਂ ਰਹਿ ਗਈਆਂ ਵੋਟਾਂ ਤੁਰੰਤ ਬਣਾਈਆਂ ਜਾਣ : ਜਥੇਦਾਰ ਬੂਟਾ ਸਿੰਘ, ਅਰੁਣ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼੍ਰੋਮਣੀ ਅਕਾਲੀ ਦਲ ਸ਼ੇਰੇ ਪੰਜਾਬ ਜ਼ਿਲ੍ਹਾ ਮੋਗਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਮੀਟਿੰਗ ਅਸਥਾਨਕ ਗੁਰਦੁਆਰਾ ਸਾਹਿਬ ਬੀਬੀ ਕਾਹਨ ਕੌਰ ਵਿਖੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਬਹੁਤ ਲੰਬੇ ਸਮੇਂ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਹੋਣ ਦੀ ਥੋੜ੍ਹੀ ਬਹੁਤੀ ਆਸ ਜਾਗੀ ਹੈ ਤੇ ਚੋਣ ਕਮਿਸ਼ਨਰ ਨੇ 10 ਮਾਰਚ 2025 ਤੱਕ ਆਖਰੀ ਸਮਾਂ ਦਿੱਤਾ ਹੈ ਕਿ ਦਾਅਵੇ ਤੇ ਇਤਰਾਜ਼ ਕੀਤੇ ਜਾ ਸਕਦੇ ਹਨ, ਸਮੂਹ ਪੰਜਾਬੀਆਂ ਨੂੰ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ, ਜਿਸ ਦੀ ਵੋਟ ਨਹੀਂ ਬਣੀ ਤਾਂ ਪਟਵਾਰੀ ਜਾਂ ਹੋਰ ਅਧਿਕਾਰੀ ਵੋਟਾਂ ਬਣਾਉਂਦੇ ਹਨ, ਉਨ੍ਹਾਂ ਨਾਲ ਸੰਪਰਕ ਕੀਤਾ ਜਾਵੇ, ਵੋਟਰ ਸੂਚੀਆਂ ਪਟਵਾਰੀਆਂ ਕੋਲ ਪਹੁੰਚ ਚੁੱਕੀਆਂ ਹਨ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਦੇ ਕਿਸਾਨਾਂ ਦਾ ਕਰਜ਼ ਮੁਆਫ ਕਰਕੇ ਕਿਸਾਨ ਆਗੂਆਂ ਨਾਲ ਗੱਲਬਾਤ ਕਰਕੇ ਭਾਈ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਕੇਵਲ ਰਾਜ ਪ੍ਰਾਪਤ ਕਰਨ ਲਈ ਕੰਮ ਕਰਦੇ ਹਨ, ਭਾਰਤ ਦੇਸ਼ ਦੇ ਲੋਕਾਂ ਨੂੰ ਅਣਖ ਨਾਲ ਜਿਉਣ ਦੀ ਗੱਲ ਨਹੀਂ ਕਰਦੇ ਸਗੋਂ ਦੇਸ਼ ਦੇ ਲੋਕਾਂ ਨੂੰ ਭਿਖਾਰੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸੀਂ ਸਮੂਹ ਪੰਜਾਬੀਆਂ ਤੇ ਖਾਲਸਾ ਪੰਥ ਨੂੰ ਚੰਗੀ ਸ਼੍ਰੋਮਣੀ ਕਮੇਟੀ ਦੇ ਚੰਗੇ ਉਮੀਦਵਾਰ ਜਿਤਾ ਕੇ ਸ਼੍ਰੋਮਣੀ ਕਮੇਟੀ ਦਾ ਅਕਸ ਸ਼ੰਸਾਰ ਅੰਦਰ ਚੰਗਾ ਬਣ ਸਕੇ ਅਤੇ 2027 ਵਿੱਚ ਪੰਜਾਬ ਅੰਦਰ ਚੰਗੀ ਸਰਕਾਰ ਬਣਾ ਕੇ ਲੋਕਾਂ ਨੂੰ ਰਾਹਤ ਦਿੱਤੀ ਜਾਵੇ। ਇਸ ਮੀਟਿੰਗ ਵਿੱਚ ਭਾਈ ਬਲਜੀਤ ਸਿੰਘ ਅਕਾਲੀਆਂ ਵਾਲਾ, ਦਲੀਪ ਸਿੰਘ ਬੱਧਨੀ ਖੁਰਦ, ਭਾਈ ਗੁਰਲਾਲ ਸਿੰਘ ਧਰਮਕੋਟ, ਭਾਈ ਹਰਪ੍ਰੀਤ ਸਿੰਘ ਧੱਲੇਕੇ, ਭਾਈ ਵਕੀਲ ਸਿੰਘ ਬਘੇਲੇਵਾਲਾ, ਜਥੇਦਾਰ ਪਰਮਜੀਤ ਸਿੰਘ ਧੱਲੇਕੇ, ਜਥੇਦਾਰ ਭਜਨ ਸਿੰਘ ਧੱਲੇਕੇ, ਸਾਧੂ ਸਿੰਘ ਕੋਰੇਵਾਲਾ, ਕੇਵਲ ਸਿੰਘ ਮਾਛੀਕੇ, ਮਲਕੀਤ ਸਿੰਘ ਮੋਗਾ, ਤੇਜ ਸਿੰਘ ਖਖਰਾਣਾ ਮੋਹਣ ਸਿੰਘ ਸਰਪੰਚ ਕਪੂਰੇ, ਮਨਜੀਤ ਸਿੰਘ ਕਪੂਰੇ, ਗੁਰਦੀਪ ਕਪੂਰੇ, ਲਖਬੀਰ ਸਿੰਘ ਰੋਡੇ, ਜਸਵਿੰਦਰ ਸਿੰਘ ਸਮਾਲਸਰ, ਗੁਰਦੇਵ ਸਿੰਘ ਘਾਰੂ, ਗੁਰਮੇਲ ਸਿੰਘ ਕੋਕਰੀ ਹੇਰਾ, ਬਿੰਦਰ ਰਾਉਕੇ, ਅਰਸ਼ਦੀਪ ਸਿੰਘ ਬੋਡੇ, ਬਖਤੌਰ ਸਿੰਘ, ਸਵਰਨ ਸਿੰਘ ਸੱਦਾ ਸਿੰਘਵਾਲਾ, ਲਖਬੀਰ ਸਿੰਘ ਆਦਿ ਹਾਜ਼ਰ ਸਨ।

## ਸੰਤ ਕਬੀਰ ਸਕੂਲ 'ਚ ਗ੍ਰੈਜੂਏਸ਼ਨ ਸਮਾਰੋਹ 2024-25

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਾਇਮਰੀ ਬਲਾਕ ਵਿੱਚ ਗ੍ਰੈਜੂਏਸ਼ਨ ਸਮਾਰੋਹ 2024-25 ਦਾ ਆਯੋਜਨ ਕੀਤਾ ਗਿਆ। ਸਮਾਰੋਹ ਦਾ ਉਦਘਾਟਨ ਮੁੱਖ ਮਹਿਮਾਨ ਡਾ. ਮਿੰਨੀ ਬੇਦੀ (ਗਾਇਨੀਕੋਲੋਜਿਸਟ,ਆਦੇਸ਼ ਮੈਡੀਕਲ ਕਾਲਜ), ਸਕੂਲ ਦੇ ਮੈਨੇਜਿੰਗ ਡਾਇਰੈਕਟਰ, ਪ੍ਰਿੰਸੀਪਲ ਅਤੇ ਸਟਾਫ਼ ਨੇ ਸ਼ਮ੍ਹਾਂ ਰੌਸ਼ਨ ਕਰਕੇ ਕੀਤਾ। ਸੋਨੀਆ ਧਵਨ ਨੇ ਬੱਚਿਆਂ ਤੇ ਮਾਪਿਆਂ ਨੂੰ ਜੀ ਆਇਆਂ ਨੂੰ ਕਹਿੰਦਿਆਂ ਧੰਨਵਾਦ ਕੀਤਾ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਬੱਚਿਆਂ ਨੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਭਾਗ ਲਿਆ।

ਉਨ੍ਹਾਂ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਵਿਦਿਆਰਥੀਆਂ ਨੇ ਪ੍ਰਾਇਮਰੀ ਬਲਾਕ ਵਿੱਚ ਆਪਣੇ ਪਿਛਲੇ ਸਮੇਂ ਅਤੇ ਤਜਰਬਿਆਂ ਬਾਰੇ ਦੱਸਿਆ, ਆਪਣੀ ਕਲਾਸ ਦੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਸਕੂਲ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਮਾਪਿਆਂ ਨੇ ਸਕੂਲ ਮੈਨੇਜਮੈਂਟ ਅਤੇ ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਲਈ ਧੰਨਵਾਦ ਪ੍ਰਗਟਾਇਆ। ਮੁੱਖ ਮਹਿਮਾਨ ਡਾ. ਬੇਦੀ ਨੇ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਲਈ ਬੜੇ ਹੀ ਯਾਦਗਾਰੀ ਹੁੰਦੇ ਹਨ। ਸਕੂਲ ਦੇ ਐਮ. ਡੀ. ਪ੍ਰੋਫੈਸਰ ਅਰੋੜਾ ਨੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਦੀ ਤਰੱਕੀ ਤੁਹਾਡੇ ਸਹਿਯੋਗ ਨਾਲ ਹੀ ਸੰਭਵ ਹੈ ਅਤੇ ਸਕੂਲ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਹਰ ਸੰਭਵ ਯਤਨ ਕਰੇਗਾ।

## ਪੈਨਸ਼ਨਰਾਂ ਵੱਲੋਂ 7 ਨੂੰ ਸਰਕਾਰ ਦੇ ਨਾਂਅ ਦਿੱਤੇ ਜਾਣਗੇ ਮੰਗ ਪੱਤਰ

**ਸੰਗਰੂਰ (ਪ੍ਰਵੀਨ ਸਿੰਘ)**

ਪੰਜਾਬ ਸਟੇਟ ਪੈਨਸ਼ਨਰਜ਼ ਕਨਫ਼ੈਡਰੇਸ਼ਨ ਦੇ ਸੂਬਾਈ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਇੱਥੇ ਦੱਸਿਆ ਕਿ ਪੰਜਾਬ ਸਰਕਾਰ ਨੂੰ ਹੋਂਦ 'ਚ ਆਇਆਂ ਤਿੰਨ ਸਾਲ ਦਾ ਸਮਾਂ ਬੀਤ ਚੁੱਕਾ ਹੈ ਪਰ 'ਆਪ' ਸਰਕਾਰ ਨੇ ਪੈਨਸ਼ਨਸਰਾਂ ਦੀਆਂ ਮੰਗਾਂ ਵੱਲ ਹਾਲੇ ਤੀਕ ਕੋਈ ਧਿਆਨ ਨਹੀਂ ਦਿੱਤਾ, ਜਿਸ ਕਾਰਨ ਪਜਾਬ ਦੇ ਲੱਖਾਂ ਮੁਲਾਜ਼ਮਾਂ ਵਿਚ ਇਸ ਸਰਕਾਰ ਪ੍ਰਤੀ ਭਾਰੀ ਰੋਸ ਹੈ, ਜਿਸ ਕਾਰਨ ਉਹ ਸੂਬਾ ਸਰਕਾਰ ਵਿਰੁੱਧ ਸੰਘਰਸ਼ ਕਰਨ ਲਈ ਮਜਬੂਰ ਹਨ। ਜਿਸ ਦੇ ਤਹਿਤ ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਕੀਤੇ ਫ਼ੈਸਲੇ ਮੁਤਾਬਕ ਸਮੂਹ ਜ਼ਿਲ੍ਹਾ ਹੈਡਕੁਆਟਰਾਂ 'ਤੇ 7 ਫ਼ਰਵਰੀ ਨੂੰ ਡੀ.ਸੀ. ਦਫਤਰਾਂ ਅੱਗੇ ਰੋਸ ਧਰਨੇ ਦੇ ਕੇ ਗਿਆਰਾਂ ਸਾਥੀ ਭੁੱਖ ਹੜਤਾਲ ਰੱਖਣਗੇ ਅਤੇ ਡਿਪਟੀ ਕਮਿਸ਼ਨਰਾਂ ਨੂੰ ਬਜਟ ਸੈਸ਼ਨ ਦੌਰਾਨ ਫਰਵਰੀ ਦੇ ਤੀਜੇ ਹਫ਼ਤੇ ਸੂਬਾ ਪੱਧਰੀ ਰੈਲੀ ਦਾ ਨੋਟਿਸ ਅਤੇ ਪੈਨਸ਼ਨਰ ਮੰਗਾਂ ਸਬੰਧੀ ਪੰਜਾਬ ਸਰਕਾਰ ਦੇ ਨਾਮ ਮੰਗ ਪੱਤਰ ਦਿੱਤਾ ਜਾਵੇਗਾ। ਇਸ ਮੌਕੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਨੇ ਸੂਬਾ ਸਰਕਾਰ ਕੋਲੋਂ ਮੰਗ ਕੀਤੀ ਕਿ ਛੇਵੇਂ ਪੇ-ਕਮਿਸ਼ਨ ਦੀਆਂ ਸਿਫ਼ਾਰਸ਼ਾਂ ਮੁਤਾਬਕ 2.59 ਦੇ ਗੁਣਾਕ ਅਤੇ ਨੋਸ਼ਨਲ ਆਧਾਰ 'ਤੇ ਪੈਨਸ਼ਨ ਫਿਕਸ ਕੀਤੀ ਜਾਵੇ, ਛੇਵੇਂ ਪੇ ਕਮਿਸ਼ਨ ਦਾ ਇਕ ਜਨਵਰੀ 2016 ਤੋਂ ਹੁਣ ਤੱਕ ਦਾ ਬਨਦਾ ਬਕਾਇਆ ਅਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ 255 ਮਹੀਨਿਆਂ ਬਕਾਇਆ ਤੁਰੰਤ ਦਿੱਤਾ ਜਾਵੇ, ਮੈਡੀਕਲ ਭੱਤੇ ਵਿਚ ਵਾਧਾ ਕਰਕੇ ਦੋ ਹਜ਼ਾਰ ਰੁ: ਪ੍ਰਤੀ ਮਹੀਨਾ ਕੀਤਾ ਜਾਵੇ ਆਦਿ ਮੰਗਾਂ ਸ਼ਾਮਲ ਹਨ। ਉਨ੍ਹਾਂ ਇਸ ਮੌਕੇ ਸੂਬਾ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਹੁਣ ਵੀ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੂਬੇ ਦੇ ਸਮੁੱਚੇ ਪੈਨਸ਼ਨਰ ਸੰਘਰਸ਼ ਨੂੰ ਹੋਰ ਤਿੱਖਾ ਕਰਨਗੇ। ਆਗੂ ਨੇ ਦੱਸਿਆ ਕਿ ਪੰਜਾਬ ਸਟੇਟ ਪੈਨਸ਼ਨਰਜ਼ ਕਨਫ਼ੈਡਰੇਸਨ ਮੁੱਖ ਦਫ਼ਤਰ ਲੁਧਿਆਣਾ ਦੀ ਕੋਰ ਕਮੇਟੀ ਦੀ ਮੀਟਿੰਗ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਆਉਣ ਵਾਲੀ 14 ਫ਼ਰਵਰੀ ਨੂੰ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ, ਜਨਰਲ ਸਕੱਤਰ ਕੁਲਵਰਨ ਸਿੰਘ ਦੀ ਅਗਵਾਈ ਵਿਚ ਹੋਵੇਗੀ, ਜਿਸ ਵਿਚ ਮੰਗਾਂ ਸਬੰਧੀ ਅਗਲੇ ਸੰਘਰਸ਼ ਲਈ ਵਿਚਾਰਾਂ ਕੀਤੀਆਂ ਜਾਣਗੀਆਂ ਅਤੇ ਨਾਲ ਹੀ ਮਾਰਚ 2025 ਵਿਚ ਕਨਫ਼ੈਡਰੇਸਨ ਦੀ ਟਰਮ 2025-27 ਲਈ ਚੋਣ ਕੀਤੀ ਜਾਵੇਗੀ।

## ਵਰਲਡ 'ਵਰਸਿਟੀ ਵਿਖੇ 'ਗੁਰਬਾਣੀ ਵਿੱਚ ਜਾਤਪਾਤ ਦੇ ਨਿਵਾਰਨ' ਵਿਸ਼ੇ 'ਤੇ ਭਾਸ਼ਣ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਮਨੁੱਖਤਾ ਨੂੰ ਜਾਤ-ਪਾਤ ਦੇ ਕੋਹੜ ਤੋਂ ਬਚਾਉਣ ਲਈ ਗੁਰਬਾਣੀ ਵਿੱਚੋਂ ਪ੍ਰਾਪਤ ਹੁੰਦੀ ਸੇਧ ਤੇ ਆਦਰਸ਼ ਸਬੰਧੀ ਇੱਕ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਵਾਈਸ ਚਾਂਸਲਰ ਪ੍ਰੋਫੈਸਰ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਇਹ ਬੇਹੱਦ ਦੁਖਦਾਈ ਤੇ ਸ਼ਰਮਨਾਕ ਹੈ ਕਿ ਭਗਤ ਸਾਹਿਬਾਨ ਤੇ ਗੁਰੂ ਸਾਹਿਬਾਨ ਨੇ ਸਦੀਆਂ ਪਹਿਲਾਂ ਜਿਸ ਜਾਤ-ਪਾਤ ਦੇ ਰੋਗ ਦਾ ਸਖਤੀ ਨਾਲ ਖੰਡਨ ਕੀਤਾ ਸੀ, ਉਹ ਅੱਜ ਵੀ ਸਾਡੇ ਸਮਾਜ ਵਿੱਚ ਵਿਆਪਤ ਹੈ।ਉਨ੍ਹਾਂ ਆਖਿਆ ਕਿ ਇਸ ਰੋਗ ਦੇ ਨਿਵਾਰਨ ਲਈ ਸਾਨੂੰ ਸਾਂਝੇ ਰੂਪ ਵਿੱਚ ਹੰਭਲਾ ਮਾਰਨ ਦੀ ਲੋੜ ਹੈ। ਭਾਸ਼ਣ ਦੇ ਮੁੱਖ ਵਕਤਾ ਪ੍ਰੋਫੈਸਰ ਹਰਵਿੰਦਰ ਸਿੰਘ ਭੱਟੀ ਸੀਨੀਅਰ ਪ੍ਰੋਫੈਸਰ ਸਮਾਜ ਸ਼ਾਸਤਰ ਵਿਭਾਗ ਨੇ ਦੱਸਿਆ ਕਿ ਜਾਤ-ਪਾਤ ਦਾ ਮੂਲ ਸਬੰਧ ਮਨੁੱਖੀ ਹਉਮੈ ਨਾਲ ਹੈ, ਪਰ ਇਸ ਨੂੰ ਮਨੂੰ ਸਮ੍ਰਿਤੀ ਆਦਿ ਵੈਦਿਕ ਧਰਮ ਗ੍ਰੰਥਾਂ ਵੱਲੋਂ ਦਿੱਤੀ ਗਈ ਧਾਰਮਿਕ ਮਾਨਤਾ ਨੇ ਭਾਰਤੀ ਸਮਾਜ ਵਿੱਚ ਬਹੁਤ ਡੂੰਘੇ ਰੂਪ ਵਿੱਚ ਬੀਜ ਦਿੱਤਾ ਹੈ।ਉਨ੍ਹਾਂ ਆਖਿਆ ਕਿ ਕੋਈ ਵੀ ਸਮਾਜ, ਜੋ ਵਰਣ ਆਦਿ ਵਿੱਚ ਵੰਡਿਆ ਗਿਆ, ਸੁਖੀ ਤੇ ਸਮਰਿਧ ਨਹੀਂ ਹੋ ਸਕਦਾ। ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਪ੍ਰੋਫੈਸਰ ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਵਿਭਾਗ ਵੱਲੋਂ ਕਰਵਾਏ ਗਏ ਇਸ ਸਮਾਗਮ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਅਜਿਹੇ ਵਿਸ਼ਿਆਂ ਉੱਪਰ ਮਾਹਰ ਵਿਦਵਾਨਾਂ ਨੂੰ ਸੁਣਨਾ ਯੂਨੀਵਰਸਿਟੀ ਸਟਾਫ ਤੇ ਵਿਦਿਆਰਥੀਆਂ ਲਈ ਬੇਹੱਦ ਮਹੱਤਵਪੂਰਨ ਹੈ। ਸਮਾਗਮ ਦੇ ਅਖੀਰ ਵਿੱਚ ਧੰਨਵਾਦ ਕਰਦਿਆਂ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਹਰਦੇਵ ਸਿੰਘ ਨੇ ਦੱਸਿਆ ਕਿ ਇਹ ਭਾਸ਼ਣ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਤ ਸ਼ੁਰੂ ਕੀਤੀ ਗਈ ਸੌ ਭਾਸ਼ਣਾਂ ਦੀ ਲੜੀ ਦਾ ਅੱਠਵਾਂ ਭਾਗ ਹੈ।ਇਸ ਵਿਸ਼ੇਸ਼ ਭਾਸ਼ਣ ਲੜੀ ਨੂੰ ਯੂਨੀਵਰਸਿਟੀ ਦੇ ਯੂ ਟਿਊਬ ਚੈਨਲ ਰਾਹੀਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ, ਡਾ. ਅੰਕਦੀਪ ਕੌਰ, ਕੋਆਰਡੀਨੇਟਰ ਆਈ ਕਿਉ ਏ ਸੀ, ਡਾਕਟਰ ਜਮਸ਼ੀਦ ਅਲੀ ਖਾਨ ਸੀਨੀਅਰ ਪ੍ਰੋਫੈਸਰ ਰਾਜਨੀਤੀ ਸ਼ਾਸਤਰ ਵਿਭਾਗ, ਡਾ. ਨਵ ਸ਼ਗਨ ਦੀਪ ਕੌਰ, ਮੁਖੀ, ਸਮਾਜ ਸ਼ਾਸਤਰ ਵਿਭਾਗ, ਡਾ. ਚਰਨ ਕਮਲ ਸੇਖੋਂ, ਮੁਖੀ, ਜੀਵ-ਵਿਗਿਆਨ, ਜਗਜੀਤ ਸਿੰਘ, ਡਿਪਟੀ ਰਜਿਸਟਰਾਰ ਤੇ ਵੱਖ ਵੱਖ ਵਿਭਾਗਾਂ ਦੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

## ਪ੍ਰੈੱਸ ਕਲੱਬ ਵੱਲੋਂ ਡੀ ਸੀ ਤੇ ਐੱਸ ਐੱਸ ਪੀ ਨੂੰ ਸੈਮੀਨਾਰ 'ਚ ਪਹੁੰਚਣ ਲਈ ਸੱਦਾ ਪੱਤਰ

### ਨਸ਼ਿਆਂ ਦੇ ਗੰਭੀਰ ਮੁੱਦਿਆਂ ਨੂੰ ਲੈ ਕੇ ਸੈਮੀਨਾਰ 4 ਨੂੰ



**ਨਾਭਾ (ਵਰਿੰਦਰ ਵਰਮਾ)**-ਰਿਆਸਤੀ ਹਲਕਾ ਨਾਭਾ ਵਿਖੇ ਰਿਆਸਤ ਏ ਨਾਭਾ ਪ੍ਰੈਸ ਕਲੱਬ ਵੱਲੋਂ ਪ੍ਰਧਾਨ ਭੁਪਿੰਦਰ ਸਿੰਘ ਭੂਪਾ ਅਤੇ ਜਨਰਲ ਸਕੱਤਰ ਸੰਜੀਵ ਸ਼ਰਮਾ ਗੋਲਡੀ ਦੀ ਅਗਵਾਈ ਹੇਠ ਨਸ਼ਿਆਂ ਦੇ ਗੰਭੀਰ ਮੁੱਦਿਆਂ ਨੂੰ ਲੈ ਕੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ।ਜਿਸ ਨੂੰ ਲੈ ਕੇ ਪ੍ਰੈਸ ਕਲੱਬ ਵੱਲੋਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਮੈਡਮ ਪ੍ਰੀਤੀ ਯਾਦਵ ਅਤੇ ਐਸ ਐਸ ਪੀ ਪਟਿਆਲਾ ਨਾਨਕ ਸਿੰਘ ਨੂੰ ਸੈਮੀਨਾਰ ਵਿੱਚ ਪਹੁੰਚਣ ਲਈ ਸੱਦਾ ਪੱਤਰ ਦਿੱਤਾ ਗਿਆ।ਜਿਨ੍ਹਾਂ ਨੇ ਸੱਦਾ ਪੱਤਰ ਨੂੰ ਕਬੂਲ ਕਰਦੇ ਹੋਏ ਇਸ ਗੰਭੀਰ ਮੁੱਦੇ 'ਤੇ ਇਸ ਸੈਮੀਨਾਰ ਵਿੱਚ ਸ਼ਾਮਿਲ ਹੋਣ ਦਾ ਵਿਸ਼ਵਾਸ ਦਿਵਾਇਆ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਰਿਆਸਤ-ਏ-ਨਾਭਾ ਪ੍ਰੈਸ ਕਲੱਬ ਵੱਲੋਂ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਜੋ ਸੈਮੀਨਾਰ ਕਰਵਾਇਆ ਜਾ ਰਿਹਾ ਹੈ, ਇਹ ਬਹੁਤ ਹੀ ਵਧੀਆ ਉਪਰਾਲਾ ਹੈ।ਇਸ ਮੌਕੇ ਕਲੱਬ ਦੇ ਪ੍ਰਧਾਨ ਭੁਪਿੰਦਰ ਸਿੰਘ ਭੂਪਾ, ਜਨਰਲ ਸਕੱਤਰ ਸੰਜੀਵ ਕੁਮਾਰ ਨੇ ਕਿਹਾ ਕਿ 4 ਫਰਵਰੀ ਨੂੰ ਹੋਣ ਵਾਲੇ ਇਸ ਸੈਮੀਨਾਰ ਵਿੱਚ ਪੰਜਾਬ ਸਮੇਤ ਨਾਭਾ ਹਲਕੇ ਅੰਦਰ ਨਸ਼ਿਆਂ ਦੀ ਰੋਕਥਾਮ ਲਈ ਚੁੱਕੇ ਜਾਣ ਲਈ ਜ਼ਰੂਰੀ ਕਦਮ ਅਤੇ ਪੁਲਸ ਅਤੇ ਪਬਲਿਕ ਵਿੱਚ ਤਾਲਮੇਲ ਨੂੰ ਬਿਠਾਉਣ ਲਈ ਯੋਗ ਉਪਰਾਲਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸੈਮੀਨਾਰ ਵਿੱਚ ਹਲਕਾ ਵਿਧਾਇਕ ਗੁਰਦੇਵ ਸਿੰਘ ਮਾਨ ਨੇ ਵੀ ਸ਼ਮੂਲੀਅਤ ਕਰਨ ਦਾ ਵਿਸ਼ਵਾਸ ਦਿਵਾਇਆ ਹੈ।ਇਸ ਮੌਕੇ ਚੇਅਰਮੈਨ ਬ੍ਰਿਜ ਖੁਰਾਣਾ, ਜਗਨਾਰ ਸਿੰਘ ਦੁਲੱਦੀ ਉਪ-ਪ੍ਰਧਾਨ, ਸਹਾਇਕ ਸਕੱਤਰ ਰਾਕੇਸ਼ ਜਿੰਦਲ, ਖਜ਼ਾਨਚੀ ਅਮਨਦੀਪ ਸਿੰਘ ਲਵਲੀ, ਪ੍ਰੈਸ ਸਕੱਤਰ ਵਰਿੰਦਰ ਵਰਮਾ, ਮੁੱਖ ਸਲਾਹਕਾਰ ਯਾਦਵਿੰਦਰ ਗਰਗ, ਕਾਰਜਕਾਰੀ ਮੈਂਬਰ ਭੁਪਿੰਦਰ ਸਿੰਘ ਕਾਕਾ, ਮੋਹਿਤ ਸਿੰਗਲਾ, ਬਲਜਿੰਦਰ ਸਿੰਘ ਮਾਨ, ਰਾਹੁਲ ਖੁਰਾਣਾ, ਡਿੰਪਲ ਸ਼ਰਮਾ, ਅਮਨਦੀਪ ਸਿੰਘ ਮਾਝਾ ਅਤੇ ਅਵਤਾਰ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।

## ਡੀ ਏ ਵੀ ਸੈਨੇਟਰੀ ਪਬਲਿਕ ਸਕੂਲ 'ਚ ਸੁੰਦਰ ਲਿਖਾਈ ਮੁਕਾਬਲੇ ਕਰਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਦਿਆਰਥੀਆਂ ਅੰਦਰ ਕਲਾਤਮਿਕ ਰੁਚੀਆਂ ਪੈਦਾ ਕਰਨ ਹਿੱਤ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਡੀ ਡੀ ਬੀ ਡੀ ਏ ਵੀ ਸੈਨਟਰੀ ਪਬਲਿਕ ਸਕੂਲ ਫਿਰੋਜ਼ਪੁਰ ਛਾਉਣੀ ਵਿਖੇ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਸੱਤਵੀਂ ਜਮਾਤ ਤੋਂ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਦੀਪ ਸਿੰਘ ਸੰਧੂ ਨੇ ਕਿਹਾ ਕਿ ਜਿਵੇਂ ਸੁੰਦਰ ਸਰੀਰ ਵਿੱਚ ਸੁੰਦਰ ਮਨ ਨਿਵਾਸ ਕਰਦਾ ਹੈ, ਉਸੇ ਤਰੀਕੇ ਨਾਲ ਸੁੰਦਰ ਲਿਖਾਈ ਦਾ ਦੂਜਿਆਂ ਉੱਤੇ ਬਹੁਤ ਵਧੀਆ ਪ੍ਰਭਾਵ ਪੈਂਦਾ ਹੈ ਅਤੇ ਸਾਡੀ ਸ਼ਖ਼ਸੀਅਤ ਦਾ ਇੱਕ ਸਾਕਾਰਾਤਮਕ ਪੱਖ ਲੋਕਾਂ ਸਾਹਮਣੇ ਉਜਾਗਰ ਹੁੰਦਾ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਤਾਂ ਸੁੰਦਰ ਲਿਖਾਈ ਦਾ ਹੋਰ ਵੀ ਜ਼ਿਆਦਾ ਮਹੱਤਵ ਹੈ, ਕਿਉਂਕਿ ਪ੍ਰੀਖਿਆਵਾਂ ਵਿੱਚ ਜੇਕਰ ਵਿਦਿਆਰਥੀ ਲਿਖਾਈ ਸੁੰਦਰ ਲਿਖਦੇ ਹਨ ਤਾਂ ਨਿਰੀਖਣ ਕਰਨ ਵਾਲੇ ਅਧਿਆਪਕ ਉੱਤੇ ਇਸ ਦਾ ਬਹੁਤ ਹੀ ਸਾਕਾਰਤਮਕ ਅਸਰ ਪੈਂਦਾ ਹੈ।ਸੁੰਦਰ ਲਿਖਾਈ ਲਿਖਣ ਵਾਲੇ ਦਾ ਮਨ ਸਾਫ਼ ਰਹਿੰਦਾ ਹੈ ਤੇ ਉਹ ਆਲੇ-ਦੁਆਲੇ ਵਿੱਚ ਵੀ ਸੋਹਣੇ ਤੇ ਸੁਚੱਜੇ ਢੰਗ ਨਾਲ ਰਹਿਣਾ ਸਿੱਖਦਾ ਹੈ। ਸਕੂਲ ਦੇ ਪ੍ਰਿੰਸੀਪਲ ਨਿਸ਼ਾ ਦਿਉੜਾ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਤੇ ਪਹਿਲਾ ਸਥਾਨ ਸੱਤਵੀਂ ਜਮਾਤ ਦੀ ਵਿਦਿਆਰਥਣ ਸਾਂਚੀ ਨੇ, ਦੂਜਾ ਸਥਾਨ ਬਾਰਵੀਂ ਜਮਾਤ ਦੀ ਵਿਦਿਆਰਥਣ ਮਾਨਸੀ ਨੇ ਤੇ ਤੀਜਾ ਸਥਾਨ ਸੱਤਵੀਂ ਜਮਾਤ ਦੀ ਵਿਦਿਆਰਥਣ ਪਲਕ ਨੇ ਪ੍ਰਾਪਤ ਕੀਤਾ।ਇਸ ਮੌਕੇ ਸੀਨੀਅਰ ਸਹਾਇਕ ਰਮਨ ਕੁਮਾਰ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਗ੍ਰਾਮ ਪੰਚਾਇਤ ਬੱਲ੍ਹੋ ਨੇ ਟੀ ਬੀ ਟੈਸਟ ਤੇ ਖ਼ੂਨ ਜਾਂਚ ਕੈਂਪ ਲਗਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਗ੍ਰਾਮ ਪੰਚਾਇਤ ਬੱਲ੍ਹੋ ਨੇ ਆਮ ਆਦਮੀ ਕਲੀਨਿਕ ਵਿੱਚ ਟੀ.ਬੀ ਟੈਸਟ ਅਤੇ ਅਨੀਮੀਆ ਤੋਂ ਇਲਾਵਾ ਹੋਰਨਾਂ ਬਿਮਾਰੀਆਂ ਲਈ ਖ਼ੂਨ ਜਾਂਚ ਕਰਨ ਦੇ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੀ ਸ਼ੁਰੂਆਤ ਕਰਦਿਆਂ ਸਰਪੰਚ ਅਮਰਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਵਧੀਆਂ ਸਿਹਤ ਸਹੂਲਤਾਂ ਦੇਣ ਨਾਲ ਲੋਕਾਂ ਨੂੰ ਦੂਰ-ਦੁਰਾਡੇ ਜਾਣ ਤੋਂ ਛੁਟਕਾਰਾ ਮਿਲਿਆ ਹੈ। ਕੈਂਪ ਵਿੱਚ ਖਾਸ ਤੌਰ 'ਤੇ ਟੀ.ਬੀ ਅਤੇ ਔਰਤਾਂ ਦੇ ਅਨੀਮੀਆ ਅਤੇ ਹੋਰਨਾਂ ਬਿਮਾਰੀਆਂ ਦੇ ਟੈਸਟ ਕਰਵਾਉਣ ਲਈ ਖਾਸ ਧਿਆਨ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਪਿੰਡ ਦੀ ਪੰਚਾਇਤ ਵਲੋਂ ਪਿੰਡ ਦੇ ਹਰ ਇੱਕ ਨਾਗਰਿਕ ਦੀ ਤੰਦਰੁਸਤੀ ਲਈ ਲਗਾਤਾਰ ਹਰ ਸੰਭਵ ਯਤਨ ਜਾਰੀ ਰਹਿਣਗੇ।ਇਸ ਦੌਰਾਨ ਮੈਡੀਕਲ ਅਫਸਰ ਨਵਸਿਮਰਨ ਸਿੱਧੂ ਨੇ ਕਿਹਾ ਕਿ ਜੇਕਰ ਅਸੀਂ ਤੰਦਰੁਸਤ ਰਹਿਣਾ ਚਾਹੁੰਦੇ ਹਾਂ ਤਾਂ ਸਾਨੂੰ ਹਰ 6 ਮਹੀਨਿਆਂ ਦੌਰਾਨ ਖ਼ੂਨ ਦੇ ਟੈਸਟ ਕਰਵਾਉਂਦੇ ਰਹਿਣਾ ਚਾਹੀਦਾ ਹੈ ਤਾਂ ਕਿ ਬਿਮਾਰੀਆਂ ਦਾ ਪਤਾ ਲੱਗ ਸਕੇ।ਉਨ੍ਹਾਂ ਕਿਹਾ ਕਿ ਖਾਸਕਰ ਸ਼ੂਗਰ ਤੇ ਬਲੱਡ ਪ੍ਰੈਸ਼ਰ ਦੇ ਮਰੀਜ਼ਾਂ ਨੂੰ ਸਮੇਂ-ਸਮੇਂ 'ਤੇ ਚੈਕ ਕਰਵਾਉਣ ਦੀ ਲੋੜ ਹੁੰਦੀ ਹੈ।ਕੈਂਪ ਵਿੱਚ 162 ਮਰੀਜ਼ਾਂ ਦੇ 434 ਖ਼ੂਨ ਦੇ ਸੈਂਪਲ ਲਏ ਗਏ।ਇਸ ਮੌਕੇ ਏ ਐਨ ਐਮ ਅਮਨਿੰਦਰ ਕੌਰ, ਫਾਰਮਾਸਿਟਟ ਸਿਵਪ੍ਰੀਤ ਸ਼ਰਮਾ, ਸੀ ਏ ਅਮਨਦੀਪ ਕੌਰ, ਪੰਚ ਰਾਜਵੀਰ ਕੌਰ, ਪੰਚ ਹਰਵਿੰਦਰ ਕੌਰ, ਪਰਮਜੀਤ ਕੌਰ, ਰਣਜੀਤ ਕੌਰ, ਰਾਮ ਸਿੰਘ, ਕਰਮਜੀਤ ਸਿੰਘ ਫੌਜੀ, ਹਰਬੰਸ ਸਿੰਘ, ਹਾਕਮ ਸਿੰਘ, ਜਗਸੀਰ ਸਿੰਘ, ਪ੍ਰਧਾਨ ਕਰਮਜੀਤ ਸਿੰਘ ਅਤੇ ਆਸ਼ਾ ਵਰਕਰ ਸੁਖਪਾਲ ਕੌਰ ਆਦਿ ਹਾਜ਼ਰ ਸਨ।

## ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਦੀ ਮਹੀਨਾਵਾਰ ਮੀਟਿੰਗ



**ਮਲੋਟ (ਗੁਰਮੀਤ ਸਿੰਘ ਮੱਕੜ)**-ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿਚ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੈਤੋ ਦੇ ਮੋਰਚੇ ਵਿਚ ਸ਼ਹੀਦ ਹੋਏ ਸਿੰਘਾਂ ਦੀ ਯਾਦ ਵਿਚ 20, 21 ਅਤੇ 22 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਂਦੇ ਹਨ। ਇਹ ਇਤਿਹਾਸਕ ਦਿਹਾੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਬੜੀ ਧੂਮਧਾਮ ਨਾਲ ਹਰ ਸਾਲ ਮਨਾਇਆ ਜਾਂਦਾ ਹੈ ਅਤੇ ਜੈਤੋ ਦੇ ਮੋਰਚੇ ਨਾਲ ਸਬੰਧਤ ਜਿਨ੍ਹਾਂ ਪਰਵਾਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਦਾ ਪੱਤਰ ਨਹੀਂ ਆਉਂਦਾ, ਉਨ੍ਹਾਂ ਬਾਰੇ ਸ਼੍ਰੋਮਣੀ ਕਮੇਟੀ ਨਾਲ ਤਾਲਮੇਲ ਕੀਤਾ ਜਾਵੇਗਾ ਅਤੇ ਉਨ੍ਹਾਂ ਪਰਵਾਰਾਂ ਦੀ ਲਿਸਟ ਬਣਾ ਕੇ ਜਲਦੀ ਵਿਰਾਸਤ ਨਾਭਾ ਦੇ ਮਹਾਰਾਜਾ ਰਿਪੁਦਮਨ ਸਿੰਘ ਦੀ ਅੰਸ਼ ਵੰਸ਼ ਵਿੱਚੋਂ ਮਹਾਰਾਣੀ ਪ੍ਰੀਤੀ ਸਿੰਘ ਨਾਲ ਮੀਟਿੰਗ ਕਰ ਉਨ੍ਹਾਂ ਪਰਵਾਰਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ ਅਤੇ ਸਟੇਟ ਬਾਡੀ ਮੈਂਬਰ ਜਸਕਰਨ ਸਿੰਘ ਬੁੱਟਰ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਵੱਲੋਂ ਮਿਲੀ ਜਾਣਕਾਰੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸੁਤੰਤਰਤਾ ਸੰਗਰਾਮੀਆਂ ਦੇ ਸਨਮਾਨ ਚਿੰਨ੍ਹ ਲਗਾਉਣ ਲਈ ਕਿਸੇ ਵਿਸ਼ੇਸ਼ ਜਗ੍ਹਾ ਦਾ ਪ੍ਰਬੰਧ ਕਰਕੇ ਸੁਤੰਤਰਤਾ ਸੰਗਰਾਮੀਆਂ ਦੇ ਸਨਮਾਨ ਚਿੰਨ੍ਹ ਲਗਾਉਣ ਲਈ ਜਲਦੀ ਤੋਂ ਜਲਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਮੀਟਿੰਗ ਵਿਚ ਜਨਰਲ ਸਕੱਤਰ ਬਲਜਿੰਦਰ ਸਿੰਘ ਮਧੀਰ, ਜ਼ਿਲ੍ਹਾ ਖਜ਼ਾਨਚੀ ਕੁਲਵੰਤ ਸਿੰਘ ਭਲਾਈਆਣਾ, ਸਕੱਤਰ ਸੁਭਾਸ਼ ਬੱਬਰ ਮਲੋਟ, ਦਫ਼ਤਰ ਇੰਚਾਰਜ ਹਰਿੰਦਰ ਸਿੰਘ ਛਾਬੜਾ ਅਤੇ ਅਮਰਜੀਤ ਸਿੰਘ ਬਾਵਾ, ਪ੍ਰੀਤਮ ਸਿੰਘ ਮੱਲਣ, ਮਨਜੀਤ ਕੌਰ, ਕਰਮਜੀਤ ਕੌਰ, ਮਨਦੀਪ ਕੌਰ ਆਦਿ ਮੈਂਬਰ ਹਾਜ਼ਰ ਸਨ।

## ਸਕੂਲ 'ਚ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਕਾਰੀ ਪ੍ਰਾਇਮਰੀ ਸਕੂਲ ਬ੍ਰਾਂਚ ਮੰਡੀ ਕਲਾਂ ਦੇ ਸਮੂਹ ਸਟਾਫ ਤੇ ਪ੍ਰਬੰਧਕ ਕਮੇਟੀ ਵੱਲੋਂ ਵਿਦਿਆਰਥੀਆਂ ਦੀ ਸੁੱਖ ਸ਼ਾਂਤੀ ਲਈ ਸਕੂਲ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਉਣ ਉਪਰੰਤ ਭੋਗ ਪਾਏ ਗਏ।ਮੈਡਮ ਇੰਦਰਜੀਤ ਕੌਰ ਨੇ ਦੱਸਿਆ ਕਿ ਸਰਕਾਰੀ ਸਕੂਲ ਕੋਟੜਾ ਕੋੜਾ ਦੇ ਵਿਦਿਆਰਥੀਆਂ ਵਲੋਂ ਬੈਂਡ ਵਾਜਿਆਂ ਨਾਲ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਕਰਦਿਆਂ ਸਕੂਲ ਅੰਦਰ ਪ੍ਰਵੇਸ਼ ਕਰਵਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਸਾਬਕਾ ਬੀ ਪੀ ਓ ਹਰਮਿੰਦਰ ਸਿੰਘ ਤੇ ਸਰਪੰਚ ਮਨਜਿੰਦਰ ਕੌਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਵਿਦਿਆਰਥੀਆ ਨੂੰ ਸੰਬੋਧਨ ਕੀਤਾ।ਪ੍ਰਿੰਸੀਪਲ ਅਮਨਪ੍ਰੀਤ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਚੋਂ ਪਹਿਲੇ ਸਥਾਨ 'ਤੇ ਆਈ ਵਿਦਿਆਰਥਣ ਬਰਿੰਦਰਜੀਤ ਕੌਰ, ਲੜਕਾ ਸੁਮਨਦੀਪ ਸਿੰਘ ਤੇ ਸਕੂਲ ਸੁਧਾਰ ਲਈ ਐਸ ਐਮ ਸੀ ਕਮੇਟੀ ਮੈਂਬਰਾਂ ਨੂੰ ਵੀ ਸਨਮਾਨਤ ਕੀਤਾ ਗਿਆ।ਪਾਠ ਦੇ ਭੋਗ ਉਪਰੰਤ ਚਾਹ ਦਾ ਲੰਗਰ ਛਕਾਇਆ ਗਿਆ ਤੇ ਮਿਡ-ਡੇ-ਮੀਲ ਵਰਕਰਾਂ ਨੂੰ ਕੰਬਲ ਵੰਡੇ ਗਏ। ਇਸ ਮੌਕੇ ਮੈਡਮ ਮਨਪ੍ਰੀਤ ਕੌਰ, ਸੁਰਿੰਦਰ ਕੌਰ, ਸੁਮਨਦੀਪ ਕੌਰ, ਮਨਿੰਦਰਜੀਤ ਕੌਰ ਤੇ ਪਰਮਜੀਤ ਕੌਰ ਤੋਂ ਇਲਾਵਾ ਕਮੇਟੀ ਮੈਂਬਰ ਹਾਜ਼ਰ ਸਨ ।

## ਬੇਲੋੜੇ ਗੈਰ ਵਿੱਦਿਅਕ ਕੰਮਾਂ ਤੋਂ ਵਿਦਿਆਰਥੀ ਤੇ ਅਧਿਆਪਕ ਖ਼ਫ਼ਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਕੂਲੀ ਵਿਦਿਆਰਥੀਆਂ ਦੀਆਂ ਸਲਾਨਾ ਪ੍ਰੀਖਿਆਵਾਂ ਦੀ ਚੱਲ ਰਹੀ ਤਿਆਰੀ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਿੱਖਿਆ ਵਿਭਾਗ ਵੱਲੋਂ ਵੱਖ-ਵੱਖ ਵਿਸ਼ਿਆਂ ਦੇ ਸੈਮੀਨਾਰਾਂ, ਪ੍ਰਦਰਸ਼ਨੀਆਂ, ਬਿਜ਼ਨਸ ਬਲਾਸਟਰ ਮੇਲਿਆਂ ਅਤੇ ਅਪਾਰ ਆਈ ਡੀਜ਼ ਵਰਗੇ ਗੈਰ ਵਿੱਦਿਅਕ ਕੰਮ ਦਿੱਤੇ ਜਾਣ ਨਾਲ ਅਧਿਆਪਕ ਅਤੇ ਵਿਦਿਆਰਥੀ ਬੇਹੱਦ ਪਰੇਸ਼ਾਨ ਹਨ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਦੇ ਬਲਾਕ ਪ੍ਰਧਾਨ ਰਾਜੀਵ ਕੁਮਾਰ ਤੇ ਬਲਾਕ ਸਕੱਤਰ ਬਲਜਿੰਦਰ ਘੱਗਾ ਨੇ ਦੱਸਿਆ ਕਿ ਜਨਵਰੀ ਫਰਵਰੀ ਦੇ ਮਹੀਨੇ ਵਿਦਿਆਰਥੀ ਅਤੇ ਅਧਿਆਪਕਾਂ ਲਈ ਅਹਿਮ ਹੁੰਦੇ ਹਨ। ਇਨ੍ਹਾਂ ਦਿਨਾਂ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੂਰੇ ਸਾਲ ਦੀ ਕੀਤੀ ਹੋਈ ਮਿਹਨਤ ਨੂੰ ਇੱਕ ਟੀਚੇ ਵੱਲ ਕੇਂਦਰਤ ਕਰਕੇ ਸਫਲਤਾ ਪ੍ਰਾਪਤ ਕਰਨੀ ਹੁੰਦੀ ਹੈ ਪਰ ਸਿੱਖਿਆ ਵਿਭਾਗ ਵੱਲੋਂ ਵੱਖ-ਵੱਖ ਵਿਸ਼ਿਆਂ ਦੇ ਅਧਿਆਪਕਾਂ ਦੇ ਸੈਮੀਨਾਰ, ਵੱਖ ਵੱਖ ਵਿਸ਼ਿਆਂ ਦੀਆਂ ਪ੍ਰਦਰਸ਼ਨੀਆਂ, ਅਪਾਰ ਆਈਡੀਜ਼ ਬਣਾਉਣ ਅਤੇ ਬਿਜ਼ਨਸ ਬਲਾਸਟਰ ਦੇ ਮੇਲੇ ਲਵਾ ਕੇ ਪੜ੍ਹਾਈ ਲਈ ਅਹਿਮ ਦਿਨਾਂ ਵਿੱਚ ਉਨ੍ਹਾਂ ਨੂੰ ਉਲਝਾ ਕੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਸਿੱਖਿਆ ਵਿਭਾਗ ਵੱਲੋਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਇਸ ਸਮੇਂ ਅਫ਼ਰਾਤਫ਼ਰੀ ਦਾ ਮਾਹੌਲ ਬਣਾਇਆ ਹੋਇਆ ਹੈ। ਪਹਿਲਾਂ ਚੋਣ ਡਿਊਟੀਆਂ, ਬੀ ਐੱਲ ਓ ਡਿਊਟੀਆਂ, ਹੋਰ ਗੈਰ ਵਿੱਦਿਅਕ ਕੰਮਾਂ ਅਤੇ ਸਾਲ ਦੀ ਸ਼ੁਰੂਆਤ ਵਿੱਚ ਮਿਸ਼ਨ ਸਮਰੱਥ ਜਿਹੇ ਗ਼ੈਰ ਵਿਗਿਆਨਕ ਪ੍ਰੋਜੈਕਟਾਂ ਦੀ ਫ਼ੋਕੀ ਧੁੱਸ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਉਲਝਾਈ ਰੱਖਿਆ ਗਿਆ ਜਿਸ ਕਾਰਨ ਇਸ ਸਾਲ ਅਨੇਕਾਂ ਅਧਿਆਪਕ ਆਪਣੇ ਨਿਰਧਾਰਤ ਸਿਲੇਬਸ ਪੂਰੇ ਨਹੀਂ ਕਰ ਸਕੇ ਅਤੇ ਹੁਣ ਪੇਪਰਾਂ ਦੇ ਦਿਨਾਂ ਵਿੱਚ ਵੀ ਅਨੇਕਾਂ ਗੈਰ ਵਿੱਦਿਅਕ ਕੰਮਾਂ ਦੀ ਬਹੁਤਾਤ ਨੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੱਡੇ ਪੱਧਰ 'ਤੇ ਨੁਕਸਾਨ ਕੀਤਾ ਹੈ। ਪੰਜਾਬ ਦੇ ਸਿੱਖਿਆ ਵਿਭਾਗ ਦੀ ਸਭ ਤੋਂ ਵੱਡੀ ਨਾਕਾਮੀ ਇਹ ਹੈ ਕਿ ਇਸ ਵੱਲੋਂ ਕੋਈ ਵਿੱਦਿਅਕ ਕੈਲੰਡਰ ਨਹੀਂ ਜਾਰੀ ਕੀਤਾ ਜਾਂਦਾ। ਵੱਖ ਵੱਖ ਵਿਭਾਗਾਂ ਵੱਲੋਂ ਸਕੂਲਾਂ ਨੂੰ ਗਤੀਵਿਧੀਆਂ ਕਰਾਉਣ ਦੇ ਬੇਮੌਸਮੀ ਤੇ ਤਰਕਹੀਣ ਹੁਕਮ ਚਾੜ੍ਹੇ ਜਾਂਦੇ ਹਨ ਜਿਨ੍ਹਾਂ ਦਾ ਨੁਕਸਾਨ ਵਿਦਿਆਰਥੀਆਂ ਦੀ ਪੜ੍ਹਾਈ ਦੇ ਰੂਪ ਵਿੱਚ ਹੁੰਦਾ ਹੈ। ਜਥੇਬੰਦੀ ਦੇ ਬਲਾਕ ਮੀਤ ਪ੍ਰਧਾਨ ਬਲਵਿੰਦਰ ਗੁਲਾਹੜ, ਸਤਵਿੰਦਰ ਬਹਿਰ ਸਾਹਬ, ਖਜਾਨਚੀ ਦਵਿੰਦਰ ਘੱਗਾ, ਪ੍ਰੈੱਸ ਸਕੱਤਰ ਬਖਸ਼ੀਸ਼ ਸਿੰਘ ਤੇ ਬਲਾਕ ਕਮੇਟੀ ਮੈਂਬਰ ਜਗਤਾਰ ਰਾਮ, ਮੈਡਮ ਸੁਖਦੀਪ ਰਾਣੀ, ਪਰਮਜੀਤ ਕੌਰ, ਯਾਦਵਿੰਦਰ ਸਿੰਘ, ਸੁਨੀਲ ਕੁਮਾਰ, ਸਤੀਸ਼ ਕੁਮਾਰ ਅਤੇ ਰਾਮ ਕੁਮਾਰ ਨੇ ਮੰਗ ਕੀਤੀ ਸਿੱਖਿਆ ਵਿਭਾਗ ਸਾਲ ਦੇ ਸ਼ੁਰੂ ਵਿੱਚ ਵਿੱਦਿਅਕ ਕੈਲੰਡਰ ਜਾਰੀ ਕਰੇ ਅਤੇ ਪੜ੍ਹਾਈ ਲਈ ਅਹਿਮ ਦਿਨਾਂ ਵਿੱਚ ਇਹਨਾਂ ਗੈਰ ਵਿਦਿਅਕ ਕੰਮਾਂ, ਸੈਮੀਨਾਰਾਂ, ਬੇਲੋੜੀਆਂ ਕਿਰਿਆਵਾਂ ਅਤੇ ਮੇਲਿਆਂ ਨੂੰ ਬੰਦ ਕਰਕੇ ਵਿਦਿਆਰਥੀਆਂ ਨੂੰ ਪੜ੍ਹਨ ਦਿੱਤਾ ਜਾਵੇ।

## ਸ਼ੇਰ-ਏ-ਪੰਜਾਬ ਯੂਨੀਅਨ ਦੀ ਨਵੀਂ ਇਕਾਈ ਦਾ ਗਠਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**

ਸ਼ੇਰੇ ਏ ਪੰਜਾਬ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਸਿੰਘ ਦੀ ਅਗਵਾਈ ਹੇਠ ਪਿੰਡ ਰਣਸੀਂਹ ਖੁਰਦ ਵਿਖੇ ਨਵੀਂ ਇਕਾਈ ਦਾ ਗਠਨ ਕੀਤਾ ਗਿਆ।ਜਿਸ ਵਿੱਚ ਸਰਪਰਸਿਤ ਬਲਵਿੰਦਰ ਸਿੰਘ ਪੱਪੂ, ਇਕਬਾਲ ਸਿੰਘ ਇਕਾਈ ਪ੍ਰਧਾਨ, ਮੀਤ ਪ੍ਰਧਾਨ ਸੁਖਦੀਪ ਸਿੰਘ, ਵਿੱਤ ਸਕੱਤਰ ਪਰ ਪਰੀਤ ਸਿੰਘ, ਸਲਾਹਕਾਰ ਗੁਰਪ੍ਰੀਤ, ਸਹਾਇਕ ਸਕੱਤਰ ਬੇਅੰਤ ਸਿੰਘ, ਪ੍ਰੈਸ ਸਕੱਤਰ ਜਸਵੀਰ ਸਿੰਘ, ਜਨਰਲ ਸਕੱਤਰ ਲਵਪ੍ਰੀਤ ਸਿੰਘ, ਜਨਰਲ ਸਕੱਤਰ ਗੁਰਮੀਤ ਸਿੰਘ, ਮੈਂਬਰ ਬਲਜੀਤ ਸਿੰਘ, ਮੈਂਬਰ ਗੁਰਚਰਨ ਸਿੰਘ, ਭਗਵੰਤ ਸਿੰਘ, ਸਵਰਨ ਸਿੰਘ, ਸੁਖਜੀਵਨ ਸਿੰਘ, ਅਕਾਸ਼ਦੀਪ ਸਿੰਘ, ਹਰਦੀਪ ਸਿੰਘ ਬਿੱਟੂ, ਸੰਦੀਪ ਸਿੰਘ, ਸੁਮਨਪ੍ਰੀਤ ਸਿੰਘ, ਗੁਰਜੰਟ ਸਿੰਘ ਗਰੇਵਾਲ, ਬਲਕਾਰ ਸਿੰਘ, ਨਵਤੇਜ ਨਿੰਮੀ, ਜਗਜੀਤ ਜੱਗਾ, ਬਲਦੇਵ ਸਿੰਘ, ਸੁਖਬੀਰ ਸਿੰਘ ਬਾਬਾ, ਲਵਦੀਪ ਸਿੰਘ, ਕੁਲਵਿੰਦਰ ਸਿੰਘ, ਗੁਰਸੇਵਕ ਸਿੰਘ, ਜਸ਼ਨ ਸਿੰਘ, ਜੁਗਿੰਦਰ ਸਿੰਘ, ਗੁਰਜੰਟ ਸਿੰਘ, ਲਖਵਿੰਦਰ ਸਿੰਘ, ਕਮਲਪ੍ਰੀਤ ਸਿੰਘ, ਪਰਗਟ ਸਿੰਘ, ਬਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਚਮਕੌਰ ਸਿੰਘ ਦੇਦੀ, ਬਲਵੀਰ ਸਿੰਘ ਵਿੱਕੀ, ਰਜਿੰਦਰ ਸਿੰਘ ਗੱਗੂ, ਤੇਜਿੰਦਰ ਸਿੰਘ ਰੇਸ਼ਮ ਸਿੰਘ ਸੁਖਦੀਪ ਸਿੰਘ ਸੀਪਾ, ਜਸਵੀਰ ਸਿੰਘ ਸੀਰਾ, ਬਲਦੇਵ ਸਿੰਘ, ਦੇਵ ਬਲਦੇਵ ਸਿੰਘ ਦੇਬੀ, ਬਲਦੇਵ ਸਿੰਘ ਛੋਟਾ ਹਾਥੀ, ਗੁਰਜੀਤ ਸਿੰਘ ਬਿੱਟੂ, ਗੁਰਮੇਲ ਸਿੰਘ ਕਾਲਾ, ਦਰਸ਼ਨ ਸਿੰਘ, ਰਛਪਾਲ ਸਿੰਘ ਮਿੱਟੂ, ਜਗਸੀਰ ਸਿੰਘ, ਅਮਰਿੰਦਰ ਸਿੰਘ ਲਾਡੀ, ਜਸਕੀਰਤ ਸਿੰਘ, ਹਰਪ੍ਰੀਤ ਹੈਪੀ, ਵਿਕਰਮਜੀਤ ਜਨਰਲ ਸਕੱਤਰ ਜ਼ਿਲ੍ਹਾ ਮੋਗਾ, ਮੁੱਖ ਬੁਲਾਰਾ ਰੇਸ਼ਮ ਸਿੰਘ ਤੇ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

## 13 ਗੱਟੂ ਚਾਈਨਿਜ਼ ਡੋਰ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਜ਼ੀਰਾ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 13 ਗੱਟੂ ਚਾਈਨਿਜ਼ ਡੋਰ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸਤਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸਬੰਧੀ ਸ਼ੇਰਾਂ ਵਾਲਾ ਚੌਕ ਜ਼ੀਰਾ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਨੋਜ ਕੁਮਾਰ ਪੁੱਤਰ ਓਮ ਪ੍ਰਕਾਸ਼ ਵਾਸੀ ਬਸਤੀ ਮਾਛੀਆ ਜ਼ੀਰਾ ਚਾਇਨਾ ਡੋਰ ਤੁਰ ਫਿਰ ਕੇ ਵੇਚਣ ਦਾ ਕੰਮ ਕਰਦਾ ਹੈ। ਜੇਕਰ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਮਨੋਜ ਕੁਮਾਰ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 13 ਗੱਟੂ ਚਾਈਨਿਜ਼ ਡੋਰ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਡਾਇਟ ਅਹਿਮਦਪੁਰ 'ਚ ਕਾਵਿ ਸਿਰਜਣ ਕਾਰਜਸ਼ਾਲਾ



**ਬੁਢਲਾਡਾ (ਅਸ਼ੋਕ ਲਾਕੜਾ)**

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਜਸਵੰਤ ਸਿੰਘ ਜ਼ਫ਼ਰ ਦੀ ਰਹਿਨੁਮਾਈ ਹੇਠ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਮਾਨਸਾ ਵੱਲੋਂ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਅਹਿਮਦਪੁਰ ਵਿਖੇ ਕਾਵਿ ਸਿਰਜਣ ਕਾਰਜਸ਼ਾਲਾ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸੰਸਥਾ ਦੇ ਕਰੀਬ ਚਾਲੀ ਵਿਦਿਆਰਥੀਆਂ ਨੇ ਭਾਗ ਲਿਆ।ਸੰਸਥਾ ਦੇ ਪ੍ਰਿੰਸੀਪਲ ਡਾ. ਬੂਟਾ ਸਿੰਘ ਸੇਖੋਂ ਨੇ ਸੁਆਗਤ ਕਰਦਿਆਂ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਭਾਸ਼ਾ ਵਿਭਾਗ ਸਾਹਿਤ, ਭਾਸ਼ਾ ਅਤੇ ਸੱਭਿਆਚਾਰ ਬਾਰੇ ਅਹਿਮ ਕਾਰਜ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਡਾਇਟ ਅਹਿਮਦਪੁਰ ਸਾਹਿਤ ਅਤੇ ਭਾਸ਼ਾ ਦੀਆਂ ਗਤੀਵਿਧੀਆਂ ਲਈ ਆਪਣੇ ਦਰਵਾਜ਼ੇ ਖੋਲ੍ਹਦੀ ਹੈ।ਇਸ ਮੌਕੇ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਭਾਸ਼ਾ ਐਕਟ ਦੀ ਜਾਣਕਾਰੀ ਦਿੱਤੀ ਅਤੇ ਪੰਜਾਬੀ ਭਾਸ਼ਾ ਦੇ ਮਹੱਤਵ ਨੂੰ ਦਰਸਾਇਆ। ਉਨ੍ਹਾਂ ਕਿਹਾ ਕਿ ਇਸ ਕਾਵਿ ਸਿਰਜਣ ਕਾਰਜਸ਼ਾਲਾ 'ਚ ਰਚੀਆਂ ਕਵਿਤਾਵਾਂ ਨੂੰ ਵਿਭਾਗ ਦੇ ਰਸਾਲੇ 'ਜਨ ਸਾਹਿਤ' ਵਿਚ ਪ੍ਰਕਾਸ਼ਿਤ ਕਰਵਾਉਣ ਦਾ ਯਤਨ ਕੀਤਾ ਜਾਵੇਗਾ।ਵਿਭਾਗ ਦੇ ਖੋਜ ਅਫ਼ਸਰ ਕਵੀ ਗੁਰਪ੍ਰੀਤ ਨੇ ਕਵਿਤਾ ਨਿੱਜੀ ਅਹਿਸਾਸਾਂ ਅਤੇ ਅਨੁਭਵਾਂ ਨੂੰ ਸਮਾਜਿਕ ਬਣਾਉਣ ਦਾ ਯਤਨ ਹੈ। ਇਹ ਕੰਮ ਰੂਪਕਾਂ ਅਤੇ ਅਲੰਕਾਰਾਂ ਦੁਆਰਾ ਕੀਤਾ ਜਾਂਦਾ ਹੈ। ਚੰਗੀ ਕਵਿਤਾ ਵਿਚ ਹਰ ਸ਼ਬਦ ਬੋਲਦਾ ਹੈ ਤੇ ਉਹ ਪਾਠਕਾਂ ਨੂੰ ਸੋਚਣ ਲਾਉਂਦੀ ਹੈ।ਇਸ ਮੌਕੇ ਵਿਦਿਆਰਥੀਆਂ ਨੇ ਕੁਝ ਕਵਿਤਾਵਾਂ ਦੀ ਰਚਨਾ ਵੀ ਕੀਤੀ ਜਿੰਨ੍ਹਾਂ ਵਿਚ ਕਿਰਨਦੀਪ ਕੌਰ, ਰਮਨਦੀਪ ਕੌਰ, ਸੋਨੀ ਸਿੰਘ, ਹਰਜਿੰਦਰ ਕੌਰ, ਅਰਸ਼ਦੀਪ ਸਿੰਘ, ਹਰਮੇਸ਼ ਸਿੰਘ, ਰਾਮਚੰਦਰ ਸਿੰਘ, ਹਰਦੀਪ ਕੌਰ ਅਤੇ ਰੀਨਾ ਰਾਣੀ ਆਦਿ ਸ਼ਾਮਿਲ ਸਨ। ਇਸ ਕਾਰਜਸ਼ਾਲਾ ਦਾ ਮੰਚ ਸੰਚਾਲਨ ਲੈਕਚਰਾਰ ਬਲਵਿੰਦਰ ਸਿੰਘ ਬਾਘਾ ਨੇ ਕੀਤਾ। ਡਾ. ਕਰਨੈਲ ਵੈਰਾਗੀ, ਪਰਸ਼ੋਤਮ ਸਿੰਘ, ਸਰੋਜ ਰਾਣੀ, ਡਾ. ਅੰਗਰੇਜ਼ ਸਿੰਘ ਵਿਰਕ, ਨਵਦੀਪ ਕੌਰ, ਧਰਮਪਾਲ ਸ਼ਰਮਾ, ਬਲਦੇਵ ਸਿੰਘ, ਸਤਨਾਮ ਸਿੰਘ ਆਦਿ ਲੈਕਚਰਾਰ ਇਸ ਸਮੇਂ ਮੌਜੂਦ ਸਨ।

## ਪ੍ਰਧਾਨ ਤਰਸੇਮ ਗੋਇਲ ਨੇ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਹਮੇਸ਼ਾ ਹੀ ਸਮਾਜ ਭਲਾਈ ਦੇ ਕੰਮਾਂ ਵਿੱਚ ਮੋਹਰੀ ਰਹਿਣ ਵਾਲੀ ਇਲਾਕੇ ਦੀ ਨਾਮਵਰ ਸੰਸਥਾ ਕਲੀਨ ਐਂਡ ਗਰੀਨ ਸੇਵਾ ਸੁਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਲਮਗੜ੍ਹ ਵਿਖੇ ਪੜ੍ਹ ਰਹੇ ਬੱਚਿਆਂ ਨੂੰ ਸਟੇਸ਼ਨਰੀ ਦਾ ਸਮਾਨ ਵੰਡਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਰਿੰਪੀ ਵੱਲੋਂ ਸੁਸਾਇਟੀ ਆਹੁਦੇਦਾਰਾਂ ਦਾ ਧੰਨਵਾਦ ਕੀਤਾ ਗਿਆ ਤੇ ਸੁਸਾਇਟੀ ਵੱਲੋਂ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਪ੍ਰਧਾਨ ਗੋਇਲ ਨੇ ਮੀਡੀਆ ਟੀਮ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਬੱਚੇ ਸਾਡੇ ਦੇਸ਼ ਦਾ ਭਵਿੱਖ ਹੁੰਦੇ ਹਨ ਤੇ ਪੜ੍ਹਾਈ ਤੋਂ ਬਿਨਾਂ ਭਵਿੱਖ ਨੂੰ ਕਦੇ ਵੀ ਸਵਾਰਿਆ ਨਹੀਂ ਜਾ ਸਕਦਾ, ਇਸ ਕਾਰਨ ਉਨ੍ਹਾਂ ਵੱਲੋਂ ਲਗਾਤਾਰ ਪੜ੍ਹ ਰਹੇ ਬੱਚਿਆਂ ਦੀ ਮਦਦ ਕੀਤੀ ਜਾਂਦੀ ਹੈ ਤੇ ਇਸ ਨਾਲ ਉਨ੍ਹਾਂ ਦੇ ਮਨ ਨੂੰ ਸਕੂਨ ਵੀ ਮਿਲਦਾ ਹੈ।

ਇਸ ਮੌਕੇ ਪ੍ਰਧਾਨ ਤਰਸੇਮ ਗੋਇਲ ਨੇ ਪ੍ਰਿੰਸੀਪਲ ਰਿੰਪੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਚੱਲ ਰਹੀ ਮੈਨੇਜਮੈਂਟ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਇੱਕ ਚੰਗਾ ਅਧਿਆਪਕ ਹੀ ਬੱਚਿਆਂ ਲਈ ਰਾਹ ਦਸੇਰਾ ਬਣਦਾ ਹੈ।

## ਗੌਰਮਿੰਟ ਪੈਨਸ਼ਨਰਜ਼ ਵੈੱਲਫ਼ੇਅਰ ਐਸੋ: ਸੰਗਰੂਰ ਦੇ ਅਹੁਦੇਦਾਰਾਂ ਦੀ ਚੋਣ



**ਸੰਗਰੂਰ (ਪ੍ਰਵੀਨ ਸਿੰਘ)**

ਜ਼ਿਲ੍ਹਾ ਪੈਨਸ਼ਨਰਜ਼ ਦਫ਼ਤਰ ਵਿਖੇ ਗੌਰਮਿੰਟ ਵੈਲਫ਼ੇਅਰ ਐਸੋ: ਸੰਗਰੂਰ ਦਾ ਜਨਰਲ ਇਜਲਾਸ ਜੀਤ ਸਿੰਘ ਢੀਂਡਸਾ ਪ੍ਰਧਾਨ ਦੀ ਅਗਵਾਈ ਵਿਚ ਹੋਇਆ। ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਨੇ ਮੈਂਬਰਾਂ ਦਾ ਸਵਾਗਤ ਕੀਤਾ। ਜੀਤ ਸਿੰਘ ਢੀਂਡਸਾ ਨੇ ਉਨ੍ਹਾਂ ਦੀ ਪ੍ਰਧਾਨਗੀ ਹੇਠ ਪਿਛਲੇ ਦੋ ਸਾਲਾਂ ਦੌਰਾਨ ਪੈਨਸ਼ਨਰਜ਼ ਦੀ ਭਲਾਈ ਅਤੇ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਕੀਤੇ ਸੰਘਰਸ਼ ਦਾ ਲੇਖਾ ਜੋਖਾ ਪੇਸ਼ ਕੀਤਾ ਅਤੇ ਅਗਲੇ ਦੋ ਸਾਲਾਂ ਲਈ ਨਵੇਂ ਬਣੇ ਪ੍ਰਧਾਨ ਤੇ ਸਕੱਤਰ ਬਣਾਉਣ ਹਿਤ ਆਪਣੀ ਕਾਰਜਕਾਰਨੀ ਭੰਗ ਕਰਨ ਦਾ ਐਲਾਨ ਕੀਤਾ। ਉਪਰੰਤ ਸੰਸਥਾ ਵੱਲੋਂ ਬਣਾਈ ਰਾਵਿੰਦਰ ਸਿੰਘ ਗੁੱਡੂ ਅਤੇ ਦਰਸ਼ਨ ਸਿੰਘ ਨੌਰਥ 'ਤੇ ਅਧਾਰਤ ਦੋ ਮੈਂਬਰੀ ਚੋਣ ਦੀ ਦੇਖ ਰੇਖ ਅਤੇ ਰਾਜ ਕੁਮਾਰ ਅਰੋੜਾ ਜ਼ਿਲ੍ਹਾ ਪ੍ਰਧਾਨ ਦੀ ਨਿਗਰਾਨੀ ਵਿਚ ਚੋਣ ਲਈ ਕਾਰਵਾਈ ਸ਼ੁਰੂ ਕੀਤੀ, ਜਿਸ 'ਤੇ ਦੋਵਾਂ ਅਹੁਦਿਆਂ ਲਈ ਕੇਵਲ ਇਕ ਇਕ ਹੀ ਨਾਮਜ਼ਦਗੀ ਪੱਤਰ ਪ੍ਰਾਪਤ ਹੋਏ। ਇਸ ਉਪਰੰਤ ਰਾਵਿੰਦਰ ਸਿੰਘ ਗੁੱਡੂ ਨੇ ਦੱਸਿਆ ਕਿ ਕੋਈ ਹੋਰ ਨਾਮਜ਼ਦਗੀ ਨਾ ਹੋਣ ਕਾਰਨ ਭੁਪਿੰਦਰ ਸਿੰਘ ਜੱਸੀ ਨੂੰ ਪ੍ਰਧਾਨ ਅਤੇ ਅਵਿਨਾਸ਼ ਸ਼ਰਮਾ ਨੂੰ ਜਨਰਲ ਸਕੱਤਰ ਬਿਨਾਂ ਕਿਸੇ ਵਿਰੋਧ ਤੋਂ ਚੁਣਨ ਦਾ ਐਲਾਨ ਕੀਤਾ। ਜਿਸ ਨੂੰ ਜਨਰਲ ਇਜਲਾਸ ਨੇ ਤਾੜੀਆਂ ਦੀ ਗੂੰਜ ਵਿਚ ਪ੍ਰਵਾਨ ਕੀਤਾ। ਇਸ ਮੌਕੇ ਰਾਜ ਕੁਮਾਰ ਅਰੋੜਾ ਨੇ ਜ਼ਿਲ੍ਹੇ ਦੀਆਂ ਵੱਖ ਵੱਖ ਇਕਾਈਆਂ ਦੇ ਪ੍ਰਧਾਨਾਂ ਦੀ ਚੋਣ ਕਰਵਾਉਣ ਦੀ ਲੜੀ ਵਿਚ ਸੰਗਰੂਰ ਇਕਾਈ ਦੀ ਚੋਣ ਸਰਬ-ਸੰਮਤੀ ਨਾਲ ਕਰਨ ਤੇ ਐਸੋ: ਦੇ ਮੈਂਬਰਾਂ ਦੀ ਸ਼ਲਾਘਾ ਕੀਤੀ ਅਤੇ ਪਿਛਲੇ ਦੋ ਸਾਲਾਂ ਦੌਰਾਨ ਸੰਸਥਾ ਦੇ ਪ੍ਰਧਾਨ ਜੀਤ ਸਿੰਘ ਢੀਂਡਸਾ ਦੀ ਅਗਵਾਈ ਵਿਚ ਕੀਤੇ ਕਾਰਜਾਂ ਦੀ ਸਰਾਹਨਾ ਕੀਤੀ ਅਤੇ ਚੁਣੇ ਗਏ ਪ੍ਰਧਾਨ ਅਤੇ ਸਕੱਤਰ ਨੂੰ ਵਧਾਈ ਦਿੱਤੀ। ਇਸ ਸਮੇਂ ਪੀ.ਪੀ.ਸ਼ਰਮਾ, ਦਰਸ਼ਨ ਸਿੰਘ, ਜੀਤ ਸਿੰਘ ਢੀਂਡਸਾ, ਹਰਵਿੰਦਰ ਸਿੰਘ ਭੱਠਲ, ਗੁਰਦੇਵ ਸਿੰਘ ਲੂੰਬਾ ਅਤੇ ਸੁਰਿੰਦਰਪਾਲ ਸਿੰਘ ਸਿਦਕੀ ਆਦਿ ਨੇ ਸਮੂਹ ਮੈਂਬਰਾਂ ਵੱਲੋਂ ਸਰਬ-ਸੰਮਤੀ ਨਾਲ ਏਕੇ ਦੇ ਸਬੂਤ ਲਈ ਖ਼ੁਸ਼ੀ ਜ਼ਾਹਰ ਕੀਤੀ ਕਿ ਭੁਪਿੰਦਰ ਸਿੰਘ ਜੱਸੀ ਅਤੇ ਅਵਿਨਾਸ਼ ਸੰਸਥਾ ਦੀ ਅਗਵਾਈ ਕਰਦਿਆਂ ਉਹ ਸੰਸਥਾ ਦੀ ਭਲਾਈ ਲਈ ਵਚਨਬੱਧ ਹੋਣਗੇ। ਇਸ ਮੌਕੇ ਨਵੇਂ ਚੁਣੇ ਅਹੁਦੇਦਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਐਸੋ: ਦੀ ਭਲਾਈ ਲਈ ਅਤੇ ਉਨ੍ਹਾਂ ਦੀ ਮੰਗਾਂ ਪ੍ਰਤੀ ਚਲ ਰਹੇ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ। ਇਸ ਮੌਕੇ ਲਾਭ ਸਿੰਘ ਖਜ਼ਾਨਚੀ, ਸਤਪਾਲ ਸਿੰਗਲਾ, ਨੰਦ ਲਾਲ ਮਲਹੋਤਰਾ, ਦੇਵਿੰਦਰ ਕੁਮਾਰ ਜਿੰਦਲ, ਹਰਪਾਲ ਸਿੰਘ ਸੰਗਰੂਰਵੀ, ਸੁਖਦੇਵ ਸਿੰਘ ਜੱਸੀ, ਓਮ ਪ੍ਰਕਾਸ਼ ਸ਼ਰਮਾਂ, ਜਸਪਾਲ ਸਿੰਘ, ਪਵਨ ਕੁਮਾਰ ਸਿੰਗਲਾ, ਅਮਰ ਸਿੰਘ, ਗ਼ਮਦੂਰ ਸਿੰਘ ਅਤੇ ਵਰਿੰਦਰ ਕਾਂਸਲ ਸਮੇਤ ਵੱਡੀ ਗਿਣਤੀ ਪੈਨਸ਼ਨਰਜ਼ ਸਾਥੀਆਂ ਨੇ ਸ਼ਮੂਲੀਅਤ ਕੀਤੀ।

## ਭਾਈ ਲਾਲੋ ਪੰਜਾਬੀ ਮੰਚ ਬਲਾਕ ਦੀ ਮੀਟਿੰਗ 'ਚ ਅਹਿਮ ਵਿਚਾਰਾਂ

### 14 ਨੂੰ ਮੁੱਖ ਮਾਰਗ ਉੱਪਰ ਕਰਾਂਗੇ ਚੱਕਾ ਜਾਮ : ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**

ਭਾਈ ਲਾਲੋ ਪੰਜਾਬੀ ਮੰਚ ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਬਲਦੇਵ ਸਿੰਘ ਸਹਿਜੜਾ ਦੀ ਅਗਵਾਈ ਹੇਠ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਜਥੇਬੰਦੀ ਦੇ ਆਗੂ ਹਰਜੀਤ ਸਿੰਘ ਖਿਆਲੀ, ਦਰਸ਼ਨ ਸਿੰਘ ਸੱਦੋਵਾਲ, ਬਹਾਦਰ ਸਿੰਘ ਗਹਿਲ, ਹਰਨੇਕ ਸਿੰਘ ਛੀਨੀਵਾਲ ਖੁਰਦ, ਭੀਮ ਸਿੰਘ ਸੱਦੋਵਾਲ, ਜਗਤਾਰ ਸਿੰਘ ਬੀਹਲਾ ਖੁਰਦ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਨੌਜਵਾਨਾਂ ਦੀਆਂ ਭਖਦੀਆਂ ਮੰਗਾਂ ਪ੍ਰਤੀ ਸੁਹਿਰਦ ਨਹੀਂ ਹਨ। ਜਿਸ ਕਰਕੇ ਲੋਕ ਮਾਨਸਿਕ ਪੀੜਾ ਵਿਚੋਂ ਲੰਘਦੇ ਹੋਏ ਗੁਰਬਤ ਦੀ ਜ਼ਿੰਦਗੀ ਬਸਰ ਕਰ ਰਹੇ ਹਨ। ਉਨ੍ਹਾਂ ਸੂਬਾ ਸਰਕਾਰ ਦੀ ਕਰੜੀ ਅਲੋਚਨਾ ਕਰਦਿਆਂ ਇਸ ਸਰਕਾਰ ਨੂੰ ਹਰ ਫਰੰਟ 'ਤੇ ਫੇਲ੍ਹ ਕਰਾਰ ਦਿਤਾ।ਉਨ੍ਹਾਂ ਸਮੂਹ ਲੋਕਾਂ ਨੂੰ ਆਪਣੀ ਜਥੇਬੰਦਕ ਸ਼ਕਤੀ ਨੂੰ ਹੋਰ ਮਜ਼ਬੂਤ ਬਣਾਉਣ ਦਾ ਸੱਦਾ ਦਿਤਾ।ਆਗੂ ਹਰਜੀਤ ਖਿਆਲੀ ਨੇ ਮੰਗ ਕੀਤੀ ਕਿ ਮਨਰੇਗਾ ਮਜ਼ਦੂਰਾਂ ਨੂੰ 31 ਮਾਰਚ ਤੱਕ ਸੌ ਦਿਨ ਦੇ ਰੁਜ਼ਗਾਰ ਦਾ ਪ੍ਰਬੰਧ ਕਰਨ, ਹਰ ਪਿੰਡ ਵਿੱਚ ਮਨਰੇਗਾ ਮਜ਼ਦੂਰਾਂ ਰਾਹੀ 5-5 ਹਜ਼ਾਰ ਬੂਟੇ ਲਗਾਉਣ, ਸਰਕਾਰੀ ਨਰਸਰੀ ਬਣਾਉਣ, ਪਾਣੀ ਦੀ ਸੰਭਾਲ ਲਈ ਪਿੰਡਾਂ ਵਿੱਚ ਥਾਪਰ ਪ੍ਰੋਜੈਕਟ ਮਨਰੇਗਾ ਕਾਮਿਆਂ ਰਾਹੀ ਚਲਾਉਣ, ਪਸ਼ੂ ਪਾਲਣ ਲਈ ਸ਼ੈੱਡ ਬਣਾ ਕੇ ਦੇਣ, ਸਕਿਲ ਡਿਵੈਲਪਮੈਂਟ ਲਈ ਸ਼ਪੈਸ਼ਲ ਟ੍ਰੇਨਿੰਗ ਦਾ ਪ੍ਰਬੰਧ, ਕਮਿਊਨਿਟੀ ਹੈਲਥ ਸੈਂਟਰ ਮਹਿਲ ਕਲਾਂ ਨੂੰ ਸਬ ਡਵੀਜ਼ਨ ਪੱਧਰ ਦੇ ਸਿਵਲ ਹਸਪਤਾਲ ਦਾ ਦਰਜਾ ਦੇ ਕੇ ਸਾਰੀਆਂ ਆਸਾਮੀਆਂ ਤੁਰੰਤ ਪੂਰੀਆਂ ਕਰਨ ਆਦਿ ਮੰਗਾਂ ਨੂੰ ਤੁਰੰਤ ਪੂਰੀਆਂ ਕਰਨ ਦੀ ਮੰਗ ਜ਼ੋਰਦਾਰ ਢੰਗ ਨਾਲ ਉਠਾਈ।ਉਨ੍ਹਾਂ ਸਪੱਸ਼ਟ ਕਿਹਾ ਜੇਕਰ ਇਹ ਮੰਗਾਂ ਨੂੰ ਦੋ ਹਫਤੇ ਅੰਦਰ ਲਾਗੂ ਨਾ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ 14 ਫਰਵਰੀ ਨੂੰ ਲੁਧਿਆਣਾ ਬਠਿੰਡਾ ਮੁੱਖ ਮਾਰਗ ਉਪਰ ਧਰਨਾ ਦੇ ਕੇ ਆਵਾਜਾਈ ਮੁਕੰਮਲ ਠੱਪ ਕੀਤੀ ਜਾਵੇਗੀ।ਇਸ ਮੌਕੇ ਪੂਰਨ ਸਿੰਘ ਗਹਿਲ, ਮੇਜਰ ਸਿੰਘ ਪੰਡੋਰੀ, ਗੁਰਪ੍ਰੀਤ ਕੌਰ ਸਹਿਜੜਾ, ਤੇਜਾ ਸਿੰਘ, ਮਿੱਠੂ ਸਿੰਘ ਖਿਆਲੀ, ਮੇਘ ਸਿੰਘ ਕੁਰੜ, ਕਮਲਜੀਤ ਕੌਰ ਬੀਹਲਾ, ਚਰਨਜੀਤ ਕੌਰ, ਪਰਮਜੀਤ ਕੌਰ ਪੰਡੋਰੀ, ਭੋਲਾ ਸਿੰਘ, ਸਾਧੂ ਸਿੰਘ ਮਹਿਲ ਖੁਰਦ, ਕੁਲਦੀਪ ਸਿੰਘ ਛੀਨੀਵਾਲ ਆਦਿ ਆਗੂ ਹਾਜ਼ਰ ਸਨ।

# ਕੇਂਦਰ ਸਰਕਾਰ ਵੱਲੋਂ ਪੇਸ਼ ਨਵੇਂ ਸਾਲ ਦਾ ਬਜਟ ਲੋਕ ਵਿਰੋਧੀ: ਜਾਮਾਰਾਏ, ਪੰਡੋਰੀ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ ਅਤੇ ਬਲਦੇਵ ਸਿੰਘ ਪੰਡੋਰੀ ਨੇ ਕੇਂਦਰ ਸਰਕਾਰ ਵੱਲੋ ਨਵੇਂ ਸਾਲ ਦਾ ਬਜਟ ਲੋਕ ਵਿਰੋਧੀ ਦੱਸਿਆ।ਇਨ੍ਹਾਂ ਆਗੂਆਂ ਨੇ ਕਿਹਾ ਕਿ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਵੱਲੋਂ ਪੇਸ਼ ਕੀਤੇ ਗਏ ਸਾਲ 2025-26 ਦੇ ਬਜਟ ਨੂੰ ਦੇਸ਼ ਵਾਸੀਆਂ, ਖਾਸ ਕਰਕੇ ਕਿਰਤੀ-ਕਿਸਾਨਾਂ ਤੇ ਹੋਰ ਮਿਹਨਤੀ ਤਬਕਿਆਂ ਲਈ ਘੋਰ ਨਿਰਾਸ਼ਾਜਨਕ ਅਤੇ ਸ਼ਬਦੀ ਜਾਦੂਗਰੀ ਕਰਾਰ ਦਿੱਤਾ ਹੈ।ਇਨ੍ਹਾਂ ਆਗੂਆਂ ਨੇ ਕਿਹਾ ਕਿ ਵਿੱਤ ਮੰਤਰੀ ਨੇ ਮੋਦੀ-03 ਸਰਕਾਰ ਦੇ ਲੋਕ ਮਾਰੂ, ਦੇਸ਼ ਵਿਰੋਧੀ ਕਿਰਦਾਰ ਦੇ ਅਨੁਰੂਪ ਹੀ ਬਜਟ ਤਜਵੀਜ਼ਾਂ ਰਾਹੀਂ ਦੇਸੀ-ਵਿਦੇਸ਼ੀ ਕਾਰਪੋਰੇਟ ਲੋਟੂਆਂ ਨੂੰ ਵਧੇਰੇ ਤੋਂ ਵਧੇਰੇ ਲਾਭ ਪੁਚਾਉਣ ਲਈ ਸਖ਼ਤ ਮੁਸ਼ੱਕਤ ਕੀਤੀ ਹੈ।ਇਨ੍ਹਾਂ ਆਗੂਆਂ ਨੇ ਕਿਹਾ ਕਿ ਬਜਟ ਦੇ ਜ਼ਰੀਏ ਆਮ ਲੋਕਾਂ ਦੀ ਖਰੀਦ ਸ਼ਕਤੀ ਵਧਾਉਣ ਰਾਹੀਂ ਅਰਥਚਾਰਾ ਤਕੜਾ ਕਰਨ ਤੇ ਬੇਰੁਜ਼ਗਾਰੀ-ਮਹਿੰਗਾਈ 'ਤੇ ਕਾਬੂ ਪਾਉਣ ਦੀ ਫੌਰੀ ਲੋੜ ਮੁੱਢੋਂ ਹੀ ਵਿਸਾਰ ਦਿੱਤੀ ਗਈ ਹੈ।ਇਸ ਦੇ ਨਾਲ ਹੀ ਥੈਲੀਸ਼ਾਹਾਂ ਤੋਂ ਵੱਧ ਤੋਂ ਵੱਧ ਟੈਕਸ ਵਸੂਲ ਕੇ ਆਮ ਲੋਕਾਂ ਨੂੰ ਰਾਹਤ ਦੇਣ ਤੇ ਰੁਜ਼ਗਾਰ ਮੁਖੀ ਵਿਕਾਸ ਕਰਨ ਦੇ ਅਜੋਕੇ ਦੌਰ ਦੇ ਸਭ ਤੋਂ ਪਲੇਠੇ ਤੇ ਮਹਤਵਪੂਰਣ ਕਾਰਜ ਦੀ ਵੀ ਅਸਲੋਂ ਹੀ ਅਣਦੇਖੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਬਜਟ ਤਜਵੀਜ਼ਾਂ ਤੋਂ ਇਕ ਵਾਰ ਫਿਰ ਬਾਖੂਬੀ ਸਿੱਧ ਹੋ ਗਿਆ ਹੈ ਕਿ ਮੋਦੀ-03 ਸਰਕਾਰ ਦਾ ਇਕੋ-ਇਕ ਮਕਸਦ ਧਨਾਢਾਂ, ਖਾਸ ਕਰਕੇ ਅਡਾਨੀ-ਅੰਬਾਨੀ ਜਿਹੇ ਪੂੰਜੀਪਤੀਆਂ ਤੇ ਇਨ੍ਹਾਂ ਦੇ ਸਾਮਰਾਜੀ ਭਾਈਵਾਲਾਂ ਦੇ ਖਜ਼ਾਨੇ ਭਰਪੂਰ ਕਰਨਾ ਹੈ।ਇਸੇ ਲਈ ਸਭ ਤੋਂ ਵਧੇਰੇ ਰੁਜ਼ਗਾਰ ਸਿਰਜਣ ਵਾਲੇ ਖੇਤੀ ਅਤੇ ਦਰਮਿਆਨੇ ਤੇ ਛੋਟੇ ਉਦਯੋਗ-ਕਾਰੋਬਾਰ ਅਤੇ ਪ੍ਰਚੂਨ ਵਪਾਰ ਨੂੰ ਪੈਰਾਂ ਸਿਰ ਕਰਨ ਦੀ ਕੌਮੀ ਲੋੜ ਘੱਟੇ ਰੋਲ ਦਿੱਤੀ ਗਈ ਹੈ।ਆਗੂਆਂ ਨੇ ਕਿਹਾ ਹੈ ਕਿ ਮੌਜੂਦਾ ਬਜਟ ਰਾਹੀਂ ਸਿੱਖਿਆ ਤੇ ਸਿਹਤ ਸਹੂਲਤਾਂ, ਜਨਤਕ ਵੰਡ ਪ੍ਰਣਾਲੀ, ਸਮਾਜਿਕ ਸੁਰੱਖਿਆ ਪੈਨਸ਼ਨਾਂ ਆਦਿ ਲਈ ਰਕਮਾਂ ਘੱਟ ਕਰਨ ਨੂੰ ਤਰਜੀਹ ਦਿੱਤੀ ਗਈ ਹੈ।ਪਹਿਲਾਂ ਹੀ ਕਿਰਤ ਕਾਨੂੰਨਾਂ ਤੋਂ ਮਹਿਰੂਮ ਕਰ ਦਿੱਤੇ ਗਏ ਸਨਅਤੀ ਅਤੇ ਗੈਰ ਜੱਥੇਬੰਦਕ ਖੇਤਰ ਦੇ ਕਾਮਿਆਂ ਦੀਆਂ ਜੀਵਨ ਹਾਲਤਾਂ 'ਚ ਸੁਧਾਰ ਦਾ ਵਿਸ਼ਾ ਤਾਂ ਬਜਟ ਭਾਸ਼ਣ 'ਚ ਛੋਹਿਆ ਤੱਕ ਵੀ ਨਹੀਂ ਗਿਆ।ਖੇਤੀ ਨੂੰ ਲਾਹੇਵੰਦਾ ਧੰਦਾ ਬਨਾਉਣ ਲਈ ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਦੇਣ ਤੇ ਲੱਖਾਂ ਖੇਤ ਮਜ਼ਦੂਰਾਂ-ਕਿਸਾਨਾਂ ਦੀਆਂ ਖੁਦਕੁਸ਼ੀਆਂ ਦਾ ਕਾਰਨ ਬਣਿਆ ਖੇਤੀ ਕਰਜ਼ਾ ਮੁਆਫ਼ ਕਰਨ ਤੋਂ ਟਾਲਾ ਵੱਟਿਆ ਗਿਆ ਹੈ।

ਆਮਦਨ ਕਰ ਛੋਟ ਵਧਾਉਣ ਦਾ ਵਿੱਤ ਮੰਤਰੀ ਦਾ ਵਧਾ ਚੜ੍ਹਾ ਕੇ ਕੀਤਾ ਗਿਆ ਦਾਅਵਾ ਵੀ ਅਸਲੋਂ ਖੋਖਲਾ ਅਤੇ ਆਮ ਕਰ ਦਾਤਾਵਾਂ (ਟੈਕਸ ਪੇਅਰਜ਼) ਦੇ ਅੱਖੀਂ ਘੱਟਾ ਪਾਉਣ ਵਾਲਾ ਹੈ।ਇੰਝ ਕੁਲ ਮਿਲਾ ਕੇ ਡੇਢ ਅਰਬ ਦੇ ਕਰੀਬ ਆਮ ਦੇਸ਼ ਵਾਸੀਆਂ ਲਈ ਇਹ ਸਿਰੇ ਦਾ ਨਾਂਹ ਪੱਖੀ ਬਜਟ ਹੈ।ਇਹ ਡਾਢੀ ਚਿੰਤਾ ਦਾ ਵਿਸ਼ਾ ਹੈ ਕਿ ਬਜਟ ਦੀ ਧਾਰਾ, ਆਰਐੱਸਐੱਸ ਤੇ ਭਾਜਪਾ ਦੀ ਤਾਨਾਸ਼ਾਹ ਵਿਚਾਰਧਾਰ ਅਨੁਸਾਰ ਸੂਬਾਈ ਅਧਿਕਾਰਾਂ ਨੂੰ ਖੋਰਾ ਲਾਉਣ ਵਲ ਸੇਧਤ ਹੈ।

# ਬਜਟ ਪੂਰੀ ਤਰ੍ਹਾਂ ਵਿਕਾਸ ਮੁਖੀ ਤੇ ਆਮ ਲੋਕਾਂ ਦੇ ਪੱਖ 'ਚ:ਵਿਨੈ ਚੌਧਰੀ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਆਗੂ ਵਿਨੈ ਚੌਧਰੀ (ਬੱਬਲੀ) ਨੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾ ਰਮਨ ਵੱਲੋਂ ਪੇਸ਼ ਕੀਤੇ ਬਜਟ ਨੂੰ ਪੂਰੀ ਤਰ੍ਹਾਂ ਵਿਕਾਸ ਮੁਖੀ ਅਤੇ ਆਮ ਲੋਕਾਂ ਪੱਖੀ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਗਰੀਬਾਂ ਦੇ ਵਿਕਾਸ ਅਤੇ ਹਰ ਵਰਗ ਨੂੰ ਸਮਰਥ ਬਣਾਉਣ ਲਈ ਕੰਮ ਕਰ ਰਹੀ ਮੋਦੀ ਸਰਕਾਰ ਨੇ ਬਜਟ ਵਿੱਚ ਹਰ ਕਿਸੇ ਨੂੰ ਰਾਹਤ ਦਿੱਤੀ ਹੈ।ਮਿਡਲ ਕਲਾਸ ਲਈ 12 ਲੱਖ ਤੱਕ ਦੀ ਕਰ ਵਵਸਥਾ ਵਿੱਚ ਛੋਟ ਦੇਣਾ ਅਤੇ 4 ਸਾਲ ਦਾ ਰਿਟਰਨ ਇੱਕੋ ਵਾਰ ਭਰਨਾ ਇੱਕ ਵੱਡਾ ਕਦਮ ਹੈ ਜੋ ਵਪਾਰ ਨੂੰ ਵਧਾਉਣ ਵਾਲਾ ਹੈ, ਉਥੇ ਹੀ ਕਿਸਾਨਾਂ ਲਈ ਕਰੈਡਿਟ ਕਾਰਡ ਦੀ ਸੀਮਾ 3 ਤੋਂ 5 ਲੱਖ ਕਰਨਾ ਕਿਸਾਨਾਂ ਦੇ ਵਿਕਾਸ ਵਿੱਚ ਸਹਾਇਕ ਹੋਵੇਗਾ।ਇਨ੍ਹਾਂ ਦੇ ਨਾਲ ਕਪਾਹ ਦੀ ਖੇਤੀ ਦੇ ਉਤਪਾਦਨ ਨੂੰ ਵਧਾਉਣ ਲਈ 5 ਲੱਖ ਤੱਕ ਦਾ ਪੈਕੇਜ ਅਤੇ ਖੇਤੀ ਲਈ ਉਚਿਤ ਮੁਆਵਜ਼ਾ ਕਿਸਾਨਾਂ ਦਾ ਉਤਸ਼ਾਹ ਅਤੇ ਆਮਦਨ ਵਧਾਉਣ ਵਿੱਚ ਮਦਦਗਾਰ ਹੋਵੇਗਾ।ਵਿਨੈ ਚੌਧਰੀ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਦਵਾਈਆਂ ਤੇ ਟੈਕਸ ਘਟਾਉਣਾ ਅਤੇ ਕੈਂਸਰ ਦੀਆਂ ਦਵਾਈਆਂ ਸਸਤੀਆਂ ਕਰਨਾ ਇਕ ਵੱਡੀ ਰਾਹਤ ਹੋਵੇਗੀ।ਇਸੇ ਤਰ੍ਹਾਂ ਮੈਡੀਕਲ ਵਿੱਚ ਸੀਟਾਂ ਵਧਾਉਣ ਨਾਲ ਦੇਸ਼ ਦੇ ਨੌਜਵਾਨ ਡਾਕਟਰ ਬਣ ਕੇ ਦੇਸ਼ ਦੀ ਸੇਵਾ ਕਰਨਗੇ।ਸ਼ਹਿਰੀ ਗਰੀਬਾਂ ਅਤੇ ਕਮਜ਼ੋਰ ਵਰਗਾਂ ਲਈ ਕੰਮ ਕਰ ਰਹੀ ਮੋਦੀ ਸਰਕਾਰ ਮਜ਼ਦੂਰਾਂ ਦੀ ਆਮਦਨ ਵਧਾਉਣ ਲਈ ਇੱਕ ਨਵੀਂ ਯੋਜਨਾ ਲਿਆਉਣ ਦੀ ਤਿਆਰੀ ਕਰ ਰਹੀ ਹੈ।ਪ੍ਰਧਾਨ ਮੰਤਰੀ ਸਵਨਿਧਿ ਯੋਜਨਾ ਤਹਿਤ 68 ਲੱਖ ਲੋਕਾਂ ਨੂੰ ਲਾਭ ਮਿਲਿਆ ਹੈ।ਹੁਣ ਪੀਐੱਮ ਸਵਨਿਧਿ ਯੋਜਨਾ ਅੰਦਰ ਸਟਰੀਟ ਵੈਂਡਰਜ਼ ਨੂੰ ਕਰਜ਼ੇ ਦੀ ਰਕਮ 30 ਹਜ਼ਾਰ ਰੁਪਏ ਹੋਵੇਗੀ, ਜਿਸ ਨਾਲ ਸ਼ਹਿਰੀ ਗਰੀਬਾਂ ਦੀ ਹਾਲਤ ਵਿੱਚ ਸੁਧਾਰ ਆਵੇਗਾ ਅਤੇ ਲੋਕਾਂ ਦੀ ਤਰੱਕੀ ਹੋਵੇਗੀ।

# ਦਲਿਤ ਵਰਗ ਨੂੰ ਹੋਰ ਚੇਤਨ ਹੋਣ ਦੀ ਲੋੜ: ਦੇਵੀ ਕੁਮਾਰੀ



ਸਰਹਾਲੀ ਕਲਾਂ (ਨਜ਼ਸ)-ਕਦੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਬਾਰੇ ਅਪਮਾਨਜਨਕ ਟਿੱਪਣੀ ਤੇ ਕਦੇ ਅੰਮ੍ਰਿਤਸਰ ਵਿੱਚ ਸੰਵਿਧਾਨ ਨਿਰਮਾਤਾ ਦੇ ਬੁੱਤ ਨੂੰ ਤੁੜਵਾਉਣ ਦੀ ਕੋਸ਼ਿਸ਼ ਉਸ ਮਾਨਸਿਕਤਾ ਦਾ ਪ੍ਰਗਟਾਵਾ ਹੈ ਜਿਸ ਵਿੱਚ ਮਨੂੰਵਾਦੀ ਲੋਕ ਸੰਵਿਧਾਨ ਦੀ ਥਾਂ ਮਨੂੰ ਸਿਮਰਤੀ ਲਾਗੂ ਕਰਨਾ ਚਾਹੁੰਦੇ ਹਨ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੀ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕੀਤਾ।ਉਹ ਬਾਬਾ ਤਾਰਾ ਸਿੰਘ ਮਾਰਕੀਟ ਸਰਹਾਲੀ ਕਲਾਂ ਵਿਖੇ ਅਰਥੀ ਫੂਕ ਪ੍ਰਦਰਸ਼ਨ ਮੌਕੇ ਜੁੜੇ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਵਿੱਚ ਮਜ਼ਦੂਰ ਅਤੇ ਦਲਿਤ ਵਰਗ ਵਾਸਤੇ ਅਜਿਹੇ ਹੱਕਾਂ ਦੀ ਵਿਵਸਥਾ ਕੀਤੀ ਗਈ ਹੈ, ਜਿਨ੍ਹਾਂ ਦੀ ਵਰਤੋਂ ਕਰਕੇ ਉਹ ਬਿਹਤਰ ਜ਼ਿੰਦਗੀ ਵੱਲ ਕਦਮ ਪੁੱਟ ਸਕਦੇ ਹਨ।ਭਾਜਪਾ ਅਤੇ ਆਰਐੱਸਐੱਸ ਦੀ ਵਿਚਾਰਧਾਰਾ ਵਾਲੇ ਲੋਕਾਂ ਨੂੰ ਇਹ ਗੱਲ ਕਦੇ ਬਰਦਾਸ਼ਤ ਨਹੀਂ ਹੁੰਦੀ ਕਿ ਦਲਿਤ ਵਰਗ ਅਪਣੀ ਹੋਣੀ ਦਾ ਆਪ ਮਾਲਕ ਬਣ ਸਕੇ।ਕਾਮਰੇਡ ਸਰਹਾਲੀ ਕਲਾਂ ਨੇ ਕਿਹਾ ਕਿ ਦਲਿਤ ਵਰਗ ਕਾਫ਼ੀ ਹੱਦ ਤੱਕ ਆਪਣੇ ਹੱਕਾਂ ਪ੍ਰਤੀ ਸੁਚੇਤ ਹੋ ਚੁੱਕਾ ਹੈ।ਮਜ਼ਦੂਰ ਆਗੂ ਨੇ ਉਹ ਸਮਾਂ ਯਾਦ ਕਰਵਾਇਆ ਜਦੋਂ ਦਲਿਤਾਂ ਦੇ ਕੰਨਾਂ ਵਿੱਚ ਸਿੱਕਾ ਢਾਲਿਆ ਜਾਂਦਾ ਸੀ।ਸੜਕਾਂ 'ਤੇ ਤੁਰਨ ਵੇਲੇ ਉਨ੍ਹਾਂ ਨੂੰ ਹਦਾਇਤ ਸੀ ਕਿ ਉਹ ਆਪਣੇ ਪਿੱਛੇ ਛਾਪਾ ਬੰਨ੍ਹਣ।ਅਮਿਤ ਸ਼ਾਹ ਦੀ ਢਾਣੀ ਉਨ੍ਹਾਂ ਸਮਿਆਂ ਵਰਗੇ ਹਾਲਾਤ ਪੈਦਾ ਕਰਨਾ ਚਾਹੁੰਦੀ ਹੈ।ਮਨੂੰਵਾਦੀਆਂ ਦੀ ਇਸ ਸੋਚ ਨੂੰ ਭਾਂਜ ਦੇਣ ਲਈ ਦਲਿਤ ਵਰਗ ਨੂੰ ਸੰਘਰਸ਼ ਹੋਰ ਤੇਜ਼ ਕਰਨ ਦੀ ਲੋੜ ਹੈ।ਚਿੰਤਨ ਕਰਕੇ ਚੇਤਨ ਤੇ ਸੁਚੇਤ ਹੋਣਾ ਸਮੇਂ ਦੀ ਲੋੜ ਹੈ।

ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਜ਼ਿਲ੍ਹਾ ਮੀਤ ਪ੍ਰਧਾਨ ਕਾਮਰੇਡ ਰਸ਼ਪਾਲ ਸਿੰਘ ਘੁਰਕਵਿੰਡ ਅਤੇ ਕਾਮਰੇਡ ਸੀਮਾ ਸਰਹਾਲੀ ਕਲਾਂ ਨੇ ਸੰਬੋਧਨ ਕੀਤਾ।

ਅਮਿਤ ਸ਼ਾਹ ਦਾ ਪੁਤਲਾ ਫੂਕਣ ਸਮੇਂ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਗੌਰਵਜੀਤ ਸਿੰਘ, ਕਾਮਰੇਡ ਲਖਵਿੰਦਰ ਸਿੰਘ, ਕਾਮਰੇਡ ਸਖਵਿੰਦਰ ਕੌਰ, ਕਾਮਰੇਡ ਪ੍ਰੀਤਮ ਕੌਰ, ਬੱਗਾ ਸਿੰਘ, ਹੈਪੀ, ਬਲਜਿੰਦਰ ਕੌਰ, ਮਨਪ੍ਰੀਤ ਕੌਰ, ਗੁਰਮੀਤ ਕੌਰ ਅਤੇ ਨਿੰਦਰ ਕੌਰ ਆਦਿ ਹਾਜ਼ਰ ਸਨ।

# ਸ਼ਾਹਪੁਰ ਜਾਜਨ 'ਚ ਗੈਂਗਸਟਰਾਂ ਤੇ ਪੁਲਸ 'ਚ ਮੁਕਾਬਲਾ

## * ਕਰਾਸ ਫਾਇਰਿੰਗ ਦੌਰਾਨ ਦੋ ਗੈਂਗਸਟਰ ਜ਼ਖ਼ਮੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੁਲਸ ਥਾਣਾ ਡੇਰਾ ਬਾਬਾ ਨਾਨਕ ਅਧੀਨ ਪੈਂਦੇ ਪਿੰਡ ਸ਼ਾਹਪੁਰ ਜਾਜਨ ਵਿਖੇ ਪੁਲਸ ਵੱਲੋਂ ਗ੍ਰਿਫਤਾਰ ਕੀਤੇ ਦੋ ਨੌਜਵਾਨਾਂ ਨੂੰ ਹਥਿਆਰਾਂ ਦੀ ਬਰਾਮਦਗੀ ਲਈ ਲਿਆਂਦਾ ਗਿਆ ਸੀ, ਉਸ ਸਮੇਂ ਹੋਈ ਕਰਾਸ ਫਾਇਰਿੰਗ ਵਿੱਚ ਦੋ ਗੈਂਗਸਟਰਾਂ ਜਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਜ਼ਿਲ੍ਹਾ ਬਟਾਲਾ ਦੇ ਐੱਸਐੱਸਪੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਪਿਛਲੇ ਦਿਨੀਂ 13 ਜਨਵਰੀ ਨੂੰ ਲੋਹੜੀ ਵਾਲੀ ਸ਼ਾਮ ਡੇਰਾ ਬਾਬਾ ਨਾਨਕ ਦੇ ਮੇਨ ਬਜ਼ਾਰ 'ਚ ਇੱਕ ਜਨਰਲ ਸਟੋਰ 'ਤੇ ਦੋ ਅਣਪਛਾਤਿਆਂ ਵੱਲੋਂ ਫ਼ਿਰੌਤੀ ਦੀ ਮੰਗ ਦੇ ਫੋਨ ਤੋਂ ਬਾਅਦ ਫਾਇਰਿੰਗ ਕੀਤੀ ਗਈ ਸੀ ਅਤੇ ਇਸ ਮਾਮਲੇ 'ਚ ਪੁਲਸ ਨੇ ਬੀਤੇ ਕੱਲ 2 ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਸੀ ਜਿਨ੍ਹਾਂ ਨੂੰ ਅੱਜ ਤੜਕਸਾਰ ਪਿਸਟਲ ਦੀ ਬਰਾਮਦੀ ਲਈ ਪਿੰਡ ਸਾਹਪੁਰ ਜਾਜਨ ਦੇ ਸ਼ੱਕੀ ਪੁਲ ਤੇ ਲਿਆਂਦਾ ਗਿਆ ਸੀ ਜਿੱਥੇ ਉਨ੍ਹਾਂ ਵੱਲੋਂ ਜ਼ਮੀਨ 'ਚ ਦੱਬੀ ਪਿਸਟਲ ਕੱਢਦੇ ਸਾਰ ਹੀ ਪੁਲਸ 'ਤੇ ਦੋ ਫਾਇਰ ਕਰ ਦਿਤੇ।ਜਵਾਬੀ ਕਾਰਵਾਈ ਦੌਰਾਨ ਚਾਰ ਫਾਇਰ ਕੀਤੇ ਗਏ ਜਿਸ ਦੇ ਚਲਦਿਆਂ ਇਕ ਮੁਲਾਜ਼ਮ ਦੇ ਗੋਡੇ ਵਿੱਚ ਗੋਲੀ ਲੱਗੀ ਜਦਕਿ ਦੂਸਰੇ ਦੇ ਪੱਟ ਵਿੱਚ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਸਿਵਲ ਹਸਪਤਾਲ ਲਿਆਂਦਾ ਗਿਆ ਜਿੱਥੋਂ ਅੰਮ੍ਰਿਤਸਰ ਹਸਪਤਾਲ ਰੈਫਰ ਕਰ ਦਿੱਤਾ ਗਿਆ। ਐੱਸਐੱਸਪੀ ਬਟਾਲਾ ਨੇ ਦੱਸਿਆ ਕਿ ਗ੍ਰਿਫਤਾਰ ਨੌਜਵਾਨਾਂ ਦੀ ਪਹਿਚਾਣ ਸਰਬਜੀਤ ਸਿੰਘ ਅਤੇ ਸੁਨੀਲ ਮਸੀਹ ਵਜੋਂ ਹੋਈ ਹੈ।ਉਨ੍ਹਾਂ ਕਿਹਾ ਕਿ ਇਹ ਦੋਵੇਂ ਵਿਦੇਸ਼ ਵਿੱਚ ਬੈਠੇ ਗੈਂਗਸਟਰ ਤੋਂ ਅੱਤਵਾਦੀ ਬਣੇ ਜੀਵਨ ਫ਼ੌਜੀ ਲਈ ਕੰਮ ਕਰਦੇ ਸਨ।

# ਬੜੀ ਸ਼ਰਧਾ ਨਾਲ ਮਨਾਇਆ ਬਾਬਾ ਲਖਮੀ ਦਾਸ ਜੀ ਦਾ 528ਵਾਂ ਜਨਮ ਦਿਹਾੜਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਛੋਟੇ ਸਪੁੱਤਰ ਬਾਬਾ ਲਖਮੀ ਦਾਸ ਜੀ ਦਾ 528ਵਾਂ ਜਨਮ ਦਿਹਾੜਾ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਦੀ ਅਗਵਾਈ 'ਚ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਪਹਿਲਾਂ ਤੋਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਭਾਈ ਮਨਜਿੰਦਰ ਸਿੰਘ ਭਾਈ ਜਸਵਿੰਦਰ ਸਿੰਘ ਧਾਰੋਵਾਲੀ, ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਇਲਾਹੀ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਐੱਨਆਰਆਈ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਦੇ ਪਰਿਵਾਰ ਅਤੇ ਸਮੂਹ ਸੰਗਤਾਂ ਵੱਲੋਂ ਬਾਬਾ ਸ੍ਰੀ ਚੰਦ ਜੀ ਦਾ ਆਰਤਾ ਵੀ ਗਾਇਨ ਕੀਤਾ ਗਿਆ। ਉਪਰੰਤ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਟਰੱਸਟ ਦੇ ਚੇਅਰਮੈਨ ਬਾਬਾ ਰਾਜਿੰਦਰ ਸਿੰਘ ਬੇਦੀ ਵੱਲੋਂ ਕੀਰਤਨੀ ਜਥਿਆਂ ਸਮੇਤ ਸਮਾਗਮ ਵਿਚ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬੀਬੀ ਆਤਮਜੀਤ ਕੌਰ ਬੇਦੀ, ਰਮਿੰਦਰ ਜੋਤ ਸਿੰਘ ਬੇਦੀ ਆਸਟ੍ਰੇਲੀਆ, ਸੁਖਮਿੰਦਰ ਜੋਤ ਸਿੰਘ ਬੇਦੀ ਆਸਟ੍ਰੇਲੀਆ, ਅਮਨਜੋਤ ਸਿੰਘ ਬੇਦੀ, ਉਦੇਜੋਤ ਸਿੰਘ, ਏਕਮ ਜੋਤ ਸਿੰਘ ਬੇਦੀ, ਰਹਿਮਤ ਜੋਤ ਸਿੰਘ ਬੇਦੀ, ਪਰਮਜੋਤ ਸਿੰਘ ਬੇਦੀ, ਮਨਜੋਤ ਸਿੰਘ ਬੇਦੀ, ਮੁੱਖਜੋਤ ਸਿੰਘ ਬੇਦੀ, ਦਮਨਜੋਤ ਸਿੰਘ, ਜੀਆਂ ਸੋਢੀ, ਮੋਨਿਕਾ ਬੇਦੀ, ਹਰਜੀਤ ਸਿੰਘ ਸੋਢੀ, ਜਸਪ੍ਰੀਤ ਕੌਰ, ਸੋਨੀਆ ਬੇਦੀ, ਰਵਲੀਨ ਕੌਰ, ਬਾਬਾ ਕੁਲਦੀਪ ਸਿੰਘ ਬੇਦੀ, ਪਰਮਜੀਤ ਸਿੰਘ ਅੰਮ੍ਰਿਤਸਰ, ਐਡਵੋਕੇਟ ਬਰਜਿੰਦਰ ਸਿੰਘ ਸ਼ਿਕਾਰ, ਪ੍ਰਿੰਸੀਪਲ ਮੈਡਮ ਰੁਪਿੰਦਰ ਜੀਤ ਧਾਲੀਵਾਲ, ਡਾਕਟਰ ਕਮਲ ਕਿਸ਼ੋਰ ਅੱਤਰੀ ਪ੍ਰਿੰਸੀਪਲ ਸਰਕਾਰੀ ਕਾਲਜ ਕਲਾਨੌਰ, ਪ੍ਰੋਫੈਸਰ ਜੁਝਾਰ ਸਿੰਘ, ਜਸਬੀਰ ਸਿੰਘ ਬਟਾਲਾ, ਚੇਅਰਮੈਨ ਹਰਦੀਪ ਸਿੰਘ ਤਲਵੰਡੀ ਗੋਰਾਇਆ, ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਵਿਨੋਦ ਮੱਤਰੀ, ਪ੍ਰਿੰਸੀਪਲ ਬਿਕਰਮਜੀਤ ਸਿੰਘ ਚਾਹਲ, ਅਸ਼ੋਕ ਕੁਮਾਰ ਸ਼ਰਮਾ ਸ਼ੈਲਰ ਵਾਲੇ, ਬਾਬਾ ਮੇਜਰ ਦਾਸ, ਬਾਬਾ ਲਖਵਿੰਦਰ ਦਾਸ, ਲੰਬਰਦਾਰ ਗੁਰਦੀਪ ਸਿੰਘ ਸ਼ਿਕਾਰ, ਦੀਪਕ ਸ਼ਰਮਾ, ਵਿਜੇ ਸ਼ਰਮਾ, ਕੁਲਵਿੰਦਰ ਸਿੰਘ ਬੇਦੀ (ਜੁਗਨੂੰ), ਪ੍ਰਿੰ. ਹਰਜੀਤ ਸਿੰਘ ਬੇਦੀ, ਮਾਸਟਰ ਪਲਵਿੰਦਰ ਸਿੰਘ ਰੰਧਾਵਾ, ਸੁੱਚਾ ਸਿੰਘ ਸੈਕਟਰੀ ਸ਼ਿਕਾਰ, ਨਿਰਮਲ ਸਿੰਘ ਹਰੂਵਾਲ, ਬਲਜਿੰਦਰ ਸਿੰਘ ਬੱਬੂ, ਪਰਮਜੀਤ ਸਿੰਘ, ਮਨਮੋਹਨ ਸਿੰਘ, ਵਿਕਰਮਜੀਤ, ਗੁਰਦੀਪ ਸਿੰਘ ਬਿੱਟਾ, ਥਾਣੇਦਾਰ ਸੁਭਾਸ਼ ਚੰਦਰ, ਮਾਸਟਰ ਗੁਰਪ੍ਰੀਤ ਸਿੰਘ, ਬਾਬਾ ਜਰਨੈਲ ਸਿੰਘ ਅੰਮ੍ਰਿਤਸਰ, ਚਰਨਜੀਤ ਸਿੰਘ ਬੇਦੀ, ਕਰਨੈਲ ਸਿੰਘ ਦਾਉਦੀਆ, ਗੁਰਨਾਮ ਸਿੰਘ, ਸੁਰਿੰਦਰ ਕੁਮਾਰ ਗੋਸ਼ਾ, ਜੋਗਿੰਦਰ ਸਿੰਘ, ਤਰਸੇਮ ਸਿੰਘ ਤਲਵੰਡੀ ਰਾਮਾ, ਰਾਮ ਸ਼ਰਮਾ, ਵਿਜੇ ਵਿੱਗ, ਦੇਸ ਰਾਜ ਕਾਨੂੰਗੋ, ਪਰਮਜੀਤ ਸਿੰਘ, ਮੈਨੇਜਰ ਦਲਜੀਤ ਸਿੰਘ, ਬਾਬਾ ਸੰਤੋਖ ਸਿੰਘ, ਮਗਵਿੰਦਰ ਸਿੰਘ ਮੰਗੀਆਂ, ਧਰਮਪਾਲ ਸਿੰਘ ਮੱਤਰੀ, ਸੱਤਪਾਲ ਸਿੰਘ ਮੱਤਰੀ, ਬਾਬਾ ਰਣਧੀਰ ਸਿੰਘ, ਬਾਬਾ ਚੇਤਨ ਦਾਸ, ਹੈਪੀ ਬੇਦੀ, ਬਲਜਿੰਦਰ ਸਿੰਘ ਮਹਿਰਾ, ਸੈਕਟਰੀ ਅਰਜੁਨ ਦੇਵ ਤੋਂ ਇਲਾਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਕਿਸਾਨੀ ਮਸਲਿਆਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ ਦੀ ਮੀਟਿੰਗ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਕਿਸਾਨੀ ਮੰਗਾਂ ਨੂੰ ਲੈ ਕਿ ਬੀਤੇ ਇੱਕ ਤੋਂ ਹਰਿਆਣਾ ਦੇ ਬਾਰਡਰਾ ਤੇ ਚੱਲ ਰਹੇ ਮੋਰਚੇ ਸਬੰਧੀ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਵੱਲੋਂ ਅੰਦੋਲਨ ਦਾ ਪੂਰਾ ਇੱਕ ਸਾਲ ਹੋਣ ਤੇ ਰਤਨ ਪੁਰਾ ਬਾਰਡਰ ਤੇ ਰਾਜਸਥਾਨ ਹੋਵੇਗੀ ਮਹਾਂ ਰੈਲੀ।ਅੱਜ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੀ ਮੀਟਿੰਗ ਪਿੰਡ ਤਰਮਾਲਾ ਜ਼ਿਲ੍ਹਾ ਮੁਕਤਸਰ ਸਾਹਿਬ ਮਨਜੀਤ ਸਿੰਘ ਭਾਊ ਜ਼ਿਲ੍ਹਾ ਪ੍ਰਧਾਨ ਦੇ ਗ੍ਰਹਿ ਵਿਖੇ ਹੋਈ ਅਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਸੂਬਾ ਇੰਦਰਜੀਤ ਸਿੰਘ ਸੂਬਾ ਪ੍ਰਧਾਨ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪਹਿਲੇ ਕਿਸਾਨੀ ਮੋਰਚੇ ਦੌਰਾਨ ਕੇਂਦਰ ਦੀ ਅਗਵਾਈ ਵਾਲੀ ਮੋਦੀ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਜਿਵੇਂ ਅੰਦੋਲਨ ਦੌਰਾਨ ਪੂਰੇ ਦੇਸ਼ ਅੰਦਰ ਕਿਸਾਨਾਂ ਤੇ ਦਰਜ ਪਰਚਿਆਂ ਨੂੰ ਰੱਦ ਕਰਨਾ, ਫਸਲਾਂ ਤੇ ਐੱਮਐੱਸਪੀ ਗਰੰਟੀ ਕਾਨੂੰਨ ਲਾਗੂ ਕਰਵਾਉਣਾ, ਚਿੱਪ ਵਾਲੇ ਮੀਟਰਾਂ ਦਾ ਫੈਸਲਾ ਵਾਪਸ ਲੈਣਾ, ਯੂਪੀ 'ਚ ਭਾਜਪਾ ਲੀਡਰ ਵੱਲੋਂ ਕਿਸਾਨਾਂ ਨੂੰ ਗੱਡੀ ਹੇਠਾਂ ਕੁਚਲਣ ਖ਼ਿਲਾਫ਼ ਮਾਮਲੇ ਸਬੰਧੀ ਕਾਰਵਾਈ ਕਰਨਾ, ਡਾ. ਸਵਾਮੀਨਾਥਨ ਦੀ ਰਿਪੋਰਟ ਲਾਗੂ ਕਰਨ ਆਦਿ ਮੰਗਾਂ ਨੂੰ ਲੈ ਕੇ ਬੀਤੇ ਸਾਲ ਦੀ 13 ਫਰਵਰੀ ਤੋਂ ਖਨੌਰੀ ਅਤੇ ਸ਼ੰਭੂ ਰਤਨਪੁਰਾ ਚੱਲ ਰਹੇ ਮੋਰਚੇ ਨੂੰ ਭਾਰਤ ਪੱਧਰ 'ਤੇ ਹੱਕੀ ਮੰਗਾਂ ਵਾਸਤੇ ਇੱਕ ਸਾਲ ਪੂਰਾ ਹੋਣ ਤੇ 11 ਫ਼ਰਵਰੀ ਨੂੰ ਜ਼ਿਲਾ ਮੁਕਤਸਰ ਸਾਹਿਬ ਤੋਂ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਭਾਊ ਦੀ ਅਗਵਾਈ ਹੇਠ ਵੱਡਾ ਕਾਫ਼ਲਾ ਰਤਨਪੁਰਾ ਪਹੁੰਚੇਗਾ ਅਤੇ ਭਾਰਤ ਪੱਧਰ ਤੇ ਹੱਕੀ ਮੰਗਾਂ ਸਰਕਾਰ ਤੋਂ ਮਨਵਾਉਣ ਤੱਕ ਅੰਦੋਲਨ ਜਾਰੀ ਰਹੇਗਾ।ਮੀਟਿੰਗ ਵਿੱਚ ਕਿਸਾਨ ਮੁੱਖ ਬੁਲਾਰਾ ਪੰਜਾਬ ਅੰਗਰੇਜ਼ ਸਿੰਘ ਬੂਟੇ ਵਾਲਾ, ਜਗਜੀਤ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਮਹਿਮਾ ਸਿੰਘ ਮੀਤ ਪ੍ਰਧਾਨ ਚਰਨਜੀਤ ਸਿੰਘ ਤਰਮਾਲਾ, ਰਣਬੀਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਬਿਲੋਚ ਕੇਰਾ, ਗੁਰਮੁੱਖ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਸੇਵਾ ਸਿੰਘ ਖੇਮਾ ਖੇੜਾ, ਜਗਤਾਰ ਸਿੰਘ ਦਰਸ਼ਨ ਸਿੰਘ ਸੀਤੋ ਗੁੰਨੋ, ਤਰਸੇਮ ਸਿੰਘ ਵਿਨੋਦ ਕੁਮਾਰ ਮਲੋਟ ਆਦਿ ਕਿਸਾਨ ਹਾਜ਼ਰ ਸਨ।

# ਬਜਟ 'ਚ ਆਮ ਆਦਮੀ ਤੇ ਪੰਜਾਬ ਨੂੰ ਅੱਖੋਂ ਪਰੋਖੇ ਕੀਤਾ: ਕਟਾਰੂਚੱਕ

ਪਠਾਨਕੋਟ, (ਦਵਿੰਦਰ ਸਿੰਘ)-ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਕੇਂਦਰ ਸਰਕਾਰ ਦੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤੇ ਗਏ ਬਜਟ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਜਾਣਬੁੱਝ ਕੇ ਪੰਜਾਬ ਨਾਲ ਮਤਰੇਆਂ ਸਲੂਕ ਕੀਤਾ ਹੈ, ਪੰਜਾਬ ਨੂੰ ਪੂਰੀ ਤਰ੍ਹਾਂ ਨਾਲ ਅਣਦੇਖਿਆ ਕੀਤਾ ਗਿਆ। ਕੇਂਦਰ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਨਜ਼ਰਅੰਦਾਜ਼ ਕਰਦਿਆਂ ਖਾਲੀ ਹੱਥ ਹੀ ਦਿਖਾਏ ਹਨ।ਉਨ੍ਹਾਂ ਕਿਹਾ ਕਿ ਇਹ ਬਜਟ ਆਮ ਲੋਕਾਂ ਦੇ ਹੱਕ ਵਿੱਚ ਨਹੀਂ ਕੇਵਲ ਸਰਮਾਏਦਾਰਾਂ ਦੇ ਹੱਕ ਵਿੱਚ ਹੈ।ਉਨ੍ਹਾਂ ਕਿਹਾ ਕਿ ਕਿਸਾਨ ਪਿਛਲੇ ਲੰਮੇ ਸਮੇਂ ਤੋਂ ਕੇਂਦਰ ਦੇ ਖਿਲਾਫ ਸੰਘਰਸ਼ ਕਰਦੇ ਆ ਰਹੇ ਹਨ, ਸੜਕਾਂ ਤੇ ਖੱਜਲ ਖੁਆਰ ਹੋ ਰਹੇ ਹਨ ਅਤੇ ਆਪਣੇ ਹੱਕਾਂ ਦੀ ਮੰਗ ਕਰ ਰਹੇ ਹਨ। ਕਿਸਾਨਾਂ ਦੇ ਸੰਘਰਸ਼ ਨੂੰ ਵੀ ਅਣਗੌਲਿਆ ਕੀਤਾ। ਅਤੇ ਫਸਲਾਂ ਤੇ ਐਮ ਐਸ.ਪੀ. ਤੱਕ ਨਹੀਂ ਦਿੱਤੀ। ਜਦੋਂ ਕਿ ਪੰਜਾਬ ਦਾ ਕਿਸਾਨ ਪੂਰੇ ਦੇਸ ਦਾ ਅੰਨਦਾਤਾ ਕਹਿਲਾਉਂਦਾ ਹੈ ਅਤੇ ਇੱਥੋ ਦੇ ਕਿਸਾਨ ਪੂਰੀ ਹਿੰਦੋਸਤਾਨ ਦੇ ਲਈ ਪੈਦਾ ਕੀਤੇ ਜਾਂਦੇ ਰਹੇ ਅੰਨ ਭੰਡਾਰ ਦੀ ਪੈਦਾਵਾਰ ਕਰਨ ਦੇ ਲਈ ਇੱਕ ਅਹਿਮ ਰੋਲ ਨਿਭਾਉਂਦ ਹਨ।ਉਨ੍ਹਾਂ ਕਿਹਾ ਕਿ ਪ੍ਰੀ-ਬਜਟ ਮੀਟਿੰਗ ਵਿੱਚ ਪੰਜਾਬ ਸਰਕਾਰ ਨੇ ਖੇਤੀਬਾੜੀ ਖੇਤਰ ਨਾਲ ਸਬੰਧਤ ਕਈ ਮਹੱਤਵਪੂਰਨ ਮੁੱਦੇ ਉਠਾਏ ਸਨ। ਸ਼੍ਰੀ ਕਟਾਰੂਚੱਕ ਨੇ ਕਿਹਾ ਕਿ ਕੇਂਦਰ ਵੱਲੋਂ ਪੰਜਾਬ ਨੂੰ ਅਜਿਹਾ ਕੁੱਝ ਵੀ ਨਹੀਂ ਦਿੱਤਾ ਗਿਆ ਜੋ ਕਿ ਪੰਜਾਬ ਦੇ ਆਰਥਿਕ ਅਤੇ ਭਵਿੱਖ 'ਚ ਸੁਧਾਰ ਲਿਆ ਸਕੇ।ਇਹ ਬਜਟ ਕੇਵਲ ਚੋਣਾਵੀ ਬਜਟ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇੰਡਸਟਰੀ ਵਿੱਚ ਅੱਗੇ ਲੈ ਕੇ ਜਾਣ ਲਈ ਅਤੇ ਸੂਬੇ ਦੀ ਉਨਤੀ ਦੇ ਲਈ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਪੰਜ ਜ਼ਿਲ੍ਹਿਆਂ ਲਈ ਇੱਕ ਵਿਸ਼ੇਸ਼ ਉਦਯੋਗਿਕ ਪੈਕੇਜ ਦੀ ਬੇਨਤੀ ਕੀਤੀ ਸੀ ਪਰ ਕੇਂਦਰ ਸਰਕਾਰ ਨੇ ਇਸ ਬੇਨਤੀ 'ਤੇ ਵੀ ਕੋਈ ਗੌਰ ਨਹੀਂ ਕੀਤੀ।ਪਾਕਿਸਤਾਨ ਦੀ ਸਰਹੱਦ ਨਾਲ ਲਗਦੇ ਜ਼ਿਲ੍ਹਿਆਂ ਦੇ ਵਿਕਾਸ ਅਤੇ ਉਨਤੀ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਗਈ ਸੀ ਪਰ ਕੇਂਦਰ ਸਰਕਾਰ ਨੇ ਇਸ ਮੰਗ ਨੂੰ ਵੀ ਅੱਖਾਂ ਤੋਂ ਉਹਲੇ ਰੱਖਿਆ ਹੈ।

# ਬਾਬਾ ਲਖਮੀ ਦਾਸ ਜੀ ਦੇ ਜਨਮ ਦਿਹਾੜੇ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਮਾਣ-ਸਨਮਾਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਛੋਟੇ ਸਪੁੱਤਰ ਬਾਬਾ ਲਖਮੀ ਦਾਸ ਜੀ ਦਾ 528ਵਾਂ ਜਨਮ ਦਿਹਾੜਾ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਵਿਖੇ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਦੀ ਅਗਵਾਈ 'ਚ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਮੌਕੇ ਪਹਿਲਾਂ ਤੋਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਭਾਈ ਮਨਜਿੰਦਰ ਸਿੰਘ ਭਾਈ ਜਸਵਿੰਦਰ ਸਿੰਘ ਧਾਰੋਵਾਲੀ, ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਇਲਾਹੀ ਗੁਰਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਟਰੱਸਟ ਦੇ ਚੇਅਰਮੈਨ ਬਾਬਾ ਰਾਜਿੰਦਰ ਸਿੰਘ ਬੇਦੀ ਤੇ ਬਾਬਾ ਰਮਿੰਦਰ ਜੋਤ ਸਿੰਘ ਬੇਦੀ ਅਸਟਰੇਲੀਆਂ ਵੱਲੋਂ ਜਿੱਥੇ ਕੀਰਤਨੀ ਜਥਿਆਂ ਸਮੇਤ ਸਮਾਗਮ ਵਿਚ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ, ਉਥੇ ਵਿਸ਼ੇਸ਼ ਤੌਰ 'ਤੇ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲੇ ਬਾਬਾ ਸਾਹਿਬ ਸਿੰਘ, ਬਾਬਾ ਬਿਸ਼ਨ ਸਿੰਘ ਪੱਪੂ, ਬਾਬਾ ਮੰਗਲ ਦਾਸ, ਬਾਬਾ ਜੋਗਿੰਦਰ ਸਿੰਘ ਹਰੂਵਾਲ, ਬਾਬਾ ਨਿੰਦਰ ਸਿੰਘ, ਜਗਜੀਤ ਸਿੰਘ ਲਾਡੀ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਸਾਹਿਬ ਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

# ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਗਮ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦਾ 21ਵਾਂ ਸਾਲਾਨਾ ਇਨਾਮ ਵੰਡ ਸਮਾਗਮ ਸਕੂਲ ਹਾਲ ਵਿੱਚ ਧੂਮ-ਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਕਾਲਜ ਦੀ ਪੁਰਾਣੀ ਵਿਦਿਆਰਥਣ ਅਤੇ ਪ੍ਰਸਿੱਧ ਪੱਤਰਕਾਰ ਅਰਪਨਪ੍ਰੀਤ ਕੌਰ ਸ਼ਾਮਿਲ ਹੋਏ। ਉਨ੍ਹਾਂ ਨਾਲ ਵਿਸ਼ੇਸ਼ ਮਹਿਮਾਨ ਵਜੋਂ ਸਕੂਲ ਸਥਾਨਕ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਬਲਚਰਨਜੀਤ ਭਾਟੀਆ ਸਮਾਗਮ ਵਿੱਚ ਸ਼ਾਮਿਲ ਹੋਏ।ਹੋਰਨਾਂ ਸ਼ਖ਼ਸੀਅਤਾਂ ਵਿੱਚ ਸਥਾਨਕ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਇੰਜੀਨੀਅਰ ਨਰਿੰਦਰ ਪਾਲ ਸਿੰਘ ਸੰਧੂ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸਮਾਗਮ ਵਿੱਚ ਹਾਜ਼ਰ ਸਨ।ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾਂ ਮੁੱਖ ਮਹਿਮਾਨ ਪੱਤਰਕਾਰ ਅਰਪਨਪ੍ਰੀਤ ਕੌਰ ਦਾ ਨਿੱਘਾ ਸਵਾਗਤ ਕੀਤਾ ਗਿਆ। ਸਕੂਲ ਪ੍ਰਿੰ. ਡਾ. ਹਰਪ੍ਰੀਤ ਸਿੰਘ ਹੁੰਦਲ, ਇੰਚਾਰਜ ਲੈਕਚਰਾਰ ਰਵਿੰਦਰ ਸਿੰਘ ਸਮੇਤ ਸਟਾਫ਼ ਮੈਂਬਰਾਂ ਵੱਲੋਂ ਫ਼ੁੱਲਾਂ ਦੇ ਗੁਲਦਸਤੇ ਦੇ ਕੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਜੈ ਪ੍ਰੀਤ ਸਿੰਘ ਤੇ ਸਾਥੀਆਂ ਵੱਲੋਂ ਸ਼ਬਦ ਗਾਇਨ ਕਰਕੇ ਕੀਤੀ ਗਈ। ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਵੱਲੋਂ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਸਾਲਾਨਾ ਰਿਪੋਰਟ ਪੇਸ਼ ਕਰਕੇ ਕੀਤਾ ਗਿਆ।ਇਸ ਮੌਕੇ ਸਕੂਲ ਦੇ ਹੋਣਹਾਰ 50 ਤੋਂ ਵੱਧ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਨਾਮ ਵੰਡ ਸਮਾਗਮ ਮੌਕੇ ਸਕੂਲ ਵਿਦਿਆਰਥੀਆਂ ਵੱਲੋਂ ਰੰਗਾ ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਮੁੱਖ ਮਹਿਮਾਨ ਅਰਪਨਪ੍ਰੀਤ ਕੌਰ ਨੇ ਆਪਣੇ ਵਿਦਿਆਰਥੀ ਜੀਵਨ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਜੇਕਰ ਅੱਜ ਉਹ ਸਮਾਜ ਵਿੱਚ ਕਿਸੇ ਮੁਕਾਮ ਤੇ ਪੁੱਜੇ ਹੈ ਤਾਂ ਉਹ ਆਪਣੇ ਅਧਿਆਪਕਾਂ ਅਤੇ ਉਨ੍ਹਾਂ ਦੀ ਦਿੱਤੀ ਚੰਗੀ ਸਿੱਖਿਆ ਕਾਰਣ ਹੈ।ਵਿਸ਼ੇਸ਼ ਮਹਿਮਾਨ ਸਥਾਨਕ ਸਕੂਲ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਬਲਚਰਨਜੀਤ ਸਿੰਘ ਭਾਟੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਨਸ਼ਿਆਂ ਤੋਂ ਦੂਰ ਰਹਿ ਕੇ ਨੌਜਵਾਨ ਵਰਗ ਨੂੰ ਚੰਗੀ ਸਿੱਖਿਆ ਪ੍ਰਾਪਤ ਕਰਕੇ ਜ਼ਿੰਦਗੀ 'ਚ ਚੰਗਾ ਮੁਕਾਮ ਹਾਸਿਲ ਕਰਨ ਦੀ ਲੋੜ ਹੈ। ਪੱਤਰਕਾਰ ਅਰਪਨਪ੍ਰੀਤ ਕੌਰ ਨੂੰ ਸਕੂਲ ਵੱਲੋਂ ਦੁਸ਼ਾਲਾ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਵਿਸ਼ੇਸ਼ ਮਹਿਮਾਨ ਡਾ. ਬਲਚਰਨਜੀਤ ਸਿੰਘ ਭਾਟੀਆ ਨੂੰ ਵੀ ਸਨਮਾਨਿਤ ਕੀਤਾ ਗਿਆ।ਵਧੀਆ ਵਿਦਿਆਰਥੀ ਵਜੋਂ ਜੈਪ੍ਰੀਤ ਸਿੰਘ ਅਤੇ ਵਿਦਿਆਰਥਣ ਆਸਥਾ ਨੂੰ ਸਨਮਾਨ ਦਿੱਤਾ ਗਿਆ। ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਰਜੀਤ ਸਿੰਘ ਭਾਟੀਆ, ਸਟੇਟ ਐਵਾਰਡੀ ਪ੍ਰਿੰਸੀਪਲ ਅੰਗਰੇਜ਼ ਸਿੰਘ ਬੋਪਾਰਾਏ, ਪ੍ਰਿੰ. ਡਾ. ਸ਼ਾਲਿਨੀ ਦੱਤਾ ਕਲਾਸਵਾਲਾ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ, ਨੋਡਲ ਅਫ਼ਸਰ ਅਤੇ ਮੁੱਖ ਅਧਿਆਪਕ ਵਿਜੇ ਕੁਮਾਰ ਸਰਕਾਰੀ ਹਾਈ ਸਕੂਲ ਬਸਰਾਏ, ਸੁਵਿੰਦਰ ਸਿੰਘ ਔਲਖ ਜਮਾਤ ਅਹਿਮਦੀਆ ਕਾਦੀਆਂ ਤੋਂ ਚੌਧਰੀ ਅਕਰਮ ਵੜੈਚ, ਡਿਪਟੀ ਜਨਰਲ ਸੈਕਟਰੀ ਨਾਸਿਰ ਅਹਿਮਦ, ਜ਼ੁਬੇਰ ਅਹਿਮਦ, ਅਧਿਆਪਕ ਪਰਮਜੀਤ ਸਿੰਘ ਸਤਨਾਮ ਸਿੰਘ, ਅਧਿਆਪਕਾ ਰੰਜੂ, ਨਿਧੀ ਵੇਦ ਕੌਰ, ਸਾਬਕਾ ਸਰਪੰਚ ਅਪਾਰਜੀਤ ਸਿੰਘ ਮਿੰਟੂ ਘੁੰਮਣ, ਸੰਦੀਪ ਧਾਰੀਵਾਲ ਭੋਜਾ, ਨਰੇਸ਼ ਕੁਮਾਰ, ਡਾ. ਸਤਿੰਦਰ ਕੌਰ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਪਰਮਿੰਦਰ ਕੌਰ, ਪ੍ਰੋ. ਬਲਬੀਰ ਕੌਰ, ਲੈਕਚਰਾਰ ਰਵਿੰਦਰ ਸਿੰਘ, ਲੈਕਚਰਾਰ ਰਮਨਜੀਤ ਕੌਰ, ਲੈਕਚਰਾਰ ਅਮਨਦੀਪ ਕੌਰ, ਲੈਕਚਰਾਰ ਅਨਾਮਿਕਾ, ਲੈਕਚਰਾਰ ਅਮਤੁਲ ਮਤੀਨ, ਲੈਕਚਰਾਰ ਸਨਾਵਰ ਮੁਨੀਰ, ਲੈਕਚਰਰ ਮਿਤਾਲੀ, ਲੈਕਚਰਾਰ ਬਲਵੀਰ ਕੌਰ, ਲੈਕਚਰਾਰ ਜਸਕਿਰਨ ਕੌਰ, ਬੱਚਿਆਂ ਦੇ ਮਾਤਾ ਪਿਤਾ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਮੰਚ ਦਾ ਸੰਚਾਲਨ ਲੈਕਚਰਾਰ ਅਮਨਦੀਪ ਕੌਰ ਅਤੇ ਲੈਕਚਰਾਰ ਅਨਾਮਿਕਾ ਵੱਲੋਂ ਬਾਖ਼ੂਬੀ ਕੀਤਾ ਗਿਆ।

# ਸਰਕਾਰ ਤੇ ਵਪਾਰੀਆਂ ਦਰਮਿਆਨ ਪਾੜੇ ਨੂੰ ਕੀਤਾ ਜਾਵੇਗਾ ਦੂਰ : ਜੁਨੇਜਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਮੈਂਬਰ ਸ਼ੀਤਲ ਜੁਨੇਜਾ ਵੱਲੋਂ ਅੰਮ੍ਰਿਤਸਰ ਸਥਿਤ ਗੁਰੂ ਬਾਜ਼ਾਰ ਦੇ ਸਰਾਫ਼ਾ ਵਪਾਰੀਆਂ ਅਤੇ ਸ਼ਾਸਤਰੀ ਮਾਰਕੀਟ ਦੇ ਕੱਪੜਾ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਮੈਂਬਰ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਸ਼ੀਤਲ ਜੁਨੇਜਾ ਨੇ ਕਿਹਾ ਕਿ ਸਰਕਾਰ ਅਤੇ ਵਪਾਰੀਆਂ ਦਰਮਿਆਨ ਪਏ ਦੁਵੱਲੇ ਪਾੜੇ ਨੂੰ ਦੂਰ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕਿਸੇ ਵੀ ਸੂਬੇ ਦੀ ਆਰਥਿਕਤਾ ਵਪਾਰੀਆਂ ਉਤੇ ਨਿਰਭਰ ਕਰਦੀ ਹੈ।ਉਨ੍ਹਾਂ ਕਿਹਾ ਕਿ ਜਿਸ ਸੂਬੇ ਦੇ ਵਪਾਰੀ ਖੁਸ਼ਹਾਲ ਹੋਣਗੇ ਉਹ ਸੂਬਾ ਵੀ ਆਰਥਿਕ ਤੌਰ ਤੇ ਖੁਸ਼ਹਾਲ ਹੋਵੇਗਾ।ਸ੍ਰੀ ਜੁਨੇਜਾ ਨੇ ਵਪਾਰੀਆਂ ਨੂੰ ਕਿਹਾ ਕਿ ਉਹ ਆਪਣੀ ਜੀ:ਐਸ:ਟੀ ਜ਼ਰੂਰ ਭਰਨ ਤਾਂ ਜੋ ਸਰਕਾਰ ਇਹ ਪੈਸਾ ਵਿਕਾਸ ਦੇ ਕਾਰਜਾਂ ਤੇ ਖਰਚ ਸਕੇ।ਉਨ੍ਹਾਂ ਜੋਰ ਦੇ ਕੇ ਕਿਹਾ ਕਿ ਸਰਕਾਰ ਕਿਸੇ ਨਾਲ ਵੀ ਵਧੀਕੀ ਨਹੀਂ ਹੋਣ ਦੇਵੇਗੀ ਅਤੇ ਜੇਕਰ ਕਿਸੇ ਵਪਾਰੀ ਨੂੰ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰਨ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੈਂਬਰ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਜੁਨੇਜਾ ਨੇ ਕਿਹਾ ਕਿ ਸਰਕਾਰ ਵਪਾਰੀਆਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ ਤੁਹਾਨੂੰ ਆਉਂਦੀਆਂ ਸਾਰੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਅਧਾਰ ਤੇ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਦੀ ਇਹ ਮੀਟਿੰਗ ਵਪਾਰੀਆਂ ਵਿਚ ਵਪਾਰੀਆਂ ਨੂੰ ਜੀਐਸਟੀ ਰਜਿਸਟਰੇਸ਼ਨ ਕਰਾਉਣ ਸਬੰਧੀ ਜਾਗਰੂਕ ਕਰਨਾ ਸੀ।ਇਸ ਮੌਕੇ ਸਰਾਫਾ ਐਸੋਸੀਏਸ਼ਨ ਦੇ ਪ੍ਰਧਾਨ ਸਤੀਸ਼ ਸ਼ਰਮਾ, ਵਾਈਸ ਪ੍ਰਧਾਨ ਸੰਜੀਵ ਸਾਹਿਬ, ਜਨਰਲ ਸੈਕਟਰੀ ਨਵਦੀਪ ਹਾਂਡਾ, ਜ਼ਿਲਾ ਸਵਰਨਕਾਰ ਸੰਘ ਦੇ ਪ੍ਰਧਾਨ ਰਵੀਕਾਂਤ ਸ਼ਾਸਤਰੀ ਮਾਰਕੀਟ ਕੱਪੜਾ ਵਪਾਰੀ ਦੇ ਜਨਰਲ ਸੈਕਟਰੀ ਦੀਪਕ ਰਾਏ ਮਹਿਤਾ,ਵਿੱਤ ਸਕੱਤਰ ਦਵਿੰਦਰ ਅਰੋੜਾ, ਸਕੱਤਰ ਰਾਜਕੁਮਾਰ, ਵਿਪਨ ਵਧਵਾ, ਦੀਕਸ਼ਿਤ ਧਵਨ, ਕੁਲਵੰਤ ਵਡਾਲੀ, ਪਵਨਜੀਤ ਸਿੰਘ ਗੋਲਡੀ, ਨਰਿੰਦਰ ਦਤਾ, ਸਚਿਨ ਭਾਟੀਆ ਅਤੇ ਹੋਰ ਕਈ ਵਪਾਰੀ ਹਾਜ਼ਰ ਸਨ।

# ਬੀਕੇਯੂ ਏਕਤਾ ਸਿੱਧੂਪੁਰ ਬਲਾਕ ਜੰਡਿਆਲਾ ਗੁਰੂ ਦੀ ਮੀਟਿੰਗ

## * 12 ਨੂੰ ਕਿਸਾਨਾਂ/ਮਜ਼ਦੂਰਾਂ ਵੱਲੋਂ ਖਨੌਰੀ ਬਾਰਡਰ 'ਤੇ ਵਿਸ਼ਾਲ ਇਕੱਠ ਕਰਨ ਦਾ ਫੈਸਲਾ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਬਲਾਕ ਜੰਡਿਆਲਾ ਗੁਰੂ ਦੀ ਮੀਟਿੰਗ ਜ਼ਿਲ੍ਹਾ ਆਗੂ ਪਲਵਿੰਦਰ ਸਿੰਘ ਮਾਹਲ ਦੀ ਅਗਵਾਈ ਹੇਠ ਬਲਾਕ ਪ੍ਰਧਾਨ ਦਲਜੀਤ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਈ।ਕਿਸਾਨ ਆਗੂ ਅਮੋਲਕਜੀਤ ਸਿੰਘ ਨਰੈਣਗੜ੍ਹ, ਹਰਮੀਤ ਸਿੰਘ ਧੀਰੇਕੋਟ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ 12 ਫਰਵਰੀ ਨੂੰ ਕਿਸਾਨ ਅੰਦੋਲਨ-2 ਨੂੰ ਪੂਰਾ ਇੱਕ ਸਾਲ ਹੋ ਜਾਵੇਗਾ।ਮੋਰਚੇ ਦੇ 1 ਸਾਲ ਬੀਤ ਜਾਣ ਤੇ 12 ਫਰਵਰੀ ਨੂੰ ਖਨੌਰੀ ਬਾਰਡਰ ਉਪਰ ਮਹਾਂ ਪੰਚਾਇਤ ਕੀਤੀ ਜਾਵੇਗੀ।ਕਿਸਾਨ ਆਗੂ ਰਣਬੀਰ ਸਿੰਘ ਭੈਣੀ, ਲਵਪ੍ਰੀਤ ਸਿੰਘ ਤਾਰਾਗੜ੍ਹ ਨੇ ਕਿਹਾ ਕਿ ਮੋਰਚੇ ਲੱਗੇ ਨੂੰ ਕੁੱਛ ਦਿਨਾਂ ਤੱਕ ਇੱਕ ਸਾਲ ਹੋਣ ਵਾਲਾ ਹੈ।ਏਕਤਾ ਸਿੱਧੂਪੁਰ ਦੇ ਸੂਬਾ ਪ੍ਰਧਾਨ ਸਰਦਾਰ ਜਗਜੀਤ ਸਿੰਘ ਡੱਲੇਵਾਲ ਵੱਲੋਂ ਮਰਨ ਵਰਤ ਰੱਖੇ ਨੂੰ ਵੀ 68 ਦਿਨ ਬੀਤ ਚੁੱਕੇ ਹਨ, ਪਰ ਅਜੇ ਤੱਕ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਮਾਨ ਸਰਕਾਰ ਨੇ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਵੱਲ ਧਿਆਨ ਦੇਣਾ ਲਾਜ਼ਮੀ ਨਹੀਂ ਸਮਝਿਆ।ਸਰਕਾਰ ਲਈ ਇਹ ਬਹੁਤ ਸ਼ਰਮਨਾਕ ਹੈ ਕਿ ਜਿਨ੍ਹਾਂ ਮੰਗਾਂ ਨੂੰ ਲੈ ਕੇ ਕਿਸਾਨ ਬਾਰਡਰਾਂ ਤੇ ਬੈਠੇ ਹਨ, ਉਹ ਸਰਕਾਰ ਵੱਲੋਂ ਕਿਸਾਨ ਅੰਦੋਲਨ -1 ਵਿੱਚ ਮੰਨੀਆਂ ਹੋਈਆਂ ਹਨ, ਜਿਨ੍ਹਾਂ ਨੂੰ ਸਰਕਾਰ ਲਾਗੂ ਕਰਨ ਤੋਂ ਮੁੱਕਰ ਚੁੱਕੀ ਹੈ।ਕਿਸਾਨ ਆਗੂ ਸੁਖਰੂਪ ਸਿੰਘ ਧਾਰੜ, ਬਲਵਿੰਦਰ ਸਿੰਘ ਕੰਗ ਨੇ ਕਿਹਾ ਕਿ 12 ਫਰਵਰੀ ਨੂੰ ਸਾਰੇ ਪਿੰਡਾਂ ਵਿੱਚੋਂ ਬਹੁਤ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਦੁਕਾਨਦਾਰ ਮੋਰਚੇ ਵਿੱਚ ਹਾਜ਼ਰੀ ਭਰਨਗੇ।ਇਸ ਮੌਕੇ ਆਗੂ ਸੁਖਬੀਰ ਸਿੰਘ ਧੀਰੇਕੋਟ, ਬਲਬੀਰ ਸਿੰਘ ਗੁੰਨੋਵਾਲ, ਸੋਨੂੰ ਭਲਵਾਨ, ਰਣਜੀਤ ਸਿੰਘ ਰਾਣਾ, ਮੰਗਲ ਸਿੰਘ, ਜਸਪਿੰਦਰ ਸਿੰਘ ਸਾਬੀ, ਪ੍ਰਭਜੀਤ ਸਿੰਘ ਡੱਡਵਾਲ, ਜੋਬਨਜੀਤ ਸਿੰਘ, ਬਿਕਰਮਜੀਤ ਸਿੰਘ, ਧਰਮਿੰਦਰ ਸਿੰਘ, ਮਨਦੀਪ ਸਿੰਘ, ਬਲਜਿੰਦਰ ਸਿੰਘ ਲਾਲਪੁਰ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ ਮਨਦੀਪ ਸਿੰਘ ਮਨੀ, ਸਵਿੰਦਰ ਸਿੰਘ, ਬਲਜਿੰਦਰ ਸਿੰਘ ਲਾਲਪੁਰ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ ਮਨਦੀਪ ਸਿੰਘ ਮਨੀ ਆਦਿ ਹਾਜ਼ਰ ਰਹੇ।

## ਬਜਟ ਸਮਾਜ ਦੇ ਸਾਰੇ ਵਰਗਾਂ ਤੇ ਖੇਤਰਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਵਾਲਾ: ਅੰਕੁਰ ਨਈਅਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦੇ ਕੇਂਦਰੀ ਬਜਟ 'ਚ ਮੱਧ ਵਰਗ ਨੂੰ ਵੱਡੀ ਰਾਹਤ ਦਿੰਦਿਆਂ ਤਨਖਾਹਦਾਰ ਵਰਗ ਲਈ ਵੱਡੀ ਆਮਦਨ ਟੈਕਸ ਕਟੌਤੀ ਦਾ ਐਲਾਨ ਕੀਤਾ ਗਿਆ, ਜਿਸ ਤਹਿਤ 12.75 ਲੱਖ ਰੁਪਏ ਸਾਲਾਨਾ ਤੱਕ ਦੀ ਕਮਾਈ ਕਰਨ ਵਾਲਿਆਂ ਨੂੰ ਕੋਈ ਟੈਕਸ ਅਦਾ ਨਹੀਂ ਕਰਨਾ ਪਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਭਾਜਪਾ ਦੇ ਸਾਬਕਾ ਸੀਨੀਅਰ ਵਾਈਸ ਪ੍ਰਧਾਨ ਮੰਡਲ ਦੀਨਾਨਗਰ ਦੇ ਅੰਕੁਰ ਨਈਅਰ ਨੇ ਕੀਤਾ।ਉਨ੍ਹਾਂ ਕਿਹਾ ਕਿ ਵਿਕਸਤ ਭਾਰਤ ਦੇ ਟੀਚੇ ਨੂੰ ਪੂਰਾ ਕਰਨ ਅਤੇ ਸਥਿਰ ਅਰਥਚਾਰੇ ਦੀ ਮਜ਼ਬੂਤੀ ਲਈ ਵਿੱਤ ਮੰਤਰੀ ਨੇ ਅਗਲੀ ਪੀੜ੍ਹੀ ਦੇ ਸੁਧਾਰਾਂ ਲਈ ਬਜਟ ਪੇਸ਼ ਕੀਤਾ ਹੈ। ਵਿੱਤ ਮੰਤਰੀ ਆਪਣਾ ਲਗਾਤਾਰ 8ਵਾਂ ਬਜਟ ਪੇਸ਼ ਕਰਦਿਆਂ ਖੇਤੀਬਾੜੀ, ਐੱਮਐੱਸਐੱਮਈ, ਨਿਵੇਸ਼ ਅਤੇ ਬਰਾਮਦ 'ਤੇ ਧਿਆਨ ਕੇਂਦਰਤ ਕਰਦਿਆਂ ਵਿੱਤੀ ਸੂਝ-ਬੂਝ ਅਤੇ ਵਿਕਾਸ ਵਿਚਕਾਰ ਸੰਤੁਲਨ ਬਣਾਉਣ ਦੀ ਕੋਸ਼ਿਸ਼ ਕੀਤੀ ਹੈ।ਆਲਮੀ ਬੇਯਕੀਨੀ ਦੇ ਮਾਹੌਲ ਦਰਮਿਆਨ ਅਰਥਚਾਰੇ 'ਚ ਆਈ ਸੁਸਤ ਰਫ਼ਤਾਰ ਨੂੰ ਦੇਖਦਿਆਂ ਵਿੱਤ ਮੰਤਰੀ ਨੇ ਟੈਕਸ ਛੋਟਾਂ ਨਾਲ ਮੱਧ ਵਰਗ ਦੇ ਲੋਕਾਂ ਕੋਲ ਖਪਤ ਲਈ ਜਿੱਥੇ ਵਧੇਰੇ ਪੈਸੇ ਬਚਣਗੇ, ਉਥੇ ਨਿਵੇਸ਼ ਤੇ ਬੱਚਤ ਵੀ ਵਧੇਗੀ ਅਤੇ ਅਰਥਚਾਰੇ ਨੂੰ ਹੁਲਾਰਾ ਮਿਲੇਗਾ।ਨਈਅਰ ਨੇ ਕਿਹਾ ਕਿ ਇਹ ਬਜਟ ਨੌਜਵਾਨਾਂ, ਗਰੀਬਾਂ, ਕਿਸਾਨਾਂ ਅਤੇ ਔਰਤਾਂ ਦੇ ਨਾਲ-ਨਾਲ ਸਮਾਜ ਦੇ ਸਾਰੇ ਵਰਗਾਂ ਅਤੇ ਖੇਤਰਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਵਾਲਾ ਹੈ।

# ਬਾਬਾ ਬੰਦਾ ਸਿੰਘ ਬਹਾਦਰ ਦੀ ਪੁਰਾਤਨ ਗੜ੍ਹੀ ਦੀ ਉਸਾਰੀ ਦਾ ਨੀਂਹ ਪੱਥਰ ਅੱਜ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰਦਾਸ ਨੰਗਲ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੀ ਸੈਂਕੜੇ ਸਿੰਘਾਂ ਸਮੇਤ ਗ੍ਰਿਫ਼ਤਾਰੀ ਦੇ ਅਦੁੱਤੀ ਇਤਿਹਾਸ ਨੂੰ ਦਰਸਾਉਂਦੀ ਪੁਰਾਤਨ ਗੜ੍ਹੀ ਦੀ ਉਸਾਰੀ ਦਾ ਨੀਂਹ ਪੱਥਰ ਭਲਕੇ 3 ਫਰਵਰੀ ਨੂੰ ਸਵੇਰੇ 10 ਵਜੇ ਧਾਰਮਿਕ ਸ਼ਖ਼ਸੀਅਤਾਂ ਵਲੋਂ ਰੱਖਿਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਮੈਨੇਜਰ ਸਤਨਾਮ ਸਿੰਘ ਰਿਆੜ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਦੇ ਮੀਡੀਆ ਸਲਾਹਕਾਰ ਤਲਵਿੰਦਰ ਸਿੰਘ ਬੁੱਟਰ ਨੇ ਦੱਸਿਆ ਕਿ ਸਿੱਖ ਕੌਮ ਦੇ ਮਹਾਨ ਜਰਨੈਲ ਅਤੇ ਪਹਿਲੇ ਖਾਲਸਾ ਰਾਜ ਦੇ ਉਸਰੱਈਏ ਬਾਬਾ ਬੰਦਾ ਸਿੰਘ ਬਹਾਦਰ ਦੇ ਇਤਿਹਾਸਕ ਅਸਥਾਨ ਗੜ੍ਹੀ ਬਾਬਾ ਬੰਦਾ ਸਿੰਘ ਬਹਾਦਰ ਗੁਰਦਾਸ ਨੰਗਲ ਵਿਖੇ ਪੁਰਾਤਨ ਇਤਿਹਾਸ ਨੂੰ ਰੂਪਮਾਨ ਕਰਨ ਲਈ ਵਿਰਾਸਤੀ ਦਿੱਖ ਵਾਲੀ ਵਿਸ਼ਾਲ ਗੜ੍ਹੀ, ਦਰਬਾਰ ਸਾਹਿਬ ਅਤੇ ਲੰਗਰ ਹਾਲ ਦੀ ਉਸਾਰੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਨਿੱਜੀ ਦਿਲਚਸਪੀ ਨਾਲ ਇਕ ਵਿਆਪਕ ਪ੍ਰਾਜੈਕਟ ਉਲੀਕਿਆ ਹੈ, ਜਿਸ ਦੀ ਕਾਰ ਸੇਵਾ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ ਕਰਨਗੇ।ਉਨ੍ਹਾਂ ਦੱਸਿਆ ਕਿ ਭਲਕੇ 3 ਫਰਵਰੀ ਨੂੰ ਗੁਰਦਾਸ ਨੰਗਲ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੀ ਪੁਰਾਤਨ ਦਿੱਖ ਵਾਲੀ ਗੜ੍ਹੀ ਦਾ ਨੀਂਹ ਪੱਥਰ ਧਾਰਮਿਕ ਸ਼ਖ਼ਸੀਅਤਾਂ ਵਲੋਂ ਰੱਖਿਆ ਜਾਵੇਗਾ।ਇਸ ਮੌਕੇ ਗੁਰਮਤਿ ਸਮਾਗਮ ਕੀਤਾ ਜਾਵੇਗਾ, ਜਿਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਏ ਭਾਈ ਪ੍ਰੇਮ ਸਿੰਘ, ਬਾਬਾ ਜਗਤਾਰ ਸਿੰਘ ਕਾਰ ਸੇਵਾ ਤਰਨਤਾਰਨ ਵਾਲੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਕੱਤਰ ਸ. ਪ੍ਰਤਾਪ ਸਿੰਘ, ਓਐੱਸਡੀ ਸਤਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੇ ਹੋਰ ਅਹੁਦੇਦਾਰ ਅਤੇ ਉੱਚ ਅਧਿਕਾਰੀ ਵੀ ਉਚੇਚੇ ਤੌਰ 'ਤੇ ਪੁੱਜਣਗੇ।

# ਚੋਰਾਂ ਨੇ ਆਟਾ ਚੱਕੀ ਤੇ ਕਰਿਆਨੇ ਦੀ ਦੁਕਾਨ ਨੂੰ ਬਣਾਇਆ ਨਿਸ਼ਾਨਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੁਲਸ ਥਾਣਾ ਕਾਹਨੂੰਵਾਨ ਦੇ ਅਧੀਨ ਪੈਂਦੇ ਅੱਡਾ ਪੁਲ ਸਠਿਆਲੀ ਵਿਖੇ ਸਥਿਤ ਇੱਕ ਕਰਿਆਨੇ ਦੀ ਦੁਕਾਨ ਅਤੇ ਆਟਾ ਚੱਕੀ ਉਪਰ ਧਾਵਾ ਬੋਲਦਿਆਂ ਹੋਇਆਂ ਇਸ ਇਲਾਕੇ ਦੇ ਅੰਦਰ ਇੱਕ ਸਰਗਰਮ ਚੋਰ ਗਿਰੋਹ ਦੇ ਵੱਲੋਂ ਆਟਾ ਚੱਕੀ ਅਤੇ ਕਰਿਆਨੀ ਦੀ ਦੁਕਾਨ ਦੇ ਗਲੇ 'ਚੋਂ ਨਗਦੀ ਚੋਰੀ ਕਰ ਲਈ ਗਈ।ਕਰਿਆਨੇ ਦੀ ਦੁਕਾਨ ਦੇ ਮਾਲਕ ਪ੍ਰਦੀਪ ਬਰੋਬਰ ਪੁੱਤਰ ਕਿਸ਼ੋਰੀ ਲਾਲ ਨੇ ਦੱਸਿਆ ਕਿ ਬੀਤੀ ਸ਼ਾਮ 9 ਵਜੇ ਦੇ ਕਰੀਬ ਉਹ ਆਪਣੀ ਦੁਕਾਨ ਬੰਦ ਕਰਕੇ ਆਪਣੇ ਘਰ ਕਸਬਾ ਕਾਹਨੂੰਵਾਨ ਵਿਖੇ ਚਲੇ ਗਏ।ਜਦੋਂ ਉਹ ਸਵੇਰੇ ਆਪਣੀ ਦੁਕਾਨ ਖੋਲਣ ਲਈ ਆਏ ਤਾਂ ਉਸਨੇ ਦੇਖਿਆ ਕਿ ਉਸਦੀ ਦੁਕਾਨ ਦੀ ਪਿਛਲੀ ਦੀਵਾਰ ਟੁੱਟੀ ਹੋਈ ਸੀ।ਉਸਨੇ ਆਪਣੀ ਦੁਕਾਨ ਅਤੇ ਦੁਕਾਨ ਦੇ ਨਾਲ ਲੱਗਦੀ ਆਪਣੇ ਭਰਾ ਪੂਰਨ ਗਰੋਵਰ ਦੀ ਆਟਾ ਚੱਕੀ ਦੇ ਗੱਲੇ ਚੈੱਕ ਕੀਤੇ ਤਾਂ ਉਸਦੇ ਗੱਲੇ ਵਿੱਚੋਂ 3000 ਦੇ ਕਰੀਬ ਅਤੇ ਉਸਦੀ ਕਰਿਆਨੇ ਦੀ ਦੁਕਾਨ ਵਿੱਚੋਂ 9 ਹਜ਼ਾਰ ਰੁਪਏ ਦੇ ਕਰੀਬ ਨਕਦੀ ਗਾਇਬ ਪਾਈ ਗਈ ਜੋ ਉਸਨੇ ਏਅਰਟੈੱਲ ਕੰਪਨੀ ਦੇ ਨੁਮਾਇੰਦੇ ਨੂੰ ਦੇਣ ਵਾਸਤੇ ਦੁਕਾਨ ਦੇ ਗਲੇ ਦੇ ਵਿੱਚ ਰੱਖੀ ਹੋਈ ਸੀ।ਪ੍ਰਦੀਪ ਗਰੋਵਰ ਨੇ ਦੱਸਿਆ ਕਿ ਚੋਰ ਗਰੋਹ ਦੇ ਵੱਲੋਂ ਚੋਰੀ ਦੀ ਇਸ ਵਾਰਦਾਤ ਨੂੰ ਅੰਜਾਮ ਉਸ ਦੀ ਦੁਕਾਨ ਦੇ ਨਾਲ ਲੱਗਦੇ ਭਰਾ ਪੂਰਨ ਗਰੋਵਰ ਦੀ ਚੱਕੀ ਦਾ ਗੇਟ ਟੱਪ ਕੇ ਦਿੱਤਾ ਗਿਆ। ਉਸ ਨੇ ਦੱਸਿਆ ਕਿ ਇਸ ਸਬੰਧੀ ਪੁਲਸ ਥਾਣਾ ਕਾਹਨੂੰਵਾਨ ਵਿਖੇ ਇਤਲਾਹ ਦੇ ਦਿੱਤੀ ਗਈ ਹੈ।

# ਭਾਈ ਸਰਵਣ ਸਿੰਘ ਲਾਧੂਪੁਰ ਦਾ ਸ਼ਹੀਦੀ ਸਮਾਗਮ ਕਰਵਾਇਆ



ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)-ਸੁਤੰਤਰਤਾ ਸੰਗਰਾਮੀ ਬਾਪੂ ਗੁਰਚਰਨ ਸਿੰਘ ਸਮਾਰਕ ਲਾਧੂਪੁਰ ਵਿਖੇ ਸ਼ਹੀਦ ਭਾਈ ਸਰਵਣ ਸਿੰਘ ਲਾਧੂਪੁਰ ਦਾ ਸ਼ਹੀਦੀ ਸਮਾਗਮ ਕਰਵਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਬਖਤਾਵਰ ਸਿੰਘ ਨੇ ਦਸਿਆ ਕਿ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਭਾਈ ਸਤਨਾਮ ਸਿੰਘ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ।ਭਾਈ ਸਤਨਾਮ ਸਿੰਘ ਦਰਦੀ ਦੇ ਕਵੀਸ਼ਰੀ ਜਥੇ ਨੇ ਕਵੀਸ਼ਰੀ ਵਾਰਾਂ ਸੁਣਾ ਕੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ।ਇਸ ਸਮਾਗਮ ਵਿੱਚ ਹਾਈ ਕੋਰਟ ਦੇ ਵਕੀਲ ਜਸਪਾਲ ਸਿੰਘ ਮੰਝਪੁਰ, ਬਲਵਿੰਦਰ ਸਿੰਘ ਪੱਥੋਕੇ, ਹਰਬੰਸ ਸਿੰਘ ਮੰਝਪੁਰ, ਹਾਈਕੋਰਟ ਦੇ ਵਕੀਲ ਸਿਮਰਨਜੀਤ ਸਿੰਘ, ਭਾਈ ਰਣਜੀਤ ਸਿੰਘ, ਗੁਰਿੰਦਰ ਸਿੰਘ ਬਾਜਵਾ ਆਦਿ ਨੇ ਸ਼ਹੀਦ ਭਾਈ ਸਰਵਣ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ 'ਚ ਬੀਬੀ ਕੁਲਵਿੰਦਰ ਕੌਰ ਖ਼ਾਲਸਾ ਤੁਗਲਵਾਲ, ਬਾਬਾ ਸੱਜਣ ਸਿੰਘ, ਬਾਬਾ ਜਤਿੰਦਰ ਸਿੰਘ ਪੰਥਕ ਦਲ, ਜਗੀਰ ਸਿੰਘ ਬਹਿਰੀਨ, ਤਰਸੇਮ ਸਿੰਘ ਪਠਾਨਕੋਟ, ਬਲਵਿੰਦਰ ਸਿੰਘ ਭਿੰਡਾ, ਪ੍ਰਿਤਪਾਲ ਸਿੰਘ, ਪਾਲ ਸਿੰਘ ਚੀਮਾ ਖੁੱਡੀ, ਜਸਵੰਤ ਸਿੰਘ ਨੈਨੇਕੋਟ ਆਦਿ ਨੇ ਸ਼ਹੀਦ ਸਰਵਣ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ਼ਹੀਦ ਦੇ ਪਰਿਵਾਰ ਵੱਲੋਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਗਰਮ ਲੋਈਆਂ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਮੈਰੀਟੋਰੀਅਸ ਸਕੂਲ ਗੁਰਦਾਸਪੁਰ ਵਿਖੇ ਪੰਜਾਬੀ ਲੈਕਚਰਾਰਾਂ ਦਾ ਸੈਮੀਨਾਰ ਆਯੋਜਿਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਜਗਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹੇ ਦੇ ਕੁੱਲ 117 ਸੀਨੀਅਰ ਸੈਕੰਡਰੀ ਸਕੂਲਾਂ ਦੇ ਸਾਰੇ ਵਿਸ਼ਿਆਂ ਦੇ ਲੈਕਚਰਾਰਾਂ ਦੇ ਸੈਮੀਨਾਰ ਦੀ ਸ਼ੁਰੂਆਤ ਕੀਤੀ ਗਈ ਗਈ ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਸ: ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਇਨ੍ਹਾਂ ਸੈਮੀਨਾਰਾਂ ਤਹਿਤ ਕਰੀਬ 09 ਵਿਸ਼ਿਆਂ ਦੇ ਲੈਕਚਰਾਰ ਦੇ ਲੈਕਚਰਾਰਾਂ ਨੂੰ ਇੱਕ ਰੋਜ਼ਾ ਟ੍ਰੇਨਿੰਗ ਅਤੇ 03 ਵਿਸ਼ਿਆਂ ਦੇ ਲੈਕਚਰਾਰ, ਜਿਨ੍ਹਾਂ ਵਿੱਚ ਫਿਜ਼ਿਕਸ, ਕਮਿਸਟਰੀ ਅਤੇ ਬਾਇਓਲੋਜੀ ਨੂੰ ਦੋ ਰੋਜ਼ਾ ਟ੍ਰੇਨਿੰਗ ਦਿੱਤੀ ਜਾਵੇਗੀ।ਇਹ ਟਰੇਨਿੰਗ ਜ਼ਿਲ੍ਹਾ ਪੱਧਰ ਤੇ ਡਾਈਟ ਗੁਰਦਾਸਪੁਰ, ਮੈਰੀਟੋਰੀਅਸ ਸਕੂਲ ਗੁਰਦਾਸਪੁਰ ਅਤੇ ਸਕੂਲ ਆਫ ਐਮੀਨੈਂਸ ਗੁਰਦਾਸਪੁਰ ਵਿਖੇ ਮਿਤੀ 07-02-2025 ਤੱਕ ਚੱਲੇਗੀ, ਜਿਸ ਅਧੀਨ ਜਿਲੇ ਦੇ ਕਰੀਬ 504 ਲੈਕਚਰਾਰ ਨੂੰ ਟਰੇਂਡ ਕੀਤਾ ਜਾਵੇਗਾ, ਜਿਸ ਵਾਸਤੇ ਸਟੇਟ ਤੋਂ ਟ੍ਰੇਨਿੰਗ ਪ੍ਰਾਪਤ ਜਿਲਾ ਰਿਸੋਰਸਪਰਸਨਜ਼ ਆਪਣੇ ਆਪਣੇ ਵਿਸ਼ੇ ਦੇ ਅਧਿਆਪਕਾਂ ਨੂੰ ਟਰੇਂਡ ਕਰਨਗੇ ।ਸੈਮੀਨਾਰ ਦੇ ਪਹਿਲੇ ਦਿਨ ਜ਼ਿਲ੍ਹੇ ਦੇ ਸਮੂਹ ਪੰਜਾਬੀ ਲੈਕਚਰਾਰਾਂ ਦਾ ਇੱਕ ਰੋਜ਼ਾ ਸੈਮੀਨਾਰ ਮੈਰੀਟੋਰੀਅਸ ਸਕੂਲ ਗੁਰਦਾਸਪੁਰ ਵਿਖੇ ਆਯੋਜਿਤ ਕੀਤਾ ਗਿਆ ਜਿਸ ਵਿੱਚ 68 ਪੰਜਾਬੀ ਲੈਕਚਰਾਰ ਨੇ ਹਿੱਸਾ ਲਿਆ ।ਇਸ ਟ੍ਰੇਨਿੰਗ ਦੌਰਾਨ ਜ਼ਿਲਾ ਰਿਸੋਰਸ ਕੋਆਰਡੀਨੇਟਰ ਅਮਰਜੀਤ ਸਿੰਘ ਪੁਰੇਵਾਲ ਵਲੋਂ ਮੈਰੀਟੋਰੀਅਸ ਸਕੂਲ ਗੁਰਦਾਸਪੁਰ ਵਿਖੇ ਵਿਜ਼ਟ ਕੀਤਾ ਅਤੇ ਉਨ੍ਹਾਂ ਸਮੂਹ ਭਾਗੀਦਾਰਾਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਇਹ ਵਿਸ਼ਾਵਾਰ ਸੈਮੀਨਾਰ ਅਧਿਆਪਕਾਂ ਦੀ ਕਾਰਜਸ਼ੈਲੀ ਵਿੱਚ ਸੁਧਾਰ ਲਿਆਉਣਗੇ, ਜਿਸ ਦਾ ਲਾਭ ਵਿਦਿਆਰਥੀਆਂ ਨੂੰ ਪਹੁੰਚੇਗਾ।ਉਨ੍ਹਾਂ ਵਿਦਿਆਰਥੀਆਂ ਦੀ ਪ੍ਰੀਖਿਆਵਾਂ ਦੇ ਦਿਨਾਂ ਵਿੱਚ ਤਿਆਰੀ ਕਰਵਾਉਣ ਬਾਰੇ, ਸਕੂਲ ਆਫ ਐਮੀਨੈਂਸ ਵਿਚ ਦਾਖਲੇ ਬਾਰੇ ਅਤੇ ਬਿਜ਼ਨਸ ਬਲਾਸਟਰ ਆਦਿ ਵਿਸ਼ਿਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।

ਜ਼ਿਲ੍ਹਾ ਰਿਸੋਰਸਪਰਸਨ ਮੈਡਮ ਸਤਿੰਦਰਜੀਤ ਕੌਰ ਅਤੇ ਸਰਬਜੀਤ ਸਿੰਘ ਚੱਠਾ, ਦਿਲਬਾਗ ਕੌਂਡਲ ਆਦਿ ਨੇ ਪੰਜਾਬੀ ਵਿਸ਼ੇ ਨੂੰ ਰੋਚਕ ਅਤੇ ਜਾਣਕਾਰੀ ਭਰਪੂਰ ਬਣਾਉਣ ਦੇ ਵਖ ਵੱਖ ਤਰੀਕੇ ਦੱਸੇ ।ਇਸ ਮੌਕੇ ਪ੍ਰਿੰਸੀਪਲ ਰਾਜੀਵ ਮਹਾਜਨ, ਗੁਰਬਾਜ ਸਿੰਘ, ਕਮਲਪ੍ਰੀਤ ਕੌਰ, ਦਰਸ਼ਨਾ ਦੇਵੀ, ਹਰਪਾਲ ਸਿੰਘ, ਰਣਯੋਧ ਸਿੰਘ ਤੋਂ ਇਲਾਵਾ ਪੰਜਾਬੀ ਵਿਸ਼ੇ ਨਾਲ ਸੰਬੰਧਿਤ ਜਿਲੇ ਦੇ ਸਾਰੇ ਲੈਕਚਰਾਰ ਵੀ ਹਾਜ਼ਰ ਸਨ ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਬੀਬੀਆਂ ਦੀ 30 ਮੈਂਬਰੀ ਕਮੇਟੀ ਦਾ ਗਠਨ

## * ਸ਼ੰਭੂ ਬਾਰਡਰ 'ਤੇ ਵਾਰੀ ਤਹਿਤ 20 ਫਰਵਰੀ ਨੂੰ ਵੱਡਾ ਕਾਫਲਾ ਹੋਵੇਗਾ ਸ਼ਾਮਲ



ਗੁਰਦਾਸਪੁਰ (ਜਨਕ ਮਹਾਜਨ)—ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਜ਼ੋਨ ਸ਼ਹੀਦ ਬੀਬੀ ਸੁੰਦਰੀ ਜੀ ਦੀਆਂ ਬੀਬੀਆਂ ਦੇ ਜ਼ੋਨ ਦਾ ਗਠਨ ਕੀਤਾ ਗਿਆ ਅਤੇ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਜ਼ੋਨ ਪ੍ਰਧਾਨ ਸੁਖਜਿੰਦਰ ਸਿੰਘ ਗੋਤ ਨੇ ਕੀਤੀ ਜਿਸ ਵਿੱਚ ਵਿਸ਼ੇਸ਼ ਤੌਰ ਤੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ, ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਦੇਵ ਸਿੰਘ ਅੱਲੜ ਪਿੰਡੀ ਨੇ ਪਹੁੰਚ ਕੇ ਗੁਰਦੁਆਰਾ ਸ਼ਹੀਦ ਬੀਬੀ ਸੁੰਦਰੀ ਵਿੱਚ ਬੀਬੀਆਂ ਦੀਆਂ ਵੱਖ-ਵੱਖ ਪਿੰਡਾਂ ਤੋਂ ਚੁਣ ਕੇ ਆਈਆਂ ਬੀਬੀਆਂ ਦੀਆਂ ਕਮੇਟੀਆਂ ਵਿੱਚੋਂ 30 ਮੈਂਬਰੀ ਕਮੇਟੀ ਚੁਣੀ ਗਈ ਜਿਸ ਵਿਚੋਂ 5 ਬੀਬੀਆਂ ਜ਼ੋਨ ਕਮੇਟੀ ਵਿਚ ਸ਼ਾਮਿਲ ਕੀਤਾ ਗਿਆ ਜਿਨ੍ਹਾਂ ਵਿੱਚੋਂ ਗੁਰਵਿੰਦਰ ਕੌਰ ਬੂਰੀਆ, ਜਸਵੀਰ ਕੌਰ ਸੈਦੋਵਾਲ ਖੁਰਦ, ਰਾਜਵਿੰਦਰ ਕੌਰ ਬੂਰੀਆ, ਰਾਜਵਿੰਦਰ ਕੌਰ ਮੁੰਨਣ ਕਲਾਂ, ਕਮਲਜੀਤ ਕੌਰ ਗੋਹਤ ਪੋਕਰ ਸ਼ਾਮਲ ਸਨ। ਇਸ ਮੌਕੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਨੇ ਬੋਲਦਿਆਂ ਦੱਸਿਆ ਕਿ ਵੱਡੇ ਪੱਧਰ 'ਤੇ ਜ਼ਿਲੇ ਵਿੱਚ ਬੀਬੀਆਂ ਦੀ ਕਮੇਟੀਆਂ ਦਾ ਵਿਸਤਾਰ ਹੋ ਰਿਹਾ ਹੈ ਅਤੇ ਜ਼ੋਨ ਦੀਆਂ ਕੋਰ ਕਮੇਟੀਆਂ ਵਿਚੋਂ ਬੀਬੀਆਂ ਦੀ ਚੋਣ ਕੀਤੀ ਜਾਵੇਗੀ ਅਤੇ ਜ਼ਿਲ੍ਹਾ ਦਾ ਵਿਸਥਾਰ ਕੀਤਾ ਜਾਵੇਗਾ।ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਨੇ ਦੱਸਿਆ ਕਿ 9 ਫਰਵਰੀ ਨੂੰ ਕਾਦੀਆਂ ਦਾਣਾ ਮੰਡੀ ਵਿਚ ਵੱਡਾ ਇਕੱਠ ਕਰਕੇ ਜ਼ੋਨ ਕਮੇਟੀਆਂ ਵਿੱਚ ਚੁਣੀਆਂ ਬੀਬੀਆਂ ਦੀ ਜ਼ਿਲਾ ਕੋਰ ਕਮੇਟੀ ਲਈ ਚੋਣ ਕੀਤੀ ਜਾਵੇਗੀ। ਇਸੇ ਤਰ੍ਹਾਂ 20 ਫਰਵਰੀ ਨੂੰ ਗੁਰਦਾਸਪੁਰ ਜ਼ਿਲੇ ਦੀ ਸ਼ੰਭੂ ਬਾਰਡਰ ਤੇ ਵਾਰੀ ਦੇ ਤਹਿਤ ਵੱਡਾ ਕਾਫਲਾ ਟਰੈਕਟਰ/ਟਰਾਲੀਆਂ ਲੈ ਕੈ ਸ਼ਾਮਿਲ ਹੋਵਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਸੁਰਿੰਦਰ ਕੌਰ, ਬੀਬੀ ਕੁਲਵਿੰਦਰ ਕੌਰ, ਜਸਵਿੰਦਰ ਕੌਰ, ਅਮਰਜੀਤ ਕੌਰ, ਬਲਜੀਤ ਕੌਰ, ਕਮਲੇਸ਼ ਕੌਰ, ਹਰਜੋਤ ਕੌਰ, ਕੁਲਵਿੰਦਰ ਕੌਰ, ਦਲਜੀਤ ਕੌਰ, ਕੁਲਵੰਤ ਕੌਰ, ਪ੍ਰਧਾਨ ਸੁਖਜਿੰਦਰ ਸਿੰਘ ਗੋਹਤ, ਸਕੱਤਰ ਰਣਜੀਤ ਸਿੰਘ ਚੰਦਰਭਾਨ, ਡਾ. ਦਲਜੀਤ ਸਿੰਘ, ਬਲਦੇਵ ਸਿੰਘ, ਸਤਨਾਮ ਸਿੰਘ ਰੰਧਾਵਾ, ਸੁਖਵਿੰਦਰ ਸਿੰਘ, ਸਤਵੰਤ ਸਿੰਘ, ਦਰਸ਼ਨ ਸਿੰਘ, ਮਾਸਟਰ ਸੋਹਣ ਸਿੰਘ ਅਤੇ ਗੁਰਬਚਨ ਸਿੰਘ ਆਦਿ ਹਾਜ਼ਰ ਸਨ।

3-Feb-PAGE-12.qxd 2/2/2025 10:36 PM Page 1



## ਵਰ੍ਹੇਗੰਢ ਮੁਬਾਰਕ



ਹਰਮਨ ਅਤੇ ਭਵਜੋਤ ਨੇ ਆਪਣੇ ਵਿਆਹ ਦੀ 5ਵੀਂ ਵਰ੍ਹੇਗੰਢ ਮਨਾਈ।



ਚਮਲ ਲਾਲ ਅਤੇ ਸ਼ਸ਼ੀ ਨੇ ਆਪਣੇ ਵਿਆਹ ਦੀ 34ਵੀਂ ਵਰ੍ਹੇਗੰਢ ਮਨਾਈ।

# ਨੌਵਾਂ ਗ਼ਦਰੀ ਭਾਈ ਸੰਤੋਖ ਸਿੰਘ ਧਰਦਿਓ ਪੁਰਸਕਾਰ ਡਾ. ਜਗਰੂਪ ਸਿੰਘ ਸੇਖੋਂ ਨੂੰ

**ਜਲੰਧਰ (ਸ਼ੈਲੀ ਐਲਬਰਟ)**

ਸਾਹਿਤ ਕਲਾ ਕੇਂਦਰ ਜਲੰਧਰ ਅਤੇ ਇਪਸਾ ਆਸਟਰੇਲੀਆ ਵੱਲੋਂ ਉੱਤਰੀ ਭਾਰਤ ਦੀ ਸਿਰਮੌਰ ਸੰਸਥਾ, ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਨੌਵਾਂ ਗ਼ਦਰੀ ਭਾਈ ਸੰਤੋਖ ਸਿੰਘ ਧਰਦਿਓ ਪੁਰਸਕਾਰ 2025, ਰਾਜਨੀਤਿਕ ਚਿੰਤਕ ਡਾ. ਜਗਰੂਪ ਸਿੰਘ ਸੇਖੋਂ ਨੂੰ ਦਿੱਤਾ ਗਿਆ। ਇਸ ਸਮਾਗਮ ਦਾ ਆਯੋਜਨ ਕਾਲਜ ਦੇ ਆਡੀਟੋਰੀਅਮ ਵਿਖੇ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਡਾ. ਅਮਰਜੀਤ ਸਿੰਘ ਸਿੱਧੂ ਸ਼ਾਮਲ ਹੋਏ। ਪ੍ਰਧਾਨਗੀ ਮੰਡਲ ਵਿੱਚ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਪ੍ਰੋ. ਜਗੀਰ ਸਿੰਘ ਕਾਹਲੋਂ, ਭੁਪਿੰਦਰ ਸਿੰਘ ਮੱਲ੍ਹੀ ਅਤੇ ਕਾਮਰੇਡ ਗੁਰਮੀਤ ਸਿੰਘ ਨੇ ਸ਼ਿਰਕਤ ਕੀਤੀ। ਭਾਈ ਸੰਤੋਖ ਸਿੰਘ ਧਰਦਿਓ ਪੁਰਸਕਾਰ ਨਾਲ਼ ਸਨਮਾਨਿਤ ਸਾਬਕਾ ਪ੍ਰੋਫੈਸਰ ਅਤੇ ਮੁਖੀ ਰਾਜਨੀਤੀ ਸ਼ਾਸਤਰ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ ਡਾ. ਜਗਰੂਪ ਸਿੰਘ ਸੇਖੋਂ ਨੇ ਇਸ ਸਨਮਾਨ ਨੂੰ ਆਪਣੇ ਲਈ ਜ਼ਿੰਦਗੀ ਦੀ ਅਹਿਮ ਪ੍ਰਾਪਤੀ ਦੱਸਿਆ। ਪ੍ਰਧਾਨਗੀ ਮੰਡਲ ਵਿੱਚ ਕਾਮਰੇਡ ਗੁਰਮੀਤ ਸਿੰਘ, ਪ੍ਰੋ. ਜਗੀਰ ਸਿੰਘ ਕਾਹਲੋਂ, ਭੁਪਿੰਦਰ ਸਿੰਘ ਮੱਲ੍ਹੀ ਨੇ ਆਪੋ ਆਪਣੇ ਵਿਚਾਰ ਸ੍ਰੋਤਿਆਂ ਨਾਲ਼ ਸਾਂਝੇ ਕੀਤੇ। ਕਾਲਜ ਵਲੋਂ ਕਾਮਰੇਡ ਗੁਰਮੀਤ ਸਿੰਘ, ਪ੍ਰੋ. ਜਗੀਰ ਸਿੰਘ ਕਾਹਲੋਂ, ਭੁਪਿੰਦਰ ਸਿੰਘ,



ਪੱਤਰਕਾਰ ਜਤਿੰਦਰ ਸਿੰਘ ਪੰਮੀ ਅਤੇ ਮਾਸਟਰ ਜਸਵੀਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਡਾ. ਹਰਜਿੰਦਰ ਸਿੰਘ ਸੇਖੋਂ ਨੇ ਬਾਖ਼ੂਬੀ ਨਿਭਾਈ।ਇਸ ਸਮਾਗਮ ਵਿੱਚ ਸਾਹਿਤ ਕਲਾ ਕੇਂਦਰ ਦੇ ਮੈਂਬਰ, ਸਾਹਿਤਕਾਰ, ਚਿੰਤਕ, ਕਾਲਜ ਦੇ ਪੰਜਾਬੀ ਵਿਭਾਗ ਦੇ ਪ੍ਰੋਫੈਸਰ, ਵੱਖ-ਵੱਖ ਵਿਭਾਗਾਂ ਦੇ ਮੁਖੀ, ਅਧਿਆਪਕ ਅਤੇ ਵਿਦਿਆਰਥੀ ਸ਼ਾਮਲ ਹੋਏ।

# ਅਨੁਸੂਚਿਤ ਜਾਤੀ ਵਿਦਿਆਰਥੀਆਂ ਲਈ 55.45 ਕਰੋੜ ਦੀ ਰਾਸ਼ੀ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ ਸਟੂਡੈਂਟਸ ਸਕੀਮ ਸਾਲ 2024-25 ਦੇ 86583 ਵਿਦਿਆਰਥੀਆਂ ਲਈ ਚਾਲੂ ਵਿੱਤੀ ਸਾਲ ਦੇ ਬਜਟ ਉਪਬੰਧ ਵਿੱਚੋਂ 55.45 ਕਰੋੜ ਰੁਪਏ ਦੀ ਰਾਸ਼ੀ ਰਾਜ ਦੇ ਹਿੱਸੇ ਵਜੋਂ ਜਾਰੀ ਕੀਤੀ ਗਈ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਮੁੱਖ ਟੀਚਾ ਅਤਿ ਗਰੀਬ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪੂਰੀ ਕਰਨ ਲਈ ਸਹਾਇਤਾ ਪ੍ਰਦਾਨ ਕਰਨਾ ਹੈ। ਇਸ ਤੋਂ ਇਲਾਵਾ ਬਾਕੀ ਰਹਿੰਦੇ ਵਿਦਿਆਰਥੀਆਂ ਨੂੰ ਵੀ ਜਲਦ ਅਦਾਇਗੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿਥੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ, ਉਥੇ ਹੀ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀ ਭਲਾਈ ਲਈ ਵੀ ਲਗਾਤਾਰ ਕਾਰਜਸ਼ੀਲ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਰਾਸ਼ੀ ਦੇ ਰਲੀਜ਼ ਹੋਣ ਨਾਲ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇਗਾ।ਮੰਤਰੀ ਨੇ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।

# ਸੰਘਵਾਲ ਦੀ ਪ੍ਰਭਾਤ ਫੇਰੀ ਵਾਲੀ ਸੰਗਤ ਡੇਰਾ ਬੱਲਾਂ ਵਿਖੇ ਨਤਮਸਤਕ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**

ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਪ੍ਰਭਾਤ ਫੇਰੀਆਂ ਸ੍ਰੀ ਗੁਰੂ ਰਵਿਦਾਸ ਮੰਦਰ ਸੰਘਵਾਲ ਤੋਂ ਆਰੰਭ ਕੀਤੀਆਂ ਗਈਆਂ ਹਨ। ਐਤਵਾਰ ਸਵੇਰੇ ਪ੍ਰਭਾਤ ਫੇਰੀ ਵਾਲੀ ਸੈਂਕੜੇ ਦੀ ਗਿਣਤੀ ਵਿੱਚ ਸੰਗਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਦੀ ਮਹਿਮਾ ਦਾ ਗੁਣਗਾਣ ਕਰਦੀ ਹੋਈ ਡੇਰਾ ਸੰਤ ਸਰਵਣ ਦਾਸ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਈ। ਸ੍ਰੀ ਗੁਰੂ ਰਵਿਦਾਸ ਮੰਦਰ ਸੰਘਵਾਲ ਦੀ ਪ੍ਰਬੰਧਕ ਕਮੇਟੀ ਅਤੇ ਪੂਰੀ ਸੰਗਤ ਨੇ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਨ ਮਹਾਰਾਜ ਕੋਲੋਂ ਅਸ਼ੀਰਵਾਦ ਲਿਆ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਮੀਤ ਰਾਮ ਫੌਜੀ, ਸੈਕਟਰੀ ਉੱਤਮ ਸਿੰਘ, ਬਲਵਿੰਦਰ ਸਿੰਘ, ਅਮਰੀਕ ਸਿੰਘ ਬੱਧਣ, ਬਲਵੀਰ ਰਾਮ, ਬੂਟਾ ਸਿੰਘ, ਦਲਜੀਤ ਸਿੰਘ ਬਿੱਲਾ, ਸਰਬਜੀਤ ਸਾਬੀ, ਉਂਕਾਰ ਸਿੰਘ ਬੱਧਣ, ਸੌਰਵ ਕੁਮਾਰ ਪਾਲ, ਸੋਮ ਲਾਲ ਬਾਹਮਣੀ, ਰਿੰਕੂ, ਸਰਬਜੀਤ ਪਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਔਰਤਾਂ ਅਤੇ ਬੱਚੇ ਸ਼ਾਮਿਲ ਸਨ।

# ਸਕੂਲ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ




**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿੱਚ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਪ੍ਰਿੰਸੀਪਲ ਕੰਵਲਜੀਤ ਨੇ ਬੱਚਿਆਂ ਨੂੰ ਬਸੰਤ ਪੰਚਮੀ ਦੀ ਜਾਣਕਾਰੀ ਦਿੱਤੀ। ਬੱਚਿਆਂ ਨੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਬੱਚਿਆਂ ਨੂੰ ਦੱਸਿਆ ਗਿਆ ਕਿ ਮਾਂ ਸਰਸਵਤੀ ਦਾ ਜਨਮ ਦਿਨ ਬਸੰਤ ਪੰਚਮੀ ਵਜੋਂ ਮਨਾਇਆ ਜਾਂਦਾ ਹੈ। ਇਸ ਮੌਕੇ ਚੇਅਰਪਰਸਨ ਸੁਰਿੰਦਰ ਕੌਰ, ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ, ਪ੍ਰਿੰਸੀਪਲ ਕੰਵਲਜੀਤ ਕੌਰ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਸੀਟੀ ਗਰੁੱਪ ਕੈਂਪਸ 'ਚ ਬਸੰਤ ਪੰਚਮੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਸੀਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਜਿਸ ਵਿੱਚ ਸ਼ਾਹਪੁਰ ਅਤੇ ਮਕਸੂਦਾਂ ਕੈਂਪਸ, ਸੀਟੀ ਵਰਲਡ ਸਕੂਲ, ਸੀਟੀ ਪਬਲਿਕ ਸਕੂਲ ਅਤੇ ਸੀਟੀ ਸਨਸ਼ਾਈਨ ਕਿੰਡਰਗਾਰਟਨ ਸ਼ਾਮਲ ਹਨ, ਨੇ ਬਸੰਤ ਪੰਚਮੀ ਨੂੰ ਬਹੁਤ ਉਤਸ਼ਾਹ ਅਤੇ ਉਤਸ਼ਾਹ ਨਾਲ ਮਨਾਇਆ। ਇਸ ਸਮਾਗਮ ਵਿੱਚ ਪਤੰਗ ਉਡਾਉਣ ਦੇ ਮੁਕਾਬਲੇ, ਸੱਭਿਆਚਾਰਕ ਪ੍ਰਦਰਸ਼ਨ, ਨਾਚ, ਗਾਇਨ ਅਤੇ ਇੱਕ ਜੀਵੰਤ ਪੋਟਲੱਕ ਲੰਚ ਸ਼ਾਮਲ ਸੀ, ਜਿਸ ਨਾਲ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਖੁਸ਼ੀ ਭਰੇ ਮਾਹੌਲ ਵਿੱਚ ਇਕੱਠਾ ਕੀਤਾ ਗਿਆ। ਇਸ ਜਸ਼ਨ ਨੇ ਏਕਤਾ, ਪਰੰਪਰਾ ਅਤੇ ਤਿਉਹਾਰ ਦੀ ਭਾਵਨਾ ਨੂੰ ਉਜਾਗਰ ਕੀਤਾ, ਕਿਉਂਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਅਸਮਾਨ ਰੰਗੀਨ ਪਤੰਗਾਂ ਨਾਲ ਸਜਾਇਆ ਗਿਆ ਸੀ, ਜੋ ਇੱਛਾਵਾਂ ਅਤੇ ਬਸੰਤ ਦੀ ਸ਼ੁਰੂਆਤ ਦਾ ਪ੍ਰਤੀਕ ਸੀ। ਸੱਭਿਆਚਾਰਕ ਪ੍ਰਦਰਸ਼ਨਾਂ ਨੇ ਤਿਉਹਾਰ ਦੇ ਮੂਡ ਵਿੱਚ ਵਾਧਾ ਕੀਤਾ, ਬੁੱਧੀ ਅਤੇ ਸਿੱਖਿਆ ਦੀ ਦੇਵੀ ਸਰਸਵਤੀ ਨੂੰ ਸਮਰਪਿਤ ਰਵਾਇਤੀ ਨਾਚਾਂ ਅਤੇ ਧੁਨਾਂ ਦਾ ਪ੍ਰਦਰਸ਼ਨ ਕੀਤਾ। ਇਸ ਸਮਾਗਮ ਨੂੰ ਸੀਟੀ ਗਰੁੱਪ ਦੀ ਸਹਿ-ਚੇਅਰਪਰਸਨ ਮੈਡਮ ਪਰਮਿੰਦਰ ਕੌਰ ਅਤੇ ਸਹਿ-ਪ੍ਰਬੰਧਕ ਨਿਰਦੇਸ਼ਕ ਸ਼੍ਰੀਮਤੀ ਤਾਨਿਕਾ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਦੇ ਨਾਲ-ਨਾਲ ਕੀਤਾ। ਉਨ੍ਹਾਂ ਦੀ ਮੌਜੂਦਗੀ ਨੇ ਵਿਦਿਆਰਥੀਆਂ ਨੂੰ ਅਕਾਦਮਿਕ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਦੇ ਹੋਏ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਹੋਰ ਪ੍ਰੇਰਿਤ ਕੀਤਾ। ਇਸ ਮੌਕੇ ਤੇ ਬੋਲਦਿਆਂ, ਸੀਟੀ ਗਰੁੱਪ ਦੇ ਸਹਿ-ਚੇਅਰਪਰਸਨ ਮੈਡਮ



ਪਰਮਿੰਦਰ ਕੌਰ ਨੇ ਆਪਣੇ ਵਿਚਾਰ ਸਾਂਝੇ ਕੀਤੇ: ਬਸੰਤ ਪੰਚਮੀ ਗਿਆਨ, ਨਵੀਂ ਸ਼ੁਰੂਆਤ ਅਤੇ ਸਕਾਰਾਤਮਕਤਾ ਦਾ ਜਸ਼ਨ ਹੈ। ਸਾਡੇ ਵਿਦਿਆਰਥੀਆਂ ਨੂੰ ਸਾਡੀਆਂ ਪਰੰਪਰਾਵਾਂ ਨੂੰ ਇੰਨੇ ਉਤਸ਼ਾਹ ਨਾਲ ਅਪਣਾਉਂਦੇ ਦੇਖਣਾ ਸੱਚਮੁੱਚ ਪ੍ਰੇਰਨਾਦਾਇਕ ਹੈ। ਸੀਟੀ ਗਰੁੱਪ ਵਿਖੇ, ਅਸੀਂ ਇੱਕ ਅਜਿਹੇ ਮਾਹੌਲ ਨੂੰ ਉਤਸ਼ਾਹਿਤ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ ਜਿੱਥੇ ਸਿੱਖਿਆ, ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਨਾਲ-ਨਾਲ ਚੱਲਦੀਆਂ ਹਨ, ਭਵਿੱਖ ਲਈ ਸੁਚੱਜੇ ਵਿਅਕਤੀਆਂ ਨੂੰ ਆਕਾਰ ਦਿੰਦੀਆਂ ਹਨ।

# ਸਨੌਰਾ ਸਕੂਲ 'ਚ ਬਸੰਤ ਪੰਚਮੀ ਮਨਾਈ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**

ਬਸੰਤ ਪੰਚਮੀ ਦਾ ਤਿਉਹਾਰ ਹਿੰਦੂ ਮਹੀਨੇ ਮਾਘ ਦੇ ਪੰਜਵੇਂ ਦਿਨ (ਪੰਚਮੀ) ਨੂੰ ਮਨਾਇਆ ਜਾਂਦਾ ਹੈ।ਇਹ ਇੱਕ ਅਜਿਹਾ ਮੌਕਾ ਹੈ ਜੋ ਬਸੰਤ ਰੁੱਤ ਦੇ ਆਗਮਨ ਨੂੰ ਦਰਸਾਉਂਦਾ ਹੈ ਅਤੇ ਗਿਆਨ ਅਤੇ ਬੁੱਧੀ ਦੀ ਦੇਵੀ ਸਰਸਵਤੀ ਦੀ ਪੂਜਾ ਕਰਨ ਲਈ ਵੀ ਮਨਾਇਆ ਜਾਂਦਾ ਹੈ। ਐਸ.ਜੀ.ਟੀ.ਬੀ ਪਬਲਿਕ ਸਕੂਲ, ਸਨੌਰਾ ਦੇ ਵਿਦਿਆਰਥੀਆਂ ਨੇ ਇਸ ਦਿਨ ਨੂੰ ਬਹੁਤ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ। ਵਿਦਿਆਰਥੀਆਂ ਦੁਆਰਾ ਇੱਕ ਵਿਸ਼ੇਸ਼ ਵਰਚੁਅਲ ਸਭਾ ਪੇਸ਼ ਕੀਤੀ ਗਈ ਜਿਨ੍ਹਾਂ ਨੇ ਦਿਨ ਦੀ ਸ਼ੁਰੂਆਤ ਦੇਵੀ ਸਰਸਵਤੀ ਦੇ ਆਸ਼ੀਰਵਾਦ ਨਾਲ ਕੀਤੀ। ਉਨ੍ਹਾਂ ਨੇ ਸਾਰਿਆਂ ਨੂੰ ਪੀਲਾ ਰੰਗ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਅਤੇ ਦੇਸ਼ ਭਰ ਵਿੱਚ ਇਸ ਤਿਉਹਾਰ ਨੂੰ ਮਨਾਉਣ ਦੇ ਵੱਖ-ਵੱਖ ਤਰੀਕਿਆਂ ਬਾਰੇ ਦੱਸਿਆ। ਵਰਚੁਅਲ ਕਲਾਸਰੂਮਾਂ ਵਿੱਚ ਦਿਨ ਮਨਾਉਣ ਲਈ, ਕਲਾਸਾਂ ਵਿੱਚ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੀਲੇ ਰੰਗ ਦੇ ਪਹਿਰਾਵੇ ਪਹਿਨੇ ਹੋਏ ਸਨ। ਸਰ੍ਹੋਂ ਦੇ ਫੁੱਲਾਂ ਦੇ ਖਿੜਨ ਅਤੇ ਬਸੰਤ ਦੇ ਆਗਮਨ ਬਾਰੇ ਵੀ ਵਿਸਥਾਰ ਨਾਲ ਦੱਸਿਆ ਗਿਆ। ਨਰਸਰੀ ਦੇ ਵਿਦਿਆਰਥੀਆਂ ਨੇ ਇੱਕ ਕਾਰਡ ਬਣਾਉਣ ਦੀ ਗਤੀਵਿਧੀ ਦਾ ਆਨੰਦ ਮਾਣਿਆ ਜਿਸ ਵਿੱਚ ਉਨ੍ਹਾਂ ਨੇ ਕਮਲ ਦੇ ਫੁੱਲ ਨੂੰ ਪੇਂਟ ਕੀਤਾ ਅਤੇ ਦੇਵੀ ਸਰਸਵਤੀ ਦੇ ਸੰਗੀਤ ਯੰਤਰ ਨੂੰ ਸਜਾਇਆ। ਸਕੂਲ ਦੀ ਪ੍ਰਿੰਸੀਪਲ ਨਵਦੀਪ ਕੌਰ ਨੇ ਇਸ ਸ਼ੁੱਭ ਮੌਕੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਿਸ਼ੇਸ਼ ਸ਼ੁੱਭਕਾਮਨਾਵਾਂ ਦਿੱਤੀਆਂ। ਜਿਵੇਂ ਕਿ ਮੁਲਾਂਕਣ ਨੇੜੇ ਆ ਰਹੇ ਹਨ, ਵਿਦਿਆਰਥੀਆਂ ਨੂੰ ਇਹ ਦੱਸਿਆ ਗਿਆ ਕਿ ਉਨ੍ਹਾਂ ਨੂੰ ਆਪਣੇ ਟੀਚਿਆਂ ਨੂੰ ਪਰਿਭਾਸ਼ਤ ਕਰਨਾ ਚਾਹੀਦਾ ਹੈ, ਆਪਣੀ ਪੜ੍ਹਾਈ ਨੂੰ ਤਰਜੀਹ ਦੇਣੀ ਚਾਹੀਦੀ ਹੈ, ਆਪਣੇ ਪਾਠਾਂ ਦੀ ਯੋਜਨਾ ਬਣਾਉਣੀ ਚਾਹੀਦੀ ਹੈ ਅਤੇ ਸਮਾਂ-ਸਾਰਣੀ ਬਣਾਉਣੀ ਚਾਹੀਦੀ ਹੈ ਤਾਂ ਜੋ ਉਹ ਸਫਲਤਾ ਪ੍ਰਾਪਤ ਕਰ ਸਕਣ। ਅਧਿਆਪਕਾਂ ਨੇ ਵੀ ਨੌਜਵਾਨ ਵਿਦਿਆਰਥੀਆਂ ਨੂੰ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।



# ਜ਼ੈਲੀ ਦਾ ਨਵਾਂ ਗੀਤ 'ਹੀਰਿਆਂ ਦਾ ਹਾਰ' ਭਲਕੇ ਹੋਵੇਗਾ ਰਿਲੀਜ਼

**ਮੋਹਾਲੀ, (ਗੁਰਜੀਤ ਬਿੱਲਾ)**-ਪੰਜਾਬੀ ਗੀਤ 'ਤੈਨੂੰ ਸੋਹਣੀਏ ਬੁਲਾਉਂਦੇ ਜਾਨ-ਜਾਨ', 'ਦਿਲ ਦੇ ਫਰੇਮ ਵਿਚ' ਅਤੇ 'ਡੋਲਿਆਂ ਵਿਚ ਜਾਨ' ਵਰਗੇ ਮਸ਼ਹੂਰ ਗੀਤ ਪੰਜਾਬੀ ਸੱਭਿਆਚਾਰ ਨੂੰ ਦੇਣ ਵਾਲੇ ਪ੍ਰਸਿੱਧ ਪੰਜਾਬੀ ਗਾਇਕ ਜ਼ੈਲੀ ਹੁਣ ਲੋਕਾਂ ਦੀ ਕਚਹਿਰੀ ਵਿਚ ਆਪਣਾ ਇਕ ਨਵਾਂ ਗੀਤ ਲੈ ਕੇ ਆ ਰਹੇ ਹਨ। ਜ਼ੈਲੀ ਦਾ ਇਹ ਨਵਾਂ ਗੀਤ 'ਹੀਰਿਆਂ ਦਾ ਹਾਰ' 4 ਫਰਵਰੀ ਨੂੰ ਰਲੀਜ਼ ਹੋਣ ਜਾ ਰਿਹਾ ਹੈ। ਖੁਦ ਜ਼ੈਲੀ ਨੇ ਇਸ ਗੀਤ ਨੂੰ ਗਾਉਣ ਦੇ ਨਾਲ ਨਾਲ ਕੰਪੋਜ਼ ਵੀ ਕੀਤਾ ਹੈ ਜਦਕਿ ਇਸ ਗੀਤ ਨੂੰ ਪ੍ਰਦੀਪ ਸਿੰਘ ਥਿੰਦ ਨੇ ਲਿਖਿਆ ਹੈ।ਇਸ ਗੀਤ ਨੂੰ ਮਿਊਜ਼ਿਕ ਵੇਵਜ਼ ਲਿਮ: ਅਤੇ ਸਰਵਣ ਔਲਖ ਵਲੋਂ ਦਿੱਤਾ ਗਿਆ ਹੈ। ਇਸ ਗੀਤ ਦੀ ਡਾਇਰੈਕਸ਼ਨ ਪ੍ਰੀਤ ਬਲ ਦੀ ਹੈ। ਗੀਤ ਦਾ ਮਿਊਜ਼ਿਕ ਨਿਕ ਮਿਊਜ਼ਿਕ ਵਲੋਂ ਦਿੱਤਾ ਗਿਆ ਹੈ। ਇਹ ਪ੍ਰੋਜੈਕਟ ਜਗਤਾਰ ਸਿੰਘ ਕਾਲਾ ਦਾ ਹੈ ਅਤੇ ਇਸ ਦੇ ਐਡੀਟਰ ਹਰਸ਼ਵਿੰਦਰ ਸਿੰਘ ਹਨ।ਉਨ੍ਹਾਂ ਇਸ ਗੀਤ ਨੂੰ ਨੇਪਰੇ ਚਾੜ੍ਹਨ ਲਈ ਸਿਮਰਨਜੀਤ ਸਿੰਘ ਜਰਮਨੀ, ਹੈਪੀ ਸਰਪੰਚ, ਬਿੱਟੂ ਸਰਪੰਚ, ਸਤਵਿੰਦਰ ਲੰਬਰ, ਸਿਮਰਨ, ਮਿੰਟੂ, ਰਾਜਾ ਜਸ਼ਨਬੀਰ, ਜੋਬਨ, ਪ੍ਰੀਤ ਕੈਨੇਡਾ, ਹਰਪ੍ਰੀਤ ਖੱਟੜਾ, ਸੁੱਖਾ ਤੋਗਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸਾਬਕਾ ਸਰਪੰਚ ਭੁਪਿੰਦਰ ਸਿੰਘ ਕਾਂਗਰਸ 'ਚ ਸ਼ਾਮਲ



**ਅੱਡਾ ਸਰਾਂ/ਟਾਂਡਾ ਉੜਮੁੜ (ਜਸਵੀਰ ਕਾਜਲ)**

ਵਿਧਾਨ ਸਭਾ ਹਲਕਾ ਉੜਮੁੜ ਵਿਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ ਜਦੋਂ ਯੂਥ ਅਕਾਲੀ ਦਲ ਆਗੂ ਸਾਬਕਾ ਸਰਪੰਚ ਭੁਪਿੰਦਰ ਸਿੰਘ ਰਾਏਪੁਰ ਕਾਂਗਰਸ ਪਾਰਟੀ ਵਿਚ ਸ਼ਾਮਲ ਹੋ ਗਿਆ। ਬਲਾਕ ਪ੍ਰਧਾਨ ਕਾਂਗਰਸ ਅਵਤਾਰ ਸਿੰਘ ਖੋਖਰ, ਯੂਥ ਪ੍ਰਧਾਨ ਲੱਬਾ ਜਹੂਰਾ, ਐੱਸ. ਸੀ. ਵਿੰਗ ਦੇ ਪ੍ਰਧਾਨ ਪਰਵਿੰਦਰ ਸਹਿਬਾਜ਼ਪੁਰ ਅਤੇ ਨਗਰ ਕੌਂਸਲ ਪ੍ਰਧਾਨ ਗੁਰਸੇਵਕ ਮਾਰਸ਼ਲ ਦੀ ਅਗਵਾਈ ਵਿਚ ਹੋਏ ਸਮਾਗਮ ਦੌਰਾਨ ਸੀਨੀਅਰ ਆਗੂ ਗੋਲਡੀ ਕਲਿਆਣਪੁਰ, ਸਰਪੰਚ ਕੁਲਵੀਰ ਸਿੰਘ ਅਤੇ ਜੱਸੀ ਰਾਏਪੁਰ ਦੀ ਮੌਜੂਦਗੀ ਵਿਚ ਪਾਰਟੀ ਵਿਚ ਸ਼ਾਮਲ ਹੋਏ ਨੌਜਵਾਨ ਆਗੂ ਭੁਪਿੰਦਰ ਸਿੰਘ ਨੂੰ ਸਾਬਕਾ ਮੰਤਰੀ ਗਿਲਜੀਆਂ ਨੇ ਸਨਮਾਨਤ ਕਰਦੇ ਹੋਏ ਆਖਿਆ ਕਿ ਸਾਫ ਸੁਥਰੀ ਛਵੀ ਵਾਲੇ ਮੇਹਨਤੀ ਨੌਜਵਾਨ ਭੁਪਿੰਦਰ ਸਿੰਘ ਦੇ ਪਾਰਟੀ ਵਿਚ ਆਉਣ ਨਾਲ ਪਾਰਟੀ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਆਖਿਆ ਕਿ ਨੌਜਵਾਨ ਨੂੰ ਪਾਰਟੀ ਵਿਚ ਉਚਿਤ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਆਖਿਆ ਕਿ ਮੌਜੂਦਾ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਅਤੇ ਪੰਜਾਬ ਦੀ ਬੇਹਤਰੀ ਲਈ ਲੋਕ ਲਗਾਤਾਰ ਕਾਂਗਰਸ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਯੂਥ ਕਾਂਗਰਸੀ ਆਗੂਆਂ ਅਤੇ ਨਗਰ ਕੌਂਸਲਰਾਂ ਨੇ ਵੀ ਭੁਪਿੰਦਰ ਸਿੰਘ ਦਾ ਪਾਰਟੀ ਵਿਚ ਸਵਾਗਤ ਕੀਤਾ। ਇਸ ਮੌਕੇ ਜੋਗਿੰਦਰ ਸਿੰਘ ਗਿਲਜੀਆਂ, ਬਾਬੂ ਰੂਪ ਲਾਲ, ਸੁਖਵਿੰਦਰਜੀਤ ਸਿੰਘ ਬੀਰਾ, ਵਿਨੋਦ ਖੋਸਲਾ ਸੁੰਦਰੀ, ਐੱਮ. ਸੀ. ਜਸਵਿੰਦਰ ਕਾਕਾ, ਰਾਜੇਸ਼ ਲਾਡੀ, ਮਨੀ ਸਹਿਬਾਜ਼ਪੁਰ, ਡਾ.ਬਲਦੇਵ ਰਾਜ, ਰਾਕੇਸ਼ ਬਿੱਟੂ, ਆਸ਼ੂ ਵੈਦ, ਦਲਜੀਤ ਸਿੰਘ ਗਿਲਜੀਆਂ, ਰਵਿੰਦਰਪਾਲ ਸਿੰਘ ਗੋਰਾ, ਦਵਿੰਦਰ ਬਿੱਲੂ, ਗੁਰਮੁਖ ਸਿੰਘ, ਸੁਖਰਾਜ ਸਿੱਧੂ, ਅਜੀਤਪਾਲ ਸਿੰਘ, ਪੰਕਜ ਸਚਦੇਵਾ, ਅਵਤਾਰ ਸਿੰਘ ਗਿੱਲ, ਸੁਖਦੇਵ ਸਿੰਘ ਸੁੱਖਾ ਆਦਿ ਮੌਜੂਦ ਸਨ।

# ਦਿੱਲੀ ਆਮ ਚੋਣ ਦੇ ਦਿਨ ਹਰਿਆਣਾ 'ਚ ਛੁੱਟੀ ਦਾ ਐਲਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਵੱਲੋਂ ਕੌਮੀ ਰਾਜਧਾਨੀ ਖੇਤਰ ਦਿੱਲੀ ਵਿਧਾਨਸਭਾ 2025 ਦੇ ਆਮ ਚੋਣ ਲਈ ਚੋਣ ਦੇ ਦਿਨ 5 ਫਰਵਰੀ, 2025 (ਬੁੱਧਵਾਰ) ਨੂੰ ਰਾਜ ਦੇ ਸਾਰੇ ਸਰਕਾਰੀ ਦਫਤਰਾਂ, ਵਿਦਿਅਕ ਅਦਾਰਿਆਂ, ਬੋਰਡ ਅਤੇ ਨਿਗਮ ਆਦਿ ਵਿਚ ਕੰਮ ਕਰ ਰਹੇ ਉਨ੍ਹਾਂ ਕਰਮਚਾਰੀਆਂ ਨੂੰ ਜੋ ਉਕਤ ਚੋਣ ਵਿਚ ਆਪਣਾ ਵੋਟ ਪਾਉਣ ਲਈ ਕੌਮੀ ਰਾਜਧਾਨੀ ਖੇਤਰ ਦਿੱਲੀ ਵਿਚ ਵੋਟਰ ਵਜੋਂ ਰਜਿਸਟਰਡ ਹਨ, ਲਈ ਪੇਡ ਛੁੱਟੀ/ਵਿਸ਼ੇਸ਼ ਅਚਨਚੇਤ ਛੁੱਟੀ (ਪੇਡ) ਦੀ ਨੋਟੀਫਿਕੇਸ਼ਨ ਰਾਹੀਂ ਐਲਾਨ ਕੀਤਾ ਗਿਆ ਹੈ।ਮੁੱਖ ਸਕੱਤਰ ਦਫਤਰ ਵੱਲੋਂ ਜਾਰੀ ਇੱਕ ਨੋਟੀਫਿਕੇਸ਼ਨ ਅਨੁਸਾਰ, ਹਰਿਆਣਾ ਵਿਚ ਸਥਿਤ ਵੱਖ-ਵੱਖ ਕਾਰਖਾਨਿਆਂ, ਦੁਕਾਨਾਂ ਅਤੇ ਨਿਜੀ ਪ੍ਰਤਿਸ਼ਠਾਨਾਂ ਦੇ ਕਰਮਚਾਰੀ, ਜੋ ਕੌਮੀ ਰਾਜਧਾਨੀ ਖੇਤਰ ਦਿੱਲੀ ਵਿਚ ਵੋਟਰ ਵਜੋ ਰਜਿਸਟਰਡ ਵੀ ਧਾਰਾ 135-ਬੀ ਤਹਿਤ ਪੇਡ ਲੀਵ ਦੇ ਹੱਕਦਾਰ ਹੋਣਗੇ।

# ਮਹੰਤ ਸ਼ਿਪਰਾ ਗਿਰੀ ਨੂੰ ਮਹਾਂ-ਮੰਡਲੇਸ਼ਵਰ ਦੀ ਉਪਾਧੀ ਨਾਲ ਨਿਵਾਜਿਆ



**ਲੋਹੀਆਂ ਖਾਸ, (ਯੋਗੇਸ਼ਵਰ)**

ਪ੍ਰਿਆਗਰਾਜ ਵਿਚ ਚੱਲ ਰਹੇ ਮਹਾ ਕੁੰਭ ਮੇਲੇ ਵਿਚ ਜੂਨਾ ਅਖਾੜੇ ਵੱਲੋਂ ਸੱਤ ਨਵੇਂ ਮਹਾਂ ਮੰਡਲੇਸ਼ਵਰਾਂ ਦੀ ਨਿਯੁਕਤੀ ਕੀਤੀ ਗਈ, ਜਿਸ 'ਚ ਸਥਾਨਕ ਪ੍ਰਾਚੀਨ ਸ਼ਿਵ ਮੰਦਰ ਦੇ ਗੱਦੀਨਸ਼ੀਨ 108 ਮਹੰਤ ਸ਼ਿਪਰਾ ਗਿਰੀ ਜੀ ਮਹਾਰਾਜ ਨੂੰ ਮਹਾ ਮੰਡਲੇਸ਼ਵਰ ਦੀ ਉਪਾਧੀ ਨਾਲ ਨਿਵਾਜਿਆ ਗਿਆ।ਮਹੰਤ ਸ਼ਿਪਰਾ ਗਿਰੀ ਜੀ ਨੂੰ ਮਹਾਮੰਡਲੇਸ਼ਵਰ ਦੀ ਉਪਾਧੀ ਨਾਲ ਨਿਵਾਜੇ ਜਾਣ ਉਪਰੰਤ ਜਿੱਥੇ ਮਹਾਂ ਕੁੰਭ ਮੇਲੇ ਵਿਚ ਸੰਖ ਨਾਦ ਹੋਇਆ ਉੱਥੇ ਹੀ ਸਥਾਨਕ ਪ੍ਰਾਚੀਨ ਸ਼ਿਵ ਮੰਦਰ ਵਿਖੇ ਸ਼ਾਮ ਵੇਲੇ ਇਕ ਪ੍ਰਭਾਵਸ਼ਾਲੀ ਧਾਰਮਿਕ ਸਮਾਗਮ ਨਾਲ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਗਿਆ ਕਿਉਂਕਿ ਸਥਾਨਕ ਪ੍ਰਾਚੀਨ ਸ਼ਿਵ ਮੰਦਰ ਦੇ ਗੱਦੀਨਸ਼ੀਨ ਮਹੰਤ ਸ਼ਿਪਰਾ ਗਿਰੀ ਜੀ ਨੂੰ ਮਹਾਮੰਡਲੇਸ਼ਵਰ ਦੀ ਉਪਾਧੀ ਨਾਲ ਜਿੱਥੇ ਉਨ੍ਹਾਂ ਦਾ ਧਾਰਮਿਕ ਤੌਰ 'ਤੇ ਕੱਦ ਉੱਚਾ ਹੋਇਆ ਹੈ ਉੱਥੇ ਹੀ ਲੋਹੀਆਂ ਦਾ ਵੀ ਨਾ ਪੂਰੇ ਵਿਸ਼ਵ ਵਿਚ ਪ੍ਰਸਿੱਧ ਹੋਇਆ ਹੈ।ਇਸ ਮੌਕੇ ਮਹੰਤ ਸ਼ਿਪਰਾ ਗਿਰੀ ਨੇ ਪੂਰੀ ਮਾਨਵਤਾ ਨੂੰ ਆਪਸੀ ਭਾਈਚਾਰੇ ਵਿਚ ਇਕ-ਦੂਜੇ ਨਾਲ ਪਿਆਰ ਦੀ ਭਾਵਨਾ ਅਤੇ ਸਤਿਕਾਰ ਨਾਲ ਜੀਵਨ ਬਤੀਤ ਕਰਨ ਲਈ ਪ੍ਰੇਰਿਆ।ਸਥਾਨਕ ਪ੍ਰਾਚੀਨ ਸ਼ਿਵ ਮੰਦਿਰ ਵਿਖੇ ਕਰਵਾਏ ਸਮਾਗਮ ਦੌਰਾਨ ਪੰਡਿਤ ਵਿਸ਼ਨੂ ਸ਼ਰਮਾ, ਮਾਸਟਰ ਰਵੀ ਸ਼ੰਕਰ, ਰੁਪੇਸ਼ ਕੁਮਾਰ, ਰਵੀ ਦੱਤ ਸ਼ਰਮਾ, ਗੋਰਵ ਗੁਪਤਾ, ਮੈਨੂ ਅਰੋੜਾ, ਰਵਿੰਦਰ ਕੁਮਾਰ, ਮਨੀ, ਪੁਰਸ਼ੋਤਮ ਗੁਪਤਾ ਤੇ ਹੋਰ ਭਗਤ ਜਨ ਮੌਜੂਦ ਸਨ।

# ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਫਰੀ ਫਾਈਬਰੋ ਸਕੈਨ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)**

ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਅੱਜ ਲਿਵਰ (ਜਿਗਰ) ਦੀ ਜਾਂਚ ਦੇ ਮਹਿੰਗੇ ਟੈਸਟ ਫਾਈਬਰੋ ਸਕੈਨ ਕਰਨ ਦਾ ਫਰੀ ਕੈਂਪ ਲਗਾਇਆ ਗਿਆ, ਜਿਸ ਦਾ 200 ਤੋਂ ਵੱਧ ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ।ਇਸ ਕੈਂਪ ਦਾ ਉਦਘਾਟਨ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਉਹਨਾਂ ਦੱਸਿਆ ਲੋੜਵੰਦਾਂ ਦੀ ਮਦਦ ਕਰਨ ਲਈ ਅੱਜ ਹਸਪਤਾਲ ਢਾਹਾਂ ਕਲੇਰਾਂ ਦੇ ਮੈਡੀਕਲ ਮਾਹਰ ਡਾ. ਵਿਵੇਕ ਗੁੰਬਰ ਦੀ ਅਗਵਾਈ ਹੇਠ ਸਰੀਰ ਦੇ ਮਹੱਤਵਪੂਰਨ ਅੰਗ ਲਿਵਰ ਦੀ ਜਾਂਚ ਕਰਨ ਵਾਲਾ ਮਹਿੰਗਾ ਟੈਸਟ ਫਾਈਬਰੋ ਸਕੈਨ ਫਰੀ ਕਰਨ ਦਾ ਵਿਸ਼ੇਸ਼ ਕੈਂਪ ਲਗਾਇਆ ਗਿਆ।ਹਸਪਤਾਲ ਦੇ ਮੈਡੀਕਲ ਮਾਹਰ ਡਾ. ਵਿਵੇਕ ਗੁੰਬਰ ਨੇ ਦੱਸਿਆ ਕਿ ਫੈਟੀ ਲਿਵਰ, ਕਾਲਾ ਪੀਲੀਆ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਮੋਟਾਪਾ, ਉੱਚ ਕੈਲਸਟਰੋਲ, ਸਿਗਰਟ ਪੀਣ ਅਤੇ ਸ਼ਰਾਬ ਪੀਣ ਦੀ ਆਦਤ ਵਾਲੇ ਮਰੀਜ਼ਾਂ ਨੂੰ ਫਾਈਬਰੋ ਸਕੈਨ ਕਰਵਾ ਕੇ ਵੱਡਾ ਲਾਭ ਮਿਲੇਗਾ। ਇਸ ਮੌਕੇ ਫਰੀ ਸਕੈਨ ਕਰਵਾਉਣ ਵਾਲੇ ਮਰੀਜ਼ਾਂ ਨੇ ਹਸਪਤਾਲ ਪ੍ਰਬੰਧਕਾਂ ਦਾ ਲਿਵਰ ਦੀ ਬਿਮਾਰੀ ਤੋਂ ਪੀੜਤ ਮਰੀਜ਼ਾਂ ਲਈ ਵੱਡੇ ਸ਼ਹਿਰਾਂ 'ਚ ਹੋਣ ਵਾਲਾ ਮਹਿੰਗਾ ਸਕੈਨ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੁਫਤ ਕੈਂਪ ਲਗਾ ਕੇ ਕਰਵਾਉਣ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਡਾ. ਸ਼ਵੇਤਾ ਗਬਰਿਆ,



ਮਹਿੰਦਰਪਾਲ ਸਿੰਘ, ਭਾਈ ਜੋਗਾ ਸਿੰਘ, ਰਾਜਦੀਪ ਥਿਦਵਾਰ, ਦਵਿੰਦਰ ਕੌਰ, ਸੋਨੀਆ ਸਿੰਘ, ਬਲਜੀਤ ਕੌਰ, ਗੁਰਪ੍ਰੀਤ ਕੌਰ, ਬਲਬੀਰ ਕੌਰ, ਸੁਨੀਤਾ ਰਾਣੀ, ਪਰਮਿੰਦਰ ਕੌਰ, ਕਿਰਨਜੀਤ ਕੌਰ (ਸਾਰੇ ਵਾਰਡ ਇੰਚਾਰਜ), ਜੋਤੀ ਭਾਟੀਆ, ਅਮਨ ਗਿੱਲ, ਟੈਕਨੀਸ਼ੀਅਨ ਗੁਰਜਿੰਦਰ ਸਿੰਘ ਤੋਂ ਇਲਾਵਾ ਗੁਰੂ ਨਾਨਕ ਮਿਸ਼ਨ ਹਸਪਤਾਲ, ਗੁਰੂ ਨਾਨਕ ਕਾਲਜ ਆਫ ਨਰਸਿੰਗ, ਗੁਰੂ ਨਾਨਕ ਪੈਰਾ ਮੈਡੀਕਲ ਕਾਲਜ ਦਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਡਾ. ਅੰਬੇਡਕਰ ਦੇ ਬੁੱਤ ਨਾਲ ਛੇੜਖਾਨੀ ਕਰਨਾ ਮੰਦਭਾਗਾ : ਮਨਜੀਤ ਮਾਨ

**ਬਸਤੀ ਸ਼ੇਖ (ਜਲੰਧਰ)- (ਲਖਵਿੰਦਰ ਸਿੰਘ)**

ਜਰਨਲਿਸਟ ਪ੍ਰੈਸ ਕਲੱਬ ਰਜਿ. ਪੰਜਾਬ ਦੇ ਪ੍ਰਧਾਨ ਮਨਜੀਤ ਮਾਨ ਅਤੇ ਪ੍ਰੀਤ ਸੰਗੋਜਲਾ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਨੇ ਸਾਂਝਾ ਬਿਆਨ ਦਿੱਤਾ ਤੇ ਕਿਹਾ ਕਿ ਬੀਤੇ ਦਿਨ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਨਾਲ ਅੰਮ੍ਰਿਤਸਰ ਵਿਖੇ ਕੀਤੀ ਗਈ ਛੇੜਖਾਨੀ ਦੀ ਘਟਨਾ ਬੜੀ ਮੰਦਭਾਗੀ ਅਤੇ ਨਿੰਦਣ ਯੋਗ ਹੈ। ਡਾਕਟਰ ਭੀਮ ਰਾਓ ਅੰਬੇਡਕਰ ਇੱਕ ਮਹਾਨ ਫਲਾਸਫਰ ਸਨ, ਜਿਨ੍ਹਾਂ ਦਾ ਲਿਖਿਆ ਸੰਵਿਧਾਨ ਜੋ ਹਰ ਮਨੁੱਖ ਦੀ ਹਰ ਤਰ੍ਹਾਂ ਦੀ ਬਰਾਬਰਤਾ ਦੀ ਤਰਜਮਾਨੀ ਕਰਦਾ ਹੈ ਅਤੇ ਡਾਕਟਰ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ ਨੂੰ ਮੰਨਣ ਵਾਲੇ ਸ਼ਰਧਾਲੂਆਂ ਦੇ ਮਨਾਂ ਵਿਚ ਭਾਰੀ ਰੋਸ ਅਤੇ ਗੁਸੇ ਦੀ ਲਹਿਰ ਪਾਈ ਜਾ ਰਹੀ ਹੈ ਇਹਨਾਂ ਆਗੂਆਂ ਨੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਘਿਨੌਣੀ ਹਰਕਤ ਕਰਨ ਵਾਲੇ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ ਤਾਂ ਜੋ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਨਾਲ ਅੱਗੇ ਤੋਂ ਹੋਰ ਕੋਈ ਛੇੜਖਾਨੀ ਨਾ ਕਰਨ ਅਤੇ ਇਸ ਦੀ ਬਰੀਕੀ ਨਾਲ ਜਾਂਚ ਕੀਤੀ ਜਾਵੇ ਜਰਨਲਿਸਟ ਪਰਿਸ ਕਲੱਬ ਰਜਿ. ਪੰਜਾਬ ਇਸ ਘਟਨਾ ਦੀ ਘੋਰ ਨਿੰਦਾ ਕਰਦੀ ਹੈ। ਇਸ ਮੌਕੇ ਜੇ ਐਸ ਸੰਧੂ, ਪ੍ਰਿਤਪਾਲ ਸਿੰਘ, ਰਾਮ ਸਿੰਘ ਭੱਟੀ ਮੁੱਖ ਬੁਲਾਰੇ ਪੰਜਾਬ, ਬਲਵੀਰ ਸਿੰਘ ਚੀਮਾ ਗਿਆਰਾਂ ਨਿਹੰਗ ਸਿੰਘ ਜਥੇਬੰਦੀਆਂ ਦੇ ਪ੍ਰਧਾਨ, ਪ੍ਰਿਸੀਪਲ ਰਵੀ ਸ਼ਰਮਾ ਕੈਸ਼ੀਅਰ, ਗੁਰਪ੍ਰੀਤ ਭੰਬਰ, ਲਖਵਿੰਦਰ ਸਿੰਘ, ਭਾਈ ਅਵਤਾਰ ਸਿੰਘ ਮੀਤ ਗ੍ਰੰਥੀ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ, ਨਰਿੰਦਰ ਚੂੜ, ਸਰਬਨ ਸਿੰਘ ਸੰਘਾ ਆਦਿ ਹਾਜ਼ਰ ਸਨ।



# ਬਲਾਕ ਪੱਧਰੀ ਕਰਾਟੇ ਮੁਕਾਬਲਿਆਂ 'ਚ ਵਿਦਿਆਰਥਣਾਂ ਨੇ ਦਿਖਾਇਆ ਸ਼ਾਨਦਾਰ ਪ੍ਰਦਰਸ਼ਨ



**ਹੁਸ਼ਿਆਰਪੁਰ (ਓ ਪੀ ਰਾਣਾ)**

ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਲਲਿਤਾ ਅਰੋੜਾ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਧੀਰਜ ਵਸ਼ਿਸ਼ਟ ਦੀ ਯੋਗ ਅਗਵਾਈ ਹੇਠ ਰਾਣੀ ਲਕਸ਼ਮੀ ਬਾਈ ਆਤਮਰਕਸ਼ਾ ਪਰਸ਼ਿਕਸ਼ਣ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਗਪੁਰ ਵਿਖੇ ਬਲਾਕ ਪੱਧਰੀ ਕਰਾਟੇ ਮੁਕਾਬਲੇ ਕਰਵਾਏ ਗਏ।ਇਹਨਾਂ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਡਗਾਣਾ ਕਲਾਂ ਦੀਆਂ ਵਿਦਿਆਰਥਣਾਂ ਨੇ ਵੀ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ ਚਾਰ ਤਗਮੇ ਹਾਸਿਲ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ।ਮੁਕਾਬਲਿਆਂ ਦੌਰਾਨ ਸੱਤਵੀਂ ਜਮਾਤ ਦੀ ਵਿਦਿਆਰਥਣ ਸਾਕਸ਼ੀ ਨੇ ਗੋਲਡ ਮੈਡਲ ਜਿੱਤਦਿਆਂ ਪਹਿਲਾ ਸਥਾਨ ਹਾਸਲ ਕੀਤਾ। ਇਨ੍ਹਾਂ ਦੇ ਨਾਲ, ਨੌਵੀਂ ਜਮਾਤ ਦੀ ਵਿਦਿਆਰਥਣ ਨਿਸ਼ਾ ਨੇ ਵੀ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕਰਕੇ ਦੂਜਾ ਗੋਲਡ ਮੈਡਲ ਸਕੂਲ ਦੇ ਨਾਂਅ ਕੀਤਾ।ਅੱਠਵੀਂ ਜਮਾਤ ਦੀ ਵਿਦਿਆਰਥਣ ਉਜਾਲਾ ਨੇ ਵੀ ਉਤਸ਼ਾਹਜਨਕ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਨੌਵੀਂ ਜਮਾਤ ਦੀ ਵਿਦਿਆਰਥਣ ਜੈਸਮੀਨ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਲਈ ਇੱਕ ਹੋਰ ਤਗਮਾ ਜਿੱਤਿਆ।ਇਸ ਮੌਕੇ ਮੁੱਖ ਅਧਿਆਪਕਾ ਹਰਪ੍ਰੀਤ ਕੌਰ ਨੇ ਵਿਦਿਆਰਥਣਾਂ ਦੀ ਉਪਲਬਧੀ 'ਤੇ ਖੁਸ਼ੀ ਜਤਾਈ ਅਤੇ ਸਮੂਹ ਸਕੂਲ ਸਟਾਫ, ਵਿਦਿਆਰਥਣਾਂ ਦੇ ਮਾਪਿਆਂ ਅਤੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ। ਖੇਡ ਅਧਿਆਪਕਾ ਨਵਦੀਪ ਕੌਰ (ਡੀ ਪੀ ਈ) ਅਤੇ ਕਰਾਟੇ ਕੋਚ ਜਗਮੋਹਣ ਵਿੱਜ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਹਮੀਰਾ ਬਿਜਲੀ ਮਹਿਕਮੇ ਦੀ ਲਾਪਰਵਾਹੀ ਕਾਰਨ ਗਈ ਬੇਜ਼ੁਬਾਨ ਪਸ਼ੂ ਦੀ ਜਾਨ



**ਸੁਭਾਨਪੁਰ (ਹਰਮੇਸ਼ ਦੱਤ)**- ਜਗਤਜੀਤ ਨਗਰ ਹਮੀਰਾ ਵਿਖੇ ਇੱਕ ਬੇਜ਼ੁਬਾਨ ਗਾਂ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਜਾਣਕਾਰੀ ਦੇਂਦਿਆਂ ਪਿੰਡ ਵਾਸੀਆਂ ਨੇ ਦੱਸਿਆ ਕਿ ਅਸੀਂ ਕਾਫੀ ਵਾਰ ਬਿਜਲੀ ਮਹਿਕਮੇ ਨੂੰ ਕਹਿ ਚੁੱਕੇ ਹਾਂ ਕਿ ਇਥੇ ਜੋ ਮੀਟਰ ਲੱਗੇ ਹਨ ਉਹਨਾਂ ਵਿੱਚ ਲਾਗੇ ਵਾਲੀ ਜਗ੍ਹਾ 'ਤੇ ਕਰੰਟ ਆਉਂਦਾ ਹੈ ਪਰ ਕਦੇ ਵੀ ਕਿਸੇ ਬਿਜਲੀ ਮਹਿਕਮੇ ਦੇ ਅਧਿਕਾਰੀ ਨੇ ਆ ਕੇ ਮੌਕਾ ਨਹੀਂ ਦੇਖਿਆ। ਇਸ ਕਾਰਨ ਹੀ ਇੱਕ ਬੇਜ਼ੁਬਾਨ ਗਾਂ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਅਸੀਂ ਬਿਜਲੀ ਮਹਿਕਮੇ ਦੇ ਅਧਿਕਾਰੀਆਂ ਨੂੰ ਬੇਨਤੀ ਕਰਦੇ ਹਾਂ ਕਿ ਉਹ ਇਸ ਨੂੰ ਜਲਦ ਤੋਂ ਜਲਦ ਠੀਕ ਕਰਨ ਤਾਂ ਜੋ ਇਸ ਤਰ੍ਹਾਂ ਦੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ। ਇਸ ਮੌਕੇ ਜਦੋਂ ਹਮੀਰਾ ਬਿਜਲੀ ਮਹਿਕਮੇ ਦੇ ਐਸ ਡੀ ਓ ਬਲਬੀਰ ਸਿੰਘ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਪਰ ਉਹਨਾਂ ਫੋਨ ਨਹੀਂ ਚੁੱਕਿਆ।

# ਸ਼ਹੀਦ ਬਾਬਾ ਦੀਪ ਸਿੰਘ ਦੇ ਜਨਮ ਦਿਨ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**

ਸਥਾਨਕ ਗੁਰਦੁਆਰਾ ਕਲਗੀਧਰ ਸਾਹਿਬ ਤੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਬੜੀ ਸ਼ਰਧਾ ਨਾਲ ਸਜਾਏ ਗਏ। ਪੰਜ ਪਿਆਰਿਆਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਦੀ ਅਗਵਾਈ ਕਰਦਿਆਂ ਹਜ਼ੂਰੀ ਗ੍ਰੰਥੀ ਭਾਈ ਸੰਤੋਖ ਸਿੰਘ ਵਲੋਂ ਅਰਦਾਸ ਕੀਤੀ ਗਈ ਉਪਰੰਤ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਨਗਰ ਕੀਰਤਨ ਨੇ ਚਾਲੇ ਪਾਏ। ਨਗਰ ਕੀਰਤਨ ਪ੍ਰਾਇਮਰੀ ਸਕੂਲ ਤੋਂ ਸਾਈਂ ਮੰਦਰ ਦਿੱਲੀ ਗੇਟ, ਮੁਹੱਲਾ ਸਰਾਫਾਂ, ਮੁਹੱਲਾ ਮੱਕਬਰਾ, ਮੁਹੱਲਾ ਰਾਜਪੂਤਾਂ ਤੋਂ ਮੁਹੱਲਾ ਆਰਨਹਾਲੀ ਤੋਂ ਮੁਹੱਲਾ ਖੋਸਲਾ ਤੋਂ ਬੱਸ ਸਟੈਂਡ ਹੁੰਦੇ ਹੋਏ ਫਿਲੌਰ ਰੋਡ, ਮੁਹੱਲਾ ਸਰਹੰਦੀਆ ਤੋਂ ਵਾਪਸ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਸਮਾਪਤੀ ਹੋਇਆ। ਇਸ ਦੌਰਾਨ ਸੰਗਤਾਂ ਵਲੋਂ ਥਾਂ-ਥਾਂ ਚਾਹ ਪਕੌੜੇ, ਫਲ ਫਰੂਟ ਦੇ ਲੰਗਰ ਲਗਾਏ ਗਏ। ਇਸ ਮੌਕੇ ਵੱਖ ਵੱਖ ਪੜਾਵਾਂ 'ਤੇ ਭਾਈ ਦੀਦਾਰ ਸਿੰਘ ਤੇ ਸਾਥੀਆਂ ਦੇ ਢਾਡੀ ਜਥੇ ਵਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੇ ਉਹਨਾਂ ਦੀ ਲਾਸਾਨੀ ਸ਼ਹੀਦੀ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸੰਗਤਾਂ ਵਿੱਚ ਬਲਵਿੰਦਰ ਸਿੰਘ, ਕਸ਼ਮੀਰ ਸਿੰਘ, ਬਲਬੀਰ ਸਿੰਘ ਰੂਬੀ ਦਨੇਸ਼ ਸਿੰਘ ਭੁੱਲਰ, ਮਨਪ੍ਰੀਤ ਸਿੰਘ ਭੁੱਲਰ,



ਮਨਦੀਪ ਸਿੰਘ ਭੁੱਲਰ, ਗੌਰਵ ਲੱਦੜ, ਸੌਰਵ ਲੱਦੜ, ਵਿੱਕੀ ਸੈਣੀ, ਪਰਮਿੰਦਰ ਸਿੰਘ, ਤਰਲੋਚਨ ਸਿੰਘ, ਲਖਵੀਰ ਸਿੰਘ, ਚਰਨਜੀਤ ਸਿੰਘ ਚੰਨੀ, ਅਮਰਜੀਤ ਸਿੰਘ ਪਾਬਲਾ, ਕਾਬਲ ਸਿੰਘ ਗੋਗੀ, ਕਸ਼ਮੀਰ ਸਿੰਘ, ਅਮਰਜੀਤ ਸਿੰਘ ਪਾਬਲਾ, ਨਰਿੰਦਰ ਸਿੰਘ ਪਾਬਲਾ, ਮਨਜੀਤ ਸਿੰਘ ਪਾਬਲਾ,ਅਸ਼ੀਸ਼ ਕੁਮਾਰ, ਹਰਦੀਪ ਸਿੰਘ, ਸਿਮਰਨ ਸਿੰਘ, ਆਦਿ ਮੌਜੂਦ ਸਨ।

# ਭਗਤ ਆਸਾ ਰਾਮ ਦੇ ਜੀਵਨ 'ਤੇ ਬਣੀ ਡਾਕੂਮੈਂਟਰੀ ਫ਼ਿਲਮ 'ਦਾ ਲੈਜ਼ੈਂਡ' ਦਾ ਪ੍ਰੀਮੀਅਰ ਸ਼ੋਅ

**ਮੁਹਾਲੀ (ਗੁਰਜੀਤ ਬਿੱਲਾ)**-ਟੀਮ ਰੂਹ ਇੰਟਰਨੈਸ਼ਨਲ ਅਤੇ ਪੁਆਧ ਇਲਾਕੇ ਦੀਆਂ ਉੱਘੀਆਂ ਸ਼ਖਸੀਅਤਾਂ ਦੇ ਸਹਿਯੋਗ ਨਾਲ ਪੁਆਧ ਇਲਾਕੇ ਦੇ ਮਹਾਨ ਗਵੱਈਏ, ਭਗਤ ਆਸਾ ਰਾਮ ਦੇ ਜੀਵਨ 'ਤੇ ਬਣੀ ਪਹਿਲੀ ਪੁਆਧੀ ਡਾਕੂਮੈਂਟਰੀ ਫ਼ਿਲਮ ਦਾ ਲੈਜੈਂਡ ਪ੍ਰੀਮੀਅਰ ਸ਼ੋਅ 1 ਫਰਵਰੀ ਨੂੰ ਸਵੇਰੇ 10.30 ਵਜੇ ਰਤਨ ਕਾਲਜ ਸੋਹਾਣਾ ਵਿਖੇ ਕੀਤਾ ਗਿਆ। ਇਸ ਫ਼ਿਲਮ ਨੂੰ ਅੱਜ ਹੀ ਟੀਮ ਰੂਹ ਦੇ ਨਿੱਜੀ ਯੂਟਿਊਬ ਚੈਨਲ 'ਤੇ ਵੀ ਰਿਲੀਜ਼ ਕੀਤਾ ਗਿਆ। ਇਸ ਫਿਲਮ ਦੇ ਲੇਖਕ ਤੇ ਨਿਰਦੇਸ਼ਕ ਵਿੱਕੀ ਸਿੰਘ ਤੇ ਪ੍ਰੋਡਕਸ਼ਨ ਇੰਚਾਰਜ ਟੀਮ ਰੂਹ ਦੇ ਮੈਂਬਰ ਜਰਨੈਲ ਹੁਸ਼ਿਆਰਪੁਰੀ ਅਤੇ ਰਘਬੀਰ ਭੁੱਲਰ ਹਨ। ਫਿਲਮ ਵਿਚ ਪੁਆਧੀ ਬੋਲੀ ਨੂੰ ਪਹਿਲ ਦਿੱਤੀ ਗਈ ਹੈ। ਹੋਰ ਤੇ ਹੋਰ ਭਗਤ ਜੀ ਦੇ ਬਚਪਨ ਦਾ ਰੋਲ ਨਿਭਾਉਣ ਵਾਲਾ ਬੱਚਾ ਪਰਮਵੀਰ ਬੈਦਵਾਣ ਵੀ ਪੁਆਧ ਇਲਾਕੇ ਦਾ ਹੀ ਹੈ। ਭਗਤ ਆਸਾ ਰਾਮ ਦਾ ਜਨਮ 1857 ਈਸਵੀ ਵਿਚ ਪਿੰਡ ਸੁਹਾਣਾ ਉਦੋਂ ਜ਼ਿਲ੍ਹਾ ਅੰਬਾਲਾ ਤੇ ਹੁਣ ਮੋਹਾਲੀ ਵਿਖੇ ਹੋਇਆ। ਉਹ ਬਚਪਨ ਤੋਂ ਹੀ ਸੰਤ ਸੁਭਾਅ ਦੇ ਸਨ। ਉਹ ਪਿੰਡ ਦੇ ਪੰਡਤ ਹਰੀ ਨਰਾਇਣ ਤੋਂ ਕਥਾਵਾਂ ਸੁਣ ਸੁਣ ਕੇ ਉਨ੍ਹਾਂ ਨੂੰ ਰਾਗਾਂ ਵਿਚ ਢਾਲ ਕੇ ਅਖਾੜਿਆਂ ਵਿਚ ਜੁੰਡਲੀ ਬਣਾ ਕੇ ਲੋਕਾਂ ਦਾ ਮਨੋਰੰਜਨ ਕਰਿਆ ਕਰਦੇ ਸਨ। ਪਹਿਲਾਂ ਉਹ ਨਕਲੀ ਸਾਜ਼ਾਂ ਨਾਲ ਗਾਉਂਦੇ ਸਨ ਫਿਰ ਉਨ੍ਹਾਂ ਨੇ ਕੁਰਾਲੀ ਸ਼ਹਿਰ ਤੋਂ ਅਸਲੀ ਸਾਜ਼ ਬਣਵਾ ਕੇ ਅਖਾੜੇ ਸ਼ੁਰੂ ਕੀਤੇ। ਇਕ ਵਾਰ ਉਨ੍ਹਾਂ ਨੇ ਮਹਾਰਾਜਾ ਪਟਿਆਲਾ ਦੇ ਮਹਿਲ ਵਿੱਚ ਅਖਾੜਾ ਲਾਇਆ ਤਾਂ ਮਹਾਰਾਜਾ ਨੇ ਖੁਸ਼ ਹੋ ਕੇ ਉਨ੍ਹਾਂ ਨੂੰ ਮੁਰੱਬੇ ਦੇਣੇ ਚਾਹੇ ਪਰ ਭਗਤ ਜੀ ਨੇ ਲੈਣ ਤੋਂ ਕੋਰੀ ਨਾਂਹ ਕਰ ਦਿੱਤੀ। ਇਹੋ ਜਿਹੀਆਂ ਘਟਨਾਵਾਂ ਨੂੰ ਫਿਲਮ ਵਿਚ ਪੇਸ਼ ਕਰਨ ਦਾ ਯਤਨ ਕੀਤਾ ਗਿਆ ਹੈ। ਇਸ ਮੌਕੇ ਰਣਜੀਤ ਸਿੰਘ ਗਿੱਲ ਗਿਲਕੋ ਵੈਲੀ (ਮੁੱਖ ਮਹਿਮਾਨ), ਪਰਵਿੰਦਰ ਸਿੰਘ ਸੋਹਾਣਾ (ਵਿਸ਼ੇਸ਼ ਮਹਿਮਾਨ), ਸੁੰਦਰ ਲਾਲ ਅਗਰਵਾਲ ਚੇਅਰਮੈਨ ਰਤਨ ਕਾਲਜ (ਵਿਸ਼ੇਸ਼ ਮਹਿਮਾਨ) ਅਤੇ ਇਲਾਕੇ ਦੀਆਂ ਸਮਾਜਸੇਵੀ ਸ਼ਖਸੀਅਤਾਂ ਬਹਾਲ ਸਿੰਘ ਗਿੱਲ, ਅਮਰਾਓ ਸਿੰਘ ਮੌਲੀ ਬੈਦਵਾਨ, ਬੀ.ਕੇ ਗੋਇਲ ਸਰਪੰਚ ਮੌਲੀ ਬੈਦਵਾਨ, ਕੇਸਰ ਸਿੰਘ ਸੋਹਾਣਾ, ਪ੍ਰੇਮ ਸਿੰਘ ਲੰਬੜਦਾਰ, ਭੁਪਿੰਦਰ ਸਿੰਘ, ਭਗਤ ਆਸਾ ਰਾਮ ਕਮੇਟੀ, ਗੁਰਨਾਮ ਸਿੰਘ, ਤੇਜਪਾਲ ਮਲੋਆ, ਨਿੰਦਰ ਸਿੰਘ, ਤਰਲੋਚਨ ਸਿੰਘ,ਗੁਰਮੀਤ ਸਿੰਘ,ਬਾਬਾ ਸਿੰਕਦਰ ਸਿੰਘ,ਚਰਨ ਸਿੰਘ, ਜਸਵੀਰ ਸਿੰਘ ਜੇ.ਈ ਆਦਿ ਸਾਰੇ ਸ਼ਾਮਲ ਸਨ। ਇਸ ਮੌਕੇ ਫ਼ਿਲਮ ਦੇ ਲੇਖਕ ਤੇ ਨਿਰਦੇਸ਼ਕ ਵਿੱਕੀ ਸਿੰਘ, ਐਡੀਟਰ ਸਮਰਾਟ ਸਿੰਘ ,ਪ੍ਰਿੰਸਜੀਤ ਪੋਸਟ ਪਰਫੈਕਟੋ ਤੇ ਟੀਮ ਰੂਹ ਦੇ ਸਾਰੇ ਕਲਾਕਾਰਾਂ, ਸਹਿਯੋਗੀ ਸੱਜਣਾਂ, ਪ੍ਰਸਿੱਧ ਮਿਊਜ਼ਕ ਡਾਇਰੈਕਟਰ ਗੁਰੀ, ਜੀ.ਜੀ. ਐਮ ਗਰੁੱਪ, ਅਵਿਤਾਬ ਸਿੰਘ ਬਰੋ ਮਿਊਜ਼ਕ, ਯਾਦਵਿੰਦਰ ਸਿੰਘ, ਯਾਦ ਮਿਊਜ਼ਕ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।



# ਡਾ. ਅਨਿਲ ਕਪੂਰ ਦੀ ਸੇਵਾ-ਮੁਕਤੀ 'ਤੇ ਨਿੱਘੀ ਵਿਦਾਇਗੀ



**ਜਲੰਧਰ (ਸ਼ੈਲੀ ਐਲਬਰਟ)**

ਜਲੰਧਰ ਦੇ ਸਮੂਹ ਵੈਟਰਨਰੀ ਅਫਸਰ ਐਸੋਸੀਏਸ਼ਨ ਵੱਲੋਂ ਡਾ. ਅਨਿਲ ਕਪੂਰ ਦੀ ਸੇਵਾ ਮੁਕਤੀ 'ਤੇ ਜਲੰਧਰ ਵਿਖੇ ਸਨਮਾਨ ਸਮਾਰੋਹ ਕੀਤਾ ਗਿਆ।ਜਿਸ ਵਿੱਚ ਵਿਭਾਗ ਦੇ ਉੱਚ ਅਧਿਕਾਰੀ ਸੰਯੁਕਤ ਡਾਇਰੈਕਟਰ ਡਾਕਟਰ ਰੰਜੀਵ ਬਾਲੀ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਜਲੰਧਰ ਡਾਕਟਰ ਹਾਰੂਨ ਰਤਨ, ਡਾਕਟਰ ਕਮਲਜੀਤ ਰੱਤੂ ਸੀਨੀਅਰ ਵੈਟਰਨਰੀ ਅਫਸਰ, ਡਾਕਟਰ ਰਾਮ ਮੂਰਤੀ ਮੱਟੂ, ਡਾਕਟਰ ਅਮਨਦੀਪ, ਡਾਕਟਰ ਜਸਵੀਰ ਸਿੰਘ, ਡਾਕਟਰ ਕੁਲਵਿੰਦਰ ਸਿੰਘ, ਡਾਕਟਰ ਜਗਜੀਤ ਸਿੰਘ, ਡਾਕਟਰ ਬਲਬੀਰ ਸਿੰਘ ਸਹਾਇਕ ਡਾਇਰੈਕਟਰ ਜਲੰਧਰ, ਡਾਕਟਰ ਭੁਪਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਸਮਾਗਮ ਦੌਰਾਨ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਡਾਕਟਰ ਅਨਿਲ ਵੱਲੋਂ ਵਿਭਾਗ ਵਿੱਚ ਦਿੱਤਿਆ ਗਈਆ ਸ਼ਲਾਘਾਯੋਗ ਸੇਵਾਵਾਂ ਸੰਬੰਧੀ ਸਮੂਹ ਵੈਟਰਨਰੀ ਅਫ਼ਸਰਾਂ ਨੂੰ ਜਾਣੂ ਕਰਵਾਇਆ ਗਿਆ। ਵਿਭਾਗ ਵੱਲੋਂ ਡਾਕਟਰ ਅਨਿਲ ਕਪੂਰ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਾਕਟਰ ਅਨਿਲ ਕਪੂਰ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਡਾਕਟਰ ਰਵਿੰਦਰ ਕੌਰ, ਡਾਕਟਰ ਹਰਸਵਿਤਾ, ਡਾਕਟਰ ਆਤਮਾ ਸਿੰਘ, ਡਾਕਟਰ ਚੋਪੜਾ, ਡਾਕਟਰ ਪ੍ਰਵੀਨ ਕੁਮਾਰ, ਡਾਕਟਰ ਮੁਕੇਸ਼ ਕੁਮਾਰ, ਡਾਕਟਰ ਕਰਨਦੀਪ ਸੰਘਾ, ਡਾਕਟਰ ਮੱਲ ਆਦਿ ਸ਼ਾਮਲ ਸਨ।

# ਬਾਘਾ ਪਰਵਾਰ ਨੂੰ ਸੰਤ ਮਹਾਂ-ਪੁਰਸ਼ਾਂ ਦਾ ਮਿਲਿਆ ਆਸ਼ੀਰਵਾਦ

**ਆਦਮਪੁਰ (ਪਰਮਜੀਤ ਸਿੰਘ)**

ਪਿੰਡ ਬੋਲੀਨਾ ਦੋਆਬਾ ਦੇ ਵਸਨੀਕ ਬਾਘਾ ਪਰਵਾਰ ਦੇ ਰਜਿੰਦਰ ਬਾਘਾ ਤੇ ਮਮਤਾ ਬਾਘਾ ਵੱਲੋਂ ਨਵੇਂ ਘਰ ਵਿੱਚ ਗ੍ਰਹਿ ਪਰਵੇਸ਼ ਕਰਨ ਲਈ ਸਮਾਗਮ ਪਿੰਡ ਬੋਲੀਨਾ ਵਿਖੇ ਕਰਵਾਇਆ ਗਿਆ। ਇਨ੍ਹਾਂ ਸਮਾਗਮਾਂ ਦੇ ਸਬੰਧ ਵਿੱਚ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਜਾਪ ਕਰਵਾਏ ਗਏ। ਉਪਰੰਤ ਪੰਥ ਪ੍ਰਸਿੱਧ ਰਾਗੀ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਰਾਗੀ ਭਾਈ ਜਗਜੀਵਨ ਸਿੰਘ ਵੱਲੋਂ ਸੰਗਤਾਂ ਨੂੰ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਇਸ ਮੌਕੇ ਬਾਘਾ ਪਰਵਾਰ ਨੂੰ ਆਸ਼ੀਰਵਾਦ ਦੇਣ ਵਾਸਤੇ ਸੰਤ ਹਰਜਿੰਦਰ ਸਿੰਘ ਗੁਰਦੁਆਰਾ ਸੰਤ ਸਾਗਰ ਚਾਹ ਵਾਲਾ ਪਿੰਡ ਜੋਹਲਾਂ, ਸੰਤ ਰਾਮ ਸਰੂਪ ਗਿਆਨੀ ਜੀ ਡੇਰਾ ਨਿਊ ਰਤਨਪੁਰੀ ਪਿੰਡ ਖੰਨੀ ਹੁਸ਼ਿਆਰਪੁਰ, ਸੰਤ ਇੰਦਰ ਦਾਸ ਸ਼ੇਖੇ ਪਿੰਡ ਵਾਲੇ, ਸੰਤ ਸਰਵਣ ਦਾਸ ਸਲੇਮਟਾਬਰੀ ਲੁਧਿਆਣੇ, ਬਾਬਾ ਅਸ਼ੋਕ ਸੰਤੋਖਪੁਰਾ, ਸੰਤ ਸੀਤਲ ਦਾਸ ਪਰਸਰਾਮਪੁਰ, ਭਾਈ ਜਗਦੇਵ ਸਿੰਘ ਬੋਲੀਨਾ, ਭਗਤ ਦਿਲਸ਼ੇਰ ਸਿੰਘ ਸ਼ੇਰਾ ਬੋਲੀਨਾ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਭਗਵਾਨ ਸਿੰਘ ਜੌਹਲ, ਰਾਜੇਸ਼ ਬਾਘਾ, ਹਰਮੋਹਨ ਸਿੰਘ, ਰਣਜੀਤ ਸਿੰਘ ਜੌਹਲ, ਕੁਲਵਿੰਦਰ ਬਾਘਾ ਯੂ.ਕੇ ਜੌਹਲ, ਸੁਰਿੰਦਰ ਕੁਮਾਰ ਜੌਹਲਾਂ, ਪਰਮਜੀਤ ਪਾਰਸ, ਸਾਬਕਾ ਸਰਪੰਚ ਕੁਲਵਿੰਦਰ ਬਾਘਾ ਵੀ ਉਚੇਚੇ ਤੌਰ 'ਤੇ ਸਮਾਗਮ ਵਿੱਚ ਪੁੱਜੇ। ਇਸ ਮੌਕੇ ਬਾਘਾ ਪਰਵਾਰ ਦੇ ਰਜਿੰਦਰ ਕੁਮਾਰ ਤੇ ਪਰਵਾਰ ਵੱਲੋਂ ਸਮਾਗਮ ਵਿੱਚ ਪੁੱਜੇ ਮਾਂਪੁਰਸ਼ਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਹੁਸਨ ਲਾਲ, ਰਾਕੇਸ਼ ਬਾਘਾ, ਅਮਰਜੀਤ ਸਿੰਘ, ਮੁਕੇਸ਼ ਬਾਘਾ, ਰਤਨ ਲਾਲ, ਸੁਨੀਤਾ ਰਾਣੀ, ਮੋਹਨ ਲਾਲ ਬਾਘਾ, ਪਰਦੀਪ, ਦੀਪਾ ਨਗਰ, ਦਿਲਸ਼ਾਨ ਬਾਘਾ, ਅਮਰਜੀਤ ਸਿੰਘ ਅਰੋੜਾ, ਜਗਦੀਸ਼ ਪਰਮਾਰ, ਗੁਰਬਚਨ ਸਿੰਘ ਮੱਕੜ, ਸੁਨੀਲ, ਮਾਤਾ ਬੰਤ ਕੌਰ, ਮੈਡਮ ਜਗਦੀਸ਼ ਜੌਹਲ, ਕਮਲਾ ਦੇਵੀ, ਗੁਲਸ਼ਨ ਬਾਘਾ, ਜੁਗੇਸ਼ ਬਾਘਾ, ਯੁਵਰਾਜ ਬਾਘਾ, ਰਾਜ ਕੁਮਾਰ, ਮੁਨੀਸ਼ ਬਾਘਾ, ਜਸਵੀਰ ਸਿੰਘ ਬੋਲੀਨਾ, ਸਰਪੰਚ ਗੁਰਦੀਪ ਸਿੰਘ ਬੋਲੀਨਾ, ਡਾਕਟਰ ਸੁਨੀਲ ਸ਼ਰਮਾਂ, ਡਾਕਟਰ ਡਿੰਪਲ ਸ਼ਰਮਾਂ, ਡਾਕਟਰ ਰਾਕੇਸ਼ ਕੁਮਾਰ, ਡਾਕਟਰ ਪਰਮਜੀਤ ਕੌਰ, ਡਾਕਟਰ ਮਹਿਤਾ, ਡਾਕਟਰ ਅਮਨ, ਡਾਕਟਰ ਬਾਜਵਾ ਰਾਮਾਂਮੰਡੀ, ਜਸਬੀਰ ਕੌਰ ਜੌਹਲ, ਭਾਵਿਕਾ ਬਾਘਾ ਤੇ ਹੋਰ ਸੰਗਤਾਂ ਤੇ ਸੇਵਾਦਾਰ ਹਾਜ਼ਰ ਸਨ।

